ਬੁੱਧਵਾਰ, 15 ਅਪ੍ਰੈਲ, 2026
2 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 314

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • WEDNESDAY, 15 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# 'ਮਾਵਾਂ ਧੀਆਂ ਸਤਿਕਾਰ ਯੋਜਨਾ' ਲਈ ਰਜਿਸਟ੍ਰੇਸ਼ਨ ਸ਼ੁਰੂ, ਭੁਗਤਾਨ ਜੁਲਾਈ ਤੋਂ : ਭਗਵੰਤ ਮਾਨ



**ਆਦਮਪੁਰ/ਜਲੰਧਰ (ਪਰਮਜੀਤ, ਸੁਰਿੰਦਰ, ਸ਼ੈਲੀ, ਉੱਭੀ)**
ਬਾਬਾ ਸਾਹਿਬ ਅੰਬੇਡਕਰ ਦੇ ਜਨਮ ਦਿਵਸ ਮੌਕੇ ਫੈਸਲਾਕੁੰਨ ਭਲਾਈ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਪੰਜਾਬ ਵਿੱਚ ਲਗਭਗ ਹਰ ਮਹਿਲਾ ਦੇ ਸ਼ਕਤੀਕਰਨ ਲਈ ਯੋਜਨਾ ਦੀ ਸ਼ੁਰੂਆਤ ਕੀਤੀ ਹੈ, ਜਿਸ ਤਹਿਤ ਸੂਬੇ ਭਰ ਦੀਆਂ ਔਰਤਾਂ ਨੂੰ 1000 ਤੋਂ 1500 ਰੁਪਏ ਤੱਕ ਦੀ ਮਾਸਿਕ ਵਿੱਤੀ ਸਹਾਇਤਾ ਦਿੱਤੀ ਜਾਵੇਗੀ।ਇਸ ਸਕੀਮ ਨੂੰ ਬਾਬਾ ਸਾਹਿਬ ਅੰਬੇਡਕਰ ਦੇ ਸਮਾਜਿਕ ਨਿਆਂ ਅਤੇ ਸਮਾਨਤਾ ਦੇ ਦ੍ਰਿਸ਼ਟੀਕੋਣ ਪ੍ਰਤੀ ਸੱਚੀ ਸ਼ਰਧਾਂਜਲੀ ਦੱਸਦਿਆਂ ਮੁੱਖ ਮੰਤਰੀ ਨੇ ਰਜਿਸਟ੍ਰੇਸ਼ਨ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ, ਜਿਸ ਤਹਿਤ 18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਔਰਤਾਂ ਸਿਰਫ ਤਿੰਨ ਦਸਤਾਵੇਜ਼ਾਂ ਨਾਲ ਇਸ ਯੋਜਨਾ ਦਾ ਲਾਭ ਲੈ ਸਕਦੀਆਂ ਹਨ, ਜਦੋਂ ਕਿ ਕੈਂਪਾਂ ਅਤੇ ਸਹਾਇਕ ਸਟਾਫ ਦੇ ਇੱਕ ਵਿਸ਼ਾਲ ਨੈੱਟਵਰਕ ਰਾਹੀਂ ਔਰਤਾਂ ਨੂੰ ਉਨ੍ਹਾਂ ਦੇ ਘਰ ਹੀ ਸਹੂਲਤ ਪ੍ਰਦਾਨ ਕਰਨ ਦਾ ਪ੍ਰਬੰਧ ਕੀਤਾ ਗਿਆ ਹੈ।ਇਹ ਯੋਜਨਾ ਪਹਿਲਾਂ 9 ਹਲਕਿਆਂ ਵਿੱਚ ਸ਼ੁਰੂ ਕੀਤੀ ਜਾਵੇਗੀ ਅਤੇ 15 ਮਈ ਤੋਂ ਇਸ ਦਾ ਵਿਸਥਾਰ ਬਾਕੀ 108 ਹਲਕਿਆਂ ਵਿੱਚ ਕੀਤਾ ਜਾਵੇਗਾ।ਸਕੀਮ ਦਾ ਭੁਗਤਾਨ ਜੁਲਾਈ ਤੋਂ ਸ਼ੁਰੂ ਜਾਵੇਗਾ ਅਤੇ ਰਜਿਸਟ੍ਰੇਸ਼ਨ ਲਈ ਕੋਈ ਸਮਾਂ ਸੀਮਾ ਨਹੀਂ ਹੋਵੇਗੀ।ਇਸ ਨਾਲ ਹਰ ਯੋਗ ਔਰਤ ਨੂੰ ਲਾਭ ਦੀ ਗਰੰਟੀ ਪ੍ਰਦਾਨ ਕੀਤੀ ਗਈ ਹੈ ਭਾਵੇਂ ਉਹ ਕਦੋਂ ਵੀ ਰਜਿਸਟਰੇਸ਼ਨ ਕਰਵਾਉਣ।26,000 ਰਜਿਸਟ੍ਰੇਸ਼ਨ ਕੇਂਦਰਾਂ ਅਤੇ ਹਰ ਪਿੰਡ ਅਤੇ ਵਾਰਡ ਵਿੱਚ ਤਾਇਨਾਤ ਸਮਰਪਿਤ ਮਹਿਲਾ ਸਤਿਕਾਰ ਸਖੀਆਂ ਦੇ ਨਾਲ ਇਸ ਯੋਜਨਾ ਨੂੰ ਵੱਡੇ ਪੱਧਰ ਤੇ ਲਾਗੂ ਕਰਨ, ਬਿਹਤਰ ਪਹੁੰਚ ਯਕੀਨੀ ਬਣਾਉਣ ਅਤੇ ਨਿਸ਼ਚਤਤਾ ਲਈ ਤਿਆਰ ਕੀਤੀ ਗਈ ਹੈ, ਜੋ ਇਸਨੂੰ ਦੇਸ਼ ਵਿੱਚ ਔਰਤਾਂ ਲਈ ਸਭ ਤੋਂ ਵੱਧ ਵਿਆਪਕ ਸਿੱਧੀ ਵਿੱਤੀ ਸਹਾਇਤਾ ਪਹਿਲਕਦਮੀਆਂ ਵਿੱਚ ਸ਼ੁਮਾਰ ਕਰਦੀ ਹੈ।

ਸੀਨੀਅਰ ਆਪ ਨੇਤਾ ਮਨੀਸ਼ ਸਿਸੋਦੀਆ ਦੇ ਨਾਲ ਮੁੱਖ ਮੰਤਰੀ ਮਾਨ ਨੇ ਐਲਾਨ ਕੀਤਾ ਕਿ ਇਹ ਯੋਜਨਾ ਪਾਇਲਟ ਆਧਾਰ ਤੇ ਆਦਮਪੁਰ, ਮਲੋਟ, ਸ੍ਰੀ ਅਨੰਦਪੁਰ ਸਾਹਿਬ, ਦਿੜ੍ਹਬਾ, ਸੁਨਾਮ, ਮੋਗਾ, ਕੋਟਕਪੂਰਾ, ਬਟਾਲਾ ਅਤੇ ਪਟਿਆਲਾ ਦਿਹਾਤੀ ਸਮੇਤ 9 ਹਲਕਿਆਂ ਵਿੱਚ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ, "ਬਾਕੀ 108 ਹਲਕਿਆਂ ਵਿੱਚ ਔਰਤਾਂ ਲਈ ਰਜਿਸਟ੍ਰੇਸ਼ਨ 15 ਮਈ ਤੋਂ ਸ਼ੁਰੂ ਹੋਵੇਗੀ। ਜੁਲਾਈ 2026 ਤੋਂ 1000 ਜਾਂ 1500 ਰੁਪਏ ਦੇ ਮਾਸਿਕ ਭੁਗਤਾਨ ਸ਼ੁਰੂ ਹੋਣਗੇ।"

ਮਾਨ ਨੇ ਕਿਹਾ, "ਰਜਿਸਟ੍ਰੇਸ਼ਨ ਲਈ ਕੋਈ ਸਮਾਂ ਸੀਮਾ ਨਹੀਂ ਹੈ ਅਤੇ ਔਰਤਾਂ ਨੂੰ ਚਿੰਤਾ ਕਰਨ ਦੀ ਜ਼ਰੂਰਤ ਨਹੀਂ ਹੈ ਕਿਉਂਕਿ ਇਸ ਨਾਲ ਕੋਈ ਫਰਕ ਨਹੀਂ ਪੈਂਦਾ ਕਿ ਭਾਵੇਂ ਉਹ ਰਜਿਸਟਰੇਸ਼ਨ 15 ਅਪ੍ਰੈਲ ਜਾਂ 15 ਮਈ ਜਾਂ 15 ਅਗਸਤ ਨੂੰ ਕਰਵਾਉਣ।" ਉਨ੍ਹਾਂ ਨੂੰ ਜੁਲਾਈ ਤੋਂ ਬਾਅਦ ਆਪਣਾ ਪੂਰਾ ਭੁਗਤਾਨ ਮਿਲੇਗਾ ਇਸ ਲਈ ਭਾਵੇਂ ਉਹ ਸਤੰਬਰ ਦੇ ਅੰਤ ਵਿੱਚ ਰਜਿਸਟਰ ਕਰਦੀਆਂ ਹਨ, ਫਿਰ ਵੀ ਉਨ੍ਹਾਂ ਨੂੰ ਤਿੰਨ ਮਹੀਨਿਆਂ ਭਾਵ ਜੁਲਾਈ, ਅਗਸਤ ਅਤੇ ਸਤੰਬਰ ਲਈ ਪੂਰਾ ਭੁਗਤਾਨ ਮਿਲੇਗਾ।"

ਉਨ੍ਹਾ ਕਿਹਾ, ਰਜਿਸਟ੍ਰੇਸ਼ਨ ਲਈ ਸਿਰਫ਼ ਤਿੰਨ ਦਸਤਾਵੇਜ਼ਾਂ ਦੀ ਲੋੜ ਹੁੰਦੀ ਹੈ, ਜਿਨ੍ਹਾਂ ਵਿੱਚ ਪੰਜਾਬ ਦੇ ਪਤੇ ਵਾਲਾ ਆਧਾਰ, ਪੰਜਾਬ ਦਾ ਵੋਟਰ ਆਈਡੀ ਅਤੇ ਬੈਂਕ ਪਾਸਬੁੱਕ ਸ਼ਾਮਲ ਹੈ। ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਦੇ ਮਾਮਲੇ ਵਿੱਚ ਅਨੁਸੂਚਿਤ ਜਾਤੀ ਸਰਟੀਫਿਕੇਟ ਵੀ ਜ਼ਰੂਰੀ ਹੈ।ਜਾਤੀ ਸਰਟੀਫਿਕੇਟ ਦੀ ਘਾਟ ਵਾਲੀਆਂ ਔਰਤਾਂ ਦੀਆਂ ਚਿੰਤਾਵਾਂ ਬਾਰੇ ਗੱਲ ਕਰਦਿਆਂ ਮਾਨ ਨੇ ਕਿਹਾ, "ਮੈਂ ਜਾਣਦਾ ਹਾਂ ਕਿ ਮੇਰੀਆਂ ਬਹੁਤ ਸਾਰੀਆਂ ਅਨੁਸੂਚਿਤ ਜਾਤੀਆਂ ਦੀਆਂ ਭੈਣਾਂ ਅਤੇ ਮਾਵਾਂ ਕੋਲ ਜਾਤੀ ਸਰਟੀਫਿਕੇਟ ਨਹੀਂ ਹੈ ਪਰ ਉਨ੍ਹਾਂ ਨੂੰ ਚਿੰਤਾ ਕਰਨ ਦੀ ਜ਼ਰੂਰਤ ਨਹੀਂ ਹੈ ਅਤੇ ਉਨ੍ਹਾਂ ਨੂੰ ਆਪਣੇ ਜਾਤੀ ਸਰਟੀਫਿਕੇਟ ਲਈ ਅਪਲਾਈ ਕਰਨਾ ਚਾਹੀਦਾ ਹੈ। ਜੇਕਰ ਇਸ ਵਿੱਚ ਸਮਾਂ ਲੱਗ ਰਿਹਾ ਹੈ ਤਾਂ ਵੀ ਚਿੰਤਾ ਕਰਨ ਦੀ ਜ਼ਰੂਰਤ ਨਹੀਂ ਹੈ ਕਿਉਂਕਿ ਉਹ ਸਰਟੀਫਿਕੇਟ ਤੋਂ ਬਿਨਾਂ ਵੀ ਇਸ ਯੋਜਨਾ ਤਹਿਤ ਰਜਿਸਟਰ ਕਰ ਸਕਦੇ ਹਨ ਅਤੇ 1000 ਰੁਪਏ ਮਹੀਨਾਵਾਰ ਪ੍ਰਾਪਤ ਕਰਨਾ ਸ਼ੁਰੂ ਕਰ ਸਕਦੀਆਂ ਹਨ।ਜਦੋਂ ਵੀ ਉਨ੍ਹਾਂ ਦਾ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ ਤਾਂ ਸੂਬਾ ਸਰਕਾਰ ਉਨ੍ਹਾਂ ਨੂੰ ਜੁਲਾਈ ਤੋਂ 500 ਰੁਪਏ ਪ੍ਰਤੀ ਮਹੀਨਾ ਦੇ ਬਕਾਏ ਦਾ ਭੁਗਤਾਨ ਕਰੇਗੀ।ਇਸ ਸਬੰਧੀ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਹੈ।"

ਮੁੱਖ ਮੰਤਰੀ ਨੇ ਵਿਆਪਕ ਕਵਰੇਜ ਨੂੰ ਯਕੀਨੀ ਬਣਾਉਣ ਲਈ ਜ਼ਮੀਨੀ ਪੱਧਰ ਤੇ ਇਕ ਪਹੁੰਚ ਵਿਧੀ ਦਾ ਐਲਾਨ ਕੀਤਾ। ਉਨ੍ਹਾਂ ਕਿਹਾ, "18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਔਰਤਾਂ ਦੀ 100 ਫੀਸਦ ਕਵਰੇਜ ਨੂੰ ਯਕੀਨੀ ਬਣਾਉਣ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਮਦਦ ਕਰਨ ਲਈ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਦੇ ਹਰ ਪਿੰਡ ਅਤੇ ਵਾਰਡ ਵਿੱਚ ਮਹਿਲਾ ਸਤਿਕਾਰ ਸਖੀਆਂ ਨੂੰ ਤਾਇਨਾਤ ਕੀਤਾ ਜਾਵੇਗਾ।"

ਮਹਿਲਾ ਸਤਿਕਾਰ ਸਖੀਆਂ ਦੀ ਭੂਮਿਕਾ ਬਾਰੇ ਦੱਸਦਿਆਂ ਉਨ੍ਹਾ ਕਿਹਾ, "ਮਹਿਲਾ ਸਤਿਕਾਰ ਸਖੀਆਂ ਲਾਭਪਾਤਰੀਆਂ ਦੇ ਘਰ ਜਾਣਗੀਆਂ ਅਤੇ ਉਨ੍ਹਾਂ ਨੂੰ ਯੋਜਨਾ ਦੇ ਲਾਭਾਂ ਬਾਰੇ ਦੱਸਣਗੀਆਂ, ਉਨ੍ਹਾਂ ਦੇ ਸਾਰੇ ਸ਼ੰਕੇ ਦੂਰ ਕਰਨਗੀਆਂ ਅਤੇ ਰਜਿਸਟ੍ਰੇਸ਼ਨ ਫਾਰਮ ਦੇਣਗੀਆਂ। ਉਹ ਲਾਭਪਾਤਰੀਆਂ ਨੂੰ ਮੁਕੰਮਲ ਰਜਿਸਟ੍ਰੇਸ਼ਨ ਪ੍ਰਕਿਰਿਆ ਦੇ ਨਾਲ-ਨਾਲ ਲੋੜੀਂਦੇ ਦਸਤਾਵੇਜ਼ਾਂ ਬਾਰੇ ਵੀ ਜਾਣਕਾਰੀ ਦੇਣਗੀਆਂ ਅਤੇ • ਬਾਕੀ ਸਫਾ 2 'ਤੇ

# ਅੰਦੋਲਨਕਾਰੀ ਮਜ਼ਦੂਰਾਂ 'ਤੇ ਦਮਨ ਦੀ ਏਟਕ ਵੱਲੋਂ ਕਰੜੀ ਨਿੰਦਾ

## ਨੋਇਡਾ ਤੇ ਮਾਨੇਸਰ 'ਚ ਗ੍ਰਿਫਤਾਰ ਮਜ਼ਦੂਰ ਤੁਰੰਤ ਛੱਡੇ ਜਾਣ : ਅਮਰਜੀਤ ਕੌਰ



**ਲੁਧਿਆਣਾ (ਐਮ ਐਸ ਭਾਟੀਆ)**
ਏਟਕ ਦੀ ਕੌਮੀ ਜਨਰਲ ਸਕੱਤਰ ਕਾਮਰੇਡ ਅਮਰਜੀਤ ਕੌਰ ਨੇ ਉੱਤਰ ਪ੍ਰਦੇਸ਼ ਸਰਕਾਰ ਵੱਲੋਂ ਮਜ਼ਦੂਰਾਂ ਦੇ ਅੰਦੋਲਨ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਦੀ ਕਰੜੀ ਨਿੰਦਾ ਕੀਤੀ ਹੈ। ਇਹ ਅੰਦੋਲਨ ਘੱਟੋ-ਘੱਟ ਮਜ਼ਦੂਰੀ ਵਿੱਚ ਵਾਧਾ, 8 ਘੰਟਿਆਂ ਦਾ ਕੰਮ, ਵਾਧੂ ਕੰਮ ਲਈ ਕਾਨੂੰਨ ਅਨੁਸਾਰ ਦੁਗਣਾ ਓਵਰਟਾਈਮ, ਕੰਮਕਾਜ ਵਾਲੀ ਥਾਂ ਦੀ ਸੁਰੱਖਿਆ ਅਤੇ ਸਮਾਜਿਕ ਸੁਰੱਖਿਆ ਵਰਗੀਆਂ ਜਾਇਜ਼ ਮੰਗਾਂ ਲਈ ਹੈ। ਇਹ ਬਹੁਤ ਹੀ ਨਿੰਦਣਯੋਗ ਹੈ ਕਿ ਨੋਇਡਾ ਵਿੱਚ ਯੂਨੀਅਨ ਆਗੂਆਂ ਨੂੰ ਘਰਾਂ ਵਿੱਚ ਨਜ਼ਰਬੰਦ ਕੀਤਾ ਗਿਆ ਅਤੇ ਉਨ੍ਹਾਂ ਨੂੰ ਮਜ਼ਦੂਰਾਂ ਨਾਲ ਗੱਲ ਕਰਨ ਤੋਂ ਰੋਕਿਆ ਗਿਆ। ਅੰਦੋਲਨ ਕਰ ਰਹੇ ਮਜ਼ਦੂਰਾਂ, ਜਿਨ੍ਹਾਂ ਵਿੱਚ ਔਰਤ ਮਜ਼ਦੂਰ ਵੀ ਸ਼ਾਮਲ ਸਨ, 'ਤੇ ਪੁਲਿਸ ਬਲ ਦਾ ਬੇਹੱਦ ਅਤੇ ਬੇਤਹਾਸ਼ਾ ਇਸਤੇਮਾਲ ਕੀਤਾ ਗਿਆ, ਜਿਸ ਨਾਲ ਤਣਾਅ ਅਤੇ ਉਕਸਾਵਾ ਵਧਿਆ ਹੈ।

ਅਸਲ ਹਕੀਕਤ ਇਹ ਹੈ ਕਿ ਕਈ ਰਾਜਾਂ ਵਿੱਚ ਪਿਛਲੇ 10 ਸਾਲਾਂ ਤੋਂ ਘੱਟੋ-ਘੱਟ ਮਜ਼ਦੂਰੀ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ, ਜਦਕਿ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਲਗਾਤਾਰ ਵੱਧ ਰਹੀਆਂ ਹਨ। ਜ਼ਿਆਦਾਤਰ ਉਦਯੋਗਿਕ ਖੇਤਰਾਂ ਵਿੱਚ ਠੇਕਾ ਮਜ਼ਦੂਰ ਪ੍ਰਵਾਸੀ ਹੁੰਦੇ ਹਨ, ਜੋ ਬੁਨਿਆਦੀ ਸੁਵਿਧਾਵਾਂ ਤੋਂ ਵਾਂਝੇ ਹੋ ਕੇ ਮੁਸ਼ਕਲ ਹਾਲਾਤਾਂ ਵਿੱਚ ਜੀਵਨ ਬਿਤਾ ਰਹੇ ਹਨ।

ਇਹ ਅੰਦੋਲਨ ਕੋਈ ਇਕੱਲਾ ਮਾਮਲਾ ਨਹੀਂ ਹੈ। ਸਿਰਫ਼ ਦੋ ਮਹੀਨੇ ਪਹਿਲਾਂ ਬਰੌਨੀ ਰਿਫ਼ਾਇਨਰੀ ਖੇਤਰ ਵਿੱਚ ਹਜ਼ਾਰਾਂ ਠੇਕਾ ਮਜ਼ਦੂਰਾਂ ਨੇ ਇਸੇ ਤਰ੍ਹਾਂ ਦਾ ਅੰਦੋਲਨ ਕੀਤਾ ਸੀ। ਇਸ ਤੋਂ ਬਾਅਦ ਪਾਣੀਪਤ ਅਤੇ ਸੂਰਤ ਵਿੱਚ ਵੀ ਵੱਡੇ ਪੱਧਰ 'ਤੇ ਪ੍ਰਦਰਸ਼ਨ ਹੋਏ। ਮਾਨੇਸਰ ਵਿੱਚ ਮਾਰਚ ਦੇ ਅਖੀਰ ਤੋਂ ਅੰਦੋਲਨ ਸ਼ੁਰੂ ਹੋਇਆ ਅਤੇ 8 ਅਪ੍ਰੈਲ ਤੱਕ ਪ੍ਰਬੰਧਨ ਅਤੇ ਲੇਬਰ ਵਿਭਾਗ ਵੱਲੋਂ ਕੋਈ ਜਵਾਬ ਨਾ ਮਿਲਣ 'ਤੇ ਜਦੋਂ ਮਜ਼ਦੂਰ ਸੜਕਾਂ 'ਤੇ ਆਏ, ਤਾਂ ਪੁਲਿਸ ਨੇ ਹਮਲਾਵਰ ਰਵੱਈਆ ਅਪਣਾਇਆ, ਜਿਸ ਨਾਲ ਅਸ਼ਾਂਤੀ ਵਧ ਗਈ। ਸੈਂਕੜੇ ਮਜ਼ਦੂਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ 'ਤੇ ਕੇਸ ਦਰਜ ਕੀਤੇ ਗਏ।

ਉਹਨਾਂ ਕਿਹਾ ਕਿ ਕੇਂਦਰੀ ਟ੍ਰੇਡ ਯੂਨੀਅਨਾਂ ਲਗਾਤਾਰ ਕਹਿੰਦੀਆਂ ਆ ਰਹੀਆਂ ਹਨ ਕਿ ਕੰਮਕਾਜ ਵਾਲੀਆਂ ਥਾਵਾਂ 'ਤੇ ਲੇਬਰ ਕਾਨੂੰਨਾਂ ਦੀ ਉਲੰਘਣਾ ਆਮ ਗੱਲ ਬਣ ਗਈ ਹੈ। ਨਿਰੀਖਣ ਨਹੀਂ ਹੁੰਦੇ, ਵੱਧ ਕੰਮ ਲਿਆ ਜਾਂਦਾ ਹੈ, ਭੁਗਤਾਨ ਨਹੀਂ ਕੀਤਾ ਜਾਂਦਾ, ਕੰਮਕਾਜ ਦੀ ਸੁਰੱਖਿਆ ਨਾਲ ਸਮਝੌਤਾ ਕੀਤਾ ਜਾਂਦਾ ਹੈ, ਜਿਸ ਨਾਲ ਕੀਮਤੀ ਜਾਨਾਂ ਜਾਂਦੀਆਂ ਹਨ ਅਤੇ ਕਈ ਮਜ਼ਦੂਰ ਆਪਣੀ ਕੰਮ ਕਰਨ ਦੀ ਸਮਰੱਥਾ ਗੁਆ ਲੈਂਦੇ ਹਨ। ਯੂਨੀਅਨਾਂ ਬਣਨ ਨਹੀਂ ਦਿੱਤੀਆਂ ਜਾਂਦੀਆਂ ਅਤੇ ਜੋ ਮਜ਼ਦੂਰ ਯੂਨੀਅਨ ਬਣਾਉਣ ਦੀ ਕੋਸ਼ਿਸ਼ ਕਰਦੇ ਹਨ, ਉਨ੍ਹਾਂ ਨੂੰ ਨੌਕਰੀ ਤੋਂ ਕੱਢ ਦਿੱਤਾ ਜਾਂਦਾ ਹੈ। ਇਹ ਮਜ਼ਦੂਰਾਂ ਦੇ ਹੱਕਾਂ ਦੀ ਪੂਰੀ ਤਰ੍ਹਾਂ ਅਣਦੇਖੀ ਹੈ ਅਤੇ ਸਮਾਜਿਕ ਸੰਵਾਦ ਅਤੇ ਸਾਂਝੀ ਗੱਲਬਾਤ ਦੀ ਘਾਟ ਹੈ।ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਦੀ ਬਜਾਏ ਕੇਂਦਰ ਸਰਕਾਰ ਨੇ ਚਾਰ ਲੇਬਰ ਕੋਡ ਲਾਗੂ ਕਰਕੇ ਉਲੰਘਣਾਵਾਂ ਨੂੰ ਕਾਨੂੰਨੀ ਰੂਪ ਦੇਣ ਦੀ ਕੋਸ਼ਿਸ਼ ਕੀਤੀ ਹੈ। 15 ਕੇਂਦਰੀ ਲੇਬਰ ਕਾਨੂੰਨਾਂ ਨੂੰ ਖਤਮ ਕਰਕੇ ਅਤੇ 29 ਹੋਰ ਕਾਨੂੰਨਾਂ ਨੂੰ ਰੱਦ ਕਰਕੇ ਉਨ੍ਹਾਂ ਨੂੰ ਚਾਰ ਕੋਡਾਂ ਵਿੱਚ ਬਦਲ ਦਿੱਤਾ ਗਿਆ ਹੈ। ਇਹ ਕੋਡ ਮਜ਼ਦੂਰਾਂ ਨੂੰ ਗੁਲਾਮੀ ਵੱਲ ਧੱਕਣ, ਕੰਮ ਦੇ ਘੰਟੇ ਵਧਾਉਣ, ਹੜਤਾਲ ਦੇ ਅਧਿਕਾਰ ਨੂੰ ਲਗਭਗ ਖਤਮ ਕਰਨ, ਫਿਕਸਡ ਟਰਮ ਰੋਜ਼ਗਾਰ ਨੂੰ ਆਮ ਬਣਾਉਣ, ਨੌਕਰੀ ਦੀ ਸੁਰੱਖਿਆ ਖਤਮ ਕਰਨ, ਮਜ਼ਦੂਰਾਂ ਨੂੰ ਕਾਨੂੰਨੀ ਸੁਰੱਖਿਆ ਤੋਂ ਬਾਹਰ ਕਰਨ, ਯੂਨੀਅਨ • ਬਾਕੀ ਸਫਾ 2 'ਤੇ

# ਚੋਣਾਂ ਤੋਂ ਬਾਅਦ ਤੇਲ ਭਰਾਉਣਾ ਮਹਿੰਗਾ ਹੋਵੇਗਾ !

**ਨਵੀਂ ਦਿੱਲੀ** : ਜੰਗੀ ਹਾਲਾਤ ਕਾਰਨ ਭਾਰਤ ਦੀਆਂ ਸਰਕਾਰੀ ਤੇਲ ਕੰਪਨੀਆਂ ਨੂੰ ਪੈਟਰੋਲ 'ਤੇ 18 ਰੁਪਏ ਤੇ ਡੀਜ਼ਲ 'ਤੇ 35 ਰੁਪਏ ਪ੍ਰਤੀ ਲੀਟਰ ਦਾ ਨੁਕਸਾਨ ਹੋ ਰਿਹਾ ਹੈ। ਸੂਤਰਾਂ ਮੁਤਾਬਕ ਇੰਡੀਅਨ ਆਇਲ ਕਾਰਪੋਰੇਸ਼ਨ, ਭਾਰਤ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਤੇ ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਪਿਛਲੇ ਮਹੀਨੇ ਤੋਂ ਰੋਜ਼ਾਨਾ ਕਰੀਬ 2,400 ਕਰੋੜ ਰੁਪਏ ਦਾ ਨੁਕਸਾਨ ਉਠਾ ਰਹੀਆਂ ਸਨ, ਜੋ ਸਰਕਾਰ ਵੱਲੋਂ ਪੈਟਰੋਲ-ਡੀਜ਼ਲ 'ਤੇ 10-10 ਰੁਪਏ ਪ੍ਰਤੀ ਲੀਟਰ ਐਕਸਾਈਜ਼ ਡਿਊਟੀ ਵਿੱਚ ਕਟੌਤੀ ਤੋਂ ਬਾਅਦ ਘਟ ਕੇ ਲਗਪਗ 1,600 ਕਰੋੜ ਰੁਪਏ ਪ੍ਰਤੀ ਦਿਨ ਰਹਿ ਗਿਆ। ਇਹ ਕਟੌਤੀ ਖਪਤਕਾਰਾਂ ਤੱਕ ਨਹੀਂ ਪਹੁੰਚਾਈ ਗਈ ਬਲਕਿ ਕੰਪਨੀਆਂ ਦੇ ਨੁਕਸਾਨ ਦੀ ਭਰਪਾਈ ਲਈ ਵਰਤੀ ਗਈ। ਉਨ੍ਹਾਂ ਦੱਸਿਆ ਕਿ ਮਾਰਚ ਵਿੱਚ ਹੋਏ ਨੁਕਸਾਨ ਨੇ ਜਨਵਰੀ-ਫਰਵਰੀ ਵਿੱਚ ਹੋਈ ਕਮਾਈ ਨੂੰ ਪੂਰੀ ਤਰ੍ਹਾਂ ਖਤਮ ਕਰ ਦਿੱਤਾ ਹੈ ਅਤੇ ਅਜਿਹੇ ਆਸਾਰ ਹਨ ਕਿ ਇਹ ਕੰਪਨੀਆਂ ਜਨਵਰੀ-ਮਾਰਚ ਤਿਮਾਹੀ ਵਿੱਚ ਘਾਟਾ ਦਰਜ ਕਰਨਗੀਆਂ। ਪੱਛਮੀ ਬੰਗਾਲ ਅਤੇ ਤਾਮਿਲਨਾਡੂ ਵਰਗੇ ਪ੍ਰਮੁੱਖ ਸੂਬਿਆਂ ਵਿੱਚ ਚੋਣਾਂ ਤੋਂ ਬਾਅਦ ਈਂਧਨ ਦੀਆਂ ਪ੍ਰਚੂਨ ਕੀਮਤਾਂ ਵਿੱਚ ਵਾਧੇ ਦੇ ਆਸਾਰ ਹਨ।

# ਈਰਾਨ ਦਾ 25 ਲੱਖ ਕਰੋੜ ਦਾ ਨੁਕਸਾਨ

**ਤਹਿਰਾਨ** : ਈਰਾਨ ਦਾ ਕਹਿਣਾ ਹੈ ਕਿ ਉਸਦਾ ਹੁਣ ਤੱਕ 750 ਅਰਬ ਡਾਲਰ (25 ਲੱਖ ਕਰੋੜ ਰੁਪਏ) ਦਾ ਨੁਕਸਾਨ ਹੋ ਚੁੱਕਾ ਹੈ। ਉਸਨੇ ਇਹ ਵੀ ਕਿਹਾ ਹੈ ਕਿ ਇਹ ਸ਼ੁਰੂਆਤੀ ਅਨੁਮਾਨ ਹੈ ਤੇ ਨੁਕਸਾਨ ਹੋਰ ਵੱਧ ਹੋ ਸਕਦਾ ਹੈ।

ਕੌਮਾਂਤਰੀ ਊਰਜਾ ਏਜੰਸੀ ਦਾ ਕਹਿਣਾ ਹੈ ਕਿ ਯੂਕਰੇਨ ਦੀ ਲੜਾਈ ਦੇ ਨਾਂ 'ਤੇ ਰੂਸੀ ਤੇਲ 'ਤੇ ਲਾਈਆਂ ਰੋਕਾਂ ਟਰੰਪ ਵੱਲੋਂ ਕੌਮਾਂਤਰੀ ਬਾਜ਼ਾਰ ਵਿੱਚ ਤੇਲ ਦੀਆਂ ਕੀਮਤਾਂ ਵਧਣ ਕਾਰਨ ਹਟਾ ਲੈਣ ਤੋਂ ਬਾਅਦ ਮਾਰਚ ਵਿੱਚ ਕੱਚੇ ਤੇਲ ਤੇ ਤੇਲ ਪਦਾਰਥਾਂ ਦੀਆਂ ਬਰਾਮਦਾਂ ਤੋਂ ਰੂਸ ਦੀ ਕਮਾਈ ਲਗਪਗ ਦੁੱਗਣੀ ਹੋ ਗਈ। ਰੂਸ ਨੇ ਮਾਰਚ ਵਿੱਚ 19 ਅਰਬ ਡਾਲਰ ਕਮਾਏ। ਫਰਵਰੀ ਵਿੱਚ ਉਸਨੇ ਰੋਜ਼ਾਨਾ 3 ਲੱਖ 20 ਹਜ਼ਾਰ ਬੈਰਲ ਤੇਲ ਬਰਾਮਦ ਕੀਤਾ ਸੀ, ਜਦਕਿ ਮਾਰਚ ਵਿੱਚ ਇਹ ਬਰਾਮਦ 71 ਲੱਖ ਬੈਰਲ ਤੱਕ ਪੁੱਜ ਗਈ ਸੀ।

2025 ਵਿੱਚ ਚੀਨ ਦੀਆਂ ਬਰਾਮਦਾਂ ਵਿੱਚ ਰਿਕਾਰਡ ਵਾਧਾ ਹੋਇਆ ਸੀ ਤੇ ਉਸਨੇ 1.2 ਟ੍ਰਿਲੀਅਨ (ਇੱਕ ਟ੍ਰਿਲੀਅਨ 10 ਖਰਬ ਦਾ) ਡਾਲਰ ਦੀ ਵਾਧੂ ਕਮਾਈ ਕੀਤੀ ਸੀ, ਪਰ ਜੰਗ ਕਾਰਨ ਉਸਨੂੰ ਕਾਫੀ ਧੱਕਾ ਲੱਗਾ ਹੈ ਤੇ ਬਰਾਮਦਾਂ ਮਸੀਂ ਢਾਈ ਫੀਸਦੀ ਹੀ ਵਧੀਆਂ ਹਨ।

ਉਮੀਦ 8 ਫੀਸਦੀ ਵਾਧੇ ਦੀ ਸੀ। ਅਜਿਹਾ ਮੱਧ-ਪੂਰਬ ਵਿੱਚ ਜਹਾਜ਼ਾਂ ਦੀ ਆਵਾਜਾਈ ਵਿੱਚ ਪਏ ਵਿਘਨ ਕਾਰਨ ਹੋਇਆ ਹੈ। ਤਾਂ ਵੀ, ਉਸਦੀਆਂ ਇਲੈਕਟ੍ਰਿਕ ਤੇ ਹਾਈਬ੍ਰਿਡ ਵਾਹਨਾਂ ਦੀ ਬਰਾਮਦ ਦੁੱਗਣੀ ਹੋ ਕੇ ਮਾਰਚ ਵਿੱਚ ਨਵਾਂ ਰਿਕਾਰਡ ਬਣਾ ਗਈ। ਇਹ ਇਸ਼ਾਰਾ ਕਰਦੀ ਹੈ ਕਿ ਲੋਕ ਤੇਲ ਮਹਿੰਗੇ ਹੋਣ ਕਰਕੇ ਇਲੈਕਟ੍ਰਿਕ ਵਾਹਨਾਂ ਵਿੱਚ ਦਿਲਚਸਪੀ ਲੈ ਰਹੇ ਹਨ।

## ਬਿਹਾਰ 'ਚ ਅੱਜ ਭਾਜਪਾ ਦਾ ਪਹਿਲਾ ਮੁੱਖ ਮੰਤਰੀ ਸਹੁੰ ਚੁੱਕੇਗਾ



**ਪਟਨਾ** : ਸਮਰਾਟ ਚੌਧਰੀ ਬਿਹਾਰ ਦੇ ਨਵੇਂ ਮੁੱਖ ਮੰਤਰੀ ਹੋਣਗੇ। ਉਨ੍ਹਾ ਨੂੰ ਮੰਗਲਵਾਰ ਭਾਰਤੀ ਜਨਤਾ ਪਾਰਟੀ ਦੇ ਵਿਧਾਇਕ ਦਲ ਦਾ ਨੇਤਾ ਚੁਣ ਲਿਆ ਗਿਆ। ਉਹ 15 ਅਪ੍ਰੈਲ ਨੂੰ ਸਵੇਰੇ 11 ਵਜੇ ਆਪਣੇ ਅਹੁਦੇ ਦੀ ਸਹੁੰ ਚੁੱਕਣਗੇ। ਇਸ ਤੋਂ ਪਹਿਲਾਂ ਬਿਹਾਰ ਦੇ ਸਭ ਤੋਂ ਲੰਬੇ ਸਮੇਂ ਤੱਕ ਮੁੱਖ ਮੰਤਰੀ ਰਹੇ ਨਿਤੀਸ਼ ਕੁਮਾਰ ਨੇ ਅਸਤੀਫਾ ਦੇ ਕੇ ਰਾਜਪਾਲ ਨੂੰ ਕੈਬਨਿਟ ਨੂੰ ਭੰਗ ਕਰਨ ਦੀ ਸਿਫਾਰਸ਼ ਕਰ ਦਿੱਤੀ। ਨਿਤੀਸ਼ ਕੁਮਾਰ ਹੁਣ ਰਾਜ ਸਭਾ ਮੈਂਬਰ ਵਜੋਂ ਆਪਣੀ ਨਵੀਂ ਪਾਰੀ ਸ਼ੁਰੂ ਕਰਨ ਜਾ ਰਹੇ ਹਨ। ਬਿਹਾਰ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਵੇਗਾ ਜਦੋਂ ਭਾਰਤੀ ਜਨਤਾ ਪਾਰਟੀ ਦਾ ਕੋਈ ਆਗੂ ਮੁੱਖ ਮੰਤਰੀ ਦੀ ਕੁਰਸੀ ਸੰਭਾਲੇਗਾ।

## ਕੈਨੇਡਾ 'ਚ ਸੁਣਵਾਈ ਦੌਰਾਨ ਬਿਸ਼ਨੋਈ ਗੈਂਗ ਦਾ ਮੈਂਬਰ ਲਾਪਤਾ

**ਟੋਰਾਂਟੋ** : ਕੈਨੇਡੀਅਨ ਅਧਿਕਾਰੀਆਂ ਨੇ ਲਾਰੈਂਸ ਬਿਸ਼ਨੋਈ ਗੈਂਗ ਦੇ ਕਥਿਤ ਗੁਰਗੇ ਅਭਿਜੀਤ ਕਿੰਗਰਾ ਦੇ ਦੇਸ਼ ਨਿਕਾਲੇ ਦੀ ਸੁਣਵਾਈ ਉਸ ਸਮੇਂ ਅਚਾਨਕ ਰੋਕ ਦਿੱਤੀ, ਜਦੋਂ ਉਹ ਵਰਚੁਅਲ ਕਾਰਵਾਈ ਦੌਰਾਨ ਉਸ ਦਾ ਪਤਾ ਲਗਾਉਣ ਵਿੱਚ ਅਸਫਲ ਰਹੇ। ਗਲੋਬਲ ਨਿਊਜ਼ ਦੀ ਰਿਪੋਰਟ ਅਨੁਸਾਰ ਇਮੀਗ੍ਰੇਸ਼ਨ ਅਤੇ ਰਫਿਊਜੀ ਬੋਰਡ ਦੇ ਮੈਂਬਰ ਨੇ ਸੁਣਵਾਈ ਬੰਦ ਕਰਨ ਤੋਂ ਪਹਿਲਾਂ ਕਿਹਾ, "ਇਹ ਜਾਣੇ ਬਿਨਾਂ ਕਿ ਉਹ ਕਿੱਥੇ ਹੈ, ਅਸੀਂ ਹੋਰ ਬਹੁਤ ਕੁੱਝ ਨਹੀਂ ਕਰ ਸਕਦੇ।" ਕਿੰਗਰਾ, ਜਿਸ ਨੇ 2024 ਵਿੱਚ ਬ੍ਰਿਟਿਸ਼ ਕੋਲੰਬੀਆ ਦੇ ਕੋਲਵੁੱਡ ਵਿੱਚ ਪੰਜਾਬੀ ਗਾਇਕ ਏ ਪੀ ਢਿੱਲੋਂ ਦੀ ਰਿਹਾਇਸ਼ 'ਤੇ ਟਾਰਗੇਟਿਡ ਫਾਇਰਿੰਗ ਅਤੇ ਅਗਜ਼ਨੀ ਦਾ ਹਮਲਾ ਕੀਤਾ ਸੀ, ਹਿਰਾਸਤ ਵਿੱਚ ਹੈ। ਹਾਲਾਂਕਿ ਅਧਿਕਾਰੀਆਂ ਨੇ ਇਮੀਗ੍ਰੇਸ਼ਨ ਅਤੇ ਰਫਿਊਜੀ ਬੋਰਡ ਜਾਂ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਨੂੰ ਸੂਚਿਤ ਕੀਤੇ ਬਿਨਾਂ ਉਸ ਨੂੰ ਇੱਕ ਜੇਲ੍ਹ ਤੋਂ ਦੂਜੀ ਜੇਲ੍ਹ ਵਿੱਚ ਤਬਦੀਲ ਕਰ ਦਿੱਤਾ ਸੀ, ਪਰ ਅਧਿਕਾਰੀਆਂ ਨੇ ਕੁਝ ਹੀ ਮਿੰਟਾਂ ਵਿੱਚ ਇਮੀਗ੍ਰੇਸ਼ਨ ਅਤੇ ਰਫਿਊਜੀ ਬੋਰਡ ਦੀ ਸੁਣਵਾਈ ਰੋਕ ਦਿੱਤੀ, ਕਿਉਂਕਿ ਕੋਈ ਵੀ ਕਿੰਗਰਾ ਦੀ ਲੋਕੇਸ਼ਨ ਦੀ ਪੁਸ਼ਟੀ ਨਹੀਂ ਕਰ ਸਕਿਆ। ਅਧਿਕਾਰੀਆਂ ਨੇ ਬਾਅਦ ਵਿੱਚ ਪੁਸ਼ਟੀ ਕੀਤੀ ਕਿ ਉਹ ਹਿਰਾਸਤ ਵਿੱਚ ਹੀ ਸੀ, ਪਰ ਇਸ ਦੇਰੀ ਲਈ ਮਾੜੇ ਤਾਲਮੇਲ ਨੂੰ ਜ਼ਿੰਮੇਵਾਰ ਠਹਿਰਾਇਆ।

# ਅਮਰੀਕਾ-ਈਰਾਨ ਵਾਰਤਾ ਦਾ ਦੂਜਾ ਗੇੜ ਛੇਤੀ ਸੰਭਵ

## ਅਮਰੀਕਾ ਵੱਲੋਂ ਈਰਾਨੀ ਬੰਦਰਗਾਹਾਂ ਦੀ ਨਾਕਾਬੰਦੀ ਗੈਰ-ਜ਼ਿੰਮੇਵਾਰਾਨਾ : ਚੀਨ

**ਇਸਲਾਮਾਬਾਦ** : ਇਸ ਜਾਂ ਅਗਲੇ ਹਫਤੇ ਅਮਰੀਕਾ ਤੇ ਈਰਾਨ ਵਿਚਾਲੇ ਗੱਲਬਾਤ ਦਾ ਦੂਜਾ ਗੇੜ ਚੱਲ ਸਕਦਾ ਹੈ। ਪਾਕਿਸਤਾਨ ਇਸ ਲਈ ਪੂਰੀ ਤਰ੍ਹਾਂ ਸਰਗਰਮ ਹੈ। ਅਮਰੀਕੀ ਤੇ ਈਰਾਨੀ ਡਿਪਲੋਮੈਟਿਕ ਸੂਤਰਾਂ ਮੁਤਾਬਕ ਦੂਜਾ ਗੇੜ ਇਸਲਾਮਾਬਾਦ ਜਾਂ ਜੈਨੇਵਾ ਵਿੱਚ ਚੱਲ ਸਕਦਾ ਹੈ।

ਚੀਨ ਦੇ ਵਿਦੇਸ਼ ਮੰਤਰਾਲੇ ਨੇ ਮੰਗਲਵਾਰ ਨੂੰ ਕਿਹਾ ਕਿ ਈਰਾਨੀ ਬੰਦਰਗਾਹਾਂ ਦੀ ਅਮਰੀਕੀ ਨਾਕਾਬੰਦੀ ਖ਼ਤਰਨਾਕ ਅਤੇ ਗੈਰ-ਜ਼ਿੰਮੇਵਾਰਾਨਾ ਹੈ ਅਤੇ ਚਿਤਾਵਨੀ ਦਿੱਤੀ ਕਿ ਇਹ ਸਿਰਫ਼ ਤਣਾਅ ਨੂੰ ਹੋਰ ਵਧਾਏਗੀ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਗੁਓ ਜਿਆਕੁਨ ਨੇ ਕਿਹਾ ਕਿ ਸੰਬੰਧਤ ਧਿਰਾਂ ਵਿਚਕਾਰ ਹੋਈ ਅਸਥਾਈ ਜੰਗਬੰਦੀ ਦੇ ਬਾਵਜੂਦ, ਸੰਯੁਕਤ ਰਾਜ ਅਮਰੀਕਾ ਨੇ ਫੌਜੀ ਤਾਇਨਾਤੀ ਵਧਾ ਦਿੱਤੀ ਹੈ ਅਤੇ ਇੱਕ ਨਿਸ਼ਾਨਾ ਨਾਕਾਬੰਦੀ ਲਾਗੂ ਕੀਤੀ ਹੈ। ਉਨ੍ਹਾ ਕਿਹਾ ਕਿ ਇਹ ਕਦਮ ਸੰਘਰਸ਼ ਨੂੰ ਹੋਰ ਵਧਾਏਗਾ, ਨਾਜ਼ੁਕ ਜੰਗਬੰਦੀ ਨੂੰ ਕਮਜ਼ੋਰ ਕਰੇਗਾ ਅਤੇ ਜਲਡਮਰੂ ਰਾਹੀਂ ਆਵਾਜਾਈ ਦੀ ਸੁਰੱਖਿਆ ਨੂੰ ਹੋਰ ਖ਼ਤਰੇ ਵਿੱਚ ਪਾਵੇਗਾ। ਗੁਓ ਨੇ ਅੱਗੇ ਕਿਹਾ ਕਿ ਚੀਨ ਸਾਰੀਆਂ ਧਿਰਾਂ ਨੂੰ ਜੰਗਬੰਦੀ ਦਾ ਸਤਿਕਾਰ ਕਰਨ, ਸੰਵਾਦ ਅਤੇ ਸ਼ਾਂਤੀ ਵਾਰਤਾ ਲਈ ਵਚਨਬੱਧ ਰਹਿਣ, ਖੇਤਰੀ ਤਣਾਅ ਨੂੰ ਘੱਟ ਕਰਨ ਲਈ ਵਿਹਾਰਕ ਕਦਮ ਚੁੱਕਣ ਅਤੇ ਜਲਡਮਰੂ ਵਿੱਚ ਜਲਦੀ ਤੋਂ ਜਲਦੀ ਆਮ ਆਵਾਜਾਈ ਬਹਾਲ ਕਰਨ ਦੀ ਅਪੀਲ ਕਰਦਾ ਹੈ।

ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਮੱਧ-ਪੂਰਬ ਵਿੱਚ ਅਮਨ ਤੇ ਪਾਇਦਾਰੀ ਲਈ ਚਾਰ ਸੂਤਰੀ ਤਜਵੀਜ਼ ਰੱਖੀ ਹੈ। ਮੰਗਲਵਾਰ ਅਬੂ ਧਾਬੀ ਦੇ ਸ਼ਹਿਜ਼ਾਦਾ ਸ਼ੇਖ ਖਾਲਿਦ ਬਿਨ ਮੁਹੰਮਦ ਬਿਨ ਜ਼ਾਇਦ ਅਲ ਨਹਯਾਨ ਨਾਲ ਮੁਲਾਕਾਤ ਦੌਰਾਨ ਜਿਨਪਿੰਗ ਨੇ ਕਿਹਾ ਕਿ ਖਿੱਤੇ ਵਿੱਚ ਅਮਨ ਲਈ ਪੁਰਅਮਨ ਸਹਿਹੋਂਦ ਦੇ ਸਿਧਾਂਤ ਦੀ ਪਾਲਣਾ ਜ਼ਰੂਰੀ ਹੈ। ਉਨ੍ਹਾ ਮੱਧ-ਪੂਰਬ ਤੇ ਖਾੜੀ ਖਿੱਤੇ ਲਈ ਇੱਕ ਸਾਂਝਾ, ਵਿਆਪਕ ਤੇ ਟਿਕਾਊ ਸੁਰੱਖਿਆ ਢਾਂਚਾ ਬਣਾਉਣ 'ਤੇ ਜ਼ੋਰ ਦਿੱਤਾ। ਉਨ੍ਹਾ ਇਹ ਵੀ ਕਿਹਾ ਕਿ ਸਾਰੇ ਦੇਸ਼ਾਂ ਦੀ ਖੁਦਮੁਖਤਾਰੀ, ਸੁਰੱਖਿਆ ਤੇ ਖੇਤਰੀ ਅਖੰਡਤਾ ਦਾ ਆਦਰ ਕੀਤਾ ਜਾਣਾ ਚਾਹੀਦਾ ਹੈ। ਨਾਲ ਹੀ, ਸਾਰੇ ਦੇਸ਼ਾਂ ਦੇ ਲੋਕਾਂ, ਅਦਾਰਿਆਂ ਤੇ ਕੰਪਲੈਕਸਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਉਨ੍ਹਾ ਕਿਹਾ ਕਿ ਕੌਮਾਂਤਰੀ ਕਾਨੂੰਨਾਂ ਦਾ ਆਦਰ ਹੋਣਾ ਚਾਹੀਦਾ ਹੈ ਤਾਂ ਕਿ ਦੁਨੀਆ ਮੁੜ ਜੰਗਲ ਦੇ ਕਾਨੂੰਨ ਵੱਲ ਨਾ ਪਰਤੇ।

ਸਾਊਦੀ ਅਰਬ ਨੇ ਅਮਰੀਕਾ ਨੂੰ ਕਿਹਾ ਹੈ ਕਿ ਉਹ ਹਾਰਮੁਜ਼ ਦੀ ਨਾਕਾਬੰਦੀ ਖਤਮ ਕਰ ਦੇਵੇ ਤੇ ਈਰਾਨ ਨਾਲ ਗੱਲਬਾਤ ਕਰੇ। ਉਸਨੇ ਕਿਹਾ ਹੈ ਕਿ ਈਰਾਨ ਦੇ ਯਮਨ ਵਿਚਲੇ ਹੂਤੀ ਹਮਾਇਤੀਆਂ ਨੇ ਲਾਲ ਸਾਗਰ ਨਾਲ ਜੋੜਦਾ ਬਾਬ ਅਲ-ਮਨਦੇਬ ਵਾਲਾ ਰਾਹ ਬੰਦ ਕਰ ਦਿੱਤਾ ਤਾਂ ਉਸਦਾ ਤੇਲ ਕਿਸੇ ਪਾਸੇ ਨਹੀਂ ਜਾ ਹੋਣਾ।

ਸੰਯੁਕਤ ਰਾਸ਼ਟਰ ਦੇ ਮੁਖੀ ਅੰਤੋਨੀਓ ਗੁਟੇਰੇਜ਼ ਨੇ ਇਰਾਨ ਅਤੇ ਅਮਰੀਕਾ ਦਰਮਿਆਨ ਉਸਾਰੂ ਵਿਚਾਰ-ਵਟਾਂਦਰਾ ਜਾਰੀ ਰੱਖਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੱਛਮੀ ਏਸ਼ੀਆ ਸੰਘਰਸ਼ ਨੂੰ ਲੈ ਕੇ ਦੋਵਾਂ ਦੇਸ਼ਾਂ ਵਿਚਾਲੇ ਗੱਲਬਾਤ ਬਿਨਾਂ ਕਿਸੇ ਸਮਝੌਤੇ ਦੇ ਖਤਮ ਹੋਣ ਤੋਂ ਬਾਅਦ ਜੰਗਬੰਦੀ ਨੂੰ ਹਰ ਹਾਲਤ ਵਿੱਚ ਬਰਕਰਾਰ ਰੱਖਿਆ ਜਾਣਾ ਚਾਹੀਦਾ ਹੈ। ਸੰਯੁਕਤ ਰਾਸ਼ਟਰ ਦੇ ਸਕੱਤਰ ਜਨਰਲ ਗੁਟੇਰੇਜ਼ ਦੇ ਬੁਲਾਰੇ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਹਾਲਾਂ ਕਿ ਇਸਲਾਮਾਬਾਦ ਵਿੱਚ ਪਾਕਿਸਤਾਨ ਦੀ ਮੇਜ਼ਬਾਨੀ ਵਿੱਚ ਸੰਯੁਕਤ ਰਾਜ ਅਤੇ ਇਰਾਨ ਇਸਲਾਮਿਕ ਗਣਰਾਜ ਵਿਚਕਾਰ ਹੋਈ ਗੱਲਬਾਤ ਵਿੱਚ ਕੋਈ ਸਮਝੌਤਾ ਨਹੀਂ ਹੋ ਸਕਿਆ, ਪਰ ਇਹ ਵਿਚਾਰ-ਵਟਾਂਦਰਾ ਆਪਣੇ ਆਪ ਵਿੱਚ ਉਨ੍ਹਾਂ ਦੀ ਗੰਭੀਰਤਾ ਨੂੰ ਦਰਸਾਉਂਦਾ ਹੈ ਅਤੇ ਨਵੇਂ ਸਿਰੇ ਤੋਂ ਸੰਵਾਦ ਵੱਲ ਇੱਕ ਸਕਾਰਾਤਮਕ ਅਤੇ ਸਾਰਥਕ ਕਦਮ ਹੈ। ਗੁਟੇਰੇਜ਼ ਨੇ ਕਿਹਾ ਕਿ ਡੂੰਘੀਆਂ ਮਤਭੇਦਾਂ ਦੇ ਮੱਦੇਨਜ਼ਰ, ਸਮਝੌਤਾ ਰਾਤੋ-ਰਾਤ ਨਹੀਂ ਹੋ ਸਕਦਾ ਅਤੇ ਉਨ੍ਹਾਂ ਨੇ ਕਿਸੇ ਸਿੱਟੇ 'ਤੇ ਪਹੁੰਚਣ ਲਈ ਗੱਲਬਾਤ ਨੂੰ ਉਸਾਰੂ ਢੰਗ ਨਾਲ ਜਾਰੀ ਰੱਖਣ ਦੀ ਅਪੀਲ ਕੀਤੀ। ਗੁਟੇਰੇਸ ਨੇ ਕਿਹਾ, ਇਸ ਦੇ ਨਾਲ ਹੀ, ਜੰਗਬੰਦੀ ਨੂੰ ਹਰ ਹਾਲਤ ਵਿੱਚ ਬਰਕਰਾਰ ਰੱਖਿਆ ਜਾਣਾ ਚਾਹੀਦਾ ਹੈ। ਸਾਰੀਆਂ ਉਲੰਘਣਾਵਾਂ ਬੰਦ ਹੋਣੀਆਂ ਚਾਹੀਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਹਫ਼ਤਿਆਂ ਦੀ ਤਬਾਹੀ ਅਤੇ ਪਰੇਸ਼ਾਨੀ ਤੋਂ ਬਾਅਦ ਇਹ ਸਪੱਸ਼ਟ ਹੈ ਕਿ ਮੱਧ ਪੂਰਬ ਵਿੱਚ ਮੌਜੂਦਾ ਸੰਘਰਸ਼ ਦਾ ਕੋਈ ਫੌਜੀ ਹੱਲ ਨਹੀਂ ਹੈ। ਸੰਯੁਕਤ ਰਾਸ਼ਟਰ ਦੇ ਮੁਖੀ ਨੇ ਕਿਹਾ, ਸਾਨੂੰ ਯਾਦ ਰੱਖਣ ਦੀ ਲੋੜ ਹੈ ਕਿ ਲਗਪਗ 20,000 ਮਲਾਹ ਇਸ ਸੰਘਰਸ਼ ਵਿੱਚ ਇਸ ਸਮੇਂ ਜਹਾਜ਼ਾਂ 'ਤੇ ਫਸੇ ਹੋਏ ਹਨ, ਜੋ ਰੋਜ਼ਾਨਾ ਵਧਦੀਆਂ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਹਾਰਮੁਜ਼ ਜਲਮਾਰਗ ਰਾਹੀਂ ਸਮੁੰਦਰੀ ਵਪਾਰ ਵਿੱਚ ਵਿਘਨ ਦਾ ਅਸਰ ਪਹਿਲਾਂ ਹੀ ਖੇਤਰ ਤੋਂ ਬਾਹਰ ਪੈ ਚੁੱਕਾ ਹੈ, ਜਿਸ ਨਾਲ ਕਈ ਖੇਤਰਾਂ ਵਿੱਚ ਵਿਸ਼ਵ ਆਰਥਿਕ ਕਮਜ਼ੋਰੀ ਅਤੇ ਅਸੁਰੱਖਿਆ ਵਧੀ ਹੈ।

ਉਨ੍ਹਾਂ ਨੋਟ ਕੀਤਾ ਕਿ ਖਾਦ ਅਤੇ ਇਸ ਦੇ ਸਾਜ਼ੋ-ਸਾਮਾਨ ਦੀ ਸਪਲਾਈ ਵਿੱਚ ਵਿਘਨ ਦੁਨੀਆ ਭਰ ਦੇ ਲੱਖਾਂ ਕਮਜ਼ੋਰ ਲੋਕਾਂ ਲਈ ਭੋਜਨ ਦੀ ਅਸੁਰੱਖਿਆ ਨੂੰ ਹੋਰ ਵਧਾਉਂਦਾ ਹੈ, ਜਿਸ ਨਾਲ ਬਾਲਣ, ਆਵਾਜਾਈ ਅਤੇ ਸਪਲਾਈ ਚੇਨ ਦੇ ਵਿਘਨ ਕਾਰਨ ਰਹਿਣ-ਸਹਿਣ ਦੀ ਲਾਗਤ ਵਧ ਰਹੀ ਹੈ।

## ਅਨਿਲ ਚੋਪੜਾ ਦਾ ਦੇਹਾਂਤ



**ਜਲੰਧਰ** : ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਸ਼ਨਜ਼ ਤੇ ਪੀ ਪੀ ਆਰ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਦਾ 14 ਅਪ੍ਰੈਲ ਨੂੰ ਦੇਹਾਂਤ ਹੋ ਗਿਆ। ਉਨ੍ਹਾ ਦਾ ਮੰਗਲਵਾਰ ਸ਼ਾਮ ਨੂੰ ਅੰਤਮ ਸਸਕਾਰ ਕਰ ਦਿੱਤਾ ਗਿਆ।

## ਸ਼ਿਮਲਾ ਨੇੜੇ ਕਾਰ ਹਾਦਸੇ 'ਚ ਚੰਡੀਗੜ੍ਹ ਦੇ ਦੋ ਜਣਿਆਂ ਦੀ ਮੌਤ

**ਸ਼ਿਮਲਾ** : ਇਥੋਂ ਨੇੜੇ ਇੱਕ ਕਾਰ ਦੇ ਖੱਡ ਵਿੱਚ ਡਿੱਗਣ ਕਾਰਨ ਚੰਡੀਗੜ੍ਹ ਦੇ ਰਹਿਣ ਵਾਲੇ ਦੋ ਵਿਅਕਤੀਆਂ ਦੀ ਮੌਤ ਹੋ ਗਈ ਹੈ। ਮ੍ਰਿਤਕਾਂ ਦੀ ਪਛਾਣ ਗੁਰਮੀਤ ਸਿੰਘ ਅਤੇ ਬਾਰਾ ਸਿੰਘ ਵਜੋਂ ਹੋਈ ਹੈ ਜੋ ਚੰਡੀਗੜ੍ਹ ਦੇ ਮਲੋਆ ਇਲਾਕੇ ਦੇ ਰਹਿਣ ਵਾਲੇ ਸਨ। ਪੁਲੀਸ ਅਨੁਸਾਰ ਇਹ ਹਾਦਸਾ ਸੋਮਵਾਰ ਰਾਤ ਨੂੰ ਸਮਰਹਿੱਲ ਵਿੱਚ ਐਮ.ਆਈ. ਰੂਮ ਨੇੜੇ ਵਾਪਰਿਆ। ਦੱਸਿਆ ਜਾ ਰਿਹਾ ਹੈ ਕਿ ਜਦੋਂ ਡਰਾਈਵਰ ਕਾਰ ਨੂੰ ਪਿੱਛੇ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ ਤਾਂ ਗੱਡੀ ਤੋਂ ਕੰਟਰੋਲ ਗੁਆ ਬੈਠਾ ਅਤੇ ਕਾਰ ਸਿੱਧੀ ਖੱਡ ਵਿੱਚ ਜਾ ਡਿੱਗੀ।

## ਸ੍ਰੀ ਹਰਿਮੰਦਰ ਸਾਹਿਬ ਵਿਖੇ ਖ਼ਾਲਸਾ ਸਾਜਨਾ ਦਿਵਸ ਦੀਆਂ ਰੌਣਕਾਂ

**ਅੰਮ੍ਰਿਤਸਰ** : ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ 14 ਅਪ੍ਰੈਲ ਨੂੰ ਅੰਮ੍ਰਿਤਸਰ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਅਤੇ ਉਤਸ਼ਾਹ ਦਾ ਅਦਭੁੱਤ ਸੰਗਮ ਦੇਖਣ ਨੂੰ ਮਿਲਿਆ। ਲੱਖਾਂ ਸੰਗਤਾਂ ਨੇ ਤੜਕਸਾਰ ਤੋਂ ਹੀ ਅੰਮ੍ਰਿਤ ਸਰੋਵਰ ਵਿੱਚ ਇਸ਼ਨਾਨ ਕੀਤਾ ਤੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ ਲਈ ਲੰਬੀਆਂ ਕਤਾਰਾਂ ਵਿੱਚ ਲੱਗ ਕੇ ਆਪਣੀ ਵਾਰੀ ਦੀ ਉਡੀਕ ਕੀਤੀ। ਸ੍ਰੀ ਗੁਰੂ ਰਾਮਦਾਸ ਲੰਗਰ ਹਾਲ ਵਿਖੇ ਸੰਗਤਾਂ ਦੀ ਸੇਵਾ ਲਈ ਵਿਸ਼ੇਸ਼ ਪਕਵਾਨ ਤਿਆਰ ਕੀਤੇ ਗਏ ਹਨ। ਖ਼ਾਲਸਾ ਸਾਜਨਾ ਦਿਵਸ ਦੀ ਖੁਸ਼ੀ ਵਿੱਚ ਲੰਗਰ ਵਿੱਚ ਦਾਲ-ਸਬਜ਼ੀ ਦੇ ਨਾਲ-ਨਾਲ ਜਲੇਬੀਆਂ ਬੂੰਦੀ ਦੇ ਲੱਡੂ, ਬੇਸਣ ਦੇ ਲੱਡੂ, ਖੀਰ ਅਤੇ ਮਿੱਠੇ ਚਾਵਲ ਵਰਗੀਆਂ ਮਿਠਾਈਆਂ ਵਰਤਾਈਆਂ ਜਾ ਰਹੀਆਂ ਹਨ। ਵੱਖ-ਵੱਖ ਮੁਲਕਾਂ ਅਤੇ ਵੱਖੋ-ਵੱਖਰੇ ਪਿਛੋਕੜ ਵਾਲੇ ਸ਼ਰਧਾਲੂ ਇਕੱਠੇ ਮਿਲ ਕੇ ਬਰਤਨ ਮਾਂਜਣ ਅਤੇ ਲੰਗਰ ਵਰਤਾਉਣ ਦੀ ਸੇਵਾ ਕਰਕੇ ਸਿੱਖ ਧਰਮ ਦੇ ਸਰਬ-ਸਾਂਝੀਵਾਲਤਾ ਦੇ ਸੰਦੇਸ਼ ਨੂੰ ਸਾਕਾਰ ਕਰ ਰਹੇ ਸਨ।

## ਸਿੱਖਿਆ ਦਾ ਅਧਿਕਾਰ ਐਕਟ ਲਾਗੂ ਕਰਨ 'ਚ ਦੇਰੀ 'ਤੇ ਸੁਪਰੀਮ ਕੋਰਟ ਸਖ਼ਤ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਦੇਸ਼ ਭਰ ਵਿੱਚ 'ਸਿੱਖਿਆ ਦਾ ਅਧਿਕਾਰ ਐਕਟ' ਨੂੰ ਸਹੀ ਤਰੀਕੇ ਨਾਲ ਲਾਗੂ ਕਰਨ ਦੀ ਮੰਗ ਵਾਲੀ ਜਨਹਿੱਤ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਕੇਂਦਰ ਸਰਕਾਰ, ਸਮੂਹ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਨੋਟਿਸ ਜਾਰੀ ਕੀਤਾ ਹੈ। ਮੁੱਖ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਦੀ ਬੈਂਚ ਨੇ ਕਿਹਾ ਕਿ ਅਦਾਲਤ ਇਸ ਗੰਭੀਰ ਮੁੱਦੇ ਦੀ ਬਾਰੀਕੀ ਨਾਲ ਜਾਂਚ ਕਰਨਾ ਚਾਹੁੰਦੀ ਹੈ। ਇਹ ਪਟੀਸ਼ਨ ਹਰਿਪ੍ਰਿਆ ਪਟੇਲ ਵੱਲੋਂ ਦਾਇਰ ਕੀਤੀ ਗਈ ਹੈ, ਜਿਸ ਵਿੱਚ 6 ਤੋਂ 14 ਸਾਲ ਦੇ ਬੱਚਿਆਂ ਲਈ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਬਣਾਉਣ ਦੀ ਗੁਹਾਰ ਲਗਾਈ ਗਈ ਹੈ। ਪਟੀਸ਼ਨਕਰਤਾ ਦੇ ਵਕੀਲ ਨੇ ਅਦਾਲਤ ਵਿੱਚ ਦਲੀਲ ਦਿੱਤੀ ਕਿ ਨਵੀਂ ਸਿੱਖਿਆ ਨੀਤੀ ਤਹਿਤ ਪ੍ਰੀ-ਪ੍ਰਾਇਮਰੀ ਸਿੱਖਿਆ ਨੂੰ ਲਾਜ਼ਮੀ ਬਣਾਉਣਾ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਲਈ 25 ਫੀਸਦ ਸੀਟਾਂ ਰਾਖਵੀਆਂ ਰੱਖਣ ਦੇ ਨਿਯਮ ਨੂੰ ਸਖ਼ਤੀ ਨਾਲ ਲਾਗੂ ਕਰਨਾ ਬੇਹੱਦ ਜ਼ਰੂਰੀ ਹੈ। ਨਵੀਂ ਸਿੱਖਿਆ ਨੀਤੀ 10+2 ਦੇ ਪੁਰਾਣੇ ਢਾਂਚੇ ਨੂੰ ਬਦਲ ਕੇ 5+3+3+4 ਮਾਡਲ ਪੇਸ਼ ਕਰਦੀ ਹੈ, ਜਿਸ ਵਿੱਚ ਕਿੱਤਾਮੁਖੀ ਸਿਖਲਾਈ ਅਤੇ ਤਕਨੀਕੀ ਗਿਆਨ 'ਤੇ ਜ਼ੋਰ ਦਿੱਤਾ ਗਿਆ ਹੈ।

## ਚਾਚੇ-ਭਤੀਜੇ ਦੀ ਬਿਆਸ ਦਰਿਆ 'ਚ ਡੁੱਬਣ ਨਾਲ ਮੌਤ



**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**
ਵਿਸਾਖੀ ਦੇ ਪਵਿੱਤਰ ਮੌਕੇ ਤੇ ਬਿਆਸ ਦਰਿਆ ਵਿੱਚ ਨਹਾਉਣ ਗਏ ਚਾਚੇ-ਭਤੀਜੇ ਦੀ ਡੁੱਬ ਜਾਣ ਕਾਰਨ ਦੁਖਦਾਈ ਮੌਤ ਹੋਈ ਹੈ। ਮੌਕੇ ਤੇ ਪੁੱਜੇ ਥਾਣਾ ਢਿਲਵਾਂ ਮੁੱਖੀ ਦਲਵਿੰਦਰਬੀਰ ਸਿੰਘ ਨੇ ਦੱਸਿਆ ਕਿ ਦੁਪਹਿਰ 12 ਵਜੇ ਦੇ ਕਰੀਬ ਇਤਲਾਹ ਮਿਲੀ ਕਿ ਬੁਤਾਲਾ ਤੇ ਚੱਕੋਕੀ ਮੰਡ ਵਿਚਕਾਰ ਦਰਿਆ 'ਚ ਨਹਾਉਣ ਸਮੇਂ ਦੋ ਨੌਜਵਾਨ ਡੁੱਬ ਗਏ ਹਨ। ਇਸ ਦੌਰਾਨ ਐੱਨ ਡੀ ਆਰ ਐੱਫ ਤੇ ਗੋਤਾਂਖੋਰਾਂ ਦੀਆਂ • ਬਾਕੀ ਸਫਾ 2 'ਤੇ

## ਅੱਜ-ਨਾਮਾ

ਹੋਈ ਨਿਤੀਸ਼ ਦੀ ਬਿਹਾਰ ਤੋਂ ਅੱਜ ਛੁੱਟੀ,
ਭਾਜਪਾ ਆਗੂ ਨੇ ਸੀਟ ਲਈ ਮੱਲ ਮੀਆਂ।
ਦਹਾਕਿਆਂ ਦੋਂਹ ਤੋਂ ਵੱਧ ਸੀ ਰਹੀ ਚੌਧਰ,
ਕਰਨ ਦਾ ਮਾਹਰ ਸੀ ਥੱਲ-ਪੁਥੱਲ ਮੀਆਂ।
ਕਦੇ ਉਹ ਲਾਲੂ ਦੇ ਨਾਲ ਸੀ ਮਿਲ ਜਾਂਦਾ,
ਕਦੇ ਉਹ ਜਾਂਦਾ ਸੀ ਭਾਜਪਾ ਵੱਲ ਮੀਆਂ।
ਤਿਲਕਣਬਾਜ਼ੀ ਦੀ ਕੀਤੀ ਸੀ ਹੱਦ ਉਹਨੇ,
ਸਕਿਆ ਸਾਂਭ ਨਾ ਮਿਲੀ ਉਹ ਭੱਲ ਮੀਆਂ।
ਪਾਸੇ ਬਦਲੀ ਵਿੱਚ ਕੋਈ ਨਾ ਮਾਹਰ ਏਨਾ,
ਦਿੱਸਦਾ ਜਿੰਨਾ ਨਿਤੀਸ਼ ਸੀ ਮਾਹਰ ਮੀਆਂ।
ਬਾਹਰੋਂ ਤਕੜਾ ਸੀ ਵਿੱਚੋਂ ਕਮਜ਼ੋਰ ਕਿੰਨਾ,
ਹੋਇਆ ਹੀਜ-ਪਿਆਜ਼ ਹੈ ਜ਼ਾਹਰ ਮੀਆਂ।

-ਤੀਸ ਮਾਰ ਖਾਂ

# ਭਾਰਤ 'ਚ 25 ਲੱਖ ਲੋਕਾਂ ਸਿਰ ਮੰਡਰਾ ਰਿਹਾ ਹੈ ਗਰੀਬੀ ਦਾ ਖਤਰਾ



**ਨਿਊਯਾਰਕ** : ਪੱਛਮੀ ਏਸ਼ੀਆ ਵਿੱਚ ਚੱਲ ਰਹੇ ਸੰਘਰਸ਼ ਅਤੇ ਫੌਜੀ ਤਣਾਅ ਕਾਰਨ ਭਾਰਤ ਵਿੱਚ 25 ਲੱਖ ਲੋਕਾਂ ਦੇ ਗਰੀਬੀ ਦੀ ਲਪੇਟ ਵਿੱਚ ਆਉਣ ਦਾ ਖਤਰਾ ਪੈਦਾ ਹੋ ਗਿਆ ਹੈ। ਸੰਯੁਕਤ ਰਾਸ਼ਟਰ ਦੇ ਅਨੁਮਾਨਾਂ ਅਨੁਸਾਰ ਦੇਸ਼ ਦੇ ਮਨੁੱਖੀ ਵਿਕਾਸ ਦੀ ਪ੍ਰਗਤੀ ਵਿੱਚ ਵੀ ਕੁਝ ਨੁਕਸਾਨ ਹੋਣ ਦੀ ਸੰਭਾਵਨਾ ਹੈ। ਸੰਯੁਕਤ ਰਾਸ਼ਟਰ ਵਿਕਾਸ ਪ੍ਰੋਗਰਾਮ ਨੇ 'ਮਿਲਟਰੀ ਐਸਕੇਲੇਸ਼ਨ ਇਨ ਦ ਮਿਡਲ ਈਸਟ ਹਿਊਮਨ ਡਿਵੈਲਪਮੈਂਟ ਇਮਪੈਕਟਸ ਐਕਰੋਸ ਏਸ਼ੀਆ ਐਂਡ ਦ ਪੈਸੀਫਿਕ' ਸਿਰਲੇਖ ਵਾਲੀ ਰਿਪੋਰਟ ਵਿੱਚ ਨੋਟ ਕੀਤਾ ਹੈ ਕਿ ਇਹ ਸੰਘਰਸ਼ ਏਸ਼ੀਆ ਅਤੇ ਪ੍ਰਸ਼ਾਂਤ ਖੇਤਰ ਵਿੱਚ ਮਨੁੱਖੀ ਵਿਕਾਸ ਦੇ ਦਬਾਅ ਨੂੰ ਵਧਾ ਰਿਹਾ ਹੈ। ਤੇਲ, ਭਾੜੇ ਅਤੇ ਲਾਗਤਾਂ ਵਿੱਚ ਵਾਧੇ ਰਾਹੀਂ ਇਹ ਝਟਕਾ ਘਰੇਲੂ ਖਰੀਦ ਸ਼ਕਤੀ ਨੂੰ ਘਟਾ ਰਿਹਾ ਹੈ, ਭੋਜਨ ਦੀ ਅਸੁਰੱਖਿਆ ਵਧਾ ਰਿਹਾ ਹੈ, ਸਰਕਾਰੀ ਬੱਜਟਾਂ 'ਤੇ ਬੋਝ ਪਾ ਰਿਹਾ ਹੈ ਅਤੇ ਰੋਜ਼ੀ-ਰੋਟੀ ਨੂੰ ਕਮਜ਼ੋਰ ਕਰ ਰਿਹਾ ਹੈ। ਮੰਗਲਵਾਰ ਨੂੰ ਜਾਰੀ ਕੀਤੇ ਗਏ ਮੁੱਢਲੇ ਮੁਲਾਂਕਣ ਅਨੁਸਾਰ ਵਿਸ਼ਵ ਪੱਧਰ 'ਤੇ 88 ਲੱਖ ਲੋਕਾਂ ਦੇ ਗਰੀਬੀ ਵਿੱਚ ਡਿੱਗਣ ਦਾ ਖਤਰਾ ਹੈ ਅਤੇ ਪੱਛਮੀ ਏਸ਼ੀਆ ਦੇ ਫੌਜੀ ਤਣਾਅ ਕਾਰਨ ਏਸ਼ੀਆ-ਪ੍ਰਸ਼ਾਂਤ ਖੇਤਰ ਨੂੰ 299 ਅਰਬ ਡਾਲਰ ਤੱਕ ਦਾ ਨੁਕਸਾਨ ਹੋ ਸਕਦਾ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਰਤ ਵਿੱਚ ਗਰੀਬੀ ਲੱਗਭੱਗ 4 ਲੱਖ ਤੋਂ ਵਧ ਕੇ 25 ਲੱਖ ਤੱਕ ਪਹੁੰਚਣ ਦੀ ਉਮੀਦ ਹੈ। ਇਸ ਵਿੱਚ ਅੱਗੇ ਕਿਹਾ ਗਿਆ ਹੈ ਕਿ ਸੰਘਰਸ਼ ਦੇ ਨਤੀਜੇ ਵਜੋਂ ਦੁਨੀਆ ਵਿੱਚ ਗਰੀਬੀ ਵਿੱਚ ਧੱਕੇ ਜਾਣ ਵਾਲੇ ਲੋਕਾਂ ਦੀ ਸੰਖਿਆ ਵੱਖ-ਵੱਖ ਸਥਿਤੀਆਂ ਅਨੁਸਾਰ ਲੱਗਭੱਗ 19 ਲੱਖ ਤੋਂ ਵਧ ਕੇ ਲੱਗਭੱਗ 88 ਲੱਖ ਹੋ ਜਾਂਦੀ ਹੈ। ਦੱਖਣੀ ਏਸ਼ੀਆ ਦਾ ਇਸ ਵਿੱਚ ਸਭ ਤੋਂ ਵੱਡਾ ਹਿੱਸਾ ਹੈ, ਜੋ ਕਿ ਲੱਗਭੱਗ 17 ਲੱਖ ਤੋਂ ਲੈ ਕੇ 80 ਲੱਖ ਤੋਂ ਵੱਧ ਤੱਕ ਹੈ, ਜੋ ਕਿ ਇਸ ਉਪ-ਖੇਤਰ ਦੀ ਆਬਾਦੀ ਦੇ ਆਕਾਰ ਅਤੇ ਆਮਦਨ ਤੇ ਕੀਮਤਾਂ ਦੇ ਝਟਕਿਆਂ ਪ੍ਰਤੀ ਇਸ ਦੀ ਵਧੇਰੇ ਸੰਵੇਦਨਸ਼ੀਲਤਾ ਨੂੰ ਦਰਸਾਉਂਦਾ ਹੈ। ਚੀਨ ਵਿੱਚ ਗਰੀਬੀ ਦੇ ਖਤਰੇ ਵਾਲੇ ਲੋਕਾਂ ਦੀ ਗਿਣਤੀ ਵਿੱਚ ਲੱਗਭੱਗ 1,15,000 ਤੋਂ 6,20,000 ਤੱਕ ਦਾ ਮਾਮੂਲੀ ਵਾਧਾ ਹੋਣ ਦਾ ਅਨੁਮਾਨ ਹੈ।

ਫੌਜੀ ਤਣਾਅ ਦੇ ਅਨੁਮਾਨਿਤ ਗਰੀਬੀ ਪ੍ਰਭਾਵਾਂ ਨੂੰ ਉਜਾਗਰ ਕਰਦੇ ਹੋਏ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਰਤ ਦੀ ਗਰੀਬੀ ਦਰ ਸੰਕਟ ਤੋਂ ਬਾਅਦ 23.9 ਫੀਸਦੀ ਤੋਂ ਵਧ ਕੇ 24.2 ਫੀਸਦੀ ਹੋਣ ਦਾ ਅਨੁਮਾਨ ਹੈ, ਜਿਸ ਨਾਲ 2,464,698 ਲੋਕ ਗਰੀਬੀ ਵਿੱਚ ਚਲੇ ਜਾਣਗੇ।

## ਨਿਸ਼ਾਨ ਸਾਹਿਬ ਦੀ 60 ਫੁੱਟ ਉਚਾਈ ਤੋਂ ਡਿੱਗਣ ਕਾਰਨ ਸੇਵਾਦਾਰ ਦੀ ਮੌਤ



**ਲੁਧਿਆਣਾ** : ਦੁੱਗਰੀ ਰੋਡ 'ਤੇ ਸਥਿਤ ਕਰਤਾਰ ਨਗਰ ਦੇ ਗੁਰਦੁਆਰਾ ਸਿੰਘ ਸਭਾ ਵਿੱਚ ਵਿਸਾਖੀ 'ਤੇ ਵੱਡਾ ਹਾਦਸਾ ਵਾਪਰ ਗਿਆ। ਨਿਸ਼ਾਨ ਸਾਹਿਬ ਦਾ ਚੋਲਾ ਸਾਹਿਬ ਬਦਲਣ ਦੀ ਸੇਵਾ ਦੌਰਾਨ ਕਰੇਨ ਦੀ ਕੇਬਲ ਟੁੱਟਣ ਕਾਰਨ ਇੱਕ ਸੇਵਾਦਾਰ 60 ਫੁੱਟ ਦੀ ਉਚਾਈ ਤੋਂ ਹੇਠਾਂ ਡਿੱਗ ਗਿਆ। ਮ੍ਰਿਤਕ ਦੀ ਪਛਾਣ 40 ਸਾਲਾ ਮਨਿੰਦਰ ਸਿੰਘ ਵਜੋਂ ਹੋਈ ਹੈ। ਮ੍ਰਿਤਕ ਦੇ ਭਰਾ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮਨਿੰਦਰ ਪਿਛਲੇ 12 ਸਾਲਾਂ ਤੋਂ ਗੁਰਦੁਆਰਾ ਸਾਹਿਬ ਵਿਖੇ ਨਿਸ਼ਾਨ ਸਾਹਿਬ ਬਦਲਣ ਦੀ ਸੇਵਾ ਕਰ ਰਿਹਾ ਸੀ। ਉਹ ਹਰ ਸੰਗਰਾਂਦ ਅਤੇ ਵਿਸਾਖੀ 'ਤੇ ਬੜੀ ਸ਼ਰਧਾ ਨਾਲ ਚੋਲਾ ਸਾਹਿਬ ਦੀ ਸੇਵਾ ਵਿੱਚ ਹਿੱਸਾ ਲੈਂਦਾ ਸੀ। ਮੰਗਲਵਾਰ ਸਵੇਰੇ ਕਰੀਬ 9 ਵਜੇ ਉਹ ਨਿਸ਼ਾਨ ਸਾਹਿਬ ਨੂੰ ਨਵਾਂ ਚੋਲਾ ਭੇਟ ਕਰਨ ਲਈ ਉੱਪਰ ਗਿਆ ਸੀ। ਚਸ਼ਮਦੀਦਾਂ ਅਨੁਸਾਰ ਮਨਿੰਦਰ 60 ਫੁੱਟ ਦੀ ਉਚਾਈ 'ਤੇ ਸਫਲਤਾਪੂਰਵਕ ਪਹੁੰਚ ਗਿਆ ਸੀ ਅਤੇ ਉਸ ਨੇ ਨਿਸ਼ਾਨ ਸਾਹਿਬ ਦੀ ਸੇਵਾ ਪੂਰੀ ਕਰ ਲਈ ਸੀ, ਜਦੋਂ ਅਚਾਨਕ ਕਰੇਨ ਦੀ ਲੋਹੇ ਦੀ ਤਾਰ ਟੁੱਟ ਗਈ। ਤਾਰ ਟੁੱਟਦੇ ਹੀ ਮਨਿੰਦਰ ਸਿੱਧਾ ਫਰਸ਼ 'ਤੇ ਆ ਡਿੱਗਿਆ। ਉੱਥੇ ਮੌਜੂਦ ਸ਼ਰਧਾਲੂਆਂ ਤੇ ਸਵੈ-ਸੇਵਕਾਂ ਨੇ ਉਸ ਨੂੰ ਨੇੜਲੇ ਹਸਪਤਾਲ ਪਹੁੰਚਾਇਆ, ਪਰ ਸੱਟਾਂ ਇੰਨੀਆਂ ਗੰਭੀਰ ਸਨ ਕਿ ਰਸਤੇ ਵਿੱਚ ਹੀ ਉਸ ਦੀ ਮੌਤ ਹੋ ਗਈ। ਗੁਰਪ੍ਰੀਤ ਸਿੰਘ ਨੇ ਕਿਹਾ, ਮੇਰੇ ਭਰਾ ਨੇ ਗੁਰੂ ਘਰ ਦੀ ਨਿਸ਼ਕਾਮ ਸੇਵਾ ਕੀਤੀ। ਸਾਨੂੰ ਨਹੀਂ ਪਤਾ ਸੀ ਕਿ ਜਿਸ ਸ਼ਰਧਾ ਨਾਲ ਉਹ ਅੱਜ ਘਰੋਂ ਨਿਕਲਿਆ ਹੈ, ਉਹ ਉਸ ਦੀ ਆਖਰੀ ਸੇਵਾ ਹੋਵੇਗੀ। ਮਨਿੰਦਰ ਸਿੰਘ ਆਪਣੇ ਪਿੱਛੇ ਪਤਨੀ ਅਤੇ 10 ਸਾਲ ਦਾ ਪੁੱਤਰ ਛੱਡ ਗਿਆ ਹੈ। ਉਹ ਪਰਿਵਾਰ ਦੇ ਗੁਜ਼ਾਰੇ ਲਈ ਕਰਿਆਨੇ ਦੀ ਦੁਕਾਨ ਚਲਾਉਂਦਾ ਸੀ।

## ਵਿਧਾਇਕ ਰਾਏ ਵੱਲੋਂ ਚੰਗੇ ਨੰਬਰ ਲੈਣ ਵਾਲੇ ਵਿਦਿਆਰਥੀਆਂ ਦਾ ਸਨਮਾਨ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਸਰਕਾਰੀ ਹਾਈ ਸਕੂਲ ਲਟੌਰ ਵਿਖੇ ਚੰਗੇ ਨੰਬਰ ਲੈਣ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਸਿੱਖਿਆ ਖੇਤਰ ਵਿੱਚ ਇਤਿਹਾਸਕ ਫੈਸਲੇ ਕੀਤੇ ਹਨ, ਜਿਸ ਦੇ ਨਤੀਜਿਆਂ ਵਜੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਸਿੱਖਿਆ ਦੇ ਖੇਤਰ ਵਿੱਚ ਮੱਲਾਂ ਮਾਰ ਰਹੇ ਹਨ। ਪੰਜਾਬ ਸਰਕਾਰ ਨੇ 2022 ਤੋਂ 2026 ਤੱਕ ਸਿੱਖਿਆ ਲਈ ਲਗਭਗ 85 ਤੋਂ 90 ਹਜ਼ਾਰ ਕਰੋੜ ਰੁਪਏ ਦਾ ਬਜਟ ਰੱਖਿਆ। ਹਰ ਸਾਲ ਸਿੱਖਿਆ ਲਈ ਕਰੀਬ 20 ਤੋਂ 25 ਹਜ਼ਾਰ ਕਰੋੜ ਰੁਪਏ ਖਰਚ ਕੀਤੇ ਗਏ। ਉਨ੍ਹਾ ਕਿਹਾ ਕਿ ਅੱਜ ਪੰਜਾਬ ਦੇ ਸਾਰੇ ਸਰਕਾਰੀ ਸਕੂਲ ਵਧੀਆ ਬਣ ਚੁੱਕੇ ਹਨ, ਜਿੱਥੇ ਵਿਦਿਆਰਥੀਆਂ ਦੀ ਸਿੱਖਿਆ ਵੱਲ ਖਾਸ ਧਿਆਨ ਦਿੱਤਾ ਜਾਂਦਾ ਹੈ। ਇਸ ਲਈ ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਦੇ ਵਿੱਚ ਦਾਖਲ ਕਰਵਾਉਣ। ਉਨ੍ਹਾ ਸੂਬਾ ਵਾਸੀਆਂ ਨੂੰ ਵਿਸਾਖੀ ਦੇ ਦਿਹਾੜੇ ਦੀਆਂ ਵਧਾਈਆਂ ਵੀ ਦਿੱਤੀਆਂ ਅਤੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਬੇਅਦਬੀਆਂ ਖਿਲਾਫ ਬਣਾਏ ਗਏ ਕਾਨੂੰਨ ਲਈ ਵੀ ਮੁਬਾਰਕਬਾਦ ਦਿੱਤੀ। ਇਸ ਮੌਕੇ ਸਰਪੰਚ ਰੋਹਿਤ ਸਿੰਗਲਾ, ਸਾਬਕਾ ਸਰਪੰਚ ਹਰਨੇਕ ਸਿੰਘ, ਰਣਜੀਤ ਸਿੰਘ, ਬਹਾਦਰ ਅਲੀ, ਬਲਜੀਤ ਸਿੰਘ, ਰਣਧੀਰ ਸਿੰਘ, ਅਧਿਆਪਕ ਦਰਬਾਰਾ ਸਿੰਘ, ਸਟੇਟ ਅਵਾਰਡੀ ਨੌਰੰਗ ਸਿੰਘ, ਬਲਾਕ ਸੰਮਤੀ ਮੈਂਬਰ ਗੁਰਜੀਤ ਸਿੰਘ ਬਿੱਟਾ, ਸਤੀਸ਼ ਲਟੌਰ, ਗੁਰਮੀਤ ਸਿੰਘ, ਗਿਆਨੀ ਸੁਖਦੇਵ ਸਿੰਘ, ਗਿਆਨ ਸਿੰਘ, ਮੁੱਖ ਅਧਿਆਪਕ ਦਲਵਾਰਾ ਸਿੰਘ, ਅਧਿਆਪਕ ਰੂਬੀ ਖੁੱਲਰ, ਅਧਿਆਪਕਾ ਰੀਟਾ ਅਤੇ ਬੱਚਿਆਂ ਦੇ ਮਾਪੇ ਵੱਧ ਚੜ੍ਹ ਕੇ ਪਹੁੰਚੇ।

# ਡਾ. ਅੰਬੇਡਕਰ ਦੇ ਮਾਰਗ 'ਤੇ ਚੱਲਦਿਆਂ ਦਲਿਤਾਂ ਨੂੰ ਜਥੇਬੰਦ ਹੋਣਾ ਹੋਵੇਗਾ : ਕਸ਼ਮੀਰ ਗਦਾਈਆ

**ਨਾਭਾ (ਵਰਿੰਦਰ ਵਰਮਾ)**-ਨਰੇਗਾ ਕਾਮਿਆਂ ਨੂੰ ਸੰਵਿਧਾਨ ਦੀ ਰਾਖੀ ਕਰਦਿਆਂ ਡਾ. ਭੀਮ ਰਾਓ ਅੰਬੇਡਕਰ ਦੇ ਰਾਹ 'ਤੇ ਚੱਲ ਕੇ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰਨਾ ਪਵੇਗਾ ਤਾਂ ਹੀ ਸਾਡੀ ਜ਼ਿੰਦਗੀ ਦੇ ਸੌਖੇ ਦਿਨ ਸੰਭਵ ਹੋ ਸਕਦੇ ਹਨ, ਜਿੰਨਾ ਚਿਰ ਕੇਂਦਰ ਵਿੱਚ ਬੇ ਜੇ ਪੀ ਦੀ ਸਰਕਾਰ ਹੈ, ਉਨ੍ਹਾ ਚਿਰ ਦਲਿਤਾਂ ਤੇ ਦੱਬੇ ਕੁਚਲੇ ਤੇ ਮਜ਼ਲੂਮਾਂ 'ਤੇ ਅੱਤਿਆਚਾਰਾਂ ਨੂੰ ਰੋਕਿਆਂ ਨਹੀਂ ਜਾ ਸਕਣਾ, ਇਸ ਲਈ ਇਸ ਜ਼ਾਲਮ ਤੇ ਕਿਰਤੀਆਂ ਦੀ ਦੁਸ਼ਮਣ ਹਕੂਮਤ ਖਿਲਾਫ ਲੋਕ ਲਹਿਰ ਦੀ ਉਸਾਰੀ ਕਰਨੀ ਹੋਵੇਗੀ। ਅੱਜ ਇੱਥੇ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਨ ਤੇ ਜਲਿਆਂਵਾਲੇ ਬਾਗ਼ ਦੇ ਸ਼ਹੀਦਾਂ ਦੀ ਯਾਦ 'ਚ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਵੱਲੋਂ ਨਾਭਾ ਤਹਿਸੀਲ ਦੇ ਪਿੰਡ ਗੁਰਦਿੱਤਪੁਰਾ ਵਿਖੇ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ ਕਿਹਾ ਕਿ ਜਲਿਆਂਵਾਲਾ ਬਾਗ਼ ਦੇ ਸ਼ਹੀਦਾਂ ਨੇ ਦੇਸ਼ ਆਜ਼ਾਦੀ ਲਈ ਸਾਰੇ ਧਰਮਾਂ ਦੇ ਲੋਕਾਂ ਨੂੰ ਇੱਕਠੇ ਕਰਕੇ ਅਜ਼ਾਦੀ ਦੀ ਲੜਾਈ ਲਈ ਸੰਗ੍ਰਾਮ ਵਿੱਢਿਆ ਤੇ ਕੁਰਬਾਨੀਆਂ ਕੀਤੀਆਂ, ਇਨ੍ਹਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਦੀ ਬਦੌਲਤ ਅੱਜ ਅਸੀਂ ਅਜ਼ਾਦ ਫਿਜ਼ਾ 'ਚ ਸ਼ਾਹ ਲੈ ਰਹੇ ਹਾਂ। ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਨੇ ਆਪਣੀ ਜ਼ਿੰਦਗੀ ਦਲਿਤਾਂ ਤੇ ਦੱਬੇ ਕੁੱਚਲੇ ਲਈ ਸੰਘਰਸ਼ ਕਰਕੇ ਉਨ੍ਹਾਂ ਨੂੰ ਆਪਣੇ ਹੱਕ ਪ੍ਰਾਪਤ ਕਰਵਾਏ, ਉਨ੍ਹਾਂ ਨੇ ਸਾਰੀ ਜ਼ਿੰਦਗੀ ਆਪਣੇ ਬੱਚਿਆਂ ਦੀ ਪ੍ਰਵਾਹ ਨਾ ਕਰਦਿਆਂ ਇਨ੍ਹਾਂ ਮਜ਼ਲੂਮਾਂ ਲਈ ਲਾ ਦਿੱਤੀ। ਕਾਮਰੇਡ ਗਦਾਈਆ ਨੇ ਕਿਰਤੀਆਂ ਨੂੰ ਕਿਹਾ ਕਿ ਅੱਜ ਦੇ ਦਿਨ ਸਾਹਿਬ ਸ੍ਰੀ ਗੁਰ ਗੋਬਿੰਦ ਸਿੰਘ ਜੀ ਨੇ ਖ਼ਾਲਸੇ ਦੀ ਸਾਜਨਾ ਕਰਕੇ ਇਸ ਸਮਾਜ ਨੂੰ ਲੁੱਟ ਰਹਿਤ ਤੇ ਜਾਤ ਤੇ ਧਰਮ ਰਹਿਤ ਸਮਾਜ ਉਸਾਰਨ ਦਾ ਹੋਕਾ ਦਿੱਤਾ ਤੇ ਵੱਖ ਵੱਖ ਧਰਮਾਂ ਤੇ ਵੱਖ ਵੱਖ ਜਾਤਾ ਦੇ ਲੋਕਾਂ ਨੂੰ ਇੱਕ ਕਰਨ ਦਾ ਯਤਨ ਕੀਤਾ।ਇਸ ਸਮੇਂ ਏਟਕ ਦੇ ਆਗੂ ਕ੍ਰਿਸ਼ਨ ਭੜੋ, ਦਲਿਤ ਚਿੰਤਕ ਜਗਜੀਤ ਸਿੰਘ ਨਾਭਾ, ਸੁਰਜੀਤ ਸਿੰਘ ਗੁਰਦਿੱਤਪੁਰਾ, ਮੌਜੂਦਾ ਸਰਪੰਚ ਰਾਜਿੰਦਰ ਸਿੰਘ, ਨਰੇਗਾ ਕਾਮਿਆਂ ਦੀ ਬਲਜੀਤ ਕੌਰ ਗਦਾਈਆ, ਅਮਰਜੀਤ ਸਿੰਘ ਗਦਾਈਆ, ਬੱਗਾ ਸਿੰਘ ਗਲਵੱਟੀ, ਜਗਜੀਤ ਸਿੰਘ ਗਦਾਈਆ, ਭਿੰਦਰ ਸਿੰਘ ਗਦਾਈਆ, ਦਰਸ਼ਨ ਸਿੰਘ, ਨਿਰਮਲ ਸਿੰਘ ਪ੍ਰਕਾਸ਼ ਕੌਰ ਘਣੀ ਵਾਲੇ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਸਵਿਧਾਨ ਦੀ ਰਾਖੀ ਕਰਦਿਆਂ ਆਪਣੇ ਬਣਦੇ ਹੱਕਾ ਦੀ ਪ੍ਰਾਪਤੀ ਲਈ ਕੇਂਦਰ ਦੀ ਮੋਦੀ ਹਕੂਮਤ ਵੱਲੋਂ ਕਿਰਤੀਆਂ 'ਤੇ ਠੋਸੇ ਜਾ ਰਹੇ ਕਾਲੇ ਕਾਨੂੰਨਾਂ ਨੂੰ ਰੋਕਣ ਲਈ ਕਿਰਤੀਆਂ ਨੂੰ ਅਜੀਹੇ ਪ੍ਰੋਗਰਾਮ ਪਿੰਡ ਕਰਨੇ ਹੋਣਗੇ।

## ਕਾਂਗਰਸ ਦੀ ਲੀਡਰਸ਼ਿਪ ਨੇ ਭਾਈ ਰਣਜੀਤ ਸਿੰਘ ਢੱਡਰੀਆਂ ਤੋਂ ਲਿਆ ਅਸ਼ੀਰਵਾਦ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਗੁਰਦਵਾਰਾ ਸ੍ਰੀ ਪਰਮੇਸ਼ਰ ਦੁਆਰ ਵਿਖੇ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਦੀ ਅਗਵਾਈ ਹੇਠ ਵਿਸਾਖੀ ਮੌਕੇ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸੈਂਕੜੇ ਪ੍ਰਾਣੀਆਂ ਨੂੰ ਅੰਮ੍ਰਿਤ ਪਾਨ ਕਰਵਾ ਕੇ ਗੁਰੂ ਦੇ ਚਰਨੀ ਲਾਇਆ ਗਿਆ। ਇਸ ਸਮਾਗਮ ਵਿੱਚ ਪੰਜਾਬ ਕਾਂਗਰਸ ਦੀ ਲੀਡਰਸ਼ਿਪ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਈ। ਇਸ ਮੌਕੇ ਪੰਜਾਬ ਪ੍ਰਦੇਸ਼ ਕਾਂਗਰਸ



ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਧਾਨ ਸਭਾ ਹਲਕਾ ਸਮਾਨਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਰਾਜਪੁਰਾ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਵੱਲੋਂ ਸੰਤ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਤੋਂ ਅਸ਼ੀਰਵਾਦ ਲਿਆ। ਭਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਵੱਲੋਂ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਰਾਜਾ ਵੜਿੰਗ, ਹਰਦਿਆਲ ਸਿੰਘ ਕੰਬੋਜ ਤੇ ਰਾਜਿੰਦਰ ਸਿੰਘ ਸਾਬਕਾ ਵਿਧਾਇਕ ਸਮਾਨਾ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਮੂਹ ਆਗੂਆਂ ਵੱਲੋਂ ਪੰਜਾਬ ਵਾਸੀਆਂ ਨੂੰ ਵਿਸਾਖੀ ਦੀਆਂ ਮੁਬਾਰਕਾਂ ਦਿਤੀਆਂ।

## ਬਾਬਾ ਦੀਪ ਸਿੰਘ ਸਪੋਰਟਸ ਐਂਡ ਵੈੱਲਫੇਅਰ ਕਲੱਬ ਨੇ ਲੜਕੀਆਂ ਨੂੰ ਸਾਈਕਲ ਵੰਡੇ



**ਦੋਰਾਹਾ (ਹਰਮਿੰਦਰ ਸੇਠ)**-ਬਾਬਾ ਦੀਪ ਸਿੰਘ ਸਪੋਰਟਸ ਐਂਡ ਵੈੱਲਫੇਅਰ ਕਲੱਬ ਬਰਮਾਲੀਪੁਰ ਦੇ ਪ੍ਰਧਾਨ ਪਰਮਿੰਦਰਜੀਤ ਸਿੰਘ ਤੂਰ ਕੈਨੇਡਾ ਵੱਲੋਂ ਪਿੰਡ 'ਚ ਚਲਾਈ ਸਮਾਜ ਸੇਵਾ ਦੀ ਮੁਹਿੰਮ ਤਹਿਤ ਖਾਲਸਾ ਪੰਥ ਦੇ ਸਾਜਨਾ ਦਿਵਸ ਮੌਕੇ ਅੱਜ ਕਲੱਬ ਦੇ ਅਹੁਦੇਦਾਰਾਂ ਦਿਲਪ੍ਰੀਤ ਸਿੰਘ ਜਨਰਲ ਸਕੱਤਰ, ਐਡਵੋਕੇਟ ਰਣਪ੍ਰੀਤ ਸਿੰਘ ਟਿਵਾਣਾ ਵਿੱਤ ਸਕੱਤਰ, ਜਸਪ੍ਰੀਤ ਸਿੰਘ ਮੀਤ ਪ੍ਰਧਾਨ, ਤੇਜਿੰਦਰ ਕਾਕਾ ਜੁਆਇੰਟ ਸਕੱਤਰ, ਰਵਿੰਦਰ ਸਿੰਘ, ਯਾਦਵਿੰਦਰ ਸਿੰਘ, ਪ੍ਰਭਦੀਪ ਸਿੰਘ, ਪਵਨਪ੍ਰੀਤ ਸਿੰਘ, ਨਾਨਕ ਸਿੰਘ, ਸਤਵੀਰ ਸਿੰਘ, ਰਣਜੋਧ ਸਿੰਘ ਤੇ ਗੁਰਦੀਪ ਸਿੰਘ (ਸਾਰੇ ਕਲੱਬ ਮੈਂਬਰ) ਨੇ ਪਿੰਡ ਦੀਆਂ ਰਾਏਪੁਰ ਰਾਜਪੂਤਾਂ ਤੇ ਪਾਇਲ ਪੜ੍ਹਦੀਆਂ 7 ਗਰੀਬ ਲੜਕੀਆਂ ਨੂੰ ਸਕੂਲ ਜਾਣ ਲਈ ਸਾਈਕਲ ਦਿੱਤੇ।ਦੱਸਣਯੋਗ ਹੈ ਕਿ ਪਰਮਿੰਦਰਜੀਤ ਸਿੰਘ ਤੂਰ ਕੈਨੇਡਾ ਵੱਲੋਂ ਪਹਿਲਾਂ ਵੀ 6 ਲੜਕੀਆਂ ਨੂੰ ਸਾਈਕਲ ਦਿੱਤੇ ਗਏ ਸਨ।ਵੱਡੀ ਗਿਣਤੀ ਪਿੰਡ ਵਾਸੀਆਂ ਨੇ ਪਰਮਿੰਦਰਜੀਤ ਸਿੰਘ ਤੂਰ ਦੇ ਇਸ ਪਰਉਪਕਾਰੀ ਕਾਰਜ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਪਿੰਡ ਦੀਆਂ ਗਰੀਬ ਲੜਕੀਆਂ ਪੜ੍ਹ ਸਕਣਗੀਆਂ, ਕਿਉਂਕਿ ਪਹਿਲਾਂ ਇਨ੍ਹਾਂ ਲੜਕੀਆਂ ਕੋਲ ਸਕੂਲ ਜਾਣ ਲਈ ਕੋਈ ਸਾਧਨ ਨਹੀਂ ਸੀ।ਤੇਜਿੰਦਰ ਸਿੰਘ ਕਾਕਾ ਨੇ ਕਿਹਾ ਕਿ ਸਾਡਾ ਕਲੱਬ ਸਮਾਜ ਸੇਵਾ ਨੂੰ ਸਮਰਪਤ ਹੈ ਕਲੱਬ, ਜਿੱਥੇ ਖੇਡਾਂ ਨੂੰ ਪ੍ਰਫੁਲਤ ਕਰਕੇ ਪਿੰਡ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਰਿਹਾ ਹੈ, ਉੱਥੇ ਲੋੜਵੰਦ ਪਰਵਾਰਾਂ ਦੀ ਮੱਦਦ ਲਈ ਵੀ ਤਤਪਰ ਰਹਿੰਦਾ ਹੈ।ਉਨ੍ਹਾਂ ਕਿਹਾ ਕਿ ਲੋੜਵੰਦ ਲੋਕ ਪਰਮਿੰਦਰਜੀਤ ਸਿੰਘ ਤੂਰ ਜਾਂ ਕਲੱਬ ਦੇ ਅਹੁਦੇਦਾਰਾਂ ਨਾਲ ਸੰਪਰਕ ਕਰ ਸਕਦੇ ਹਨ।ਇਸ ਮੌਕੇ ਕਲੱਬ ਮੈਂਬਰਾਂ ਤੋਂ ਇਲਾਵਾ ਸੂਬੇਦਾਰ ਬਚਿੱਤਰ ਸਿੰਘ, ਪ੍ਰਕਾਸ ਸਿੰਘ, ਜਰਨੈਲ ਸਿੰਘ ਆਦਿ ਹਾਜ਼ਰ ਸਨ।

## ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਤੁਰੰਤ ਰਿਲੀਜ਼ ਕਰੇ : ਹਰਪਾਲ ਸੋਨੂੰ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓ ਬੀ ਸੀ ਡਿਪਾਰਟਮੈਂਟ ਦੇ ਵਾਈਸ ਚੇਅਰਮੈਨ ਤੇ ਸੰਗਰੂਰ ਤੋਂ ਮੁੱਖ ਬੁਲਾਰੇ ਹਰਪਾਲ ਸੋਨੂੰ ਨੇ ਅੱਜ ਪ੍ਰੈੱਸ ਵਾਰਤਾ ਕਰਦਿਆਂ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਸੂਬੇ ਦੇ ਸਮੂਹ ਵਰਗਾਂ ਦੇ ਭੋਲੇ ਭਾਲੇ ਲੋਕਾਂ ਨੂੰ ਝੂਠੇ ਲਾਰੇ ਲਾ ਕੇ ਵੋਟਾਂ ਹਾਸਲ ਕਰ ਲਈਆਂ, ਪਰ ਜਦੋਂ ਕਿਤੇ ਵਾਅਦੇ ਪੁਗਾਉਣ ਦਾ ਸਮਾਂ ਆਇਆ ਤਾਂ ਸਰਕਾਰ ਪਾਸਾ ਵੱਟ ਕੇ ਬੈਠੀ ਹੈ, ਉਲਟਾ ਆਪਣੇ ਹੱਕਾਂ ਲਈ ਧਰਨਾ ਪ੍ਰਦਰਸ਼ਨ ਕਰਨ ਵਾਲਿਆਂ ਵਿਰੁੱਧ ਲਾਠੀਚਾਰਜ ਤੇ ਪਾਣੀ ਦੀਆਂ ਬੁਛਾੜਾਂ ਕੀਤੀਆਂ ਜਾਂਦੀਆਂ ਹਨ।ਸੋਨੂੰ ਨੇ ਕਿਹਾ ਕਿ ਸੂਬੇ ਦੇ ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ 16 ਪ੍ਰਤੀਸ਼ਤ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਬਕਾਇਆ ਹਨ, ਜਿਸ ਨੂੰ ਪ੍ਰਾਪਤ ਕਰਨ ਲਈ ਮੁਲਾਜ਼ਮ ਜਥੇਬੰਦੀਆਂ ਨੇ ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਕੇਸ ਲਗਾਇਆ ਅਤੇ ਉਨ੍ਹਾਂ ਦੀ ਜਿੱਤ ਹੋਈ, ਪਰ ਦੂਜੇ ਪਾਸੇ ਸਰਕਾਰ ਮਾਣਯੋਗ ਹਾਈ ਕੋਰਟ ਦੇ ਹੁਕਮਾਂ ਦੇ ਉਲਟ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਬਕਾਏ ਦੇਣ ਦੀ ਬਜਾਏ 15 ਹਜ਼ਾਰ ਕਰੋੜ ਦੀ ਰਕਮ ਨੂੰ ਬੋਝ ਦਿਖਾ ਰਹੀ ਹੈ। ਸੋਨੂੰ ਨੇ ਕਿਹਾ ਕਿ ਸਰਕਾਰ ਨੂੰ ਬੇਫਾਲਤੂ ਮਸ਼ਹੂਰੀਆਂ 'ਤੇ ਰੋਕ ਲਗਾਉਣੀ ਚਾਹੀਦੀ ਹੈ ਤੇ ਆਪਣੇ ਖਰਚੇ ਘਟਾਉਣੇ ਚਾਹੀਦੇ ਹਨ ਅਤੇ ਮੁਲਾਜ਼ਮਾਂ ਨੂੰ ਸਮੇਂ ਸਿਰ ਉਨ੍ਹਾਂ ਦੇ ਬਣਦੇ ਹੱਕ ਅਦਾ ਕੀਤੇ ਜਾਣ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਬਦਲਾਅ ਵੱਡੇ ਪੱਧਰ 'ਤੇ ਦੇਖਣ ਨੂੰ ਮਿਲ ਰਿਹਾ, ਕਿਉਂਕਿ ਜਿਨ੍ਹਾਂ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਝੂਠੇ ਲਾਰਿਆਂ 'ਤੇ ਯਕੀਨ ਕਰਕੇ ਵੋਟਾਂ ਪਾਈਆਂ, ਉਹ ਅੱਜ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰਦੇ ਹਨ।

## ਆਮ ਆਦਮੀ ਕਲੀਨਿਕ 'ਚ ਅੱਖਾਂ ਦਾ ਜਾਂਚ ਕੈਂਪ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਤੇ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ. ਮਾਨੂੰਪੁਰ ਡਾ. ਸੁਦੀਪ ਸਿੱਧੂ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਆਮ ਆਦਮੀ ਕਲੀਨਿਕ ਉਟਾਲਾ ਵਿਖੇ ਅੱਖਾਂ ਦੀ ਜਾਂਚ ਸਬੰਧੀ ਕੈਂਪ ਲਗਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਮੀਨਾਕਸ਼ੀ ਜਿੰਦਲ ਨੇ ਦੱਸਿਆ ਕੇ ਇਸ ਕੈਂਪ ਦੌਰਾਨ 160 ਤੋਂ ਵੱਧ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਤੇ ਲੋੜਵੰਦ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਕੈਂਪ ਦੌਰਾਨ ਨਾਲ ਲਗਦੇ ਪਿੰਡਾਂ ਦੇ ਮਰੀਜ਼ਾਂ ਵੱਲੋਂ ਭਾਗ ਲਿਆ ਗਿਆ।ਅਪਥੈਲਮਿਕ ਅਫਸਰ ਵੰਸ਼ੂ ਧਰੇਜਾ ਵੱਲੋਂ ਮਰੀਜ਼ਾਂ ਦਾ ਚੈੱਕਅੱਪ ਕੀਤਾ ਗਿਆ ਤੇ ਅੱਖਾਂ ਦੀ ਸਹੀ ਦੇਖਭਾਲ ਸਬੰਧੀ ਜਾਣਕਾਰੀ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਬਜ਼ੁਰਗ, ਸ਼ੂਗਰ ਦੇ ਮਰੀਜ਼, ਬੀ ਪੀ ਦੇ ਮਰੀਜ਼ ਉੱਚ ਜੋਖਮ ਵਾਲੇ ਹੁੰਦੇ ਹਨ, ਉਨ੍ਹਾਂ ਨੂੰ ਆਪਣੀਆਂ ਅੱਖਾਂ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ ਤੇ ਸਮੇਂ ਸਮੇਂ ਅੱਖਾਂ ਦਾ ਚੈੱਕ ਕਰਵਾਉਂਦੇ ਰਹਿਣਾ ਚਾਹੀਦਾ ਹੈ।ਇਸ ਸਮੇਂ ਫਾਰਮੇਸੀ ਅਫਸਰ ਹੰਮਾਯੂ ਮਰਵਾਹਾ, ਕਲੀਨੀਕਲ ਅਸਿਸਟੈਂਟ ਰਮਨਪ੍ਰੀਤ ਕੌਰ ਆਦਿ ਹਾਜ਼ਰ ਸਨ।

## ਸੰਵਿਧਾਨ ਤੇ ਰਾਜਾਂ ਦੇ ਅਧਿਕਾਰਾਂ ਨੂੰ ਬਚਾਉਣ ਲਈ ਇੱਕਜੁੱਟ ਹੋਵੋ : ਸੀ ਪੀ ਆਈ

**ਲੁਧਿਆਣਾ (ਐੱਮ. ਐੱਸ. ਭਾਟੀਆ)**-ਸ਼ਹਿਰ ਦੇ ਜਲੰਧਰ ਬਾਈਪਾਸ ਸਥਿਤ ਅੰਬੇਡਕਰ ਚੌਂਕ ਵਿਖੇ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਦੇ ਆਗੂਆਂ ਤੇ ਕਾਰਕੁਨਾਂ ਨੇ ਹਰ ਸਾਲ ਦੀ ਤਰ੍ਹਾਂ ਡਾਕਟਰ ਬੀ ਆਰ ਅੰਬੇਡਕਰ ਬੁੱਤ ਨੂੰ ਹਾਰ ਪਾ ਕੇ ਸ਼ਰਧਾਂਜਲੀ ਭੇਟ ਕੀਤੀ।ਇਕੱਠ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਅਸੀਂ ਖ਼ਤਰਨਾਕ ਸਮੇਂ ਵਿੱਚੋਂ ਲੰਘ ਰਹੇ ਹਾਂ, ਜਦੋਂ ਭਾਰਤ ਦੇ ਸੰਵਿਧਾਨ, ਜੋ ਕਿ ਜਾਤ, ਨਸਲ, ਧਰਮ ਤੇ ਲਿੰਗ ਦੇ ਭੇਦਭਾਵ ਤੋਂ ਬਿਨਾਂ ਸਾਰੇ ਨਾਗਰਿਕਾਂ ਨੂੰ ਨਿਆਂ, ਸਮਾਨਤਾ, ਅਧਿਕਾਰਾਂ ਨੂੰ ਉਤਸ਼ਾਹਤ ਕਰਦਾ ਹੈ, ਦੀ ਕੇਂਦਰ ਵਿੱਚ ਆਰ ਐੱਸ ਐੱਸ ਦੀ ਸਰਪ੍ਰਸਤੀ ਵਾਲੀ ਭਾਜਪਾ ਸਰਕਾਰ ਦੁਆਰਾ ਉਲੰਘਣਾ ਕੀਤੀ ਜਾ ਰਹੀ ਹੈ।ਉਹ ਸਾਰੀਆਂ ਸ਼ਕਤੀਆਂ ਨੂੰ ਜ਼ਿਆਦਾ ਕੇਂਦਰੀਕਰਨ ਕਰਕੇ ਤੇ ਰਾਜਾਂ ਦੇ ਅਧਿਕਾਰਾਂ ਨੂੰ ਘਟਾ ਕੇ ਸਾਡੇ ਸੰਵਿਧਾਨ ਦੇ ਸੰਘੀ ਢਾਂਚੇ ਨੂੰ ਤਬਾਹ ਕਰ ਰਹੇ ਹਨ।ਸੰਵਿਧਾਨ ਲਈ ਡਰਾਫਟਿੰਗ ਕਮੇਟੀ ਦੇ ਚੇਅਰਮੈਨ ਡਾ: ਅੰਬੇਡਕਰ ਨੇ ਸੰਵਿਧਾਨ ਤਿਆਰ ਕਰਨ ਵਿੱਚ ਬਹੁਤ ਮਿਹਨਤ ਕੀਤੀ ਤੇ ਆਜ਼ਾਦੀ ਘੁਲਾਟੀਆਂ ਦੁਆਰਾ ਨਿਭਾਈ ਗਈ ਸ਼ਾਨਦਾਰ ਭੂਮਿਕਾ 'ਤੇ ਆਪਣੇ ਵਿਚਾਰ ਆਧਾਰਤ ਕੀਤੇ।ਮੌਜੂਦਾ ਸਰਕਾਰ ਸਮਾਜ ਨੂੰ ਫਿਰਕੂ ਲੀਹਾਂ 'ਤੇ ਵੰਡਣ ਦੀ ਕੋਸ਼ਿਸ਼ ਕਰ ਰਹੀ ਹੈ ਤੇ ਘੱਟ ਗਿਣਤੀਆਂ, ਖਾਸ ਕਰਕੇ ਮੁਸਲਮਾਨਾਂ ਦੇ ਅਧਿਕਾਰਾਂ 'ਤੇ ਗੰਭੀਰ ਹਮਲੇ ਹੋ ਰਹੇ ਹਨ। ਦਲਿਤਾਂ ਤੇ ਔਰਤਾਂ 'ਤੇ ਘੋਰ ਹਮਲੇ ਹੋ ਰਹੇ ਹਨ।ਮਜ਼ਦੂਰਾਂ, ਕਿਸਾਨਾਂ ਤੇ ਹੋਰ ਮਿਹਨਤਕਸ਼ ਲੋਕਾਂ ਦੇ ਅਧਿਕਾਰਾਂ 'ਤੇ ਹਮਲੇ ਹੋ ਰਹੇ ਹਨ।ਸਿਹਤ ਤੇ ਸਿੱਖਿਆ




ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਗਈਆਂ ਹਨ।ਬੇਰੁਜ਼ਗਾਰੀ ਲਗਾਤਾਰ ਵਧ ਰਹੀ ਹੈ।ਵਿਦੇਸ਼ ਨੀਤੀ ਵਿੱਚ ਸਰਕਾਰ ਇਜ਼ਰਾਈਲ ਵਿੱਚ ਜ਼ਾਇਨਵਾਦੀ ਸ਼ਾਸਨ ਦਾ ਪੱਖ ਲੈ ਰਹੀ ਹੈ।ਸਰਕਾਰ ਨੇ ਲਗਭਗ ਡੋਨਾਲਡ ਟਰੰਪ ਦੇ ਹੁਕਮਾਂ ਅੱਗੇ ਆਤਮ ਸਮਰਪਣ ਕਰ ਦਿੱਤਾ ਹੈ।ਸੰਬੋਧਨ ਕਰਨ ਵਾਲਿਆਂ ਵਿੱਚ ਕਾਮਰੇਡ ਐੱਮ. ਐੱਸ. ਭਾਟੀਆ, ਵਿਜੇ ਕੁਮਾਰ, ਕੇਵਲ ਸਿੰਘ ਬਨਵੈਤ, ਕੁਲਵੰਤ ਕੌਰ, ਰਸ਼ਪਾਲ ਪਾਲੀ ਆਦਿ ਸ਼ਾਮਲ ਸਨ।

## ਵਿਸਾਖੀ ਮੌਕੇ ਸਿਵਲ ਹਸਪਤਾਲ 'ਚ ਖ਼ੂਨਦਾਨ ਕੈਂਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਡਾਕਟਰ ਗੁਰਪ੍ਰੀਤ ਸਿੰਘ ਮਾਹਲ ਐੱਸ ਐੱਮ ਓ ਸਿਵਲ ਹਸਪਤਾਲ ਰਾਮਪੁਰਾ ਫੂਲ ਦੀ ਅਗਵਾਈ ਹੇਠ ਵਿਸਾਖੀ ਦੇ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਸਿਵਲ ਹਸਪਤਾਲ ਰਾਮਪੁਰਾ ਫੂਲ ਵਿਖੇ ਇੱਕ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਸਿਵਲ ਹਸਪਤਾਲ ਦੇ ਵਿੱਚ ਕੰਮ ਕਰ ਰਹੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਲਗਭਗ 27 ਬਲੱਡ ਯੂਨਿਟ ਦਾਨ ਕੀਤਾ ਗਿਆ ਅਤੇ ਐੱਸ ਐੱਮ ਓ ਵੱਲੋਂ ਖ਼ੂਨ ਦਾਨ ਕਰਨ ਦੀ ਅਹਿਮੀਅਤ ਤੋਂ ਜਾਣੂ ਕਰਾਉਂਦੇ ਹੋਏ ਲੋਕਾਂ ਨੂੰ ਵੱਧ ਤੋਂ ਵੱਧ ਖ਼ੂਨ ਦਾਨ ਕਰਨ ਦੀ ਪ੍ਰੇਰਿਤ ਕੀਤਾ ਗਿਆ।ਇਸ ਤੋਂ ਇਲਾਵਾ ਵਿਸਾਖੀ ਦੇ ਤਿਉਹਾਰ 'ਤੇ ਚੰਗੀਆਂ ਸਿਹਤ ਸੇਵਾਵਾਂ ਨਿਭਾਉਣ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਮਾਨਯੋਗ ਐੱਸ ਐੱਮ ਓ ਵੱਲੋਂ ਵਿਸ਼ੇਸ਼ ਤੌਰ 'ਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਅੱਗੇ ਤੋਂ ਹੋਰ ਮਿਹਨਤ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਡਾਕਟਰ ਗੁਰਿੰਦਰ ਰੀਤ, ਡਾਕਟਰ ਸੌਰਵ ਜੈਨ, ਡਾਕਟਰ ਪ੍ਰਨੀਤ ਕੌਰ, ਡਾਕਟਰ ਸੁਵਿਧਾ, ਗੁਰਦੀਪ ਰਾਣੀ, ਸਰਬਜੀਤ ਕੌਰ 1, ਸਰਬਜੀਤ ਕੌਰ 2, ਅਮਨਦੀਪ ਕੌਰ, ਨਿਸ਼ਾ ਬੱਠਲਾ, ਦੀਪਕ ਕੁਮਾਰ, ਗੁਰਿੰਦਰ ਸਿੰਘ ਵਿੱਕੀ, ਲਖਵਿੰਦਰ ਸਿੰਘ, ਸੁਨੀਲ ਧੀਰ, ਦਲਜੀਤ ਸਿੰਘ, ਇੰਦਰਜੀਤ ਸਿੰਘ ਡੀਈਓ, ਦਲਜਿੰਦਰ ਸਿੰਘ, ਸੁਰਿੰਦਰ ਸਿੰਘ, ਪ੍ਰਦੀਪ ਕੁਮਾਰ, ਰਵੀ ਕੁਮਾਰ, ਅਜੇ ਕੁਮਾਰ, ਰਾਕੇਸ਼ ਕੁਮਾਰ ਤੇ ਟ੍ਰੇਨਿੰਗ 'ਤੇ ਆਏ ਵਿਦਿਆਰਥੀ ਤੇ ਹੋਰ ਪਤਵੰਤੇ ਸ਼ਾਮਲ ਹੋਏ।

## ਬਾਬਾ ਫ਼ਰੀਦ ਪਬਲਿਕ ਸਕੂਲ 'ਚ ਕਰਵਾਏ ਦਸਤਾਰਬੰਦੀ ਮੁਕਾਬਲੇ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਥਾਨਕ ਬਾਬਾ ਫ਼ਰੀਦ ਪਬਲਿਕ ਸਕੂਲ ਦੇ ਖ਼ੂਬਸੂਰਤ ਵਿਹੜੇ 'ਚ ਵਿਸਾਖੀ ਦੇ ਪਵਿੱਤਰ ਦਿਹਾੜੇ, ਖ਼ਾਲਸਾ ਪੰਥ ਦੇ 327ਵੇਂ ਸਾਜਨਾ ਦਿਵਸ ਤੇ ਭਾਰਤ ਰਤਨ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਜੀ ਦੀ 135ਵੀਂ ਜਯੰਤੀ ਨੂੰ ਸਮਰਪਤ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਸਵੇਰ ਦੀ ਪ੍ਰਾਰਥਨਾ ਸਭਾ ਦਾ ਆਗਾਜ਼ ਹੁੰਦਿਆਂ ਹੀ ਜਦੋਂ ਵਿਦਿਆਰਥੀਆਂ ਨੇ ਸ਼ਬਦ 'ਦੇਹ ਸ਼ਿਵਾ ਬਰੁ ਮੋਹਿ ਇਹੈ...' ਦਾ ਗਾਇਨ ਕੀਤਾ ਤਾਂ ਸਾਰਾ ਵਾਤਾਵਰਣ ਖ਼ਾਲਸਾਈ ਜਜ਼ਬੇ ਨਾਲ ਭਰ ਗਿਆ।ਸਾਲ 1699 ਦੀ ਵਿਸਾਖੀ ਵਾਲੇ ਉਸ ਲਾਸਾਨੀ ਦਿਨ ਨੂੰ ਯਾਦ ਕਰਦਿਆਂ ਬੱਚਿਆਂ ਨੇ ਵਾਰਾਂ ਤੇ ਲੋਕ ਗੀਤਾਂ ਰਾਹੀਂ ਦਸਮੇਸ਼ ਪਿਤਾ ਦੇ ਨਿਵੇਕਲੇ ਇਤਿਹਾਸ ਮੂਲਕ ਕਾਰਨਾਮੇ ਨੂੰ ਸਿਜਦਾ ਕੀਤਾ।ਸਮਾਗਮ ਦਾ ਸਭ ਤੋਂ ਵੱਧ ਚਰਚਿਤ ਪੱਖ ਰਿਹਾ 6ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਦਾ ਦਸਤਾਰਬੰਦੀ ਮੁਕਾਬਲਾ ਕਰਵਾਇਆ ਗਿਆ ਤੇ ਜੇਤੂ ਵਿਦਿਆਰਥੀਆਂ ਨੂੰ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਦੀ ਕਾਰਜਕਾਰੀ ਪ੍ਰਿੰ. ਸੁਖਦੀਪ ਕੌਰ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਡਾ. ਅੰਬੇਡਕਰ ਦਾ ਸਾਰਾ ਜੀਵਨ ਸਾਨੂੰ ਇਹ ਸਿਖਾਉਂਦਾ ਹੈ ਕਿ ਕਲਮ ਨਾਲੋਂ ਵੱਡਾ ਕੋਈ ਹਥਿਆਰ ਨਹੀਂ।ਸਿੱਖਿਆ ਪ੍ਰਾਪਤ ਕਰੋ, ਜੁਝਾਰੂ ਬਣੋ ਤੇ ਸਮਾਜ 'ਚੋਂ ਉਚ-ਨੀਚ ਦਾ ਖ਼ਾਤਮਾ ਕਰੋ।ਨਾਲ ਹੀ ਖ਼ਾਲਸਾ ਪੰਥ ਦੇ ਤਿੰਨ ਸੁਨਹਿਰੀ ਅਸੂਲ : ਨਾਮ ਜਪੋ, ਕਿਰਤ ਕਰੋ, ਵੰਡ ਛਕੋ, ਨੂੰ ਪੱਲੇ ਬੰਨ੍ਹ ਲਵੋ।ਕਾ. ਵਾਈਸ ਪ੍ਰਿੰਸੀਪਲ ਹਰਸਿਮਰਨਜੀਤ ਕੌਰ ਨੇ ਕਿਹਾ ਕਿ ਜਿਸ ਕੌਮ ਦੇ ਬੱਚੇ ਆਪਣੇ ਸੱਭਿਆਚਾਰ 'ਤੇ ਫ਼ਖ਼ਰ ਕਰਨਾ ਜਾਣ ਲੈਣ, ਉਸ ਕੌਮ ਦਾ ਭਵਿੱਖ ਕੋਈ ਖੋਹ ਨਹੀਂ ਸਕਦਾ।ਉਨ੍ਹਾਂ ਇਸ ਸਫਲ ਆਯੋਜਨ ਲਈ ਸਮੂਹ ਅਧਿਆਪਕ ਸਾਹਿਬਾਨ ਤੇ ਵਿਦਿਆਰਥੀਆਂ ਦੀ ਭਰਪੂਰ ਸ਼ਲਾਘਾ ਕੀਤੀ।

# ਪਰਮਜੀਤ ਸਿੰਘ ਮੰਡੀਆਂ ਪੰਜਾਬ ਫੋਟੋਗ੍ਰਾਫਰਜ਼ ਐਸੋਸੀਏਸ਼ਨ ਮਾਲੇਰਕੋਟਲਾ ਦੇ ਪ੍ਰਧਾਨ ਬਣੇ



**ਮਾਲੇਰਕੋਟਲਾ (ਅਸਗਰ ਪਰਿਹਾਰ)**
ਦਿ ਪੰਜਾਬ ਫੋਟੋਗਰਾਫਰਜ਼ ਐਸੋਸੀਏਸ਼ਨ ਮਲੇਰਕੋਟਲਾ ਇਕਾਈ ਦੀ ਮੀਟਿੰਗ 'ਦਿ ਪੰਜਾਬ ਫੋਟੋਗਰਾਫਰਜ਼ ਐਸੋਸੀਏਸ਼ਨ' ਦੇ ਮਲੇਰਕੋਟਲਾ ਦੇ ਜ਼ਿਲ੍ਹਾ ਪ੍ਰਧਾਨ ਤਪਿੰਦਰ ਸੇਖੋਂ ਦੀ ਰਹਿਨੁਮਾਈ ਹੇਠ, ਜ਼ੋਨ ਸੈਕਟਰੀ ਸ੍ਰੀ ਬਲਵਿੰਦਰ ਸਿੰਘ (ਬਾਠ ਸਟੂਡੀਓ, ਮਤੋਈ) ਦੀ ਦੇਖਰੇਖ ਹੇਠ 'ਦਿ ਜੈਨ ਸਵੀਟਸ', ਠੰਡੀ ਸੜਕ, ਮਲੇਰਕੋਟਲਾ ਵਿਖੇ ਕੀਤੀ ਗਈ, ਜਿਸ 'ਚ ਪਿਛਲੇ ਸਾਲ ਦਾ ਲੇਖਾ-ਜੋਖਾ ਪੜ੍ਹਨ ਤੋਂ ਬਾਅਦ ਪੁਰਾਣੀ ਕਾਰਜਕਾਰੀ ਨੂੰ ਭੰਗ ਕਰਕੇ ਨਵੇਂ ਸਿਰੇ ਤੋਂ ਸਾਰੇ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ।ਇਸ ਮੀਟਿੰਗ 'ਚ 4 ਨਵੇਂ ਮੈਂਬਰਾਂ ਸ਼੍ਰੀ ਸੰਦੀਪ ਸ਼ੁਕਲਾ (ਸਟੂਡੀਓ ਕੌਮਹੱਟ ਪਰੋਫੈਸ਼ਨਲਸ, ਮਾਲੇਰਕੋਟਲਾ), ਅਛਰੂ ਭਾਰਦਵਾਜ (ਰਾਜੂ ਸਟੂਡੀਓ, ਬਨਭੌਰਾ), ਮੁਹੰਮਦ ਸੁਲਤਾਨ (ਸੁਲਤਾਨ ਫੋਟੋਗਰਾਫੀ, ਸਰੌਦ) ਤੇ ਸ਼੍ਰੀ ਗਗਨ ਕੁਮਾਰ ਵਰਮਾ (ਲਵਲੀ ਡਿਜੀਟਲ ਸਟੂਡੀਓ, ਮਾਲੇਰਕੋਟਲਾ) ਨੂੰ ਸ਼ਾਮਲ ਕੀਤਾ ਗਿਆ। ਨਵੇਂ ਮੈਂਬਰ ਸਾਹਿਬਾਨ ਨੂੰ ਸ਼ਾਮਲ ਕਰਨ ਤੋਂ ਬਾਅਦ ਕੀਤੀ ਗਈ ਚੋਣ 'ਚ ਪਰਮਜੀਤ ਸਿੰਘ (ਪਰਮ ਡਿਜੀਟਲ ਸਟੂਡੀਓ, ਮੰਡੀਆਂ) ਨੂੰ ਮੁੱਢ ਤੋਂ ਪ੍ਰਧਾਨ ਦੇ ਤੌਰ 'ਤੇ ਚੁਣਿਆ ਗਿਆ।ਇਸ ਤੋਂ ਇਲਾਵਾ ਬਾਕੀ ਆਹੁਦੇਦਾਰਾਂ 'ਚ ਸ਼੍ਰੀ ਤਰਵਿੰਦਰ ਸਿੰਘ (ਦ ਕਰਿਏਸ਼ਨ ਸਟੂਡੀਓ, ਰਾਣਵਾਂ) ਨੂੰ ਸੈਕਟਰੀ, ਵਜੀਰ ਸ਼ਾਹ (ਅਨਮੋਲ ਫੋਟੋਗਰਾਫੀ, ਮਾਲੇਰਕੋਟਲਾ) ਨੂੰ ਖਜ਼ਾਨਚੀ, ਸੁਖਵਿੰਦਰ ਸਿੰਘ (ਲਵਲੀ ਫੋਟੋਗਰਾਫੀ, ਮਾਲੇਰਕੋਟਲਾ) ਨੂੰ ਸਹਾਇਕ ਖਜ਼ਾਨਚੀ ਤੇ ਸੰਦੀਪ ਸ਼ੁਕਲਾ (ਸਟੂਡੀਓ ਕੌਮਹੱਟ ਪਰੋਫੈਸ਼ਨਲਸ, ਮਾਲੇਰਕੋਟਲਾ) ਨੂੰ ਬਤੌਰ ਪ੍ਰੈੱਸ ਸੈਕਟਰੀ ਕਮ ਪੀ.ਆਰ.ਓ. ਨਿਯੁਕਤ ਕੀਤਾ ਗਿਆ ਹੈ। 'ਦ ਪੰਜਾਬ ਫੋਟੋਗਰਾਫਰਜ਼ ਐਸੋਸੀਏਸ਼ਨ (ਰਜਿ.), ਜਲੰਧਰ' ਦੇ ਇਜਲਾਸ ਤੇ ਵੋਟਿੰਗ ਵਿੱਚ ਹਿੱਸਾ ਲੈਣ ਵਾਲੇ ਮਾਲੇਰਕੋਟਲਾ ਇਕਾਈ ਦੇ ਡੈਲੀਗੇਟਸ ਵਜੋਂ ਬਲਵਿੰਦਰ ਸਿੰਘ ਮਤੋਈ, ਸੰਦੀਪ ਸ਼ੁਕਲਾ ਮਾਲੇਰਕੋਟਲਾ ਅਤੇ ਵਜੀਰ ਸ਼ਾਹ ਮਾਲੇਰਕੋਟਲਾ ਨੂੰ ਚੁਣਿਆ ਗਿਆ।ਸਾਰੇ ਅਹੁਦੇਦਾਰਾਂ ਦੀ ਚੋਣ ਤੋਂ ਬਾਅਦ ਬਲਵਿੰਦਰ ਸਿੰਘ ਮਤੋਈ ਜ਼ੋਨ ਸੈਕਟਰੀ 'ਦਿ ਪੰਜਾਬ ਫੋਟੋਗਰਾਫਰਜ਼ ਐਸੋਸੀਏਸ਼ਨ (ਰਜਿ.)' ਨੇ ਐਸੋਸੀਏਸ਼ਨ ਵੱਲੋਂ ਫੋਟੋਗਰਾਫਰ ਵੀਰਾਂ ਲਈ ਕੀਤੇ ਜਾ ਰਹੇ ਉਪਰਾਲੇ ਤੇ ਕੰਮ ਕਰਨ ਦੇ ਢੰਗ ਨਾਲ ਸਭ ਨੂੰ ਜਾਣੂ ਕਰਵਾਇਆ ਤੇ ਨਵੀਂ ਚੁਣੀ ਕਾਰਜਕਾਰੀ ਕਮੇਟੀ ਨੂੰ ਮੁਬਾਰਕਾਂ ਦਿੱਤੀਆਂ।ਇਸ ਮੀਟਿੰਗ 'ਚ ਉਪਰੋਕਤ ਅਹੁਦੇਦਾਰਾਂ ਤੋਂ ਇਲਾਵਾ ਜਗਦੀਪ ਸਿੰਘ (ਜਗਦੀਪ ਸਟੂਡੀਓ, ਮੰਨਵੀਂ), ਗੁਰਪ੍ਰੀਤ ਸਿੰਘ (ਸਿੰਘ ਸਟੂਡੀਓ, ਦੁਗਰੀ), ਹਰਵਿੰਦਰ ਪਾਲ (ਹਰਵਿੰਦਰ ਐਚ ਡੀ ਸਟੂਡੀਓ, ਮੰਨਵੀਂ), ਕ੍ਰਿਸ਼ਨ ਸਿੰਘ (ਕ੍ਰਿਸ਼ਨਾ ਸਟੂਡੀਓ, ਲਸੋਈ), ਹਰਵਿੰਦਰ ਸਿੰਘ (ਨਿੱਕਾ ਸੋਖਲ ਫੋਟੋ ਆਰਟ, ਭੁਰਥਲਾ ਮੰਡੇਰ), ਰਮਨਜੀਤ ਸਿੰਘ (ਰਵੀ ਫੋਟੋਗਰਾਫੀ, ਭੁਰਥਲਾ ਮੰਡੇਰ), ਦਰਸ਼ਨ ਸਿੰਘ ਮੰਗਾ (ਭੁਰਥਲਾ ਮੰਡੇਰ), ਬਲਜੀਤ ਕੁਮਾਰ (ਰਾਜੂ ਸਟੂਡੀਓ, ਬਨਭੌਰਾ), ਅਛਰੂ ਭਾਰਦਵਾਜ (ਰਾਜੂ ਸਟੂਡੀਓ, ਬਨਭੌਰਾ) ਆਦਿ ਹਾਜ਼ਰ ਸਨ।

## ਪਹਿਲੀ ਮਈ ਰਾਤ ਭਰ ਦੇ ਨਾਟਕ ਮੇਲੇ ਦੀਆਂ ਤਿਆਰੀਆਂ ਸ਼ੁਰੂ



**ਲੁਧਿਆਣਾ (ਸਤੀਸ਼ ਸਚਦੇਵਾ)**-ਇਥੇ ਪੰਜਾਬੀ ਭਵਨ ਵਿਖੇ ਪੰਜਾਬ ਲੋਕ ਸੱਭਿਆਚਾਰਕ ਮੰਚ ਦੇ ਸੱਦੇ 'ਤੇ ਵੱਖ ਵੱਖ ਜਨਤਕ ਜਥੇਬੰਦੀਆਂ ਦੀ ਮੀਟਿੰਗ ਹੋਈ।ਮੀਟਿੰਗ ਵਿੱਚ ਹਾਜ਼ਰ ਨੁਮਾਇੰਦਿਆਂ ਨੇ ਸਭ ਤੋਂ ਪਹਿਲਾਂ 13 ਅਪ੍ਰੈਲ 1919 ਜਲ੍ਹਿਆਂ ਵਾਲਾ ਬਾਗ਼ ਖ਼ੂਨੀ ਸਾਕੇ ਦੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਤੇ ਸਾਮਰਾਜ ਖਿਲਾਫ ਜੰਗ ਜਾਰੀ ਰੱਖਣ ਦਾ ਅਹਿਦ ਲਿਆ।ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂ ਸੁਦਾਗਰ ਸਿੰਘ ਘੁਡਾਣੀ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਰਜਿੰਦਰ ਸਿੰਘ ਲੁਧਿਆਣਾ, ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਜਸਵੰਤ ਜੀਰਖ, ਸਤੀਸ਼ ਸਚਦੇਵਾ, ਇਨਕਲਾਬੀ ਮਜ਼ਦੂਰ ਕੇਂਦਰ ਵੱਲੋਂ ਹਰਸਾ ਸਿੰਘ, ਰਾਜਨ ਕੁਮਾਰ, ਲੋਕ ਮੋਰਚਾ ਪੰਜਾਬ ਵੱਲੋਂ ਹਿੰਮਤ ਸਿੰਘ, ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਵੱਲੋਂ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।ਇਸ ਸਮੇਂ ਪੰਜਾਬ ਲੋਕ ਸੱਭਿਆਚਾਰਕ ਮੰਚ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਤੇ ਵਿੱਤ ਸੱਕਤਰ ਕਸਤੂਰੀ ਲਾਲ ਨੇ ਦੱਸਿਆ ਕਿ ਇਸ ਵਾਰ ਦੇ 43ਵੇਂ ਮਈ ਦੇ ਸ਼ਹੀਦਾਂ ਦੀ ਯਾਦ 'ਚ ਰਾਤ ਭਰ ਦੇ ਨਾਟਕ ਤੇ ਗੀਤ ਸੰਗੀਤ ਮੇਲੇ 'ਚ ਸੱਤ ਨਾਟਕ ਟੀਮਾਂ ਵੱਖ ਵੱਖ ਵਿਸ਼ਿਆਂ 'ਤੇ ਨਾਟਕ ਪੇਸ਼ ਕਰਨਗੀਆਂ। ਇਸ ਰਾਤ ਲੋਕ ਸੰਗੀਤ ਮੰਡਲੀ ਭਦੌੜ, ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ, ਜਗਸੀਰ ਜੀਦਾ ਤੇ ਹੋਰ ਗੀਤ ਸੰਗੀਤ ਰਾਹੀਂ ਅਗਾਂਹ ਵਧੂ ਚੇਤਨਾ ਦਾ ਸੰਚਾਰ ਕਰਨਗੇ। ਇਸ ਰਾਤ ਉੱਘੇ ਕਾਲਮਨਵੀਸ਼, ਲੇਖਕ, ਅਨੁਵਾਦਕ ਮਰਹੂਮ ਕਾ: ਰਣਜੀਤ ਲਹਿਰਾ, ਉੱਘੇ ਕਵੀ ਬੱਲੀ ਸਿੰਘ ਚੀਮਾ, ਲੋਕਪ੍ਰਿਯ ਗਾਇਕ ਪਰਮਜੀਤ ਚੱਕ ਦੇਸ਼ ਰਾਜ, ਹੋਣਹਾਰ ਰੰਗ ਕਰਮੀ, ਨਾਟਕਕਾਰ ਕੁਲਵੰਤ ਕੌਰ ਨਗਰ ਦਾ ਮੰਚ ਵੱਲੋਂ ਸਨਮਾਨ ਕੀਤਾ ਜਾਵੇਗਾ।ਉਨ੍ਹਾਂ ਪੰਜਾਬ ਦੀਆਂ ਸਮੂਹ ਲੋਕ ਹਿਤੈਸ਼ੀ ਜਥੇਬੰਦੀਆਂ ਨੂੰ ਵਧ ਚੜ੍ਹ ਕੇ ਪਰਵਾਰਾਂ ਸਮੇਤ ਇਸ ਸਮਾਗਮ 'ਚ ਪੁੱਜਣ ਦਾ ਸੱਦਾ ਦਿੱਤਾ।

## ਮੰਡੀਆਂ 'ਚ ਕਣਕ ਦੇ ਲੱਗੇ ਅੰਬਾਰ, ਖ਼੍ਰੀਦ ਲਈ ਕੋਈ ਅਧਿਕਾਰੀ ਨਹੀਂ ਵੜਿਆ



**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਦੇ ਮੁੱਖ ਮੰਤਰੀ, ਮੰਤਰੀ, ਅਧਿਕਾਰੀ ਬਿਆਨਬਾਜ਼ੀ ਕਰਨ ਦੇ ਮਾਹਰ ਹਨ, ਪਰ ਜ਼ਮੀਨੀ ਹਕੀਕਤਾਂ ਕੁਝ ਹੋਰ ਤਸਵੀਰ ਪੇਸ਼ ਕਰਦੀਆਂ ਹਨ।ਸਰਕਾਰ ਦੇ ਹੁਕਮਾਂ ਮੁਤਾਬਕ ਕਣਕ ਦੀ ਖਰੀਦ 1 ਅਪ੍ਰੈਲ ਤੋਂ ਸ਼ੁਰੂ ਹੋ ਚੁੱਕੀ ਹੈ, ਜੋ ਹਰ ਸਾਲ ਦੀ ਤਰ੍ਹਾਂ ਬਿਆਨਾਂ ਵਿੱਚ ਹੁੰਦੀ ਹੈ, ਪਰ ਜ਼ਮੀਨੀ ਪੱਧਰ 'ਤੇ ਅਜਿਹਾ ਨਹੀਂ ਹੁੰਦਾ।ਸਥਾਨਕ ਅਨਾਜ ਮੰਡੀ ਵਿੱਚ ਲਗਭਗ 3 ਲੱਖ ਗੱਟੇ ਕਣਕ ਦੀ ਕਟਾਈ ਕਰਵਾ ਕੇ ਕਿਸਾਨਾਂ ਦੁਆਰਾ ਮੰਡੀ ਵਿੱਚ ਪਹੁੰਚਾ ਦਿੱਤੀ ਗਈ ਹੈ ਤੇ ਦਿਨੋਂ ਦਿਨ ਕਣਕ ਦੀਆਂ ਭਰੀਆਂ ਟਰਾਲੀਆਂ ਦੀ ਆਮਦ ਵਧ ਰਹੀ ਹੈ।ਮੰਡੀ ਵਿੱਚ ਹਰ ਪਾਸੇ ਕਣਕ ਦੇ ਢੇਰ ਦਿਖਾਈ ਦੇ ਰਹੇ ਹਨ ਅਤੇ ਆੜ੍ਹਤੀ ਵਰਗ ਪਹੁੰਚੀ ਹੋਈ ਕਣਕ ਨੂੰ ਵੀਟ ਪੈਡੀ ਬਲੋਅਰ ਰਾਹੀਂ ਕਣਕ ਦੀ ਸਫਾਈ ਲਗਾਤਾਰ ਕਰਵਾ ਰਹੇ ਹਨ।ਹੈਰਾਨੀ ਦੀ ਗੱਲ ਹੈ ਕਿ ਭਾਵੇਂ ਸਰਕਾਰ ਨੇ ਇਕ ਅਪ੍ਰੈਲ ਤੋਂ ਖਰੀਦ ਸ਼ੁਰੂ ਕਰਨ ਦੀ ਦੁਹਾਈ ਦਿੱਤੀ ਜਾ ਰਹੀ ਹੈ, ਪਰ ਅਜੇ ਤੱਕ ਕੋਈ ਅਧਿਕਾਰੀ ਕਰਮਚਾਰੀ ਮੰਡੀ 'ਚ ਨਹੀਂ ਵੜਿਆ। ਇਸ ਵਾਰ ਮੌਸਮ ਦੀ ਕਰੋਪੀ ਤੇ ਨਿੱਤ ਰੋਜ਼ ਬਦਲਦੇ ਮੌਸਮ ਤੋਂ ਡਰਿਆ ਕਿਸਾਨ ਆਪਣੀ ਫਸਲ ਨੂੰ ਛੇਤੀ ਸਾਂਭਣ ਦੀ ਕੋਸ਼ਿਸ਼ ਹੈ, ਪਰ ਸਰਕਾਰ ਤੇ ਅਧਿਕਾਰੀਆਂ ਦੀ ਬੇਰੁਖੀ ਕਾਰਨ ਫਿਕਰਮੰਦ ਵੀ ਹੈ ਕਿਉਂਕਿ ਮੰਡੀਆਂ ਵਿੱਚੋਂ ਕਰਮਚਾਰੀਆਂ ਦੀ ਗੈਰਮੌਜੂਦਗੀ ਉਸ ਦੀ ਚਿੰਤਾ ਵਧਾ ਰਹੀ ਹੈ।ਇਸ ਸਬੰਧੀ ਮਾਰਕੀਟ ਕਮੇਟੀ ਦੇ ਮੰਡੀ ਸੁਪਰਵਾਈਜ਼ਰ ਅਮਿਤ ਕੁਮਾਰ ਨਾਲ ਗੱਲ ਕਰਨ ਤੇ ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਲਈ ਕਮੇਟੀ ਵੱਲੋਂ ਯੋਗ ਪ੍ਰਬੰਧ ਕੀਤੇ ਹੋਏ ਹਨ।ਇਸ ਤੋਂ ਪਹਿਲਾਂ ਮਾਰਕੀਟ ਕਮੇਟੀ ਕਰਮਚਾਰੀ ਗਗਨਦੀਪ ਨਾਲ ਫੋਨ 'ਤੇ ਗੱਲ ਕਰਨ ਦੀ ਕੋਸ਼ਿਸ਼ ਕੀਤੀ, ਪਰ ਉਨ੍ਹਾਂ ਕਣਕ ਦੀ ਖਰੀਦ ਸਬੰਧੀ ਕੋਈ ਜਾਣਕਾਰੀ ਨਹੀਂ ਦਿੱਤੀ।

# ਵਿੱਛੜੇ ਸਾਥੀਆਂ ਦੀ ਯਾਦ 'ਚ ਸਾਲਾਨਾ ਯਾਦਗਾਰੀ ਸਮਾਗਮ



**ਜਗਰਾਉਂ (ਨਛੱਤਰ ਸੰਧੂ)**
ਇਨਕਲਾਬੀ ਲਹਿਰ 'ਚ ਪਿਛਲੇ ਲੰਮੇ ਸਮੇਂ ਤੋਂ ਲੋਕ ਸੰਘਰਸ਼ਾਂ 'ਚ ਆਗੂ ਤੇ ਸਰਗਰਮ ਭੂਮਿਕਾ ਨਿਭਾਉਂਦੇ ਰਹੇ, ਪਰ ਬੇਵਕਤ ਵਿਛੋੜਾ ਦੇ ਗਏ ਇਨਕਲਾਬੀ ਸਾਥੀਆਂ ਦੀ ਯਾਦ 'ਚ ਯਾਦਗਾਰੀ ਸਮਾਗਮ ਕੀਤਾ ਗਿਆ।ਇਨਕਲਾਬੀ ਕੇਂਦਰ ਪੰਜਾਬ ਤੇ ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਸਥਾਨਕ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਹਾਲ 'ਚ ਰਚਾਏ ਇਸ ਸਾਲਾਨਾ ਸਮਾਗਮ 'ਚ ਤਰਕਸ਼ੀਲ ਲਹਿਰ ਦੇ ਮੋਢੀ ਆਗੂ ਮਾਸਟਰ ਰਜਿੰਦਰ ਭਦੌੜ ਨੇ 'ਤਰਕਸ਼ੀਲਤਾ ਸਫਲ ਜੀਵਨ ਦਾ ਆਧਾਰ' ਵਿਸ਼ੇ 'ਤੇ ਸਵਾ ਘੰਟਾ ਲੰਮਾਂ ਭਾਸ਼ਣ ਦਿੱਤਾ।ਉਨ੍ਹਾਂ ਅਪਣੇ ਸੰਬੋਧਨ 'ਚ ਜ਼ੋਰ ਦੇ ਕੇ ਕਿਹਾ ਇਸ ਧਰਤੀ 'ਤੇ ਚਮਤਕਾਰ ਜਾਂ ਗੈਬੀ ਸ਼ਕਤੀ ਜਿਹੀ ਕੋਈ ਚੀਜ਼ ਨਹੀਂ ਹੈ।ਸੱਤਾ 'ਤੇ ਕਾਬਜ਼ ਹਾਕਮ ਲੋਕਾਂ ਨੂੰ ਬੁੱਧੂ ਬਣਾਉਣ ਲਈ, ਔਝੜੇ ਪਾ ਕੇ ਅਪਣੇ ਲੋਟੂ ਤੇ ਜਾਬਰ ਰਾਜ ਦੀ ਉਮਰ ਲੰਮੀ ਕਰਨ ਲਈ ਜੋਤਸ਼ੀਆਂ, ਡੇਰਿਆਂ ਪਾਖੰਡੀਆਂ, ਬਾਬਿਆਂ ਦਾ ਜਾਲ ਫੈਲਾਉਂਦੇ ਹਨ। ਇਸ ਦੇਸ਼ ਚ ਗਰੀਬੀ, ਭੁੱਖਮਰੀ, ਜਹਾਲਤ ਦਾ ਕਾਰਨ ਲੋਕਾਂ ਦੀ ਕਿਸਮਤ ਤੇ ਪਿਛਲੇ ਜਨਮਾਂ ਦਾ ਗੇੜ ਦੱਸ ਕੇ ਉਹ ਅਸਲ 'ਚ ਲੋਕਾਂ ਨੂੰ ਸੰਘਰਸ਼ ਕਰਨ ਤੋਂ ਵਰਜਦੇ ਹਨ ਤੇ ਰੱਬ ਦੀ ਰਜ਼ਾ 'ਚ ਰਾਜ਼ੀ ਰਹਿਣ ਦਾ ਭਰਮ ਫੈਲਾਉਂਦੇ ਹਨ।ਉਨ੍ਹਾਂ ਲੋਕਾਂ ਨੂੰ ਆਤਮਾ ਪ੍ਰਮਾਤਮਾ ਦੇ ਭੇਖੀ ਗੇੜ ਤੋਂ ਨਿਕਲ ਕੇ ਪੂੰਜੀਵਾਦੀ ਲੁੱਟ ਦੇ ਖਿਲਾਫ਼ ਇਨਕਲਾਬ ਦਾ ਝੰਡਾ ਬੁਲੰਦ ਕਰਨ ਦਾ ਸੱਦਾ ਦਿੱਤਾ।

ਇਸ ਤੋਂ ਪਹਿਲਾਂ ਤੀਹ ਦੇ ਕਰੀਬ ਪਰਵਾਰਾਂ ਤੇ ਜਥੇਬੰਦੀਆਂ ਦੇ ਵਰਕਰਾਂ ਦੀ ਹਾਜ਼ਰੀ 'ਚ ਵਿੱਛੜੇ ਸਾਥੀਆਂ ਨੂੰ ਦੋਮਿੰਟ ਦਾ ਮੋਨ ਧਾਰ ਕੇ ਤੇ ਉਨ੍ਹਾਂ ਦੀਆਂ ਤਸਵੀਰਾਂ ਨੂੰ ਫੁੱਲ ਪੱਤੀਆਂ ਭੇਟ ਕਰਕੇ ਨਾਰਿਆਂ ਦੀ ਗੂੰਜ 'ਚ ਸਮਾਗ਼ਮ ਦਾ ਆਗਾਜ਼ ਕੀਤਾ ਗਿਆ।ਇਸ ਸਮੇਂ ਬੀਤੇ ਦਿਨੀਂ ਮਥੁਰਾ ਵਿੰਦ੍ਰਾਵਨ ਤੀਰਥ ਯਾਤਰਾ ਸਮੇਂ ਯੂਪੀ ਸਰਕਾਰ ਦੀ ਘੋਰ ਨਾਲਾਇਕੀ ਕਾਰਨ ਮੌਤ ਦੇ ਮੂੰਹ ਤੇ ਜਾ ਪਏ ਲੋਕਾਂ ਦੇ ਬੇਵਕਤ ਵਿਛੋੜੇ ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਪੀੜਤ ਪਰਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ।ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਜਸਵੰਤ ਜੀਰਖ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਅਵਤਾਰ ਸਿੰਘ ਰਸੂਲਪੁਰ ਨੇ ਵੀ ਸੰਬੋਧਨ ਕੀਤਾ।ਸਮਾਗਮ ਦੇ ਅੰਤਿਮ ਪੜਾਅ 'ਤੇ ਪ੍ਰਧਾਨਗੀ ਮੰਡਲ ਵੱਲੋਂ ਵਿੱਛੜੇ ਸਾਥੀਆਂ ਦੇ ਪਰਵਾਰਾਂ ਨੂੰ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਮਨਮੋਹਕ ਤਸਵੀਰ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਸਮੇਂ ਕਾਮਰੇਡ ਸੁਰਿੰਦਰ, ਇੰਦਰਜੀਤ ਸਿੰਘ ਧਾਲੀਵਾਲ, ਧਰਮ ਸਿੰਘ ਸੂਜਾਪੁਰ, ਸੁਖਦੇਵ ਸਿੰਘ ਮਾਣੂੰਕੇ, ਬੇਅੰਤ ਸਿੰਘ ਬਾਣੀਏਵਾਲ, ਸਤੀਸ਼ ਸਚਦੇਵਾ, ਮੱਖਣ ਸਿੰਘ ਪ੍ਰਧਾਨ ਟੈਕਸੀ ਡਰਾਈਵਰ ਯੂਨੀਅਨ ਆਦਿ ਹਾਜ਼ਰ ਸਨ।

## ਗਿੱਲ ਬੇਰਕਲਾਂ ਦਾ ਮੁੜ ਪ੍ਰਧਾਨ ਬਣਨ 'ਤੇ ਸਨਮਾਨ



**ਦੋਰਾਹਾ (ਹਰਮਿੰਦਰ ਸੇਠ)**-ਸੀਨੀਅਰ ਕਾਂਗਰਸੀ ਆਗੂ ਗੁਰਮੇਲ ਸਿੰਘ ਗਿੱਲ ਬੇਰਕਲਾਂ ਦਾ ਦੂਜੀ ਵਾਰ ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਬਣਨ 'ਤੇ ਅਵਤਾਰ ਸਿੰਘ ਤਾਰੀ ਰਾਮਗੜ੍ਹ ਸਰਦਾਰਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਤੇ ਜਤਿੰਦਰ ਸਿੰਘ ਚੋਮੋ ਚੇਅਰਮੈਨ ਕਿਸਾਨ ਸੈੱਲ ਮਲੋਦ ਵੱਲੋਂ ਸਨਮਾਨ ਕੀਤਾ ਗਿਆ। ਉਨ੍ਹਾਂ ਇਸ ਨਿਯੁਕਤੀ ਨੂੰ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਬੜਿੰਗ ਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਦੀ ਪਾਰਖੂ ਸੋਚ ਤੇ ਕਾਂਗਰਸ ਪਾਰਟੀ ਲਈ ਦਿਨ-ਰਾਤ ਕੰਮ ਕਰਨ ਵਾਲੇ ਨੌਜਵਾਨ ਗਿੱਲ ਬੇਰਕਲਾਂ 'ਤੇ ਭਰੋਸਾ ਕਰਕੇ ਹਲਕਾ ਪਾਇਲ ਦੇ ਕਾਂਗਰਸੀਆਂ ਨੂੰ ਮਾਣ ਸਨਮਾਨ ਦਿੱਤਾ। ਮੈਂਬਰ ਜ਼ਿਲ੍ਹਾ ਪ੍ਰੀਸ਼ਦ ਅਵਤਾਰ ਸਿੰਘ ਤਾਰੀ ਨੇ ਕਿਹਾ ਕਿ ਦੂਜੀ ਵਾਰ ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਬਣੇ ਗੁਰਮੇਲ ਸਿੰਘ ਗਿੱਲ ਬੇਰਕਲਾਂ ਦੀ ਨਿਯੁਕਤੀ ਨਾਲ ਬਲਾਕ ਮਲੋਦ ਦਾ ਹਰ ਆਗੂ ਤੇ ਵਰਕਰ ਖੁਸ਼ ਹਨ।

## ਸੈਣੀ ਮਹਾ ਸਭਾ ਨੇ ਮਹਾਤਮਾ ਫੂਲੇ ਦੀ 200ਵੀਂ ਜਨਮ ਜਯੰਤੀ ਮਨਾਈ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਲ ਇੰਡੀਆ ਸੈਣੀ ਸੇਵਾ ਸਮਾਜ ਪੰਜਾਬ ਸਟੇਟ ਯੂਨਿਟ ਦੇ ਪ੍ਰਧਾਨ ਲਵਲੀਨ ਸਿੰਘ ਸੈਣੀ ਦੀ ਅਪੀਲ 'ਤੇ ਸੈਣੀ ਮਹਾ ਸਭਾ ਜ਼ਿਲ੍ਹਾ ਪਟਿਆਲਾ ਨੇ ਮਹਾਤਮਾ ਜੋਤੀਬਾ ਫੂਲੇ ਦੀ 200ਵੀਂ ਜਨਮ ਜਯੰਤੀ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ। ਪਟਿਆਲਾ ਵਿਖੇ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੈਣੀ ਸਮਾਜ ਦੇ ਮੈਂਬਰ ਹਾਜ਼ਰ ਹੋਏ।ਸਮਾਗਮ ਵਿੱਚ ਲਵਲੀਨ ਸੈਣੀ, ਹਰਬੰਸ ਸਿੰਘ, ਗਿਆਨ ਸਿੰਘ ਸੈਣੀ, ਮੁਕੇਸ਼ ਸੈਣੀ, ਹਰਭਜਨ ਸਿੰਘ ਸੈਣੀ ਨੰਬਰਦਾਰ, ਜਸਵੀਰ ਸਿੰਘ, ਜੈ ਭਗਵਾਨ, ਬਲਵਿੰਦਰ ਸੈਣੀ ਤੇ ਰਣ ਸਿੰਘ ਸੈਣੀ ਨੇ ਫੂਲੇ ਜੀ ਦੀ ਜ਼ਿੰਦਗੀ ਤੇ ਸਮਾਜਿਕ ਯੋਗਦਾਨ ਬਾਰੇ ਜਾਣਕਾਰੀ ਦਿੱਤੀ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾ ਕਿਹਾ ਕਿ ਮਹਾਤਮਾ ਜੋਤੀਬਾ ਫੂਲੇ ਜੀ ਦੀਆਂ ਸਿੱਖਿਆਵਾਂ ਨੂੰ ਜੀਵਨ ਵਿੱਚ ਅਪਣਾਉਣਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੈ ਤੇ ਸਮਾਜ ਦੇ ਸਾਰੇ ਮੈਂਬਰਾਂ ਨੂੰ ਸਮਾਨਤਾ, ਸਿੱਖਿਆ ਤੇ ਇਨਸਾਫ਼ ਦੇ ਰਾਹ 'ਤੇ ਚੱਲਣ ਦਾ ਸੱਦਾ ਦਿੱਤਾ।

## ਸਿਲਵਰ ਓਕਸ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਵਿਖੇ ਵਿਸਾਖੀ ਦਾ ਤਿਉਹਾਰ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਸੇ ਤੇ ਸਾਡੀ ਆਜ਼ਾਦੀ ਦੇ ਘੁਲਾਟੀਆਂ ਵੱਲੋਂ ਜ਼ਿਲ੍ਹਿਆਂ ਵਾਲਾ ਬਾਗ ਅੰਮ੍ਰਿਤਸਰ ਵਿੱਚ ਦਿੱਤੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਇਆ।ਵਿਦਿਆਰਥੀਆਂ ਨੂੰ ਨਵੇਂ ਸਾਲ ਦੀ ਸ਼ੁਰੂਆਤ ਤੇ ਖਾਲਸਾ ਪੰਥ ਦੀ ਨੀਂਹ ਰੱਖਣ ਵਾਲੀ ਵਿਸਾਖੀ ਮਨਾਉਣ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ।ਰੰਗ ਬਿਰੰਗੇ ਪੰਜਾਬੀ ਪਹਿਰਾਵੇ ਵਿੱਚ ਸੱਜ ਕੇ ਆਏ ਛੋਟੇ ਬੱਚਿਆਂ ਨੇ ਇਸ ਸਮਾਗਮ ਨੂੰ ਹੋਰ ਵੀ ਰੰਗੀਲਾ ਬਣਾ ਦਿੱਤਾ। ਵਿਦਿਆਰਥੀਆਂ ਨੇ ਬਹੁਤ ਜੋਸ਼ ਤੇ ਉਤਸ਼ਾਹ ਨਾਲ ਵੱਖ-ਵੱਖ ਗਤੀਵਿਧੀਆਂ 'ਚ ਹਿੱਸਾ ਲਿਆ।ਛੋਟੇ ਬੱਚਿਆਂ ਵੱਲੋਂ ਲੋਕ ਗੀਤ ਤੇ ਭੰਗੜਾ ਪੇਸ਼ ਕੀਤਾ ਗਿਆ।ਕਈ ਵਿਦਿਆਰਥੀਆਂ ਨੇ ਕਵਿਤਾਵਾਂ ਪੇਸ਼ ਕੀਤੀਆਂ ਤੇ ਕਈਆਂ ਨੇ ਇਸ ਵਾਢੀ ਦੇ ਤਿਉਹਾਰ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਛਾਇਆ ਵਿਨੋਚਾ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੀ ਮਹੱਤਤਾ ਬਾਰੇ ਦੱਸਦੇ ਹੋਏ ਹਮੇਸ਼ਾ ਸ਼ਾਂਤੀ ਤੇ ਅਹਿੰਸਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

## ਨਸ਼ਾ ਤਸਕਰ ਦੀ ਗੈਰ-ਕਾਨੂੰਨੀ ਇਮਾਰਤ 'ਤੇ ਚੱਲਿਆ ਬੁਲਡੋਜ਼ਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਦੇ ਖਿਲਾਫ ਕਾਰਵਾਈ ਲਗਾਤਾਰ ਜਾਰੀ ਹੈ।ਇਸੇ ਲੜੀ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਇੱਕ ਨਸ਼ਾ ਤਸਕਰ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਬਣਾਈ ਗਈ ਇਮਾਰਤ ਨੂੰ ਢਾਹਿਆ ਗਿਆ।ਇਸ ਮੌਕੇ ਸਿਵਲ ਪ੍ਰਸ਼ਾਸਨ ਨਾਇਬ ਤਹਿਸੀਲਦਾਰ ਅਰਸ਼ਪ੍ਰੀਤ ਕੌਰ ਨੇ ਦੱਸਿਆ ਕਿ ਪੁਲਸ ਥਾਣਾ ਬਰੀਵਾਲਾ ਅੰਦਰ ਆਉਂਦੇ ਪਿੰਡ ਮਰਾੜ ਕਲਾਂ ਦੇ ਗੁਰਜੀਤ ਸਿੰਘ ਉਰਫ ਨਿੱਕੂ ਪੁੱਤਰ ਕਾਰਜ ਸਿੰਘ ਦੀ ਗੈਰ-ਕਾਨੂੰਨੀ ਤਰੀਕੇ ਨਾਲ ਇੱਕ ਇਮਾਰਤ ਬਣਾਈ ਗਈ ਸੀ।ਉਨ੍ਹਾਂ ਕਿਹਾ ਕਿ ਇਸ ਸਬੰਧੀ ਸਮਰੱਥ ਅਥਾਰਟੀ ਤੋਂ ਇਸ ਨੂੰ ਢਾਹੁਣ ਦੀਆਂ ਹਦਾਇਤਾਂ ਪ੍ਰਾਪਤ ਕਰਕੇ ਪੁਲਸ ਵਿਭਾਗ ਤੋਂ ਮੌਕੇ 'ਤੇ ਅਮਨ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਮਦਦ ਲਈ ਗਈ ਸੀ।ਉਨ੍ਹਾਂ ਕਿਹਾ ਕਿ ਪੂਰੇ ਕਾਨੂੰਨੀ ਤਰੀਕੇ ਦੀ ਪਾਲਣਾ ਕਰਦਿਆਂ ਇਸ ਗੈਰ-ਕਾਨੂੰਨੀ ਇਮਾਰਤ ਨੂੰ ਅੱਜ ਢਾਹਿਆ ਗਿਆ।ਇਸ ਮਾਮਲੇ ਵਿੱਚ ਸ੍ਰੀ ਮਨਮੀਤ ਢਿੱਲੋਂ ਐੱਸ ਪੀ (ਡੀ) ਨੇ ਦੱਸਿਆ ਕਿ ਗੁਰਜੀਤ ਸਿੰਘ ਉਰਫ ਨਿੱਕੂ ਪੁੱਤਰ ਕਾਰਜ ਸਿੰਘ ਤੇ ਨਸ਼ਾ ਤਸਕਰੀ ਦੇ 02 ਮੁਕੱਦਮੇ ਦਰਜ ਹਨ।ਇਸ ਮੌਕੇ ਬਚਨ ਸਿੰਘ ਡੀ.ਐੱਸ.ਪੀ (ਸ੍ਰੀ ਮੁਕਤਸਰ ਸਾਹਿਬ), ਐੱਸ ਆਈ ਗੁਰਦੀਪ ਸਿੰਘ ਮੁੱਖ ਅਫਸਰ ਥਾਣਾ ਬਰੀਵਾਲਾ ਸ੍ਰੀ ਮੁਕਤਸਰ ਸਾਹਿਬ ਤੇ ਸਿਵਲ ਪ੍ਰਸ਼ਾਸਨ ਵੀ ਹਾਜ਼ਰ ਸੀ।

## ਸਫਾ 1 ਦੇ ਬਾਕੀ...

### 'ਮਾਵਾਂ ਧੀਆਂ ਸਤਿਕਾਰ ਯੋਜਨਾ'...

ਉਨ੍ਹਾਂ ਦੇ ਸਾਰੇ ਸਵਾਲਾਂ ਅਤੇ ਸਮੱਸਿਆਵਾਂ ਦਾ ਹੱਲ ਕਰਨਗੀਆਂ।"

ਉਨ੍ਹਾਂ ਅੱਗੇ ਕਿਹਾ, ਜੇਕਰ ਲਾਭਪਾਤਰੀ ਕੋਲ ਵੋਟਰ ਆਈਡੀ ਜਾਂ ਬੈਂਕ ਖਾਤੇ ਵਰਗਾ ਕੋਈ ਦਸਤਾਵੇਜ਼ ਨਹੀਂ ਹੈ ਤਾਂ ਇਹ ਸਖੀਆਂ ਉਨ੍ਹਾਂ ਨੂੰ ਇਹ ਦਸਤਾਵੇਜ਼ ਬਣਾਉਣ ਵਿੱਚ ਮਦਦ ਕਰਨਗੀਆਂ।ਮਹਿਲਾ ਸਤਿਕਾਰ ਸਖੀ ਉਨ੍ਹਾਂ ਦਾ ਹਰ ਕਦਮ 'ਤੇ ਮਾਰਗਦਰਸ਼ਨ ਕਰੇਗੀ।

ਮਾਨ ਨੇ ਕਿਹਾ, ਇੱਕ ਵਾਰ ਜਦੋਂ ਉਹ ਆਪਣਾ ਰਜਿਸਟ੍ਰੇਸ਼ਨ ਫਾਰਮ ਭਰ ਲੈਂਦੇ ਹਨ ਅਤੇ ਸਾਰੇ ਲੋੜੀਂਦੇ ਦਸਤਾਵੇਜ਼ ਤਿਆਰ ਹੋ ਜਾਂਦੇ ਹਨ ਤਾਂ ਉਹ ਆਪਣੇ ਨਜ਼ਦੀਕੀ ਰਜਿਸਟ੍ਰੇਸ਼ਨ ਕੇਂਦਰ ਤੇ ਜਾ ਸਕਦੀਆਂ ਹਨ ਅਤੇ ਉੱਥੇ ਫਾਰਮ ਜਮ੍ਹਾਂ ਕਰਵਾ ਸਕਦੀਆਂ ਹਨ।ਉਨ੍ਹਾ ਅੱਗੇ ਕਿਹਾ ਕਿ ਸਰਕਾਰ ਨੇ ਵਿਆਪਕ ਬੁਨਿਆਦੀ ਢਾਂਚਾ ਯਕੀਨੀ ਬਣਾਇਆ ਹੈ। ਉਨ੍ਹਾਂ ਕਿਹਾ, ਇਹ ਯਕੀਨੀ ਬਣਾਉਣ ਲਈ ਕਿ ਔਰਤਾਂ ਨੂੰ ਰਜਿਸਟ੍ਰੇਸ਼ਨ ਵਿੱਚ ਕੋਈ ਮੁਸ਼ਕਲ ਨਾ ਆਵੇ, ਪੰਜਾਬ ਸਰਕਾਰ ਵੱਲੋਂ 26,000 ਤੋਂ ਵੱਧ ਥਾਵਾਂ ਤੇ ਰਜਿਸਟ੍ਰੇਸ਼ਨ ਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ, ਜਿਸ ਵਿੱਚ ਸਾਰੇ ਆਂਗਣਵਾੜੀ ਕੇਂਦਰ, ਸਾਰੇ ਸੇਵਾ ਕੇਂਦਰ ਅਤੇ ਸ਼ਹਿਰੀ ਖੇਤਰਾਂ ਵਿੱਚ ਸਾਰੇ ਨਗਰ ਨਿਗਮ/ਕਮੇਟੀ ਦਫ਼ਤਰ ਸ਼ਾਮਲ ਹਨ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤਿੰਨ ਲਾਭਪਾਤਰੀਆਂ ਨੂੰ ਰਜਿਸਟ੍ਰੇਸ਼ਨ ਸਰਟੀਫਿਕੇਟ ਸੌਂਪੇ ਜਿਨ੍ਹਾਂ ਵਿੱਚ ਹਰਬੰਸ ਕੌਰ, ਦੀਕਸ਼ਾ ਅਤੇ ਸਿਮਰਨ ਸ਼ਾਮਲ ਹਨ।ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਹਰਪਾਲ ਸਿੰਘ ਚੀਮਾ, ਡਾ. ਬਲਜੀਤ ਕੌਰ, ਹਰਭਜਨ ਸਿੰਘ ਈਟੀਓ ਅਤੇ ਮੋਹਿੰਦਰ ਭਗਤ, ਲੋਕ ਸਭਾ ਮੈਂਬਰ ਡਾ. ਰਾਜਕੁਮਾਰ ਚੱਬੇਵਾਲ, ਚੇਅਰਮੈਨ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਪਵਨ ਕੁਮਾਰ ਟੀਨੂ ਅਤੇ ਹੋਰ ਸ਼ਾਮਲ ਸਨ।

### ਅੰਦੋਲਨਕਾਰੀ ਮਜ਼ਦੂਰਾਂ 'ਤੇ ...

ਬਣਾਉਣ ਨੂੰ ਮੁਸ਼ਕਲ ਅਤੇ ਰਜਿਸਟ੍ਰੇਸ਼ਨ ਰੱਦ ਕਰਨਾ ਆਸਾਨ ਬਣਾਉਣ ਵੱਲ ਕਦਮ ਹਨ।ਪਿਛਲੇ ਤਿੰਨ ਮਹੀਨਿਆਂ ਵਿੱਚ ਜੋ ਹਾਲਾਤ ਦੇਖਣ ਨੂੰ ਮਿਲੇ ਹਨ, ਉਹ ਮਜ਼ਦੂਰਾਂ ਦੀ ਨਿਰਾਸ਼ਾ ਨੂੰ ਦਰਸਾਉਂਦੇ ਹਨ। ਜਦੋਂ ਯੂਨੀਅਨਾਂ ਦੀ ਆਗਿਆ ਨਹੀਂ ਹੁੰਦੀ ਅਤੇ ਗੱਲਬਾਤ ਦੇ ਰਸਤੇ ਬੰਦ ਹੁੰਦੇ ਹਨ, ਤਾਂ ਅਸ਼ਾਂਤੀ ਵਧਦੀ ਹੈ ਅਤੇ ਉਦਯੋਗਿਕ ਸ਼ਾਂਤੀ ਭੰਗ ਹੁੰਦੀ ਹੈ। ਉਹਨਾਂ ਮੰਗ ਕੀਤੀ ਹੈ ਕਿ ਚਾਰ ਲੇਬਰ ਕੋਡਾਂ ਨੂੰ ਰੱਦ ਕੀਤਾ ਜਾਣੇ ਅਤੇ ਤੁਰੰਤ ਭਾਰਤੀ ਮਜ਼ਦੂਰ ਕਾਨਫਰੰਸ ਬੁਲਾਈ ਜਾਵੇ।

ਉਹਨਾਂ ਉੱਤਰ ਪ੍ਰਦੇਸ਼ ਅਤੇ ਹਰਿਆਣਾ ਦੀਆਂ ਸਰਕਾਰਾਂ ਤੋਂ ਮੰਗ ਕੀਤੀ ਹੈ ਕਿ ਨੋਇਡਾ ਤੇ ਮਾਨੇਸਰ ਦੇ ਸਾਰੇ ਗ੍ਰਿਫ਼ਤਾਰ ਮਜ਼ਦੂਰਾਂ ਨੂੰ ਤੁਰੰਤ ਰਿਹਾ ਕੀਤਾ ਜਾਵੇ, ਉਨ੍ਹਾਂ 'ਤੇ ਦਰਜ ਕੇਸ ਵਾਪਸ ਲਏ ਜਾਣ ਅਤੇ ਮਜ਼ਦੂਰਾਂ ਦੀਆਂ ਕੰਮਕਾਜੀ ਹਾਲਤਾਂ ਅਤੇ ਸ਼ਿਕਾਇਤਾਂ ਬਾਰੇ ਕੇਂਦਰੀ ਟ੍ਰੇਡ ਯੂਨੀਅਨਾਂ ਦੀਆਂ ਰਾਜ ਇਕਾਈਆਂ ਨਾਲ ਗੱਲਬਾਤ ਸ਼ੁਰੂ ਕੀਤੀ ਜਾਵੇ।

### ਚਾਚੇ-ਭਤੀਜੇ ਦੀ ਬਿਆਸ...

ਟੀਮਾਂ ਦੀ ਮਦਦ ਨਾਲ ਸਾਢੇ ਤਿੰਨ ਘੰਟੇ ਦੀ ਮਸ਼ੱਕਤ ਮਿਹਨਤ ਕਰਨ ਤੋਂ ਬਾਅਦ ਨੌਜਵਾਨਾਂ ਦੀਆਂ ਲਾਸ਼ਾਂ ਨੂੰ ਬਾਹਰ ਕੱਢਿਆ ਗਿਆ। ਮ੍ਰਿਤਕਾਂ ਦੀ ਪਹਿਚਾਣ ਰਮਨਦੀਪ ਸਿੰਘ (22) ਪੁੱਤਰ ਬੂਟਾ ਸਿੰਘ ਤੇ ਗੁਰਦੇਵ ਸਿੰਘ (30) ਪੁੱਤਰ ਤਰਸੇਮ ਸਿੰਘ ਵਾਸੀ ਬੁਤਾਲਾ ਵਜੋਂ ਹੋਈ ਹੈ। ਪੁਲਿਸ ਨੇ ਦੱਸਿਆ ਕਿ ਮ੍ਰਿਤਕ ਨੌਜਵਾਨਾਂ ਦੀਆਂ ਲਾਸ਼ਾਂ ਨੂੰ ਪਰਵਾਰਕ ਮੈਂਬਰਾਂ ਦੇ ਹਵਾਲੇ ਕਰ ਦਿੱਤਾ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਤਿਉਹਾਰਾਂ ਮੌਕੇ ਦਰਿਆ ਵਿੱਚ ਨਹਾਉਣ ਤੋਂ ਗੁਰੇਜ਼ ਕਰਨ ਤਾਂ ਜੋ ਅਜਿਹੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

## ਪੰਡੋਰੀ ਰੋਡ ਤੋਂ ਪਿੰਡ ਵਾੜਾ ਤੱਕ ਸੜਕ ਦੇ ਵਿਕਾਸ ਕਾਰਜ ਦਾ ਨੀਂਹ ਪੱਥਰ

**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਵੱਲੋਂ ਲਗਾਤਾਰ ਹਲਕੇ ਅੰਦਰ ਸਰਬਪੱਖੀ ਵਿਕਾਸ ਕੰਮ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਉਨ੍ਹਾਂ ਵੱਲੋਂ 50 ਲੱਖ ਰੁਪਏ ਦੀ ਲਾਗਤ ਨਾਲ ਗੁਰਦਾਸਪੁਰ ਪੰਡੋਰੀ ਰੋਡ ਤੋਂ ਪਿੰਡ



ਵਾੜਾ ਤੱਕ ਸੜਕ ਬਣਾਉਣ ਦੇ ਵਿਕਾਸ ਕਾਰਜ ਦਾ ਨੀਂਹ ਪੱਥਰ ਪਿੰਡ ਵਾੜਾ ਵਿਖੇ ਰੱਖਿਆ ਗਿਆ। ਇਸ ਮੌਕੇ ਐਡਵੋਕੇਟ ਸੁੱਚਾ ਸਿੰਘ ਮੁਲਤਾਨੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿਚ ਮੌਜੂਦ ਸਨ। ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਗੁਰਦਾਸਪੁਰ ਪੰਡੋਰੀ ਰੋਡ ਤੋਂ ਪਿੰਡ ਵਾੜਾ ਤੱਕ ਸੜਕ ਬਣਾਈ ਜਾਵੇਗੀ, ਜਿਸ ਨਾਲ ਲੋਕਾਂ ਨੂੰ ਆਵਾਜਾਈ ਦੀ ਵੱਡੀ ਰਾਹਤ ਮਿਲੇਗੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਰੋਡ 'ਤੇ ਪਿੰਡ ਵਾੜਾ ਲਾਗੇ ਪੈਂਦੇ ਡਰੇਨ/ਨਾਲੇ ਉੱਪਰ 36 ਲੱਖ ਰੁਪਏ ਦੀ ਲਾਗਤ ਨਾਲ ਪੁਲ ਅਤੇ 14 ਲੱਖ ਰੁਪਏ ਦੀ ਲਾਗਤ ਨਾਲ ਸੜਕ ਦਾ ਵਿਕਾਸ ਕਾਰਜ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਅੰਦਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਵਿਧਾਨ ਸਭਾ ਹਲਕੇ ਗੁਰਦਾਸਪੁਰ ਅੰਦਰ ਪਿਛਲੇ ਚਾਰ ਸਾਲਾਂ 'ਚ ਲੋਕ ਹਿੱਤ ਵਿਚ ਵੱਖ-ਵੱਖ ਵਿਕਾਸ ਕਾਰਜ ਕਰਵਾਏ ਹਨ ਅਤੇ ਵਿਕਾਸ ਕੰਮ ਨਿਰੰਤਰ ਜਾਰੀ ਹਨ। ਰਮਨ ਬਹਿਲ ਨੇ ਅੱਗੇ ਕਿਹਾ ਕਿ ਗੁਰਦਾਸਪੁਰ ਸ਼ਹਿਰ ਸਮੇਤ ਹਲਕੇ ਦੇ ਪਿੰਡਾਂ ਵਿਚ ਲੋਕਾਂ ਦੀ ਸਹੂਲਤਾਂ ਨੂੰ ਮੁੱਖ ਰੱਖਦਿਆਂ ਪਾਰਦਰਸ਼ੀ ਢੰਗ ਵਿਕਾਸ ਕਾਰਜ ਕੀਤੇ ਹਨ ਅਤੇ ਉਹ 24 ਘੰਟੇ ਲੋਕਾਂ ਦੀ ਸੇਵਾ ਵਿਚ ਹਾਜਰ ਹਨ। ਉਨ੍ਹਾਂ ਕਿਹਾ ਕਿ ਉਹ ਵਿਕਾਸ ਦੀ ਰਾਜਨੀਤੀ ਵਿਚ ਵਿਸ਼ਵਾਸ ਰੱਖਦੇ ਹਨ ਅਤੇ ਲੋਕਾਂ ਸੇਵਾ ਹੀ ਉਨ੍ਹਾਂ ਦੀ ਪਹਿਲ ਹੈ।

## ਡਾ. ਭੀਮ ਰਾਓ ਅੰਬੇਡਕਰ ਜਯੰਤੀ ਮੌਕੇ ਸਕੂਲ 'ਚ ਵਿਸ਼ੇਸ਼ ਪ੍ਰੋਗਰਾਮ



**ਪਠਾਨਕੋਟ (ਦਵਿੰਦਰ ਸਿੰਘ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਲਿਕਪੁਰ ਦੇ ਵਿਹੜੇ ਵਿੱਚ ਡਾ. ਭੀਮ ਰਾਓ ਅੰਬੇਡਕਰ ਦੀ ਜਯੰਤੀ ਮੌਕੇ ਇੱਕ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਇਸ ਪ੍ਰੋਗਰਾਮ ਦਾ ਆਯੋਜਨ ਕਲਾਸ 6ਵੀਂ ਵੱਲੋਂ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਸਕੂਲ ਦੀ ਪ੍ਰਿੰਸੀਪਲ ਜਯੋਤੀ ਪਰਾਸ਼ਰ ਨੇ ਕੀਤੀ।ਪ੍ਰੋਗਰਾਮ ਦੌਰਾਨ ਭਾਸ਼ਣ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥਣ ਯਸ਼ਿਕਾ ਨੇ ਪਹਿਲਾ ਸਥਾਨ ਹਾਸਲ ਕਰਕੇ ਸਭ ਦਾ ਧਿਆਨ ਆਪਣੇ ਵੱਲ ਖਿੱਚਿਆ।ਇਸ ਤੋਂ ਇਲਾਵਾ ਚਿੱਤਰਕਲਾ ਮੁਕਾਬਲੇ ਵਿੱਚ ਨਿਹਾਰਿਕਾ, ਤਾਨਿਆ, ਦਿਲਜੀਤ, ਮਾਨਵੀ, ਖੁਸ਼ਬੂ, ਭੂਮਿਕਾ, ਜਸਮੀਤ, ਬਾਲ ਏਕਮ, ਵਿਦੁਤ, ਕਾਵਿਆ, ਸੇਜਲ, ਤਨਵੀ, ਵਨੀਤ, ਯੁਕਤੀ, ਗੁੰਜਨ ਅਤੇ ਪੁਸ਼ਪਾਂਜਲੀ ਸਮੇਤ ਕਈ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਚਿੱਤਰਕਲਾ ਮੁਕਾਬਲੇ ਵਿੱਚ ਤਾਨਿਆ ਨੇ ਪਹਿਲਾ, ਮਾਨਵੀ ਨੇ ਦੂਜਾ ਅਤੇ ਨਿਹਾਰਿਕਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਕਲਾਸ ਇੰਚਾਰਜ ਰਾਜੀਵ ਸਿੰਘ ਸਲਾਰੀਆ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਡਾ. ਅੰਬੇਡਕਰ ਦੇ ਜੀਵਨ ਤੋਂ ਪ੍ਰੇਰਨਾ ਲੈਣ ਅਤੇ ਉਨ੍ਹਾਂ ਦੇ ਦੱਸੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ।

## ਸਖ਼ਤ ਸਜ਼ਾਵਾਂ ਧਾਰਮਿਕ ਬੇਅਦਬੀ ਦੇ ਅਪਰਾਧ ਰੋਕਣ ਦੀ ਗਾਰੰਟੀ ਨਹੀਂ : ਤਰਕਸ਼ੀਲ ਸੁਸਾਇਟੀ

**ਅੰਮ੍ਰਿਤਰ, (ਜਸਬੀਰ ਸਿੰਘ ਪੱਟੀ)**- ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਕਮੇਟੀ ਨੇ ਪੰਜਾਬ ਸਰਕਾਰ ਵੱਲੋਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਉਮਰ ਕੈਦ ਦੀ ਸਖ਼ਤ ਸਜ਼ਾ ਦਿਵਾਉਣ ਲਈ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਅਜਲਾਸ ਵਿੱਚ ਪਾਸ ਕੀਤੇ ਧਾਰਮਿਕ ਬੇਅਦਬੀ ਵਿਰੋਧੀ ਬਿੱਲ ਨੂੰ ਮੌਜੂਦਾ ਸਰਕਾਰ ਵੱਲੋਂ ਅਮਨ-ਕਾਨੂੰਨ ਦੀ ਮਾੜੀ ਹਾਲਤ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਮਹਿੰਗਾਈ, ਖੁਦਕੁਸ਼ੀਆਂ, ਕਿਸਾਨੀ ਸੰਘਰਸ਼ ਦੀਆਂ ਸਮੱਸਿਆਵਾਂ ਤੋਂ ਧਿਆਨ ਲਾਂਭੇ ਹਟਾਉਣ ਅਤੇ ਆਮ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਭੜਕਾਉਣ ਦੀ ਮੌਕਾਪ੍ਰਸਤ ਫਿਰਕੂ ਸਿਆਸਤ ਕਰਾਰ ਦਿੱਤਾ ਹੈ।ਇਸ ਸਬੰਧੀ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ, ਰਾਜੇਸ਼ ਅਕਲੀਆ, ਰਾਜਪਾਲ ਬਠਿੰਡਾ ਅਤੇ ਸੁਮੀਤ ਅੰਮ੍ਰਿਤਸਰ ਨੇ ਕਿਹਾ ਕਿ ਤਤਕਾਲੀ ਅਕਾਲੀ-ਭਾਜਪਾ, ਕਾਂਗਰਸ ਸਰਕਾਰਾਂ ਅਤੇ ਮੌਜੂਦਾ ਪੰਜਾਬ ਸਰਕਾਰ ਵੱਲੋਂ ਵੀ ਬੀਤੇ ਸਮੇਂ ਵਿੱਚ ਵਾਪਰੀਆਂ ਧਾਰਮਿਕ ਬੇਅਦਬੀਆਂ ਦੀਆਂ ਘਟਨਾਵਾਂ ਦੀ ਕੋਈ ਠੋਸ ਜਾਂਚ ਪੜਤਾਲ ਕਰਕੇ ਅਸਲ ਸੱਚਾਈ ਸਾਹਮਣੇ ਨਹੀਂ ਲਿਆਂਦੀ ਗਈ ਅਤੇ ਨਾ ਹੀ ਮੌਕੇ ਤੇ ਕਾਬੂ ਦੋਸ਼ੀਆਂ ਦੇ ਕਤਲ ਕਰਕੇ ਸਬੂਤ ਮਿਟਾਉਣ ਵਾਲਿਆਂ ਨੂੰ ਕੋਈ ਸਜ਼ਾ ਦਿਵਾਈ ਗਈ ਹੈ ਜੋ ਕਿ



ਸਰਕਾਰਾਂ ਦੀ ਘੋਰ ਨਾਕਾਮੀ ਹੈ।

ਉਨ੍ਹਾਂ ਕਿਹਾ ਕਿ ਧਾਰਮਿਕ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਕੰਮ ਕਰਦੇ ਅਸਲ ਕਾਰਨਾਂ ਅਤੇ ਫ਼ਿਰਕੂ ਤਾਕਤਾਂ ਦਾ ਪਰਦਾਫਾਸ਼ ਕਰਕੇ ਹੀ ਅਜਿਹੇ ਅਪਰਾਧਾਂ ਨੂੰ ਖ਼ਤਮ ਕੀਤਾ ਜਾ ਸਕਦਾ ਹੈ ਸਖ਼ਤ ਸਜ਼ਾਵਾਂ ਦੇ ਕੇ ਨਹੀਂ।ਸੂਬਾ ਕਮੇਟੀ ਆਗੂਆਂ ਨੇ ਸਪੱਸ਼ਟ ਕੀਤਾ ਕਿ ਸਰਕਾਰਾਂ ਵੱਲੋਂ ਸਖ਼ਤ ਸਜ਼ਾਵਾਂ ਦੇਣ ਦਾ ਕਾਨੂੰਨ ਬਣਾ ਕੇ ਲਾਗੂ ਕਰਨਾ ਕਿਸੇ ਅਪਰਾਧ ਨੂੰ ਖਤਮ ਕਰਨ ਦੀ ਗਾਰੰਟੀ ਨਹੀਂ ਹੋ ਸਕਦਾ ਕਿਉਂਕਿ ਭਾਰਤੀ ਨਿਆਂ ਪ੍ਰਣਾਲੀ ਵਿੱਚ ਕਤਲ ਅਤੇ ਬਲਾਤਕਾਰ ਦੇ ਦੋਸ਼ੀਆਂ ਲਈ ਮੌਤ ਦੀ ਸਖ਼ਤ ਸਜ਼ਾ ਹੋਣ ਦੇ ਬਾਵਜੂਦ ਦੇਸ਼ ਵਿੱਚ ਕਤਲ ਅਤੇ ਬਲਾਤਕਾਰ ਦੇ ਅਪਰਾਧਾਂ ਵਿੱਚ ਕੋਈ ਕਮੀਂ ਨਹੀਂ ਆਈ ਉਲਟਾ ਸਗੋਂ ਵਾਧਾ ਹੋਇਆ ਹੈ।ਤਰਕਸ਼ੀਲ ਆਗੂਆਂ ਨੇ ਇਸ ਕਾਨੂੰਨ ਦੀ ਦੁਰਵਰਤੋਂ ਹੋਣ ਦਾ ਖਦਸ਼ਾ ਜ਼ਾਹਿਰ ਕਰਦਿਆਂ ਦੋਸ਼ ਲਾਇਆ ਕਿ ਜਿਵੇਂ ਮੋਦੀ ਹਕੂਮਤ ਵੱਲੋਂ ਯੂਏਪੀਏ ਅਤੇ ਐੱਨਐੱਸਏ ਵਰਗੇ ਲੋਕ ਵਿਰੋਧੀ ਸਖ਼ਤ ਕਾਨੂੰਨਾਂ ਦੀ ਆਪਣੇ ਸਿਆਸੀ ਵਿਰੋਧੀਆਂ ਦੇ ਖ਼ਿਲਾਫ਼ ਦੁਰਵਰਤੋਂ ਕਰਕੇ ਉਨ੍ਹਾਂ ਨੂੰ ਕਈ ਕਈ ਸਾਲਾਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਕੀਤਾ ਗਿਆ ਹੈ, ਉਵੇਂ ਹੀ ਪੰਜਾਬ ਸਰਕਾਰ ਵੱਲੋਂ ਧਾਰਮਿਕ ਬੇਅਦਬੀ ਵਿਰੋਧੀ ਕਾਨੂੰਨ ਹੇਠ ਸਿਆਸੀ ਵਿਰੋਧੀਆਂ ਅਤੇ ਵਿਗਿਆਨਕ ਸੋਚ ਦੇ ਧਾਰਨੀਆਂ ਨੂੰ ਧਾਰਮਿਕ ਬੇਅਦਬੀ ਦੇ ਝੂਠੇ ਕੇਸਾਂ ਵਿੱਚ ਫਸਾ ਕੇ ਉਨ੍ਹਾਂ ਦੀ ਜ਼ੁਬਾਨਬੰਦੀ ਕੀਤੀ ਜਾਵੇਗੀ।

## ਨਗਰ ਨਿਗਮ ਅੰਮ੍ਰਿਤਸਰ ਨੇ ਸ਼ਹਿਰ ਦੇ ਸਾਫ਼-ਸਫਾਈ ਦੇ ਸੁਧਾਰਾਂ 'ਚ ਲਿਆਂਦੀ ਤੇਜ਼ੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼ਹਿਰ ਦੀ ਸਫਾਈ ਵਿਵਸਥਾ ਨੂੰ ਨਵੇਂ ਪੱਧਰ 'ਤੇ ਲਿਜਾਣ ਲਈ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਸਫਾਈ ਸੁਧਾਰਾਂ ਅਤੇ ਕਾਰਗੁਜ਼ਾਰੀ ਵਿੱਚ ਤੇਜ਼ੀ ਲਿਆਈ ਗਈ ਹੈ, ਤਾਂ ਜੋ ਆਉਣ ਵਾਲੇ ਸਵੱਛਤਾ ਸਰਵੇ ਵਿੱਚ ਵਧੀਆ ਪ੍ਰਦਰਸ਼ਨ ਕੀਤਾ ਜਾ ਸਕੇ। ਨਿਗਮ ਵੱਲੋਂ ਕੂੜਾ ਪ੍ਰਬੰਧਨ ਪ੍ਰਣਾਲੀ ਨੂੰ ਮਜ਼ਬੂਤ ਕਰਨ, ਘਰ-ਘਰ ਕੂੜਾ ਇਕੱਠਾ ਕਰਨ ਦੀ ਪ੍ਰਕਿਰਿਆ ਨੂੰ ਸੁਧਾਰਨ ਅਤੇ ਪ੍ਰੋਸੈਸਿੰਗ ਢਾਂਚੇ ਨੂੰ ਆਧੁਨਿਕ ਬਣਾਉਣ ਲਈ ਕਦਮ ਚੁੱਕੇ ਗਏ ਹਨ। ਵੱਖ-ਵੱਖ ਏਜੰਸੀਆਂ ਨਾਲ ਤਾਲਮੇਲ ਮਜ਼ਬੂਤ ਕੀਤਾ ਗਿਆ ਹੈ ਤਾਂ ਜੋ ਪ੍ਰੋਜੈਕਟਾਂ ਦੀ ਸਮੇਂ ਸਿਰ ਪੂਰਾ ਹੋਣਾ ਯਕੀਨੀ ਬਣਾਇਆ ਜਾ ਸਕੇ। ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਵੱਲੋਂ ਸਫਾਈ ਵਿਭਾਗ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਐਡੀਸ਼ਨਲ ਕਮਿਸ਼ਨਰ ਡਾ. ਜੈ ਇੰਦਰ ਸਿੰਘ, ਐੱਮਓਐੱਚ ਡਾ. ਕਿਰਨ, ਐੱਮਓਐੱਚ ਡਾ. ਯੋਗੇਸ਼ ਅਰੋੜਾ, ਐੱਮਓਐੱਚ ਡਾ. ਰਮਾ ਅਤੇ ਆਰਆਰਆਰ ਕੰਪਨੀ ਦੇ ਰਾਜੀਵ ਅਰੋੜਾ ਹਾਜ਼ਰ ਸਨ। ਕਮਿਸ਼ਨਰ ਸ਼ੇਰਗਿੱਲ ਨੇ ਕਿਹਾ ਕਿ ਹੇਠ ਲਿਖੇ ਮੁੱਦਿਆਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। 100% ਘਰ-ਘਰ ਕੂੜਾ ਇਕੱਠਾ ਕਰਨਾ ਅਤੇ ਰੂਟ ਮਾਨੀਟਰਿੰਗ ਨੂੰ ਮਜ਼ਬੂਤ ਕਰਨਾ, ਗਾਰਬੇਜ ਵਲਨਰੇਬਲ ਪੁਆਇੰਟਸ ਨੂੰ ਸਾਫ਼-ਸੁਥਰੇ ਜ਼ੋਨਾਂ ਵਿੱਚ ਬਦਲਣਾ, ਸਫਾਈ ਕਰਮਚਾਰੀਆਂ ਅਤੇ ਮਸ਼ੀਨਰੀ ਦੀ ਵੱਧ ਤਾਇਨਾਤੀ, ਸਫਾਈ ਸੇਵਾਵਾਂ ਦਾ ਡਿਜੀਟਲੀਕਰਨ ਅਤੇ ਰੀਅਲ-ਟਾਈਮ ਮਾਨੀਟਰਿੰਗ, ਜਨਤਾ ਦੀ ਭਾਗੀਦਾਰੀ ਨਾਲ ਸਫਾਈ ਪ੍ਰਚਾਰ ਮੁਹਿੰਮਾਂ ਨੂੰ ਮਜ਼ਬੂਤ ਕਰਨਾ ਪੁਰਾਣੇ ਕੂੜੇ ਦੇ ਨਿਪਟਾਰੇ ਅਤੇ ਖੁੱਲ੍ਹੇ ਵਿੱਚ ਕੂੜਾ ਸੁੱਟਣ ਤੋਂ ਰੋਕਣ ਲਈ ਵਿਸ਼ੇਸ਼ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ।



ਇਸ ਦੇ ਨਾਲ ਹੀ ਨਾਗਰਿਕਾਂ, ਦੁਕਾਨਦਾਰਾਂ ਅਤੇ ਸੰਸਥਾਵਾਂ ਨੂੰ ਸਫਾਈ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ। ਨਿਗਮ ਵੱਲੋਂ ਸ਼ਿਕਾਇਤ ਨਿਵਾਰਨ ਪ੍ਰਣਾਲੀ ਨੂੰ ਵੀ ਮਜ਼ਬੂਤ ਕੀਤਾ ਗਿਆ ਹੈ, ਜਿਸ ਨਾਲ ਸਫਾਈ ਸੰਬੰਧੀ ਸ਼ਿਕਾਇਤਾਂ ਦਾ ਤੁਰੰਤ ਹੱਲ ਹੋ ਰਿਹਾ ਹੈ ਅਤੇ ਲੋਕ ਸੰਤੁਸ਼ਟੀ ਵਿੱਚ ਸੁਧਾਰ ਆ ਰਿਹਾ ਹੈ। ਅਧਿਕਾਰੀਆਂ ਨੇ ਵਿਸ਼ਵਾਸ ਜਤਾਇਆ ਕਿ ਇਹ ਕਦਮ ਜ਼ਮੀਨੀ ਪੱਧਰ 'ਤੇ ਸਪੱਸ਼ਟ ਸੁਧਾਰ ਲਿਆਉਣਗੇ ਅਤੇ ਆਉਣ ਵਾਲੇ ਸਰਵੇ ਵਿੱਚ ਸ਼ਹਿਰ ਦੀ ਰੈਂਕਿੰਗ ਨੂੰ ਬਿਹਤਰ ਬਣਾਉਣਗੇ। ਪ੍ਰਸ਼ਾਸਨ ਅਤੇ ਨਾਗਰਿਕਾਂ ਦੇ ਸਾਂਝੇ ਯਤਨਾਂ ਨਾਲ ਅੰਮ੍ਰਿਤਸਰ ਇੱਕ ਸਾਫ਼-ਸੁਥਰਾ, ਤੰਦਰੁਸਤ ਅਤੇ ਟਿਕਾਊ ਸ਼ਹਿਰ ਬਣਨ ਵੱਲ ਅੱਗੇ ਵੱਧ ਰਿਹਾ ਹੈ-ਜੋ ਗੁਰੂ ਕੀ ਨਗਰੀ ਦੀ ਸ਼ਾਨ ਨੂੰ ਕਾਇਮ ਰੱਖਦਾ ਹੈ।

## ਸੇਂਟ ਕਬੀਰ ਪਬਲਿਕ ਸਕੂਲ 'ਚ ਵਿਸਾਖੀ ਦਾ ਤਿਓਹਾਰ ਚਾਵਾਂ 'ਤੇ ਖੁਸ਼ੀਆਂ ਨਾਲ ਮਨਾਇਆ

**ਧਾਰੀਵਾਲ (ਮਨਦੀਪ ਵਿੱਕੀ)** ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਵਿੱਚ ਪ੍ਰਿੰਸੀਪਲ ਐਸ.ਬੀ.ਨਾਯਰ ਦੀ ਸਰਪ੍ਰਸਤੀ ਹੇਠ ਵਿਸਾਖੀ ਦਾ ਤਿਓਹਾਰ ਚਾਵਾਂ ਅਤੇ ਖੁਸ਼ੀਆਂ ਨਾਲ ਮਨਾਇਆ।



ਪ੍ਰੋਗਰਾਮ ਦੀ ਸ਼ੁਰੂਆਤ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਨੇ ਮਧੁਰ ਸ਼ਬਦ ਕੀਰਤਨ ਨਾਲ ਕੀਤੀ। ਇਸ ਦੇ ਨਾਲ ਹੀ ਸਕੂਲ ਦੀ ਨੌਵੀਂ ਜਮਾਤ ਦੀ ਵਿਦਿਆਰਥਣ ਸਵਰੀਤ ਕੌਰ ਦੁਆਰਾ ਵਿਸਾਖੀ ਦੇ ਮੇਲੇ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ ਵਿਚਾਰ ਸਾਰੇ ਵਿਦਿਆਰਥੀਆਂ ਦੇ ਸਨਮੁੱਖ ਪੇਸ਼ ਕੀਤੇ ਗਏ। ਸੱਤਵੀਂ ਜਮਾਤ ਦੇ ਵਿਦਿਆਰਥੀ ਅਵੰਸ਼ ਗਿੱਲ ਨੇ ਕਣਕਾਂ ਦੀ ਵਾਢੀ ਦੀ ਖੁਸ਼ੀ ਜ਼ਾਹਿਰ ਕਰਦੇ ਤੇ ਪੁਰਾਣੇ ਜਜ਼ਬਾਤਾਂ ਅਤੇ ਮਨਾਂ ਦੀਆਂ ਤਰੰਗਾਂ ਦੀ ਝਲਕ ਦਿਖਾਉਂਦੇ ਗੀਤ ਦੀ ਪੇਸ਼ਕਾਰੀ ਕੀਤੀ। ਜੂਨੀਅਰ ਬਲਾਕ ਦੇ ਛੋਟੇ-ਛੋਟੇ ਵਿਦਿਆਰਥੀਆਂ ਦੁਆਰਾ ਵੀ ਇਸ ਖੁਸ਼ੀ ਦੇ ਮੌਕੇ 'ਤੇ ਬੋਲੀਆਂ ਤੇ ਟੱਪਿਆਂ ਰਾਹੀਂ ਸਾਰਿਆਂ ਦਾ ਮਨੋਰੰਜਨ ਕੀਤਾ । ਸਕੂਲ ਦੇ ਚਾਰ ਹਾਊਸ ਸਫਾਇਰ, ਐਮਰਲਡ , ਐਂਬਰ ਤੇ ਰੂਬੀ ਨੇ ਪੰਜਾਬੀ ਵਿਰਸਾ ਸਟਾਲ ਲਗਾ ਕੇ ਪੁਰਾਤਨ ਖਾਣ- ਪੀਣ, ਬਰਤਨ, ਖੇਤੀਬਾੜੀ ਦੇ ਸੰਦ,ਰੀਤੀ-ਰਿਵਾਜ ਤੇ ਸੱਭਿਆਚਾਰਕ ਪਹਿਨਣ-ਪਹਿਰਾਵੇ ਦੀ ਝਲਕ ਨੂੰ ਸਾਰਿਆਂ ਦੇ ਰੂਬਰੂ ਕੀਤਾ । ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਦੁਆਰਾ ਤੇ ਪ੍ਰਬੰਧਕ ਕਮੇਟੀ ਦੇ ਮੈਂਬਰ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਦੁਆਰਾ ਸਮੂਹ ਸਕੂਲ ਨੂੰ ਵਿਸਾਖੀ ਦੇ ਤਿਓਹਾਰ ਦੀ ਮੁਬਾਰਕਬਾਦ ਦਿੱਤੀ ਗਈ।

## 'ਆਪ' ਨੂੰ ਪਿਆਰ ਕਰਦੇ ਲੋਕਾਂ ਦਾ ਵੱਡਾ ਹੁੰਗਾਰਾ ਮਿਲ ਰਿਹਾ : ਜਗਦੀਸ਼ ਸ਼ਹਿਜ਼ਾਦਾ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਹਲਕਾ ਮਜੀਠਾ'ਚ ਪੈਂਦੇ ਪਿੰਡ ਸਹਿਜਾਦਾ ਵਿਖੇ ਮਾਵਾਂ ਧੀਆਂ ਸਤਿਕਾਰ ਯੋਜਨਾਂ ਤਹਿਤ ਮਹਿਲਾਵਾਂ ਨੂੰ ਮਿਲਣ ਵਾਲੀ ਆਰਥਿਕ ਸਹਾਇਤਾ ਲਈ ਕੈਂਪ ਲਗਾਇਆ ਜਿਸ ਕੈਂਪ 'ਚ ਉਨ੍ਹਾਂ ਮਹਿਲਾਵਾਂ ਦੀ ਰਜਿਸਟਰੇਸ਼ਨ ਕਰਕੇ ਆਨਲਾਈਨ ਦੀ ਕਾਰਵਾਈ ਨੂੰ ਮੁਕਮਲ ਕੀਤਾ।ਉਨ੍ਹਾਂ ਕਿਹਾ ਕਿ ਆਲੇ-ਦੁਆਲੇ ਦੇ ਪਿੰਡਾਂ ਵਿੱਚ ਜਾ ਕੇ ਉਹ ਮਾਨ ਸਰਕਾਰ ਅਤੇ ਹਲਕਾ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਦੇ ਕੀਤੇ ਕਾਰਜਾਂ ਵੱਲੋਂ ਲੋਕਾਂ ਨੂੰ ਜਾਗਰੂਕਤ ਕਰਵਾਇਆ ਜਾ ਰਿਹਾ ਹੈ ਅਤੇ 'ਆਪ' ਨੂੰ ਪਿਆਰ ਕਰਦੇ ਲੋਕਾਂ ਦਾ ਬਹੁਤ ਵਧੀਆ ਹੁੰਗਾਰਾ ਮਿਲ ਰਿਹਾ ਹੈ।ਬਲਾਕ ਪ੍ਰਧਾਨ ਨੇ ਕਿਹਾ ਕਿ ਮੇਰੇ ਨਜ਼ਦੀਕੀ ਸਾਥੀ ਗੁਰਪ੍ਰੀਤ ਸਿੰਘ ਯੂਥ ਦੇ ਪ੍ਰਧਾਨ ਹਲਕਾ ਮਜੀਠਾ ਉਨ੍ਹਾਂ ਨਾਲ ਕੈਂਪ ਵਿੱਚ ਜਾ ਕੇ ਯੂਥ ਨੂੰ ਜਾਗਰੂਕ ਕਰ ਰਹੇ ਹਨ ਅਤੇ ਉਨ੍ਹਾਂ ਸਮੂਹ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਤੇ ਆਪਣੇ ਦੇਸ਼ ਤੇ ਪੰਜਾਬ ਦਾ ਨਾਂਅ ਰੌਸ਼ਨ ਕਰਨ।ਇਸ ਮੌਕੇ ਪ੍ਰਗਟ ਸਿੰਘ, ਬਲਦੇਵ ਸਿੰਘ ਫੌਜੀ,ਮੈਂਬਰ ਪੰਚਾਇਤ ਜੋਗਿੰਦਰ ਸਿੰਘ, ਪਰਮਜੀਤ ਸਿੰਘ, ਮਲਕੀਤ ਸਿੰਘ ਅਤੇ ਪ੍ਰੀਤਮ ਸਿੰਘ ਆਦਿ ਹਾਜ਼ਰ ਸਨ।

## ਆਰ.ਡੀ. ਖੋਸਲਾ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ

**ਬਟਾਲਾ (ਡਾਕਟਰ ਮਲਵਿੰਦਰ ਸਿੰਘ, ਤਰਲੋਕ ਬੱਗਾ)** - ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਵਿਖੇ ਵਿਸਾਖੀ ਦਾ ਸ਼ੁਭ ਤਿਉਹਾਰ ਬਹੁਤ ਧੂਮਧਾਮ, ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਵਿਸ਼ੇਸ਼ ਪ੍ਰਾਰਥਨਾ ਸਭਾ ਸ਼ਬਦ ਗਾਇਨ ਨਾਲ ਸ਼ੁਰੂ ਹੋਈ, ਜਿਸ ਨੇ ਪੂਰੇ ਮਾਹੌਲ ਨੂੰ ਸਕਾਰਾਤਮਕ ਊਰਜਾ ਨਾਲ ਭਰ ਦਿੱਤਾ।ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮਾਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਵਿਸਾਖੀ ਦੀ ਮਹੱਤਤਾ 'ਤੇ ਪ੍ਰਭਾਵਸ਼ਾਲੀ ਭਾਸ਼ਣ ਦਿੱਤ ।ਲੋਕ ਗੀਤ ਅਤੇ ਰਵਾਇਤੀ ਭੰਗੜਾ ਨਾਚ ਨੇ ਪ੍ਰੋਗਰਾਮ ਦੀ ਸ਼ਾਨ ਨੂੰ ਵਧਾਇਆ। ਰੰਗੀਨ ਪੁਸ਼ਾਕਾਂ ਪਹਿਨ ਕੇ ਵਿਦਿਆਰਥੀਆਂ ਨੇ ਉਤਸ਼ਾਹ ਅਤੇ ਊਰਜਾ ਨਾਲ ਭੰਗੜਾ ਪੇਸ਼ ਕੀਤਾ, ਜਿਸ ਨਾਲ ਪੂਰਾ ਕੈਂਪਸ ਤਾੜੀਆਂ ਨਾਲ ਗੂੰਜ ਉੱਠਿਆ। ਇਸ ਤੋਂ ਇਲਾਵਾ, ਵਿਦਿਆਰਥੀਆਂ ਨੇ ਜਲ੍ਹਿਆਂਵਾਲਾ ਬਾਗ ਦੇ ਕਤਲੇਆਮ ਦਾ ਵੀ ਜ਼ਿਕਰ ਕੀਤਾ, ਜਿਸ ਨੇ ਦੇਸ਼ ਦੇ ਇਤਿਹਾਸ ਦੇ ਉਸ ਦਰਦਨਾਕ ਅਧਿਆਇ ਬਾਰੇ ਸਾਰਿਆਂ ਨੂੰ ਚਾਨਣਾ ਪਾਇਆ ਅਤੇ ਸ਼ਹੀਦਾਂ ਪ੍ਰਤੀ ਸਤਿਕਾਰ ਦੀ ਭਾਵਨਾ ਜਗਾਈ।ਆਪਣੇ ਪ੍ਰੇਰਨਾਦਾਇਕ ਭਾਸ਼ਣ ਵਿੱਚ ਸਕੂਲ ਦੀ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਾਰੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਵਿਸਾਖੀ ਦੀਆਂ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ।



## ਵਿਧਾਇਕ ਸ਼ੈਰੀ ਕਲਸੀ ਨੇ ਆੜ੍ਹਤੀਆਂ ਤੇ ਸਬਜ਼ੀ ਵਿਕ੍ਰੇਤਾਵਾਂ ਦੀਆਂ ਮੁਸ਼ਕਿਲਾਂ ਸੁਣੀਆਂ

**ਬਟਾਲਾ ( ਡਾਕਟਰ ਮਲਵਿੰਦਰ ਸਿੰਘ, ਤਰਲੋਕ ਬੱਗਾ )**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਸਬਜ਼ੀ ਮੰਡੀ ਬਟਾਲਾ ਦਾ ਦੌਰਾ ਕੀਤਾ ਤੇ ਆੜ੍ਹਤੀਆਂ ਅਤੇ ਸਬਜ਼ੀ ਵਿਕਰੇਤਾਵਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲ ਸੁਣ ਕੇ ਹੱਲ ਕੀਤੀਆਂ। ਇਸ ਮੌਕੇ ਮਾਨਿਕ ਮਹਿਤਾ ਚੇਅਰਮੈਨ ਮਾਰਕਿਟ ਕਮੇਟੀ ਬਟਾਲਾ ਸਮੇਤ ਆੜ੍ਹਤੀ ਵੀ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆੜ੍ਹਤੀਆਂ, ਕਿਸਾਨਾਂ ਅਤੇ ਮਜ਼ਦੂਰਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਇਨ੍ਹਾਂ ਨੂੰ ਮੁੱਢਲੀਆਂ ਸਹੂਲਤਾਂ ਦੇਣ ਲਈ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸਾਡਾ ਮਕਸਦ ਅੱਜ ਦੇ ਆਧੁਨਿਕ ਯੁੱਗ ਵਿੱਚ ਖੇਤੀਬਾੜੀ ਦੇ ਧੰਦਿਆਂ ਨੂੰ ਹੋਰ ਬਿਹਤਰ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਦੀ ਮੁਸ਼ਕਿਲਾਂ ਪਹਿਲ ਦੇ ਆਧਾਰ 'ਤੇ ਹੱਲ ਕਰਨੀਆਂ ਤੇ ਲੋਕ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ 'ਤੇ ਪਾਰਦਰਸ਼ੀ ਤੇ ਨਿਰਪੱਖਤਾ ਨਾਲ ਪਹੁੰਚਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ।

## ਮਲਿਕਪੁਰ ਚੌਕ 'ਚ ਡਾ. ਭੀਮ ਰਾਓ ਅੰਬੇਡਕਰ ਦਾ ਬੁੱਤ ਸਥਾਪਿਤ

**ਪਠਾਨਕੋਟ, (ਦਵਿੰਦਰ ਸਿੰਘ)**- ਜ਼ਿਲ੍ਹਾ ਪਠਾਨਕੋਟ ਦੇ ਮਲਿਕਪੁਰ ਪੀਰ ਬਾਬਾ ਚੌਕ ਵਿਖੇ ਭਾਰਤ ਦੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਦੇ ਮੌਕੇ ਬਾਬਾ ਸਾਹਿਬ ਦੇ ਬੁੱਤ ਦੀ ਸਥਾਪਨਾ ਕੀਤੀ ਗਈ।ਸਮਾਰੋਹ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਡੇਰਾ ਸਵਾਮੀ ਜਗਤਗਿਰੀ ਦੇ ਸਵਾਮੀ



ਗੁਰਦੀਪ ਗਿਰੀ ਮਹਾਰਾਜ ਬਤੌਰ ਮੁੱਖ ਮਹਿਮਾਨ ਹਾਜ਼ਰ ਹੋਏ ਅਤੇ ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਵੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ।ਕੈਬਨਿਟ ਮੰਤਰੀ ਕਟਾਰੂਚੱਕ ਅਤੇ ਸਵਾਮੀ ਗੁਰਦੀਪ ਗਿਰੀ ਮਹਾਰਾਜ ਵੱਲੋਂ ਸਾਂਝੇ ਤੌਰ 'ਤੇ ਬੁੱਤ ਦਾ ਉਦਘਾਟਨ ਕੀਤਾ ਗਿਆ ਅਤੇ ਬੁੱਤ 'ਤੇ ਫੁੱਲਾਂ ਦੇ ਹਾਰ ਪਾ ਕੇ ਨਤਮਸਤਕ ਹੋਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਨਦੀਪ ਸੰਧੂ ਜ਼ਿਲ੍ਹਾ ਪ੍ਰਧਾਨ, ਸੌਰਭ ਬਹਿਲ ਚੇਅਰਮੈਨ ਨਗਰ ਸੁਧਾਰ ਟਰੱਸਟ ਪਠਾਨਕੋਟ, ਪਵਨ ਕੁਮਾਰ ਫੌਜੀ ਹਲਕਾ ਸੰਗਠਨ ਇੰਚਾਰਜ ਅਤੇ ਚੇਅਰਮੈਨ ਬਲਾਕ ਸੰਮਤੀ ਘਰੋਟਾ, ਰੋਬਿਨ ਕਟਾਰੂ ਚੱਕ, ਨਰੇਸ਼ ਸੈਣੀ ਮਾਝਾ ਜ਼ੋਨ ਪ੍ਰਧਾਨ ਬੀਸੀ ਵਿੰਗ, ਭੁਪਿੰਦਰ ਸਿੰਘ ਮੁੰਨਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਨਿਤਿਨ ਠਾਕੁਰ ਮੈਂਬਰ ਜ਼ਿਲਾ ਪਰੀਸ਼ਦ, ਕਿਰਨ ਕੁਮਾਰੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਬਲਜੀਤ ਬਲਾਕ ਸੰਮਤੀ ਮੈਂਬਰ, ਕਰਨ ਕੁਮਾਰ ਬਲਾਕ ਸੰਮਤੀ ਮੈਂਬਰ, ਸਰਪੰਚ ਮੰਗਲ ਗੁਲਪੁਰ, ਬੌਬੀ ਸੈਣੀ, ਸਾਹਿਲ ਗੋਬਿੰਦਸਰ, ਰਵੀ ਮਨਹਾਸ ਸਰਪੰਚ ਨਵੀਂ ਜਸਵਾਲੀ, ਐਡਵੋਕੇਟ ਰਮੇਸ਼ ਚੰਦਰ, ਸਤੀਸ਼ ਮਹਿੰਦਰੂ ਚੇਅਰਮੈਨ ਦਾ ਹਿੰਦੂ ਕੋਆਪਰੇਟਿਵ ਬੈਂਕ ਪਠਾਨਕੋਟ, ਸੰਜੀਵ ਕੁਮਾਰ ਸਰਪੰਚ ਘਰੋਟਾ, ਰਣਜੀਤ ਬਲਾਕ ਪ੍ਰਧਾਨ, ਸੁਨੀਲ ਕੁਮਾਰ ਸਰਪੰਚ ਭੋਆ, ਲਵਲੀ ਮਜੀਰੀ ਸਰਪੰਚ ਮੰਜੀਰੀ, ਦਵਿੰਦਰ ਕੁਮਾਰ, ਮਾਸਟਰ ਹਜਾਰੀ ਲਾਲ, ਡਾ. ਨਵਤੇਜ ਬੈਂਸ, ਸ਼ਿਵ ਕੁਮਾਰ ਨਰੋਟ ਮਹਿਰਾ, ਠੇਕੇਦਾਰ ਅਮਰਜੀਤ ਸਿੰਘ, ਹੇਮਰਾਜ ਮੈਂਬਰ ਪੰਚਾਇਤ ਕਟਾਰੂ ਚੱਕ, ਕੈਲਾਸਪਤੀ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਅਤੇ ਅਹੁਦੇਦਾਰ ਵੀ ਹਾਜ਼ਰ ਸਨ।ਸਮਾਰੋਹ ਨੂੰ ਸੰਬੋਧਨ ਕਰਦੇ ਕਟਾਰੂਚੱਕ ਨੇ ਕਿਹਾ ਕਿ ਵਿਸ਼ਵ ਭਰ ਵਿੱਚ ਬਾਬਾ ਸਾਹਿਬ ਦਾ ਜਨਮ ਦਿਵਸ ਮਨਾਇਆ ਜਾ ਰਿਹਾ ਹੈ।ਡਾ. ਭੀਮ ਰਾਓ ਅੰਬੇਡਕਰ ਨੇ ਸਮਾਜ ਦੇ ਪੀੜਤ ਵਰਗਾਂ ਨੂੰ ਹੱਕ ਦਿਵਾਉਣ, ਮਹਿਲਾਵਾਂ ਦੀ ਸਥਿਤੀ ਸੁਧਾਰਨ ਅਤੇ ਸਮਾਜ ਵਿੱਚ ਸਮਾਨਤਾ ਲਿਆਉਣ ਲਈ ਅਹਿਮ ਯੋਗਦਾਨ ਪਾਇਆ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦੇ 135ਵੇਂ ਜਨਮ ਦਿਨ 'ਤੇ ਇਹ ਬੁੱਤ ਦੀ ਸਥਾਪਨਾ ਕੀਤੀ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਕਰੀਬ 40 ਲੱਖ ਰੁਪਏ ਖਰਚ ਕਰਕੇ ਇਸ ਪਾਰਕ ਨੂੰ ਹੋਰ ਵੀ ਸੁੰਦਰ ਬਣਾਇਆ ਜਾਵੇਗਾਸ਼ ।ਇਸ ਮੌਕੇ ਸਵਾਮੀ ਗੁਰਦੀਪ ਗਿਰੀ ਮਹਾਰਾਜ ਬਾਬਾ ਸਾਹਿਬ ਦੇ ਜਨਮ ਦਿਨ ਦੀ ਸਮੁੱਚੇ ਸਮਾਜ ਨੂੰ ਬਹੁਤ ਬਹੁਤ ਵਧਾਈ ਦਿੱਤੀ।

## ਦਰਾਂ 'ਚ 25 ਫ਼ੀਸਦੀ ਵਾਧਾ ਨਾ ਹੋਣ 'ਤੇ ਟੈਕਸਟਾਈਲ ਕਾਮੇ ਜਾਣਗੇ ਹੜਤਾਲ 'ਤੇ : ਕਰਮਪੁਰਾ



**ਛੇਹਰਟਾ (ਮਨੋਜ ਕੁਮਾਰ)** :- ਬਟਾਲਾ ਰੋਡ ਵਿਖੇ ਟੈਕਸਟਾਈਲ ਕਾਮਿਆਂ ਦੀਆਂ ਜਥੇਬੰਦੀਆਂ ਸੀਟੂ, ਏਟਕ, ਸੀ ਟੀ ਯੂ (ਪੰਜਾਬ) ਵੱਲੋਂ ਸਾਂਝੀ ਮੀਟਿੰਗ ਕਿਰਤੀਆਂ ਦੇ ਰੇਟਾਂ ਦੇ ਸਬੰਧ ਵਿਚ ਕੀਤੀ ਗਈ ਮੀਟਿੰਗ ਦੀ ਪ੍ਰਧਾਨਗੀ ਕਿਰਪਾ ਰਾਮ ਨੇ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਸੀ ਟੀ ਯੂ (ਪੰਜਾਬ) ਆਗੂ ਜਗਤਾਰ ਸਿੰਘ ਕਰਮਪੁਰਾ, ਸੀਟੂ ਆਗੂ ਚਰਨਜੀਤ ਸਿੰਘ ਤੇ ਏਟਕ ਆਗੂ ਜਸਬੀਰ ਸਿੰਘ ਨੇ ਕਿਹਾ ਕਿ ਕਿਰਤੀਆਂ ਦੀਆਂ ਉਪਰੋਕਤ ਜਥੇਬੰਦੀਆਂ ਤੇ ਮਾਲਕਾਂ ਦੀ ਐਸੋਸੀਏਸ਼ਨ ਟੈਕਸਟਾਈਲ ਮੈਨੂੰਫੈਕਚਰਿੰਗ ਬਗੀਚੀ ਮਾਇਆ ਰਾਮ, ਬਾਹਰਵਾਰ ਲਾਹੌਰੀ ਗੇਟ ਅੰਮ੍ਰਿਤਸਰ ਵੱਲੋਂ ਰੇਟਾਂ ਸਬੰਧੀ ਕੀਤਾ ਗਿਆ ਐਗਰੀਮੈਂਟ 31 ਜਨਵਰੀ 2026 ਨੂੰ ਖ਼ਤਮ ਹੋ ਚੁੱਕਾ ਹੈ। ਜਥੇਬੰਦੀਆਂ ਵੱਲੋਂ ਇਸ ਮਹਿੰਗਾਈ ਦੇ ਯੁੱਗ ਵਿਚ ਦਰਾਂ ਵਿਚ 25 ਫ਼ੀਸਦੀ ਵਾਧੇ ਦੇ ਸਬੰਧ ਵਿਚ ਮੰਗ ਪੱਤਰ ਮਾਲਕਾਂ ਦੀ ਐਸੋਸੀਏਸ਼ਨ ਨੂੰ 28 ਫਰਵਰੀ 2026 ਨੂੰ ਦਿੱਤਾ ਗਿਆ ਸੀ।

ਪ੍ਰੰਤੂ ਮਾਲਕਾਂ ਦੀ ਐਸੋਸੀਏਸ਼ਨ ਵੱਲੋਂ ਸਮਝੌਤਾ ਨਾ ਕਰਨ ਕਰਕੇ ਸਾਰੇ ਸ਼ਹਿਰ ਵਿਚ ਕਿਰਤੀਆਂ ਦੀਆਂ ਉਪਰੋਕਤ ਜਥੇਬੰਦੀਆਂ ਵੱਲੋਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਆਗੂਆਂ ਨੇ ਦੱਸਿਆ ਕਿ 15 ਅਪ੍ਰੈਲ ਨੂੰ ਜਥੇਬੰਦੀਆਂ ਤੇ ਮਾਲਕਾਂ ਦੀ ਅਸੋਸ਼ੀਏਸ਼ਨ ਵਿਚਕਾਰ ਹੋ ਰਹੀ ਮੀਟਿੰਗ ਵਿਚ ਜੇਕਰ ਮਾਲਕ ਵੱਧ ਰਹੀ ਮਹਿੰਗਾਈ ਅਨੁਸਾਰ ਰੇਟ ਵਧਾਉਣ ਲਈ ਸਹਿਮਤ ਨਾ ਹੋਏ ਤਾਂ ਕਿਰਤੀ ਅਨਮਿੱਥੇ ਸਮੇਂ ਦੀ ਹੜਤਾਲ ਲਈ ਮਜਬੂਰ ਹੋਣਗੇ।

## ਮੁਕਤੀ ਪੰਜਾਬ ਸੰਕਲਪ ਸਮਾਰੋਹ ਦੀ ਤਿਆਰੀ ਦਾ ਲਿਆ ਜਾਇਜ਼ਾ



**ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)** : ਪੰਜਾਬ ਟੈਕਨੀਕਲ ਯੂਨੀਵਰਸਿਟੀ ਅੰਮ੍ਰਿਤਸਰ ਵਿਚ ਵਿਸ਼ੇਸ਼ ਬੈਠਕ ਹੋਈ, ਜਿਸ ਵਿਚ ਮਦਨਜੀਤ ਸਿੰਘ (ਕਨਵੀਨਰ ਨਸ਼ਾ ਮੁਕਤੀ ਚੇਤਨਾ ਸੰਘ, ਪੰਜਾਬ) ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨੇ ਇਥੇ ਹਾਜ਼ਰ ਸਾਰੀ ਟੀਮ, ਜਿਸ ਨੇ 18 ਅਪ੍ਰੈਲ ਨੂੰ ਹੋਣ ਵਾਲੇ ਨਸ਼ਾ ਮੁਕਤੀ ਪੰਜਾਬ ਸੰਕਲਪ ਸਮਾਰੋਹ ਵਿਚ ਪ੍ਰਬੰਧਾਂ ਨੂੰ ਦੇਖਣਾ ਹੈ, ਨਾਲ ਵਿਚਾਰ ਵਟਾਂਦਰਾ ਕੀਤਾ। ਬੈਠਕ ਵਿਚ ਅਜੇ ਕੁਮਾਰ ਨੇ 18 ਅਪ੍ਰੈਲ ਨੂੰ ਅੰਮ੍ਰਿਤਸਰ ਵਿਖੇ ਹੋਣ ਵਾਲੇ ਸਮਾਗਮ ਦੇ ਪ੍ਰਬੰਧਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਮਦਨਜੀਤ ਸਿੰਘ ਨੇ ਕਿਹਾ ਕਿ ਇਹ ਸਮਾਗਮ ਪੰਜਾਬ ਵਿਚੋਂ ਨਸ਼ਾ ਮੁਕਤੀ ਲਈ ਬਹੁਤ ਲਾਹੇਵੰਦ ਸਿੱਧ ਹੋਵੇਗਾ। ਸਟੇਟ ਮੀਡੀਆ ਇੰਚਾਰਜ ਅਵਿਨਾਸ਼ ਰਾਣਾ ਨੇ ਕਿਹਾ ਕਿ ਨਸ਼ਾ ਮੁਕਤੀ ਦਾ ਕਾਰਜ ਇਕ ਵਿਅਕਤੀ ਦਾ ਨਹੀਂ, ਸਗੋਂ ਸਾਰੇ ਸਮਾਜ ਨੂੰ ਮਿਲ ਕੇ ਇਸ ਦੇ ਲਈ ਕੰਮ ਕਰਨਾ ਚਾਹੀਦਾ ਹੈ। ਰਾਜ ਕੁਮਾਰ ਰਾਜੂ ਜੂਡੋ ਨੇ ਕਿਹਾ ਕਿ ਨਸ਼ਾ ਮੁਕਤੀ ਲਈ ਨੌਜਵਾਨਾਂ ਦਾ ਅੱਗੇ ਆਉਣਾ ਇਕ ਸ਼ੁੱਭ ਸੰਕੇਤ ਹੈ। ਇਸ ਮੌਕੇ ਡਾਕਟਰ ਅਨਿਲ ਪੁਰੀ, ਡਾ. ਤੁਲੀ, ਡਾ. ਬਲਵੀਰ ਸਿੰਘ,ਪ੍ਰਦੀਪ ਕੁਮਾਰ ਆਦਿ ਨੇ ਵੀ ਆਪਣੇ ਵਿਚਾਰ ਰੱਖੇ ਕੀਤੇ।

## ਨੈਤਿਕ ਸਿੱਖਿਆ ਦੀ ਪ੍ਰੀਖਿਆ 'ਚ ਮਾਰੀਆਂ ਮੱਲਾਂ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਕਰਵਾਈ ਗਈ ਨੈਤਿਕ ਸਿੱਖਿਆ ਦੀ ਪ੍ਰੀਖਿਆ ਵਿੱਚ ਗੁਰੂ ਅਰਜਨ ਦੇਵ ਸਰਕਾਰੀ ਕਾਲਜ ਤਰਨ ਤਾਰਨ ਦੇ ਵਿਦਿਆਰਥੀਆਂ ਨੇ ਮੱਲਾਂ ਮਾਰੀਆਂ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਭੱਟੀ ਨੇ ਦੱਸਿਆ ਕਿ ਕਾਲਜ ਵਿਦਿਆਰਥੀਆਂ ਜਿਸ ਵਿੱਚ ਚਾਰ ਵਿਦਿਆਰਥੀਆਂ ਨੇ ਸਟੇਟ ਮੈਰਿਟ ਹਾਸਲ ਕੀਤੀ ਜਿਸ ਦੇ ਵਿੱਚ ਅਰਸ਼ਪ੍ਰੀਤ ਕੌਰ, ਹਰਜੋਤ ਕੌਰ, ਹਰਮਨਦੀਪ ਸਿੰਘ, ਸੰਦੀਪ ਕੌਰ, ਪਾਹੁਲ ਪ੍ਰੀਤ ਕੌਰ ਅਤੇ ਪੰਜ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਮੈਰਿਟ ਹਾਸਲ ਕੀਤੀ, ਜਿਸ ਵਿੱਚ ਰਾਜਵਿੰਦਰ ਕੌਰ, ਕਿਰਨਦੀਪ ਕੌਰ, ਮਨਪ੍ਰੀਤ ਕੌਰ, ਹਰਪ੍ਰੀਤ ਕੌਰ ਅਤੇ ਕਵਿਤਾ ਸ਼ਾਮਿਲ ਹਨ। ਕਾਲਜ ਪ੍ਰਿੰਸੀਪਲ ਵੱਲੋਂ ਉਨ੍ਹਾਂ ਨੂੰ ਮੁਬਾਰਕਬਾਦ ਦਿੰਦਿਆਂ ਹੋਇਆਂ ਭਵਿੱਖ ਵਿੱਚ ਹੋਰ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ ਗਿਆ।ਕਾਲਜ ਦੇ ਸਹਾਇਕ ਪ੍ਰੋਫੈਸਰ ਰਮਨਦੀਪ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਨੇ ਇਸ ਪ੍ਰੀਖਿਆ ਵਿੱਚ ਬਹੁਤ ਮਿਹਨਤ ਕੀਤੀ ਸੀ।ਇਸ ਪ੍ਰੀਖਿਆ ਦਾ ਮੰਤਵ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਨਾਲ ਜੋੜਨਾ ਹੈ।ਇਸ ਮੌਕੇ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਗੁਰਿੰਦਰਜੀਤ ਕੌਰ, ਸਹਾਇਕ ਪ੍ਰੋ. ਸਿਮਰਨਜੀਤ ਸਿੰਘ ਅਤੇ ਸਟਾਫ ਮੈਂਬਰ ਵਿਦਿਆਰਥੀ ਹਾਜ਼ਰ ਸਨ ।

## ਰਿਆੜਕੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਦੇ ਪਰਿਵਾਰਾਂ ਦਾ ਸਨਮਾਨ

**ਧਾਰੀਵਾਲ (ਮਨਦੀਪ ਵਿੱਕੀ)** - ਖ਼ਾਲਸਾ ਸਾਜਨਾ ਦਿਵਸ ਅਤੇ ਜਲਿਆਂਵਾਲਾ ਬਾਗ ਸ਼ਹਾਦਤ ਵਰ੍ਹੇਗੰਢ ਦੇ ਪਾਵਨ ਮੌਕੇ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵੱਲੋਂ ਆਪਣੀਆਂ ਸਹਿਯੋਗੀ ਸੰਸਥਾ ਇੰਟੈਕ ਅੰਮ੍ਰਿਤਸਰ ਦੇ ਨਾਲ ਮਿਲ ਕੇ ਜਲ੍ਹਿਆਂਵਾਲਾ ਬਾਗ ਵਿਖੇ ਇੱਕ ਅਜਿਹਾ ਭਾਵਪੂਰਤ ਅਤੇ ਯਾਦਗਾਰੀ ਸਮਾਗਮ ਕੀਤਾ ਗਿਆ ਜਿਸ ਨੇ ਸ਼ਹੀਦਾਂ ਦੇ ਪਰਿਵਾਰਾਂ ਦੇ ਸੱਚੇ ਸਨਮਾਨ ਦੀ ਇੱਕ ਨਵੀਂ ਤੇ ਅਨੂਠੀ ਪਿਰਤ ਪਾਈ, ਉਹ ਸਨਮਾਨ ਜੋ ਦਹਾਕਿਆਂ ਤੋਂ ਸਰਕਾਰੀ ਸਮਾਰੋਹਾਂ ਵਿੱਚ ਉਹਨਾਂ ਨੂੰ ਨਹੀਂ ਮਿਲਿਆ ਸੀ। ਸਕੂਲ ਦੇ ਵਿਦਿਆਰਥੀਆਂ ਵੱਲੋਂ ਸਹਿਯੋਗੀ ਸੰਸਥਾਵਾਂ ਦੇ ਨਾਲ ਮਿਲ ਕੇ ਜਲਿਆਂਵਾਲਾ ਬਾਗ ਦੇ ਸ਼ਹੀਦ ਭਾਗ ਮੱਲ ਭਾਟੀਆ ਦੇ ਪਰਿਵਾਰਿਕ ਵਾਰਸ ਸ਼੍ਰੀਮਤੀ ਮੇਲੋਨੀ ਦੇਵੀ ਅਤੇ ਸ਼੍ਰੀ ਮਨੋਹਰ ਲਾਲ ਭਾਟੀਆ ਨੂੰ ਮੰਚ 'ਤੇ ਸੱਦ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਹ ਉਹੀ ਪਰਿਵਾਰ ਹੈ ਜਿਸ ਦੀ ਵਿਧਵਾ ਬੀਬੀ ਅਤਰ ਕੌਰ ਨੇ ਅੰਗਰੇਜ਼ ਸਰਕਾਰ ਵੱਲੋਂ ਦਿੱਤੇ ਮੁਆਵਜ਼ੇ ਨੂੰ ਠੁਕਰਾ ਕੇ ਅਣਖ ਤੇ ਸਵੈਮਾਣ ਦੀ ਉਹ ਮਿਸਾਲ ਕਾਇਮ ਕੀਤੀ ਸੀ ਜੋ ਅੱਜ ਵੀ ਪ੍ਰੇਰਨਾ ਦਾ ਸੋਮਾ ਹੈ। ਜਦੋਂ ਇਹ ਪਰਿਵਾਰ ਮੰਚ 'ਤੇ ਆਇਆ ਤਾਂ ਸਭਾ ਵਿੱਚ ਮੌਜੂਦ ਹਰ ਅੱਖ ਭਰ ਆਈ ਅਤੇ ਤਾੜੀਆਂ ਦੀ ਗੂੰਜ ਦੇਰ ਤੱਕ ਗੂੰਜਦੀ ਰਹੀ। ਇਸ ਸਮਾਗਮ ਵਿੱਚ ਉਚੇਚੇ ਤੌਰ 'ਤੇ ਸ੍ਰ. ਨਵਦੀਪ ਸਿੰਘ ਸੂਰੀ ਪਧਾਰੇ,ਜੋ ਕਿ ਭਾਰਤੀ ਵਿਦੇਸ਼ ਸੇਵਾ ਦੇ ਸਾਬਕਾ ਅਧਿਕਾਰੀ ਅਤੇ ਪੰਜਾਬੀ ਸਾਹਿਤ ਦੇ ਮਹਾਨ ਥੰਮ੍ਹ ਸਰਦਾਰ ਨਾਨਕ ਸਿੰਘ ਦੇ ਪੋਤਰੇ ਹਨ ਜੋ 13 ਅਪ੍ਰੈਲ 1919 ਦੇ ਭਿਆਨਕ ਕਤਲੇਆਮ ਦੇ ਚਸ਼ਮਦੀਦ ਗਵਾਹ ਸਨ ਅਤੇ ਜਿਨ੍ਹਾਂ ਨੇ ਉਸ ਦਰਦ ਨੂੰ ਆਪਣੀਆਂ ਅਮਰ ਰਚਨਾਵਾਂ *ਖ਼ੂਨੀ ਵਿਸਾਖੀ* ਅਤੇ *ਲਹੂ ਭਿੱਜੇ ਬੋਲ* ਵਿੱਚ ਸਦਾ ਲਈ ਅਮਰ ਕੀਤਾ। ਸ੍ਰ. ਨਵਦੀਪ ਸਿੰਘ ਸੂਰੀ ਨੇ ਆਪਣੇ ਦਾਦਾ ਜੀ ਦੀਆਂ ਇਹਨਾਂ ਰਚਨਾਵਾਂ ਦਾ ਅੰਗਰੇਜ਼ੀ ਵਿੱਚ ਅਨੁਵਾਦ ਕਰਕੇ ਇਸ ਸ਼ਹਾਦਤ ਦੀ ਦਾਸਤਾਨ ਨੂੰ ਦੁਨੀਆਂ ਦੇ ਕੋਨੇ-ਕੋਨੇ ਤੱਕ ਪਹੁੰਚਾਇਆ ਹੈ। ਉਹਨਾਂ ਨੇ ਵਿਦਿਆਰਥੀਆਂ, ਬੱਚਿਆਂ ਅਤੇ ਨਗਰ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਇਸ ਵਿਰਾਸਤ ਨੂੰ ਜਿਉਂਦਾ ਰੱਖਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਅਹਿਦ ਦਿਵਾਇਆ। ਇੰਟੈਕ ਅੰਮ੍ਰਿਤਸਰ ਦੇ ਕੰਨਵੀਨਰ ਸ੍ਰ. ਗਗਨਦੀਪ ਸਿੰਘ ਵਿਰਕ ਨੇ ਉਸ ਪਾਵਨ ਮਿੱਟੀ ਨੂੰ ਸਿਰ ਨਿਵਾ ਕੇ ਪ੍ਰਣਾਮ ਕਰਦੇ ਹੋਏ ਕਿਹਾ ਕਿ ਇਸ ਸਾਕੇ ਨੇ ਹਿੰਦੁਸਤਾਨੀਆਂ ਵਿੱਚ ਨਵੀਂ ਰੂਹ ਫੂਕ ਦਿੱਤੀ ਅਤੇ ਸ਼ਹੀਦ ਊਧਮ ਸਿੰਘ ਵਰਗੇ ਮਹਾਨ ਯੋਧੇ ਇਸੇ ਮਿੱਟੀ ਦੀ ਦੇਣ ਸਨ ਜਿਸ ਨੇ ਲੰਡਨ ਜਾ ਕੇ ਇਸ ਜ਼ੁਲਮ ਦਾ ਬਦਲਾ ਲਿਆ। ਸਮਾਗਮ ਵਿੱਚ ਰਿਆੜਕੀ ਪਬਲਿਕ ਸਕੂਲ ਸਮੇਤ ਵੱਖ-ਵੱਖ ਸਕੂਲਾਂ ਦੇ ਲਗਭਗ 170 ਵਿਦਿਆਰਥੀ ਹਾਜ਼ਰ ਸਨ ਜਿਨ੍ਹਾਂ ਨੇ ਇਸ ਇਤਿਹਾਸਕ ਧਰਤੀ 'ਤੇ ਖੜ੍ਹ ਕੇ ਆਪਣੇ ਸ਼ਹੀਦਾਂ ਨੂੰ ਨਮਨ ਕੀਤਾ ਅਤੇ ਹਰ ਸਾਲ ਇਸ ਪਰੰਪਰਾ ਨੂੰ ਜਿਉਂਦਾ ਰੱਖਣ ਦਾ ਪੱਕਾ ਅਹਿਦ ਲਿਆ। ਸਮਾਗਮ ਉਪਰੰਤ ਮਾਤਾ ਲੌਂਗਾਂ ਵਾਲਾ ਮੰਦਿਰ ਦੇ ਭੋਜਨ ਸਟਾਲ 'ਤੇ ਵਿਦਿਆਰਥੀਆਂ ਅਤੇ ਸ੍ਰੋਤਿਆਂ ਲਈ ਅੰਮ੍ਰਿਤਸਰੀ ਵਿਰਾਸਤੀ ਨਾਸ਼ਤੇ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਇਸ ਸਮਾਗਮ ਨੂੰ ਵਾਇਸ ਆਫ ਅੰਮ੍ਰਿਤਸਰ, ਟਾਈਮਲੈਸ ਅੰਮ੍ਰਿਤਸਰ ਅਤੇ ਜਲਿਆਂਵਾਲਾ ਬਾਗ ਪ੍ਰਬੰਧਕੀ ਢਾਂਚੇ ਵੱਲੋਂ ਪੂਰਨ ਸਹਿਯੋਗ ਮਿਲਿਆ। ਸਕੂਲ ਦੇ ਕੋਆਰਡੀਨੇਟਰ ਸੁਖਦੀਪ ਕੌਰ ਅਤੇ ਕੋਆਰਡੀਨੇਟਰ ਜਤਿੰਦਰ ਕੁਮਾਰ ਨੇ ਆਪਣੀ ਸਰਪ੍ਰਸਤੀ ਹੇਠ ਵਿਦਿਆਰਥੀਆਂ ਨਾਲ ਜਲਿਆਂਵਾਲਾ ਬਾਗ ਦੇ ਇਤਿਹਾਸਕ ਯਾਦਗਾਰੀ ਸਥਾਨਾਂ ਸੰਬੰਧੀ ਡੂੰਘੀ ਜਾਣਕਾਰੀ ਸਾਂਝੀ ਕੀਤੀ । ਇਸ ਮੌਕੇ ਪ੍ਰਸਿੱਧ ਇਤਿਹਾਸਕਾਰ ਸ੍ਰ. ਸੁਰਿੰਦਰ ਕੋਛੜ , ਰਿਟਾਇਰਡ ਪ੍ਰਿੰਸੀਪਲ ਹਰਿੰਦਰ ਕੌਰ ਰਿਆੜ , ਉੱਘੇ ਸਮਾਜ ਸੇਵਕ ਮੈਡਮ ਇੰਦੂ ਅਰੋੜਾ , ਸੀ.ਏ. ਦਵਿੰਦਰ ਸਿੰਘ , ਵਿਕਾਸ ਮੰਚ ਦੇ ਆਗੂ ਸ੍ਰ. ਚਰਨਜੀਤ ਸਿੰਘ ਗੁਮਟਾਲਾ ਅਤੇ ਐਡਵੋਕੇਟ ਪਰਮਪਾਲ ਸਿੰਘ ਹੁੰਦਲ ਵੀ ਹਾਜ਼ਰ ਸਨ।



## ਸੱਭਿਆਚਾਰਕ ਰੰਗਾਂ ਨਾਲ ਮਨਾਇਆ ਵਿਸਾਖੀ ਦਾ ਤਿਉਹਾਰ



**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਦੇ ਕਿੰਡਰਗਾਰਟਨ ਅਤੇ ਪ੍ਰਾਇਮਰੀ ਵਿੰਗ ਵੱਲੋਂ ਸਕੂਲ ਕੈਂਪਸ ਵਿੱਚ ਵਿਸਾਖੀ ਦੇ ਪਵਿੱਤਰ ਤਿਉਹਾਰ ਨੂੰ ਬੜੇ ਜੋਸ਼ ਅਤੇ ਰਵਾਇਤੀ ਉਤਸ਼ਾਹ ਨਾਲ ਮਨਾਇਆ ਗਿਆ।ਕੈਂਪਸ ਰੰਗ-ਬਿਰੰਗੀ ਸਜਾਵਟ, ਰਵਾਇਤੀ ਪਹਿਰਾਵੇ ਅਤੇ ਮਨਮੋਹਕ ਪ੍ਰਸਤੁਤੀਆਂ ਨਾਲ ਰੌਣਕਮਈ ਬਣ ਗਿਆ।ਅਧਿਆਪਕਾਂ ਨੇ ਕਲਾ ਅਤੇ ਹੱਥ ਕਲਾ, ਕਹਾਣੀ-ਵਾਚਨ ਸੈਸ਼ਨ ਅਤੇ ਇੰਟਰੈਕਟਿਵ ਚਰਚਾ ਵਰਗੀਆਂ ਦਿਲਚਸਪ ਕਲਾਸ ਗਤੀਵਿਧੀਆਂ ਕਰਵਾਈਆਂ ਤਾਂ ਜੋ ਵਿਦਿਆਰਥੀ ਇਸ ਤਿਉਹਾਰ ਨਾਲ ਜੁੜੀ ਲੋਕ ਭਾਵਨਾ ਨੂੰ ਸਮਝ ਸਕਣ।ਸਮਾਗਮ ਸੱਚਮੁਚ ਯਾਦਗਾਰੀ ਬਣ ਗਿਆ।ਇਸ ਮੌਕੇ ਨਿਰਦੇਸ਼ਕ ਸੰਨੀ ਮਹਾਜਨ ਨੇ ਕਿਹਾ ਕਿ ਪ੍ਰਤਾਪ ਵਰਲਡ ਸਕੂਲ ਵਿੱਚ ਅਸੀਂ ਕੇਵਲ ਅਕਾਦਮਿਕ ਹੀ ਨਹੀਂ ਸਗੋਂ ਆਪਣੇ ਵਿਦਿਆਰਥੀਆਂ ਵਿੱਚ ਸੱਭਿਆਚਾਰਕ ਜਾਗਰੂਕਤਾ ਦਾ ਵਿਕਾਸ ਕਰਨ ਵਿੱਚ ਵੀ ਵਿਸ਼ਵਾਸ ਰੱਖਦੇ ਹਾਂ।ਵਿਸਾਖੀ ਵਰਗੇ ਤਿਉਹਾਰ ਬੱਚਿਆਂ ਵਿੱਚ ਏਕਤਾ ਅਤੇ ਆਪਣੀਆਂ ਪਰੰਪਰਾਵਾਂ ਪ੍ਰਤੀ ਆਦਰ ਦੀ ਭਾਵਨਾ ਨੂੰ ਸ਼ੁਰੂ ਤੋਂ ਹੀ ਵਿਕਸਿਤ ਕਰਦੇ ਹਨ।ਪ੍ਰਿੰਸੀਪਲ ਸੁਭਰਾ ਰਾਣੀ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਬੱਚਿਆਂ ਦੇ ਸਮੁੱਚੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

## ਸ਼ੈਰੀ ਕਲਸੀ ਨੇ ਲੋਕ ਮਿਲਣੀ ਦੌਰਾਨ ਮੁਸ਼ਕਲਾਂ ਦਾ ਮੌਕੇ 'ਤੇ ਕੀਤਾ ਨਿਪਟਾਰਾ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਆਪਣੇ ਦਫਤਰ ਵਿਖੇ ਹਲਕਾ ਵਾਸੀਆਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕਿਹਾ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਚਹੁੰਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਦੇ ਲੋਕਾਂ ਦੇ ਮਹਿਬੂਬ ਨੇਤਾ ਮੁੱਖ ਮੰਤਰੀ ਪੰਜਾਬ ਦੀ ਇਤਿਹਾਸਕ ਤੇ ਧਾਰਮਿਕ ਧਰਤੀ ਬਟਾਲਾ ਵਿਖੇ 16 ਅਪ੍ਰੈਲ ਨੂੰ ਦਾਣਾ ਮੰਡੀ ਪਹੁੰਚ ਕੇ ਇੱਕ ਵਿਸ਼ਾਲ ਅਤੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਨਗੇ।ਉਨ੍ਹਾਂ ਸਮੂਹ ਬਟਾਲਾ ਹਲਕਾ ਵਾਸੀਆਂ ਨੂੰ ਇਸ ਇਤਿਹਾਸਕ ਵਿਕਾਸ ਰੈਲੀ ਵਿੱਚ ਪਹੁੰਚਣ ਦਾ ਹਾਰਦਿਕ ਸੱਦਾ ਦਿੱਤਾ।ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਬਟਾਲਾ ਵਿਖੇ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨੂੰ ਮੁੱਖ ਮੰਤਰੀ ਪੰਜਾਬ ਦੀ ਬਟਾਲਾ ਫੇਰੀ ਹੋਰ ਹੁਲਾਰਾ ਦੇਵੇਗੀ ਅਤੇ ਬਟਾਲਾ ਹਲਕੇ ਅੰਦਰ ਵਿਕਾਸ ਕੰਮ ਹੋਰ ਤੇਜ਼ੀ





ਫੜਨਗੇ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵਲੋਂ ਮਹਿਜ਼ ਚਾਰ ਸਾਲਾਂ ਅੰਦਰ ਲੋਕਹਿੱਤ ਵਿੱਚ ਵੱਡੇ ਫੈਸਲੇ ਲਏ ਹਨ ਅਤੇ ਹਰ ਵਰਗ ਦੀ ਭਲਾਈ ਲਈ ਕਾਰਜ ਕੀਤੇ ਗਏ ਹਨ।ਔਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਮੌਜੂਦਾ ਬਜਟ ਵਿੱਚ ਪੂਰਾ ਹੋ ਗਿਆ ਹੈ।ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਲਈ 1,500 ਰੁਪਏ ਅਤੇ ਜਨਰਲ ਸ਼੍ਰੇਣੀ ਦੀਆਂ ਔਰਤਾਂ ਲਈ 1,000 ਰੁਪਏ ਦੀ ਵਾਧੂ ਪੈਨਸ਼ਨ ਪ੍ਰਦਾਨ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ।ਕਿਸਾਨਾਂ ਦੇ ਟਿਊਬਵੈੱਲਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ।ਉਨ੍ਹਾਂ ਦੱਸਿਆ ਕਿ ਬਿਮਾਰੀ ਦੇ ਸਮੇਂ ਪੰਜਾਬ ਦੇ ਲੋਕਾਂ ਲਈ ਡਾਕਟਰੀ ਇਲਾਜ ਦੇ ਖਰਚਿਆਂ ਨੂੰ ਪੂਰਾ ਕਰਨ ਲਈ 10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ, ਜਿਸਦਾ ਲਾਭ ਨਾਗਰਿਕ ਪ੍ਰਾਪਤ ਕਰ ਰਹੇ ਹਨ।985 ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ, ਦਵਾਈਆਂ ਅਤੇ ਜਾਂਚ ਟੈਸਟ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ।ਪੰਜਾਬ ਦੇ ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ, ਸਮੇਤ ਵੱਖ-ਵੱਖ ਰਿਕਾਰਡ ਵਿਕਾਸ ਕਾਰਜ ਕਰਵਾਏ ਗਏ ਹਨ।

## ਸਾਜਨਾ ਦਿਵਸ ਤੇ ਜਲ੍ਹਿਆਂਵਾਲਾ ਬਾਗ ਦੇ ਸ਼ਹੀਦੀ ਸਾਕੇ 'ਤੇ ਸੈਮੀਨਾਰ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਵੱਲੋਂ ਖਾਲਸੇ ਦੀ ਸਾਜਨਾ ਦਿਵਸ ਅਤੇ ਜਲ੍ਹਿਆਂਵਾਲੇ



ਬਾਗ ਦੇ ਖੂਨੀ ਸਾਕੇ ਦੀ ਯਾਦ 'ਚ ਪਾਰਟੀ ਦਫ਼ਤਰ ਤਰਨ ਤਾਰਨ 'ਚ ਸੈਮੀਨਾਰ ਕਰਵਾਇਆ ਗਿਆ ਜਿਸ ਦੀ ਪ੍ਰਧਾਨਗੀ ਨਰਿੰਦਰ ਸਿੰਘ ਰਟੌਲ, ਕੁਲਦੀਪ ਸਿੰਘ ਮਾਣੋਚਾਹਲ ਨੇ ਕੀਤੀ।ਇਸ ਮੌਕੇ ਬੋਲਦਿਆਂ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ ਜਮਾਰਾਏ ਨੇ ਕਿਹਾ ਕਿ ਬੀਜੇਪੀ ਦੀ ਅਗਵਾਈ ਵਾਲੀ ਸਰਕਾਰ ਜਲ੍ਹਿਆਂਵਾਲੇ ਬਾਗ ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਭੁੱਲਦੀ ਜਾ ਰਹੀ ਹੈ। ਇਸ ਦਿਨ ਬਰਤਾਨਵੀ ਅੰਗਰੇਜ਼ ਸਰਕਾਰ ਦੇ ਜ਼ੁਲਮਾਂ ਖਿਲਾਫ ਸਾਰੇ ਧਰਮਾਂ ਦੇ ਲੋਕਾਂ ਨੇ ਖੂਨ ਵਹਾਇਆ ਸੀ ।ਇਸੇ ਦਿਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜਾਤਾਂ ਪਾਤਾਂ ਤੋਂ ਉੱਪਰ ਉੱਠ ਕੇ ਖਾਲਸੇ ਦੀ ਸਾਜਨਾ ਕੀਤੀ।ਦੇਸ਼ ਦੇ ਹਾਕਮਾਂ ਵੱਲੋਂ ਜਾਤਾਂ ਧਰਮਾਂ ਵਿੱਚ ਵੰਡੀਆਂ ਪਾ ਕੇ ਲੋਕਾਂ ਦੀ ਸਾਂਝੀਵਾਲਤਾ ਨੂੰ ਤੋੜਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਆਰਐੱਸਐੱਸ ਦੇ ਇਸ਼ਾਰਿਆਂ ਤੇ ਧਰਮਾਂ, ਮਜ਼ਬਾਂ, ਜਾਤਾਂ ਦੀਆਂ ਵੰਡੀਆਂ ਪਾ ਰਹੀ ਹੈ ਅਤੇ ਮਨੋਸਿਮਰਤੀ ਨੂੰ ਲਾਗੂ ਕਰਨ ਲਈ ਪੂਰੀ ਵਾਹ ਲਾ ਰਹੀ ਹੈ।ਜਮਾਰਾਏ ਨੇ ਕਿਹਾ ਕੇਂਦਰ ਦੀ ਮੋਦੀ ਸਰਕਾਰ ਦੇਸ਼ ਦੇ ਧਰਮ ਨਿਰਪੱਖ ਢਾਂਚੇ ਨੂੰ ਢਹਿਢੇਰੀ ਕਰਨ ਵੱਲ ਤੁਲੀ ਹੋਈ ਹੈ, ਘੱਟ ਗਿਣਤੀਆਂ ਖਿਲਾਫ ਨਫਰਤ ਪੈਦਾ ਕੀਤੀ ਜਾ ਰਹੀ ਅਤੇ ਦੇਸ਼ ਨੂੰ ਖੇਰੂੰ-ਖੇਰੂੰ ਕੀਤਾ ਜਾ ਰਿਹਾ ਹੈ।ਜਾਮਾਰਾਏ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ ਬੀਜੇਪੀ ਦੀਆਂ ਨੀਤੀਆਂ ਨੂੰ ਇੰਨ-ਬਿੰਨ ਲਾਗੂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਦਿਨ ਜਲ੍ਹਿਆਂਵਾਲੇ ਬਾਗ ਦੇ ਸ਼ਹੀਦਾਂ ਅਤੇ ਖਾਲਸੇ ਦੀ ਸਥਾਪਨਾ ਦਿਵਸ 'ਤੇ ਸਾਨੂੰ ਦੇਸ਼ ਵਾਸੀਆਂ ਨੂੰ ਖਾਸ ਕਰ ਮਜ਼ਦੂਰ ਵਰਗ ਨੂੰ ਉਨ੍ਹਾਂ ਦੇ ਪੂਰਨਿਆਂ 'ਤੇ ਚੱਲਣ ਦਾ ਅਹਿਦ ਲੈਣਾ ਚਾਹੀਦਾ ਹੈ।ਇਸ ਮੌਕੇ ਕੁਲਦੀਪ ਸਿੰਘ ਰਟੌਲ, ਗੁਰਮੀਤ ਸਿੰਘ ਇੱਬਨ, ਗੁਰਮੁਖ ਸਿੰਘ, ਵਿਜੇਪਾਲ ਸਿੰਘ, ਵੀਰਪਾਲ ਸਿੰਘ, ਜੀਤਪਾਲ ਸਿੰਘ, ਜਸ਼ਨਪ੍ਰੀਤ ਸਿੰਘ, ਪ੍ਰਦੀਪ ਸਿੰਘ, ਸੁਖਮਨ ਸਿੰਘ, ਜੋਬਨ ਸਿੰਘ, ਹਰਜਿੰਦਰ ਸਿੰਘ, ਦਿਲਬਾਗ ਸਿੰਘ, ਜਾਗੋ ਸਿੰਘ, ਭੁਪਿੰਦਰ ਸਿੰਘ ਆਦਿ ਹਾਜ਼ਰ ਸਨ।

## ਰਮਨ ਬਹਿਲ ਨੇ ਪਿੰਡ ਬੱਬਰੀ ਵਿਖੇ ਵਿਕਾਸ ਕਾਰਜਾਂ ਦੇ ਰੱਖੇ ਨੀਂਹ ਪੱਥਰ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਵਲੋਂ ਲਗਾਤਾਰ ਹਲਕੇ ਅੰਦਰ



ਸਰਬਪੱਖੀ ਵਿਕਾਸ ਕੰਮ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਉਨ੍ਹਾਂ ਵਲੋਂ ਬੱਬਰੀ ਵਿਖੇ ਕਰੋੜਾਂ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ ਗਏ। ਇਸ ਮੌਕੇ ਐਡਵੋਕੇਟ ਸੁੱਚਾ ਸਿੰਘ ਮੁਲਤਾਨੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ। ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਪਿੰਡ ਵਾਸੀਆਂ ਦੀ ਮੰਗ ਪੂਰੀ ਕੀਤੀ ਗਈ ਹੈ ਅਤੇ 56 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਲਿੰਕ ਸੜਕ, ਜਿਸ ਦੀ ਲੰਬਾਈ 2 ਕਿਲੋਮੀਟਰ ਹੈ, ਬਣਾਈ ਜਾਵੇਗੀ। ਇਸ ਤੋਂ ਇਲਾਵਾ 6 ਕਿਲੋਮੀਟਰ ਸੜਕ ਦੀ ਮੁਰੰਮਤ ਦਾ ਕੰਮ ਵੀ ਕਰਵਾਇਆ ਜਾਵੇਗਾ, ਜਿਸ ਉੱਪਰ 2 ਕਰੋੜ 30 ਲੱਖ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਦੱਸਿਆ ਕਿ ਇਸ ਵਿੱਚ 1 ਕਰੋੜ ਰੁਪਏ 84 ਲੱਖ ਰੁਪਏ ਦੀ ਲਾਗਤ ਸੜਕ ਮੁਰੰਮਤ ਲਈ ਅਤੇ 46 ਲੱਖ ਰੁਪਏ ਇਸ ਸੜਕ ਦੇ 5 ਸਾਲ ਤੱਕ ਦੇ ਰੱਖ ਰਖਾਅ ਲਈ ਰਾਖਵੇਂ ਹਨ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸੂਬੇ ਭਰ ਅੰਦਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ । ਉਨ੍ਹਾਂ ਕਿਹਾ ਕਿ ਉਹ ਵਿਕਾਸ ਦੀ ਰਾਜਨੀਤੀ ਵਿੱਚ ਵਿਸ਼ਵਾਸ ਰੱਖਦੇ ਹਨ ਅਤੇ ਲੋਕਾਂ ਸੇਵਾ ਹੀ ਉਨ੍ਹਾਂ ਦੀ ਪਹਿਲ ਹੈ।

# ਮਜ਼ਦੂਰਾਂ ਦਾ ਗੁੱਸਾ ਫੁੱਟਿਆ

*ਯੂ ਪੀ ਦੇ ਸਨਅਤੀ ਇਲਾਕੇ ਨੋਇਡਾ ਫੇਜ਼-2 ਵਿੱਚ 13 ਅਪ੍ਰੈਲ ਨੂੰ ਜੋ ਕੁਝ ਹੋਇਆ, ਉਹ ਅਚਾਨਕ ਫੁੱਟਿਆ ਗੁੱਸਾ ਨਹੀਂ ਸੀ, ਇਹ ਉਨ੍ਹਾਂ ਹਾਲਾਤ ਦਾ ਨਤੀਜਾ ਸੀ, ਜਿਹੜੇ ਮਹੀਨਿਆਂ ਤੋਂ ਨਹੀਂ, ਸਗੋਂ ਵਰ੍ਹਿਆਂ ਤੋਂ ਬਣ ਰਹੇ ਸਨ। ਇੱਥੋਂ ਦੇ ਮਜ਼ਦੂਰਾਂ ਦੀਆਂ ਵੀ ਉਹੀ ਸ਼ਿਕਾਇਤਾਂ ਸਨ, ਜਿਹੜੇ ਦੇਸ਼ ਦੇ ਕਈ ਸਨਅਤੀ ਕੇਂਦਰਾਂ ਵਿੱਚ ਵਾਰ-ਵਾਰ ਸੁਣਾਈ ਦੇ ਰਹੀਆਂ ਹਨ-ਘੱਟ ਉਜਰਤ, ਆਰਜ਼ੀ ਰੁਜ਼ਗਾਰ, ਵਧਦੀ ਮਹਿੰਗਾਈ ਤੇ ਬੁਨਿਆਦੀ ਸਹੂਲਤਾਂ ਦੀ ਕਮੀ।*

*ਇਸ ਸਾਲ ਦੀ ਸ਼ੁਰੂਆਤ ਤੋਂ ਹੀ ਵੱਖ-ਵੱਖ ਸਨਅਤੀ ਸ਼ਹਿਰਾਂ ਵਿੱਚ ਮਜ਼ਦੂਰਾਂ ਦੇ ਪ੍ਰੋਟੈੱਸਟ ਸ਼ੁਰੂ ਹੋ ਗਏ ਸਨ। ਫਰਵਰੀ ਵਿੱਚ ਬਿਹਾਰ ਦੇ ਬਰੌਨੀ ਤੋਂ ਇਸ ਦੀ ਸ਼ੁਰੂਆਤ ਹੋਈ, ਜਿੱਥੇ ਮਜ਼ਦੂਰ ਘੱਟੋ-ਘੱਟ ਉਜਰਤ ਵਧਾਉਣ ਅਤੇ ਕੰਮ ਦੇ ਘੰਟੇ ਤੈਅ ਕਰਨ ਦੀ ਮੰਗ ਨੂੰ ਲੈ ਕੇ ਸੜਕਾਂ 'ਤੇ ਉੱਤਰੇ। ਇਸ ਦੇ ਬਾਅਦ ਸੂਰਤ, ਮਾਨੇਸਰ, ਪਾਨੀਪਤ ਤੇ ਫਿਰ ਨੋਇਡਾ ਤੱਕ ਇਹ ਸਿਲਸਿਲਾ ਫੈਲ ਗਿਆ। ਸਾਰੇ ਥਾਈਂ ਮੰਗਾਂ ਲੱਗਭੱਗ ਇੱਕੋ ਜਿਹੀਆਂ ਸਨ। ਘੱਟੋ-ਘੱਟ ਉਜਰਤ ਵਿੱਚ ਵਾਧਾ, ਓਵਰਟਾਈਮ ਦਾ ਸਹੀ ਭੁਗਤਾਨ, ਬਕਾਇਆਂ ਦਾ ਨਿਪਟਾਰਾ ਤੇ ਪੱਕੇ ਵਰਕਰਾਂ ਵਰਗੀਆਂ ਸਹੂਲਤਾਂ।*

*ਮਜ਼ਦੂਰ ਜਥੇਬੰਦੀਆਂ ਮੁਤਾਬਕ ਨਵੰਬਰ 2025 ਤੋਂ ਲਾਗੂ ਹੋਏ ਨਵੇਂ ਲੇਬਰ ਕੋਡਾਂ ਦੇ ਬਾਅਦ ਮਜ਼ਦੂਰਾਂ ਨੂੰ ਆਸ ਸੀ ਕਿ ਉਨ੍ਹਾਂ ਦੀ ਸਥਿਤੀ ਬਿਹਤਰ ਹੋਵੇਗੀ, ਪਰ ਹੋਈ ਨਹੀਂ। ਨੋਇਡਾ ਦਾ ਪ੍ਰੋਟੈੱਸਟ ਖਾਸ ਤੌਰ 'ਤੇ ਇਸ ਕਰਕੇ ਵਿਆਪਕ ਹੋ ਗਿਆ, ਕਿਉਂਕਿ ਉੱਥੇ ਵੱਡੀ ਗਿਣਤੀ ਵਿੱਚ ਠੇਕਾ ਮਜ਼ਦੂਰ ਕੰਮ ਕਰਦੇ ਹਨ। ਠੇਕੇਦਾਰਾਂ ਰਾਹੀਂ ਰੱਖੇ ਗਏ ਮਜ਼ਦੂਰਾਂ ਨੂੰ ਨਾ ਤਾਂ ਪੱਕੀ ਨੌਕਰੀ ਦੀ ਸੁਰੱਖਿਆ ਹੈ ਤੇ ਨਾ ਹੀ ਪ੍ਰੋਵੀਡੈਂਟ ਫੰਡ ਤੇ ਹੋਰ ਸਮਾਜੀ ਸੁਰੱਖਿਆ ਲਾਭ ਹਾਸਲ ਹਨ। ਨੋਇਡਾ ਦੇ ਇੱਕ ਗਾਰਮੈਂਟ ਯੂਨਿਟ ਵਿੱਚ ਮਈਅਰਮੈਂਟ ਚੈੱਕਰ 18 ਸਾਲਾ ਸੁਰਿੰਦਰ ਕਸ਼ਯਪ ਨੇ ਦੱਸਿਆ ਕਿ ਉਸ ਨੂੰ 13 ਹਜ਼ਾਰ ਰੁਪਏ ਮਿਲਦੇ ਹਨ। ਉਸ ਵਿੱਚੋਂ 4 ਹਜ਼ਾਰ ਮਕਾਨ ਕਿਰਾਇਆ ਚਲੇ ਜਾਂਦਾ ਹੈ, ਗੈਸ ਦਾ ਖਰਚਾ ਹੀ 400 ਰੁਪਏ ਕਿੱਲੋ ਹੋ ਗਿਆ। ਕੰਪਨੀ ਇੱਕ ਘੰਟੇ ਵਿੱਚ 70 ਪੀਸ ਦਾ ਟੀਚਾ ਦਿੰਦੀ ਹੈ ਤੇ ਪੂਰਾ ਨਾ ਕਰਨ 'ਤੇ ਬੇਇੱਜ਼ਤ ਕੀਤਾ ਜਾਂਦਾ ਹੈ। 2018 ਤੋਂ ਕੰਮ ਕਰ ਰਹੇ 25 ਸਾਲਾ ਰਾਹੁਲ ਨੇ ਕਿਹਾ ਕਿ ਉਸ ਨੂੰ ਸਾਢੇ 13 ਹਜ਼ਾਰ ਰੁਪਏ ਮਹੀਨਾ ਮਿਲਦੇ ਹਨ। ਘਰ ਭੇਜਣੇ ਤਾਂ ਦੂਰ, ਬੱਚਿਆਂ ਦੀ ਪੜ੍ਹਾਈ ਵੀ ਕਰਵਾ ਨਹੀਂ ਹੁੰਦੀ। ਪਿਛਲੇ ਸਾਲ ਉਸ ਦੀ ਉਜਰਤ ਵਿੱਚ ਸਿਰਫ 39 ਰੁਪਏ ਦਾ ਵਾਧਾ ਹੋਇਆ। ਇਨ੍ਹਾਂ ਦੀਆਂ ਕਹਾਣੀਆਂ ਦੱਸਦੀਆਂ ਹਨ ਕਿ ਮਜ਼ਦੂਰਾਂ ਦਾ ਗੁੱਸਾ ਸਿਰਫ ਉਜਰਤ ਤੱਕ ਹੀ ਸੀਮਤ ਨਹੀਂ, ਸਗੋਂ ਵਧਦੀ ਮਹਿੰਗਾਈ, ਖਾਸ ਤੌਰ 'ਤੇ ਕਾਲੇ ਬਾਜ਼ਾਰ ਵਿੱਚ ਮਹਿੰਗੀ ਹੋਈ ਐੱਲ ਪੀ ਜੀ ਨੇ ਉਨ੍ਹਾਂ ਦੀ ਹਾਲਤ ਹੋਰ ਵਿਗਾੜ ਦਿੱਤੀ ਹੈ।*

*ਨੋਇਡਾ ਵਿੱਚ 8 ਅਪ੍ਰੈਲ ਤੋਂ ਸ਼ੁਰੂ ਪ੍ਰੋਟੈੱਸਟ ਹੌਲੀ-ਹੌਲੀ ਤੇਜ਼ ਹੁੰਦਾ ਗਿਆ, ਕਿਉਂਕਿ ਨਾ ਸਰਕਾਰ ਤੇ ਨਾ ਮਾਲਕਾਂ ਨੇ ਉਨ੍ਹਾਂ ਦੀ ਗੱਲ ਸੁਣੀ। ਟਰੇਡ ਯੂਨੀਅਨ ਆਗੂਆਂ ਮੁਤਾਬਕ ਜਦ ਕੋਈ ਗੱਲ ਸੁਣਨ ਨੂੰ ਤਿਆਰ ਨਹੀਂ ਸੀ ਤਾਂ ਸਥਿਤੀ ਬੇਕਾਬੂ ਹੋਣੀ ਹੀ ਸੀ। ਮਜ਼ਦੂਰ ਹਰਿਆਣਾ ਸਰਕਾਰ ਵਾਂਗ ਘੱਟੋ-ਘੱਟ ਉਜਰਤ ਵਿੱਚ 35 ਫੀਸਦੀ ਵਾਧੇ ਦੀ ਮੰਗ ਕਰ ਰਹੇ ਸਨ। ਕਈ ਫੈਕਟਰੀ ਮਾਲਕਾਂ ਨੇ ਆਪਣੇ ਯੂਨਿਟ ਬੰਦ ਕਰ ਦਿੱਤੇ। ਕਿਰਤ ਮੰਤਰੀ ਅਨਿਲ ਰਾਜਭਰ ਨੇ ਪ੍ਰੋਟੈੱਸਟ ਨੂੰ ਵੱਡੀ ਸਾਜ਼ਿਸ਼ ਦਾ ਨਾਂਅ ਦਿੰਦਿਆਂ ਇਸ ਵਿੱਚ ਪਾਕਿਸਤਾਨ ਲਿੰਕ ਦੀ ਜਾਂਚ ਦੀ ਗੱਲ ਕਹਿ ਦਿੱਤੀ। ਮੁੱਖ ਮੰਤਰੀ ਯੋਗੀ ਆਦਿੱਤਿਆ ਨਾਥ ਨੇ ਕਹਿ ਦਿੱਤਾ ਕਿ ਇਹ ਨਕਸਲਵਾਦ ਨੂੰ ਫਿਰ ਤੋਂ ਜ਼ਿੰਦਾ ਕਰਨ ਦੀ ਸਾਜ਼ਿਸ਼ ਦਾ ਹਿੱਸਾ ਹੋ ਸਕਦਾ ਹੈ। ਉਨ੍ਹਾਂ 'ਵਿਘਟਨਕਾਰੀ ਤੱਤਾਂ' ਦੀ ਜਾਂਚ ਦੇ ਵੀ ਹੁਕਮ ਦੇ ਦਿੱਤੇ। ਆਖਰ ਮਜਬੂਰੀਵੱਸ ਸਰਕਾਰ ਨੇ ਨੋਇਡਾ ਤੇ ਗਾਜ਼ੀਆਬਾਦ ਵਿੱਚ ਗੈਰ-ਹੁਨਰਮੰਦ ਮਜ਼ਦੂਰਾਂ ਨੂੰ 13,690 ਰੁਪਏ, ਨੀਮ-ਹੁਨਰਮੰਦਾਂ ਨੂੰ 15,059 ਰੁਪਏ ਅਤੇ ਹੁਨਰਮੰਦ ਮਜ਼ਦੂਰਾਂ ਨੂੰ 16.868 ਰੁਪਏ ਉਜਰਤ ਪਹਿਲੀ ਅਪ੍ਰੈਲ ਤੋਂ ਲਾਗੂ ਕਰਨ ਦਾ ਵੀ ਐਲਾਨ ਕਰ ਦਿੱਤਾ। ਇਹ ਵਾਧਾ ਵੀ ਮਜ਼ਦੂਰਾਂ ਦੀ ਤਸੱਲੀ ਕਰਾਉਣ ਵਾਲਾ ਨਹੀਂ ਹੈ, ਕਿਉਂਕਿ ਮਹਿੰਗਾਈ ਛੜੱਪੇ ਮਾਰ ਰਹੀ ਹੈ।*

*ਯੂ ਪੀ ਸਰਕਾਰ ਹੀ ਨਹੀਂ, ਹੋਰਨਾਂ ਸੂਬਾ ਸਰਕਾਰਾਂ ਨੂੰ ਵੀ ਸਮਝਣਾ ਚਾਹੀਦਾ ਹੈ ਕਿ ਨੋਇਡਾ ਦੀ ਘਟਨਾ ਸਿਰਫ ਇੱਕ ਦਿਨ ਦੀ 'ਹਿੰਸਾ' ਨਹੀਂ ਸੀ, ਸਗੋਂ ਇੱਕ ਵੱਡੀ ਤੇ ਫੈਲਦੀ ਮਜ਼ਦੂਰ ਬੇਚੈਨੀ ਦਾ ਪ੍ਰਗਟਾਵਾ ਸੀ, ਜਿਹੜੀ ਬਰੌਨੀ ਤੋਂ ਸ਼ੁਰੂ ਹੋ ਕੇ ਕਈ ਸਨਅਤੀ ਸ਼ਹਿਰਾਂ ਵਿੱਚ ਦਿਖਾਈ ਦਿੱਤੀ ਹੈ। ਵਧਦੀ ਮਹਿੰਗਾਈ, ਆਰਜ਼ੀ ਰੁਜ਼ਗਾਰ ਤੇ ਉਮੀਦਾਂ ਦੇ ਟੁੱਟਣ ਨੇ ਇਸ ਗੁੱਸੇ ਨੂੰ ਜਨਮ ਦਿੱਤਾ ਹੈ। ਸਿਰਫ ਕੁਝ ਕੁ ਰੁਪਏ ਉਜਰਤ ਵਧਾ ਕੇ ਮਜ਼ਦੂਰਾਂ ਨੂੰ ਸ਼ਾਂਤ ਨਹੀਂ ਕੀਤਾ ਜਾ ਸਕਦਾ, ਅਸਲੀ ਚੁਣੌਤੀ ਸੰਵਾਦ, ਭਰੋਸੇ ਤੇ ਕਿਰਤੀਆਂ ਦੀ ਬੁਨਿਆਦੀ ਸੁਰੱਖਿਆ ਯਕੀਨੀ ਕਰਨ ਦੀ ਹੈ, ਵਰਨਾ ਇਹ ਗੁੱਸਾ ਫਿਰ ਕਿਸੇ ਹੋਰ ਸਨਅਤੀ ਸ਼ਹਿਰ ਵਿੱਚ ਫੁੱਟ ਸਕਦਾ ਹੈ।*

## ਖੱਟੀ ਵੇਲ !

*ਘੁੰਮਣ ਘੇਰੀ ਬਣ ਰਹੀ, ਡੁੱਬਣਗੇ ਸਭ ਦੇਸ਼।*
*ਦਲਦਲ ਜਾਂਦੀ ਫੈਲਦੀ, ਖੁੱਭਣਗੇ ਸਭ ਦੇਸ਼ ।*
*ਸੂਈ ਬਣ ਇੱਕ ਦੂਏ ਦੇ, ਚੁੱਭਣਗੇ ਸਭ ਦੇਸ਼।*
*ਖੱਟੀ ਵੇਲ ਹੈ ਜੰਗ ਦੀ, ਉੱਬਣਗੇ ਸਭ ਦੇਸ਼।*
*ਦੂਜੀ ਤੀਜੀ ਜੰਗ ਦਾ, ਭੁੱਲਦਾ ਨੀ ਅਜੇ ਸੇਕ।*
*ਸੁਣੀ ਜੋ ਤਾਜ਼ਾ ਸਮਝ ਕੇ, ਉਹ ਵੀ ਨਿਕਲੀ ਫੇਕ!*

**-ਗੁਲਪੁਰ**

# ਕਿਰਤ ਸ਼ਕਤੀ 'ਚ ਔਰਤਾਂ ਦੀ ਹਿੱਸੇਦਾਰੀ ਤੇ ਲਿੰਗਕ ਪਾੜਾ

**ਡਾ. ਅਨੂਪ ਸਿੰਘ**

ਅੰਤਰ-ਰਾਸ਼ਟਰੀ ਕਿਰਤ ਸੰਗਠਨ (ਆਈ ਐੱਲ ਓ) ਦੀ 2024 ਦੀ ਰਿਪੋਰਟ ਅਨੁਸਾਰ ਭਾਰਤ 'ਚ 53 ਫੀਸਦੀ ਔਰਤਾਂ ਬਾਲ ਸੰਭਾਲ ਤੇ ਘਰੇਲੂ ਕੰਮਕਾਰ ਕਾਰਨ ਕਿਰਤ ਸ਼ਕਤੀ ਦਾ ਹਿੱਸਾ ਨਹੀਂ ਬਣ ਸਕਦੀਆਂ । ਅੰਤਰ-ਰਾਸ਼ਟਰੀ ਕਿਰਤ ਸੰਗਠਨ (ਆਈ ਐੱਲ ਓ) ਦੀ ਇਸ ਰਿਪੋਰਟ ਅਨੁਸਾਰ ਵਿਸ਼ਵ ਪੱਧਰ 'ਤੇ ਹੀ ਲਿੰਗਕ ਭੂਮਿਕਾਵਾਂ ਵੱਡੀ ਹੱਦ ਤੱਕ ਪੁਰਸ਼ਾਂ ਦੇ ਹੱਕ 'ਚ ਝੁਕੀਆਂ ਹੋਈਆਂ ਹਨ । ਸਿੱਟੇ ਵਜੋਂ ਸਾਡੇ ਦੇਸ਼ 'ਚ 2017-18 ਵਿਚ ਔਰਤਾਂ ਦੀ ਕਿਰਤ ਸ਼ਕਤੀ ਵਿਚ ਭਾਗੀਦਾਰੀ 23 ਫੀਸਦੀ ਸੀ, ਜੋ 2022-23 ਵਿਚ ਵਧ ਕੇ 37 ਫੀਸਦੀ ਹੋ ਗਈ ਹੈ, ਪਰ ਇਹ ਵਧੀ ਹੋਈ ਹਿੱਸੇਦਾਰੀ ਮੁੱਖ ਰੂਪ 'ਚ ਪੇਂਡੂ ਖੇਤਰਾਂ 'ਚ ਖੇਤੀਬਾੜੀ ਨਾਲ ਸੰਬੰਧਤ ਕੰਮ ਧੰਦਿਆਂ ਵਿਚ ਹੀ ਹੈ । ਅੰਤਰ-ਰਾਸ਼ਟਰੀ ਕਿਰਤ ਸੰਗਠਨ ਦੇ ਇਨ੍ਹਾਂ ਅੰਕੜਿਆਂ 'ਚ ਭਾਰਤ ਲਈ ਇਹ ਕੋਈ ਤਸੱਲੀ ਵਾਲੀ ਗੱਲ ਨਹੀਂ ਕਿ ਅਫ਼ਰੀਕਾ ਤੇ ਅਰਬ ਦੇਸ਼ਾਂ 'ਚ ਭਾਰਤ ਨਾਲੋਂ ਵੀ ਵੱਧ ਔਰਤਾਂ ਕਿਰਤ ਸ਼ਕਤੀ ਤੋਂ ਬਾਹਰ ਹਨ ।

ਹੱਲ ਬਾਰੇ ਚਰਚਾ ਕਰਦਿਆਂ ਇਹੀ ਤੱਥ ਉੱਭਰ ਕੇ ਸਾਹਮਣੇ ਆਉਂਦਾ ਹੈ ਕਿ ਬਾਲ ਸੰਭਾਲ ਦੇ ਖੇਤਰ 'ਚ ਵੱਧ ਤੋਂ ਵੱਧ ਪੂੰਜੀ ਨਿਵੇਸ਼ ਕੀਤਾ ਜਾਵੇ । ਭਾਰਤ 'ਚ ਆਂਗਣਵਾੜੀ ਸਕੀਮ ਪੂਰੇ ਵਿਸ਼ਵ 'ਚ ਸਭ ਤੋਂ ਵਿਸ਼ਾਲ ਹੈ । ਇਹ ਛੇ ਸਾਲ ਦੀ ਉਮਰ ਤੱਕ ਮਾਸੂਮ ਬਾਲਾਂ ਨੂੰ ਪੌਸ਼ਟਿਕ ਭੋਜਨ ਤੇ ਸਿਹਤ ਸੇਵਾਵਾਂ ਪ੍ਰਦਾਨ ਕਰਨ 'ਚ ਸਿੱਧੇ ਰੂਪ 'ਚ ਸਹਾਇਤਾ ਕਰਦੀਆਂ ਹਨ । ਬੌਧਿਕ ਵਿਕਾਸ ਲਈ ਇਹੀ ਸਾਲ ਸਭ ਤੋਂ ਮਹੱਤਵਪੂਰਨ ਹਨ । ਇਸ ਲਈ ਮਾਪਿਆਂ ਤੇ ਆਂਗਣਵਾੜੀ ਵਰਕਰਾਂ ਨੂੰ ਜ਼ਿਆਦਾ ਸਤਰਕ ਅਤੇ ਜ਼ਿੰਮੇਵਾਰ ਬਣਾਇਆ ਜਾਵੇ । ਭਾਰਤ ਸਰਕਾਰ ਨੇ ਕੁਝ ਸਾਲ ਪਹਿਲਾਂ ਇਸ ਸਕੀਮ ਨੂੰ ਆਂਗਣਵਾੜੀ ਤੇ ਬਾਲ ਸੰਭਾਲ ਕੇਂਦਰਾਂ ਵਜੋਂ ਬਦਲ ਦਿੱਤਾ ਸੀ ।

ਔਰਤਾਂ ਲਈ ਜੋ ਹਾਲਾਤ ਇਰਾਨ, ਮਿਸਰ, ਜਾਰਡਨ ਅਤੇ ਮਾਲੀ ਆਦਿ ਦੇਸ਼ਾਂ ਵਿਚ ਹਨ, ਉਹੀ ਹਾਲਾਤ ਭਾਰਤ 'ਚ ਹਨ । ਇਨ੍ਹਾਂ ਦੇਸ਼ਾਂ ਵਿਚ 50 ਫੀਸਦੀ ਤੋਂ ਵੱਧ ਔਰਤਾਂ ਬਾਲ ਸੰਭਾਲ ਤੇ ਘਰੇਲੂ ਕੰਮਕਾਰ ਕਾਰਨ ਕਿਰਤ ਸ਼ਕਤੀ ਤੋਂ ਬਾਹਰ ਹਨ । ਭਾਰਤ 'ਚ ਜਦੋਂ 53 ਫੀਸਦੀ ਔਰਤਾਂ ਬਾਲ ਸੰਭਾਲ ਤੇ ਘਰੇਲੂ ਕੰਮਕਾਰ 'ਚ ਲੱਗੀਆਂ ਹੋਣ ਕਾਰਨ ਕਿਰਤ ਸ਼ਕਤੀ ਦਾ ਹਿੱਸਾ ਨਹੀਂ ਬਣ ਸਕਦੀਆਂ ਤਾਂ ਉਸ ਵੇਲੇ ਪੁਰਸ਼ਾਂ 'ਚ ਬਾਲ ਸੰਭਾਲ ਕਾਰਨ ਕੇਵਲ 1.1 ਫੀਸਦੀ ਪੁਰਸ਼ ਹੀ ਕਿਰਤ ਸ਼ਕਤੀ ਦਾ ਹਿੱਸਾ ਨਹੀਂ ਬਣ ਸਕੇ । ਦੂਜੇ ਪਾਸ ਬਾਲ ਸੰਭਾਲ ਕਾਰਨ ਬੇਲਾਰੂਸ, ਬੁਲਗਾਰੀਆ, ਲਾਤਾਵੀਆ ਅਤੇ ਸਵੀਡਨ ਆਦਿ ਦੇਸ਼ਾਂ ਵਿਚ ਕੇਵਲ 10 ਫੀਸਦੀ ਔਰਤਾਂ ਹੀ ਪੱਕੇ ਰੁਜ਼ਗਾਰ ਤੋਂ ਬਾਹਰ ਹਨ । ਇਕ ਹੋਰ ਰਿਪੋਰਟ, ਜੋ ਅਕਤੂਬਰ 2024 ਵਿਚ ਜਾਰੀ ਹੋਈ ਸੀ ਅਤੇ ਜਿਸ ਦਾ ਸੰਬੰਧ ਸਕੂਲ ਜਾਂਦੇ ਬੱਚਿਆਂ ਨਾਲ ਹੈ, ਦੱਸਦੀ ਹੈ ਕਿ ਜ਼ਿਆਦਾ ਪਰਿਵਾਰਕ/ਘਰੇਲੂ ਕੰਮ ਕਾਰਨ ਉਨ੍ਹਾਂ ਦੀ ਸਿੱਖਿਆ ਪ੍ਰਭਾਵਿਤ ਹੁੰਦੀ ਹੈ । ਯੂਨੀਸੈੱਫ ਦੇ ਇਕ ਅਧਿਐਨ ਅਨੁਸਾਰ ਇਸ ਆਯੂ ਗੁੱਟ ਵਿਚ ਮੁੰਡਿਆਂ ਦੇ ਮੁਕਾਬਲੇ ਕੁੜੀਆ ਘਰੇਲੂ ਕੰਮ ਕਾਰ ਦਾ ਜ਼ਿਆਦਾ ਬੋਝ ਉਠਾਉਂਦੀਆਂ ਹਨ । 32.9 ਫੀਸਦੀ ਕੁੜੀਆਂ ਦੇ ਮੁਕਾਬਲੇ ਕੇਵਲ 9.1 ਫੀਸਦੀ ਮੁੰਡੇ ਹੀ ਘਰੇਲੂ ਕੰਮਕਾਰ 'ਚ ਹਿੱਸਾ ਲੈਂਦੇ ਹਨ ।

ਯੂਨੀਸੈੱਫ ਦੇ ਅਧਿਐਨ ਅਨੁਸਾਰ ਉਨ੍ਹਾਂ ਸੇਵਾਵਾਂ ਵਿਚ ਵੱਧ ਤੋਂ ਵੱਧ ਨਿਵੇਸ਼ ਕੀਤਾ ਜਾਵੇ, ਜਿਹੜੀਆਂ ਘਰੇਲੂ ਕੰਮਕਾਜ ਦੇ ਬੋਝ ਨੂੰ ਘਟਾਉਣ 'ਚ ਸਹਾਇਤਾ ਕਰਨ ਜਿਵੇਂ ਪਾਣੀ ਅਤੇ ਊਰਜਾ (ਬਾਲਣ, ਰਸੋਈ ਗੈਸ ਤੇ ਸਸਤੀ, ਸੁਰੱਖਿਅਤ ਤੇ ਬਿਜਲੀ ਸਪਲਾਈ) ਆਦਿ । ਪਿੰਡਾਂ 'ਚ ਅਜਿਹੀਆਂ ਬਾਲ ਸੇਵਾਵਾਂ ਦੀ ਵਿਵਸਥਾ ਕਰਨੀ ਚਾਹੀਦੀ ਹੈ, ਜਿਨ੍ਹਾਂ ਦਾ ਖਰਚਾ ਵੱਧ ਤੋਂ ਵੱਧ ਪਰਿਵਾਰ ਉਠਾ ਸਕਣ, ਸਮਾਜਿਕ ਸੁਰੱਖਿਆ ਪ੍ਰੋਗਰਾਮ ਅਤੇ ਲਿੰਗਕ ਸਮਾਨਤਾ ਨੂੰ ਬੜਾਵਾ ਦੇਣ ਵਾਲੀਆਂ ਸੇਵਾਵਾਂ ਮੁਹੱਈਆ ਕਰਵਾਉਣਾ ਆਦਿ ਕੁਝ ਹੋਰ ਸਿਫਾਰਿਸ਼ਾਂ ਹਨ । ਇਹ ਸਾਕਾਰਾਤਮਕ ਸੁਝਾਅ ਹਨ, ਜੋ ਲਿੰਗਕ ਭਿੰਨ-ਭੇਦ ਨੂੰ ਘੱਟ ਕਰਨ 'ਚ ਸਹਾਈ ਹੋ ਸਕਦੇ ਹਨ, ਵਿਸ਼ੇਸ਼ ਕਰਕੇ ਉਨ੍ਹਾਂ ਲੜਕੀਆਂ ਲਈ ਜਿਹੜੀਆਂ ਘਰੇਲੂ ਕੰਮਾਂ ਕਾਰਨ ਆਪਣੀ ਪੜ੍ਹਾਈ ਵੱਲ ਧਿਆਨ ਨਹੀਂ ਦੇ ਸਕਦੀਆਂ, ਪਰ ਇਨ੍ਹਾਂ ਮਸਲਿਆਂ ਵੱਲ ਰਾਜਨੀਤਕ ਜਮਾਤ ਤੇ ਅਫਸਰਸ਼ਾਹਾਂ ਨੂੰ ਬਹੁਤ ਪਹਿਲਾਂ ਧਿਆਨ ਦੇਣਾ ਚਾਹੀਦਾ ਸੀ, ਜਦੋਂ ਉਹ ਔਰਤਾਂ ਦੀ ਕਿਰਤ ਸ਼ਕਤੀ 'ਚ ਭਾਗੀਦਾਰੀ ਵਧਾਉਣ ਲਈ ਨੀਤੀਆਂ ਘੜ ਰਹੇ ਸਨ ਅਤੇ ਫੈਸਲੇ ਲੈ ਰਹੇ ਸਨ । ਯਾਦ ਰਹੇ ਕਿ ਬਾਲ ਸੰਭਾਲ ਸੇਵਾਵਾਂ ਦੀ ਉੱਤਮਤਾ ਕਾਰਨ ਪੂਰਬੀ ਯੂਰਪ ਦੇ ਦੇਸ਼ਾਂ ਵਿਚ ਕੇਵਲ 11 ਫੀਸਦੀ ਔਰਤਾਂ ਹੀ ਘਰੇਲੂ ਕੰਮਕਾਰ 'ਚ ਲੱਗੀਆਂ ਹੋਈਆਂ ਹਨ । ਇਸ ਲਈ ਆਪਣੇ ਦੇਸ਼ ਵਿਚ ਮੌਜੂਦਾ ਆਂਗਣਵਾੜੀ ਤੇ ਬਾਲ ਸੰਭਾਲ ਘਰਾਂ ਨੂੰ ਮਜ਼ਬੂਤ ਕੀਤਾ ਜਾਵੇ । ਦੂਜੇ, ਸ਼ਹਿਰੀ ਖੇਤਰਾਂ ਵਿਚ ਵਿਸ਼ੇਸ਼ ਬਾਲ ਸੰਭਾਲ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ ।

ਦੂਜਾ ਦੁੱਖਦਾਈ ਪੱਖ ਇਹ ਵੀ ਹੈ ਕਿ ਕੰਮਕਾਜੀ ਔਰਤਾਂ ਦੀਆਂ ਸਮੱਸਿਆਵਾਂ ਰੁਜ਼ਗਾਰ ਪ੍ਰਾਪਤੀ ਵੇਲੇ ਹੀ ਸ਼ੁਰੂ ਹੋ ਜਾਂਦੀਆਂ ਹਨ । ਸਪੱਸ਼ਟ ਸ਼ਬਦਾਂ 'ਚ ਰੁਜ਼ਗਾਰ ਪ੍ਰਾਪਤੀ ਦੀ ਪ੍ਰਕਿਰਿਆ ਦੌਰਾਨ ਹੀ ਸ਼ੋਸ਼ਣ ਸ਼ੁਰੂ ਹੋ ਜਾਂਦਾ ਹੈ, ਜਿਵੇਂ ਇੰਟਰਵਿਊ ਦੌਰਾਨ ਅਣਸੁਖਾਵੇਂ ਤੇ ਨਾਰੀਤਵ ਦੇ ਉਲੰਘਣ ਵਾਲੇ ਪ੍ਰਸ਼ਨ ਪੁੱਛਣੇ ਆਦਿ । ਪ੍ਰਾਈਵੇਟ ਅਦਾਰੇ ਸੰਸਥਾਵਾਂ ਤੇ ਕੰਪਨੀਆਂ ਵਿਚ ਇਕਸਾਰ ਯੋਗਤਾ ਦੇ ਬਾਵਜੂਦ ਬਰਾਬਰ ਪੇ-ਸਕੇਲ ਤੇ ਭੱਤੇ ਘੱਟ ਦੇਣੇ, ਪ੍ਰਸੂਤੀ ਛੁੱਟੀ ਸਰਕਾਰੀ ਅਦਾਰਿਆਂ ਦੇ ਬਰਾਬਰ ਨਾ ਦੇਣਾ ਜਾਂ ਟਾਲ-ਮਟੋਲ ਕਰਨਾ ਜਾਂ ਗਰਭਵਤੀ ਜਾਂ ਸੰਭਾਵੀ ਗਰਭ ਧਾਰਨ ਕਰਨ ਵਾਲੀਆਂ ਔਰਤਾਂ ਨੂੰ ਰੁਜ਼ਗਾਰ ਹੀ ਨਾ ਦੇਣਾ । ਉੱਚ ਅਧਿਕਾਰੀਆਂ ਵੱਲੋਂ ਕੰਮ ਦੇ ਨਿਸਚਿਤ ਘੰਟਿਆਂ ਤੋਂ ਬਾਅਦ ਰੁਕਣ ਲਈ ਕਹਿਣਾ ਆਮ ਗੱਲ ਹੈ । ਔਰਤਾਂ ਲਈ ਵੱਖਰੇ ਵਾਸ਼ ਰੂਮਜ਼ ਤੇ ਟਾਇਲਟ ਆਦਿ ਨਾ ਹੋਣਾ । ਛੋਟੇ ਬੱਚਿਆਂ ਵਾਲੀਆਂ ਮਾਵਾਂ ਲਈ ਕਰੈਚਿਜ਼ ਦਾ ਨਾ ਹੋਣਾ ।

ਆਉ, ਹੁਣ ਭਾਰਤ 'ਚ ਮੌਜੂਦ ਲਿੰਗਕ ਪਾੜੇ ਬਾਰੇ ਥੋੜ੍ਹੀ ਚਰਚਾ ਕਰੀਏ । ਲਿੰਗਕ ਪਾੜੇ ਬਾਰੇ ਅੰਤਰ-ਰਾਸ਼ਟਰੀ ਰਿਪੋਰਟ (2025) ਅਨੁਸਾਰ ਭਾਰਤ 148 ਦੇਸ਼ਾਂ ਵਿਚੋਂ 131ਵੇਂ ਸਥਾਨ 'ਤੇ ਹੈ । ਦੱਖਣ-ਪੂਰਬੀ ਏਸ਼ੀਆ ਤੇ ਗੁਆਂਢੀ ਦੇਸ਼ਾਂ ਦੀ ਸਥਿਤੀ ਹੇਠ ਲਿਖੇ ਅਨੁਸਾਰ ਹੈ :

**ਸਰਵੇ ਅਧੀਨ ਕੁੱਲ ਦੇਸ਼—148**

| ਦੇਸ਼ | ਦਰਜਾ |
|---|---|
| ਭਾਰਤ | 131 ਵੇਂ |
| ਪਾਕਿਸਤਾਨ | 148 ਵੇਂ |
| ਬੰਗਲਾਦੇਸ਼ | 94 ਵੇਂ |
| ਭੂਟਾਨ | 119 ਵੇਂ |
| ਨੇਪਾਲ | 125 ਵੇਂ |
| ਸ੍ਰੀਲੰਕਾ | 130 ਵੇਂ |
| ਚੀਨ | 106 ਵੇਂ |

ਸਪੱਸ਼ਟ ਹੈ ਕਿ ਪਾਕਿਸਤਾਨ ਵਿਚ ਲਿੰਗਕ ਪਾੜੇ ਸਿਖ਼ਰ 'ਤੇ ਹਨ ਅਤੇ ਬਾਕੀ ਦੱਖਣ-ਪੂਰਬੀ ਦੇਸ਼ ਭਾਰਤ ਨਾਲੋਂ ਚੰਗੇਰੀ ਸਥਿਤੀ ਵਿਚ ਹਨ । ਲਿੰਗਕ ਪਾੜੇ ਨੂੰ ਨਿਰਧਾਰਿਤ ਕਰਨ ਲਈ ਚਾਰ ਪ੍ਰਮੁੱਖ ਮਾਪਦੰਡ ਹਨ । (ੳ) ਆਰਥਿਕ ਸ਼ਮੂਲੀਅਤ (ਅ) ਸਿੱਖਿਆ ਪ੍ਰਾਪਤੀ ਲਈ ਸਕੂਲੀ ਵਰ੍ਹੇ (ੲ) ਸਿਹਤ ਤੇ ਔਸਤ ਉਮਰ (ਸ) ਰਾਜਨੀਤਕ ਪ੍ਰਤੀਨਿਧਤਾ। ਲਿੰਗਕ ਪਾੜਿਆਂ ਬਾਰੇ ਆਲਮੀ ਰਿਪੋਰਟ (2025) ਅਨੁਸਾਰ ਆਰਥਿਕ ਸ਼ਕਤੀਕਰਨ ਦੇ ਪੱਖ ਤੋਂ ਭਾਰਤ 148 ਦੇਸ਼ਾਂ ਵਿਚੋਂ 144 ਵੇਂ ਸਥਾਨ 'ਤੇ ਹੈ । ਸਮੁੱਚੀ ਦੁਨੀਆਂ ਵਿਚ ਕੁੱਲ ਵਸੋਂ ਦੀ ਕਿਰਤ ਸ਼ਕਤੀ ਵਿਚ 35 ਫੀਸਦੀ ਔਰਤਾਂ ਅਤੇ 76.41 ਫੀਸਦੀ ਪੁਰਸ਼ ਕਿਸੇ ਨਾ ਕਿਸੇ ਰੁਜ਼ਗਾਰ ਵਿਚ ਹਨ । ਰਾਜਨੀਤਕ ਪ੍ਰਤੀਨਿਧਤਾ ਪੱਖੋਂ ਨਮੂਨੇ ਵਜੋਂ 2019 ਵਿਚ ਲੋਕ ਸਭਾ ਵਿਚ 78 ਔਰਤ ਸਾਂਸਦ ਸਨ ਅਤੇ 2024 ਵਿਚ ਘਟ ਕੇ 74 ਰਹਿ ਗਏ । ਭਾਵ ਔਰਤਾਂ ਦੀ ਪ੍ਰਤੀਨਿਧਤਾ 14 ਫੀਸਦੀ ਤੋਂ ਮਾਮੂਲੀ ਵੱਧ ਹੈ ।

ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ ਅਹਿਮਦਾਬਾਦ ਨੇ 2022 ਵਿਚ ਔਰਤਾਂ ਨੂੰ ਸਰਵਉੱਚ ਅਹੁਦਿਆਂ 'ਤੇ ਪਹੁੰਚਣ ਵਿਚ ਆਉਂਦੀਆਂ ਰੁਕਾਵਟਾਂ ਬਾਰੇ ਅਧਿਐਨ ਉਪਰੰਤ ਦੱਸਿਆ ਕਿ ਉਨ੍ਹਾਂ ਅਧਿਐਨ ਕੀਤੀਆਂ 200 ਕੰਪਨੀਆਂ ਵਿਚ ਕੇਵਲ 34 ਫੀਸਦੀ ਔਰਤਾਂ ਉੱਚੇ ਅਹੁੱਦਿਆਂ 'ਤੇ ਸਨ । ਉਨ੍ਹਾਂ ਵਿਚੋਂ 21 ਕੰਪਨੀਆਂ ਵਿਚ ਕੇਵਲ ਇਕ ਔਰਤ ਚੋਟੀ ਦੇ ਅਹੁਦੇ 'ਤੇ ਸੀ । ਕੇਵਲ 7 ਫੀਸਦੀ ਔਰਤਾਂ ਸੀਨੀਅਰ ਮੈਨੇਜਮੈਂਟ ਦੀ ਭੂਮਿਕਾ ਵਿਚ ਸਨ ।

ਪੱਖਪਾਤੀ ਰੋਕਾਂ-ਰੁਕਾਵਟਾਂ ਤੋੜਨ ਦੇ ਬਾਵਜੂਦ ਔਰਤਾਂ ਬਰਾਬਰ ਕੰਮ ਦੇ ਇਵਜ਼ 'ਚ ਬਰਾਬਰ ਦੀ ਤਨਖਾਹ ਪ੍ਰਾਪਤ ਕਰਨ ਦੇ ਮੁੱਢਲੇ ਅਧਿਕਾਰ ਨੂੰ ਵੀ ਹਾਸਲ ਨਹੀਂ ਕਰ ਸਕੀਆਂ । ਮਿਆਦੀ ਕਿਰਤ ਬਲ ਸਰਵੇਖਣ 2022 ਦੇ ਅਨੁਸਾਰ ਭਾਰਤ ਵਿਚ ਪੁਰਸ਼ਾਂ ਨੂੰ ਮਿਲਦੇ 100 ਰੁਪਏ ਦੇ ਮੁਕਾਬਲੇ ਔਰਤਾਂ ਨੂੰ 61 ਰੁਪਏ ਦੀ ਅਦਾਇਗੀ ਹੁੰਦੀ ਹੈ । ਭਾਰਤ ਵਿਚ 1976 ਵਿਚ ਹੀ ਬਰਾਬਰ ਮਿਹਨਤਾਨਾ ਕਾਨੂੰਨ ਬਣਾਇਆ ਗਿਆ ਸੀ, ਜਿਸ ਨੂੰ ਬਾਅਦ ਵਿਚ 2019 ਵਿਚ ਉਜ਼ਰਤਾਂ ਬਾਰੇ ਕੋਡ ਵਿਚ ਕਾਨੂੰਨ ਬਦਲਿਆ ਗਿਆ ।

**# ਸੰਪਰਕ : 98768-01268**

# ਪ੍ਰਾਈਵੇਟ ਸਕੂਲਾਂ ਦੀ ਜ਼ਬਰਦਸਤੀ ਅੱਗੇ ਝੁਕਦੇ ਮਾਪੇ

**ਰਣਬੀਰ ਸਿੰਘ**

ਪੰਜਾਬ ਵਿੱਚ ਪ੍ਰਾਈਵੇਟ ਸਕੂਲਾਂ ਦੀ ਮਨਮਾਨੀ ਦੇ ਮਾਮਲੇ ਦਿਨੋਂ-ਦਿਨ ਵਧਦੇ ਜਾ ਰਹੇ ਹਨ । ਸਿੱਖਿਆ ਦੇ ਨਾਂਅ 'ਤੇ ਇਸ ਵੇਲੇ ਜੋ ਧੁੰਦੂਕਾਰ ਮਚਿਆ ਹੋਇਆ ਹੈ, ਉਸ ਵਿੱਚ ਮਾਪਿਆਂ ਦੀ ਹੀ ਆਰਥਿਕ ਲੁੱਟ ਨਹੀਂ ਹੋ ਰਹੀ, ਸਗੋਂ ਬੱਚਿਆਂ ਦੀ ਮਾਨਸਿਕਤਾ ਨਾਲ਼ ਵੀ ਖੇਡਿਆ ਜਾ ਰਿਹਾ ਹੈ । ਮੇਰੇ ਇਲਾਕੇ ਦਾ ਇੱਕ ਨਾਮਵਰ ਸਕੂਲ ਇਸ ਦੀ ਤਾਜ਼ਾ ਮਿਸਾਲ ਬਣ ਕੇ ਸਾਹਮਣੇ ਆਇਆ ਹੈ, ਜਿੱਥੇ ਸਿੱਖਿਆ ਦੇ ਅਸਲ ਮਕਸਦ ਨੂੰ ਨਜ਼ਰਅੰਦਾਜ਼ ਕਰਕੇ ਬੱਚਿਆਂ 'ਤੇ ਦਬਾਅ ਬਣਾਇਆ ਜਾ ਰਿਹਾ ਹੈ। ਇਸ ਸਕੂਲ ਵਿੱਚ ਬੱਚਿਆਂ ਨੂੰ ਚੰਗੀ ਸਿੱਖਿਆ ਦੇਣ ਅਤੇ ਉਨ੍ਹਾਂ ਨੂੰ ਮਾਨਸਿਕ ਤੌਰ 'ਤੇ ਮਜ਼ਬੂਤ ਬਣਾਉਣ ਦੀ ਬਜਾਏ, ਨਤੀਜਿਆਂ ਦੇ ਆਧਾਰ 'ਤੇ ਅੰਕਾਂ ਦੀ ਦੌੜ ਵਿੱਚ ਧੱਕਿਆ ਜਾ ਰਿਹਾ ਹੈ। ਜੇਕਰ ਕਿਸੇ ਬੱਚੇ ਦੇ ਸਲਾਨਾ ਇਮਤਿਹਾਨ ਵਿੱਚ ਨੰਬਰ ਘੱਟ ਆ ਜਾਂਦੇ ਹਨ, ਤਾਂ ਉਸ ਦੀ ਹੌਸਲਾ-ਅਫ਼ਜ਼ਾਈ ਕਰਨ ਦੀ ਥਾਂ ਉਸ ਦੇ ਮਾਪਿਆਂ ਨੂੰ ਸਕੂਲ ਵਿੱਚ ਬੁਲਾ ਕੇ ਜ਼ਲੀਲ ਕੀਤਾ ਜਾਂਦਾ ਹੈ। ਇਹ ਨਾ ਸਿਰਫ਼ ਗਲਤ ਤਰੀਕਾ ਹੈ, ਸਗੋਂ ਬੱਚੇ ਦੇ ਦਿਲ ਤੇ ਦਿਮਾਗ 'ਤੇ ਵੀ ਮਾੜਾ ਅਸਰ ਪੈਂਦਾ ਹੈ। ਬੱਚਾ ਆਪਣੇ ਆਪ ਨੂੰ ਕਮਜ਼ੋਰ ਸਮਝਣ ਲੱਗ ਪੈਂਦਾ ਹੈ ਅਤੇ ਉਸ ਦਾ ਆਤਮ-ਵਿਸ਼ਵਾਸ ਟੁੱਟ ਜਾਂਦਾ ਹੈ।

ਇੱਥੇ ਹੀ ਗੱਲ ਖਤਮ ਨਹੀਂ ਹੁੰਦੀ, ਸਕੂਲ ਪ੍ਰਬੰਧਕ ਆਪਣੀ ਜ਼ਿੰਮੇਵਾਰੀ ਮੰਨਣ ਦੀ ਬਜਾਏ ਬੱਚੇ ਨੂੰ ਸਕੂਲ ਵਿੱਚੋਂ ਕੱਢਣ ਦਾ ਡਰਾਵਾ ਦਿੰਦੇ ਹਨ, ਜਦ ਕਿ ਪੂਰੇ ਸਾਲ ਵਿੱਚ ਸਕੂਲ਼ ਅਧਿਆਪਕਾਂ ਵੱਲੋਂ ਬੱਚੇ ਨੂੰ ਕਰਵਾਈ ਗਈ ਪੜ੍ਹਾਈ ਦੇ ਸਿਰ 'ਤੇ ਹੀ ਬੱਚੇ ਨੇ ਇਮਤਿਹਾਨ ਦਿੱਤਾ ਹੁੰਦਾ ਹੈ ਤਾਂ ਫਿਰ ਬੱਚੇ ਦੇ ਸਲਾਨਾ ਇਮਤਿਹਾਨ ਵਿੱਚ ਘੱਟ ਨੰਬਰ ਆਉਣ 'ਤੇ ਮਾਪੇ ਜ਼ੁੰਮੇਵਾਰ ਕਿਵੇਂ ਹੋਏ। ਇਸ ਲਈ ਤਾਂ ਸਿਰਫ ਸਕੂਲ਼ ਪ੍ਰਬੰਧਕ ਅਤੇ ਅਧਿਆਪਕ ਜ਼ਿੰਮੇਵਾਰ ਹਨ ਜਾਂ ਫਿਰ ਦੋਨਾਂ ਧਿਰਾਂ ਦੀ ਬਰਾਬਰ ਦੀ ਜ਼ਿੰਮੇਵਾਰੀ ਮਿੱਥੀ ਜਾਣੀ ਚਾਹੀਦੀ ਹੈ । ਫਿਰ ਵੀ ਬੱਚਿਆਂ ਦੇ ਮਾਪਿਆਂ ਨੂੰ ਕਿਹਾ ਜਾਂਦਾ ਹੈ ਕਿ ਜੇ ਬੱਚਾ ਪੜ੍ਹਾਈ ਵਿੱਚ ਅੱਗੇ ਨਹੀਂ ਵਧਦਾ, ਤਾਂ ਉਸ ਨੂੰ ਸਕੂਲ ਤੋਂ ਬਾਹਰ ਕਰ ਦਿੱਤਾ ਜਾਵੇਗਾ। ਇਹ ਸਿੱਧਾ-ਸਿੱਧਾ ਮਾਨਸਿਕ ਦਬਾਅ ਹੈ, ਜੋ ਮਾਪਿਆਂ ਨੂੰ ਮਜਬੂਰ ਕਰਦਾ ਹੈ ਕਿ ਉਹ ਹਰ ਗੱਲ ਚੁੱਪਚਾਪ ਸਹਿ ਲੈਣ।

ਕਾਨੂੰਨ ਇਸ ਬਾਰੇ ਬਿਲਕੁਲ ਸਾਫ਼ ਹੈ। ਸਿੱਖਿਆ ਦਾ ਅਧਿਕਾਰ ਕਾਨੂੰਨ 2009 (Right to Education Act, B@@I) ਮੁਤਾਬਕ 6 ਤੋਂ 14 ਸਾਲ ਦੇ ਹਰ ਬੱਚੇ ਨੂੰ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਹੱਕ ਹੈ। ਕੋਈ ਵੀ ਸਕੂਲ ਸਿਰਫ਼ ਇਸ ਕਾਰਨ ਬੱਚੇ ਨੂੰ ਨਹੀਂ ਕੱਢ ਸਕਦਾ ਕਿ ਉਹ ਪੜ੍ਹਾਈ ਵਿੱਚ ਕਮਜ਼ੋਰ ਹੈ। ਨਾ ਹੀ ਬੱਚਿਆਂ ਨੂੰ ਡਰਾ ਕੇ ਜਾਂ ਤੰਗ ਕਰਕੇ ਸਿੱਖਿਆ ਤੋਂ ਵਾਂਝਾ ਕੀਤਾ ਜਾ ਸਕਦਾ ਹੈ।

ਫਿਰ ਵੀ ਕਈ ਸਕੂਲ ਇਸ ਕਾਨੂੰਨ ਦੀ ਉਲੰਘਣਾ ਕਰ ਰਹੇ ਹਨ । ਮਾਪਿਆਂ 'ਤੇ ਦਬਾਅ ਪਾ ਕੇ ਉਨ੍ਹਾਂ ਤੋਂ ਲਿਖਤੀ ਹਲਫ਼ਨਾਮੇ ਲਏ ਜਾਂਦੇ ਹਨ । ਇਸ ਹਲਫ਼ਨਾਮੇ ਵਿੱਚ ਲਿਖਾਇਆ ਜਾਂਦਾ ਹੈ ਕਿ ਜੇ ਬੱਚਾ ਪੜ੍ਹਾਈ ਵਿੱਚ ਚੰਗਾ ਪ੍ਰਦਰਸ਼ਨ ਨਹੀਂ ਕਰਦਾ, ਤਾਂ ਸਕੂਲ ਉਸ ਨੂੰ ਬਾਹਰ ਕੱਢ ਸਕਦਾ ਹੈ ਅਤੇ ਮਾਪੇ ਕੋਈ ਵੀ ਵਿਰੋਧ ਨਹੀਂ ਕਰਨਗੇ। ਇਹ ਗੱਲ ਬਿਲਕੁਲ ਗਲਤ ਹੈ। ਅਜਿਹੇ ਕਾਗਜ਼ਾਂ ਦੀ ਕੋਈ ਕਾਨੂੰਨੀ ਮਾਨਤਾ ਨਹੀਂ ਹੁੰਦੀ, ਕਿਉਂਕਿ ਬੱਚੇ ਦਾ ਸਿੱਖਿਆ ਦਾ ਹੱਕ ਕਿਸੇ ਵੀ ਹਾਲਤ ਵਿੱਚ ਖਤਮ ਨਹੀਂ ਕੀਤਾ ਜਾ ਸਕਦਾ। ਇਸ ਸਾਰੇ ਮਾਮਲੇ ਵਿੱਚ ਸਿੱਖਿਆ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਵੀ ਬਹੁਤ ਵੱਡੀ ਹੈ। ਜੇਕਰ ਅਧਿਕਾਰੀ ਚਾਹੁਣ ਤਾਂ ਅਜਿਹੀਆਂ ਗਲਤੀਆਂ ਨੂੰ ਤੁਰੰਤ ਰੋਕਿਆ ਜਾ ਸਕਦਾ ਹੈ, ਪਰ ਕਈ ਵਾਰ ਦੇਖਣ ਵਿੱਚ ਆਉਂਦਾ ਹੈ ਕਿ ਅਧਿਕਾਰੀ ਆਪਣੀ ਜ਼ਿੰਮੇਵਾਰੀ ਢੰਗ ਨਾਲ ਨਹੀਂ ਨਿਭਾਉਂਦੇ ਅਤੇ ਸਿਆਸੀ ਜਾਂ ਸਕੂਲ ਮਾਲਕਾਂ ਦੇ ਦਬਾਅ ਹੇਠ ਆ ਕੇ ਕਾਰਵਾਈ ਕਰਨ ਤੋਂ ਕੰਨੀ ਕਤਰਾਉਂਦੇ ਹਨ। ਇਸ ਕਾਰਨ ਸਕੂਲਾਂ ਦੀ ਮਨਮਾਨੀ ਹੋਰ ਵਧਦੀ ਜਾਂਦੀ ਹੈ। ਇਸ ਗੰਭੀਰ ਮਾਮਲੇ ਵੱਲ ਪੰਜਾਬ ਦੇ ਸਿੱਖਿਆ ਮੰਤਰੀ ਨੂੰ ਵੀ ਖਾਸ ਧਿਆਨ ਦੇਣ ਦੀ ਲੋੜ ਹੈ। ਉਨ੍ਹਾ ਦੀ ਜ਼ਿੰਮੇਵਾਰੀ ਸਿਰਫ ਸਰਕਾਰੀ ਸਕੂਲਾਂ ਨੂੰ ਸੁਧਾਰਨ ਤੱਕ ਸੀਮਿਤ ਨਹੀਂ ਹੈ, ਸਗੋਂ ਉਹਨਾਂ ਪ੍ਰਾਈਵੇਟ ਸਕੂਲਾਂ 'ਤੇ ਵੀ ਨਿਗਰਾਨੀ ਕਰਨੀ ਜ਼ਰੂਰੀ ਹੈ, ਜੋ ਬੱਚਿਆਂ ਅਤੇ ਮਾਪਿਆਂ ਨਾਲ ਗਲਤ ਵਰਤਾਅ ਕਰ ਰਹੇ ਹਨ। ਸਮੇਂ ਦੀ ਲੋੜ ਹੈ ਕਿ ਅਜਿਹੇ ਸਕੂਲਾਂ ਖ਼ਿਲਾਫ਼ ਸਖ਼ਤ ਅਤੇ ਢੁਕਵੀਂ ਕਾਰਵਾਈ ਕੀਤੀ ਜਾਵੇ, ਤਾਂ ਜੋ ਇਹ ਮਨਮਾਨੀ ਰੁਕ ਸਕੇ। ਅੱਜ ਹਾਲਾਤ ਇਹ ਬਣ ਗਏ ਹਨ ਕਿ ਮਾਪੇ ਆਪਣੇ ਬੱਚਿਆਂ ਦੇ ਭਵਿੱਖ ਲਈ ਹਰ ਤਰ੍ਹਾਂ ਦਾ ਦਬਾਅ ਸਹਿ ਰਹੇ ਹਨ। ਨਾ ਉਹ ਖੁੱਲ੍ਹ ਕੇ ਬੋਲ ਸਕਦੇ ਹਨ ਅਤੇ ਨਾ ਹੀ ਵਿਰੋਧ ਕਰ ਸਕਦੇ ਹਨ। ਇਸ ਕਰਕੇ ਇਹ ਸਮੱਸਿਆ ਹੋਰ ਗੰਭੀਰ ਬਣਦੀ ਜਾ ਰਹੀ ਹੈ।

ਅਖੀਰ ਵਿੱਚ ਇਹ ਕਹਿਣਾ ਬਿਲਕੁਲ ਠੀਕ ਹੈ ਕਿ ਸਿੱਖਿਆ ਕੋਈ ਵਪਾਰ ਨਹੀਂ, ਸਗੋਂ ਹਰ ਬੱਚੇ ਦਾ ਅਧਿਕਾਰ ਹੈ। ਜੇ ਅਸੀਂ ਅੱਜ ਵੀ ਚੁੱਪ ਰਹੇ, ਤਾਂ ਆਉਣ ਵਾਲੇ ਸਮੇਂ ਵਿੱਚ ਇਹ ਸਮੱਸਿਆ ਹੋਰ ਵੱਡੀ ਹੋ ਜਾਵੇਗੀ। ਇਸ ਲਈ ਜ਼ਰੂਰੀ ਹੈ ਕਿ ਹੁਣੇ ਹੀ ਸਹੀ ਕਦਮ ਚੁੱਕੇ ਜਾਣ, ਤਾਂ ਜੋ ਬੱਚਿਆਂ ਨੂੰ ਇੱਕ ਸੁਰੱਖਿਅਤ ਅਤੇ ਨਿਆਂਪੂਰਨ ਸਿੱਖਿਆ ਮਾਹੌਲ ਮਿਲ ਸਕੇ ।

**# ਸੰਪਰਕ : 70094-77561**

# ਬੰਜਰ ਹੋਣ ਵੱਲ ਵਧ ਰਿਹਾ ਪੰਜਾਬ

**ਜਗਦੇਵ ਸ਼ਰਮਾ ਬੁਗਰਾ**

ਦੇਸ਼ 1947 ਵਿੱਚ ਆਜ਼ਾਦ ਹੋਇਆ । ਤਤਕਾਲੀ ਨੇਤਾਵਾਂ ਸਾਹਮਣੇ ਭੁੱਖਮਰੀ ਸਭ ਤੋਂ ਵੱਡੀ ਸਮੱਸਿਆ ਸੀ । ਹਰੀ ਕ੍ਰਾਂਤੀ ਜ਼ਰੀਏ ਸਾਂਝੇ ਪੰਜਾਬ ਅਤੇ ਪੱਛਮੀ ਉੱਤਰ ਪ੍ਰਦੇਸ਼ ਦੇ ਇਲਾਕਿਆਂ ਦੀ ਨਿਸ਼ਾਨਦੇਹੀ ਅਨਾਜ ਦੀ ਪੈਦਾਵਾਰ ਵਧਾਉਣ ਲਈ ਕੀਤੀ ਗਈ । ਭੁੱਖਮਰੀ ਦਾ ਹੱਲ ਤਾਂ ਹੋ ਗਿਆ, ਪ੍ਰੰਤੂ ਹਰੀ ਕ੍ਰਾਂਤੀ ਨੇ ਸਾਡੀ ਖੇਤੀ ਨੂੰ ਹਰੇ ਰੰਗ ਦੀ ਅਜਿਹੀ ਜੰਗ ਲਾਈ ਹੈ ਕਿ ਇਹ ਖਰਚਿਆਂ ਵੀ ਉੱਤਰ ਨਹੀਂ ਰਹੀ ।ਦੇਸ਼ ਤਾਂ ਰੱਜ ਕੇ ਖਾਣ ਲੱਗ ਗਿਆ, ਪ੍ਰੰਤੂ ਪੰਜਾਬੀ ਕਿਸਾਨ, ਤਥਾ ਕਥਿਤ ਅੰਨ ਦਾਤਾ ਖ਼ੁਦਕੁਸ਼ੀਆਂ ਦੇ ਰਾਹ ਪੈ ਗਿਆ । ਇਕੱਲੇ ਸਿੰਥੈਟਿਕ ਨਸ਼ਿਆਂ ਦੀ ਕੀ ਗੱਲ ਕਰਦੇ ਓ, ਪੰਜਾਬ ਦੀ ਧਰਤੀ ਦਾ ਜ਼ਰ੍ਹਾ-ਜ਼ਰ੍ਹਾ ਨਸ਼ਿਆਂ 'ਤੇ ਲੱਗ ਚੁੱਕਿਆ ਹੈ ।ਪੰਛੀਆਂ ਨੇ ਤਾਂ ਹਿਜਰਤ ਕਰਕੇ ਸੁਰੱਖਿਅਤ ਥਾਵਾਂ ਲੱਭ ਲਈਆਂ ਹਨ, ਪੰਜਾਬੀ ਕਿੱਥੇ ਜਾਣ ।ਸਾਡੀ ਸਰਕਾਰ ਨੇ ਐਨੇ ਟਿਊਬਵੈੱਲ ਕੁਨੈਕਸ਼ਨ ਦਿੱਤੇ , ਨੂੰ ਬਾਹਾਂ ਚਾੜ੍ਹ ਕੇ ਪਾਰਟੀ ਦੀ ਪ੍ਰਾਪਤੀ ਦੱਸਿਆ ਜਾ ਰਿਹਾ ਹੈ, ਪ੍ਰੰਤੂ ਦੂਜੇ ਬੰਨੇ ਆਉਣ ਵਾਲੀਆਂ ਪੀੜ੍ਹੀਆਂ ਲਈ ਜਨਮ ਤੋਂ ਪਹਿਲਾਂ ਹੀ ਕਬਰ ਖੋਦ ਦਿੱਤੀ ਗਈ ਹੈ ।

ਜਿਸ ਤਰਾਂ ਗਿਰਝਾਂ ਸਹਿਕ ਰਹੇ ਪਸ਼ੂ ਦਾ ਮਾਸ ਨੋਚਣ ਲਈ ਘਾਤ ਲਗਾ ਕੇ ਬੈਠੀਆਂ ਹੁੰਦੀਆਂ ਹਨ, ਠੀਕ ਉਸੇ ਤਰਾਂ ਪੰਜਾਬ ਦਾ ਪਾਣੀ ਝਪਟਣ ਲਈ ਗੁਆਂਢੀ ਰਾਜ ਰੂਪੀ ਗਿਰਝਾਂ ਘਾਤ ਲਗਾਈ ਬੈਠੀਆਂ ਹਨ । ਪੰਜਾਬੀਆਂ ਦਾ ਕਹਿਣਾ ਹੈ ਕਿ ਉਹਨਾਂ ਕੋਲ ਆਪਣੀਆਂ ਲੋੜਾਂ ਪੂਰੀਆਂ ਕਰਨ ਜੋਗਾ ਵੀ ਪਾਣੀ ਨਹੀਂ । ਅਜਿਹੇ ਵਿੱਚ ਗੁਆਂਢੀ ਰਾਜਾਂ ਨੂੰ ਪਾਣੀ ਦੇਣ ਦਾ ਸਵਾਲ ਕਿੱਥੋਂ ਪੈਦਾ ਹੋ ਜਾਂਦਾ ਹੈ । ਪੁਆੜੇ ਦੀ ਜੜ੍ਹ ਹੈ ਐੱਸ ਵਾਈ ਐੱਲ ਨਹਿਰ । ਰਾਜਨੀਤਕ ਲੋਕਾਂ ਨੇ ਆਪਣੇ ਫ਼ਾਇਦਿਆਂ ਨੂੰ ਮੁੱਖ ਰੱਖ ਕੇ ਇਹ ਗੈਰ-ਸੰਜੀਦਾ ਫੈਸਲਾ ਲਿਆ, ਜਿਸ ਦਾ ਰੇੜਕਾ ਅੱਜ ਤੱਕ ਨਹੀਂ ਮੁੱਕਿਆ ।

ਇਸੇ ਤਰ੍ਹਾਂ ਪੰਜਾਬ ਵਿਚੋਂ ਭਾਖੜਾ ਨਹਿਰ ਦੇ ਰਸਤੇ ਹਰਿਆਣੇ ਨੂੰ ਪਾਣੀ ਵਗ ਰਿਹਾ ਹੈ । ਹਰਿਆਣੇ ਦੀ ਹਾਲੇ ਵੀ ਤਸੱਲੀ ਨਹੀਂ । ਉਹ ਚਾਹੁੰਦੇ ਹਨ ਕਿ ਪੰਜਾਬ ਤਿਹਾਇਆ ਮਰੇ ਤਾਂ ਪਿਆ ਮਰੇ, ਉਹਨਾ ਕੋਲ ਆਪਣੇ ਹੱਕ ਵਿੱਚ ਦਲੀਲਾਂ ਦਾ ਘਾਟਾ ਨਹੀਂ । ਪਿਛਲੇ ਸਾਲ 2025 ਵਿੱਚ ਦੋਵਾਂ ਰਾਜਾਂ ਵਿੱਚ ਪਾਣੀ ਨੂੰ ਲੈ ਕੇ ਕਾਫੀ ਰੌਲਾ ਰਿਹਾ ਸੀ । ਹਰਿਆਣਾ ਸੋਕੇ ਦੀ ਦੁਹਾਈ ਦੇ ਕੇ ਵਾਧੂ ਪਾਣੀ ਮੰਗ ਰਿਹਾ ਸੀ ਅਤੇ ਪੰਜਾਬ ਡੈਮਾਂ ਵਿਚ ਪਾਣੀ ਦੇ ਘਟ ਰਹੇ ਪੱਧਰ ਕਾਰਨ ਵਾਧੂ ਪਾਣੀ ਦੇਣ ਤੋਂ ਇਨਕਾਰੀ ਸੀ ।ਸਾਡੇ ਦੇਸ਼ ਵਿੱਚ ਧਰਤੀ ਹੇਠਲੇ ਪਾਣੀ ਦੇ ਤੇਜ਼ੀ ਨਾਲ ਘਟਣ ਵਿੱਚ ਪੰਜਾਬ ਸਭ ਤੋਂ ਮੋਹਰੀ ਹੈ । ਪੰਜਾਬ ਤੋਂ ਬਾਅਦ ਹਰਿਆਣਾ , ਰਾਜਸਥਾਨ, ਦਿੱਲੀ ਅਤੇ ਗੁਜਰਾਤ ਪਾਣੀ ਦੀ ਵਰਤੋਂ ਵਿੱਚ ਮੋਹਰੀ ਸੂਬੇ ਹਨ ।

ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਬੜੇ ਚਿੰਤਾਜਨਕ ਦਰ ਨਾਲ ਹੇਠਾਂ ਜਾ ਰਿਹਾ ਹੈ । ਹਰ ਸਾਲ ਔਸਤਨ 0.49 ਮੀਟਰ ( ਲੱਗਭੱਗ ਅੱਧਾ ਮੀਟਰ ) ਪਾਣੀ ਦੀ ਸਤਹ ਥੱਲੇ ਚਲੀ ਜਾਂਦੀ ਹੈ । ਪਿਛਲੇ ਕੁਝ ਸਾਲਾਂ ਦੌਰਾਨ ਇਹ 16 -17 ਦੇ ਕੌਮੀ ਪੱਧਰ ਤੋਂ ਥੱਲੇ ਗਿਆ ਹੈ । ਅਜਿਹਾ ਹੋਣ ਪਿੱਛੇ ਸਭ ਤੋਂ ਵੱਡਾ ਕਾਰਨ ਹੈ ਖੇਤਾਂ ਦੀ ਸਿੰਜਾਈ ਲਈ ਟਿਊਬਵੈੱਲਾਂ ਰਾਹੀਂ ਧਰਤੀ ਹੇਠਲੇ ਪਾਣੀ ਦੀ ਬੇਸ਼ੁਮਾਰ ਦੁਰਵਰਤੋਂ । ਖੇਤੀਬਾੜੀ ਦੀ ਝੋਨੇ ਦੀ ਫ਼ਸਲ ਨੂੰ ਸਭ ਤੋਂ ਵੱਧ ਪਾਣੀ ਦੀ ਲੋੜ ਪੈਂਦੀ ਹੈ । ਇੱਕ ਕਿੱਲੋ ਚਾਵਲ ਤਿਆਰ ਕਰਨ ਲਈ ਅੰਦਾਜ਼ਨ 2500 ਤੋਂ 5000 ਲਿਟਰ ਪਾਣੀ ਦੀ ਖਪਤ ਹੁੰਦੀ ਹੈ, ਜਦ ਕਿ ਇੱਕ ਕਿਲੋ ਕਣਕ ਉਗਾਉਣ ਲਈ ਇਹੀ ਮਾਤਰਾ 1300 ਲਿਟਰ ਹੈ, ਯਾਨੀ ਕਿ ਤੀਜਾ ਚੌਥਾ ਹਿੱਸਾ । ਸਿੰਜਾਈ ਯੋਗ ਪਾਣੀ ਦੀ ਜ਼ਰੂਰਤ ਪੂਰੀ ਕਰਨ ਲਈ ਕਿਸਾਨ ਟਿਊਬਵੈੱਲ ਦੀ ਵਰਤੋਂ ਕਰਦਾ ਹੈ । ਪੰਜਾਬ ਵਿੱਚ 2024 ਦੇ ਅੰਕੜਿਆਂ ਮੁਤਾਬਿਕ 14 ਲੱਖ ਤੋਂ 15 ਲੱਖ ਦੇ ਕਰੀਬ ਟਿਊਬਵੈੱਲ ਹਨ । ਪੰਜਾਬ ਵਿੱਚ ਖੇਤੀਬਾੜੀ ਲਈ ਬਿਜਲੀ ਮੁਫਤ ਉਪਲੱਬਧ ਹੈ । ਮੁਫ਼ਤ ਬਿਜਲੀ ਨਾਲ ਚੱਲ ਰਹੇ ਐਨੇ ਸਾਰੇ ਟਿਊਬਵੈੱਲਾਂ ਦਾ ਬਹੁਤ ਸਾਰਾ ਪਾਣੀ ਅਜਾਈਂ ਹੀ ਚਲਾ ਜਾਂਦਾ ਹੈ । ਖਰਚੇ ਤੋਂ ਬੇਫ਼ਿਕਰ ਲੋਕ ਮੋਟਰ ਬੰਦ ਹੀ ਨਹੀਂ ਕਰਦੇ ।

ਪੰਜਾਬ ਵਿੱਚ ਕੁੱਲ 153 ਬਲਾਕ ਹਨ, ਜਿਨ੍ਹਾਂ ਵਿੱਚੋਂ 117 ਯਾਨੀ ਕਿ 79 ਫੀਸਦੀ ਬਲਾਕ ਡਾਰਕ ਜ਼ੋਨ ਵਿੱਚ ਵਰਗੀਕ੍ਰਿਤ ਹਨ । ਕੁੱਲ 23 ਜ਼ਿਲ੍ਹਿਆਂ ਵਿੱਚੋਂ 19 ਡਾਰਕ ਜ਼ੋਨ ਵਿੱਚ ਆਉਂਦੇ ਹਨ । ਸਭ ਤੋਂ ਜ਼ਿਆਦਾ ਪ੍ਰਭਾਵਤ ਜ਼ਿਲ੍ਹਿਆਂ ਵਿੱਚ ਬਰਨਾਲਾ, ਬਠਿੰਡਾ, ਫ਼ਤਹਿਗੜ੍ਹ ਸਾਹਿਬ , ਹੁਸ਼ਿਆਰਪੁਰ , ਜਲ਼ੰਧਰ , ਮੋਗਾ, ਮੋਹਾਲੀ , ਪਠਾਨਕੋਟ ਪਟਿਆਲਾ ਅਤੇ ਸੰਗਰੂਰ ਹਨ । ਇਹ ਵਰਗੀਕਰਨ ਸੈਂਟਰਲ ਗਰਾਊਂਡ ਵਾਟਰ ਬੋਰਡ ਨੇ 2024 ਵਿੱਚ ਕੀਤਾ ਸੀ । ਸਰਕਾਰਾਂ ਨੂੰ ਪਤਾ ਹੈ ਕਿ ਪਾਣੀ ਦਾ ਪੱਧਰ ਲੋੜੋਂ ਵੱਧ ਹੇਠਾਂ ਜਾਣ ਦਾ ਕਾਰਨ ਇਹ ਟਿਊਬਵੈੱਲ ਹੀ ਹਨ । ਇਸੇ ਦੇ ਮੱਦੇਨਜ਼ਰ ਇਹ ਵਰਗੀਕਰਨ ਕਰਨ ਦੀ ਲੋੜ ਮਹਿਸੂਸ ਕੀਤੀ ਗਈ ਸੀ। ਡਾਰਕ ਜੋ?ਨ ਵਿਚਲੇ ਇਲਾਕਿਆਂ ਵਿੱਚ ਨਵੇਂ ਬੋਰ ਕਰਨ ਜਾਂ ਬੋਰਾਂ ਨੂੰ ਡੂੰਘੇ ਕਰਨ ਦੀ ਮਨਾਹੀ ਹੈ ।

ਸੁੱਖ ਦਾ ਸਾਹ ਆਉਂਦਾ ਹੈ ਜਦੋਂ ਭਗਵੰਤ ਮਾਨ ਨੂੰ ਇਹ ਕਹਿੰਦਿਆਂ ਸੁਣੀਂਦਾ ਹੈ ਕਿ 70 ਫੀਸਦੀ ਨਹਿਰੀ ਪਾਣੀ ਖੇਤਾਂ ਤੱਕ ਪਹੁੰਚਦਾ ਕਰ ਦਿੱਤਾ ਗਿਆ ਹੈ । ਪੰਜਾਬ ਦੀ ਵਰਤਮਾਨ ਸਰਕਾਰ ਦਾ ਤਾਂ ਇਹ ਵੀ ਦਾਅਵਾ ਹੈ ਕਿ 2027 ਦੀਆਂ ਚੋਣਾਂ ਤੋਂ ਪਹਿਲਾਂ-ਪਹਿਲਾਂ ਨਹਿਰਾਂ ਦਾ 100 ਫੀਸਦੀ ਪਾਣੀ ਸਿੰਜਾਈ ਲਈ ਵਰਤਿਆ ਜਾਵੇਗਾ । ਇਸ ਨਾਲ ਧਰਤੀ ਹੇਠਲੇ ਪਾਣੀ ਉੱਪਰ ਨਿਰਭਰਤਾ ਘਟੇਗੀ ਅਤੇ ਗਰਾਊਂਡ ਵਾਟਰ ਦਾ ਪੱਧਰ ਉਪਰ ਆਵੇਗਾ । ਡਿਜੀਟਲ ਸੰਸਦ ਦੀ ਰਿਪੋਰਟ ਅਨੁਸਾਰ ਧਰਤੀ ਹੇਠਲੇ ਪਾਣੀ ਦੀ ਵਰਤੋਂ ਜਿਹੜੀ 2009 ਵਿੱਚ 170 ਫੀਸਦੀ ਸੀ , 2023 ਨੂੰ 163.76 ਫੀਸਦੀ 'ਤੇ ਆ ਗਈ ਹੈ । ਅਜਿਹਾ ਨਹਿਰੀ ਪਾਣੀ ਦੀ ਸੁਯੋਗ ਵਰਤੋਂ ਕਾਰਨ ਹੋ ਸਕਿਆ ਹੈ । ਪੰਜਾਬ ਵਾਟਰ ਰੈਗੂਲੇਸ਼ਨ ਅਤੇ ਵਿਕਾਸ ਅਥਾਰਟੀ ਧਰਤੀ ਹੇਠਲੇ ਪਾਣੀ ਨੂੰ ਵਰਤਣ ਲਈ ਲੱਗਣ ਵਾਲੇ ਨਵੇਂ ਬੋਰਾਂ ਨੂੰ ਮਨਜ਼ੂਰੀ ਦੇਣ ਦਾ ਕੰਮ ਕਰਦੀ ਹੈ । ਇਹਨਾਂ ਵਿਆਪਕ ਸੁਧਾਰਾਂ ਦੇ ਬਾਵਜੂਦ ਸਰਕਾਰ ਸਾਹਮਣੇ ਬਹੁਤ ਸਾਰੀਆਂ ਚੁਣੌਤੀਆਂ ਹਨ ।

ਧਰਤੀ ਹੇਠਲਾ ਪਾਣੀ ਬਚਾਉਣਾ ਹੀ ਨਹੀਂ, ਇਸ ਨੂੰ ਦੂਸ਼ਿਤ ਹੋਣ ਤੋਂ ਬਚਾਉਣਾ ਵੀ ਜ਼ਰੂਰੀ ਹੈ । ਪੰਜਾਬ ਦੇ ਕਈ ਇਲਾਕਿਆਂ ਵਿਚ ਪੀਣ ਯੋਗ ਪਾਣੀ ਵਿਚ ਯੂਰੇਨੀਅਮ ਦੀ ਮਾਤਰਾ ਨਿਰਧਾਰਤ ਮਾਤਰਾ ਨਾਲੋਂ ਅਧਿਕ ਪਾਈ ਗਈ ਹੈ, ਜਿਹੜੀ ਕੈਂਸਰ ਜਿਹੀਆਂ ਭਿਆਨਕ ਮਾਰੂ ਬਿਮਾਰੀ ਦਾ ਕਾਰਨ ਬਣਦੀ ਹੈ । ਪੰਜਾਬ ਦੇ ਬਠਿੰਡਾ, ਫਰੀਦਕੋਟ , ਫਿਰੋਜ਼ਪੁਰ, ਫਾਜ਼ਿਲਕਾ, ਮੁਕਤਸਰ ਸਾਹਿਬ ਜ਼ਿਲ੍ਹਿਆਂ ਵਿਚ ਪਾਣੀ ਵਿੱਚ ਟੀ ਡੀ ਐੱਸ ( ਟੋਟਲ ਡਿਜ਼ਾਲਵਡ ਸੋਲਿਡ ) ਦੀ ਪ੍ਰਵਾਨਤ ਮਾਤਰਾ 500 ਮਿਲੀਗ੍ਰਾਮ ਪ੍ਰਤੀ ਲੀਟਰ ਨਾਲੋਂ ਕਿਤੇ ਵੱਧ ਪਾਈ ਗਈ ਹੈ । ਇਸ ਦਾ ਕਾਰਨ ਦੂਸ਼ਿਤ ਸਨਅਤੀ ਪਾਣੀ ਦਾ ਹੇਠਲੇ ਪਾਣੀ ਵਿੱਚ ਘੁਲਣਾ, ਫਸਲਾਂ ਲਈ ਕੀੜੇਮਾਰ ਦਵਾਈਆਂ ਦੀ ਅੰਨ੍ਹੇਵਾਹ ਵਰਤੋਂ ਆਦਿ ਜ਼ੁੰਮੇਵਾਰ ਹਨ ।

ਹੁਣ ਗੱਲ ਕੀਤੀ ਜਾਵੇ ਕਿ ਵਰਤਮਾਨ ਹਾਲਾਤ ਵਿੱਚ ਪਾਣੀ ਦੀ ਸੰਭਾਲ ਕਿਵੇਂ ਕੀਤੀ ਜਾਵੇ । ਜਿਵੇਂ ਅਸੀਂ ਉੱਪਰ ਵਿਚਾਰ ਕਰ ਆਏ ਹਾਂ ਕਿ ਝੋਨੇ ਦੀ ਫ਼ਸਲ ਲਈ ਸਭ ਤੋਂ ਵੱਧ ਪਾਣੀ ਦੀ ਖਪਤ ਹੁੰਦੀ ਹੈ । ਇਸ ਲਈ ਫ਼ਸਲੀ ਵਿਭਿੰਨਤਾ ਅਪਣਾਉਂਦਿਆਂ ਝੋਨੇ-ਕਣਕ ਦੇ ਕੁਚੱਕਰ ਵਿੱਚੋਂ ਨਿਕਲੀਏ ਅਤੇ ਅਜਿਹੀਆਂ ਫਸਲਾਂ ਬੀਜੀਏ, ਜਿਨ੍ਹਾਂ ਲਈ ਘੱਟ ਪਾਣੀ ਦੀ ਲੋੜ ਪਵੇ । ਸਰਕਾਰ ਨੂੰ ਖੇਤੀ ਨੀਤੀ ਬਣਾਉਂਦਿਆਂ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਬਦਲਵੇਂ ਪ੍ਰਬੰਧਨ ਕਾਰਨ ਕਿਸਾਨ ਦੀ ਆਮਦਨ ਪ੍ਰਭਾਵਤ ਨਾ ਹੋਵੇ ।

ਨਹਿਰੀ ਪਾਣੀ ਉਪਰ ਨਿਰਭਰਤਾ ਵਧਾ ਕੇ ਧਰਤੀ ਹੇਠੋਂ ਪਾਣੀ ਘੱਟ ਤੋਂ ਘੱਟ ਖਿੱਚਿਆ ਜਾਵੇ ।ਨਦੀਆਂ, ਨਾਲਿਆਂ, ਮੀਂਹਾਂ ਦੇ ਵਾਧੂ ਪਾਣੀ ਨੂੰ ਉਪਯੋਗ ਵਿੱਚ ਲਿਆਉਂਦਿਆਂ ਧਰਤੀ ਹੇਠਲੇ ਪਾਣੀ ਨੂੰ ਰੀਚਾਰਜ ਕੀਤਾ ਜਾਵੇ । ਵਾਧੂ ਪਾਣੀ ਨੂੰ ਕੁਦਰਤੀ /ਮਸਨੂਈ ਢੰਗ ਨਾਲ ਧਰਤੀ ਥੱਲੇ ਭੇਜਣ ਨੂੰ ਰੀਚਾਰਜ ਆਫ ਗਰਾਊਂਡ ਵਾਟਰ ਕਿਹਾ ਜਾਂਦਾ ਹੈ । ਇਸ ਤਰੀਕੇ ਵਾਧੂ ਪਾਣੀ ਸੰਭਾਲਿਆ ਵੀ ਜਾ ਸਕੇਗਾ ਅਤੇ ਪਾਣੀ ਦਾ ਪੱਧਰ ਉਤਾਂਹ ਵੀ ਆਵੇਗਾ ।ਰਸਾਇਣਾਂ ਦੀ ਵਰਤੋਂ ਘੱਟ ਕਰਕੇ ਧਰਤੀ ਹੇਠਲੇ ਪਾਣੀ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕਦਾ ਹੈ ।

ਜੇਕਰ ਪਾਣੀ ਤੋਂ ਬਿਨਾਂ ਜੀਵਨ ਸੰਭਵ ਹੀ ਨਹੀਂ ਤਾਂ ਅਸੀਂ ਉਸ ਦੀ ਸੰਭਾਲ ਪ੍ਰਤੀ ਐਨੇ ਅਵੇਸਲੇ ਕਿਉਂ ਹਾਂ।

ਕਿਸਾਨ ਯੂਨੀਅਨਾਂ ਦੇ ਨੇਤਾਵਾਂ ਦੇ ਘਰੀਂ ਵੀ ਬੱਚੇ, ਬਜ਼ੁਰਗ ਅਤੇ ਬਿਮਾਰ ਹਨ । ਆਧੁਨਿਕ ਖੇਤੀ ਕਾਰਨ ਪੌਣ ਪਾਣੀ ਨੂੰ ਪ੍ਰਦੂਸ਼ਤ ਕਰਕੇ ਸਾਡੇ ਜੀਵਨ ਪ੍ਰਵਾਹ ਉੱਪਰ ਪੈਣ ਵਾਲੇ ਦੁਸ਼ ਪ੍ਰਭਾਵਾਂ ਤੋਂ ਉਹ ਵੀ ਅਨਜਾਣ ਨਹੀਂ ਹਨ । ਇਸ ਲਈ ਇਹਨਾ ਜ਼ੁੰਮੇਵਾਰ ਨੇਤਾਵਾਂ ਨੂੰ ਸਨਿਮਰ ਬੇਨਤੀ ਹੈ ਕਿ ਵਿਰੋਧ ਖਾਤਰ ਵਿਰੋਧ ਨੂੰ ਤਿਆਗ ਕੇ ਸਾਕਾਰਾਤਮਿਕ ਪਹੁੰਚ ਅਪਣਾਈਏ ਅਤੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਵਿੱਚ ਬਣਦਾ ਯੋਗਦਾਨ ਪਾਈਏ ।

**# ਸੰਪਰਕ : 98727-87243**

# ਪਾਠਕ-ਸੱਥ

## *ਸੁਵਿਧਾ ਕੇਂਦਰਾਂ 'ਤੇ ਭੀੜ*

ਸੁਵਿਧਾ ਕੇਂਦਰਾਂ 'ਤੇ ਭੀੜ ਹੋਣਾ ਕੋਈ ਵੱਡੀ ਗੱਲ ਨਹੀਂ। ਇਹ ਉਸ ਸਮੇਂ ਜ਼ਿਆਦਾ ਦੇਖਣ ਨੂੰ ਮਿਲਦੀ ਹੈ ਜਦੋਂ ਸਰਕਾਰ ਨੇ ਕੋਈ ਨਵੀਂ ਸਕੀਮ ਸ਼ੁਰੂ ਕਰਨੀ ਹੋਵੇ ਅਤੇ ਲਾਭਪਾਤਰੀ ਆਪਣੀ ਕਾਗਜ਼ੀ ਕਾਰਵਾਈ ਪੂਰੀ ਕਰਨ ਲਈ ਸੁਵਿਧਾ ਕੇਂਦਰਾਂ ਦਾ ਸਹਾਰਾ ਲੈਂਦੇ ਹਨ ।ਹਾਲ ਹੀ ਵਿੱਚ ਪੈੱਨ ਕਾਰਡ ਬਣਾਉਣ ਲਈ ਨਿਯਮਾਂ ਦਾ ਬਦਲਣਾ, ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਈ ਆਧਾਰ ਕਾਰਡ ਦਾ ਮੋਬਾਇਲ ਨੰਬਰ ਨਾਲ ਲਿੰਕ ਕਰਵਾਉਣਾ ਅਤੇ ਮਾਵਾਂ ਭੈਣਾਂ ਸਨਮਾਨ ਯੋਜਨਾ ਦੀ ਹੋਣ ਵਾਲੀ ਸ਼ੁਰੂਆਤ ਨੇ ਲੋਕਾਂ ਨੂੰ ਸ਼ਸ਼ੋਪੰਜ ਵਿੱਚ ਪਾ ਕੇ ਸੁਵਿਧਾ ਕੇਂਦਰਾਂ ਵੱਲ ਵਹੀਰਾਂ ਘੱਤਣ ਲਈ ਮਜਬੂਰ ਕਰ ਦਿੱਤਾ ਹੈ। ਪੰਜਾਬੀ ਦੀ ਇੱਕ ਮਸ਼ਹੂਰ ਅਖੌਤ ਹੈ ਕਿ ਇੱਕ ਤਾਂ ਕਾਣੀ ਤੇ ਦੂਜਾ ਕਣ ਪੈ ਗਿਆ ਭਾਵ ਇੱਕ ਤਾਂ ਲੋਕਾਂ ਦਾ ਜਲਦਬਾਜ਼ੀ ਵਿੱਚ ਸੁਵਿਧਾ ਕੇਂਦਰਾਂ ਵੱਲ ਪਹੁੰਚਣਾ ਅਤੇ ਦੂਜਾ ਸੁਵਿਧਾ ਕੇਂਦਰਾਂ ਵਿੱਚ ਇੰਟਰਨੈੱਟ ਅਤੇ ਸਰਵਰ ਡਾਊਨ ਵਰਗੀਆਂ ਮੁਸ਼ਕਲਾਂ ਸੁੱਕਣੇ ਪਾ ਦਿੰਦੀਆਂ ਹਨ।ਇਸ ਤਰ੍ਹਾਂ ਸੁਵਿਧਾ ਕੇਂਦਰਾਂ ਦੇ ਕਰਮਚਾਰੀ ਅਤੇ ਲੋਕ ਦੋਵੇਂ ਪ੍ਰੇਸ਼ਾਨ ਹੁੰਦੇ ਹਨ ।ਲਾਭ-ਪਾਤਰੀ ਸਵੇਰ ਤੋਂ ਹੀ ਲਾਈਨਾਂ ਵਿੱਚ ਲੱਗੇ ਨਜ਼ਰ ਆਉਂਦੇ ਹਨ, ਸਵੇਰ ਦੀ ਪਹਿਲੀ ਕਿਰਨ ਨਾਲ ਆਉਂਦੇ ਹਨ ਅਤੇ ਚੰਨ ਦੀ ਚਾਨਣੀ ਵਿੱਚ ਘਰਾਂ ਵੱਲ ਪਰਤਦੇ ਹਨ। ਦਿਹਾੜੀਦਾਰ ਵਿਅਕਤੀਆਂ ਲਈ ਤਾਂ ਇਹ ਹੋਰ ਵੀ ਔਖਾ ਹੈ। ਕੁੱਝ ਮਿੰਟਾਂ ਵਾਲਾ ਕੰਮ ਅਗਲੇ ਦਿਨ 'ਤੇ ਵੀ ਪੈ ਜਾਂਦਾ ਹੈ। ਸਵੇਰੇ ਸੁਵਿਧਾ ਕੇਂਦਰ ਖੁੱਲ੍ਹਣ ਤੇ ਟੋਕਨ ਦਿੱਤੇ ਜਾਂਦੇ ਹਨ। ਜ਼ਿਆਦਾ ਤੋਂ ਜ਼ਿਆਦਾ ਪਿੰਡਾਂ ਵਿੱਚ ਬਣੇ ਸੁਵਿਧਾ ਕੇਂਦਰ ਜੋ ਟਾਂਵੇ ਟਾਂਵੇ ਬਚੇ ਹਨ ਮੁਸ਼ਕਲ ਨਾਲ ਹੀ ਵੀਹ ਟੋਕਨ ਮਸਾਂ ਕੱਢਦੇ ਹਨ। ਸੁਵਿਧਾ ਕੇਂਦਰਾਂ ਵਿੱਚ ਵਧ ਰਹੀ ਭੀੜ ਨੂੰ ਮੱਦੇਨਜ਼ਰ ਰੱਖਦੇ ਹੋਏ ਸਰਕਾਰ ਤੁਹਾਡੇ ਦੁਆਰ ਆਨਲਾਈਨ ਪਲੇਟਫਾਰਮ ਦਾ ਸਹਾਰਾ ਲੈਣਾ ਚਾਹੀਦਾ ਹੈ ਅਤੇ ਸਰਕਾਰ ਦੁਆਰਾ ਜਾਰੀ ਨੰਬਰ 1076 'ਤੇ ਆਪਣੀ ਸੁਵਿਧਾ ਬੁੱਕ ਕਰਨੀ ਚਾਹੀਦੀ ਹੈ ਕੁਝ ਦਿਨਾਂ ਵਿੱਚ ਲਾਭਪਾਤਰੀ ਦੇ ਘਰ ਤੱਕ ਸਰਕਾਰ ਦੇ ਕਰਮਚਾਰੀ ਪਹੁੰਚਦੇ ਹਨ। ਸੁਵਿਧਾ ਕੇਂਦਰਾਂ ਤੇ ਮਜ਼ਬੂਤ ਇੰਟਰਨੈੱਟ ਸੁਵਿਧਾ ਪ੍ਰਦਾਨ ਕਰਨ ਦੇ ਨਾਲ ਨਾਲ ਆਨਲਾਈਨ ਪਲੇਟਫਾਰਮ ਦੀ ਵਰਤੋਂ ਕਰਕੇ ਸੁਵਿਧਾ ਕੇਂਦਰਾਂ 'ਤੇ ਵਧ ਰਹੀ ਭੀੜ ਨੂੰ ਘਟਾਇਆ ਜਾ ਸਕਦਾ ਹੈ।

**- ਰਜਵਿੰਦਰ ਪਾਲ ਸ਼ਰਮਾ**, 70873-67969

# ਸਪੀਕਰ ਸੰਧਵਾਂ ਨੇ ਸਮਾਣਾ ਮੋਰਚੇ ਦੀ ਸੰਗਤ ਨੂੰ ਸੌਂਪੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ ਦੀ ਕਾਪੀ

- ਸਪੀਕਰ ਸੰਧਵਾਂ ਵੱਲੋਂ ਵਡੇਰੇ ਜਨਤਕ ਹਿੱਤਾਂ ਲਈ ਭਾਈ ਖਾਲਸਾ ਨੂੰ ਟਾਵਰ ਤੋਂ ਹੇਠਾਂ ਉਤਰਨ ਦੀ ਅਪੀਲ
- ਮੋਰਚੇ ਨੇ ਪੰਜਾਬ ਸਰਕਾਰ ਵੱਲੋਂ ਬਿੱਲ ਪਾਸ ਕਰਨ ਨੂੰ ਸ਼ਲਾਘਾਯੋਗ ਤੇ ਸਵਾਗਤਯੋਗ ਕਦਮ ਦੱਸਿਆ



**ਸਮਾਣਾ/ਪਟਿਆਲਾ (ਇਕਬਾਲ ਸਿੰਘ ਬੱਲ/ਰਾਜਿੰਦਰ ਸਿੰਘ ਬਿੰਦ)**

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪਹਿਲੋਂ ਕੀਤੇ ਆਪਣੇ ਵਾਅਦੇ ਮੁਤਾਬਕ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026 ਦੀ ਕਾਪੀ ਸਮਾਣਾ ਵਿਖੇ ਟਾਵਰ ਮੋਰਚੇ ਦੀ ਸੰਗਤ ਨੂੰ ਸੌਂਪੀ। ਇਸ ਦੌਰਾਨ ਮੋਰਚੇ ਦੇ ਮੰਚ ਤੋਂ ਜੈਕਾਰਿਆਂ ਦੀ ਗੂੰਜ ਵਿੱਚ ਪੰਜਾਬ ਸਰਕਾਰ ਵੱਲੋਂ ਬਿੱਲ ਪਾਸ ਕਰਨ ਨੂੰ ਸ਼ਲਾਘਾਯੋਗ ਤੇ ਸਵਾਗਤਯੋਗ ਕਦਮ ਦੱਸਿਆ ਗਿਆ। ਸਪੀਕਰ ਨੇ ਕਿਹਾ ਕਿ ਵਾਅਦੇ ਪੂਰੇ ਕਰਨੇ ਵੀ ਗੁਰੂ ਦੀ ਕਿਰਪਾ ਬਿਨਾ ਨਹੀਂ ਹੁੰਦੇ ਅਤੇ ਉਨ੍ਹਾਂ ਨੇ ਜੋ ਵਾਅਦਾ ਕੀਤਾ ਸੀ ਅਤੇ ਉਸੇ ਮੁਤਾਬਕ ਉਹ ਇਸ ਬਿੱਲ ਦੀ ਕਾਪੀ ਅੱਜ ਭਾਈ ਗੁਰਜੀਤ ਸਿੰਘ ਖ਼ਾਲਸਾ ਤੇ ਸੰਗਤ ਨੂੰ ਸੌਂਪਣ ਲਈ ਆਏ ਹਨ। ਉਨ੍ਹਾਂ ਅਪੀਲ ਕੀਤੀ ਕਿ ਵਡੇਰੇ ਹਿੱਤਾਂ ਲਈ ਭਾਈ ਗੁਰਜੀਤ ਸਿੰਘ ਖਾਲਸਾ ਨੂੰ ਹੁਣ ਟਾਵਰ ਤੋਂ ਹੇਠਾਂ ਆ ਜਾਣਾ ਚਾਹੀਦਾ ਹੈ।ਕੁਲਤਾਰ ਸਿੰਘ ਸੰਧਵਾਂ ਨੇ ਮੋਰਚੇ ਦੀ ਸੰਗਤ ਵੱਲੋਂ ਉਠਾਏ ਸ਼ੰਕਿਆਂ ਤੇ ਸਵਾਲਾਂ ਦੇ ਪੁਖ਼ਤਾ ਜਵਾਬ ਦਿੰਦਿਆਂ ਭਰੋਸਾ ਦਿੱਤਾ ਕਿ ਜਿਸ ਤਰ੍ਹਾਂ ਬੀਤੇ ਦਿਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਰੋਧੀ ਧਿਰ ਨੂੰ ਕਿਹਾ ਸੀ ਕਿ ਉਹ ਗਵਰਨਰ ਤੋਂ ਇਸ ਬਿੱਲ ਨੂੰ ਪਾਸ ਕਰਵਾਉਣ ਲਈ ਸਭ ਨਾਲ ਰਲ ਕੇ ਜਾਣ ਨੂੰ ਤਿਆਰ ਹਨ, ਇਸੇ ਤਹਿਤ ਸਰਕਾਰੀ ਪੱਧਰ ਉੱਤੇ ਕੋਈ ਦੇਰੀ ਨਹੀਂ ਹੋਵੇਗੀ।ਸਪੀਕਰ ਸੰਧਵਾਂ ਨੇ ਸਮੁੱਚੀ ਸੰਗਤ ਨੂੰ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦੀ ਵਧਾਈ ਦਿੰਦਿਆਂ ਕਿਹਾ ਕਿ ਉਹ ਇਸ ਬਿੱਲ ਦੇ ਪਾਸ ਹੋਣ ਲਈ ਗੁਰੂ ਦਾ ਸ਼ੁਕਰਾਨਾ ਕਰਨ ਲਈ ਸਮਾਣਾ ਵਿਖੇ ਸੰਗਤ ਕੋਲ ਆਏ ਹਨ, ਕਿਉਂਕਿ ਸੰਗਤ ਵੱਲੋਂ ਮਿਲੇ ਸਹਿਯੋਗ ਤੇ ਅਸ਼ੀਰਵਾਦ ਸਦਕਾ ਹੀ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਬਿੱਲ ਨੂੰ ਪਾਸ ਕਰਵਾਉਣ ਦੇ ਯੋਗ ਹੋਈ ਹੈ।ਸਪੀਕਰ ਸੰਧਵਾਂ ਨੇ ਟਾਵਰ ਉਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਦੀ ਲੰਮੀ ਉਮਰ ਤੇ ਤੰਦਰੁਸਤੀ ਦੀ ਅਰਦਾਸ ਕੀਤੀ ਤੇ ਕਿਹਾ ਕਿ ਉਸ ਦੀ ਤਰ੍ਹਾਂ ਸਾਨੂੰ ਸਭ ਨੂੰ ਆਪਣੇ ਗੁਰੂ ਨੂੰ ਪਿਆਰ ਕਰਨਾ ਆ ਜਾਵੇ।ਸਪੀਕਰ ਨੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਵੱਲੋਂ ਲਿਆਂਦੇ ਗਏ ਅਜਿਹੇ ਕਾਨੂੰਨਾਂ ਵਿੱਚ ਰਾਜਨੀਤਕ ਗਲਤੀਆਂ ਰਹੀਆਂ ਹਨ, ਪ੍ਰੰਤੂ ਜਿਹੜਾ ਬੇਅਦਬੀ ਰੋਕੂ ਕਾਨੂੰਨ ਹੁਣ ਬਣ ਰਿਹਾ ਹੈ, ਇਸ ਵਿੱਚ ਕੋਈ ਗਲਤੀ ਨਹੀਂ ਛੱਡੀ ਗਈ।ਉਨ੍ਹਾਂ ਕਿਹਾ ਕਿ ਭਾਵੇਂ ਪਹਿਲਾਂ ਵੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਕਾਨੂੰਨ ਸਨ, ਪਰ ਹੁਣ ਸਭ ਦੀ ਸੋਚ ਤੋਂ ਵੀ ਵੱਧ ਸਖ਼ਤ ਕਾਨੂੰਨ ਬਣ ਰਿਹਾ ਹੈ, ਇਸ ਲਈ ਇਸ ਕੰਮ ਨੂੰ ਰਾਜਨੀਤਕ ਕੌਮੈ-ਬਿੰਦੀਆਂ 'ਚ ਨਾ ਪਾਇਆ ਜਾਵੇ।ਕਾਨੂੰਨ ਬਾਰੇ ਬੋਲਦਿਆਂ ਉਨ੍ਹਾ ਕਿਹਾ ਕਿ ਇਹ ਐਕਟ ਇਹ ਯਕੀਨੀ ਬਣਾਏਗਾ ਕਿ ਜੋ ਵੀ ਬੇਅਦਬੀ ਦੇ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਹੈ, ਉਸ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ ਤੇ ਉਨ੍ਹਾਂ ਦੀਆਂ ਆਉਣ ਵਾਲੀਆਂ ਪੁਸ਼ਤਾਂ ਵੀ ਆਪਣੇ ਪਰਿਵਾਰਕ ਮੈਂਬਰਾਂ ਨੂੰ ਦਿੱਤੀ ਗਈ ਸਜ਼ਾ ਨੂੰ ਯਾਦ ਰੱਖਣਗੀਆਂ।ਇਸ ਦੌਰਾਨ ਮੰਚ ਤੋਂ ਮੋਰਚੇ ਦੇ ਆਗੂਆਂ ਨੇ ਸੰਗਤ ਤੇ ਭਾਈ ਗੁਰਜੀਤ ਸਿੰਘ ਦੇ ਪਰਵਾਰ ਵੱਲੋਂ ਪੰਜਾਬ ਸਰਕਾਰ ਤੇ ਸਪੀਕਰ ਸੰਧਵਾਂ ਦਾ ਧੰਨਵਾਦ ਕੀਤਾ।ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਮਾਜਰਾ ਨੇ ਕਿਹਾ ਕਿ 13 ਅਪ੍ਰੈਲ ਦਾ ਦਿਨ ਖਾਸ ਹੈ ਤੇ ਇਸ ਬਿੱਲ ਨੂੰ ਪਾਸ ਕਰਵਾਉਣ ਲਈ ਸਮਾਣਾ ਟਾਵਰ ਰਹੀ ਹੈ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਉਨ੍ਹਾਂ ਸਮੇਤ ਪ੍ਰਸ਼ਾਸਨ ਵੱਲੋਂ ਜਾਣੇ ਅਣਜਾਣੇ 'ਚ ਹੋਈਆਂ ਗਲਤੀਆਂ ਦੀ ਉਹ ਮੁਆਫੀ ਮੰਗਦੇ ਹਨ।ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ, ਐੱਸ ਪੀ ਗੁਰਬੰਸ ਸਿੰਘ ਬੈਂਸ, ਐੱਸ ਡੀ ਐੱਮ ਰਿਚਾ ਗੋਇਲ, ਡੀਐੱਸਪੀ ਫ਼ਤਿਹ ਸਿੰਘ ਬਰਾੜ, ਮਾਰਕੀਟ ਕਮੇਟੀ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਤੇ ਵੱਡੀ ਗਿਣਤੀ 'ਚ ਸੰਗਤ ਮੌਜੂਦ ਸੀ।

## ਸੀਡ ਸਰਟੀਫਿਕੇਸ਼ਨ ਅਧਿਕਾਰੀ 50,000 ਰੁਪਏ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੰਜਾਬ ਸਟੇਟ ਸੀਡ ਸਰਟੀਫਿਕੇਸ਼ਨ ਅਥਾਰਟੀ ਲੁਧਿਆਣਾ ਵਿਖੇ ਤਾਇਨਾਤ ਸੀਡ ਸਰਟੀਫਿਕੇਸ਼ਨ ਅਧਿਕਾਰੀ ਅੰਮ੍ਰਿਤਪਾਲ ਸਿੰਘ ਨੂੰ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮੁਲਜ਼ਮ ਨੂੰ ਜ਼ਿਲ੍ਹਾ ਮਾਨਸਾ ਦੇ ਵਾਰਡ ਨੰਬਰ 10 ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਇੱਕ ਬੀਜ ਉਤਪਾਦਕ ਹੈ, ਜੋ ਮਾਨਸਾ ਵਿੱਚ ਮੈਸਰਜ਼ ਪੰਜਾਬ ਐਗਰੀ ਸੀਡ ਫਾਰਮ ਚਲਾਉਂਦਾ ਹੈ।ਉਸ ਦੀ ਫਰਮ ਪੰਜਾਬ ਜਾਂ ਪੰਜਾਬ ਸੂਬੇ ਤੋਂ ਬਾਹਰ ਦੀਆਂ ਖੇਤੀਬਾੜੀ ਯੂਨੀਵਰਸਿਟੀਆਂ ਤੋਂ ਬਰੀਡਰ ਬੀਜ (ਪਹਿਲੀ ਕਿਸਮ ਦੇ ਬੀਜ ਬੀਜ) ਪ੍ਰਾਪਤ ਕਰਦੀ ਤੇ ਖਰੀਦੀਆਂ ਫਸਲਾਂ ਤੋਂ ਬੀਜ ਤਿਆਰ ਕਰਦੀ ਹੈ।ਸ਼ਿਕਾਇਤਕਰਤਾ ਨੇ ਦੱਸਿਆ ਕਿ ਸਾਡੀ ਫਰਮ ਨੇ ਵੱਖ-ਵੱਖ ਯੂਨੀਵਰਸਿਟੀਆਂ ਤੇ ਫਾਊਂਡੇਸ਼ਨ ਸੀਡ ਸਰੋਤਾਂ ਰਾਹੀਂ ਲਗਭਗ 510 ਹੈਕਟੇਅਰ (1275 ਏਕੜ) ਜ਼ਮੀਨ ਵਿੱਚ ਕਣਕ ਦੇ ਬੀਜ ਬੀਜੇ ਸਨ।ਇਸ ਫਸਲ ਦੀ ਜਾਂਚ ਦੀ ਜ਼ਿੰਮੇਵਾਰੀ ਦੋਸ਼ੀ ਅੰਮ੍ਰਿਤਪਾਲ ਸਿੰਘ, ਸੀਡ ਸਰਟੀਫਿਕੇਸ਼ਨ ਅਧਿਕਾਰੀ ਦੀ ਹੈ।ਇਸ ਸਬੰਧੀ, ਉਪਰੋਕਤ ਮੁਲਜ਼ਮ ਲਗਭਗ 10 ਦਿਨ ਪਹਿਲਾਂ ਸਾਡੀ ਬੀਜੀ ਗਈ ਫਸਲ ਦੇ ਨਿਰੀਖਣ ਲਈ ਸਾਡੇ ਫਾਰਮ 'ਤੇ ਆਇਆ ਸੀ ਤੇ ਫਸਲ ਦੀ ਬਿਜਾਈ ਵਾਲੇ ਖੇਤ ਦਿਖਾਉਣ ਲਈ ਕਿਹਾ ਸੀ।ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਦੋਸ਼ੀ ਨੇ ਨਿਰੀਖਣ ਰਿਪੋਰਟ ਨੂੰ ਫਸਲਾਂ ਦੀ ਬਿਜਾਈ ਦੇ ਪੱਖ ਵਿੱਚ ਬਣਾਉਣ ਬਦਲੇ 200 ਰੁਪਏ ਪ੍ਰਤੀ ਹੈਕਟੇਅਰ (510×200=102000 ਰੁਪਏ) ਰਿਸ਼ਵਤ ਦੀ ਮੰਗ ਕੀਤੀ।ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਦੌਰਾਨ ਹੋਈ ਗੱਲਬਾਤ ਰਿਕਾਰਡ ਕਰ ਲਈ ਸੀ।ਸ਼ਿਕਾਇਤਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ, ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਨਾਲ ਸੰਪਰਕ ਕੀਤਾ।ਉਸ ਦੀ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਇੱਕ ਜਾਲ ਵਿਛਾਇਆ, ਜਿਸ ਦੌਰਾਨ ਦੋਸ਼ੀ ਬੀਜ ਪ੍ਰਮਾਣੀਕਰਨ ਅਧਿਕਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ 'ਚ ਸ਼ਿਕਾਇਤਕਰਤਾ ਤੋਂ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ।ਇਸ ਸਬੰਧੀ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਸਿਹਤ ਸੰਸਥਾਵਾਂ ਦਾ ਨਿੱਜੀਕਰਨ ਲੋਕਾਂ ਦੀ ਸਿਹਤ ਨਾਲ ਧੋਖਾ : ਆਈ ਡੀ ਪੀ ਡੀ

**ਆਰਥਿਕ ਤੌਰ 'ਤੇ ਕਮਜ਼ੋਰ ਵਰਗ ਸਿਹਤ ਸੇਵਾਵਾਂ ਤੋਂ ਵਾਂਝਾ ਹੋ ਜਾਵੇਗਾ : ਡਾ. ਅਰੁਣ ਮਿੱਤਰਾ**

**ਲੁਧਿਆਣਾ (ਐੱਮ ਐੱਸ ਭਾਟੀਆ)**-ਅਖਬਾਰਾਂ ਵਿੱਚ ਛਪੇ ਪੰਜਾਬ ਦੇ ਸਿਹਤ ਤੇ ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਡਾਕਟਰ ਬਲਬੀਰ ਸਿੰਘ ਦੇ ਬਿਆਨ ਕਿ ਲਹਿਰਾਗਾਗਾ ਦੀ ਸੀ ਐੱਚ ਸੀ ਨੂੰ ਜਨ ਹਿੱਤ ਨਾਮ ਦੀ ਨਿੱਜੀ ਸੰਸਥਾ ਨੂੰ ਸੌਂਪਿਆ ਜਾ ਰਿਹਾ ਹੈ, ਨਾ ਕੇਵਲ ਮੰਦਭਾਗਾ ਹੈ ਬਲਕਿ ਲੋਕਾਂ ਨੂੰ ਉੱਚ ਪੱਧਰੀ ਸਿਹਤ ਸੇਵਾਵਾਂ ਮੁਫਤ ਪ੍ਰਦਾਨ ਕਰਨ ਦੇ ਸਰਕਾਰੀ ਦਾਅਵਿਆਂ ਦੀ ਘੋਰ ਉਲੰਘਣਾ ਹੈ।ਜਾਰੀ ਬਿਆਨ ਵਿੱਚ ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ ਦੇ ਕੌਮੀ ਪ੍ਰਧਾਨ ਡਾਕਟਰ ਅਰੁਣ ਮਿੱਤਰਾ, ਕੌਮੀ ਕੌਂਸਲ ਦੇ ਮੈਂਬਰ ਡਾਕਟਰ ਇੰਦਰਵੀਰ ਸਿੰਘ ਤੇ ਸਾਬਕਾ ਡਿਪਟੀ ਡਾਇਰੈਕਟਰ ਸਿਹਤ ਡਾਕਟਰ ਜਸਬੀਰ ਸਿੰਘ ਔਲਖ ਨੇ ਕਿਹਾ ਕਿ ਇਸ ਨਾਲ ਲੋਕ ਮੁਫਤ ਸਿਹਤ ਸੇਵਾਵਾਂ ਤੋਂ ਵਾਂਝੇ ਰਹਿ ਜਾਣਗੇ। ਸਿਹਤ ਮੰਤਰੀ ਨੇ ਇਹ ਕਿਹਾ ਹੈ ਕਿ ਉਨ੍ਹਾਂ ਕੋਲ ਇਹ ਹਸਪਤਾਲ ਚਲਾਨ ਦੇ ਲਈ ਡਾਕਟਰ ਤੇ ਹੋਰ ਸਹੂਲਤਾਂ ਦੇਣ ਲਈ ਸਰੋਤ ਨਹੀਂ ਹਨ।ਇਹ ਅਜੀਬ ਜਿਹੀ ਗੱਲ ਹੈ ਕਿ ਜੇ ਸਰਕਾਰ ਕੋਲ ਸੋਮੇ ਨਹੀਂ ਹਨ ਤਾਂ ਜਨ ਹਿੱਤ ਨਾਮ ਦੀ ਸੰਸਥਾ ਕੋਲ ਇਹ ਸੋਮੇ ਕਿੱਥੋਂ ਆ ਜਾਣਗੇ।ਨਾਲ ਹੀ ਜਨ ਹਿੱਤ ਉਥੇ ਮੈਡੀਕਲ ਕਾਲਜ ਖੋਲ੍ਹੇਗੀ।ਦਰਅਸਲ ਸਰਕਾਰ ਪ੍ਰਵਾਨਿਤ ਪੋਸਟਾਂ ਤੇ ਰੈਗੂਲਰ ਭਰਤੀ ਕਰਨ ਤੋਂ ਭੱਜ ਰਹੀ ਹੈ। ਅਸਲ ਵਿੱਚ ਸਰਕਾਰ ਦੀ ਨੀਤੀ ਹੀ ਕਾਰਪੋਰੇਟ ਪੱਖੀ ਹੈ ਤੇ ਆਮ ਲੋਕਾਂ ਦੇ ਮਨਾਂ ਵਿੱਚ ਠੇਕਾ ਅਧਾਰਤ ਤੇ ਡੰਗ ਟਪਾਊ ਆਮ ਆਦਮੀ ਕਲੀਨਿਕ ਖੋਲ੍ਹ ਕੇ ਕੇਵਲ ਭੁਲੇਖੇ ਪਾਉਣਾ ਹੈ।ਪੰਜਾਬ ਸਰਕਾਰ ਸਿਹਤ ਸੇਵਾਵਾਂ ਤੇ ਕੇਵਲ ਢਾਈ ਪ੍ਰਤੀਸ਼ਤ ਬਜਟ ਖਰਚ ਕਰਦੀ ਹੈ।ਅਸੀਂ ਪਹਿਲਾਂ ਹੀ ਇਹ ਸਵਾਲ ਉਠਾਇਆ ਹੈ ਕਿ ਇੰਨੇ ਥੋੜੇ ਬਜਟ ਵਿੱਚ ਸਿਹਤ ਸੇਵਾਵਾਂ ਦਿੱਤੀਆਂ ਹੀ ਨਹੀਂ ਜਾ ਸਕਦੀਆਂ।ਇਸ ਬਜਟ ਨੂੰ ਘੱਟੋ ਘੱਟ ਫੌਰੀ ਤੌਰ 'ਤੇ ਤਿੰਨ ਗੁਣਾਂ ਕਰਨ ਦੀ ਲੋੜ ਹੈ।ਡਾਕਟਰਾਂ ਦੀ ਕਮੀ ਦਾ ਕਾਰਨ ਉਨ੍ਹਾਂ ਨੂੰ ਸਹੂਲਤਾਂ ਦੀ ਘਾਟ ਹੈ।ਜਿਹੜੇ ਡਾਕਟਰ ਸਪੈਸ਼ਲਿਸਟ ਬਣਦੇ ਹਨ, ਉਨ੍ਹਾਂ ਨੂੰ ਆਪਣੀ ਟ੍ਰੇਨਿੰਗ ਦੇ ਹਿਸਾਬ ਨਾਲ ਕੰਮ ਕਰਨ ਲਈ ਸਹੂਲਤਾਂ ਦੀ ਲੋੜ ਹੁੰਦੀ ਹੈ, ਪਰ ਕੁਝ ਕੁ ਜ਼ਿਲ੍ਹਾ ਪੱਧਰੀ ਹਸਪਤਾਲਾਂ ਨੂੰ ਛੱਡ ਕੇ ਬਾਕੀ ਹਸਪਤਾਲਾਂ ਵਿੱਚ ਇਹ ਮੁਢਲੀਆਂ ਸਹੂਲਤਾਂ ਹੈ ਹੀ ਨਹੀਂ।ਅਜੋਕੇ ਯੁੱਗ ਵਿੱਚ ਹਰ ਮਾਹਰ ਡਾਕਟਰ ਵੱਧ ਚੜ੍ਹ ਕੇ ਨਵੀਂ ਟੈਕਨੋਲੋਜੀ ਮੁਤਾਬਕ ਕੰਮ ਕਰਨ ਦਾ ਇੱਛੁਕ ਹੁੰਦਾ ਹੈ, ਖਾਸ ਤੌਰ 'ਤੇ ਉਦੋਂ ਜਦੋਂ ਕਿ ਉਹ ਨਵਾਂ ਨਵਾਂ ਵੱਡੇ ਹਸਪਤਾਲਾਂ ਵਿੱਚ ਟ੍ਰੇਨਿੰਗ ਲੈ ਕੇ ਡਿਗਰੀਆਂ ਪ੍ਰਾਪਤ ਕਰਕੇ ਆਇਆ ਹੁੰਦਾ ਹੈ।ਇਸ ਲਈ ਵੱਧ ਖਰਚ ਕਰਕੇ ਬਜਟ ਵਿੱਚ ਇਹ ਸਹੂਲਤਾਂ ਦੇਣੀਆਂ ਪੈਣਗੀਆਂ ਤੇ ਡਾਕਟਰਾਂ ਨੂੰ ਵਾਜਿਬ ਤਸੱਲੀ ਬਖਸ਼ ਤਨਖਾਹ ਵੀ ਦੇਣੀ ਪਏਗੀ।ਬਿਆਨ ਕਰਤਾਵਾਂ ਨੇ ਕਿਹਾ ਕਿ ਸਰਕਾਰ ਬੀਮਾ ਅਧਾਰਤ ਸਿਹਤ ਸੇਵਾਵਾਂ ਦੇਣ 'ਤੇ ਲੱਗੀ ਹੈ, ਜਿਸ ਨਾਲ ਸਰਕਾਰ ਦਾ ਸਾਰਾ ਪੈਸਾ ਬੀਮਾ ਕੰਪਨੀਆਂ ਨੂੰ ਜਾ ਰਿਹਾ ਹੈ ਤੇ ਉਹ ਕਈ ਕਿਸਮ ਦੀ ਮਿਲੀਭੁਗਤ ਕਰਕੇ ਲੁੱਟ ਰਹੀਆਂ ਹਨ।ਦੁੱਖ ਦੀ ਗੱਲ ਇਹ ਹੈ ਕਿ ਕੇਂਦਰ ਸਰਕਾਰ ਤਾਂ ਪਹਿਲਾਂ ਹੀ ਕਾਰਪੋਰੇਟ ਪੱਖੀ ਨੀਤੀਆਂ ਬਣਾ ਰਹੀ ਹੈ ਤੇ ਹੁਣ ਆਮ ਆਦਮੀ ਪਾਰਟੀ ਦੀ ਮਾਨ ਸਰਕਾਰ ਵੀ ਉਸੇ ਦਿਸ਼ਾ ਵੱਲ ਤੁਰ ਪਈ ਹੈ।

## ਕਾਤਰਾਂ

### ਸੈਦ ਖੇੜੀ ਸੜਕ ਦੀ ਹਾਲਤ ਖਸਤਾ, ਸਰਕਾਰ ਲਵੇ ਸਾਰ

**ਰਾਜਪੁਰਾ (ਰਮੇਸ਼ ਕਟਾਰੀਆ)**-ਪਿੰਡ ਸੈਦ ਖੇੜੀ ਵਾਲੀ ਮੁੱਖ ਸੜਕ, ਜੋ ਰਾਜਪੁਰਾ ਅਨਾਜ ਮੰਡੀ ਤੋਂ ਲੈ ਕੇ ਸੈਦ ਖੇੜੀ, ਖੈਰਪੁਰ, ਮਹਿਮੂਦ ਪੁਰ, ਮਹਿਮਾ ਤੇ ਮੰਡੀ ਤੋਂ ਪਿੰਡਾਂ ਤੱਕ ਜਾਂਦੀ ਹੈ, ਇਸ ਦੀ ਹਾਲਤ ਬਹੁਤ ਖਸਤਾ ਹੋ ਚੁੱਕੀ ਹੈ। ਪਿਛਲੇ 10 ਸਾਲ ਤੋਂ ਕੋਈ ਲੁਕ ਬੱਜਰੀ ਤੇ ਪ੍ਰੀਮਿਕਸ ਬਿਲਕੁਲ ਨਹੀਂ ਪਾਈ ਗਈ। ਇਸ ਸੜਕ ਨੇੜੇ ਗੋਦਾਮ ਹੋਣ ਦੀ ਵਜ੍ਹਾ ਕਰਕੇ ਵੱਡੇ ਵੱਡੇ ਟਰਾਲੇ ਗੁਜ਼ਰਦੇ ਹਨ, ਜੋ ਕਿ ਹਾਈਵੇ ਦੀ ਸੜਕ ਨਾਲੋਂ ਜ਼ਿਆਦਾ ਟ੍ਰੈਫਿਕ ਵੀ ਇਸ ਸੜਕ ਤੋਂ ਗੁਜ਼ਰਦਾ ਹੈ। ਇਸ ਕਾਰਨ ਸੜਕ ਦੀ ਹਾਲਤ ਬਹੁਤ ਖਸਤਾ ਹੋ ਚੁੱਕੀ ਹੈ, ਹੁਣ ਲੋਕ ਇਹ ਸੋਚ ਰਹੇ ਹਨ ਇਹ ਪਿਛਲੇ 10 ਸਾਲ ਤੋਂ ਕਿਸੇ ਸਰਕਾਰ ਨੇ ਵੀ ਇਨ੍ਹਾਂ ਪਿੰਡਾਂ ਦੇ ਲੋਕਾਂ ਦੀ ਤਕਲੀਫ ਵੱਲ ਬਿਲਕੁਲ ਧਿਆਨ ਨਹੀਂ ਦਿੱਤਾ। ਲੋਕਾਂ ਦੀ ਆਵਾਜਾਈ ਇਸ ਸੜਕ 'ਤੇ ਰਹਿੰਦੀ ਹੋਣ ਕਰਕੇ ਬਹੁਤ ਹਾਦਸੇ ਵੀ ਹੁੰਦੇ ਹਨ। ਇਸ ਕਾਰਨ ਲੋਕ ਭਾਰੀ ਮੁਸ਼ਕਲ ਵਿੱਚ ਹਨ। ਪਿੰਡਾਂ ਦੇ ਲੋਕਾਂ ਦੀ ਸਰਕਾਰ ਤੋਂ ਮੰਗ ਹੈ ਕਿ ਇਸ ਸੜਕ ਨੂੰ ਪਹਿਲ ਦੇ ਅਧਾਰ 'ਤੇ ਪ੍ਰੀਮਿਕਸ ਪਾ ਕੇ ਬਣਾਇਆ ਜਾਏ।

### ਨੌਜਵਾਨਾਂ/ਵਿਦਿਆਰਥੀਆਂ ਵੱਲੋਂ ਸਿਧਾਂਤਕ ਪੰਦਰਵਾੜਾ ਮਨਾਉਣ ਦਾ ਫੈਸਲਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਵੱਲੋਂ ਮਹਾਨ ਲੈਨਿਨ ਦੇ ਜਨਮ ਦਿਨ 22 ਅਪ੍ਰੈਲ ਤੋਂ ਇਨਕਲਾਬ ਵਿਗਿਆਨੀ ਕਾਰਲ ਮਾਰਕਸ ਦੇ ਜਨਮ ਦਿਨ 5 ਮਈ ਤੱਕ ਵੱਖ ਵੱਖ ਜ਼ਿਲ੍ਹਾ ਇਕਾਈਆਂ ਤੇ ਵਿੱਦਿਅਕ ਅਦਾਰਿਆਂ ਵਿੱਚ ਸਿਧਾਂਤਕ ਪੰਦਰਵਾੜਾ ਮਨਾਉਣ ਦਾ ਐਲਾਨ ਕੀਤਾ ਹੈ। ਇਸ ਫੈਸਲੇ ਸੰਬੰਧੀ ਪ੍ਰੈਸ ਦੇ ਨਾਮ ਜਾਰੀ ਇਕ ਸਾਂਝੇ ਬਿਆਨ ਵਿੱਚ ਜਾਣਕਾਰੀ ਦਿੰਦਿਆਂ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਕਰਮਵੀਰ ਕੌਰ ਬੱਧਨੀ, ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾਰਾਏ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ ਅਤੇ ਸੂਬਾ ਸਕੱਤਰ ਸੁਖਵਿੰਦਰ ਕੁਮਾਰ ਨੇ ਦੱਸਿਆ ਕਿ ਅਜੋਕੇ ਦੌਰ ਵਿੱਚ ਜਦੋਂ ਹਰ ਪਾਸੇ ਤੋਂ ਸਮਾਜ ਵਿੱਚ ਤਰਕਹੀਣਤਾ ਦਾ ਬੋਲਬਾਲਾ ਹੋ ਰਿਹਾ ਹੈ ਤੇ ਸੱਤਾਧਾਰੀਆਂ ਵੱਲੋਂ ਗ਼ੈਰ-ਵਿਗਿਆਨਕ ਸਮਾਜ ਵਿਰੋਧੀ ਸੰਵਾਦ ਰਚਿਆ ਜਾ ਰਿਹਾ ਹੈ ਤਾਂ ਜੋ ਉਹਨਾਂ ਦੀ ਲੁੱਟ ਦਾ ਰਾਜ ਜਾਰੀ ਰਹੇ ਤੇ ਕਿਰਤੀਆਂ ਦੇ ਸੰਘਰਸ਼ ਨੂੰ ਖੁੰਡਾ ਕੀਤਾ ਜਾ ਸਕੇ, ਤਾਂ ਉਸ ਵੇਲੇ ਕਿਰਤੀ ਧਿਰ ਵੱਲੋਂ ਸਿਧਾਂਤ ਤੋਂ ਸੇਧ ਲੈਣਾ ਆਗੂਆਂ ਦਾ ਮੁੱਢਲਾ ਕੰਮ ਹੈ ਤੇ ਇਸ ਕੰਮ ਨੂੰ ਬਿਨਾਂ ਦੇਰੀ ਜ਼ੋਰ-ਸ਼ੋਰ ਨਾਲ ਕਰਨਾ ਸਮੇਂ ਦੀ ਅਨਸਰਦੀ ਲੋੜ ਹੈ।ਇਸੇ ਕਾਰਜ ਲਈ ਨੌਜਵਾਨਾਂ ਤੇ ਵਿਦਿਆਰਥੀਆਂ ਵੱਲੋਂ ਇਹ ਪਹਿਲ ਕਦਮੀ ਕੀਤੀ ਜਾ ਰਹੀ ਹੈ ਤਾਂ ਜੋ ਸਿਧਾਂਤ ਤੋਂ ਅਗਵਾਈ ਲੈ ਕੇ ਸੰਘਰਸ਼ ਤਿੱਖਾ ਕੀਤਾ ਜਾ ਸਕੇ।ਆਗੂਆਂ ਨੇ ਅੱਗੇ ਜਾਣਕਾਰੀ ਦਿੰਦਿਆਂ ਕਿਹਾ ਕਿ ਦੋਨਾਂ ਜਥੇਬੰਦੀਆਂ ਵੱਲੋਂ ਇਸ ਕਾਰਜ ਲਈ ਜ਼ਿਲ੍ਹਾ ਤੇ ਬਲਾਕ ਪੱਧਰ ਤੇ ਵੱਖ ਵੱਖ ਵਿੱਦਿਅਕ ਅਦਾਰਿਆਂ ਵਿੱਚ 22 ਅਪ੍ਰੈਲ ਤੋਂ ਲੈ ਕੇ 5 ਮਈ ਤੱਕ ਸਿਧਾਂਤਕ ਵਿਚਾਰ ਗੋਸ਼ਟੀਆਂ, ਸੈਮੀਨਾਰ ਤੇ ਕਲਾਸਾਂ ਲਗਾਈਆਂ ਜਾਣਗੀਆਂ ਅਤੇ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਇਨਕਲਾਬੀ ਵਿਰਾਸਤ ਨਾਲ ਜੋੜਦਿਆਂ, ਭਗਤ ਸਿੰਘ, ਕਰਤਾਰ ਸਿੰਘ ਸਰਾਭਾ, ਉਧਮ ਸਿੰਘ, ਗ਼ਦਰੀ ਬਾਬਿਆਂ ਦੀ ਵਿਚਾਰਧਾਰਾ ਅਤੇ ਮਾਰਕਸਵਾਦੀ ਵਿਚਾਰਧਾਰਾ ਦੀ ਟ੍ਰੇਨਿੰਗ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਸ ਕਾਰਜ ਲਈ ਲੀਡਰਸ਼ਿਪ ਦੀਆਂ ਵੱਖ ਵੱਖ ਜ਼ਿਲ੍ਹਿਆਂ 'ਚ ਜ਼ਿੰਮੇਵਾਰੀਆਂ ਲਗਾ ਦਿੱਤੀਆਂ ਗਈਆਂ ਹਨ।ਉਨ੍ਹਾਂ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਇਸ ਸਿਧਾਂਤਕ ਪੰਦਰਵਾੜੇ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

## ਗਲੋਬਲ ਸਕੂਲ 'ਚ ਵਿਸਾਖੀ ਸੰਬੰਧੀ ਵਿਸ਼ੇਸ਼ ਪ੍ਰਾਰਥਨਾ ਸਭਾ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿੱਚ ਵਿਸਾਖੀ ਦੇ ਪਵਿੱਤਰ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਇਸ ਮੌਕੇ ਸਕੂਲ ਦੇ ਵਿਹੜੇ ਨੂੰ ਪੰਜਾਬੀ ਸੱਭਿਆਚਾਰ ਤੇ ਰਵਾਇਤੀ ਝਾਕੀਆਂ ਨਾਲ ਸਜਾਇਆ ਗਿਆ, ਜਿਸ ਨਾਲ ਪੂਰੇ ਵਾਤਾਵਰਣ ਵਿੱਚ ਤਿਉਹਾਰ ਵਾਲਾ ਮਾਹੌਲ ਦਿਖਾਈ ਦਿੱਤਾ।ਪ੍ਰੋਗਰਾਮ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੇ ਪੂਰੀ ਸ਼ਰਧਾ ਨਾਲ ਭਾਗ ਲਿਆ।ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਵਿਸਾਖੀ ਦੇ ਇਤਿਹਾਸਕ ਤੇ ਸੱਭਿਆਚਾਰਕ ਮਹੱਤਵ 'ਤੇ ਪ੍ਰਭਾਵਸ਼ਾਲੀ ਭਾਸ਼ਣ ਪੇਸ਼ ਕੀਤੇ ਗਏ।ਖਾਲਸਾ ਪੰਥ ਦੀ ਸਾਜਨਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਬੱਚਿਆਂ ਨੇ ਪੰਜਾਬੀ ਲੋਕ ਨਾਚ ਭੰਗੜਾ ਤੇ ਗਿੱਧੇ ਦੀਆਂ ਮਨਮੋਹਕ ਪੇਸ਼ਕਾਰੀਆਂ ਨਾਲ ਸਭ ਨੂੰ ਮੋਹ ਲਿਆ।ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਤੇ ਸਕੂਲ ਚੇਅਰਮੈਨ ਇੰਜ. ਕਮਲੇਸ਼ ਸਰਾਫ ਨੇ ਆਪਣੇ ਪ੍ਰੇਰਨਾਦਾਇਕ ਸੰਬੋਧਨ ਵਿੱਚ ਕਿਹਾ ਕਿ ਵਿਸਾਖੀ ਦਾ ਤਿਉਹਾਰ ਸਾਨੂੰ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣ ਅਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣ ਦੀ ਪ੍ਰੇਰਨਾ ਦਿੰਦਾ ਹੈ।ਉਨ੍ਹਾਂ ਖਾਲਸਾ ਪੰਥ ਦੀ ਸਥਾਪਨਾ ਦੇ ਮਹੱਤਵ 'ਤੇ ਰੌਸ਼ਨੀ ਪਾਉਂਦੇ ਹੋਏ ਕਿਹਾ ਕਿ ਇਹ ਸਿਰਫ਼ ਇੱਕ ਇਤਿਹਾਸਕ ਘਟਨਾ ਨਹੀਂ, ਬਲਕਿ ਸਾਹਸ, ਤਿਆਗ ਤੇ ਮਨੁੱਖਤਾ ਦੀ ਰੱਖਿਆ ਦਾ ਜੀਵਤ ਉਦਾਹਰਨ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਅਨੁਸ਼ਾਸਨ, ਇਮਾਨਦਾਰੀ ਤੇ ਸਖਤ ਮਿਹਨਤ ਨਾਲ ਆਪਣੇ ਲਕਸ਼ ਵੱਲ ਵਧਣ ਲਈ ਪ੍ਰੇਰਿਤ ਕੀਤਾ ਤੇ ਸਭ ਨੂੰ ਵਿਸਾਖੀ ਦੀਆਂ ਦਿਲੋਂ ਵਧਾਈਆਂ ਦਿੱਤੀਆਂ।

# ਹਾਦਸਾਗ੍ਰਸਤ ਕਾਰ 'ਚੋਂ ਢਾਈ ਕਿੱਲੋ ਹੈਰੋਇਨ ਬਰਾਮਦ

- ਇੱਕ ਕਾਬੂ, ਦੂਜਾ ਗੰਭੀਰ ਜ਼ਖਮੀ ਹੋਣ ਕਾਰਨ ਕਰਵਾਇਆ ਹਸਪਤਾਲ 'ਚ ਭਰਤੀ



**ਮੋਗਾ (ਇਕਬਾਲ ਸਿੰਘ ਖਹਿਰਾ)**

ਯੁੱਧ ਨਸ਼ਿਆਂ ਵਿਰੁੱਧ ਤਹਿਤ ਵਿੱਢੀ ਮੁਹਿੰਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ ਜਦੋਂ ਪਿੰਡ ਦੌਲੇਵਾਲ ਨੇੜੇ ਬਸ ਕਾਰ ਹਾਦਸੇ ਦੌਰਾਨ ਥਾਣਾ ਕੋਟ ਈਸੇ ਖਾਂ ਪੁਲਸ ਵੱਲੋਂ ਸਵਿਫਟ ਕਾਰ ਦੀ ਤਲਾਸ਼ੀ ਦੌਰਾਨ ਉਸ ਵਿੱਚੋਂ ਢਾਈ ਕਿੱਲੋ ਹੈਰੋਇਨ ਬਰਾਮਦ ਕੀਤੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਧਰਮਕੋਟ ਜਸਵਿੰਦਰ ਸਿੰਘ ਨੇ ਦੱਸਿਆ ਕਿ ਐਸਐਸਪੀ ਮੋਗਾ ਅਜੇ ਗਾਂਧੀ ਵੱਲੋਂ ਮੋਗਾ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਤੇ ਕੱਸੀ ਨਕੇਲ ਦੌਰਾਨ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਦੌਲੇਵਾਲਾ ਨੇੜੇ ਬਸ ਕਾਰ ਹਾਦਸੇ ਦੌਰਾਨ ਨੁਕਸਾਨੀ ਗਈ ਕਾਰ ਦੀ ਤਲਾਸ਼ੀ ਕੀਤੀ ਗਈ ਤਾਂ ਉਸ ਵਿੱਚੋਂ ਢਾਈ ਕਿੱਲੋ ਹੈਰੋਇਨ, ਜਿਸ ਦੀ ਇੰਟਰਨੈਸ਼ਨਲ ਮਾਰਕੀਟ ਵਿੱਚ ਕੀਮਤ ਕਰੋੜਾਂ ਰੁਪਏ ਹੈ ਬਰਾਮਦ ਕੀਤੀ।ਇਸ ਮਾਮਲੇ ਸਬੰਧੀ ਥਾਣਾ ਕੋਟ ਈਸੇ ਖਾਂ ਵਿੱਚ ਐਨ.ਡੀ.ਪੀ.ਐਸ. ਐਕਟ ਹੇਠ ਕੇਸ ਦਰਜ ਕੀਤਾ ਗਿਆ ਹੈ।

ਉਹਨਾਂ ਦੱਸਿਆ ਕਿ ਕੋਟ ਈਸੇ ਖਾਂ ਦੇ ਜੀ.ਆਰ. ਮੈਰਿਜ ਪੈਲੇਸ ਨੇੜੇ ਇੱਕ ਤੇਜ਼ ਰਫ਼ਤਾਰ ਸਵਿਫਟ ਕਾਰ ਅੰਮ੍ਰਿਤਸਰ ਵੱਲ ਜਾ ਰਹੀ ਬੱਸ ਨਾਲ ਟਕਰਾ ਗਈ। ਹਾਦਸੇ ਵਿੱਚ ਕਾਰ ਸਵਾਰ ਦੋਵੇਂ ਨੌਜਵਾਨ ਗੁਰਪ੍ਰੀਤ ਸਿੰਘ ਵਾਸੀ ਰੱਤੋਕੇ ਤਰਨਤਾਰਨ ਤੇ ਦਰਸ਼ਨ ਸਿੰਘ ਵਾਸੀ ਭਿੱਖੀਵਿੰਡ, ਤਰਨਤਾਰਨ ਜ਼ਖ਼ਮੀ ਹੋ ਗਏ।ਹਾਦਸੇ ਦੀ ਸੂਚਨਾ ਮਿਲਣ 'ਤੇ ਦੌਲੇਵਾਲਾ ਪੁਲਸ ਚੌਕੀ ਦੇ ਇੰਚਾਰਜ ਏ.ਐੱਸ.ਆਈ. ਜਗਮੋਹਨ ਸਿੰਘ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ ਤੇ ਸਥਾਨਕ ਲੋਕਾਂ ਦੀ ਮਦਦ ਨਾਲ ਜ਼ਖ਼ਮੀਆਂ ਨੂੰ ਤੁਰੰਤ ਹਸਪਤਾਲ ਭੇਜਿਆ ਗਿਆ।ਪੁਲਸ ਟੀਮ ਤੁਰੰਤ ਮੌਕੇ 'ਤੇ ਪਹੁੰਚੀ ਤੇ ਬੱਸ ਚਾਲਕ ਬਲਦੇਵ ਸਿੰਘ ਦੇ ਬਿਆਨ ਦੇ ਅਧਾਰ 'ਤੇ ਥਾਣਾ ਕੋਟ ਈਸੇ ਖ਼ਾਂ ਵਿਖੇ ਐੱਫ ਆਈ ਆਰ ਨੰਬਰ 80 ਦਰਜ ਕੀਤੀ ਗਈ।ਤਫਤੀਸ਼ ਦੌਰਾਨ ਸਵਿਫਟ ਕਾਰ ਵਿੱਚ ਸਵਾਰ ਦੋ ਵਿਅਕਤੀਆਂ ਗੁਰਪ੍ਰੀਤ ਸਿੰਘ ਤੇ ਦਰਸ਼ਨ ਸਿੰਘ ਨੂੰ ਹਾਦਸੇ 'ਚ ਜ਼ਖ਼ਮੀ ਹੋਏ ਸਨ।ਦੋਵਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਮੋਗਾ ਭੇਜਿਆ ਗਿਆ।ਜਦੋਂ ਪੁਲਸ ਨੇ ਕਾਰ ਦੀ ਤਲਾਸ਼ੀ ਲਈ ਤਾਂ ਅਗਲੀ ਸੀਟ ਕੋਲ ਇੱਕ ਸਾਫੇ ਵਿੱਚ ਲਪੇਟੀ ਹੋਈ ਲਗਭਗ ਢਾਈ ਕਿੱਲੋ ਹੈਰੋਇਨ ਬਰਾਮਦ ਹੋਈ।ਦੋਵੇਂ ਵਿਅਕਤੀ ਤਰਨਤਾਰਨ ਜ਼ਿਲ੍ਹੇ ਦੇ ਭਿੱਖੀਵਿੰਡ ਇਲਾਕੇ ਨਾਲ ਸੰਬੰਧਤ ਹਨ।ਪੁਲਸ ਨੇ ਦਰਸ਼ਨ ਸਿੰਘ ਨੂੰ ਹਸਪਤਾਲ ਤੋਂ ਛੁੱਟੀ ਮਿਲਣ ਉਪਰੰਤ ਪੁਲਸ ਨੇ ਉਸ ਨੂੰ ਗ੍ਰਿਫਤਾਰ ਕਰ ਲਿਆ ਹੈ, ਜਦਕਿ ਗੁਰਪ੍ਰੀਤ ਸਿੰਘ ਦੀ ਹਾਲਤ ਗੰਭੀਰ ਹੋਣ ਕਾਰਨ ਉਹ ਹਾਲੇ ਹਸਪਤਾਲ 'ਚ ਦਾਖਲ ਹੈ।ਉਸ ਦੇ ਠੀਕ ਹੋਣ ਉਪਰੰਤ ਇਸ ਮਾਮਲੇ ਦੀ ਗੰਭੀਰਤਾ ਨਾਲ ਪੁੱਛਗਿੱਛ ਕੀਤੀ ਜਾਵੇਗੀ।ਕੋਟ ਈਸੇ ਖਾਂ ਪੁਲਸ ਵੱਲੋਂ ਸਵਿਫਟ ਵਿੱਚ ਸਵਾਰ ਦੋਨਾਂ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਦੇਸ਼ ਭਗਤ ਗਲੋਬਲ ਸਕੂਲ ਵਿਖੇ ਮਨਾਇਆ ਵਿਸਾਖੀ ਦਾ ਤਿਉਹਾਰ

*ਵਿਸਾਖੀ ਸਾਡੀ ਪਹਿਚਾਣ ਦਾ ਅਟੁੱਟ ਹਿੱਸਾ : ਪ੍ਰਿੰਸੀਪਲ ਜਿੰਦਲ*



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਬੜੇ ਹੀ ਉਤਸ਼ਾਹ, ਜੋਸ਼ ਤੇ ਰੰਗ-ਬਰੰਗੇ ਪ੍ਰੋਗਰਾਮਾਂ ਨਾਲ ਮਨਾਇਆ ਗਿਆ।ਸਮਾਗਮ ਦਾ ਮਕਸਦ ਵਿਦਿਆਰਥੀਆਂ ਨੂੰ ਪੰਜਾਬੀ ਸੱਭਿਆਚਾਰ, ਰਿਵਾਜਾਂ ਤੇ ਤਿਉਹਾਰਾਂ ਨਾਲ ਜੋੜਨਾ ਸੀ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਚਾਅ ਤੇ ਉਤਸ਼ਾਹ ਨਾਲ ਭਾਗ ਲਿਆ।ਇਸ ਤੋਂ ਇਲਾਵਾ ਇੰਟਰ ਹਾਊਸ ਡਿਸਪਲੇ ਬੋਰਡ ਸਜਾਵਟ ਮੁਕਾਬਲਾ ਕਰਵਾਇਆ ਗਿਆ।ਇਸ ਮੌਕੇ ਸਕੂਲ ਵੱਲੋਂ ਵਿਸ਼ੇਸ਼ ਡਾਂਸ ਮੁਕਾਬਲੇ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਭੰਗੜਾ, ਗਿੱਧਾ ਅਤੇ ਹੋਰ ਪੰਜਾਬੀ ਲੋਕ ਨਾਚਾਂ ਦੀਆਂ ਮਨਮੋਹਕ ਪ੍ਰਸਤੁਤੀਆਂ ਨੇ ਸਮਾਗਮ ਨੂੰ ਚਾਰ ਚੰਦ ਲਗਾ ਦਿੱਤੇ।ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਕਿਹਾ ਕਿ ਵਿਸਾਖੀ ਸਾਡੀ ਪਹਿਚਾਣ ਦਾ ਅਟੁੱਟ ਹਿੱਸਾ ਹੈ ਤੇ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ ਤੇ ਸਾਂਝੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਇਸ ਤਰ੍ਹਾਂ ਦੇ ਮੰਚ ਪ੍ਰਦਾਨ ਕਰਦਾ ਰਹੇਗਾ।ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਨੇ ਵੀ ਇਸ ਮੌਕੇ ਸਭ ਨੂੰ ਵਿਸਾਖੀ ਦੀਆਂ ਦਿਲੋਂ ਵਧਾਈਆਂ ਦਿੱਤੀਆਂ।

## ਰੇਲਵੇ ਪਲੇਟਫਾਰਮ 'ਤੇ ਮਹੀਨੇ ਤੋਂ ਖੜ੍ਹੀ ਰੇਲ ਗੱਡੀ ਯਾਤਰੀਆਂ ਲਈ ਬਣੀ ਰੁਕਾਵਟ

**ਕਿਸੇ ਵੇਲੇ ਵੀ ਵਾਪਰ ਸਕਦੀ ਹੈ ਅਣਸੁਖਾਵੀਂ ਘਟਨਾ**



**ਮੱਖੂ (ਰਛਪਾਲ ਸਿੰਘ ਸੰਧੂ)**

ਕਸਬਾ ਮੱਖੂ ਦੇ ਰੇਲਵੇ ਸਟੇਸ਼ਨ ਤੋਂ ਰੋਜ਼ਾਨਾ ਕਰੀਬ 16 ਯਾਤਰੀ ਰੇਲ ਗੱਡੀਆਂ ਆਉਂਦੀਆਂ ਜਾਂਦੀਆਂ ਹਨ, ਜਿਸ ਵਿੱਚ ਮੱਖੂ ਰੇਲਵੇ ਸਟੇਸ਼ਨ ਤੋਂ ਸੈਂਕੜੇ ਯਾਤਰੀ ਹਰ ਰੋਜ਼ ਸਫਰ ਕਰਦੇ ਹਨ, ਪਰ ਪਿਛਲੇ ਇੱਕ ਮਹੀਨੇ ਤੋਂ ਪਲੇਟਫਾਰਮ ਨੰਬਰ 2 'ਤੇ ਖੜੀ ਯਾਤਰੀ ਰੇਲ ਗੱਡੀ ਬਜ਼ੁਰਗਾਂ ਅਤੇ ਬੱਚਿਆਂ ਲਈ ਪ੍ਰੇਸ਼ਾਨੀ ਦਾ ਸਬੱਬ ਬਣੀ ਹੋਈ ਹੈ।ਜਦ ਵੀ ਕੋਈ ਟ੍ਰੇਨ ਪਲੇਟਫਾਰਮ ਨੰਬਰ ਦੋ 'ਤੇ ਆਉਂਦੀ ਹੈ ਤਾਂ ਸਵਾਰੀਆਂ ਨੂੰ ਟ੍ਰੇਨ 'ਤੇ ਉੱਤਰਨ ਤੇ ਚੜ੍ਹਨ ਵਿੱਚ ਬਹੁਤ ਦਿੱਕਤਾਂ ਆਉਂਦੀਆਂ ਹਨ।

ਇਸ ਸਬੰਧੀ ਇੱਕ ਬਜ਼ੁਰਗ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਲੇਟਫਾਰਮ ਨੰਬਰ 2 'ਤੇ ਰੇਲ ਗੱਡੀ ਖੜੀ ਹੋਣ ਕਾਰਨ ਸਾਨੂੰ ਲਾਈਨਾਂ ਵਿੱਚੋਂ ਦੀ ਜਾ ਕੇ ਟ੍ਰੇਨ ਵਿੱਚ ਚੜ੍ਹਨਾ ਤੇ ਉਤਰਨਾ ਪੈਂਦਾ ਹੈ, ਜਿਸ ਕਾਰਨ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਨਾਲ ਕਿਸੇ ਵੇਲੇ ਵੀ ਕੋਈ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ।

ਇਸ ਸਬੰਧੀ ਜਦੋਂ ਸਟੇਸ਼ਨ ਮਾਸਟਰ ਰਾਜੀਵ ਕੁਮਾਰ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਇਹ ਰੇਲ ਗੱਡੀ 10 ਮਾਰਚ 26 ਤੋਂ ਇਧਰ ਖੜੀ ਹੈ, ਸਾਨੂੰ ਵੀ ਬਹੁਤ ਯਾਤਰੀ ਇਸ ਬਾਰੇ ਸ਼ਿਕਾਇਤ ਕਰਦੇ ਹਨ।ਇਸ ਰੇਲ ਗੱਡੀ ਕਾਰਨ ਬਜ਼ੁਰਗਾਂ, ਔਰਤਾਂ ਤੇ ਬੱਚਿਆਂ ਨੂੰ ਬਹੁਤ ਦਿੱਕਤ ਆਉਂਦੀ ਹੁੰਦੀ ਹੈ। ਉਸ ਸਮੇਂ ਹੋਰ ਮੁਸ਼ਕਲ ਹੁੰਦੀ ਹੈ, ਜਦ ਇੱਥੇ ਦੋ ਰੇਲ ਗੱਡੀਆਂ ਦਾ ਕਰਾਸ ਹੁੰਦਾ ਹੈ, ਪਰ ਇਸ ਰੇਲ ਗੱਡੀ ਨੂੰ ਪਾਸੇ ਕਰਨਾ ਸਾਡੇ ਵੱਸ ਵਿੱਚ ਨਹੀਂ ਹੈ, ਇਹ ਸਭ ਕੰਟਰੋਲਰ ਦੇ ਹੱਥ ਵਿੱਚ ਹੈ।ਸ਼ਹਿਰ ਵਾਸੀਆਂ ਤੇ ਸਮਾਜ ਸੇਵਕ ਜਥੇਬੰਦੀਆਂ ਨੇ ਰੇਲਵੇ ਵਿਭਾਗ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਕਿਸੇ ਅਣਸੁਖਾਵੀਂ ਘਟਨਾ ਦੇ ਵਾਪਰਨ ਤੋਂ ਪਹਿਲਾਂ ਹੀ ਇਸ ਰੇਲ ਗੱਡੀ ਨੂੰ ਇਥੋਂ ਪਾਸੇ ਕਰਵਾਇਆ ਜਾਵੇ ਤਾਂ ਜੋ ਪਲੇਟਫਾਰਮ ਨੰਬਰ 2 ਖਾਲੀ ਹੋ ਸਕੇ ਤੇ ਸਵਾਰੀਆਂ ਆਰਾਮ ਨਾਲ ਰੇਲ ਗੱਡੀਆਂ ਵਿੱਚ ਚੜ੍ਹ ਤੇ ਉੱਤਰ ਸਕਣ।

# ਸਰਕਾਰ ਕਣਕ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ : ਬਰਸਟ

**ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਵੱਲੋਂ ਖਰੀਦ ਕੇਂਦਰ ਗੱਜੂਮਾਜਰਾ ਦਾ ਦੌਰਾ**



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਖਰੀਦ ਕੇਂਦਰ ਗੱਜੂਮਾਜਰਾ ਦਾ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਵੱਲੋਂ ਕਣਕ ਦੀ ਖਰੀਦ ਦੀ ਸ਼ੁਰੂਆਤ ਕਰਵਾਈ ਗਈ ਤੇ ਮੌਜੂਦ ਲੋਕਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ।ਇਸ ਦੌਰੇ ਦੌਰਾਨ ਉਨ੍ਹਾਂ ਹਾੜ੍ਹੀ ਸੀਜ਼ਨ ਦੇ ਮੱਦੇਨਜ਼ਰ ਮੰਡੀ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ ਤੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟ ਕੀਤੀ।ਇਸ ਦੇ ਨਾਲ ਹੀ ਉਨ੍ਹਾਂ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਸਹੂਲਤਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀ ਸਮੂਹ ਮੰਡੀਆਂ ਤੇ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੁੱਖਤਾ ਪ੍ਰਬੰਧ ਕੀਤੇ ਗਏ ਹਨ।ਪੰਜਾਬ ਸਰਕਾਰ ਮੰਡੀਆਂ ਵਿੱਚ ਕਿਸਾਨਾਂ ਵੱਲੋਂ ਲਿਆਂਦੀ ਗਈ ਕਣਕ ਦੇ ਇੱਕ-ਇੱਕ ਦਾਣੇ ਦੀ ਖਰੀਦ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਦੀ ਸਹੂਲਤ ਲਈ ਸੂਬੇ ਦੀਆਂ ਸਮੂਹ ਮੰਡੀਆਂ ਤੇ ਖਰੀਦ ਕੇਂਦਰਾਂ ਵਿੱਚ ਸਾਫ਼-ਸਫਾਈ, ਬਿਜਲੀ, ਪੀਣ ਵਾਲਾ ਪਾਣੀ, ਬਾਥਰੂਮਾਂ, ਛਾਂ, ਬੈਠਣ ਆਦਿ ਦੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੌਕੇ ਹਰਭਿੰਦਰ ਸਿੰਘ ਰਾਠੀ, ਨਰਿੰਦਰ ਸਿੰਘ ਸਰਪੰਚ ਬਰਸਟ, ਗਿੰਨੀ ਖੰਗੂੜਾ, ਜੱਸੀ ਫਤਿਹਪੁਰ, ਅਵਤਾਰ ਸਿੰਘ ਸਰਪੰਚ, ਜਰਨੈਲ ਸਿੰਘ ਸਰਪੰਚ ਕੂਕਾ, ਜਸਪਾਲ ਸੈਂਸਰਵਾਲ ਸਾਬਕਾ ਸਰਪੰਚ, ਲੱਖੀ ਸੈਂਸਰਵਾਲ, ਪ੍ਰਤਾਪ ਸਿੰਘ ਸਾਬਕਾ ਸਰਪੰਚ ਗੱਜੂਮਾਜਰਾ, ਓਂਕਾਰ ਫੌਜੀ, ਮੋਦੀ ਸਿੰਘ, ਦਵਿੰਦਰ ਸਿੰਘ, ਗੋਲਡੀ ਭੋਲਾ, ਕੁਲਬੀਰ ਸਿੰਘ, ਭੂਪ ਚੰਦ ਗੱਜੂਮਾਜਰਾ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਕਾਰਜਕਾਰੀ ਇੰਜੀਨੀਅਰ ਅੰਮ੍ਰਿਤਪਾਲ ਸਿੰਘ, ਐੱਸਡੀਓ ਪੰਕਜ ਮਹਿਰਾ, ਜਤਿੰਦਰ ਸਿੰਘ ਸਕੱਤਰ ਮਾਰਕਿਟ ਕਮੇਟੀ ਸਮਾਣਾ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## ਗੁਰਦੁਆਰਾ ਤਖਤੂਪੁਰਾ ਸਾਹਿਬ ਵਿਖੇ ਖਾਲਸਾ ਸਾਜਨਾ ਮਨਾਇਆ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਗੁਰਦੁਆਰਾ ਤਖਤੂਪੁਰਾ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਹ ਸਮਾਗਮ ਸ਼੍ਰੋਮਣੀ ਗੁਰਦੁਆਰਾ ਅੰਮ੍ਰਿਤਸਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਰਵਾਇਆ ਗਿਆ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸ੍ਰ. ਬਲਵਿੰਦਰ ਸਿੰਘ ਕਾਹਲਵਾਂ ਵੱਲੋਂ ਗੁਰਦੁਆਰਾ ਸਾਹਿਬ ਵਿੱਚ ਸਿੱਖ ਇਤਿਹਾਸ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਸਵੇਰ ਤੋਂ ਸ਼ਾਮ ਤੱਕ ਚੱਲੇ ਧਾਰਮਿਕ ਦੀਵਾਨਾਂ ਦੌਰਾਨ ਰਾਗੀ, ਢਾਡੀ ਜਥਿਆਂ ਤੇ ਕਵੀਸ਼ਰਾਂ ਨੇ ਗੁਰਬਾਣੀ ਕੀਰਤਨ ਤੇ ਸਿੱਖ ਇਤਿਹਾਸ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ।ਇਸ ਦੌਰਾਨ ਕਥਾਵਾਚਕਾਂ ਨੇ ਵੀ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਬਾਰੇ ਪ੍ਰਵਚਨ ਦਿੱਤੇ।ਇਸ ਪਵਿੱਤਰ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤੇ ਗਏ ਤੇ ਵੱਡੀ ਗਿਣਤੀ ਵਿੱਚ ਇਲਾਕੇ ਭਰ ਤੋਂ ਪਹੁੰਚੀ ਸੰਗਤ ਨੇ ਨਤਮਸਤਕ ਹੋ ਕੇ ਆਪਣੀ ਹਾਜ਼ਰੀ ਲਗਵਾਈ।

## ਜੋਧਪੁਰ ਤੋਂ ਤੀਰਥ ਯਾਤਰਾ ਲਈ ਬੱਸ ਰਵਾਨਾ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਅਧੀਨ ਮਮਦੋਟ ਬਲਾਕ ਦੇ ਪਿੰਡ ਜੋਧਪੁਰ ਤੋਂ ਸੰਗਤਾਂ ਨੂੰ ਤੀਰਥ ਅਸਥਾਨਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ ਕੀਤੀ ਗਈ।ਇਸ ਬੱਸ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ਼ਾਮਲ ਸਨ, ਜੋ ਧਾਰਮਿਕ ਯਾਤਰਾ ਲਈ ਉਤਸ਼ਾਹਤ ਨਜ਼ਰ ਆਏ।ਇਸ ਮੌਕੇ ਪਿੰਡ ਦੇ ਸਰਪੰਚ ਬਲਕਾਰ ਸਿੰਘ ਸ਼ੇਖੂਪੁਰੀਆ ਵੱਲੋਂ ਬੱਸ ਨੂੰ ਯਾਤਰਾ ਵਾਸਤੇ ਰਵਾਨਾ ਕੀਤਾ ਗਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਰਪੰਚ ਬਲਕਾਰ ਸਿੰਘ ਨੇ ਦੱਸਿਆ ਕਿ ਇਹ ਸਕੀਮ ਤੀਰਥ ਯਾਤਰਾ ਦੇ ਚਾਹਵਾਨ ਬਜ਼ੁਰਗਾਂ ਵਾਸਤੇ ਬਹੁਤ ਹੀ ਲਾਹੇਵੰਦ ਸਾਬਤ ਹੋ ਰਹੀ ਹੈ ਤੇ ਅੱਜ ਦੀ ਇਹ ਯਾਤਰਾ ਸ਼੍ਰੀ ਦੁਰਗਿਆਣਾ ਮੰਦਰ, ਸ਼੍ਰੀ ਹਰਿਮੰਦਿਰ ਸਾਹਿਬ (ਦਰਬਾਰ ਸਾਹਿਬ) ਸ਼੍ਰੀ ਅਮ੍ਰਿਤਸਰ, ਜਲ੍ਹਿਆਂ ਵਾਲਾ ਬਾਗ, ਵਾਹਗਾ ਬਾਰਡਰ ਤੇ ਸ਼੍ਰੀ ਵਾਲਮੀਕ ਤੀਰਥ ਸਮੇਤ ਹੋਰ ਕਈ ਥਾਵਾਂ ਦੇ ਸ਼ਰਧਾਲੂਆਂ ਨੂੰ ਦਰਸ਼ਨ ਕਰਵਾਏ ਜਾਣਗੇ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਲਈ ਵਚਨਬੱਧ ਹੈ ਤੇ ਇਸ ਤਰ੍ਹਾਂ ਦੀਆਂ ਯੋਜਨਾਵਾਂ ਨੂੰ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਚਾਂਸਲਰ ਸਤਨਾਮ ਸਿੰਘ ਸੰਧੂ ਵੱਲੋਂ ਆਕਸਫੋਰਡ ਸਕੂਲ ਦਾ ਦੌਰਾ



**ਬਠਿੰਡਾ (ਰਾਜੀਵ ਗੋਇਲ)**-'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ' ਭਗਤਾ ਭਾਈ ਕਾ ਇੱਕ ਅਜਿਹੀ ਵਿੱਦਿਅਕ ਸੰਸਥਾ ਹੈ, ਜੋ ਹਰ ਪੱਖ ਤੋਂ ਵਿਦਿਆਰਥੀਆਂ ਲਈ ਚਾਨਣ ਮੁਨਾਰਾ ਸਿੱਧ ਹੋ ਰਹੀ ਹੈ।ਬੀਤੇ ਦਿਨੀਂ ਮੈਂਬਰ ਰਾਜਸਭਾ ਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸਿੰਘ ਸੰਧੂ ਵੱਲੋਂ ਸਕੂਲ ਦਾ ਵਿਸ਼ੇਸ਼ ਦੌਰਾ ਕੀਤਾ ਗਿਆ।ਇਸ ਸਮੇਂ ਕਮਲ ਟਿਵਾਣਾ (ਖਰੜ) ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।ਸਕੂਲ ਦੀ ਪ੍ਰਬੰਧਕ ਕਮੇਟੀ ਤੇ ਪ੍ਰਿੰਸੀਪਲ ਸਾਹਿਬ ਦੁਆਰਾ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਨਿੱਘਾ ਸਵਾਗਤ ਕੀਤਾ ਗਿਆ।ਸਕੂਲ ਦਾ ਦੌਰਾ ਕਰਦੇ ਸਮੇਂ ਸ੍ਰ. ਸਤਨਾਮ ਸਿੰਘ ਸੰਧੂ ਬੜੇ ਹੀ ਖੁਸ਼ ਤੇ ਪ੍ਰਭਾਵਤ ਨਜ਼ਰ ਆਏ।ਉਨ੍ਹਾਂ ਕਿਹਾ ਕਿ ਮੈਂ ਬਹੁਤ ਘੱਟ ਸੰਸਥਾਵਾਂ ਦੇਖੀਆਂ ਹਨ, ਜੋ ਇਹੋ-ਜਿਹਾ ਸੁੰਦਰ ਚੌਗਿਰਦਾ ਤੇ ਹਰਿਆ-ਭਰਿਆ ਵਾਤਾਵਰਨ ਵਿਦਿਆਰਥੀਆਂ ਨੂੰ ਮੁਹੱਈਆ ਕਰਵਾਉਂਦੀਆਂ ਹਨ। ਉਨ੍ਹਾਂ ਸਟੈਮ ਕਲਾਸਾਂ ਬਾਰੇ ਕਿਹਾ ਕਿ ਇਸ ਸਕੂਲ ਦਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ, ਜੋ ਸਕੂਲ ਵਿੱਚ ਬੈਠੇ ਹੀ ਚੰਡੀਗੜ੍ਹ ਵਰਗੇ ਵੱਡੇ ਸ਼ਹਿਰ ਵਿੱਚੋਂ ਆਨਲਾਈਨ ਪੜ੍ਹਾਈ ਰਾਹੀਂ ਵਿਦਿਆਰਥੀਆਂ ਨੂੰ ਆਉਣ ਵਾਲੇ ਸਮੇਂ ਦੀਆਂ ਨੀਟ ਤੇ ਜੇ.ਈ.ਈ. ਵਰਗੀਆ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਤਿਆਰ ਕੀਤਾ ਜਾ ਰਿਹਾ ਹੈ।ਉਨ੍ਹਾਂ ਸਮਾਰਟ ਕਲਾਸਾਂ ਦਾ ਖਾਸ ਤੌਰ ਤੇ ਜਮਾਤਾਂ ਵਿੱਚ ਜਾ ਕੇ ਦੌਰਾ ਕੀਤਾ ਤੇ ਕਾਫ਼ੀ ਸ਼ਲਾਘਾ ਕੀਤੀ।ਉਨ੍ਹਾਂ ਇੰਨਡੋਰ ਤੇ ਆਊਟਡੋਰ ਖੇਡਾਂ ਜਿਵੇਂ ਫੁੱਟਬਾਲ, ਬਾਸਕਟਬਾਲ, ਹੈਂਡਬਾਲ, ਵਾਲੀਵਾਲ ਤੇ ਕ੍ਰਿਕਟ ਆਦਿ ਐੱਨ.ਸੀ.ਸੀ-ਨੇਵੀ ਵਿੰਗ, ਐੱਨ.ਸੀ.ਸੀ.-ਆਰਮੀ ਵਿੰਗ, ਸਕਾਊਟ ਐਂਡ ਗਾਈਡ ਤੇ ਸਕੂਲ ਵਿੱਚ ਲੱਗੇ ਓਵਨ ਤੇ ਏ ਸੀ ਵਰਗੀਆਂ ਸੁਵਿਧਾਵਾਂ ਦੀ ਪ੍ਰਸੰਸਾ ਕੀਤੀ।ਉਨ੍ਹਾਂ ਸਕੂਲ ਦੀ ਪ੍ਰਬੰਧਕ ਤੇ ਪ੍ਰਿੰਸੀਪਲ ਨੂੰ ਸਮੁੱਚੇ ਸੁਚਾਰੂ ਪ੍ਰਬੰਧ ਲਈ ਵਧਾਈ ਦੇ ਪਾਤਰ ਕਿਹਾ।ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਸ. ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਤੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਵੱਲੋਂ ਸ੍ਰ. ਸਤਨਾਮ ਸਿੰਘ ਦਾ ਸਕੂਲ ਪਹੁੰਚਣ 'ਤੇ ਬਹੁਤ-ਬਹੁਤ ਧੰਨਵਾਦ ਕੀਤਾ ਗਿਆ।

# ਲੇਖਕਾਂ, ਬੁੱਧੀਜੀਵੀਆਂ ਤੇ ਸਮਾਜ ਸੇਵੀਆਂ ਨੇ ਡੀ ਐੱਮ ਕਾਲਜ ਸੰਸਥਾਵਾਂ ਦੀ ਤਰਸਯੋਗ ਹਾਲਤ 'ਤੇ ਜਤਾਈ ਚਿੰਤਾ

- ਸੰਸਥਾਵਾਂ ਨੂੰ ਬਚਾਉਣ ਲਈ ਐਕਸ਼ਨ ਕਮੇਟੀ ਬਣਾਉਣ ਤੇ ਸੰਘਰਸ਼ ਨੂੰ ਤਿੱਖਾ ਕਰਨ ਦਾ ਅਹਿਦ



**ਮੋਗਾ (ਇਕਬਾਲ ਸਿੰਘ ਖਹਿਰਾ)**-ਡੀ ਐੱਮ ਸੰਸਥਾਵਾਂ ਨੂੰ ਬਚਾਉਣ ਦੇ ਮੁੱਦੇ 'ਤੇ ਮੋਗਾ ਜ਼ਿਲ੍ਹੇ ਨਾਲ ਸਬੰਧਤ ਲੇਖਕਾਂ, ਬੁੱਧੀਜੀਵੀਆਂ ਤੇ ਸਮਾਜ ਸੇਵੀ ਲੋਕਾਂ ਦੀ ਇੱਕ ਭਰਵੀਂ ਇਕੱਤਰਤਾ ਟਾਊਨ ਹਾਲ ਮੋਗਾ ਵਿਖੇ ਹੋਈ, ਜਿਸ ਵਿੱਚ ਕੈਨੇਡਾ ਤੋਂ ਦੋ ਵਾਰ ਵਿਧਾਇਕ ਰਹਿ ਚੁੱਕੇ ਪਰਮਜੀਤ ਸਿੰਘ ਉਰਫ ਪੀਟਰ ਸੰਧੂ ਤੇ ਰੇਡੀਓ ਆਪਣਾ ਪੰਜਾਬ ਦੇ ਮਾਲਕ ਮਨਧੀਰ ਕੌਰ ਉਚੇਚੇ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਚੀਫ ਐਡਵਾਈਜ਼ਰ ਡਾ. ਕੁਲਦੀਪ ਸਿੰਘ ਗਿੱਲ ਤੇ ਅਜੇ ਗੋਰਾ ਸੂਦ ਨੇ ਧੜੇਬੰਦੀ ਕਾਰਨ ਇਨ੍ਹਾਂ ਸੰਸਥਾਵਾਂ ਦੀ ਬਣੀ ਤਰਸਯੋਗ ਹਾਲਤ ਤੇ ਅਦਾਲਤੀ ਕੇਸਾਂ ਬਾਰੇ ਜਾਣਕਾਰੀ ਦਿੰਦਿਆਂ ਸਿਵਲ ਸੁਸਾਇਟੀ ਮੋਗਾ ਵੱਲੋਂ ਇਨ੍ਹਾਂ ਸੰਸਥਾਵਾਂ ਨੂੰ ਬਚਾਉਣ ਲਈ ਸ਼ੁਰੂ ਕੀਤੇ ਗਏ ਸੰਘਰਸ਼ ਵਿੱਚ ਸਾਥ ਦੇਣ ਦੀ ਅਪੀਲ ਕੀਤੀ।ਇਸ 'ਤੇ ਬੋਲਦਿਆਂ ਉੱਘੇ ਲੇਖਕ ਬਲਦੇਵ ਸਿੰਘ ਸੜਕਨਾਮਾ, ਕੇ ਐੱਲ ਗਰਗ, ਗੁਰਮੇਲ ਸਿੰਘ ਬੌਡੇ, ਅਜੀਤਪਾਲ ਜਟਾਣਾ, ਕਰਨਲ ਬਾਬੂ ਸਿੰਘ, ਸਮਾਜ ਸੇਵੀ ਜਸਵਿੰਦਰ ਸਿੰਘ ਅਤੇ ਭਾਵਨਾ ਬਾਂਸਲ, ਕਨੇਡੀਅਨ ਵਿਧਾਇਕ ਪੀਟਰ ਸੰਧੂ ਤੇ ਮਨਧੀਰ ਕੌਰ ਨੇ ਸਿਵਲ ਸੁਸਾਇਟੀ ਮੋਗਾ ਵੱਲੋਂ ਰੱਖੇ ਤੱਥਾਂ ਨਾਲ ਸਹਿਮਤ ਹੁੰਦਿਆਂ ਇਨ੍ਹਾਂ ਸੰਸਥਾਵਾਂ ਨੂੰ ਬਚਾਉਣ ਲਈ ਤਿੰਨਾਂ ਦਾਅਵੇਦਾਰ ਧਿਰਾਂ ਨੂੰ ਆਪਸੀ ਸਹਿਮਤੀ ਬਣਾਉਣ ਤੇ ਅਦਾਲਤੀ ਝਗੜਿਆਂ ਦੇ ਨਿਬੇੜੇ ਲਈ ਗੱਲਬਾਤ ਲਈ ਇੱਕ ਮੰਚ 'ਤੇ ਇਕੱਠੇ ਹੋਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਜੇਕਰ ਮਿੱਥੇ ਸਮੇਂ ਅੰਦਰ ਸਬੰਧਤ ਧਿਰਾਂ ਆਪਸੀ ਸਹਿਮਤੀ ਨਹੀਂ ਬਣਾਉਂਦੀਆਂ ਤਾਂ ਉਨ੍ਹਾਂ ਦੀ ਲਾਲਚੀ ਤੇ ਸਿੱਖਿਆ ਵਿਰੋਧੀ ਬਿਰਤੀ ਨੂੰ ਜੱਗ ਜ਼ਾਹਰ ਕਰਨ ਲਈ ਉਨ੍ਹਾਂ ਵਿਰੁੱਧ ਜ਼ੋਰਦਾਰ ਸੰਘਰਸ਼ ਵਿੱਢ ਦੇਣਾ ਚਾਹੀਦਾ ਹੈ।ਉਨ੍ਹਾਂ ਸਮੁੱਚੇ ਸੰਘਰਸ਼ ਦੀ ਅਗਵਾਈ ਲਈ ਡੀ ਐੱਮ ਕਾਲਜ ਬਚਾਓ ਐਕਸ਼ਨ ਕਮੇਟੀ ਬਣਾਉਣ ਤੇ ਸਹਿਮਤੀ ਦਿੰਦਿਆਂ ਅਗਲੇ ਹਫਤੇ ਸਮਾਜ ਦੇ ਹਰ ਵਰਗ, ਸਮਾਜ ਸੇਵੀ ਸੰਸਥਾਵਾਂ, ਜਨਤਕ ਜਮਹੂਰੀ ਜਥੇਬੰਦੀਆਂ ਤੇ ਵਿਦਿਆਰਥੀ ਜੱਥੇਬੰਦੀਆਂ ਦੀ ਇੱਕ ਵੱਡੀ ਮੀਟਿੰਗ ਬੁਲਾਉਣ ਤੇ ਐਕਸ਼ਨ ਕਮੇਟੀ ਦਾ ਗਠਨ ਕਰਨ 'ਤੇ ਵੀ ਸਹਿਮਤੀ ਦਿੱਤੀ।ਮੀਟਿੰਗ ਦੀ ਸਮਾਪਤੀ ਮੌਕੇ ਪ੍ਰਜ਼ੀਡੀਅਮ ਮੈਂਬਰ ਮਹਿੰਦਰ ਪਾਲ ਲੂੰਬਾ ਨੇ ਮੀਟਿੰਗ ਵਿੱਚ ਸ਼ਾਮਲ ਲੇਖਕਾਂ, ਬੁੱਧੀਜੀਵੀਆਂ ਤੇ ਸਮਾਜ ਸੇਵੀ ਹਸਤੀਆਂ ਦਾ ਉਚੇਚੇ ਤੌਰ 'ਤੇ ਧੰਨਵਾਦ ਕਰਦਿਆਂ ਦੱਸਿਆ ਕਿ ਬਹੁਤ ਜਲਦ ਐਕਸ਼ਨ ਕਮੇਟੀ ਦੇ ਗਠਨ ਸਬੰਧੀ ਅਗਲੀ ਮੀਟਿੰਗ ਦੀ ਮਿਤੀ ਤੇ ਜਗ੍ਹਾ ਦਾ ਐਲਾਨ ਕੀਤਾ ਜਾਵੇਗਾ, ਜਿਸ ਵਿੱਚ ਸ਼ਾਮਲ ਹੋਣ ਲਈ ਵੱਡੇ ਪੱਧਰ 'ਤੇ ਸੰਪਰਕ ਮੁਹਿੰਮ ਸ਼ੁਰੂ ਕੀਤੀ ਜਾਵੇਗੀ।

## ਕਣਕ ਨਾ ਵਿਕਣ ਕਾਰਨ ਕਿਸਾਨ ਹੋ ਰਹੇ ਖੱਜਲ-ਖੁਆਰ

**ਹਲਕਾ ਵਿਧਾਇਕਾ ਦਾ ਘਰ ਅਤੇ ਅਧਿਕਾਰੀਆਂ ਦੇ ਦਫ਼ਤਰ ਘੇਰਨ ਦੀ ਚਿਤਾਵਨੀ**

**ਜਗਰਾਉਂ (ਨਛੱਤਰ ਸੰਧੂ)**-ਇੱਕ ਪਾਸੇ ਮੌਸਮ ਦੀ ਅਣਕਿਆਸੀ ਮਾਰ ਦੂਜੇ ਬੰਨੇ ਮੰਡੀਆਂ ਚ ਕੁਝ ਦਿਨ ਚੱਲੀ ਆੜ੍ਹਤੀ ਵਰਗ ਦੀ ਹੜਤਾਲ ਕਾਰਨ ਅਤੇ ਹੁਣ ਅਖੇ ਦਾਣਾ ਸੁੰਗੜ ਗਿਆ ਹੈ, ਦਾ ਬਹਾਨਾ ਲਾ ਕੇ ਸਰਕਾਰੀ ਖਰੀਦ ਏਜੰਸੀਆਂ ਨੇ ਸਰਕਾਰੀ ਖਰੀਦ ਬੰਦ ਕਰ ਦਿੱਤੀ ਹੈ। ਇਸ ਸਬੰਧੀ ਇੱਥੇ ਸਥਾਨਕ ਅਨਾਜ ਮੰਡੀ ਚ ਕਣਕ ਵੇਚਣ ਆਏ ਕਿਸਾਨ ਡਾਢੀ ਪ੍ਰੇਸ਼ਾਨੀ 'ਚ ਨਜ਼ਰ ਆਏ।ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ, ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ, ਵਿੱਤ ਸਕੱਤਰ ਤਰਸੇਮ ਸਿੰਘ ਬੱਸੂਵਾਲ ਨੇ ਕਿਹਾ ਕਿ ਈਰਾਨ ਅਮਰੀਕਾ ਜੰਗ ਦੇ ਨਾ ਟਲਣ ਕਾਰਨ ਵਿਦੇਸ਼ਾਂ ਚੋਂ ਤੇਲ, ਡੀਜ਼ਲ, ਯੂਰੀਆ ਦੀ ਦਰਾਮਦ ਰੁਕਣ ਦੇ ਸਿੱਟੇ ਵਜੋਂ ਮਹਿੰਗਾਈ ਅਤੇ ਕਿੱਲਤ ਕਾਰਨ ਹਾਲਾਤ ਹੋਰ ਬਦਤਰ ਹੋਣਗੇ।ਉਨ੍ਹਾਂ ਕਿਹਾ ਕਿ ਇਸ ਤੋਂ ਅੱਗੇ ਤਾਂ ਕਿਸਾਨ ਕੋਲ ਸੰਘਰਸ਼ ਤੋਂ ਬਿਨਾਂ ਕੋਈ ਚਾਰਾ ਨਹੀਂ ਹੈ। ਰੇਟ ਘੱਟ ਲੱਗਣਾ, ਲੰਮਾ ਸਮਾਂ ਮੰਡੀਆਂ ਵਿੱਚ ਖੱਜਲ ਕਰਾਉਣਾ ਭਗਵੰਤ ਮਾਨ ਸਰਕਾਰ ਦਾ ਸ਼ੁਗਲ ਬਣ ਚੁੱਕਾ ਹੈ। ਉਨ੍ਹਾਂ ਕਿਹਾ ਕਿ ਜੇਕਰ ਅਨਾਜ ਮੰਡੀਆਂ ਵਿੱਚ ਇਹ ਖੱਜਲਖੁਆਰੀ ਜਾਰੀ ਰਹੀ ਤਾਂ ਆਉਂਦੇ ਦਿਨਾਂ 'ਚ ਜਗਰਾਓਂ ਹਲਕਾ ਵਿਧਾਇਕਾ ਦੇ ਘਰ ਅਤੇ ਜ਼ਿਲ੍ਹਾ ਅਧਿਕਾਰੀਆਂ ਦੇ ਦਫ਼ਤਰਾਂ ਦਾ ਘਿਰਾਓ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿਸਾਨਾਂ ਨੂੰ ਮਿੱਥੇ ਰੇਟ ਤੋਂ ਘੱਟ ਰੇਟ ਬਿਲਕੁਲ ਵੀ ਸਵੀਕਾਰ ਨਹੀਂ।

## ਪਾਤੜਾਂ ਦੀ ਮੰਡੀ 'ਚ ਕਣਕ ਦੀ ਸਰਕਾਰੀ ਖਰੀਦ ਸ਼ੁਰੂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਸਰਕਾਰ ਵੱਲੋਂ ਹਾੜ੍ਹੀ ਦੀ ਪ੍ਰਮੁੱਖ ਫਸਲ ਕਣਕ ਦੀ ਸਰਕਾਰੀ ਖਰੀਦ ਪਹਿਲੀ ਅਪ੍ਰੈਲ ਤੋਂ ਕੀਤਾ ਜਾਣ ਦਾ ਦਾਅਵਾ ਕੀਤਾ ਗਿਆ ਸੀ, ਪਰ ਪੱਕਣ ਦੇ ਨੇੜੇ ਪੁੱਜੀ ਕਣਕ ਦੀ ਫਸਲ ਉੱਤੇ ਬਰਸਾਤ ਪੈ ਜਾਣ ਕਰਕੇ ਕਣਕ ਦੀ ਖਰੀਦ ਵਿੱਚ ਹੋਈ ਦੇਰੀ ਮਗਰੋਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਤੇ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਵੱਲੋਂ ਅਨਾਜ ਮੰਡੀ ਪਾਤੜਾਂ ਵਿੱਚ ਕਣਕ ਦੀ ਖਰੀਦ ਦੀ ਰਸਮੀ ਸ਼ੁਰੂਆਤ ਕਰ ਦਿੱਤੀ ਗਈ ਹੈ।ਕਣਕ ਦੀ ਖਰੀਦ ਸ਼ੁਰੂ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਕਿਸਾਨਾਂ ਦੀ ਕਣਕ ਦਾ ਇੱਕ ਇੱਕ ਦਾਣਾ ਖਰੀਦਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਕਰਕੇ ਕਣਕ ਦੀ ਖਰੀਦ ਸ਼ੁਰੂ ਕਰਨ ਵਿੱਚ ਕੁਝ ਦੇਰੀ ਹੋਈ ਹੈ।ਚੇਅਰਮੈਨ ਮਹਿੰਗਾ ਸਿੰਘ ਬਰਾੜ ਨੇ ਕਿਹਾ ਕਿ ਮਾਰਕੀਟ ਕਮੇਟੀ ਪਾਤੜਾਂ ਅਧੀਨ ਆਉਂਦੀਆਂ ਅਨਾਜ ਮੰਡੀਆਂ ਤੇ ਸਬ ਯਾਰਡਾਂ ਵਿੱਚ ਖਰੀਦ ਦੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ।ਖਰੀਦ ਏਜੰਸੀਆਂ ਦੇ ਅਧਿਕਾਰੀ ਮੰਡੀਆਂ ਵਿੱਚ ਪਹੁੰਚ ਗਏ ਹਨ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਸਹੂਲਤ ਲਈ ਬੈਠਣ ਤੇ ਪੀਣ ਵਾਲੇ ਪਾਣੀ ਦੇ ਪ੍ਰਬੰਧ ਕੀਤੇ ਗਏ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆੜ੍ਹਤੀਆ ਐਸੋਸੀਏਸ਼ਨ ਪਾਤੜਾਂ ਦੇ ਪ੍ਰਧਾਨ ਤੇਜਪਾਲ ਸ਼ਰਮਾ, ਮੀਤ ਪ੍ਰਧਾਨ ਪੰਜਾਬ ਸੰਦੀਪ ਕੁਮਾਰ ਕਾਲਾ, ਡਾਕਟਰ ਡੀਡੀ ਸਿੰਗਲਾ, ਸ਼ਹਿਰੀ ਪ੍ਰਧਾਨ ਆਪ ਮਦਨ ਲਾਲ ਗੋਇਲ ਆਦਿ ਹਾਜ਼ਰ ਸਨ।

## ਐੱਮ ਡੀ ਪਬਲਿਕ ਸਕੂਲ ਵਿਖੇ ਵਿਸਾਖੀ ਦਾ ਦਿਹਾੜਾ ਮਨਾਇਆ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਐੱਮ. ਡੀ. ਪਬਲਿਕ ਸਕੂਲ ਵਿਖੇ ਵਿਸਾਖੀ ਦਾ ਪਵਿੱਤਰ ਦਿਹਾੜਾ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਖਾਸ ਸਮਾਗਮ ਦਾ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਪ੍ਰੋਗਰਾਮ ਦੀ ਸ਼ੁਰੂਆਤ ਧਾਰਮਿਕ ਕੀਰਤਨ ਨਾਲ ਹੋਈ।ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਭੰਗੜਾ ਤੇ ਗਿੱਧਾ ਪੇਸ਼ ਕੀਤਾ ਗਿਆ, ਜਿਸ ਨੇ ਸਭ ਦਾ ਮਨ ਮੋਹ ਲਿਆ।ਵਿਦਿਆਰਥੀਆਂ ਨੇ ਵਿਸਾਖੀ ਦੇ ਇਤਿਹਾਸ ਤੇ ਮਹੱਤਵ ਬਾਰੇ ਜਾਣਕਾਰੀ ਦਿੱਤੀ।ਸਕੂਲ ਦੇ ਅਧਿਆਪਕਾਂ ਨੇ ਵੀ ਵਿਦਿਆਰਥੀਆਂ ਨੂੰ ਵਿਸਾਖੀ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਤੇ ਇਸ ਤਿਉਹਾਰ ਨੂੰ ਖੁਸ਼ੀ ਤੇ ਮਿਲਜੁਲ ਕੇ ਮਨਾਉਣ ਦਾ ਸੰਦੇਸ਼ ਦਿੱਤਾ।ਅੰਤ ਵਿੱਚ ਸਕੂਲ ਪ੍ਰਬੰਧਕਾਂ ਨੇ ਸਭ ਨੂੰ ਵਿਸਾਖੀ ਦੀਆਂ ਵਧਾਈਆਂ ਦਿੱਤੀਆਂ ਤੇ ਸਮਾਗਮ ਨੂੰ ਸਫਲ ਬਣਾਉਣ ਲਈ ਸਭ ਦਾ ਧੰਨਵਾਦ ਕੀਤਾ।ਇਹ ਸਮਾਗਮ ਵਿਦਿਆਰਥੀਆਂ ਲਈ ਯਾਦਗਾਰ ਬਣ ਗਿਆ।

## ਭਾਰਤ ਗਰੁੱਪ ਦੇ ਵਿਦਿਆਰਥੀ ਐੱਮ ਆਰ ਐੱਸ ਪੀ ਟੀ ਯੂ ਵੱਲੋਂ ਸਨਮਾਨਤ




**ਸਰਦੂਲਗੜ੍ਹ (ਅਵਤਾਰ ਜਟਾਣਾ)**-ਭਾਰਤ ਗਰੁੱਪ ਦੇ ਕੰਪਿਊਟਰ ਤੇ ਸਾਇੰਸ ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਐੱਮ ਆਰ ਐੱਸ ਪੀ ਟੀ ਯੂ ਬਠਿੰਡਾ ਮੈਰਿਟ ਸੂਚੀ ਵਿੱਚ ਪਹਿਲੇ ਦੋ ਸਥਾਨ (ਗੋਲਡ ਤੇ ਸਿਲਵਰ ਮੈਡਲ) ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ।ਮਾਣਯੋਗ ਸ਼੍ਰੀ ਗੁਲਾਬ ਚੰਦ ਕਟਾਰੀਆ, ਪੰਜਾਬ ਦੇ ਰਾਜਪਾਲ-ਕਮ- ਚਾਂਸਲਰ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਤੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੀਵ ਕੁਮਾਰ ਸ਼ਰਮਾ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੀ ਕਨਵੋਕੇਸ਼ਨ-3 ਵਿੱਚ ਗੋਲਡ ਤੇ ਸਿਲਵਰ ਮੈਡਲ ਦੇ ਕੇ ਸਨਮਾਨਤ ਕੀਤਾ ਤੇ ਭਾਰਤ ਗਰੁੱਪ ਦੀ ਪ੍ਰਸੰਸਾ ਕੀਤੀ।ਮੈਰਿਟ ਸੂਚੀ ਵਿੱਚ ਪਰਮਜੀਤ ਕੌਰ (ਐੱਮ.ਐੱਸ.ਸੀ.ਆਈ.ਟੀ.) ਤੇ ਰਮਨਦੀਪ ਕੌਰ (ਬੀ.ਐੱਸ.ਸੀ.ਆਈ.ਟੀ.) ਨੇ 8.44 ਤੇ 8.13 ਦੇ ਸੀਜੀਪੀਏ ਨਾਲ ਪਹਿਲਾ, ਜਦੋਂਕਿ ਪ੍ਰਿਯੰਕਾ (ਐੱਮ.ਐੱਸ.ਸੀ. ਸਾਇੰਸ) ਨੇ 8.49 ਦੇ ਸੀਜੀਪੀਏ ਨਾਲ ਦੂਜਾ ਸਥਾਨ ਪ੍ਰਾਪਤ ਕਰਕੇ ਭਾਰਤ ਗਰੁੱਪ ਨੂੰ ਮਾਣ ਦਿਵਾਇਆ।ਸ਼੍ਰੀ ਰਾਜੇਸ਼ ਗਰਗ ਸੀਈਓ ਤੇ ਸ਼੍ਰੀ ਮੋਹਿਤ ਜੈਨ ਡਾਇਰੈਕਟਰ ਐਡਮਿਸ਼ਨਜ਼ ਭਾਰਤ ਗਰੁੱਪ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਾਡੇ ਵਿਦਿਆਰਥੀਆਂ ਨੇ ਅਕਾਦਮਿਕ ਖੇਤਰ ਵਿੱਚ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ ਤੇ ਉਨ੍ਹਾਂ ਦੀ ਸਫਲਤਾ ਵਿਦਿਆਰਥੀਆਂ ਤੇ ਫੈਕਲਟੀ ਦੋਵਾਂ ਦੇ ਸਮਰਪਣ ਨੂੰ ਦਰਸਾਉਂਦੀ ਹੈ।ਡਾ. ਗੀਤੇਸ਼ ਗੋਗਾ ਡਾਇਰੈਕਟਰ-ਪ੍ਰਿੰਸੀਪਲ ਭਾਰਤ ਗਰੁੱਪ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਤੇ ਉਨ੍ਹਾਂ ਦੇ ਸਮਰਪਣ ਤੇ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ।

## ਸਿਹਤ ਵਿਭਾਗ ਡਾਇਰੈਕਟਰ ਵੱਲੋਂ ਵਧੀਆ ਕਾਰਗੁਜ਼ਾਰੀ ਵਾਲੇ ਕਰਮਚਾਰੀ ਸਨਮਾਨਤ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਡਾਇਰੈਕਟਰ ਸਿਹਤ ਵਿਭਾਗ ਡਾ. ਅਨਿਲ ਗੋਇਲ ਵੱਲੋਂ ਸਿਹਤ ਵਿਭਾਗ ਬਠਿੰਡਾ ਦੇ ਉਨ੍ਹਾਂ ਅਧਿਕਾਰੀਆਂ /ਕਰਮਚਾਰੀਆਂ ਨੂੰ ਸਨਮਾਨਤ ਕੀਤਾ ਗਿਆ, ਜਿਨ੍ਹਾਂ ਨੇ ਆਪਣੀਆਂ ਡਿਊਟੀਆਂ ਨੂੰ ਇਮਾਨਦਾਰੀ, ਮਿਹਨਤ ਅਤੇ ਸਮਰਪਣ ਨਾਲ ਨਿਭਾਉਂਦਿਆਂ ਵਿਭਾਗ ਦੇ ਕੰਮਕਾਜ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।ਇਸ ਮੌਕੇ ਡਾਇਰੈਕਟਰ ਸਿਹਤ ਵਿਭਾਗ ਨੇ ਕਿਹਾ ਕਿ ਸਿਹਤ ਵਿਭਾਗ ਦੇ ਕਰਮਚਾਰੀ ਲੋਕ ਸੇਵਾ ਦਾ ਇੱਕ ਅਹਿਮ ਹਿੱਸਾ ਹਨ ਅਤੇ ਉਨ੍ਹਾਂ ਦੀ ਲਗਨ ਅਤੇ ਨਿਭਾਵ ਨਾਲ ਹੀ ਆਮ ਜਨਤਾ ਤੱਕ ਬਿਹਤਰ ਸਿਹਤ ਸਹੂਲਤਾਂ ਪਹੁੰਚਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਵਧੀਆ ਕੰਮ ਕਰਨ ਵਾਲੇ ਕਰਮਚਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਨਾ ਵਿਭਾਗ ਦੀ ਜ਼ਿੰਮੇਵਾਰੀ ਹੈ, ਤਾਂ ਜੋ ਹੋਰ ਕਰਮਚਾਰੀ ਵੀ ਪ੍ਰੇਰਿਤ ਹੋਣ।ਇਸ ਮੌਕੇ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਨੇ ਵੀ ਸਨਮਾਨਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਦੀ ਲਗਨ ਅਤੇ ਮਿਹਨਤ ਦੀ ਕਦਰ ਹੈ। ਇਸ ਮੌਕੇ ਜ਼ਿਲ੍ਹਾ ਸਿਹਤ ਅਫ਼ਸਰ ਡਾ. ਊਸ਼ਾ ਗੋਇਲ ਅਤੇ ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਹਾਜ਼ਰ ਸਨ।ਅੰਤ ਵਿੱਚ ਸਨਮਾਨਤ ਕਰਮਚਾਰੀਆਂ ਨੇ ਵਿਭਾਗ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਭਵਿੱਖ ਵਿੱਚ ਵੀ ਆਪਣੀਆਂ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਪੂਰੀ ਤਰ੍ਹਾਂ ਸਮਰਪਤ ਰਹਿਣਗੇ।

## ਬਾਬਾ ਸਾਹਿਬ ਨੇ ਦਲਿਤਾਂ, ਮਜ਼ਦੂਰਾਂ ਤੇ ਪੱਛੜੇ ਵਰਗਾਂ ਦੇ ਹੱਕਾਂ ਲਈ ਸੰਘਰਸ਼ ਕੀਤਾ : ਰਾਏ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਵਸ ਪਿੰਡ ਰੁੜਕੀ ਵਿਖੇ ਗ੍ਰਾਮ ਪੰਚਾਇਤ ਵੱਲੋਂ ਮਨਾਇਆ ਗਿਆ।ਇਸ ਮੌਕੇ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਦੌਰਾਨ ਪੜ੍ਹਾਈ ਵਿੱਚੋਂ ਚੰਗੇ ਨੰਬਰ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਭਾਰਤ ਦੇ ਮਹਾਨ ਸਮਾਜ ਸੁਧਾਰਕ, ਕਾਨੂੰਨ ਵਿਦਵਾਨ, ਅਰਥਸ਼ਾਸਤਰੀ ਅਤੇ ਸੰਵਿਧਾਨ ਦੇ ਮੁੱਖ ਨਿਰਮਾਤਾ ਸਨ।ਬਚਪਨ ਤੋਂ ਹੀ ਉਨ੍ਹਾਂ ਨੇ ਜਾਤ-ਪਾਤ ਦੇ ਭੇਦਭਾਵ ਅਤੇ ਅਨਿਆਇ ਦਾ ਸਾਹਮਣਾ ਕੀਤਾ, ਪਰ ਉਨ੍ਹਾਂ ਨੇ ਆਪਣੇ ਅਟੱਲ ਹੌਸਲੇ ਅਤੇ ਮਿਹਨਤ ਨਾਲ ਉੱਚੀ ਸਿੱਖਿਆ ਪ੍ਰਾਪਤ ਕੀਤੀ।ਉਨ੍ਹਾਂ ਦਲਿਤਾਂ, ਮਜ਼ਦੂਰਾਂ ਅਤੇ ਪਛੜੇ ਵਰਗਾਂ ਦੇ ਹੱਕਾਂ ਲਈ ਸੰਘਰਸ਼ ਕੀਤਾ।ਡਾ. ਅੰਬੇਡਕਰ ਨੇ ਭਾਰਤੀ ਸੰਵਿਧਾਨ ਦੀ ਰਚਨਾ ਵਿੱਚ ਕੇਂਦਰੀ ਭੂਮਿਕਾ ਨਿਭਾਈ ਅਤੇ ਦੇਸ਼ ਦੇ ਹਰ ਨਾਗਰਿਕ ਲਈ ਬਰਾਬਰੀ, ਆਜ਼ਾਦੀ ਅਤੇ ਨਿਆਂ ਦੇ ਅਧਿਕਾਰ ਸੁਨਿਸਚਿਤ ਕੀਤੇ।ਉਨ੍ਹਾਂ ਨੇ ਅਛੂਤਪਣ ਦੇ ਖ਼ਾਤਮੇ ਲਈ ਕਈ ਅੰਦੋਲਨ ਚਲਾਏ ਅਤੇ ਸਮਾਜ ਵਿੱਚ ਸਮਾਨਤਾ ਦੀ ਸੋਚ ਨੂੰ ਮਜ਼ਬੂਤ ਕੀਤਾ।ਮਹਿਲਾਵਾਂ ਦੇ ਹੱਕਾਂ ਲਈ ਵੀ ਉਹਨਾਂ ਨੇ ਮਹੱਤਵਪੂਰਨ ਕਦਮ ਚੁੱਕੇ। ਉਨ੍ਹਾਂ ਦਾ ਮੰਤਰ ਪੜ੍ਹੋ, ਜੁੜੋ ਅਤੇ ਸੰਘਰਸ਼ ਕਰੋ ਅੱਜ ਵੀ ਲੋਕਾਂ ਨੂੰ ਪ੍ਰੇਰਿਤ ਕਰਦਾ ਹੈ।ਉਹਨਾਂ ਕਿਹਾ ਕਿ ਗ੍ਰਾਮ ਪੰਚਾਇਤ ਵੱਲੋਂ ਕੀਤਾ ਗਿਆ ਇਹ ਉਪਰਾਲਾ ਸਮਾਜ ਦੇ ਲਈ ਇੱਕ ਚਾਨਣ ਮੁਨਾਰੇ ਵਜੋਂ ਕੰਮ ਕਰੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਹਰਸ਼ਦੀਪ ਸ਼ਰਮਾ, ਹਰਵਿੰਦਰ ਪਾਲ, ਸਵਰਨ ਕੌਰ, ਧਰਮਪਾਲ ਕੌਰ, ਮਨਪ੍ਰੀਤ ਸਿੰਘ, ਪਰਮਜੀਤ ਕੌਰ (ਸਾਰੇ ਪੰਚ), ਚਨਾਰਥਲ ਦੇ ਸਰਪੰਚ ਰਾਜਦੀਪ ਰਾਜੂ, ਪੰਜੋਲੀ ਦੇ ਸਰਪੰਚ ਹਰਪ੍ਰੀਤ ਸਿੰਘ, ਗੁਣੀਆਂ ਮਾਜਰੇ ਤੋਂ ਗੁਰਪ੍ਰੀਤ ਸਿੰਘ, ਜਗਦੀਪ ਰੁੜਕੀ, ਜਗਸੀਰ ਗੁਰਨਾ ਅਤਾਪੁਰ, ਅਮਰਿੰਦਰ ਮੰਡੋਫਲ, ਜਗਵੀਰ ਸਿੰਘ, ਰਾਮ ਸਿੰਘ, ਪਰਮਜੀਤ ਪੰਮਾ, ਸਰਬਜੀਤ ਸਿੰਘ ਰੁੜਕੀ, ਮੇਜਰ ਸਿੰਘ, ਜਗਤਾਰ ਸਿੰਘ ਆਦਿ ਵੀ ਹਾਜ਼ਰ ਸਨ।

## ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ 'ਚ ਵਿਸਾਖੀ ਦਾ ਤਿਉਹਾਰ ਮਨਾਇਆ




**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਓਰੀਐਂਟ ਇੰਟਰਨੈਸ਼ਨਲ ਸਕੂਲ ਅਤੇ ਸਪੋਰਟਸ ਅਕੈਡਮੀ ਵਿੱਚ 13 ਅਪ੍ਰੈਲ ਨੂੰ ਵਿਸਾਖੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ।ਵਿਦਿਆਰਥੀਆਂ ਨੂੰ ਵਿਸਾਖੀ ਦੇ ਤਿਉਹਾਰ ਤੋਂ ਜਾਣੂ ਕਰਵਾਉਣ ਲਈ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵਿਦਿਆਰਥੀਆਂ ਵੱਲੋਂ ਵਿਸਾਖੀ ਦੇ ਧਾਰਮਿਕ, ਇਤਿਹਾਸਕ, ਆਰਥਿਕ ਅਤੇ ਸੱਭਿਆਚਾਰਕ ਪਿਛੋਕੜ ਤੋਂ ਜਾਣੂ ਕਰਵਾਇਆ ਗਿਆ। ਰਵਾਇਤੀ ਪਹਿਰਾਵਿਆਂ ਵਿੱਚ ਸਜੇ ਵਿਦਿਆਰਥੀਆਂ ਵੱਲੋਂ ਵਿਸਾਖੀ ਨਾਲ ਸਬੰਧਤ ਕਵਿਤਾਵਾਂ, ਗੀਤ, ਡਾਂਸ ਪੇਸ਼ ਕੀਤੇ ਗਏ । ਖ਼ਾਲਸਾ ਸਾਜਨਾ ਦਿਵਸ, ਡਾ. ਬੀ. ਆਰ .ਅੰਬੇਡਕਰ ਅਤੇ ਜਲਿਆਂਵਾਲਾ ਬਾਗ਼ ਵਿੱਚ ਹੋਏ ਹੱਤਿਆਕਾਂਡ ਨਾਲ ਸਬੰਧਤ ਭਾਸ਼ਣ ਦਿੱਤੇ ਗਏ।

ਇਸ ਸ਼ੁੱਭ ਮੌਕੇ ਸਕੂਲ ਦੇ ਚੇਅਰਮੈਨ ਵਿਕਰਮ ਸ਼ਰਮਾ, ਡਾਇਰੈਕਟਰ ਰਜਤ ਸ਼ਰਮਾ, ਪ੍ਰਿੰਸੀਪਲ ਦੀਪਾਲੀ ਨੰਦਾ ਅਤੇ ਸਮੂਹ ਸਟਾਫ਼ ਮੌਜੂਦ ਸੀ।ਪ੍ਰਿੰਸੀਪਲ ਦੀਪਾਲੀ ਨੰਦਾ ਨੇ ਵਿਦਿਆਰਥੀਆਂ ਨੂੰ ਇਸ ਪਵਿੱਤਰ ਦਿਹਾੜੇ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਤਿਉਹਾਰ ਮਨਾਉਣ ਨਾਲ ਸਾਡੇ ਨੌਜਵਾਨ ਸਿਖਿਆਰਥੀਆਂ ਨੂੰ ਸਾਡੀਆਂ ਜੜ੍ਹਾਂ ਨਾਲ ਜੁੜਨ ਅਤੇ ਸਾਡੀਆਂ ਪਰੰਪਰਾਵਾਂ ਦੇ ਮਹੱਤਵ ਨੂੰ ਸਮਝਣ ਵਿੱਚ ਮਦਦ ਮਿਲਦੀ ਹੈ ।

# ਆਂਗਣਵਾੜੀ ਵਰਕਰ/ਹੈਲਪਰ ਯੂਨੀਅਨ ਏਟਕ ਦਾ ਵਫਦ ਹੱਕੀ ਮੰਗਾਂ ਨੂੰ ਲੈ ਕੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਨੂੰ ਮਿਲਿਆ : ਛਿੰਦਰ ਦੁੱਨੇਕੇ, ਗੁਰਚਰਨ ਕੌਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਲ ਇੰਡੀਆ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਏਟਕ ਦੇ ਆਗੂ ਮੁਸ਼ਕਲਾਂ ਤੇ ਮੰਗਾਂ ਦੇ ਸਬੰਧ ਵਿੱਚ ਪ੍ਰੋਗਰਾਮ ਅਫਸਰ ਮੋਗਾ ਮਿਲੇ ਤੇ ਮੰਗ ਪੱਤਰ ਦਿੱਤਾ।ਇਸ ਮੰਗ ਪੱਤਰ ਨੂੰ ਪੰਜਾਬ ਸਰਕਾਰ ਤੱਕ ਭੇਜਿਆ ਜਾਵੇ।ਜਥੇਬੰਦੀ ਦੇ ਆਗੂ ਸਰਕਾਰ ਦੀ ਸਕੀਮ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਸਵਾਗਤ ਕਰਦੀ ਹੈ ਤੇ ਮੰਗ ਕਰਦੀ ਹੈ ਕਿ ਆਂਗਣਵਾੜੀ ਵਰਕਰਾਂ ਨੂੰ ਫਾਰਮ ਭਰਨ ਲਈ ਸਰਕਾਰੀ ਫੋਨ ਤੇ ਸਰਕਾਰੀ ਨੰਬਰ ਡਾਟੇ ਸਮੇਤ ਦਿੱਤੇ ਜਾਣ, ਕਿਉਂਕਿ ਆਂਗਣਵਾੜੀ ਵਰਕਰ ਕੋਲ ਜਿਹੜੇ ਫੋਨ ਆਪਣੇ ਹਨ, ਉਸ 'ਤੇ ਪੋਸ਼ਣ ਟਰੈਕਰ ਐਪ ਹੀ ਚੱਲ ਸਕਦੀ ਤੇ ਕਈ ਆਂਗਣਵਾੜੀ ਵਰਕਰਾਂ ਕੋਲ ਆਪਣੇ ਪਤੀ ਦਾ ਜਾਂ ਬੱਚਿਆਂ ਦੇ ਫੋਨ ਹੀ ਹਨ।ਇਸ ਲਈ ਸਰਕਾਰੀ ਫੋਨ ਦਿੱਤੇ ਜਾਣ, 2017 ਤੋਂ ਪੋਸ਼ਨ ਟਰੈਕਰ ਦਾ ਕੰਮ ਚੱਲ ਰਿਹਾ ਹੈ, ਪਰ ਅਜੇ ਤੱਕ ਫੋਨ ਨਹੀਂ ਦਿੱਤੇ ਗਏ ਤੇ ਨਾਮਾਤਰ ਮਾਣ ਭੱਤਾ ਹੀ ਮਿਲਦਾ ਹੈ।ਮਹਿਕਮੇ ਦੀ ਮੰਤਰੀ ਬਲਜੀਤ ਕੌਰ ਆਂਗਣਵਾੜੀ ਦੇ ਕੰਮ ਨੂੰ ਚਾਰ ਘੰਟੇ ਦਾ ਸਮਾਂ ਹੀ ਦੱਸਦੇ ਹਨ, ਪਰ ਜਦੋਂ ਕਿ ਵਰਕਰ 12 ਘੰਟੇ ਕੰਮ ਕਰਦੇ ਹਨ ਆਂਗਣਵਾੜੀ ਵਰਕਰ ਨੂੰ ਅਜੇ ਵਰਕਰ ਦਾ ਦਰਜਾ ਵੀ ਨਹੀਂ ਦਿੱਤਾ, ਮੁਲਾਜ਼ਮ ਦਾ ਦਰਜਾ ਦੇਣਾ ਤਾਂ ਦੂਰ ਦੀ ਗੱਲ ਹੈ, ਫਾਰਮ ਭਰਨ ਦਾ ਕੰਮ ਇੱਕ ਮੁਲਾਜ਼ਮ ਵੱਲੋਂ ਕੀਤਾ ਜਾਣਾ ਚਾਹੀਦਾ ਹੈ, ਪਰ ਜੇਕਰ ਵਰਕਰਾਂ ਤੋਂ ਇਹ ਫਾਰਮ ਭਰਨ ਦਾ ਕੰਮ ਲੈਣਾ ਹੈ ਤਾਂ ਆਂਗਨਵਾੜੀ ਵਰਕਰਾਂ ਪ੍ਰਤੀ ਔਰਤ 100 ਰੁਪਏ ਵਰਕਰ ਤੇ 50 ਰੁਪਏ ਹੈਲਪਰ ਨੂੰ ਫਾਰਮ ਭਰਨ ਦੇ ਦਿੱਤੇ ਜਾਣ।ਇਹ ਕੰਮ ਸੇਵਾ ਕੇਂਦਰਾਂ ਵੱਲੋਂ ਕੀਤਾ ਜਾਵੇ।ਵਰਕਰਾਂ ਦੇ ਕੰਮ ਕਰਨ ਨਾਲ ਮਹਿਕਮੇ ਦਾ ਪੋਸ਼ਨ ਟਰੈਕਰ ਦਾ ਕੰਮ ਪ੍ਰਭਾਵਿਤ ਹੋਵੇਗਾ ਤੇ ਬਹੁਤ ਸਾਰੇ ਲਾਭਪਾਤਰੀਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ ਜਦੋਂ ਕਿ ਲੰਮੇ ਸਮੇਂ ਤੋਂ ਆਂਗਣਵਾੜੀ ਵਰਕਰਾਂ ਹੈਲਪਰਾਂ ਦੀ ਭਰਤੀ ਨਹੀਂ ਹੋਈ ਬਹੁਤ ਸਾਰੇ ਸੈਂਟਰ ਖਾਲੀ ਹਨ।ਆਂਗਣਵਾੜੀ ਵਰਕਰਾਂ ਨੂੰ ਸੈਕਟਰਾਂ ਵਿੱਚ ਪੇਂਟਿੰਗ ਕਰਨ ਨੂੰ ਆਖਿਆ ਜਾ ਰਿਹਾ ਹੈ।ਆਂਗਣਵਾੜੀ ਸੈਂਟਰਾਂ ਵਿੱਚ ਪੇਂਟਿੰਗ ਕਰਨ ਦਾ ਕੰਮ ਮਹਿਕਮੇ ਵੱਲੋਂ ਕੀਤਾ ਜਾਵੇ।ਪ੍ਰੋਗਰਾਮ ਅਫਸਰ ਨੇ ਕਈ ਮੰਗਾਂ ਦਾ ਵਿਸ਼ਵਾਸ ਦਿਵਾਇਆ ਕਿ ਆਂਗਣਵਾੜੀ ਵਰਕਰਾਂ ਹੈਲਪਰਾਂ ਦੀ ਭਰਤੀ ਜਲਦੀ ਹੀ ਕੀਤੀ ਜਾਵੇਗੀ ਤੇ ਪੇਂਟ ਕਰਨ ਦੀ ਰਾਸ਼ੀ ਮਹਿਕਮਾ ਹੀ ਦੇਵੇਗਾ ਅਤੇ ਤੁਹਾਡਾ ਮੰਗ ਪੱਤਰ ਮੰਤਰੀ ਬਲਜੀਤ ਕੌਰ ਕੋਲ ਭੇਜਿਆ ਜਾਵੇਗਾ। ਇਸ ਸਮੇਂ ਪਹੁੰਚਣ ਵਾਲੇ ਆਗੂ ਜ਼ਿਲ੍ਹਾ ਪ੍ਰਧਾਨ ਛਿੰਦਰ ਕੌਰ ਦੁੱਨੇਕੇ, ਸੂਬਾ ਵਿੱਤ ਸਕੱਤਰ ਗੁਰਚਰਨ ਕੌਰ ਮੋਗਾ, ਕਰਮਜੀਤ ਕੌਰ, ਪਰਮਜੀਤ ਕੌਰ, ਰਜਵੰਤ ਕੌਰ, ਗੁਰਵਿੰਦਰ ਕੌਰ, ਜਸਪ੍ਰੀਤ ਪਹੁੰਚੇ।

## ਮਾਊਂਟ ਇੰਟਰਨੈਸ਼ਨਲ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ




**ਬਾਘਾ ਪੁਰਾਣਾ (ਮਨੀ ਸਿੰਗਲਾ)**

ਮਾਊਂਟ ਇੰਟਰਨੈਸ਼ਨਲ ਸਕੂਲ ਸਵਰਗਵਾਸੀ ਪ੍ਰਿੰਸੀਪਲ ਗੁਰਦੇਵ ਸਿੰਘ ਦੇ ਅਸ਼ੀਰਵਾਦ ਨਾਲ ਅਤੇ ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਦੀ ਯੋਗ ਅਗਵਾਈ ਹੇਠ ਤਰੱਕੀ ਦੇ ਰਾਹ 'ਤੇ ਹੈ।ਸਕੂਲ ਵਿੱਚ ਵਿਸਾਖੀ ਦੇ ਖੁਸ਼ੀ ਭਰੇ ਮੌਕੇ 'ਤੇ ਵਧੀਆ ਤਰੀਕੇ ਨਾਲ ਤਿਉਹਾਰ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਭਰਪੂਰ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੀਆਂ ਪ੍ਰਤਿਭਾਵਾਂ ਨੂੰ ਮੰਚ 'ਤੇ ਪੇਸ਼ ਕੀਤਾ।ਸਕੂਲ ਵਿੱਚ ਵਿਦਿਆਰਥੀਆਂ ਦੇ ਸਪੀਚ ਤੇ ਕਵਿਤਾਵਾਂ ਦੇ ਮੁਕਾਬਲੇ ਕਰਵਾਏ ਗਏ।ਬੱਚਿਆਂ ਨੇ ਵਿਸਾਖੀ ਦੀ ਮਹੱਤਤਾ, ਖਾਲਸਾ ਪੰਥ ਦੀ ਸਥਾਪਨਾ ਤੇ ਪੰਜਾਬੀ ਵਿਰਸੇ ਬਾਰੇ ਭਾਸ਼ਣ ਦਿੱਤੇ ਤੇ ਖੂਬਸੂਰਤ ਕਵਿਤਾਵਾਂ ਸੁਣਾਈਆਂ।ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਆਪਣੀ ਬੋਲੀ ਤੇ ਸੱਭਿਆਚਾਰ ਨੂੰ ਇੱਕ ਨਵੀਂ ਊਰਜਾ ਦਿੱਤੀ।ਜੇਤੂ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ।ਇਸ ਮੌਕੇ ਸਕੂਲ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਵਿਸਾਖੀ ਸਾਡੇ ਲਈ ਖੁਸ਼ੀ ਤੇ ਨਵੀਆਂ ਉਮੀਦਾਂ ਦਾ ਤਿਉਹਾਰ ਹੈ।ਇਸ ਮੌਕੇ ਬੱਚਿਆਂ ਨੂੰ ਆਪਣੀ ਵਿਰਾਸਤ ਨਾਲ ਜੋੜਨਾ ਬਹੁਤ ਜ਼ਰੂਰੀ ਹੈ।ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਵਿੱਚ ਆਤਮਵਿਸ਼ਵਾਸ ਵਧਾਉਂਦੇ ਹਨ ਤੇ ਉਨ੍ਹਾਂ ਨੂੰ ਆਪਣੀ ਭਾਸ਼ਾ ਤੇ ਸੱਭਿਆਚਾਰ ਤੋਂ ਜਾਣੂ ਕਰਵਾਉਂਦੇ ਹਨ।ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਨੇ ਕਿਹਾ ਕਿ ਸਾਡੇ ਵਿਦਿਆਰਥੀ ਨਾ ਸਿਰਫ਼ ਪੜ੍ਹਾਈ ਵਿੱਚ ਬਲਕਿ ਸੱਭਿਆਚਾਰਕ ਗਤੀਵਿਧੀਆਂ ਵਿੱਚ ਵੀ ਅੱਗੇ ਆਉਣ ਤੇ ਆਪਣੀਆਂ ਜੜ੍ਹਾਂ ਨੂੰ ਮਜ਼ਬੂਤ ਰੱਖਣ।ਇਸ ਮੌਕੇ ਪ੍ਰਿੰਸੀਪਲ ਪਰਮਿੰਦਰ ਕੌਰ ਨੇ ਬੱਚਿਆਂ ਨੂੰ ਵਿਸਾਖੀ ਤੇ ਖਾਲਸਾ ਪੰਥ ਸਾਜਨਾ ਦੀ ਵਧਾਈ ਦਿੱਤੀ।ਇਸ ਮੌਕੇ ਕਿਡਜ਼ੀ ਪ੍ਰੀ ਸਕੂਲ ਦੇ ਡਾਇਰੈਕਟਰ ਮੈਡਮ ਸੁਧਾ ਮਹਿਤਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਸਕੂਲ ਵਿੱਚ ਬੱਚਿਆਂ ਦਾ ਸਰਵਪੱਖੀ ਵਿਕਾਸ ਕਰਨ ਵਿੱਚ ਮਦਦਗਾਰ ਸਾਬਿਤ ਹੁੰਦੀਆਂ ਹਨ।ਇਸ ਮੌਕੇ ਸਮੂਹ ਸਟਾਫ ਹਾਜ਼ਰ ਸੀ।

## ਚੋਰੀ ਦੇ 11 ਮੋਟਰਸਾਈਕਲ, 2 ਬੈਟਰੇ ਤੇ 8 ਮੋਬਾਇਲਾਂ ਸਮੇਤ ਇਕ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ ਚੋਰੀ ਦੇ 11 ਮੋਟਰਸਾਈਕਲ, 2 ਬੈਟਰੇ ਤੇ 8 ਮੋਬਾਇਲ ਫੋਨ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ 303 (2), 304, 317 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਜਗਰੂਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ 'ਤੇ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਲਖਵਿੰਦਰ ਸਿੰਘ ਉਰਫ ਬੱਬਾ ਪੁੱਤਰ ਜੰਗੀਰਾ ਵਾਸੀ ਗਲੀ ਪਾਪੜ ਵੜੀਆ ਵਾਲੀ, ਬਸਤੀ ਆਵਾ, ਫਿਰੋਜ਼ਪੁਰ ਸ਼ਹਿਰ ਮੋਟਰਸਾਈਕਲ ਚੋਰੀ ਕਰਨ ਤੇ ਲੋਕਾਂ ਪਾਸੋਂ ਮੋਬਾਇਲ ਖੋਹ ਕਰਨ ਦਾ ਆਦੀ ਹੈ, ਜੋ ਅੱਜ ਬਾਰਡਰ ਰੋਡ ਪੁਰਾਣਾ ਬੱਬੀ ਵਿਚ ਸ਼ੈਲਰ ਦੇ ਸਾਹਮਣੇ ਖਾਲੀ ਜਗ੍ਹਾ ਪਾਸ ਖੋਹ ਕੀਤੇ ਮੋਬਾਇਲ ਫੋਨ ਵੇਚਣ ਦੀ ਤਾਕ ਵਿੱਚ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਜੇਕਰ ਹੁਣੇ ਹੀ ਛਾਪੇਮਾਰੀ ਕੀਤੀ ਜਾਵੇ ਤਾਂ ਇਸ ਪਾਸੋਂ ਚੋਰੀ ਦੇ ਮੋਟਰਸਾਈਕਲ ਤੇ ਖੋਹ ਕੀਤੇ ਹੋਏ ਮੋਬਾਇਲ ਫੋਨ ਬਰਾਮਦ ਹੋ ਸਕਦੇ ਹਨ। ਜਾਂਚ ਅਧਿਕਾਰੀ ਨੇ ਦੱਸਿਆ ਕਿ ਪੁਲਸ ਨੇ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਉਸ ਕੋਲੋਂ 11 ਮੋਟਰਸਾਈਕਲ, 2 ਬੈਟਰੇ ਤੇ 8 ਮੋਬਾਇਲ ਫੋਨ ਬਰਾਮਦ ਕਰਕੇ ਗ੍ਰਿਫਤਾਰ ਕੀਤਾ ਗਿਆ। ਪੁਲਸ ਨੇ ਦੱਸਿਆ ਕਿ ਉਕਤ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ। ਪੁਲਸ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਵਿਅਕਤੀ ਕੋਲੋਂ ਸਖਤੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਹੋਰ ਵੀ ਸਾਮਾਨ ਮਿਲਣ ਦੀ ਸੰਭਾਵਨਾ ਹੈ।

## ਮੋਗਾ-ਬਰਨਾਲਾ ਰੋਡ 'ਤੇ ਦਿਨੇ ਵੀ ਜਗਦੀਆਂ ਰਹਿੰਦੀਆਂ ਨੇ ਲਾਈਟਾਂ!



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** : ਮੋਗਾ-ਬਰਨਾਲਾ ਰੋਡ 'ਤੇ ਸਥਿਤ ਐੱਨ ਐੱਚ 703 ਉੱਤੇ ਦਿਨ ਦੇ ਸਮੇਂ ਵੀ ਸਟ੍ਰੀਟ ਲਾਈਟਾਂ ਜਗਦੀਆਂ ਰਹਿਣ ਕਾਰਨ ਲੋਕਾਂ ਵਿੱਚ ਨਾਰਾਜ਼ਗੀ ਪਾਈ ਜਾ ਰਹੀ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਸਵੇਰੇ ਤੋਂ ਲੈ ਕੇ ਦੁਪਹਿਰ ਤੱਕ ਲਾਈਟਾਂ ਬਿਨਾਂ ਕਿਸੇ ਲੋੜ ਦੇ ਚਲਦੀਆਂ ਰਹਿੰਦੀਆਂ ਹਨ, ਜਿਸ ਨਾਲ ਬਿਜਲੀ ਦੀ ਖੁੱਲ੍ਹੀ ਬਰਬਾਦੀ ਹੋ ਰਹੀ ਹੈ।ਰਾਹਗੀਰਾਂ ਤੇ ਵਾਹਨ ਚਾਲਕਾਂ ਨੇ ਦੱਸਿਆ ਕਿ ਇੱਕ ਪਾਸੇ ਸਰਕਾਰ ਵੱਲੋਂ ਬਿਜਲੀ ਬਚਾਉਣ ਲਈ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਂਦੀਆਂ ਹਨ, ਦੂਜੇ ਪਾਸੇ ਇਸ ਤਰ੍ਹਾਂ ਦੀ ਲਾਪ੍ਰਵਾਹੀ ਨਾਲ ਸਰਕਾਰੀ ਖਜ਼ਾਨੇ ਨੂੰ ਨੁਕਸਾਨ ਪਹੁੰਚ ਰਿਹਾ ਹੈ।ਲੋਕਾਂ ਨੇ ਸੰਬੰਧਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਇਸ ਸਮੱਸਿਆ ਨੂੰ ਜਲਦ ਤੋਂ ਜਲਦ ਹੱਲ ਕੀਤਾ ਜਾਵੇ ਤੇ ਆਟੋਮੈਟਿਕ ਸਿਸਟਮ ਜਾਂ ਕਰਮਚਾਰੀਆਂ ਦੀ ਨਿਗਰਾਨੀ ਨਾਲ ਯਕੀਨੀ ਬਣਾਇਆ ਜਾਵੇ ਕਿ ਸਟ੍ਰੀਟ ਲਾਈਟਾਂ ਸਿਰਫ਼ ਰਾਤ ਦੇ ਸਮੇਂ ਹੀ ਚੱਲਣ।

# ਵ੍ਰਿੰਦਾਵਨ ਹਾਦਸੇ ਦੇ ਪੀੜਤ ਪਰਵਾਰਾਂ ਨਾਲ ਅਕਾਲੀ ਦਲ ਵਾਰਿਸ ਪੰਜਾਬ ਜਥੇਬੰਦੀ ਨੇ ਕੀਤਾ ਦੁੱਖ ਸਾਂਝਾ

■ ਜਗਰਾਉਂ ਵਾਸੀਆਂ ਨੂੰ ਨਾ ਪੂਰਾ ਹੋਣ ਵਾਲਾ ਪਿਆ ਘਾਟਾ : ਬਾਪੂ ਤਰਸੇਮ ਸਿੰਘ



**ਜਗਰਾਉਂ (ਸੰਜੀਵ ਅਰੋੜਾ)**

ਵ੍ਰਿੰਦਾਵਨ (ਮਥੁਰਾ) ਹਾਦਸੇ ਦੇ ਸ਼ਿਕਾਰ ਪੀੜਤ ਪਰਵਾਰਾਂ ਨਾਲ ਅਕਾਲੀ ਦਲ ਵਾਰਿਸ ਪੰਜਾਬ ਜਥੇਬੰਦੀ ਦੇ ਆਗੂਆਂ, ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਖਾਲਸਾ ਨੇ ਜਗਰਾਉਂ ਪਹੁੰਚ ਕੇ ਦੁੱਖ ਸਾਂਝਾ ਕੀਤਾ। ਇਸ ਮੌਕੇ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਇਸ ਹਾਦਸੇ ਨਾਲ ਜਗਰਾਉਂ ਵਾਸੀਆਂ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਕਿਹਾ ਕਿ ਅਸੀਂ ਇਸ ਦੁੱਖ ਦੀ ਘੜੀ ਵਿੱਚ ਪੀੜਤ ਪਰਵਾਰਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਾਂ। ਇਹ ਘਟਨਾ ਬੇਹੱਦ ਦੁਖਦਾਈ ਹੈ, ਜਿਸ ਨੇ ਪੂਰੇ ਪੰਜਾਬ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੈਂ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਪ੍ਰਮਾਤਮਾ ਪਰਵਾਰ ਵਾਲਿਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਉਨ੍ਹਾਂ ਪ੍ਰਸ਼ਾਸਨ ਤੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਲਾਪਤਾ ਲੋਕਾਂ ਦੀ ਭਾਲ ਲਈ ਚੱਲ ਰਹੇ ਬਚਾਅ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਜਾਵੇ ਤੇ ਜ਼ਖ਼ਮੀਆਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ ਤੇ ਪੀੜਤ ਪਰਵਾਰਾਂ ਦੀ ਹਰ ਸੰਭਵ ਮਦਦ ਕੀਤੀ ਜਾਵੇ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਜਥੇਬੰਦੀ ਦੇ ਕੋਰ ਕਮੇਟੀ ਮੈਂਬਰ ਪ੍ਰਿਥੀਪਾਲ ਸਿੰਘ ਬਟਾਲਾ ਨੇ ਕਿਹਾ ਕਿ ਇਹ ਸਮਾਂ ਜਗਰਾਉਂ ਸ਼ਹਿਰ ਲਈ ਬੇਹੱਦ ਭਿਆਨਕ ਤੇ ਦਰਦਨਾਕ ਹੈ। ਅਸੀਂ ਪੀੜਤ ਪਰਵਾਰਾਂ ਦਾ ਦਰਦ ਸਮਝ ਸਕਦੇ ਹਾਂ ਤੇ ਉਨ੍ਹਾਂ ਦੇ ਦਰਦ 'ਚ ਡੱਟ ਕੇ ਨਾਲ ਖੜ੍ਹੇ ਹਾਂ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਜਥੇਬੰਦੀ ਦੇ ਆਗੂ ਪੀਏਸੀ ਮੈਂਬਰ ਪਰਮਜੀਤ ਸਿੰਘ ਜੌਹਲ, ਪਲਵਿੰਦਰ ਸਿੰਘ ਚਾਚਾ ਜੀ ਭਾਈ ਅੰਮ੍ਰਿਤਪਾਲ ਸਿੰਘ, ਪਰਮਜੀਤ ਸਿੰਘ ਜੱਲੂਪੁਰ, ਮਲਕੀਤ ਸਿੰਘ ਬੱਲ ਮੈਂਬਰ ਜ਼ਿਲ੍ਹਾ ਕਮੇਟੀ, ਤਜਿੰਦਰਦੀਪ ਸਿੰਘ ਬਲੋਕ ਕਮੇਟੀ ਮੈਂਬਰ, ਪਰਮਜੀਤ ਸਿੰਘ ਮੱਲਾ, ਰਜਿੰਦਰ ਸਿੰਘ ਮਹਿਬੂਬ ਸਟੂਡੀਓ, ਰਜਿੰਦਰ ਸਿੰਘ ਜਵਦੀ, ਕਮਲਪ੍ਰੀਤ ਸਿੰਘ ਫੂਲਾਂਵਾਲ, ਹਰਮੀਤ ਸਿੰਘ ਲੁਧਿਆਣਾ, ਮਨਜੋਤ ਸਿੰਘ ਜੱਸ ਤੇ ਸੁਖਚੈਨ ਸਿੰਘ ਵਲਟੋਹਾ ਆਦਿ ਹਾਜ਼ਰ ਸਨ।

# ਡਾ. ਓਬਰਾਏ ਦੇ ਜਨਮ ਦਿਨ 'ਤੇ ਲੋੜਵੰਦ ਨੂੰ ਬਣਾ ਕੇ ਦਿੱਤਾ ਮਕਾਨ

■ 16 ਨੂੰ ਮਲੋਟ 'ਚ ਲੱਗੇਗਾ ਅੱਖਾਂ ਦਾ ਮੁਫ਼ਤ ਕੈਂਪ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਦੁਨੀਆਂ ਭਰ ਵਿੱਚ ਪ੍ਰਸਿੱਧ ਸਮਾਜਸੇਵੀ, ਬਿਨਾਂ ਕਿਸੇ ਤੋਂ ਪੈਸਾ ਲਿਆ, ਅਪਣੀ ਕੁੱਲ ਕਮਾਈ ਦਾ 98% ਹਿੱਸਾ ਦੀਨ ਦੁਖੀਆ ਤੇ ਲਗਾਉਣ ਵਾਲੇ, ਸਮੁੱਚੀ ਲੋਕਾਈ ਦੀ ਪੀੜਾ ਨੂੰ ਮਹਿਸੂਸ ਕਰਨ ਅਤੇ ਉਨ੍ਹਾਂ ਦੀ ਪੀੜਾ ਨੂੰ ਘਟਾਉਣ ਲਈ ਕੁੱਝ ਕਰ ਗੁਜ਼ਰਨ ਲਈ ਹਮੇਸ਼ਾ ਤੱਤਪਰ ਰਹਿਣ ਵਾਲੇ ਡਾਕਟਰ ਐੱਸ ਪੀ ਸਿੰਘ ਓਬਰਾਏ ਦਾ 13 ਅਪ੍ਰੈਲ ਨੂੰ 70ਵਾਂ ਜਨਮ ਦਿਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਸੇਵਾ ਦੇ ਕਾਰਜਾਂ ਨੂੰ ਕਰਕੇ ਮਨਾਇਆ ਗਿਆ।

ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਪਿਛਲੇ ਸਮੇਂ ਬਾਰਸ਼ ਨਾਲ ਪਿੰਡ ਵੰਗਲ ਦੇ ਗਰੀਬ ਪਰਵਾਰ ਦਾ ਮਕਾਨ ਡਿੱਗ ਗਿਆ ਸੀ, ਪਰ ਪ੍ਰਮਾਤਮਾ ਦੀ ਕਿਰਪਾ ਨਾਲ ਵਿੱਚ ਸੁੱਤੇ ਪਏ ਬੱਚੇ ਤੇ ਪਰਿਵਾਰਕ ਮੈਂਬਰ ਬਚ ਗਏ ਸਨ।ਪਰਿਵਾਰ ਵੱਲੋਂ ਟਰੱਸਟ ਦੇ ਰਾਹੀਂ ਡਾਕਟਰ ਓਬਰਾਏ ਨੂੰ ਮਦਦ ਦੀ ਅਪੀਲ ਕੀਤੀ ਗਈ ਸੀ।ਅੱਜ ਡਾ. ਓਬਰਾਏ ਦਾ ਜਨਮ ਦਿਨ ਮਨਾਉਂਦੇ ਹੋਏ ਪਰਵਾਰ ਨੂੰ ਰਹਿਣ ਲਈ ਮਕਾਨ ਸੌਂਪ ਦਿੱਤਾ ਗਿਆ ਹੈ।ਪਰਵਾਰ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ।ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਡਾ. ਓਬਰਾਏ ਦੇ ਜਨਮ ਦਿਨ 'ਤੇ 20 ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਖ੍ਰੀਦਣ ਲਈ ਲੋੜੀਂਦੀ ਸਹਾਇਤਾ ਰਾਸ਼ੀ ਦਿੱਤੀ ਗਈ।ਇਸ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਤੇ ਮਲੋਟ ਇਕਾਈ ਦੇ ਪ੍ਰਧਾਨ ਅਨਿਲ ਜੁਨੇਜਾ ਨੇ ਦੱਸਿਆ ਕਿ 16 ਅਪ੍ਰੈਲ ਨੂੰ ਡਾ. ਓਬਰਾਏ ਦੇ ਜਨਮ ਦਿਨ ਨੂੰ ਸਮਰਪਤ ਐਡਵਰਡਗੰਜ ਹਸਪਤਾਲ ਮਲੋਟ ਵਿਖੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਜਾਵੇਗਾ, ਜਿਸ ਦਾ ਉਦਘਾਟਨ ਡਾਕਟਰ ਬਲਜੀਤ ਕੌਰ ਮਾਨਯੋਗ ਕੈਬਨਿਟ ਮੰਤਰੀ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ ਅਤੇ ਡਾਕਟਰ ਬਲਜੀਤ ਕੌਰ ਦੂਸਰੇ ਡਾਕਟਰਾਂ ਦੇ ਨਾਲ ਅੱਖਾਂ ਦਾ ਚੈੱਕ ਅੱਪ ਵੀ ਆਪ ਕਰਨਗੇ।

## ਸ਼ਕਤੀ ਪਬਲਿਕ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ



**ਦੋਰਾਹਾ (ਹਰਮਿੰਦਰ ਸੇਠ)**-ਸ਼ਕਤੀ ਪਬਲਿਕ ਸੀਨੀ. ਸੰਕੈਡਰੀ ਸਕੂਲ ਦੋਰਾਹਾ ਦੇ ਵਿਦਿਆਰਥੀਆਂ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਅੱਠਵੀਂ ਜਮਾਤ ਵਿੱਚੋਂ ਚੰਗੇ ਅੰਕ ਪ੍ਰਾਪਤ ਕੀਤੇ ਹਨ।ਪ੍ਰਿੰਸੀਪਲ ਜਤਿੰਦਰ ਸ਼ਰਮਾ ਤੇ ਵਾਈਸ ਪ੍ਰਿੰਸੀਪਲ ਨੀਰਜ ਸ਼ਰਮਾ ਨੇ ਦੱਸਿਆ ਕਿ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਸਕੂਲ ਦੇ ਵਿਦਿਆਰਥੀ ਹਿਮਾਂਸ਼ੂ ਨੇ 426 ਅੰਕਾਂ ਨਾਲ ਪਹਿਲਾ, ਮਹਿਕ ਨੇ 423 ਅੰਕ ਲੈ ਕੇ ਦੂਜਾ ਤੇ ਮਨਪ੍ਰੀਤ ਨੇ 414 ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ।ਇਨ੍ਹਾਂ ਵਿਦਿਆਰਥੀਆਂ ਤੋਂ ਇਲਾਵਾ ਸਕੂਲ ਦੇ ਸਾਰੇ ਹੀ ਵਿਦਿਆਰਥੀਆਂ ਨੇ ਚੰਗੇ ਅੰਕ ਪ੍ਰਾਪਤ ਕੀਤੇ। ਪ੍ਰਿੰਸੀਪਲ ਜਤਿੰਦਰ ਸ਼ਰਮਾ ਤੇ ਵਾਈਸ ਪ੍ਰਿੰਸੀਪਲ ਨੀਰਜ ਸ਼ਰਮਾ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੀ ਮਿਹਨਤ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਹ ਨਤੀਜਾ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ।ਇਸ ਮੌਕੇ ਸੁਮਨ ਸ਼ਰਮਾ, ਇੰਦਰਪਾਲ ਕੌਰ, ਸੀਮਾ ਰਾਣੀ, ਸੀਮਾ ਕਪੂਰ, ਰਾਜੀਵ ਵੈਦ, ਅਜੀਤਪਾਲ ਸਿੰਘ ਆਦਿ ਹਾਜ਼ਰ ਸਨ।

# ਪੀ ਜੀ ਆਈ ਵੱਲੋਂ ਪਹਿਲੀ ਦਰਦ ਨਿਵਾਰਕ ਪ੍ਰਿਸੀਜ਼ਨ ਥੈਰੇਪੀ ਦੀ ਸ਼ੁਰੂਆਤ



**ਸਮਰਾਲਾ (ਸੁਰਜੀਤ ਸਿੰਘ)**-ਉੱਤਰ ਭਾਰਤ ਦੀ ਨਾਮਵਰ ਸਿਹਤ ਸੰਸਥਾ ਪੀਜੀਆਈ ਚੰਡੀਗੜ੍ਹ ਸਿਹਤ ਖੇਤਰ ਵਿੱਚ ਨਿੱਤ ਨਵੇਂ ਦਿਸਹੱਦੇ ਸਥਾਪਤ ਕਰ ਰਹੀ ਹੈ।ਇਸੇ ਕੜੀ ਤਹਿਤ ਪੀਜੀਆਈ ਚੰਡੀਗੜ੍ਹ ਵਿੱਚ ਲੰਮੇ ਸਮੇਂ ਦੇ ਮਾਸਪੇਸ਼ੀ-ਹੱਡੀ ਦਰਦ ਦੇ ਸਹੀ ਇਲਾਜ ਲਈ ਗਾਈਡਿਡ ਸਟੀਰਾਇਡ ਇੰਜੈਕਸ਼ਨ ਦੀ ਦੁਨੀਆ ਦੀ ਪਹਿਲੀ ਤਕਨੀਕ ਸ਼ੁਰੂ ਕਰਕੇ ਵਿਸ਼ਵ ਪੱਧਰ 'ਤੇ ਵੱਡੀ ਉਪਲਬਧੀ ਹਾਸਲ ਕੀਤੀ ਹੈ।ਇਸ ਇਨਕਲਾਬੀ ਤਕਨੀਕ ਦੀ ਪ੍ਰਸੰਸਾ ਕਰਦਿਆਂ ਪ੍ਰੋ. ਵਿਵੇਕ ਲਾਲ ਡਾਇਰੈਕਟਰ ਪੀ ਜੀ ਆਈ ਨੇ ਕਿਹਾ ਕਿ ਇਹ ਮਹੱਤਵਪੂਰਨ ਉਪਲਬਧੀ ਪੀਜੀਆਈ ਦੀ ਮਰੀਜ਼-ਕੇਂਦਰਿਤ ਨਵੀਨਤਾ ਤੇ ਉੱਤਮ ਸਿਹਤ ਸੇਵਾਵਾਂ ਲਈ ਵਚਨਬੱਧਤਾ ਨੂੰ ਦਰਸਾਉਂਦੀ ਹੈ।ਅਧੁਨਿਕ ਫੰਕਸ਼ਨਲ ਇਮੇਜਿੰਗ ਨੂੰ ਨਿਸ਼ਾਨਾ ਬਣਾਈ ਥੈਰੇਪੀ ਨਾਲ ਜੋੜ ਕੇ ਇਹ ਤਕਨੀਕ ਕ੍ਰੋਨਿਕ ਦਰਦ ਦੇ ਇਲਾਜ ਵਿੱਚ ਵਿਸ਼ਵ ਪੱਧਰ 'ਤੇ ਬਦਲਾਅ ਲਿਆ ਸਕਦੀ ਹੈ ਤੇ ਇਹ ਮਰੀਜ਼ਾਂ ਲਈ ਸਸਤੀ ਤੇ ਪਹੁੰਚਯੋਗ ਵੀ ਹੋਵੇਗੀ।

ਨਿਊਕਲੀਅਰ ਮੈਡੀਸਨ ਵਿਭਾਗ ਵੱਲੋਂ ਆਰਥੋਪੀਡਿਕਸ ਵਿਭਾਗ ਨਾਲ ਮਿਲ ਕੇ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਡਾ. ਅਨਿਸ਼ ਭਟਾਚਾਰਿਆ, ਪ੍ਰੋਫੈਸਰ ਤੇ ਮੁਖੀ, ਨਿਊਕਲੀਅਰ ਮੈਡੀਸਨ ਵਿਭਾਗ ਨੇ ਦੱਸਿਆ ਕਿ ਰਵਾਇਤੀ ਇਮੇਜਿੰਗ ਤੋਂ ਵੱਖ ਇਹ ਤਕਨੀਕ ਸਰੀਰ ਦੇ ਉਹ ਹਿੱਸੇ ਦਰਸਾਉਂਦੀ ਹੈ, ਜਿੱਥੇ ਬਿਮਾਰੀ ਸਰਗਰਮ ਹੁੰਦੀ ਹੈ।ਇਸ ਨਾਲ ਅਸੀਂ ਦਰਦ ਦੇ ਅਸਲੀ ਸਰੋਤ ਨੂੰ ਬਹੁਤ ਸਹੀ ਤਰੀਕੇ ਨਾਲ ਪਛਾਣ ਸਕਦੇ ਹਾਂ, ਜਿਸ ਨਾਲ ਇਲਾਜ ਬਿਲਕੁਲ ਠੀਕ ਥਾਂ 'ਤੇ ਕੀਤਾ ਜਾਂਦਾ ਹੈ ਤੇ ਨਤੀਜੇ ਕਾਫ਼ੀ ਬਿਹਤਰ ਹੁੰਦੇ ਹਨ।ਇਸ ਨਵੀਂ ਤਕਨੀਕ ਦੇ ਪਿੱਛੇ ਕੰਮ ਕਰਨ ਵਾਲੀ ਟੀਮ ਵਿੱਚ ਡਾ. ਅਨਿਸ਼ ਭਟਾਚਾਰਿਆ, ਡਾ. ਸਰਵਦੀਪ ਸਿੰਘ ਢੱਟ, ਡਾ. ਬਬੀਤਾ ਘਾਈ, ਡਾ. ਰਾਜਿੰਦਰ ਕੁਮਾਰ, ਡਾ. ਵਿਸ਼ਾਲ ਕੁਮਾਰ, ਡਾ. ਹਰਮਨਦੀਪ ਸਿੰਘ ਅਤੇ ਡਾ. ਰਜ਼ਾ ਅੱਬਾਸ ਮਹਦੀ ਸ਼ਾਮਲ ਹਨ, ਜਿਨ੍ਹਾਂ ਨੇ ਮਿਲ ਕੇ ਪ੍ਰਿਸੀਜ਼ਨ ਪੇਨ ਥੈਰੇਪੀ ਨੂੰ ਅੱਗੇ ਵਧਾਇਆ।

ਡਾ. ਸਰਵਦੀਪ ਸਿੰਘ ਢੱਟ ਪ੍ਰੋਫੈਸਰ ਆਰਥੋਪੀਡਿਕਸ ਵਿਭਾਗ ਨੇ ਕਿਹਾ ਕਿ ਇਹ ਨਵੀਂ ਵਿਧੀ ਦਰਦ ਦੇ ਇਲਾਜ ਵਿੱਚ ਇੱਕ ਵੱਡੀ ਸਮੱਸਿਆ 'ਦਰਦ ਦੇ ਸਹੀ ਸਰੋਤ ਦੀ ਪਛਾਣ' ਦਾ ਹੱਲ ਕਰਦੀ ਹੈ।ਲੰਬਰ ਫੈਸਿਟ ਜਾਇੰਟ ਆਰਥਰੋਪੈਥੀ, ਸੈਕਰੋਇਲਾਇਟਿਸ, ਪਲਾਂਟਰ ਫੈਸ਼ੀਆਇਟਿਸ, ਐਕੀਲੀਜ਼ ਟੈਂਡਿਨਾਈਟਿਸ ਤੇ ਕੋਕਸੀਡਾਈਨੀਆ ਵਰਗੀਆਂ ਬਿਮਾਰੀਆਂ ਅਕਸਰ ਰਵਾਇਤੀ ਤਕਨੀਕਾਂ ਨਾਲ ਠੀਕ ਤਰੀਕੇ ਨਾਲ ਪਛਾਣੀਆਂ ਨਹੀਂ ਜਾਂਦੀਆਂ।ਡਾ. ਵਿਸ਼ਾਲ ਕੁਮਾਰ ਨੇ ਕਿਹਾ ਕਿ ਇਸ ਤਕਨੀਕ ਦੀ ਸ਼ੁਰੂਆਤ ਇੱਕ ਵਿਚਾਰ-ਵਟਾਂਦਰੇ ਨਾਲ ਹੋਈ ਸੀ ਕਿ ਅਸੀਂ ਆਪਣੀ ਪੂਰੀ ਸਮਰੱਥਾ ਦੇ ਬਾਵਜੂਦ ਮਰੀਜ਼ਾਂ ਲਈ ਹੋਰ ਵਧੀਆ ਹੀ ਨਹੀਂ ਕਰ ਰਹੇ, ਬਲਕਿ ਉਸ ਸੋਚ ਨੇ ਇਸ ਨਵੀਂ ਤਕਨੀਕ ਨੂੰ ਜਨਮ ਦਿੱਤਾ।

ਡਾ. ਰਾਜਿੰਦਰ ਕੁਮਾਰ ਨੇ ਦੱਸਿਆ ਕਿ ਇਹ ਨਵੀਂ ਤਕਨੀਕ ਪ੍ਰਿਸੀਜ਼ਨ-ਗਾਈਡਿਡ ਤੇ ਨਿੱਜੀਕ੍ਰਿਤ ਦਰਦ ਇਲਾਜ ਵੱਲ ਇੱਕ ਵੱਡਾ ਕਦਮ ਹੈ, ਜੋ ਉਨ੍ਹਾਂ ਮਰੀਜ਼ਾਂ ਲਈ ਨਵੀਂ ਉਮੀਦ ਲੈ ਕੇ ਆਈ ਹੈ, ਜਿਨ੍ਹਾਂ ਨੂੰ ਰਵਾਇਤੀ ਇਲਾਜ ਨਾਲ ਲਾਭ ਨਹੀਂ ਮਿਲਿਆ।ਇਸ ਨਵੀਂ ਤਕਨੀਕ ਵਿੱਚ ਦਰਸਾਇਆ ਗਿਆ ਕਿ 50% ਦਰਦ ਘਟਾਅ ਦਾ ਲਕਸ਼ 84% ਮਰੀਜ਼ਾਂ ਵਿੱਚ ਹਾਸਲ ਹੋਇਆ, ਨਾਲ ਹੀ ਕਾਰਜਕੁਸ਼ਲਤਾ ਤੇ ਜੀਵਨ ਗੁਣਵੱਤਾ ਵਿੱਚ ਵੀ ਸੁਧਾਰ ਆਇਆ ਤੇ ਕੋਈ ਵੱਡਾ ਸਾਈਡ ਇਫੈਕਟ ਨਹੀਂ ਮਿਲਿਆ।

## ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਮੱਲੇਆਣਾ ਇਕਾਈ ਦਾ ਗਠਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਮੱਲੇਆਣਾ ਵਿੱਚ ਸੂਬਾ ਕਨਵੀਨਰ ਲਖਵੀਰ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੀ ਇਸਤਰੀ ਵਿੰਗ ਦੀ ਚੋਣ ਕਰਵਾਈ ਗਈ, ਜਿਸ ਵਿੱਚ ਬਲਜੀਤ ਕੌਰ ਪ੍ਰਧਾਨ, ਹਰਜਿੰਦਰ ਕੌਰ ਮੀਤ ਪ੍ਰਧਾਨ, ਸੁਮਨ ਦੀਪ ਕੌਰ ਜਨਰਲ ਸੈਕਟਰੀ, ਵੀਰਪਾਲ ਕੌਰ ਖਜ਼ਾਨਚੀ, ਅਮਰਜੀਤ ਕੌਰ ਸਲਾਹਕਾਰ ਚੁਣੇ ਗਏ। ਇਸ ਸਮੇਂ ਪੰਜ ਮੈਂਬਰੀ ਕਮੇਟੀ ਬਣਾਈ ਗਈ, ਜਿਸ 'ਚ ਨਛੱਤਰ ਸਿੰਘ ਕਮੇਟੀ ਪ੍ਰਧਾਨ ਤੇ ਗੁਰਮੇਲ ਸਿੰਘ, ਹਰੀ ਸਿੰਘ, ਨਾਜਰ ਸਿੰਘ, ਜਗਰੂਪ ਸਿੰਘ ਕਮੇਟੀ ਮੈਂਬਰ ਤੇ ਬਲਾਕ ਆਗੂ ਅਮਰਜੀਤ ਸਿੰਘ ਸਿੱਧੂ ਰਾਊਕੇ ਕਲਾਂ ਚੁਣੇ ਗਏ।ਕੇ ਪੀ ਐਮ ਯੂ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਸੁਖਵਿੰਦਰ ਸਿੰਘ ਨੇ ਕਿਹਾ ਕਿ ਸਰਕਾਰ ਨੇ ਕੀ ਕੀ ਸਬਜ਼ਬਾਗ ਦਿਖਾ ਕੇ ਵੋਟਾਂ ਲਈਆਂ ਸੀ।ਕਿਸਾਨ ਦਾ ਪੁੱਤ ਕਹਿਣ ਵਾਲਾ ਸੀ ਐੱਮ ਅੱਜ ਕਿਸਾਨਾਂ ਨੂੰ ਕੁੱਟ ਰਿਹਾ, ਕੰਮੀਆਂ ਦੇ ਵਿਹੜੇ ਦਾ ਗੀਤ ਸੁਣਾ ਕੇ ਅੱਜ ਕੰਮੀਆਂ ਦੇ ਹੱਕ ਮਾਰ ਰਿਹੈ, ਪਿੰਡ ਦੀ ਸੱਥ 'ਚੋਂ ਚੱਲਣ ਵਾਲੀ ਸਰਕਾਰ ਅੱਜ ਪੱਤਰਕਾਰਾਂ 'ਤੇ ਝੂਠੇ ਕੇਸ ਬਣਾ ਰਹੀ ਹੈ।ਐੱਮ ਮਾਨ ਨੂੰ ਦਸਣਾ ਚਾਹੁੰਨਾ ਹਾ, ਕਿ ਭਾਰਤ ਇਕ ਆਜਾਦ ਦੇਸ ਹੈ। ਦੇਸ ਦੇ ਹਰ ਨਾਗਰਿਕ ਨੂੰ ਬੋਲਨ ਦਾ ਆਧਿਕਾਰ ਹੈ। ਕੀ ? ਸਰਕਾਰ ਸੱਚ ਦੀ ਆਵਾਜ਼ ਬੰਦ ਕਰਕੇ ਪੰਜਾਬ ਨੂੰ ਗੁਲਾਮ ਬਣਾ ਰਹੀ ਹੈ।ਇਸ ਸਮੇਂ ਬਲਜੀਤ ਸਿੰਘ ਰਾਊਕੇ, ਸ਼ੰਭੂ ਸਿੰਘ ਬੱਧਨੀ, ਜਸਵਿੰਦਰ ਕੌਰ, ਰਾਜਵਿੰਦਰ ਕੌਰ, ਜਸਪ੍ਰੀਤ ਕੌਰ, ਪ੍ਰੀਤਮ ਕੌਰ ਆਦਿ ਹਾਜ਼ਰ ਸਨ।

## ਧੂਰੀ ਸ਼ਹਿਰ 'ਚ 2.28 ਕਰੋੜ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ : ਢਿੱਲੋਂ, ਘੁੱਲੀ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਧੂਰੀ ਸ਼ਹਿਰ ਨੂੰ ਸੁੰਦਰ, ਸਾਫ-ਸੁਥਰਾ ਤੇ ਆਧੁਨਿਕ ਸ਼ਹਿਰ ਬਣਾਉਣ ਦੇ ਮੰਤਵ ਨਾਲ ਲਗਭਗ 2.28 ਕਰੋੜ ਰੁਪਏ ਦੇ ਸੁੰਦਰੀਕਰਨ ਤੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਤੇ ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ ਵੱਲੋਂ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਦੇ ਹੋਏ ਇਨ੍ਹਾਂ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਵਾਈ ਗਈ।ਇਸ ਮੌਕੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ ਤੇ ਰਾਜਵੰਤ ਸਿੰਘ ਘੁੱਲੀ ਨੇ ਦੱਸਿਆ ਕਿ ਸ਼ਹਿਰ ਦੇ ਵਾਰਡ ਨੰਬਰ 1 ਵਿੱਚ ਲਗਭਗ 1.34 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਆਧੁਨਿਕ ਸਹੂਲਤਾਂ ਨਾਲ ਲੈਸ ਨੇਚਰ ਪਾਰਕ ਬਣਾਇਆ ਜਾ ਰਿਹਾ ਹੈ।ਇਸ ਪਾਰਕ ਵਿੱਚ ਗਰੀਨ ਏਰੀਆ, ਵਾਕਿੰਗ ਟ੍ਰੈਕ, ਬੱਚਿਆਂ ਲਈ ਖੇਡਣ ਵਾਲੇ ਝੂਲੇ, ਬੈਠਣ ਲਈ ਬੈਂਚਾਂ ਤੇ ਸੁੰਦਰ ਲਾਈਟਿੰਗ ਕੀਤੀ ਜਾਵੇਗੀ, ਜਿਸ ਨਾਲ ਇਹ ਥਾਂ ਸਵੇਰੇ-ਸ਼ਾਮ ਸੈਰ ਕਰਨ ਵਾਲਿਆਂ ਤੇ ਪਰਿਵਾਰਾਂ ਲਈ ਖਾਸ ਖਿੱਚ ਦਾ ਕੇਂਦਰ ਬਣੇਗੀ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਧੂਰੀ ਸ਼ਹਿਰ ਦੇ ਵਾਰਡ ਨੰਬਰ 21 ਵਿੱਚ 90 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕ ਟਾਈਲਾਂ ਲਗਾਉਣ ਸਮੇਤ ਹੋਰ ਬੁਨਿਆਦੀ ਢਾਂਚੇ ਨਾਲ ਸੰਬੰਧਤ ਕਾਰਜ ਵੀ ਸ਼ੁਰੂ ਕੀਤੇ ਗਏ ਹਨ।ਇਸ ਮੌਕੇ ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਜੋਧ ਸਿੰਘ, ਐਡਵੋਕੇਟ ਹੈਪੀ ਗਰਗ, ਅਨਿਲ ਮਿੱਤਲ, ਜਸਪਾਲ ਸਿੰਘ ਭੁੱਲਰ, ਪੁਸ਼ਪਿੰਦਰ ਸ਼ਰਮਾ ਆਦਿ ਹਾਜ਼ਰ ਸਨ।

## ਯੂਨਾਈਟਡ ਅਕਾਲੀ ਦਲ ਵੱਲੋਂ ਡਾਲਾ 'ਚ 29 ਮੈਂਬਰੀ ਕਮੇਟੀ ਦਾ ਗਠਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਯੂਨਾਈਟਡ ਅਕਾਲੀ ਦਲ ਨੂੰ ਪਿੰਡ ਪੱਧਰ ਤੱਕ ਮਜ਼ਬੂਤ ਕਰਨ ਤਹਿਤ ਪਿੰਡ ਡਾਲਾ ਜ਼ਿਲ੍ਹਾ ਮੋਗਾ ਵਿਖੇ ਭਾਈ ਜਗਸੀਰ ਸਿੰਘ ਦੇ ਗ੍ਰਹਿ ਵਿਖੇ ਪਿੰਡ ਵਾਸੀਆਂ ਦੀ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਜਥੇਦਾਰ ਬੂਟਾ ਸਿੰਘ ਰਣਸੀਂਹ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਪਿੰਡ ਡਾਲਾ ਇਕਾਈ ਦਾ ਗਠਨ ਕੀਤਾ ਗਿਆ, ਜਿਸ 'ਚ ਪ੍ਰਧਾਨ ਭਾਈ ਜਗਸੀਰ ਸਿੰਘ, ਸੀਨੀਅਰ ਮੀਤ ਪ੍ਰਧਾਨ ਭਾਈ ਹਰਜਿੰਦਰ ਸਿੰਘ, ਭਾਈ ਜਗਜੀਤ ਸਿੰਘ ਤੇ ਜਥੇਦਾਰ ਲਾਭ ਸਿੰਘ, ਜਨਰਲ ਸਕੱਤਰ ਭਾਈ ਨਛੱਤਰ ਸਿੰਘ, ਭਾਈ ਮਨਦੀਪ ਸਿੰਘ, ਭਾਈ ਸੁਖਮੰਦਰ ਸਿੰਘ, ਜਥੇਦਾਰ ਹਰਪਾਲ ਸਿੰਘ, ਪ੍ਰਚਾਰ ਸਕੱਤਰ ਭਾਈ ਅੰਗਰੇਜ ਸਿੰਘ, ਭਾਈ ਹਰਜੀਤ ਸਿੰਘ ਤੇ ਸ. ਬੇਅੰਤ ਸਿੰਘ, ਪ੍ਰੈੱਸ ਸੈਕਟਰੀ ਭਾਈ ਜਵਰ ਸਿੰਘ, ਭਾਈ ਸੱਤਪਾਲ ਸਿੰਘ ਤੇ ਵਰਕਿੰਗ ਕਮੇਟੀ ਮੈਂਬਰ ਜਥੇਦਾਰ ਮੰਗਲ ਸਿੰਘ, ਭਾਈ ਨੈਬ ਸਿੰਘ, ਭਾਈ ਦਰਸ਼ਨ ਸਿੰਘ, ਭਾਈ ਦਲਜੀਤ ਸਿੰਘ, ਭਾਈ ਸੁਖਮੰਦਰ ਸਿੰਘ, ਭਾਈ ਭੁਪਿੰਦਰ ਸਿੰਘ, ਭਾਈ ਤੇਜਾ ਸਿੰਘ, ਭਾਈ ਜਸਮੇਲ ਸਿੰਘ, ਭਾਈ ਗੁਰਦੀਪ ਸਿੰਘ, ਭਾਈ ਲਖਵਿੰਦਰ ਸਿੰਘ, ਭਾਈ ਪਰਮਜੀਤ ਸਿੰਘ, ਭਾਈ ਜਸਵਿੰਦਰ ਸਿੰਘ, ਭਾਈ ਚਰਨ ਸਿੰਘ ਤੇ ਦਰਸ਼ਨ ਸਿੰਘ ਚੁਣੇ ਗਏ। ਭਾਈ ਹਰਪ੍ਰੀਤ ਸਿੰਘ ਧਾਲੀਵਾਲ ਜਥੇਬੰਧਕ ਸਕੱਤਰ ਬਣਾਏ ਗਏ। ਇਸ ਸਮੇਂ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਣਸੀਂਹ ਨੇ ਸਾਰੇ ਚੁਣੇ ਹੋਏ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਤੇ ਭਰੋਸਾ ਦਿੱਤਾ ਕਿ ਕੋਈ ਵੀ ਕੰਮ ਪਿੰਡ ਡਾਲੇ ਦਾ ਹੋਵੇ, ਸਾਡੀ ਪਾਰਟੀ ਮੋਢੇ ਨਾਲ ਮੋਢਾ ਡਾਹ ਕੇ ਸਾਥ ਦੇਵੇਗੀ। ਆਉਣ ਵਾਲੇ ਸਮੇਂ ਵਿੱਚ ਮੋਗਾ ਜ਼ਿਲ੍ਹੇ ਦੇ ਹਰ ਪਿੰਡ ਵਿੱਚ ਪਾਰਟੀ ਦੀਆਂ ਇਕਾਈਆਂ ਬਣਾਈਆਂ ਜਾਣਗੀਆਂ।

## ਸ਼ਕਤੀ ਪਬਲਿਕ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਸ਼ਹਿਰ ਦੀ ਨਾਮਵਰ ਵਿੱਦਿਅਕ ਸੰਸਥਾ ਸ਼ਕਤੀ ਪਬਲਿਕ ਸੀਨੀ. ਸੈਕੰਡਰੀ ਸਕੂਲ ਦੋਰਾਹਾ ਵਿਖੇ ਵਿਸਾਖੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ।ਸਕੂਲ ਦਾ ਮਾਹੌਲ ਖੁਸ਼ੀ, ਰੰਗਾਂ ਤੇ ਪੰਜਾਬੀ ਸੱਭਿਆਚਾਰ ਨਾਲ ਭਰਪੂਰ ਦਿਖਾਈ ਦਿੱਤਾ।ਸਮਾਰੋਹ ਦੀ ਸ਼ੁਰੂਆਤ ਪ੍ਰਾਥਨਾ ਨਾਲ ਕੀਤੀ ਗਈ ਤੇ ਵਿਦਿਆਰਥੀਆਂ ਨੇ ਵਿਸਾਖੀ ਦੇ ਮਹੱਤਵ ਬਾਰੇ ਆਪਣੇ ਵਿਚਾਰ ਪੇਸ ਕੀਤੇ।ਇਸ ਦੌਰਾਨ ਸਾਰੇ ਵਿਦਿਆਰਥੀਆਂ ਨੂੰ ਜਲੇਬੀਆਂ ਵੰਡੀਆਂ ਗਈਆਂ ਤੇ ਬੱਚਿਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ।ਪ੍ਰਿੰਸੀਪਲ ਜਤਿੰਦਰ ਸ਼ਰਮਾ ਤੇ ਵਾਇਸ ਪ੍ਰਿੰਸੀਪਲ ਨੀਰਜ ਸ਼ਰਮਾ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੀ ਵਧਾਈ ਦਿੰਦਿਆਂ ਸੱਭਿਆਚਾਰ ਨਾਲ ਜੁੜੇ ਰਹਿਣ ਦੀ ਪ੍ਰੇਰਨਾ ਦਿੱਤੀ।ਸੱਭਿਆਚਾਰਕ ਪ੍ਰੋਗਰਾਮ ਸਮਾਰੋਹ ਦਾ ਦਾ ਮੁੱਖ ਆਕਰਸ਼ਣ ਰਹੇ, ਕੁੜੀਆਂ ਵੱਲੋਂ ਗਿੱਧਾ ਤੇ ਮੁੰਡਿਆਂ ਵੱਲੋਂ ਭੰਗੜਾ ਪੇਸ਼ ਕੀਤਾ ਗਿਆ, ਜਿਸ ਨੇ ਸਭ ਦਾ ਮਨ ਮੋਹ ਲਿਆ।ਇਸ ਮੌਕੇ ਸਕੂਲ ਵੱਲੋਂ ਪੰਜਾਬੀ ਮੁਟਿਆਰ ਤੇ ਪੰਜਾਬੀ ਗੱਭਰੂ ਦੀ ਚੋਣ ਕੀਤੀ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਜੋਸ਼ ਨਾਲ ਹਿੱਸਾ ਲਿਆ ਤੇ ਚੁਣੇ ਗਏ ਮੁਟਿਆਰ ਤੇ ਗੱਭਰੂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਸੁਮਨ ਸ਼ਰਮਾ, ਰਾਜੀਵ ਕੁਮਾਰ ਵੈਦ, ਇੰਦਰਪਾਲ ਕੌਰ, ਸੀਮਾ ਕਪੂਰ, ਸੀਮਾ ਰਾਣੀ, ਨੇਹਾ ਸੂਦ, ਸਰਬਜੀਤ ਕੌਰ, ਹਰਦੀਪ ਕੌਰ, ਮੁਸਕਾਨ, ਪ੍ਰਦੀਪ ਕੌਰ, ਗੁਰਮੀਤ ਕੌਰ, ਰਜਨੀ, ਪ੍ਰਭਜੋਤ ਕੌਰ, ਕੰਵਲਜੀਤ ਕੌਰ, ਅਜੀਤਪਾਲ ਸਿੰਘ ਆਦਿ ਸਨ।

## ਸ਼ਾਨਦਾਰ ਸੇਵਾਵਾਂ ਬਦਲੇ ਐੱਸ ਪੀ ਐੱਸ ਹਸਪਤਾਲ ਸਟਾਫ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਨਿਸ਼ਕਾਮ ਲੋਕ ਸੇਵਾਵਾਂ ਲਈ ਪ੍ਰਸਿੱਧ ਨਾਮਧਾਰੀ ਸੰਪ੍ਰਦਾਇ ਤੇ ਉਨ੍ਹਾਂ ਵੱਲੋਂ ਸੰਚਾਲਿਤ ਸਤਿ ਗੁਰੂ ਪ੍ਰਤਾਪ ਸਿੰਘ ਹਸਪਤਾਲ ਨੇ ਮਰੀਜਾਂ ਦੀ ਸੁਚੱਜੀ ਦੇਖਭਾਲ ਤੇ ਉਨ੍ਹਾਂ ਨੂੰ ਐਮਰਜੈਂਸੀ ਸਮੇਂ ਵਧੀਆ ਸੇਵਾਵਾਂ ਦੇਣ ਬਦਲੇ ਹਸਪਤਾਲ ਨੇ ਸਟਾਫ ਦੀਆਂ ਨਰਸਾਂ, ਡਾਕਟਰ ਤੇ ਪੈਰਾ ਮੈਡੀਕਲ ਸਟਾਫ ਨੂੰ ਸਨਮਾਨਤ ਕੀਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਹਸਪਤਾਲ ਦੇ ਪ੍ਰਬੰਧ ਨਿਰਦੇਸ਼ਕ ਜੈ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ ਹੇਠ ਸਿਹਤ ਸੰਸਥਾ ਨੂੰ ਲੋਕ ਭਲਾਈ ਲਈ ਹੋਰ ਉਚਾਈਆਂ ਤੇ ਲਿਜਾਣ ਲਈ ਹਸਪਤਾਲ ਦੇ ਪੁਖਤਾ ਪ੍ਰਬੰਧਾਂ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ।ਇਸੇ ਦੌਰਾਨ ਯੂ ਐੱਸ ਏ ਦੇ ਪ੍ਰਸਿੱਧ ਸਮਾਜ ਸੇਵੀ ਇੰਜ: ਮਨਰਾਜ ਸਿੰਘ ਨੱਤ ਨੂੰ ਹਸਪਤਾਲ ਦੇ ਸੀ ਓ ਯੋਗਿੰਦਰ ਅਵਧਿਆ ਨੇ ਸਨਮਾਨਤ ਕੀਤਾ।ਸੀ ਓ ਨੇ ਦੱਸਿਆ ਕਿ ਮਨਰਾਜ ਸਿੰਘ ਨੱਤ ਵੱਲੋਂ ਪਿੰਡਾਂ ਦੇ ਹੋਣਹਾਰ ਬੱਚਿਆਂ ਨੂੰ ਉਚੇਰੀ ਵਿੱਦਿਆ ਮੁਹੱਈਆ ਕਰਾਉਣ ਲਈ ਅਨੇਕ ਉਪਰਾਲੇ ਕੀਤੇ ਜਾ ਰਹੇ ਹਨ।ਇੰਜੀ: ਨੱਤ ਨੇ ਹਸਪਤਾਲ ਵੱਲੋਂ ਕੀਤੇ ਸਨਮਾਨ ਦਾ ਧੰਨਵਾਦ ਕੀਤਾ।ਇਸ ਮੌਕੇ ਡਾ. ਸ਼ਿਵਾਨੀ ਟੰਡਨ, ਭਾਰਤ ਭੂਸ਼ਣ, ਇੰਜ: ਸੁਖਵੰਤ ਸਰਾਂ, ਰਾਜ ਬਰਾੜ, ਜਗਜੀਤ ਧਾਲੀਵਾਲ, ਲਖਵਿੰਦਰ ਢੰਡੇ, ਨੰਦ ਕਿਸ਼ੋਰ ਜਿੰਦਲ ਤੇ ਪੀ ਆਰ ਓ ਲਖਵੀਰ ਸਿੰਘ ਬੱਦੋਵਾਲ ਮੌਜੂਦ ਸਨ।

# ਪੁਲਸ ਵੱਲੋਂ ਅੰਨ੍ਹਾ ਕਤਲ ਕੇਸ ਟਰੇਸ, 7 ਮੁਲਜ਼ਮ ਕਾਬੂ

## ਕੈਂਟਰ, ਮੋਟਰਸਾਈਕਲ, ਚੋਰੀ ਕੀਤੇ ਪਾਈਪ ਤੇ ਮ੍ਰਿਤਕ ਦਾ ਮੋਬਾਇਲ ਬਰਾਮਦ



ਸੰਗਰੂਰ, (ਪ੍ਰਵੀਨ ਸਿੰਘ)-ਸਰਤਾਜ ਸਿੰਘ ਚਾਹਲ ਐੱਸ.ਐੱਸ.ਪੀ. ਸੰਗਰੂਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਭਵਾਨੀਗੜ੍ਹ ਦੇ ਏਰੀਏ ਵਿੱਚ ਹੋਏ ਅੰਨ੍ਹੇ ਕਤਲ ਦੇ ਮਾਮਲੇ ਨੂੰ ਟਰੇਸ ਕਰਦੇ ਹੋਏ ਡਕੈਤੀ/ਚੋਰੀ ਕਰਨ ਵਾਲੇ ਗਰੋਹ ਦਾ ਪਰਦਾਫਾਸ਼ ਕਰ ਕੇ 7 ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ ਹੈ, ਜਿਨ੍ਹਾਂ ਪਾਸੋਂ ਵਾਰਦਾਤ ਸਮੇਂ ਵਰਤਿਆ ਕੈਂਟਰ ਨੰਬਰ ਪੀ ਬੀ-11-ਡੀ ਸੀ-4207 ਮਾਰਕਾ ਭਾਰਤ ਵੈਨਜ਼, ਮੋਟਰਸਾਈਕਲ ਨੰਬਰ ਪੀ ਬੀ-30 ਡਬਲਯੂ-8750 ਮਾਰਕਾ ਸਪਲੈਂਡਰ, ਚੋਰੀ ਕੀਤੇ ਗਏ 4 ਪਾਈਪ ਲੋਹਾ, ਇੱਕ ਡੰਡਾ ਤੇ ਮ੍ਰਿਤਕ ਦਾ ਮੋਬਾਇਲ ਫੋਨ ਬ੍ਰਾਮਦ ਕਰਵਾਇਆ ਗਿਆ।ਸ਼੍ਰੀ ਚਾਹਲ ਨੇ ਦੱਸਿਆ ਕਿ 7 ਅਪ੍ਰੈਲ 2026 ਨੂੰ ਇਤਲਾਹ ਮਿਲੀ ਕਿ ਰਾਮਜੀ ਸਿੰਘ ਵਾਸੀ ਬਾਲਦ ਕਲਾਂ, ਪਲਾਟ ਵਿੱਚ ਬੋਰ ਲਗਾਉਣ ਵਾਲੀ ਮਸ਼ੀਨ ਦੀ ਰਾਖੀ ਕਰ ਰਿਹਾ ਸੀ, ਜਿਸ ਦਾ ਮਿਤੀ 06/07-04-2026 ਦੀ ਦਰਮਿਆਨੀ ਰਾਤ ਨੂੰ ਨਾਮਲੂਮ ਵਿਅਕਤੀਆਂ ਵੱਲੋਂ ਕਤਲ ਕਰ ਦਿੱਤਾ ਗਿਆ, ਜਿਸ ਸਬੰਧੀ ਮੁਕੱਦਮਾ ਨੰਬਰ 73 ਮਿਤੀ 07.04.2026 ਅ/ਧ 103 2 ਐੱਨ ਐੱਸ ਥਾਣਾ ਭਵਾਨੀਗੜ੍ਹ ਬਰਖਿਲ਼ਾਫ ਨਾਮਲੂਮ ਵਿਅਕਤੀ/ਵਿਅਕਤੀਆਨ ਦਰਜ ਕਰ ਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।ਕੇਸ ਨੂੰ ਟਰੇਸ ਕਰਨ ਲਈ ਸ੍ਰੀ ਦਵਿੰਦਰ ਅੱਤਰੀ ਕਪਤਾਨ ਪੁਲਸ (ਇੰਨਵੈਸਟੀਗੇਸ਼ਨ) ਸੰਗਰੂਰ ਦੀ ਅਗਵਾਈ ਹੇਠ ਸ੍ਰੀ ਦਲਜੀਤ ਸਿੰਘ ਵਿਰਕ, ਉੱਪ-ਕਪਤਾਨ ਪੁਲਸ (ਡਿਟੈਕਟਿਵ) ਸੰਗਰੂਰ ਤੇ ਸ੍ਰੀ ਰਾਹੁਲ ਕੌਸ਼ਲ, ਉੱਪ ਕਪਤਾਨ ਪੁਲਸ, ਸਬ ਡਵੀਜ਼ਨ ਭਵਾਨੀਗੜ੍ਹ ਦੀ ਨਿਗਰਾਨੀ ਹੇਠ ਇੰਸਪੈਕਟਰ ਸੰਦੀਪ ਸਿੰਘ ਇੰਚਾਰਜ ਸੀ.ਆਈ.ਏ. ਬਹਾਦਰ ਸਿੰਘ ਵਾਲਾ ਤੇ ਇੰਸਪੈਕਟਰ ਮਾਲਵਿੰਦਰ ਸਿੰਘ, ਮੁੱਖ ਅਫਸਰ ਥਾਣਾ ਭਵਾਨੀਗੜ੍ਹ ਦੀਆਂ ਟੀਮਾਂ ਬਣਾ ਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਦੌਰਾਨੇ ਤਫਤੀਸ਼ ਮਿਤੀ 10-04-2026 ਨੂੰ ਮੁਕੱਦਮੇ ਨੂੰ ਟਰੇਸ ਕਰਕੇ ਮੁਲਜ਼ਮ ਅਸਨੇਹ ਪਾਠਕ ਵਾਸੀ ਵਾਰਡ ਨੰ 32 ਰਾਮ ਨਗਰ ਮੰਡੀ ਗੋਬਿੰਦਗੜ੍ਹ, ਸੂਰਜ ਕੁਮਾਰ ਵਾਸੀ ਰਾਮ ਨਗਰ ਮੰਡੀ ਗੋਬਿੰਦਗੜ੍ਹ, ਰਵਿੰਦਰ ਕੁਮਾਰ ਵਾਸੀ ਰਾਮ ਨਗਰ ਮੰਡੀ ਗੋਬਿੰਦਗੜ੍ਹ, ਮੋਨੂੰ ਵਰਮਾ ਵਾਸੀ ਰਾਮ ਨਗਰ ਮੰਡੀ ਗੋਬਿੰਦਗੜ੍ਹ, ਨਿਤਿਸ਼ ਕੁਮਾਰ ਵਾਸੀ ਬਿਧੀ ਚੰਦ ਕਲੋਨੀ ਮੰਡੀ ਗੋਬਿੰਦਗੜ੍ਹ, ਮੁੰਨਾ ਕੁਮਾਰ ਵਾਸੀ ਬਿਧੀ ਚੰਦ ਕਲੋਨੀ ਮੰਡੀ ਗੋਬਿੰਦਗੜ੍ਹ ਤੇ 01 ਜੁਬਨਾਇਲ ਨਾਮਜ਼ਦ ਕਰ ਕੇ ਗ੍ਰਿਫਤਾਰ ਕੀਤਾ ਗਿਆ।ਮੁਲਜ਼ਮਾਂ ਦਾ ਰਿਮਾਂਡ ਹਾਸਲ ਕਰ ਕੇ ਡੂੰਘਾਈ ਨਾਲ ਪੁੱਛ-ਪੜਤਾਲ ਕੀਤੀ ਜਾ ਰਹੀ ਹੈ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਨਾੜ ਨੂੰ ਅੱਗ ਨਾ ਲਾਉਣ ਲਈ ਸਰਪੰਚਾਂ ਨਾਲ ਮੀਟਿੰਗ



ਖਰੜ (ਹਰਨਾਮ ਸਿੰਘ ਡੱਲਾ)- ਮੁੱਖ ਖੇਤੀਬਾੜੀ ਅਫਸਰ, ਜ਼ਿਲ੍ਹਾ ਐੱਸ ਏ ਐਸ ਨਗਰ ਡਾ. ਸੁਖਜਿੰਦਰ ਸਿੰਘ ਬਾਜਵਾ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਤੇ ਬਲਾਕ ਖੇਤੀਬਾੜੀ ਅਫਸਰ,ਖਰੜ ਡਾ. ਸ਼ੁਬਕਰਨ ਸਿੰਘ ਦੀ ਅਗਵਾਈ ਹੇਠ ਆਈ ਈ ਸੀ ਐਕਟੀਵਿਟੀ ਅਧੀਨ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਸਬੰਧੀ ਖਰੜ ਦੇ ਪਿੰਡ ਦੇ ਸਰਪੰਚਾਂ ਨਾਲ ਮੀਟਿੰਗ ਬੀ.ਡੀ.ਪੀ.ਓ, ਖਰੜ ਦੇ ਦਫ਼ਤਰ ਵਿੱਚ ਕੀਤੀ ਗਈ। ਇਸ ਦਾ ਪ੍ਰਬੰਧਨ ਡਾ. ਗੁਰਦਿਆਲ ਕੁਮਾਰ, ਖੇਤੀਬਾੜੀ ਵਿਕਾਸ ਅਫਸਰ ਵੱਲੋਂ ਕੀਤਾ ਗਿਆ। ਡਾ. ਜਸਵਿੰਦਰ ਸਿੰਘ, ਖੇਤੀਬਾੜੀ ਵਿਕਾਸ ਅਫਸਰ, ਖਰੜ ਨੇ ਕਿਸਾਨਾਂ ਨੂੰ ਕਣਕ ਦੀ ਵਾਢੀ ਉਪਰੰਤ ਬਚੇ ਹੋਏ ਨਾੜ ਨੂੰ ਅੱਗ ਨਾ ਲਾਉਣ ਦੀ ਬਿਜਾਏ ਤੂੜੀ ਬਣਾਉਣ ਲਈ ਜਾਂ ਖੇਤ ਦੇ ਵਿੱਚ ਹੀ ਵਾਹੁਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਉਹਨਾਂ ਦੱਸਿਆ ਕਿ ਅਜੋਕੇ ਸਮੇਂ ਵਿੱਚ ਜਿੱਥੇ ਤੂੜੀ ਦੀ ਕੀਮਤ ਬਹੁਤ ਜਿਆਦਾ ਹੋ ਗਈ ਹੈ, ਕਿਸਾਨ ਖੇਤ ਵਿੱਚ ਤੂੜੀ ਜ਼ਰੂਰ ਬਣਾਉਣ ਤਾਂ ਜੋ ਘਰ ਵਿੱਚ ਰੱਖੇ ਹੋਏ ਦੁਧਾਰੂ ਪਸ਼ੂਆਂ ਨੂੰ ਪਾਲਣ ਦਾ ਖਰਚਾ ਘਟ ਸਕੇ। ਇਸ ਤੋਂ ਇਲਾਵਾ ਡਾ ਗੁਰਜੀਤ ਸਿੰਘ,ਖੇਤੀਬਾੜੀ ਵਿਕਾਸ ਅਫਸਰ ਵੱਲੋਂ ਵਿਭਾਗ ਵਿੱਚ ਚੱਲ ਰਹੀਆਂ ਵੱਖ-ਵੱਖ ਸਕੀਮਾਂ, ਸੀ ਆਰ ਐਮ ਅਧੀਨ ਚੱਲ ਰਹੀ ਖੇਤੀਬਾੜੀ ਮਸ਼ੀਨਰੀ ਤੇ ਸਬਸਿਡੀ ਸਬੰਧੀ, ਐਗਰੀਸਟੈਕ ਵਿੱਚ ਫਾਰਮਰ ਆਈ ਡੀ ਬਣਾਉਣ ਸਬੰਧੀ ਜਾਣਕਾਰੀ ਦਿੱਤੀ ਗਈ। ਉਹਨਾਂ ਦੱਸਿਆ ਕਿ ਕਣਕ ਦੀ ਵਾਢੀ ਉਪਰੰਤ ਅਤੇ ਝੋਨੇ ਦੀ ਬਿਜਾਈ ਤੋਂ ਪਹਿਲਾਂ ਖੇਤ ਵਿੱਚ ਮੂੰਗੀ ਦੀ ਬਿਜਾਈ ਕੀਤੀ ਜਾਵੇ। ਇਸ ਨਾਲ ਖੇਤ ਦੀ ਉਪਜਾਊ ਸ਼ਕਤੀ ਵੀ ਵਧੂਗੀ ਤੇ ਝੋਨੇ ਵਿੱਚ ਘੱਟ ਖਾਦ ਦੀ ਵਰਤੋਂ ਹੋਵੇਗੀ ਜਿਸ ਨਾਲ ਕਿਸਾਨਾਂ ਦਾ ਖਰਚਾ ਘੱਟ ਹੋਵੇਗਾ। ਮੀਟਿੰਗ ਵਿੱਚ ਸੁਪਰਡੈਂਟ, ਬੀ ਡੀ ਪੀ ਓ ਦਫ਼ਤਰ ਰਮਨਦੀਪ ਕੌਰ, ਪਿੰਡ ਦੇਹ ਕਲਾਂ, ਮਦਨਹੇੜੀ, ਮਲਕਪੁਰ, ਨਗਲ ਫੈਜ਼ਗੜ੍ਹ, ਘਟੌਰ, ਅਲਾਂਪੁਰ ਅਤੇ ਹੋਰ ਪਿੰਡਾਂ ਦੇ ਸਰਪੰਚ ਹਾਜ਼ਰ ਸਨ।

# ਤਹਿਸੀਲ ਕੰਪਲੈਕਸ 'ਚ ਡਾ. ਬੀ ਆਰ ਅੰਬੇਡਕਰ ਦੀ ਮੂਰਤੀ ਲੋਕ ਅਰਪਣ



ਸ਼ਾਹਕੋਟ (ਗਿਆਨ ਸੈਦਪੁਰੀ)- ਇੱਥੋਂ ਦੇ ਤਹਿਸੀਲ ਕੰਪਲੈਕਸ ਵਿੱਚ ਸਥਾਪਿਤ ਕੀਤੀ ਭਾਰਤ ਰਤਨ ਡਾ. ਬੀ ਆਰ ਅੰਬੇਡਕਰ ਦੀ ਮੂਰਤੀ ਨੂੰ ਲੋਕ ਅਰਪਣ ਕੀਤਾ ਗਿਆ। ਇਹ ਰਸਮ ਇੱਕ ਸਮਾਗਮ ਦੌਰਾਨ ਸ਼ਰਾਈਨ ਬੋਰਡ ਭਗਵਾਨ ਵਾਲਮੀਕ ਤੀਰਥ ਅੰਮ੍ਰਿਤਸਰ ਦੇ ਚੇਅਰਮੈਨ ਬਾਲ ਯੋਗੀ ਬਾਬਾ ਪ੍ਰਗਟ ਨਾਥ ਨੇ ਨਿਭਾਈ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਡਾ. ਅੰਬੇਡਕਰ ਦੇ ਜੀਵਨ ਦੌਰਾਨ ਉਹਨਾਂ ਨੂੰ ਆਈਆਂ ਕਠਿਨਾਈਆਂ, ਉਹਨਾਂ ਵੱਲੋਂ ਦ੍ਰਿੜ ਇਰਾਦੇ ਨਾਲ ਤੇ ਸੰਘਰਸ਼ ਨਾਲ ਅੱਗੇ ਵਧਣ ਤੇ ਦਲਿਤ ਸਮਾਜ ਨੂੰ ਪੜ੍ਹੋ ਜੁੜੋ ਤੇ ਸੰਘਰਸ਼ ਕਰਨ ਦੀ ਪ੍ਰੇਰਨਾ ਦੇਣ ਬਾਰੇ ਵਿਸਥਾਰ ਨਾਲ ਵਰਣਨ ਕੀਤਾ। ਇੱਥੇ ਡਾ. ਸਾਹਿਬ ਦਾ ਬੁੱਤ ਸਥਾਪਿਤ ਕਰਨ ਵਿੱਚ ਆਈਆਂ ਮੁਸ਼ਕਿਲਾਂ ਤੇ ਇਸ ਕਾਰਜ ਨੂੰ ਨੇਪਰੇ ਚੜ੍ਹਾਉਣ ਵਿੱਚ ਸਹਿਯੋਗੀ ਰਹੇ ਵਿਅਕਤੀਆਂ ਅਤੇ ਸੰਸਥਾਵਾਂ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਗਿਆ।

ਬਾਲ ਯੋਗੀ ਬਾਬਾ ਪ੍ਰਗਟ ਨਾਥ ਦੇ ਸ਼ਰਾਇਨ ਬੋਰਡ ਦੇ ਚੇਅਰਮੈਨ ਬਣਨ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਵਾਲਮੀਕ ਸਮਾਜ ਨੂੰ ਆਸ ਬੱਝੀ ਹੈ ਕਿ ਇਹਨਾਂ ਨੂੰ ਮਾਣ ਸਨਮਾਨ ਦੇਣ ਦਾ ਰਾਹ ਪੱਧਰਾ ਹੋ ਗਿਆ ਹੈ।

ਬੁਲਾਰਿਆਂ ਨੇ ਬਾਬਾ ਸਾਹਿਬ ਡਾ. ਅੰਬੇਡਕਰ ਵੱਲੋਂ ਦੱਸੇ ਰਸਤੇ 'ਤੇ ਚੱਲ ਕੇ ਆਪਣੀ ਹੋਣੀ ਦੇ ਆਪ ਮਾਲਕ ਬਣਨ ਦਾ ਹੋਕਾ ਵੀ ਦਿੱਤਾ। ਬੁਲਾਰਿਆਂ ਵਿੱਚ ਬਾਲ ਯੋਗੀ ਬਾਬਾ ਪ੍ਰਗਟ ਨਾਥ ਚੇਅਰਮੈਨ ਸ਼ਰਾਈਨ ਬੋਰਡ ਅੰਮ੍ਰਿਤਸਰ, ਜਸਵੀਰ ਸਿੰਘ ਜਲਾਲਪੁਰੀ ਵਾਈਸ ਪ੍ਰਧਾਨ ਐੱਸ ਸੀ ਵਿੰਗ ਪੰਜਾਬ ਆਮ ਆਦਮੀ ਪਾਰਟੀ, ਬੀਬੀ ਰਣਜੀਤ ਕੌਰ ਕਾਕੜ ਕਲਾਂ ਡਾਇਰੈਕਟਰ ਇਨਫੋਟੈਕ ਪੰਜਾਬ, ਮਾਰਕੀਟ ਕਮੇਟੀ ਸ਼ਾਹਕੋਟ ਦੇ ਚੇਅਰਮੈਨ ਬਲਬੀਰ ਸਿੰਘ ਢੰਡੋਵਾਲ, ਪਰਬਤ ਪਾਲ ਸਿੰਘ ਪੀ ਏ ਪਰਮਿੰਦਰ ਸਿੰਘ ਪਿੰਦਰ ਪਡੋਰੀ ਹਲਕਾ ਇੰਚਾਰਜ ਆਮ ਆਦਮੀ ਪਾਰਟੀ, ਐਡਵੋਕੇਟ ਮਨਜੀਤ ਕੌਰ ਭੱਟੀ, ਅਮਨਦੀਪ ਸਿੰਘ ਸੈਦਪੁਰੀ ਆਦਿ ਨੇ ਸੰਬੋਧਨ ਕੀਤਾ। ਸਟੇਜ ਸਕੱਤਰ ਦੇ ਫਰਜ਼ ਜੱਸੀ ਨਿਹਾਲੂਵਾਲ ਸਰਪੰਚ ਬਸਤੀ ਨਿਹਾਲੂਵਾਲ ਨੇ ਬਾਖੂਬੀ ਨਿਭਾਏ। ਤਹਿਸੀਲਦਾਰ ਸ਼ਾਹਕੋਟ ਜਸਪਾਲ ਸਿੰਘ ਬਾਜਵਾ ਨੇ ਸਭ ਦਾ ਧੰਨਵਾਦ ਕਰਦਿਆਂ ਡਾ.ਅੰਬੇਡਕਰ ਦੇ ਮਿਸਾਲੀ ਜੀਵਨ ਬਾਰੇ ਚਾਨਣਾ ਪਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚਰਨਜੀਤ ਕੌਰ ਸਰਪੰਚ ਪੰਡੋਰੀ, ਸੇਵਾ ਮੁਕਤ ਪ੍ਰਿੰਸੀਪਲ ਗੁਰਮੇਜ ਲਾਲ ਹੀਰ, ਲੈਕਚਰਾਰ ਦੇਵ ਰਾਜ, ਰਾਖੀ ਮੱਟੂ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਬੂਟਾ ਸਿੰਘ ਸੇਵਾ ਮੁਕਤ ਏਐਸਆਈ, ਜੋਗਿੰਦਰ ਸਿੰਘ ਟਾਈਗਰ, ਡਾ. ਵਿਲੀਅਮ ਜੋਨ, ਜੋਤੀ ਨਿਹਾਲੂਵਾਲ, ਡਾ. ਰਮੇਸ਼ ਹੰਸ, ਮੋਨੂੰ ਸੈਦਪੁਰ, ਬਲਕਾਰ ਸਿੰਘ ਏ ਐੱਸ ਆਈ, ਮੰਗਾ ਮੱਟੂ, ਸੰਨੀ ਭਾਰਤੀ, ਨਿਰੰਜਣ ਸਿੰਘ ਪੂਨੀਆ, ਅਮਨਦੀਪ ਸਿੰਘ ਟੁਰਨਾ ਮੰਡੀ ਸੁਪਰਵਾਈਜ਼ਰ, ਦਸੋਦਾ ਸਿੰਘ ਬਿੱਲੀ ਬੜੈਚ, ਮਨੋਜ ਅਰੋੜਾ, ਸਿੰਦਰਪਾਲ ਸਿੰਘ ਨੰਬਰਦਾਰ ਰੌਂਤ, ਮਨਦੀਪ ਸਿੰਘ ਝੀਤਾ, ਸ਼ਾਮ ਲਾਲ ਸੇਵਾ ਮੁਕਤ ਮੰਡੀ ਸੁਪਰਵਾਈਜ਼ਰ, ਸੁੱਚਾ ਗਿੱਲ, ਪਾਲ ਸਿੰਘ ਟਾਈਪਿਸਟ, ਨਿਰਮਲ ਸਿੰਘ ਸਰਾਭਾ, ਦਰਸ਼ਨ ਸਿੰਘ ਬਿਜਲੀ ਬੋਰਡ ਕੰਨੀਆ ਕਲਾਂ, ਸ਼ੇਰਾ ਸਰਪੰਚ ਕੰਨੀਆ ਕਲਾਂ, ਬਲਜੀਤ ਸਿੰਘ ਸਾਬਕਾ ਮੈਂਬਰ ਮਾਰਕੀਟ ਕਮੇਟੀ ਮੀਏਵਾਲ ਅਰਾਈਆਂ, ਪ੍ਰੀਤਮ ਦਾਸ ਸਾਬਕਾ ਏਐਸਆਈ, ਸਾਬੀ ਮੱਟੂ, ਚੰਦ ਹਾਲੇ ਮੀਏ ਵਾਲ ਹਨਾ, ਹੰਸ ਲਾਲ ਪਰਜੀਆਂ ਨੇ, ਕਸ਼ਮੀਰੀ ਲਾਲ ਮੈਂਬਰ ਨਗਰ ਪੰਚਾਇਤ ਮਹਿਤਪੁਰ,ਮਾਸਟਰ ਰਵਿੰਦਰ ਕੁਮਾਰ, ਮਾਸਟਰ ਸੰਦੀਪ ਸਿੰਘ, ਮਾਸਟਰ ਅਮਰੀਕ ਸਿੰਘ, ਮਾਸਟਰ ਰਾਜਨ ਮਲਸੀਆਂ, ਪ੍ਰਿੰਸੀਪਲ ਹਰਪ੍ਰੀਤ ਸਿੰਘ ਸੋਧੀ, ਲੈਕਚਰਾਰ ਪੂਨਮ ਲਤਾ ਮਾਸਟਰ ਕੁਲਜੀਤ ਸਿੰਘ ਪਨੇਸਰ ਆਦਿ ਮੌਜੂਦ ਸਨ।

# ਡਾ. ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਤ ਸਮਾਗਮ ਕਰਵਾਇਆ



ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਸਟਾਰ ਰੀਫੈਸ਼ਮੈਂਟ ਹਵੇਲੀ ਰੋਡ ਮਾਹਿਲਪੁਰ ਵਿਖੇ ਸਤਿਕਾਰਯੋਗ ਜਰਨੈਲ ਰਾਮ ਤੇ ਉਨਾਂ ਦੀ ਪਤਨੀ ਕਮਲਜੀਤ ਵੱਲੋ ਪਰਵਾਰਿਕ ਮੈਂਬਰਾਂ ਐਡਵੋਕੇਟ ਲਵਪ੍ਰੀਤ, ਨਵਜੋਤ, ਲਵਪ੍ਰੀਤ ਸਿੰਘ, ਪਰਮਜੀਤ ਸਿੰਘ, ਨਵੀ ਹੱਲੂਵਾਲ ਦੇ ਸਹਿਯੋਗ ਨਾਲ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਿਤ ਇੱਕ ਵਿਸ਼ੇਸ਼ ਸਮਾਗਮ ਕੀਤਾ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਕੇਕ ਕੱਟਿਆ ਗਿਆ।ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣੁ ਕੁਟੀਆ ਮਾਹਿਲਪੁਰ, ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ, ਸੁਖਵਿੰਦਰ ਕੁਮਾਰ ਰਿਟਾਇਰਡ ਬੈਂਕ ਅਧਿਕਾਰੀ, ਪਰਮਜੀਤ ਕੌਰ ਮੁੱਗੋਵਾਲ, ਕੁਲਦੀਪ ਸਿੰਘ, ਅਵਤਾਰ ਸਿੰਘ ਤਾਰੀ, ਰਛਪਾਲ ਸਿੰਘ, ਸੰਦੀਪ ਸਿੰਘ, ਜਸਵਿੰਦਰ ਸਿੰਘ, ਰਮਨਦੀਪ ਸਿੰਘ, ਮਨਜੀਤ ਸਿੰਘ, ਸਾਗਰ ਪ੍ਰੀਤ ਸਿੰਘ, ਸਨਜੀਤ ਸਿੰਘ, ਬਲਵੀਰ ਕੌਰ, ਸੰਦੀਪ ਕੌਰ, ਜਸਵੀਰ ਕੌਰ, ਰਵਿੰਦਰ ਕੌਰ ਪੰਚ ਸਮੇਤ ਮੋਤਬਰ ਵਿਅਕਤੀ ਹਾਜ਼ਰ ਸਨ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ 'ਜੈ ਭੀਮ ਜੈ ਭਾਰਤ' ਦੇ ਨਾਅਰੇ ਲਗਾਉਂਦੇ ਹੋਏ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਵੱਲੋਂ ਸਮਾਜ ਦੇ ਹਰ ਵਰਗ ਦੇ ਲੋਕਾਂ ਲਈ ਕੀਤੇ ਕਾਰਜ ਨੂੰ ਯਾਦ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਜਰਨੈਲ ਰਾਮ ਨੇ ਦੱਸਿਆ ਕਿ ਉਹਨਾਂ ਦੇ ਇਸ ਗ੍ਰਹਿ ਵਿਖੇ ਪਿੰਡ ਨੰਗਲ ਖੂੰਗਾ ਤੋਂ ਡੇਰਾ ਬਾਬਾ ਭਗਤ ਰਾਮ ਤੋਂ ਸੰਤ ਨਰੇਸ਼ ਗਿਰ ਜੀ ਦੀ ਰਹਿਨੁਮਾਈ ਹੇਠ ਇੱਕ ਯਾਤਰਾ ਜੋ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਜਾ ਰਹੀ ਸੀ, ਇਸ ਅਸਥਾਨ ਤੇ ਆਈ ਤੇ ਉਹਨਾਂ ਲਈ ਲੰਗਰ ਪਾਣੀ ਦਾ ਪ੍ਰਬੰਧ ਕੀਤਾ ਗਿਆ। ਉਹਨਾਂ ਦੱਸਿਆ ਕਿ ਉਹ ਆਪਣੇ ਗੁਰੂ ਵਤਨ ਗਿਰ ਜੀ ਦੇ ਜਨਮ ਦਿਨ ਤੇ ਉਹਨਾਂ ਨੂੰ ਵੀ ਪ੍ਰਣਾਮ ਕਰਦੇ ਹੋਏ ਉਹਨਾਂ ਵੱਲੋਂ ਦਰਸਾਏ ਮਾਰਗ ਤੇ ਚੱਲਣ ਦਾ ਪ੍ਰਣ ਕਰਦੇ ਹਨ।

# ਗੁ. ਸ੍ਰੀ ਦਰਬਾਰ ਸਾਹਿਬ ਵਿਖੇ ਵਿਸਾਖੀ ਦਾ ਦਿਹਾੜਾ ਮਨਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਕਸਬਾ ਡੇਰਾ ਬਾਬਾ ਨਾਨਕ ਵਿਖੇ ਸ਼ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸਾਖੀ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ।ਸਵੇਰ ਤੋਂ ਹੀ ਸੰਗਤਾਂ ਵੱਡੀ ਗਿਣਤੀ ਵਿੱਚ ਡੇਰਾ ਬਾਬਾ ਨਾਨਕ ਦੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਈਆਂ ਤੇ ਗੁਰਦੁਆਰਾ ਸਾਹਿਬ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕਰਕੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਵਿਖੇ ਸ਼ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸਾਖੀ ਦੇ ਪਵਿੱਤਰ ਦਿਹਾੜੇ ਸਬੰਧੀ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਗੁਰਦੁਆਰਾ ਸਾਹਿਬ ਦੇ ਗ੍ਰੰਥੀ ਬਾਬਾ ਨਛੱਤਰ ਸਿੰਘ ਵੱਲੋਂ ਸੰਗਤਾਂ ਦੀ ਚੜ੍ਹਦੀ ਕਲਾ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਉਪਰੰਤ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਅਤੇ ਪ੍ਰਚਾਰਕ ਜਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ।ਇਸ ਮੌਕੇ ਬਾਬਾ ਸੇਵਾ ਸਿੰਘ ਕਾਰ ਸੇਵਾ ਸ੍ਰੀ ਖਡੂਰ ਸਾਹਿਬ ਵਾਲਿਆਂ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਗੋਸਲ਼ ਨੇ ਸੰਗਤਾਂ ਨੂੰ ਵਿਸਾਖੀ ਦੇ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ ਅਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਸੰਗਤਾਂ ਨੇ ਗੁਰਦੁਆਰਾ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਹੈ।

ਇਸ ਮੌਕੇ ਮੈਨੇਜਰ ਸਤਨਾਮ ਸਿੰਘ ਗੋਸਲ਼, ਬਾਬਾ ਗੁਰਪ੍ਰੀਤ ਸਿੰਘ ਕਾਰ ਸੇਵਾ ਵਾਲੇ, ਬਾਬਾ ਬਿਸ਼ਨ ਸਿੰਘ ਪੱਪੂ, ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਬੇਦੀ, ਪ੍ਰਿੰ. ਹਰਜੀਤ ਸਿੰਘ ਬੇਦੀ, ਜਗਦੀਪ ਸਿੰਘ ਸ਼ਿਕਾਰ, ਸੁਖਵਿੰਦਰ ਸਿੰਘ ਖਜ਼ਾਨਚੀ, ਪ੍ਰਗਟ ਸਿੰਘ ਮੂਲੋਵਾਲੀ, ਹਰਵੰਤ ਸਿੰਘ, ਕੁਲਵੰਤ ਸਿੰਘ ਸ਼ਿਕਾਰ, ਗ੍ਰੰਥੀ ਜਗਵਿੰਦਰ ਸਿੰਘ, ਦਿਲਸ਼ੇਰ ਸਿੰਘ ਡੇਰਾ, ਗੁਰਪ੍ਰੀਤ ਸਿੰਘ ਨਿੱਕੋਸਰਾ, ਰਜਿੰਦਰ ਸਿੰਘ ਵੇਰੋਕੇ, ਜੋਗਾ ਸਿੰਘ ਮਾਨ, ਧਰਮਪਾਲ ਸਿੰਘ ਮੱਤਰੀ, ਕੁਲਜੀਤ ਸਿੰਘ ਮਝੈਲ, ਸੁਰਜੀਤ ਸਿੰਘ ਟੋਨੀ, ਜੱਗਾ ਤਲਵੰਡੀ ਗੋਰਾਇਆ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਆਦਿ ਹਾਜ਼ਰ ਸਨ

# ਅਮਰ ਸੋਢੀ ਬਣੇ ਭ੍ਰਿਸ਼ਟਾਚਾਰ ਕੰਟਰੋਲ ਆਰਗੇਨਾਈਜ਼ੇਸ਼ਨ ਪੰਜਾਬ ਦੇ ਵਾਈਸ ਪ੍ਰਧਾਨ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਭ੍ਰਿਸ਼ਟਾਚਾਰ ਕੰਟਰੋਲ ਆਰਗੇਨਾਈਜ਼ੇਸ਼ਨ ਵੱਲੋਂ ਅਮਰਪ੍ਰੀਤ ਸਿੰਘ ਅਮਰ ਸੋਢੀ ਨੂੰ ਵਾਈਸ ਪ੍ਰਧਾਨ ਕਰਾਈਮ ਸੈੱਲ ਪੰਜਾਬ ਦੇ ਅਹੁਦੇ 'ਤੇ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਜਾਰੀ ਨਿਯੁਕਤੀ ਪੱਤਰ ਅਨੁਸਾਰ 13 ਅਪ੍ਰੈਲ ਤੋਂ ਉਨ੍ਹਾਂ ਦੀ ਨਿਯੁਕਤੀ ਲਾਗੂ ਹੋ ਚੁੱਕੀ ਹੈ।ਅਮਰ ਸੋਢੀ ਨੇ ਦੱਸਿਆ ਕਿ ਮੈਨੂੰ ਜੋ ਇਹ ਸੇਵਾ ਮਿਲੀ ਹੈ, ਮੈਂ ਇਸ ਨੂੰ ਪੂਰੀ ਇਮਾਨਦਾਰੀ ਅਤੇ ਦਿਆਨਤਦਾਰੀ ਨਾਲ ਨਿਭਾਵਾਂਗਾ।ਇੱਥੇ ਇਹ ਵੀ ਦੱਸਣਯੋਗ ਹੈ ਕਿ ਅਮਰ ਸੋਢੀ ਪਿਛਲੇ ਲੰਮੇ ਸਮੇਂ ਤੋਂ ਆਪਣਾ ਜਿੰਮ ਚਲਾ ਰਹੇ ਹਨ, ਜਿੱਥੇ ਉਹ ਕਈ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਕਸਰਤ ਵੱਲ ਪ੍ਰੇਰਿਤ ਕਰਦੇ ਹੋਏ ਉਨ੍ਹਾਂ ਨੂੰ ਨਵੀਂ ਜ਼ਿੰਦਗੀ ਦੇ ਰਹੇ ਹਨ। ਅਮਰ ਸੋਢੀ ਨੇ ਕਿਹਾ ਕਿ ਸੰਸਥਾ ਭ੍ਰਿਸ਼ਟਾਚਾਰ ਅਤੇ ਅਪਰਾਧ ਖ਼ਿਲਾਫ਼ ਲੜਾਈ ਵਿੱਚ ਪੁਲਿਸ, ਸੀਬੀਆਈ, ਵਿਜੀਲੈਂਸ ਅਤੇ ਹੋਰ ਸਰਕਾਰੀ ਵਿਭਾਗਾਂ ਨਾਲ ਸਹਿਯੋਗ ਕਰਦੀ ਹੈ।

# ਅੱਠਵੀਂ ਦਾ ਨਤੀਜਾ 100 ਫੀਸਦੀ



ਦੀਪਿਕਾ ਕੌਰ 568/600 | ਅਭੀਨਵ ਕੁੰਦਰਾਲ 469/600 | ਗੁਰਪ੍ਰੀਤ ਸਿੰਘ 468/600

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਸੰਤ ਰਾਮ ਸਿੰਘ ਪਬਲਿਕ ਹਾਈ ਸਕੂਲ ਤਾਜੇਵਾਲ ਦਾ ਅੱਠਵੀਂ ਕਲਾਸ ਦਾ ਨਤੀਜਾ 100% ਰਿਹਾ। 41 ਵਿਦਿਆਰਥੀ ਫਸਟ ਡਿਵੀਜ਼ਨ ਨਾਲ ਪਾਸ ਹੋਏ ਤੇ ਅਭੀਨਵ ਕੁੰਦਰਾਲ, ਗੁਰਪ੍ਰੀਤ ਸਿੰਘ ਅਤੇ ਦੀਪਿਕਾ ਕੌਰ ਨੇ ਸਭ ਤੋਂ ਵੱਧ ਨੰਬਰ ਲੈ ਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਸਕੂਲ ਵਿੱਚੋਂ ਪ੍ਰਾਪਤ ਕੀਤਾ। ਇਸ ਵਧੀਆ ਨਤੀਜੇ ਲਈ ਸੰਤ ਮਹਾਂਵੀਰ ਸਿੰਘ ਵੱਲੋਂ ਸਮੂਹ ਸਟਾਫ਼, ਵਿਦਿਆਰਥੀਆਂ ਤੇ ਉਹਨਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ।

# ਵੀਜ਼ਾ ਤੇ ਐੱਚ ਡੀ ਐੱਫ ਸੀ ਬੈਂਕ ਵੱਲੋਂ ਆਪਸ 'ਚ ਭਾਈਵਾਲੀ ਕਰਨ ਦਾ ਐਲਾਨ

ਜਲੰਧਰ : ਵੀਜ਼ਾ ਨੇ ਫੀਫਾ ਵਿਸ਼ਵ ਕੱਪ 2026 ਲਈ ਭਾਰਤ ਦੇ ਸਭ ਤੋਂ ਵੱਡੇ ਨਿੱਜੀ ਬੈਂਕ ਐੱਚਡੀਐੱਫਸੀ ਬੈਂਕ ਨਾਲ ਆਪਣੀ ਭਾਈਵਾਲੀ ਦਾ ਐਲਾਨ ਕੀਤਾ।ਇਸ ਭਾਈਵਾਲੀ ਦੇ ਹਿੱਸੇ ਵਜੋਂ, ਵੀਜ਼ਾ ਅਤੇ ਐੱਚਡੀਐੱਫਸੀ ਬੈਂਕ ਨੇ ਇੱਕ ਸੀਮਤ-ਐਡੀਸ਼ਨ ਫੀਫਾ ਵਿਸ਼ਵ ਕੱਪ 2026 ਵੀਜ਼ਾ ਪਿਕਸਲ ਕ੍ਰੈਡਿਟ ਕਾਰਡ ਲਾਂਚ ਕੀਤਾ ਹੈ। ਇੱਕ ਵਿਸ਼ੇਸ਼ ਦੇਸ਼ ਵਿਆਪੀ ਖਰਚ ਕਰੋ ਅਤੇ ਜਿੱਤੋ ਮੁਹਿੰਮ ਵੀ ਸ਼ੁਰੂ ਕੀਤੀ ਗਈ ਹੈ।ਇਹ ਐਲਾਨ ਮੁੰਬਈ ਵਿੱਚ ਇੱਕ ਸ਼ਾਨਦਾਰ ਲਾਂਚ ਸਮਾਗਮ ਵਿੱਚ ਮਨਾਇਆ ਗਿਆ।ਐੱਚਡੀਐੱਫਸੀ ਬੈਂਕ ਦੇ ਬ੍ਰਾਂਚ ਬੈਂਕਿੰਗ, ਭੁਗਤਾਨ, ਖਜ਼ਾਨਾ, ਦੇਣਦਾਰੀ ਉਤਪਾਦ, ਮਾਰਕੀਟਿੰਗ, ਵਰਚੁਅਲ ਚੈਨਲ ਅਤੇ ਬੁਨਿਆਦੀ ਢਾਂਚੇ ਦੇ ਸਮੂਹ ਮੁਖੀ, ਆਸ਼ੀਸ਼ ਪਾਰਥਸਾਰਥੀ ਨੇ ਕਿਹਾ, ਭਾਰਤ ਦੇ ਸਭ ਤੋਂ ਵੱਡੇ ਕ੍ਰੈਡਿਟ ਕਾਰਡ ਜਾਰੀਕਰਤਾ ਹੋਣ ਦੇ ਨਾਤੇ, ਅਸੀਂ ਲੱਖਾਂ ਗਾਹਕਾਂ ਨੂੰ ਫੀਫਾ ਵਿਸ਼ਵ ਕੱਪ ਦਾ ਉਤਸ਼ਾਹ ਅਤੇ ਡਿਜੀਟਲ ਭੁਗਤਾਨ ਦੀ ਸੌਖ ਲਿਆਉਣ ਲਈ ਵੀਜ਼ਾ ਨਾਲ ਸਾਂਝੇਦਾਰੀ ਕਰਕੇ ਖੁਸ਼ ਹਾਂ।

# ਵਿਸਾਖੀ ਮੇਲਾ ਮਨਾਇਆ



ਸ਼ਾਹਕੋਟ (ਗਿਆਨ ਸੈਦਪੁਰੀ)- ਇੱਥੋਂ 6 ਕਿਲੋਮੀਟਰ ਦੂਰ ਦਰਿਆ ਸਤਲੁਜ 'ਤੇ ਸਥਿਤ ਕਾਵਾਂ ਵਾਲੇ ਪਤਣ 'ਤੇ ਵਿਸਾਖੀ ਦਾ ਮੇਲਾ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਮੇਲੇ ਵਿਚ ਇਲਾਕੇ ਦੇ ਸੈਂਕੜੇ ਲੋਕਾਂ ਨੇ ਹਿੱਸਾ ਲਿਆ। ਮੇਲੀਆਂ ਨੇ ਜਿਥੇ ਜਲੇਬੀਆਂ ਦਾ ਲੁਤਫ ਲਿਆ, ਉਥੇ ਛੋਟੀ ਛੋਟੀ ਖਰੀਦਦਾਰੀ ਵੀ ਕੀਤੀ।ਮੇਲੇ ਦੌਰਾਨ ਕਵਾਲਾਂ ਨੇ ਮੇਲੀਆਂ ਨੂੰ ਝੂਮਣ ਲਾ ਦਿੱਤਾ। ਗੁਰੂ ਕਾ ਲੰਗਰ ਅਤੁਟ ਵਰਤਾਇਆ ਗਿਆ। ਮੇਲੇ ਦੇ ਸੇਵਾਦਾਰ ਬਾਬਾ ਬਚਿੱਤਰ ਅਤੇ ਬਾਬਾ ਡਿੰਪਾ ਸਲੈਚਾਂ ਪਰੰਪਰਾ ਅਨੁਸਾਰ ਇਥੇ ਵਿਸਾਖੀ ਦਾ ਮੇਲਾ 13 ਅਪਰੈਲ ਨੂੰ ਹੀ ਮਨਾਇਆ ਜਾਂਦਾ ਹੈ।

# ਐੱਸ ਐੱਚ ਓ ਨੇ ਚਾਰਜ ਸੰਭਾਲਿਆ



ਫਿਲੌਰ (ਨਿਰਮਲ)- ਥਾਣਾ ਫਿਲੌਰ ਵਿੱਚ ਨਵੇਂ ਐਸ.ਐਚ.ਓ ਵਜੋਂ ਲਵਨੀਤ ਬੰਗੜ ਨੇ ਆਪਣਾ ਚਾਰਜ ਸੰਭਾਲ ਲਿਆ। ਉਨ੍ਹਾਂ ਦੇ ਆਉਣ ਨਾਲ ਇਲਾਕੇ ਵਿੱਚ ਕਾਨੂੰਨ-ਵਿਵਸਥਾ ਹੋਰ ਮਜ਼ਬੂਤ ਹੋਣ ਦੀ ਉਮੀਦ ਜਤਾਈ ਜਾ ਰਹੀ ਹੈ।ਚਾਰਜ ਸੰਭਾਲਣ ਉਪਰੰਤ ਐਸ.ਐਚ.ਓ ਲਵਨੀਤ ਬੰਗੜ ਨੇ ਕਿਹਾ ਕਿ ਉਨ੍ਹਾਂ ਦੀ ਪਹਿਲੀ ਤਰਜੀਹ ਇਲਾਕੇ ਵਿੱਚ ਅਮਨ-ਕਾਨੂੰਨ ਬਣਾਈ ਰੱਖਣੀ, ਅਪਰਾਧਾਂ 'ਤੇ ਕਾਬੂ ਪਾਉਣਾ ਅਤੇ ਲੋਕਾਂ ਨੂੰ ਇਨਸਾਫ ਮੁਹੱਈਆ ਕਰਵਾਉਣਾ ਹੋਵੇਗੀ। ਉਨ੍ਹਾਂ ਨੇ ਦੱਸਿਆ ਕਿ ਨਸ਼ਾ ਤਸਕਰੀ, ਚੋਰੀਆਂ ਅਤੇ ਹੋਰ ਗੈਰਕਾਨੂੰਨੀ ਗਤੀਵਿਧੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਹੈੱਡ ਕਾਂਸਟੇਬਲ ਦੀ ਸੜਕ ਹਾਦਸੇ 'ਚ ਮੌਤ



ਫਿਲੌਰ (ਨਿਰਮਲ)- ਨਜ਼ਦੀਕ ਪਿੰਡ ਭੱਟੀਆ ਵਿੱਚ ਉਸ ਵੇਲੇ ਸੋਗ ਦੀ ਲਹਿਰ ਛਾ ਗਈ ਜਦੋਂ ਪਿੰਡ ਨੌਜਵਾਨ ਸ਼ੰਕਰ ਜੋ ਪੰਜਾਬ ਪੁਲਿਸ ਹੈੱਡ ਕਾਂਸਟੇਬਲ ਬਤੌਰ ਡਿਊਟੀ ਨਿਭਾ ਰਿਹਾ ਹੈ ਐਕਸੀਡੈਂਟ ਦੌਰਾਨ ਉਸ ਦੀ ਮੌਤ ਹੋ ਗਈ। ਇਸ ਦੁੱਖਦਾਈ ਘੜੀ 'ਚ ਚਰਨਜੀਤ ਸਿੰਘ ਮੱਲ ਥਾਣੇਦਾਰ ਸਾਂਝ ਕੇਂਦਰ ਫਿਲੌਰ, ਅਲੀ ਮਹੁੰਮਦ ਖਾਨ ਹੈੱਡ ਕਾਸਟੇਬਲ, ਕੁਲਦੀਪ ਕੁਮਾਰ ਹੈੱਡ ਕਾਸਟੇਬਲ, ਜਸਵੰਤ ਸਿੰਘ ਥਾਣੇਦਾਰ, ਸਰਬਜੀਤ ਸਿੰਘ ਥਾਣੇਦਾਰ, ਜਸਵਿੰਦਰ ਸਿੰਘ ਥਾਣੇਦਾਰ, ਡਾਕਟਰ ਕੁਲਦੀਪ ਰਾਏ, ਅਜੇ ਸਿੰਘ ਨਾਗੀ, ਹਰਜੀਤ ਸਿੰਘ ਢੇਸੀ, ਸੁਰਿੰਦਰ ਪਾਲ ਢੇਸੀ, ਤਰਸੇਮ ਸਿੰਘ ਢਿੱਲੋਂ, ਜਗਦੀਸ਼ ਢੰਡ, ਰਣਜੀਤ ਸਿੰਘ ਤੇ ਆਦਿ ਨੇ ਦੁੱਖ ਸਾਂਝਾ ਕੀਤਾ।


# ਕਲਾਸੀਫਾਈਡ ਇਸ਼ਤਿਹਾਰ

## Change of Name

I Tejja wife of Bawa Singh resident of village Ghaniaki, Tehsil and district Kapurthala have changed my name from Tejja to Tej Kaur. All concerned please note.

I, Lovejeet Kaur W/o Angrej Singh R/o H.No.6, Gali No.9, Tarn Taran Road, Ganda Singh Colony Amritsar have changed my name from Lovejeet Kaur to Lovejit Kaur.

I, Inderjit Singh S/o Gurdev Singh R/o VPO Preet Nagar, Tehsil Ajnala District Amritsar have declare that Inderjit is my Given name and Singh is my Surname.

I, Harmeetpal Bhatia S/o Gurmeet Singh R/o H.No 1/501, Mohala Hargobind Pura, I/s Gate Hakiman, Amritsar-143001 (Pb) have changed my name from Harmeetpal Bhatia to Harmeetpal Singh, please note.

I, Vaishali Behal W/o Harmeetpal Singh R/o H.No 1/501, Mohala Hargobind Pura, I/s Gate Hakiman, Amritsar-143001 (Pb) have changed my name from Vaishali Behal to Vishali Bahal, please note.

I, Harjinder Singh W/o Baldev Singh R/o Jandiala Guru Dist Amritsar have changed my name from Harjinder Singh to Rajinder Kaur.

I Jatinder Pal Singh S/o Vardeep Singh Resident of B-2, Guru Amardass Avenue, Airport Road, Amritsar PIN 143001 have declare that Singh is my Surname and Jatinder Pal is my given name.

I Jasmina Kaur W/o Jatinder Pal Singh Resident of B-2, Guru Amardass Avenue, Airport Road, Amritsar PIN 143001 have declare that Kaur is my Surname and Jasmina is my given name.

I, Ravinder Soni S/o Harinder Singh R/o H.No.3931/31, Street No3, Kot Baba Deep Singh, Opp Guru Ram Dass Hospital, Amritsar have changed my name from Ravinder Soni to Ravinder Singh Soni.

I, Harinder Singh Soni S/o Sher Singh R/o H.No.L-13/949, Street No.3, Kot Baba Deep Singh, opp Guru ram Dass Hospital, Amritsar have changed my name from Harinder Singh Soni to Harinder Singh.

I, Dharmesh Kumar S/o Bhola Nath R/o 51-a, Golden City, Mirankot Chowk, Airport Road, Amritsar have declare that Dharmesh is my Given name and Kumar is my Surname.

I, Jagdeep Singh S/o Major Singh R/o Chachowali, Jaintipur, Amritsar, Punjab-143502 have changed my name from Jagdeep Singh to Singh is my surname and Jagdeep is my given name.

I, Amarjit Kaur w/o Paramjit Singh Sangha r/o Vill. Bhabiana, Distt. Kapurthala have changed my name to Given name as Amarjit & Surname as Kaur. All Please Note.

I, Charanjeet Kaur D/o Kartar Singh R/o Baharli Phirni, Balahar Mehma, Bathinda have changed my name from Charanjeet Kaur to Kaur Charanjeet (Surname as Kaur) All Please Note.

I, Sunita W/o Balvinder Grewal R/O Village Lambri, PO. Labra, Jalandhar - 144026, Punjab, India presently residing at 11 Bowmans Rise, WV1 2SD Wolverhampton, Uk have changed my name from Sunita to Sunita Grewal. (After marriage i have added my surname as Grewal)

I, Satwinder wife of Kuldeep Singh resident of 613, Basti Peer Dad, Jalandhar, Punjab have changed my name from Satwinder to Satwinder Kaur. All concerned please note.

I, Rashmi Chaudhary W/O Ravi Narain Choudhary , R/o # 137/1, Sector-45 A, Chandigarh, Sector 47, Chandigarh - 160047. have changed my name and shall hereafter be Known as Anita Rani.

## Change of Name

I Hitherto Known as : Gunjan S/O Gobind Verma R/O H.No: 09-A, Taj Enclave, Mithapur Road, Village Alipur, PO: Garha, District: Jalandhar-144022 (Punjab), Have Changed my name and Shall Hereafter be Known as : Gunjan Verma.

I, Seema W/O Charanjit Singh , R/o 2279, Adjoining P & S Bank Housing Society, Sector 79, Mauli Baidwan, SAS Nagar (Mohali), Punjab – 140308.I have changed the name of my minor daughter Banreet Kaur aged about 6 Years and She shall hereafter be known as Banreet Kauur.

I, Gaurav Bhardwaj S/O Late Ram Lubhaya Bhardwaj , R/o #453, VTC: S.A.S. Nagar (mohali), PO: Sector 55, Sub District: S.A.S. Nagar (Mohali), District: SAS Nagar (Mohali), State: Punjab – 160055.I have changed the name of my minor daughter Swarnikaa Bhardwaj aged about 7 Years and She shall hereafter be known as Pramita Bhardwaj.

I, Tarun Bawa S/O Gulshan Bawa, R/o 22, Sham Nagar, Baltana, SAS Nagar, Mohali, Punjab-140604.I have changed the name of my minor Son Baby Two of Rajni aged about 7 Years and He shall hereafter be known as Ayansh Bawa.

I, Shindo W/O Surinder Pal , R/o Nathewal, Jalandhar, Punjab-144633. have changed my name and shall hereafter be Known as Surinder Kaur.

I, Harpal Singh S/O Labh Singh, R/o 186-D, Shaheed Bhagat Singh Nagar, Pakhowal Road, Basant Avenue, Ludhiana, Punjab - 141013, have changed my name and shall hereafter be Known as Harpal Singh Chawla.

I, Champa Rani W/O Sarabjit Singh , R/o Jhawan, Hoshiarpur, Punjab - 144212. have changed my name and shall hereafter be Known as Rajinder Kaur.

I, Gurmit Kaur W/O Ram Krishan , R/o Kasabad, Bhattian, Ludhiana, Punjab - 141008. have changed my name and shall hereafter be Known as Malkeet Kaur.

I, hitherto known as Neelam Kumari W/O Sudhir Kumar Jain , R/o Kothi no.8,Block B, Majithia Enclave, Patiala-147005 have changed my name and shall hereafter be Known as Neelam Sudhir Jain.

I, Bhupinder Singh son of Avtar Singh resident of Village Dargabad, PO. Bhagowal, Distt. Gurdaspur, Punjab have changed the name of my minor daughter from Elevenpreet Kaur to Avleen Kaur. Concerned Note.

I, Lakhvir Singh son of Baldish Singh resident of Patti Gau Ki, VPO. Rurka Kalan, Tehsil Phillaur, District Jalandhar, Punjab-144031 have changed my name from Lakhvir Singh to Given Name Lakhvir & Surname as Singh. All concerned please note.

## PUBLIC NOTICE

It is hereby notified that I, Gurpreet Singh, S/o Amarjeet Singh / Inderjeet Kaur, R/o H. No. 447, New Kot Atma Ram, Sultanwind Road, Amritsar have lost my original Punjab School Education Board (Marksheet/ Passing Certificate) of Class XII, Roll No. 2020236782, Year of Passing 2020, issued by the Punjab School Education Board (PSEB). If anyone find the same, kindly contact me at Mobile No. +91-6239419991/ Email :– gsingh52246@gmail.com or return to my above address.

## ਬੇਦਖਲੀ ਨੋਟਿਸ

ਮੈਂ, ਪਵਨ ਸਿੰਘ ਪੁੱਤਰ ਤਰਲੋਚਨ ਸਿੰਘ, ਪਿੰਡ ਭਸੌੜ (ਧੂਰੀ) ਆਪਣੀ ਲੜਕੀ ਗਗਨਜੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜਿੰਮੇਵਾਰ ਹੋਣਗੇ

ਮੈਂ, ਸੁਨੀਤਾ ਪਤਨੀ ਪ੍ਰੀਤਮ, ਵਾਸੀ ਹਿੰਮਤਪੁਰਾ ਮੁਹੱਲਾ, ਧੂਰੀ (ਸੰਗਰੂਰ) ਆਪਣੀ ਲੜਕੀ ਨਿਸ਼ਾ ਪਤਨੀ ਅਸ਼ੋਕ, ਵਾਸੀ ਭਗਵਾਨਪੁਰ ਉਰਫ ਸਧਰਾਨਪੁਰ (ਪਾਤੜਾਂ) ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜਿੰਮੇਵਾਰ ਹੋਣਗੇ।

ਮੈ ਸੰਤੋਖ ਰਾਮ ਪੁੱਤਰ ਸ੍ਰੀ ਲਛਮਣ ਦਾਸ ਵਾਸੀ ਪਿੰਡ ਤੇ ਡਾਕ: ਭੁੰਗਰਨੀ ਤਹਿ: ਵਾ ਜ਼ਿਲ੍ਹਾ ਹੁਸ਼ਿਆਰਪੁਰ-146112, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਗੁਰਵਿੰਦਰ ਕੌਰ ਸਾਡੇ ਕਹਿਣੇ ਤੋਂ ਬਾਹਰ ਹੈ। ਮੇਰੇ ਤੇ ਮੇਰੇ ਪਰਿਵਾਰ ਨਾਲ ਲੜਾਈ-ਝਗੜਾ ਕਰਦੀ ਹੈ ਸਾਨੂੰ ਬਿਨਾਂ ਦੱਸੇ ਪੁਛੇ ਕਿੱਤੇ ਚਲੀ ਗਈ ਹੈ, ਜਿਸ ਨੂੰ ਅਸੀ ਪੂਰਾ ਪਰਿਵਾਰ ਸਮਝਾ ਚੁੱਕੇ ਹਾਂ। ਮੈ ਤੇ ਮੇਰਾ ਪਰਿਵਾਰ ਇਸ ਨਾਲੋਂ ਆਪਣਾ ਰਿਸ਼ਤਾ ਨਾਤਾ ਤੋੜਦੇ ਹੋਏ ਇਸ ਨੂੰ ਆਪਣੀ ਚੱਲ-ਅਚੱਲ ਸਪੰਤੀ/ਜਮੀਨ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜਿਹੜਾ ਇਸ ਨਾਲ ਕੋਈ ਵੀ ਲੈਣ ਦੇਣ ਕਰੇਗਾ। ਉਹ ਖੁਦ ਜਿੰਮੇਵਾਰ ਹਾਂ।

ਅਸੀਂ ਜਤਿੰਦਰ ਸਿੰਘ ਪੁੱਤਰ ਮਦਨ ਮੋਹਨ ਸਿੰਘ ਅਤੇ ਦਵਿੰਦਰ ਕੌਰ ਪਤਨੀ ਜਤਿੰਦਰ ਸਿੰਘ ਵਾਸੀ ਮਕਾਨ ਨੰ : 733, ਵਿਕਾਸ ਨਗਰ, ਘਣੁਪੁਰ, ਛੇਹਰੱਟਾ ਰੋਡ, ਅੰਮ੍ਰਿਤਸਰ ਆਪਣੇ ਪੁੱਤਰ ਬਲਜੀਤ ਸਿੰਘ ਅਤੇ ਉਸਦੀ ਪਤਨੀ ਪ੍ਰਭਜੋਤ ਕੌਰ ਉਰਫ ਜਯੋਤੀ ਜੋ ਸਾਡੇ ਕਹਿਣੇ ਵਿਚ ਨਹੀਂ, ਇਹਨਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਅਸੀਂ ਜਤਿੰਦਰ ਸਿੰਘ ਪੁੱਤਰ ਮਦਨ ਮੋਹਨ ਸਿੰਘ ਅਤੇ ਦਵਿੰਦਰ ਕੌਰ ਪਤਨੀ ਜਤਿੰਦਰ ਸਿੰਘ ਵਾਸੀ ਮਕਾਨ ਨੰ : 733, ਵਿਕਾਸ ਨਗਰ, ਘਣੁਪੁਰ, ਛੇਹਰੱਟਾ ਰੋਡ, ਅੰਮ੍ਰਿਤਸਰ ਆਪਣੇ ਪੁੱਤਰ ਬਲਜੀਤ ਸਿੰਘ ਅਤੇ ਉਸਦੀ ਪਤਨੀ ਪ੍ਰਭਜੋਤ ਕੌਰ ਉਰਫ ਜਯੋਤੀ ਜੋ ਸਾਡੇ ਕਹਿਣੇ ਵਿਚ ਨਹੀਂ, ਇਹਨਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਜੋਗਿੰਦਰ ਕੌਰ ਪਤਨੀ ਨਿਰਮਲ ਸਿੰਘ, ਵਾਸੀ ਪਿੰਡ ਰਣੀਕੇ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਕੁਲਦੀਪ ਕੌਰ, ਜਿਨ੍ਹਾਂ ਨੇ ਆਪਣੀ ਮਰਜ਼ੀ ਨਾਲ ਸ਼ਾਦੀ ਕੀਤੀ ਹੈ। ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਦੋਵੇਂ ਅੱਲਗ ਰਹਿ ਰਹੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ ਸੁਨੀਲ ਕੁਮਾਰ ਪੁੱਤਰ ਸ੍ਰੀ ਰਾਧਾ ਕ੍ਰਿਸ਼ਨ ਵਾ ਸੁਨੀਤਾ ਪਤਨੀ ਸ੍ਰੀ ਸੁਨੀਲ ਕੁਮਾਰ ਵਾਸੀਆਨ ਮਕਾਨ ਨੰ: ਈ.ਕੇ-319/ਸੀ, ਸ਼ਿਵਰਾਜ ਗੜ੍ਹ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨੋਜ ਕੁਮਾਰ ਉਰਫ ਮੰਜੂ ਅਤੇ ਉਸਦੀ ਪਤਨੀ ਗੀਤਾਂਜਲੀ ਉਰਫ ਗੀਤ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਅਤੇ ਇਨ੍ਹਾਂ ਦੇ ਵਾਰਸਾਨ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੀਮਾ ਪਤਨੀ ਅਨੀਲ ਕੁਮਾਰ ਭਾਟੀਆ ਵਾਸੀ ਰਾਮਗੜ੍ਹੀਆ ਮੁੱਹਲਾ, ਗੁਰਾਇਆਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਰਿੱਕੀ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੀਮਾ ਪਤਨੀ ਅਨੀਲ ਕੁਮਾਰ ਭਾਟੀਆ ਵਾਸੀ ਰਾਮਗੜ੍ਹੀਆ ਮੁੱਹਲਾ, ਗੁਰਾਇਆਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਨਿਧੀ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੁਖਦੇਵ ਰਾਜ ਪੁੱਤਰ ਸ੍ਰੀ ਅਮਰ ਚੰਦ, ਵਾਸੀ ਮੁਹੱਲਾ ਧੂੜਕੋਟ ਸ਼ਾਹਕੋਟ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ-144702, ਪੰਜਾਬ, ਭਾਰਤ ਬਿਆਨ ਕਰਦਾ ਹਾਂ ਮੇਰੀ ਸ਼ਾਦੀਸ਼ੁਦਾ ਲੜਕੀ ਮੀਨਾਕਸ਼ੀ ਉਰਫ ਪੰਮੀ ਮੇਰੇ ਕਹਿਣੇ ਤੋਂ ਬਾਹਰ ਹੈ, ਤੰਗ-ਪ੍ਰੇਸ਼ਾਨ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਵੀ ਇਸ ਨਾਲ ਲੈਣ-ਦੇਣ ਕਰੇਗਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਵਾਰ ਦਾ ਕੋਈ ਤਲਕ-ਵਾਸਤਾ ਨਹੀਂ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬੇਦਖਲੀ ਨੋਟਿਸ

ਮੈਂ, ਜਗਦੇਵ ਸਿੰਘ ਪੁੱਤਰ ਸ੍ਰੀ ਸਾਧੂ ਸਿੰਘ ਵਾਸੀ ਮਕਾਨ ਨੰਬਰ ਬੀ-3/208, ਡੁਲਟਾ ਵਾਲੀ ਗਲੀ ਗੁਰੂ ਨਾਨਕ ਨਗਰ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੇ ਭਰਾ ਰੂਪ ਨਰਾਇਣ ਸਿੰਘ ਦੀ ਲੜਕੀ ਸੁਖਦੀਪ ਕੌਰ ਜਿਸ ਨੂੰ ਮੈਂ ਬਚਪਨ ਵਿੱਚ ਗੋਦ ਲਿਆ ਸੀ, ਹੁਣ ਇਹ ਲੜਕੀ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਬਲਵਿੰਦਰ ਕੌਰ ਪਤਨੀ ਸਰਬਜੀਤ ਸਿੰਘ ਵਾਸੀ ਗੋਇੰਦਵਾਲ ਸਾਹਿਬ ਤਹਿਸੀਲ ਖਡੂਰ ਸਾਹਿਬ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਗਰੂਪ ਸਿੰਘ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਇਸ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਬਲਵਿੰਦਰ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਮਕਾਨ ਨੰ. ਬੀ. ਐਕਸ-583-1, ਕਿਸ਼ਨਪੁਰਾ, ਤਹਿਸੀਲ ਵਾ ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਰਮਨਦੀਪ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਨਿਰਮਲਾ ਪਤਨੀ ਲੇਟ ਤਰਸੇਮ ਲਾਲ ਵਾਸੀ ਪਿੰਡ ਚੱਕ ਖੁਰਦ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਾਜੀਵ ਕੁਮਾਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਮਨਜੀਤ ਸਿੰਘ ਪੁੱਤਰ ਸੁਰਜੀਤ ਸਿੰਘ, ਵਾਸੀ ਪਿੰਡ ਹਾਊਸ ਨੰਬਰ 35, ਵਾਰਡ ਨੰਬਰ ਹਾਈ ਸਕੂਲ ਬਸਤੀ, ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸੱਜਣ ਸਿੰਘ ਪੁੱਤਰ ਧਿਆਨ ਸਿੰਘ, ਵਾਸੀ ਜਨਤਾ ਨਗਰ ਧੂਰੀ (ਸੰਗਰੂਰ) ਆਪਣੇ ਲੜਕੇ ਬਲਕਾਰ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜਿੰਮੇਵਾਰ ਹੋਣਗੇ।

## ਆਮ ਸੂਚਨਾ

ਮੈਂ, ਰਾਜੇਸ਼ ਮਹਿਤਾ ਪੁੱਤਰ ਤਿਲਕ ਰਾਜ ਮਹਿਤਾ, ਵਾਸੀ 61-ਏ, ਅਰਜਨ ਸਿੰਘ ਨਗਰ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਭਰਾ ਮੁਨੀਸ਼ ਮਹਿਤਾ ਅਤੇ ਉਸ ਦੀ ਪਤਨੀ ਰੀਨਾ ਮਹਿਤਾ ਅਤੇ ਉਨ੍ਹਾਂ ਦਾ ਲੜਕਾ ਗ੍ਰੰਥ ਅਤੇ ਲੜਕੀ ਦੀਪਿਕਾ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜੀ ਕਰਦੇ ਹਨ। ਜੇ ਕੋਈ ਇਨ੍ਹਾਂ ਨਾਲ ਲੈਣ-ਦੇਣ ਜਾਂ ਕੋਈ ਵੀ ਕੰਮ-ਕਾਰ ਜਾਂ ਲੜਾਈ-ਝਗੜਾ ਕਰਦਾ ਹੈ ਤਾਂ ਉਹ ਇਸ ਦੇ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਇਨ੍ਹਾਂ ਨਾਲ ਕੋਈ ਰਿਸ਼ਤਾ-ਨਾਤਾ ਨਹੀਂ ਹੈ। ਮੈਂ ਤੇ ਮੇਰੇ ਪਰਵਾਰ ਦਾ ਕੋਈ ਵੀ ਮੈਂਬਰ ਜ਼ਿੰਮੇਵਾਰ ਨਹੀਂ ਹੋਵੇਗਾ।

ਮੈਂ, ਆਸ਼ਾ ਰਾਣੀ ਪਤਨੀ ਮਨੋਹਰ ਲਾਲ, ਵਾਸੀ ਧਰਮਪੁਰਾ ਮੁਹੱਲਾ, ਧੂਰੀ (ਸੰਗਰੂਰ) ਆਪਣੀ ਪੋਤਰੀ ਗਗਨਦੀਪ ਦੀ ਮਿਤੀ 24 ਮਾਰਚ 2024 ਦੇ ਨਵਾਂ ਜ਼ਮਾਨਾ ਅਖ਼ਬਾਰ ਰਾਹੀਂ ਕੀਤੀ ਬੇਦਖਲੀ ਰੱਦ ਕਰਦੀ ਹਾਂ। ਮੇਰੀ ਪੋਤਰੀ ਗਗਨਦੀਪ ਦੀ ਉਕਤ ਬੇਦਖਲੀ ਵਾਪਸ ਲੈਂਦੀ ਹਾਂ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਸੀ ਏ 138 ਭਾਗ ਸਿੰਘ ਪੁੱਤਰ ਸਰੈਣ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਇਕਬਾਲ ਸਿੰਘ ਪੁੱਤਰ ਪਿਆਰਾ ਸਿੰਘ ਰਕਬਾ ਚੂਚਕਵਿੰਡ, ਤਹਿਸੀਲ ਜ਼ੀਰਾ ਨੇ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ ਡੀ ਓ. ਵੰਡ ਮੱਲਾਂਵਾਲਾ ਨਾਲ ਸੰਪਰਕ ਕਰੇ।

ਮੈਂ ਰਮਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਮਕਾਨ ਨੰਬਰ 5832/10, ਗਲੀ ਨੰਬਰ 01, ਜੋਤੀਸਰ ਕਾਲੋਨੀ ਜੰਡਿਆਲਾ ਗੁਰੂ ਜਿਲਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੈਂ ਮਿਤੀ 18-03-2026 ਨੂੰ ਗੁੰਮ ਹੋਈ ਰਜਿਸਟਰੀ ਜਮੀਨ 18 ਮਰਲੇ ਦੀ Document No. 930, ਤਸਦੀਕ ਮਿਤੀ 26-05-1999 ਜਿਸਦਾ ਕਿਲਾ ਨੰਬਰ 50//10/5=0-02, 150=0-9, 310//1=0-7 ਰਜਿਸਟਰੀ ਮਤਾਬਕ ਅਤੇ ਜਮਾਂਬੰਦੀ ਮਤਾਕਬਕ 1995-96 ਵਾਕਿਆ ਰਕਬਾ ਤਹਿਸੀਲ ਬਾਬਾ ਬਕਾਲਾ ਜਿਲਾ ਅੰਮ੍ਰਿਤਸਰ ਦੀ ਰਿਪੋਰਟ 25-03-2026 ਨੂੰ ਦਰਜ ਕਰਵਾ ਦਿੱਤੀ ਹੈ

## ਨਾਂਅ ਦੀ ਬਦਲੀ

ਮੈਂ ਰਜਨੀਤਾ ਪਤਨੀ ਸ੍ਰੀ ਬਲਜਿੰਦਰ ਸਿੰਘ ਵਾਸੀ ਪਿੰਡ ਰਾਮਪੁਰ ਸੈਣੀਆਂ , ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਇਹ ਘੋਸ਼ਣਾ ਕਰਦੀ ਹਾਂ ਕਿ ਮੈਂ ਆਪਣਾ ਨਾਮ ਰਜਨੀਤਾ ਤੋਂ ਬਦਲ ਕੇ ਰਜਨੀਤਾ ਭਾਟੀਆ ਕਰ ਲਿਆ ਹੈ ।

ਮੈਂ, ਸਨੀ ਪੁੱਤਰ ਅਵਤਾਰ ਚੰਦ, ਨਿਵਾਸੀ ਕ੍ਰਿਸ਼ਨਾ ਭਵਨ, ਢਾਕੀ ਰੋਡ, ਕਨਵਰ ਹਸਪਤਾਲ ਦੇ ਨੇੜੇ, ਮਿਊਂਸਿਪਲ ਕਾਲੋਨੀ, ਪਠਾਨਕੋਟ, ਤਹਿਸੀਲ ਅਤੇ ਜ਼ਿਲ੍ਹਾ ਪਠਾਨਕੋਟ, ਪੰਜਾਬ - 145001, ਇਹ ਘੋਸ਼ਣਾ ਕਰਦਾ ਹਾਂ ਕਿ ਮੈਂ ਆਪਣਾ ਨਾਮ ਸਨੀ ਤੋਂ ਬਦਲ ਕੇ ਸਨੀ ਬੱਬਰ ਰੱਖ ਲਿਆ ਹੈ। ਸੰਬੰਧਿਤ ਨੋਟ ਕੀਤਾ ਜਾਵੇ।

## ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਸ੍ਰੀ ਰਾਜ ਕੁਮਾਰ, ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਦੋਮ, ਭੂੰਗਾ, ਹੁਸ਼ਿਆਰਪੁਰ

ਕੇਸ ਕਿਸਮ - ਦਰੁਸਤੀ ਗਿਰਦਾਵਰੀ

ਵਾਕਿਆ ਪਿੰਡ ਬੱਸੀ ਬਲੀਦਾਦ ਖਾਂ

ਦਰੁਸਤੀ ਗਿਰਦਾਵਰੀ ਕੇਸ - ਅਸ਼ੋਕ ਕੁਮਾਰ ਵਗੈਰਾ ਬਨਾਮ ਮ੍ਰਿਤਕ ਖੀਉਣ ਪੁੱਤਰ ਫੱਲੂ ਬਜਰੀਆ ਵਾਰਸਾਨ, ਵਾਕਿਆ ਰਕਬਾ ਪਿੰਡ ਬਸੀ ਬਲੀਦਾਦ ਖਾਂ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ।

ਉਪਰੋਕਤ ਦਰੁਸਤੀ ਗਿਰਦਾਵਰੀ ਕੇਸ ਨਿਮਨਹਸਤਾਖਰ ਦੀ ਅਦਾਲਤ ਵਿੱਚ ਚੱਲ ਰਿਹਾ ਹੈ। ਉਕਤ ਕੇਸ ਵਿੱਚ ਉੱਤਰਵਾਦੀਆਨ ਦੀ ਸਧਾਰਨ ਤਰੀਕੇ ਨਾਲ ਤਾਮੀਲ ਨਹੀਂ ਹੋ ਸਕੀ। ਇਸ ਲਈ ਪਬਲੀਕੇਸ਼ਨ ਨੋਟਿਸ ਰਾਹੀਂ ਹੇਠ ਲਿਖੇ ਉੱਤਰਵਾਦੀਆਨ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਕੇਸ ਦੀ ਪੈਰਵਾਈ ਲਈ ਮਿਤੀ 29/04/26 ਨੂੰ ਨਿਮਨਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਉਣ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਪਬਲੀਕੇਸ਼ਨ ਨੋਟਿਸ ਮਿਤੀ 13.04.26 ਨੂੰ ਮੇਰੀ ਮੋਹਰ ਤੇ ਹਸਤਾਖਰ ਹੇਠ ਜਾਰੀ ਕੀਤਾ ਗਿਆ ਹੈ।

ਨਾਇਬ ਤਹਿਸੀਲਦਾਰ ਕਮ- ਸਹਾਇਕ ਕੁਲੈਕਟਰ ਦਰਜਾ ਦੋਮ ਭੂੰਗਾ

ਨੰਬਰ. 16....ਰੀਡਰ ਮਿਤੀ: 13/04/26

ਉੱਤਰਵਾਦੀਆਨ ਦੇ ਨਾਂਅ

1. ਮ੍ਰਿਤਕ ਖੀਉਣ ਪੁੱਤਰ ਫੱਲੂ ਬਜਰੀਆ ਵਾਰਸਾਨ

1a. ਬੂਟਾ ਰਾਮ ਪੁੱਤਰ ਖੀਉਣ (ਫੌਤਸ਼ੁਦਾ) ਬਜਰੀਆ ਵਾਰਸਾਨ-

(i) ਮਲਕੀਤ ਕੌਰ ਵਿਧਵਾ ਬੂਟਾ ਰਾਮ, (ii) ਉਮ ਲਾਲ ਪੁੱਤਰ ਬੂਟਾ ਰਾਮ, (iii) ਜੈਲ ਸਿੰਘ ਪੁੱਤਰ ਬੂਟਾ ਰਾਮ,

1b. ਮ੍ਰਿਤਕ ਕਿਸ਼ਨ ਚੰਦ ਪੁੱਤਰ ਖੀਉਣ ਬਜਰੀਆ ਵਾਰਸਾਨ, (i) ਦਵਿੰਦਰਪਾਲ ਪੁੱਤਰ ਕਿਸ਼ਨ ਚੰਦ, (ii) ਕਰਨੈਲ ਸਿੰਘ ਪੁੱਤਰ ਕਿਸ਼ਨ ਚੰਦ, (iii) ਕੁਲਵਿੰਦਰ ਸਿੰਘ ਪੁੱਤਰ ਕਿਸ਼ਨ ਚੰਦ, (iv) ਸਰਬਜੀਤ ਸਿੰਘ ਪੁੱਤਰ ਕਿਸ਼ਨ ਚੰਦ (v) ਰੇਸ਼ਮ ਸਿੰਘ ਪੁੱਤਰ ਕਿਸ਼ਨ ਚੰਦ, ਸਾਰੇ ਵਾਸੀਆਨ ਪਿੰਡ ਬਸੀ ਬਾਹਿਦ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ ਬਾ-ਅਖਤਿਆਰਤ ਸਹਾਇਕ ਕੁਲੈਕਟਰ ਦਰਜਾ ਦੂਜਾ, ਅਜੀਤਵਾਲ ਤਹਿ: ਵਾ ਜ਼ਿਲ੍ਹਾ ਮੋਗਾ।

ਪਬਲਿਕ ਇਸ਼ਤਿਹਾਰ

ਹਰ ਆਮ ਅਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਰਮਿੰਦਰ ਕੌਰ ਵਿਧਵਾ ਸ਼ਰਨਜੀਤ ਸਿੰਘ ਪੁੱਤਰ ਬਚਿੱਤ ਸਿੰਘ, ਵਾਸੀ ਪਿੰਡ ਨੱਥੂਵਾਲਾ ਜਦੀਦ, ਤਹਿਸੀਲ ਵਾ ਜ਼ਿਲ੍ਹਾ ਮੋਗਾ ਰਾਹੀਂ ਮੁਖਤਿਆਰੇ ਆਮ ਚਰਨਜੀਤ ਕੌਰ ਸਮਰਾ ਪਤਨੀ ਅਜਮੇਰ ਸਿੰਘ ਸਮਰਾ ਵਾਸੀ ਲੋਹਗੜ੍ਹ, ਤਹਿ. ਧਰਮਕੋਟ ਤਹਿ. ਮੋਗਾ ਵੱਲੋਂ ਅਸਾਲਤਨ ਅਦਾਲਤ ਪੇਸ਼ ਹੋ ਕੇ ਦਰਖਾਸਤ ਰਾਹੀਂ ਬੇਨਤੀ ਕੀਤੀ ਹੈ ਕਿ ਉਹ ਉਕਤ ਪਤੇ ਦਾ ਰਹਿਣ ਵਾਲਾ ਹੈ। ਇਹ ਕਿ ਪਿੰਡ ਨੱਥੂਵਾਲਾ ਜਦੀਦ ਸਬ ਤਹਿਸੀਲ, ਅਜੀਤਵਾਲ, ਜ਼ਿਲ੍ਹਾ ਮੋਗਾ ਦੇ ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਹਰਮਿੰਦਰ ਕੌਰ ਵਿਧਵਾ ਸ਼ਰਨਜੀਤ ਸਿੰਘ ਪੁੱਤਰ ਬਚਿੱਤ ਸਿੰਘ ਦਰਜ ਹੋ ਗਿਆ ਹੈ, ਜਦ ਕਿ ਉਸ ਦਾ ਸਹੀ ਨਾਂਅ ਰਮਿੰਦਰ ਕੌਰ ਵਿਧਵਾ ਸ਼ਰਨਜੀਤ ਸਿੰਘ ਪੁੱਤਰ ਬਚਿੱਤ ਸਿੰਘ ਹੈ। ਇਸ ਲਈ ਉਹ ਮਾਲ ਰਿਕਾਰਡ ਵਿੱਚ ਆਪਣਾ ਸਹੀ ਨਾਂਅ ਹਰਮਿੰਦਰ ਕੌਰ ਉਰਫ ਰਮਿੰਦਰ ਕੌਰ ਵਿਧਵਾ ਸ਼ਰਨਜੀਤ ਸਿੰਘ ਪੁੱਤਰ ਬਚਿੱਤ ਸਿੰਘ ਇੰਦਰਾਜ਼ ਕਰਵਾਉਣਾ ਚਾਹੁੰਦਾ ਹੈ। ਇਸ ਸੰਬੰਧੀ ਦਰਖਾਸਤੀ ਵੱਲੋਂ ਆਪਣਾ ਹਲਫੀਆ ਬਿਆਨ ਪੇਸ਼ ਕੀਤਾ ਹੈ। ਇਸ ਸੰਬੰਧੀ ਪਟਵਾਰੀ ਹਲਕਾ ਪਾਸੋਂ ਰਿਪੋਰਟ ਪ੍ਰਾਪਤ ਕੀਤੀ ਗਈ ਹੈ। ਇਸ ਲਈ ਉਕਤ ਦਰੁਸਤੀ ਦੇ ਸੰਬੰਧ ਵਿੱਚ ਕਿਸੇ ਆਮ ਜਾਂ ਖਾਸ ਨੂੰ ਕੋਈ ਇਤਰਾਜ਼ ਹੋਵੇ ਤਾਂ ਇਸ ਦਫਤਰ ਵਿੱਚ ਆਪਣਾ ਇਤਰਾਜ਼ ਅਸਾਲਤਨ/ਵਕਾਲਤਨ ਰੂਪ ਵਿੱਚ ਇਸ ਇਸ਼ਤਿਹਾਰ ਦੇ ਜਾਰੀ ਹੋਣ ਤੋਂ 10 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਸਮਾਂ ਬੀਤਣ ਤੋਂ ਬਾਅਦ ਕਿਸੇ ਦਾ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਨੋਟਿਸ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ ਹੈ।

ਸਹੀ/- ਸਹਾਇਕ ਕੁਲੈਕਟਰ ਦਰਜਾ-2 ਅਜੀਤਵਾਲ।

ਨੰਬਰ 339..../ਰੀਡਰ ਮਿਤੀ : 09/04/2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ ਬਾ-ਅਖਤਿਆਰਤ ਸਹਾਇਕ ਕੁਲੈਕਟਰ ਦਰਜਾ ਦੂਜਾ, ਅਜੀਤਵਾਲ ਤਹਿ: ਵਾ ਜ਼ਿਲ੍ਹਾ ਮੋਗਾ।

ਪਬਲਿਕ ਇਸ਼ਤਿਹਾਰ

ਹਰ ਆਮ ਅਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਸ਼ੇਰ ਸਿੰਘ ਪੁੱਤਰ ਲਛਮਣ ਸਿੰਘ ਪੁੱਤਰ ਨਰੈਣ ਸਿੰਘ ਵਾਸੀ ਪਿੰਡ ਤਖਾਣਵੱਧ, ਤਹਿਸੀਲ ਵਾ ਜ਼ਿਲ੍ਹਾ ਮੋਗਾ ਵੱਲੋਂ ਅਸਾਲਤਨ ਅਦਾਲਤ ਪੇਸ਼ ਹੋ ਕੇ ਦਰਖਾਸਤ ਰਾਹੀਂ ਬੇਨਤੀ ਕੀਤੀ ਹੈ ਕਿ ਉਹ ਉਕਤ ਪਤੇ ਦਾ ਰਹਿਣ ਵਾਲਾ ਹੈ। ਇਹ ਕਿ ਪਿੰਡ ਤਖਾਣਵੱਧ ਸਬ-ਤਹਿਸੀਲ, ਅਜੀਤਵਾਲ ਜ਼ਿਲ੍ਹਾ ਮੋਗਾ ਦੇ ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਰੇਸ਼ਮ ਸਿੰਘ ਪੁੱਤਰ ਲਛਮਣ ਸਿੰਘ ਪੁੱਤਰ ਨਰੈਣ ਸਿੰਘ ਦਰਜ ਹੋ ਗਿਆ ਹੈ, ਜਦ ਕਿ ਉਸ ਦਾ ਸਹੀ ਨਾਂਅ ਸ਼ੇਰ ਸਿੰਘ ਪੁੱਤਰ ਲਛਮਣ ਸਿੰਘ ਪੁੱਤਰ ਨਰੈਣ ਸਿੰਘ ਹੈ। ਇਸ ਲਈ ਉਹ ਮਾਲ ਰਿਕਾਰਡ ਵਿੱਚ ਆਪਣਾ ਸਹੀ ਨਾਂਅ ਰੇਸ਼ਮ ਸਿੰਘ ਉਰਫ ਸ਼ੇਰ ਸਿੰਘ ਪੁੱਤਰ ਲਛਮਣ ਸਿੰਘ ਪੁੱਤਰ ਨਰੈਣ ਸਿੰਘ ਇੰਦਰਾਜ਼ ਕਰਵਾਉਣਾ ਚਾਹੁੰਦਾ ਹੈ। ਇਸ ਸੰਬੰਧੀ ਦਰਖਾਸਤੀ ਵੱਲੋਂ ਆਪਣਾ ਹਲਫੀਆ ਬਿਆਨ ਪੇਸ਼ ਕੀਤਾ ਹੈ । ਇਸ ਸੰਬੰਧੀ ਪਟਵਾਰੀ ਹਲਕਾ ਪਾਸੋਂ ਰਿਪੋਰਟ ਪ੍ਰਾਪਤ ਕੀਤੀ ਗਈ ਹੈ। ਇਸ ਲਈ ਉਕਤ ਦਰੁਸਤੀ ਦੇ ਸੰਬੰਧ ਵਿੱਚ ਕਿਸੇ ਆਮ ਜਾਂ ਖਾਸ ਨੂੰ ਕੋਈ ਇਤਰਾਜ਼ ਹੋਵੇ ਤਾਂ ਇਸ ਦਫਤਰ ਵਿੱਚ ਆਪਣਾ ਇਤਰਾਜ਼ ਅਸਾਲਤਨ/ ਵਕਾਲਤਨ ਰੂਪ ਵਿੱਚ ਇਸ ਇਸ਼ਤਿਹਾਰ ਦੇ ਜਾਰੀ ਹੋਣ ਤੋਂ 10 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਸਮਾਂ ਬੀਤਣ ਤੋਂ ਬਾਅਦ ਕਿਸੇ ਦਾ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਨੋਟਿਸ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ ਹੈ।

ਸਹੀ/- ਸਹਾਇਕ ਕੁਲੈਕਟਰ ਦਰਜਾ-2, ਅਜੀਤਵਾਲ।

ਨੰਬਰ 338.../ਰੀਡਰ ਮਿਤੀ : 09/4/2026

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-03/26-27 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 08.05.2026 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜ਼ਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ। ਐਨ.ਆਈ.ਟੀ:

| ਕੰਮ ਦਾ ਨਾਮ | ਇਕ ਸਾਲ ਦੇ ਲਈ ਡੀ.ਐਸ.ਟੀ.ਈ./ ਐਫ.ਜੇਡ.ਆਰ ਦੇ ਅਨੁਭਾਗਾਂ ਦੇ ਲਈ ਅਨੁਭਾਗੀ ਸਿਗਨਲ ਰਖਰਖਾਅ ਕਾਂਟਰੈਕਟ (ਐਸ.ਐਸ.ਐਮ.ਪੀ.) | | |
|---|---|---|---|
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 08.05.2026 15:00 ਵਜੇ | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 13.04.2026 13:06 ਵਜੇ |
| ਅੰਦਾਜਨ ਲਾਗਤ (ਰੁ.) | ₹ 1,49,84,554.68 | ਬਿਡਿੰਗ ਸ਼ੁਰੂ ਦੀ ਮਿਤੀ ਆਈਆਰਈਪੀਐਸ | 24.04.2026 |
| ਬਿਆਨਾ ਰਾਸ਼ੀ (ਰੁ.) | ₹ 2,99,700.00 | ਕੰਮ ਪੂਰਾ ਕਰਨ ਦਾ ਸਮਾਂ | 12 ਮਹੀਨੇ |
| ਨੋਟ: | ਨਿਵਿਦਾ ਕਰਤਾ ਰੈਗੂਲਰ ਰੂਪ ਨਾਲ ਵੈਬਸਾਈਟ ਤੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸੁਧੀਪੱਤਰਾਂ ਆਦਿ ਬਾਰੇ ਵਿਚ ਖੁਦ ਨੂੰ ਅਪਡੇਟ ਰਖੋ। | | |

ਨਿਵਿਦਾ ਸੂਚਨਾ ਨੰ.-433-ਸਿਗ-ਟੀ-03-26-27 ਮਿਤੀ: 13.04.2026

1242/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਸ਼ਾਰਪ ਚੱਕਸ ਐਂਡ ਮਸ਼ੀਨਜ਼ ਲਿਮਟਿਡ

ਰਜਿਸਟਰਡ ਦਫ਼ਤਰ :- ਏ -12, ਇੰਡਸਟ੍ਰੀਅਲ ਡਿਵੈਲਪਮੈਂਟ ਕਾਲੋਨੀ, ਜਲੰਧਰ, ਪੰਜਾਬ, ਭਾਰਤ - 144012

ਸੀ ਆਈ ਐਨ : ਐੱਲ 27106 ਪੀ ਬੀ 1994 ਪੀ ਐੱਲ ਸੀ 014701 ਟੈਲੀਫੋਨ: 0181-2610341, 2611763

ਵੈਬਸਾਈਟ: www.sharpchucks.com, ਈਮੇਲ: cs@sharpchucks.com

### ਅਸਾਧਾਰਨ ਜਨਰਲ ਮੀਟਿੰਗ ਦਾ ਨੋਟਿਸ

ਇਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਸ਼ਾਰਪ ਚੱਕਸ ਐਂਡ ਮਸ਼ੀਨਜ਼ ਲਿਮਟਿਡ (" ਦਾ ਕੰਪਨੀ") ਦੇ ਮੈਂਬਰਾਂ ਦੀ ਅਸਾਧਾਰਨ ਜਨਰਲ ਮੀਟਿੰਗ ("ਈ ਜੀ ਐੱਮ") (ਸੀਰੀਅਲ ਨੰਬਰ ਈ ਜੀ ਐਮ/01/2026-27) ਬੁੱਧਵਾਰ, 06 ਮਈ 2026 ਨੂੰ ਦੁਪਹਿਰ 12:30 ਵਜੇ ਭਾਰਤੀ ਸਮੇਂ ਅਨੁਸਾਰ ਵੀਡੀਓ ਕਾਨਫਰੰਸ ("ਵੀ ਸੀ")/ਹੋਰ ਆਡੀਓ-ਵਿਜ਼ੂਅਲ ਮੀਨਜ਼ ("ਓ ਏ ਵੀ ਐਮ") ਰਾਹੀਂ ਹੋਵਗੀ, ਜਿਸ 'ਚ ਈ ਜੀ ਐੱਮ (" ਏ ਜੀ ਐੱਮ ਦਾ ਨੋਟਿਸ") ਨੋਟਿਸ 'ਚ ਦਰਸਾਏ ਗਏ ਕਾਰੋਬਾਰਾਂ ਨੂੰ ਨਿਪਟਾਇਆ ਜਾਵੇਗਾ। ਇਹ ਮੀਟਿੰਗ ਕਾਰਪੋਰੇਟ ਮਾਮਲਿਆਂ ਮੰਤਰਾਲੇ ("ਐੱਮ ਸੀ ਏ ਸਰਕੂਲਰਜ਼") ਅਤੇ ਸਕਿਉਰਿਟੀਜ਼ ਐਂਡ ਐਕਸਚੇਂਜ ਬੋਰਡ ਆਫ ਇੰਡੀਆ ("ਸੇਬੀ ਸਰਕੂਲਰਜ਼") ਵੱਲੋਂ ਜਾਰੀ ਵੱਖ-ਵੱਖ ਸਰਕੂਲਰਜ਼ ਨਾਲ ਪੜ੍ਹੇ ਜਾਂਦੇ ਕੰਪਨੀਜ਼ ਐਕਟ 2013 ਦੀਆਂ ਵਿਵਸਥਾਵਾਂ ਦੀ ਪਾਲਣਾ ਹਿੱਤ ਨਿੱਜੀ ਹਾਜ਼ਰੀ ਤੋਂ ਬਿਨਾਂ ਕਰਵਾਈ ਜਾ ਰਹੀ ਹੈ।

ਕੰਪਨੀ ਵੱਲੋਂ ਈ ਜੀ ਐਮ ਨੋਟਿਸ 14 ਅਪ੍ਰੈਲ 2026 ਨੂੰ ਉਨ੍ਹਾਂ ਮੈਂਬਰਾਂ ਨੂੰ ਇਲੈਕਟ੍ਰੋਨਿਕ ਢੰਗ ਰਾਹੀਂ ਭੇਜੇ ਗਏ ਹਨ, ਜਿਨ੍ਹਾਂ ਦੇ ਈਮੇਲ ਪਤੇ ਉਕਤ ਦਰਸਾਏ ਐੱਮ ਸੀ ਏ ਸਰਕੂਲਰਜ਼ ਅਤੇ ਸੇਬੀ ਸਰਕੂਲਰਜ਼ ਮੁਤਾਬਕ ਕੰਪਨੀ ਅਤੇ/ਜਾਂ ਡਿਪੋਜ਼ਿਟਰੀਜ਼ ਕੋਲ ਰਜਿਸਟਰਡ ਹਨ।ਐੱਮ ਸੀ ਏ ਅਤੇ ਸਰਕੂਲਰਾਂ ਅਤੇ ਸੇਬੀ ਸਰਕੂਲਰਜ਼ ਅਨੁਸਾਰ ਭੌਤਿਕ ਕਾਪੀਆਂ ਭੇਜਣ ਦੀ ਲੋੜ ਨਹੀਂ ਹੈ। ਈ ਜੀ ਐੱਮ ਦੀ ਸੂਚਨਾ ਕੰਪਨੀ ਦੀ ਵੈੱਬਸਾਈਟ www.sharpchucks.com ਅਤੇ ਸਟਾਕ ਐਕਸਚੇਂਜ ਦੀ ਵੈੱਬਸਾਈਟ www.nseindia.com 'ਤੇ ਵੀ ਉਪਲਬਧ ਹੈ।

ਰਿਮੋਟ ਈ-ਵੋਟਿੰਗ ਅਤੇ ਈ ਜੀ ਐਮ ਦੌਰਾਨ ਵੋਟਿੰਗ

ਕੰਪਨੀ ਆਪਣੇ ਮੈਂਬਰਾਂ ਨੂੰ ਸਾਰੇ ਪ੍ਰਸਤਾਵਾਂ 'ਤੇ ਵੋਟ ਪਾਉਣ ਲਈ ਰਿਮੋਟ ਈ-ਵੋਟਿੰਗ ਦੀ ਸੁਵਿਧਾ ("ਰਿਮੋਟ ਈ-ਵੋਟਿੰਗ") ਪ੍ਰਦਾਨ ਕਰ ਰਹੀ ਹੈ। ਇਸ ਤੋਂ ਇਲਾਵਾ ਕੰਪਨੀ ਈ ਜੀ ਐੱਮ ਦੌਰਾਨ ਵੀ ਈ-ਵੋਟਿੰਗ ਸਿਸਟਮ ਰਾਹੀਂ ਨੂੰ ("ਈ ਵੋਟਿੰਗ") ਦੀ ਸੁਵਿਧਾ ਉਪਲਬਧ ਕਰਵਾ ਰਹੀ ਹੈ। ਰਿਮੋਟ ਈ-ਵੋਟਿੰਗ/ਈ-ਵੋਟਿੰਗ ਕੰਪਨੀ ਦੀ ਵਿਸਥਾਰਪੂਰਵਕ ਪ੍ਰਕਿਰਿਆ ਈ ਜੀ ਐੱਮ ਦੀ ਸੂਚਨਾ ਵਿੱਚ ਦਿੱਤੀ ਗਈ ਹੈ।

ਕੰਪਨੀਜ਼ (ਮੈਨੇਜਮੈਂਟ ਐਂਡ ਐਡਮਨਿਸਟ੍ਰੇਸ਼ਨ) ਰੂਲਜ਼ 2014 ਦੀ ਧਾਰਾ 20 ਅਤੇ ਐਕਟ ਦੇ ਸੈਕਸ਼ਨ 108, ਸੋਧੇ ਹੋਏ ਅਤੇ ਸੇਬੀ ਐੱਲ ਓ ਡੀ ਆਰ (ਲੋਡਰ) ਰੈਗੂਲੇਸ਼ਨ 2015 ਦੇ ਨਿਯਮ 44 ਅਨੁਸਾਰ ਮੈਂਬਰਾਂ ਨੂੰ ਐੱਨ ਐੱਸ ਡੀ ਐੱਲ ਦੁਆਰਾ ਈ ਜੀ ਐੱਮ ਨੋਟਿਸ ਦੇ ਮਤੇ 'ਤੇ ਵੋਟਿੰਗ ਦੀ ਸਹੂਲਤ ਇਲੈਕਟ੍ਰਾਨਿਕ ਵੋਟਿੰਗ ਸਿਸਟਮ (ਈ-ਵੋਟਿੰਗ) ਰਾਹੀਂ ਵੋਟ ਪਾਉਣ ਦੀ ਦਿੱਤੀ ਗਈ ਹੈ।

ਕੰਪਨੀ ਨੇ ਸ਼ੇਅਰ ਹੋਲਡਰਜ਼ ਦੇ ਨਾਵਾਂ ਨੂੰ ਨਿਰਧਾਰਨ ਕਰਦੀ ਕੱਟ-ਆਫ ਮਿਤੀ 29 ਅਪ੍ਰੈਲ 2026 ਨਿਰਧਾਰਤ ਕੀਤੀ ਹੈ, ਜਿਹੜੇ ਈ ਜੀ ਐੱਮ ਨੋਟਿਸ ਅਨੁਸਾਰ ਕਾਰੋਬਾਰ ਚਲਾਉਣ ਦੇ ਸੰਬੰਧ 'ਚ ਇਲੈਕਟ੍ਰੋਨੀਕਲੀ ਵੋਟ ਰਾਹੀਂ ਈ ਜੀ ਐੱਮ 'ਚ ਸ਼ਾਮਲ ਹੋ ਸਕਦੇ ਹਨ। ਮੈਂਬਰਾਂ ਕੋਲ ਵੋਟ ਪਾਉਣ ਦਾ ਅਧਿਕਾਰ ਕੰਪਨੀ ਦੀ ਸ਼ੇਅਰ ਕੈਪੀਟਲ ਕੱਟ ਆਫ ਮਿਤੀ ਬੁੱਧਵਾਰ, 29 ਅਪ੍ਰੈਲ 2026 'ਚ ਇਕੁਇਟੀ ਸ਼ੇਅਰ ਅਦਾ ਕਰਨ 'ਚ ਉਨ੍ਹਾਂ ਦੇ ਸ਼ੇਅਰ ਦੇ ਅਨੁਪਾਤ 'ਚ ਹੋਵੇਗਾ।

ਰਿਮੋਟ ਈ-ਵੋਟਿੰਗ ਐਤਵਾਰ 03 ਮਈ 2026 ਨੂੰ ਸਵੇਰੇ 9.00 ਵਜੇ ਸ਼ੁਰੂ ਹੋਵੇਗੀ ਅਤੇ ਮੰਗਲਵਾਰ 05 ਮਈ 2026 ਨੂੰ ਸ਼ਾਮ 5.00 ਵਜੇ ਸਮਾਪਤ ਹੋਵੇਗੀ। ਇਸ ਦੌਰਾਨ ਮੈਂਬਰ ਆਪਣੇ ਵੋਟ ਇਲੈਕਟ੍ਰਾਨਿਕ ਢੰਗ ਰਾਹੀਂ ਪਾ ਸਕਦੇ ਹਨ। ਇਸ ਤੋਂ ਬਾਅਦ ਐੱਨ ਐੱਸ ਡੀ ਐੱਲ ਦੁਆਰਾ ਈ-ਵੋਟਿੰਗ ਮਡਿਊਲ ਬੰਦ ਕਰ ਦਿੱਤਾ ਜਾਵੇਗਾ। ਜਿਹੜੇ ਮੈਂਬਰ ਵੀ ਸੀ/ ਓ ਏ ਵੀ ਐੱਮ ਸਹੂਲਤ ਦੌਰਾਨ ਈ ਜੀ ਐੱਮ ਵਿੱਚ ਹਾਜ਼ਰ ਹੋਣਗੇ ਅਤੇ ਜਿਨ੍ਹਾਂ ਨੇ ਪਹਿਲਾਂ ਰਿਮੋਟ ਈ-ਵੋਟਿੰਗ ਨਹੀਂ ਕੀਤੀ, ਉਹ ਈ ਜੀ ਐੱਮ ਦੌਰਾਨ ਈ-ਵੋਟਿੰਗ ਸਿਸਟਮ ਰਾਹੀਂ ਰਿਮੋਟ-ਈ ਵੋਟਿੰਗ ਕਰ ਸਕਦੇ ਹਨ। ਜਿਹੜੇ ਮੈਂਬਰ ਈ ਜੀ ਐੱਮ 'ਚ ਪਹਿਲਾਂ ਹੀ ਰਿਮੋਟ ਈ-ਵੋਟਿੰਗ ਰਾਹੀਂ ਆਪਣੀ ਵੋਟ ਦੇ ਚੁੱਕੇ ਹਨ, ਉਹ ਵੀ ਸੀ/ਓ ਏ ਵੀ ਐੱਮ ਰਾਹੀਂ ਈ ਜੀ ਐੱਮ 'ਚ ਹਾਜ਼ਰ/ਸ਼ਾਮਲ ਹੋ ਸਕਦੇ ਹਨ, ਪਰ ਆਪਣੇ ਵੋਟ ਪਾਉਣ ਲਈ ਪਾਬੰਦ ਨਹੀਂ ਹੋਣਗੇ।

ਜਿਹੜੇ ਵਿਅਕਤੀ ਕੰਪਨੀ ਦੇ ਸ਼ੇਅਰ ਰੱਖਦੇ ਹਨ ਅਤੇ ਨੋਟਿਸ ਭੇਜਣ ਤੋਂ ਬਾਅਦ ਕੰਪਨੀ ਦੇ ਮੈਂਬਰ ਬਣਦੇ ਹਨ ਜਿਹੜੇ ਕੰਪਨੀ ਵੱਲੋਂ ਇਲੈਕਟ੍ਰੋਨੀਕਲੀ ਭੇਜੇ ਗਏ ਹਨ ਅਤੇ ਕਟ-ਆਫ-ਮਿਤੀ ਤੱਕ ਸ਼ੇਅਰ ਰੱਖਦੇ ਹਨ, ਉਹ evoting@nsld.com 'ਤੇ ਬੇਨਤੀ ਭੇਜ ਕੇ ਲਾਗਇਨ ਆਈ ਡੀ ਅਤੇ ਪਾਸਵਰਡ ਪ੍ਰਾਪਤ ਕਰ ਸਕਦੇ ਹਨ। ਫਿਰ ਵੀ, ਉਹ (ਪੁਰਸ਼/ਮਹਿਲਾ) ਜੋ ਰਿਮੋਟ ਈ-ਵੋਟਿੰਗ ਲਈ ਪਹਿਲਾਂ ਹੀ ਐਨ ਐਸ ਡੀ ਐਲ ਨਾਲ ਰਜਿਸਟਰਡ ਹਨ, ਉਹ ਵੋਟਿੰਗ ਲਈ ਆਪਣਾ ਆਪਣਾ ਯੂਜ਼ਰ ਆਈ ਡੀ ਅਤੇ ਪਾਸਵਰਡ ਪ੍ਰਾਪਤ ਕਰ ਸਕਦੇ ਹਨ।

ਜੇਕਰ ਕਿਸੇ ਵਿਅਕਤੀ ਨੂੰ ਈ-ਵੋਟਿੰਗ ਸੰਬੰਧੀ ਕੋਈ ਸਵਾਲ ਹੋਵੇ ਤਾਂ ਉਹ ਅਕਸਰ ਪੁੱਛੇ ਜਾਂਦੇ ਸਵਾਲ ("ਐੱਫ ਏ ਕਿਊਜ਼") ਦਾ ਹਵਾਲਾ ਲੈ ਸਕਦੇ ਹਨ ਅਤੇ www.evoting.nsld.com 'ਤੇ ਸੈਕਸ਼ਨ ਅਧੀਨ ਈ-ਵੋਟਿੰਗ ਮੈਨੂਅਲ ਵੇਖ ਸਕਦੇ ਹਨ ਜਾਂ 022-48867000 'ਤੇ ਸੰਪਰਕ ਕਰ ਸਕਦੇ ਹਨ ਜਾਂ evoting.nsld.com 'ਤੇ ਈ-ਮੇਲ ਕਰ ਸਕਦੇ ਹਨ।

ਵਾਸਤੇ ਸ਼ਾਰਪ ਚੱਕਸ ਐਂਡ ਮਸ਼ੀਨਜ਼ ਲਿਮਟਿਡ

ਸਹੀ/-

ਅਜੇ ਸਿੱਕਾ

ਮੈਨੇਜਿੰਗ ਡਾਇਰੈਕਟਰ

ਡੀ ਆਈ ਐਨ : 00665858

ਮਿਤੀ : 14 ਅਪ੍ਰੈਲ 2026

ਸਥਾਨ : ਜਲੰਧਰ

# ਸ੍ਰੀ ਗੁਰੂ ਗ੍ਰੰਥ ਸਾਹਿਬ-ਸਤਿਕਾਰ ਬਿੱਲ 2026 ਪਾਸ ਹੋਣਾ ਇਤਿਹਾਸਕ ਕਦਮ : ਰੰਧਾਵਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਵਿਧਾਨਸਭਾ ਵੱਲੋਂ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ-2026' ਪਾਸ ਕਰਨਾ ਮਨੁੱਖੀ ਜੀਵਨ ਨੂੰ ਮਾਰਗਦਰਸ਼ਨ ਦੇਣ ਵਾਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਨੂੰ ਯਕੀਨੀ ਬਣਾਉਣ ਵੱਲ ਇਕ ਮਹੱਤਵਪੂਰਨ ਅਤੇ ਇਤਿਹਾਸਕ ਕਦਮ ਵਜੋਂ ਵੇਖਿਆ ਜਾ ਰਿਹਾ ਹੈ।ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ



ਦਾ ਧੰਨਵਾਦ ਕਰਦਿਆਂ ਖੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਿਰਫ਼ ਸਿੱਖ ਧਰਮ ਦਾ ਧਾਰਮਿਕ ਗ੍ਰੰਥ ਹੀ ਨਹੀਂ, ਸਗੋਂ ਪੂਰੀ ਮਨੁੱਖਤਾ ਲਈ ਜੀਵਨ ਜੀਊਣ ਦਾ ਸਹੀ ਰਾਹ ਦਿਖਾਉਂਦਾ ਸਰਬ-ਸਾਂਝਾ ਗ੍ਰੰਥ ਹੈ, ਜਿਸ ਦੀ ਪਵਿੱਤਰਤਾ ਅਤੇ ਸਤਿਕਾਰ ਦੀ ਰੱਖਿਆ ਕਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਇਸ ਸੋਧ ਬਿੱਲ ਵਿੱਚ ਬੇਅਦਬੀ ਰੋਕਣ ਲਈ ਉਮਰ ਕੈਦ ਸਮੇਤ ਸਖਤ ਸਜ਼ਾਵਾਂ ਦੀ ਵਿਵਸਥਾ ਕਰਨਾ ਲੋਕਾਂ ਦੀ ਲੰਮੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰਦਾ ਹੈ। ਇਹ ਫੈਸਲਾ ਨਾ ਕੇਵਲ ਧਾਰਮਿਕ ਭਾਵਨਾਵਾਂ ਦੀ ਕਦਰ ਕਰਦਾ ਹੈ, ਸਗੋਂ ਸਮਾਜ ਵਿੱਚ ਨੈਤਿਕ ਮੁੱਲਾਂ ਅਤੇ ਅਨੁਸ਼ਾਸਨ ਨੂੰ ਮਜ਼ਬੂਤ ਕਰਨ ਵੱਲ ਵੀ ਵੱਡਾ ਕਦਮ ਹੈ।ਵਿਧਾਇਕ ਰੰਧਾਵਾ ਨੇ ਦੱਸਿਆ ਕਿ ਵਿਸਾਖੀ ਤੇ ਖਾਲਸਾ ਸਾਜਨਾ ਦਿਹਾੜੇ ਦੇ ਪਵਿੱਤਰ ਮੌਕੇ ਤੇ ਚੰਡੀਗੜ੍ਹ ਵਿੱਚ ਇਕ ਦਿਨਾਂ ਵਿਸ਼ੇਸ਼ ਸੈਸ਼ਨ ਸੱਦ ਕੇ ਇਸ ਬਿੱਲ ਨੂੰ ਪਾਸ ਕਰਨਾ ਇਸ ਦੀ ਮਹੱਤਤਾ ਨੂੰ ਹੋਰ ਵੀ ਉਜਾਗਰ ਕਰਦਾ ਹੈ।ਉਨ੍ਹਾਂ ਅੰਤ ਵਿੱਚ ਕਿਹਾ ਕਿ ਮੌਜੂਦਾ ਸਰਕਾਰ ਦਾ ਇਹ ਫੈਸਲਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਨੂੰ ਬਰਕਰਾਰ ਰੱਖਣ ਦੇ ਨਾਲ-ਨਾਲ ਸਮਾਜ ਵਿੱਚ ਸਾਂਝੀਵਾਲਤਾ, ਸਹਿਣਸ਼ੀਲਤਾ ਅਤੇ ਸੱਚਾਈ ਵਰਗੀਆਂ ਮਨੁੱਖੀ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਵਿੱਚ ਮਦਦਗਾਰ ਸਾਬਤ ਹੋਵੇਗਾ।

# ਨਾਰੀ ਸ਼ਕਤੀ ਵੰਦਨ ਐਕਟ 'ਤੇ ਹਰਿਆਣਾ 'ਚ ਚੱਲੇਗੀ ਜਾਗਰੂਕਤਾ ਮੁਹਿੰਮ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਸਕੱਤਰ ਅਨੁਰਾਗ ਰਸਤੋਗੀ ਨੇ ਨਾਰੀ ਸ਼ਕਤੀ ਵੰਦਨ ਐਕਟ 'ਤੇ 20 ਅਪ੍ਰੈਲ ਤੱਕ ਚਲਾਏ ਜਾਣ ਵਾਲੀ ਰਾਜਵਿਆਪੀ ਜਾਗਰੂਕਤਾ ਮੁਹਿੰਮ ਦੀਆਂ ਤਿਆਰਿਆਂ ਲਈ ਸਮੀਖਿਆ ਮੀਟਿੰਗ ਦੀ ਅਗਵਾਈ ਕੀਤੀ। ਇਸ ਮੁਹਿੰਮ ਤਹਿਤ ਸੂਬੇ ਭਰ ਵਿੱਚ ਜਨ-ਜਾਗਰੂਕਤਾ ਅਤੇ ਸਹਿਭਾਗਿਤਾ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ। ਮੁਹਿੰਮ ਤਹਿਤ ਪ੍ਰੈਸ ਕਾਨਫ੍ਰੈਂਸ, ਟਾਊਨ ਹਾਲ ਮੀਟਿੰਗਾਂ, ਮਹਿਲਾ ਸੰਮੇਲਨ, ਪੈਦਲਯਾਤਰਾਵਾਂ, ਬਾਇਕ ਅਤੇ ਸਕੂਟੀ ਰੈਲਿਆਂ ਅਤੇ ਸਾਂਸਕ੍ਰਿਤਿਕ ਅਤੇ ਸਮਾਜਿਕ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ। ਪ੍ਰੋਗਰਾਮ ਅਨੁਸਾਰ 12 ਤੋਂ 15 ਅਪ੍ਰੈਲ ਤੱਕ ਪ੍ਰਮੁੱਖ ਸਥਾਨਾਂ 'ਤੇ ਟਾਊਨ ਹਾਲ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ।11 ਤੋਂ 16 ਅਪ੍ਰੈਲ ਵਿੱਚਕਾਰ ਮਹਿਲਾ ਸੰਮੇਲਨ ਅਤੇ 15 ਅਤੇ 16 ਅਪ੍ਰੈਲ ਨੂੰ ਹਰੇਕ ਸੰਸਦੀ ਖੇਤਰ ਵਿੱਚ ਨਾਰੀ ਸ਼ਕਤੀ ਪੈਦਲਯਾਤਰਾਵਾਂ ਕੀਤੀਆਂ ਜਾਣਗੀਆਂ। ਮਹਿਲਾ ਵਿਚਾਰਕਾਂ ਵੱਲੋਂ ਲੇਖ ਅਤੇ ਵਿਚਾਰ ਪ੍ਰਕਾਸ਼ਿਤ ਕੀਤੇ ਜਾਣਗੇ ਜਦੋਂ ਕਿ ਵੀਡੀਓ, ਪਾਡਕਾਸਟ ਅਤੇ ਆਨਲਾਇਨ ਮੁਹਿੰਮ ਰਾਹੀਂ ਵਿਆਪਕ ਜਨ ਸੰਪਰਕ ਯਕੀਨੀ ਕੀਤਾ ਜਾਵੇਗਾ।ਮੀਟਿੰਗ ਵਿੱਚ ਹਰਿਆਣਾ ਰਾਜ ਮਹਿਲਾ ਕਮਿਸ਼ਨ ਦੀ ਚੇਅਰਮੈਨ ਰੇਨੂ ਭਾਟੀਆ, ਸਿਹਤ ਅਤੇ ਪਰਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਰੁਣ ਕੁਮਾਰ ਗੁਪਤਾ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ਼ੇਖਰ ਵਿਦਿਆਰਥੀ, ਨਿਦੇਸ਼ਕ ਡਾ. ਪ੍ਰਿਯੰਕਾ ਸੋਨੀ, ਸੂਚਨਾ, ਜਨ ਸੰਪਰਕ ਅਤੇ ਭਾਸ਼ਾ ਵਿਭਾਗ ਦੀ ਵਧੀਕ ਨਿਦੇਸ਼ਕ ( ਪ੍ਰਸ਼ਾਸਨ ) ਵਰਸ਼ਾ ਖਾਂਗਵਾਲ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ।

# ਅਰੋੜਾ ਮਹਾਂ ਸਭਾ ਯੂਨਿਟ ਸ਼ਾਹਕੋਟ ਦੀ ਮੀਟਿੰਗ

## ਮਦਨ ਲਾਲ ਅਰੋੜਾ ਬਣੇ ਪ੍ਰਧਾਨ, ਬੰਟੀ ਬੱਠਲਾ ਵਾਇਸ ਚੇਅਰਮੈਨ



**ਸ਼ਾਹਕੋਟ (ਗਿਆਨ ਸੈਦਪੁਰੀ)**-ਅਰੋੜਾ ਮਹਾਂ ਸਭਾ ਯੂਨਿਟ ਸ਼ਾਹਕੋਟ ਦੀ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ ਵਿੱਚ ਅਰੋੜਾ ਭਾਈਚਾਰੇ ਨੂੰ ਆ ਰਹੀਆਂ ਮੁਸ਼ਕਲਾਂ ਤੇ ਹੋਰ ਸਮਾਜਿਕ ਮੁੱਦਿਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਉਪਰੰਤ ਅਰੋੜਾ ਮਹਾਂ ਸਭਾ ਯੂਨਿਟ ਸ਼ਾਹਕੋਟ ਦੇ ਸੰਗਠਨ ਦਾ ਮੁੜ ਵਿਸਥਾਰ ਕੀਤਾ ਗਿਆ ਜਿਸ ਵਿੱਚ ਮਦਨ ਲਾਲ ਅਰੋੜਾ ਨੂੰ ਪ੍ਰਧਾਨ ਅਤੇ ਬੰਟੀ ਬੱਠਲਾ ਨੂੰ ਵਾਇਸ ਚੇਅਰਮੈਨ ਸਰਬਸੰਮਤੀ ਨਾਲ ਨਿਯੁਕਤ ਕੀਤਾ ਗਿਆ। ਇਸ ਮੌਕੇ ਨਵ ਨਿਯੁਕਤ ਕੀਤੇ ਗਏ ਪ੍ਰਧਾਨ ਮਦਨ ਲਾਲ ਅਰੋੜਾ ਨੇ ਸਭ ਦਾ ਧੰਨਵਾਦ ਕੀਤਾ। ਮੀਟਿੰਗ ਤੋਂ ਬਾਅਦ ਬੰਟੀ ਬੱਠਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਸਮੇਂ ਸਭਾ ਵੱਲੋਂ ਉਨ੍ਹਾਂ ਨੂੰ ਪ੍ਰਧਾਨ ਬਣਾਇਆ ਗਿਆ ਸੀ। ਉਨ੍ਹਾਂ ਸਭਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਆਪਣੀ ਪ੍ਰਧਾਨਗੀ ਦੌਰਾਨ ਕੀਤੇ ਗਏ ਕੰਮਾਂ ਤੋਂ ਖੁਸ਼ ਹੋ ਕੇ ਇਸ ਵਾਰ ਵੀ ਸਭਾ ਵੱਲੋਂ ਵਾਇਸ ਚੇਅਰਮੈਨ ਬਣਾਇਆ ਗਿਆ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਨਵ ਨਿਯੁਕਤ ਪ੍ਰਧਾਨ ਮਦਨ ਲਾਲ ਅਰੋੜਾ ਸਭਾ ਦੀਆਂ ਮੁਸ਼ਕਲਾਂ ਤੇ ਹੋਰ ਸਮਾਜਿਕ ਕਾਰਜਾਂ ਲਈ ਕੰਮ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਤਾਰ ਸਿੰਘ ਸਚਦੇਵਾ ਸਕੱਤਰ, ਚੇਅਰਮੈਨ ਜਗਮੋਹਨ ਡਾਬਰ ਹੈਪੀ, ਲਵਲੀ ਅਰੋੜਾ ਖਜ਼ਾਨਚੀ, ਅਮਰਜੀਤ ਕੌਰ ਸਚਦੇਵਾ ਪ੍ਰਧਾਨ ਮਹਿਲਾ ਕਾਂਗਰਸ ਸ਼ਾਹਕੋਟ, ਟਿੰਪੀ ਕੁਮਰਾ, ਅਜ਼ਾਦ ਸਿੰਘ ਸਚਦੇਵਾ, ਡਾਕਟਰ ਅਮਨਦੀਪ ਅਰੋੜਾ, ਪਵਨ ਜਨੇਜਾ ਵਾਈਸ ਪ੍ਰਧਾਨ ਦਿਲਜੀਤ ਸਿੰਘ ਸਚਦੇਵਾ, ਡਿੰਪਲ ਬਠਲਾ ਵਾਈਸ ਪ੍ਰਧਾਨ ਮਹਿਲਾ, ਭਾਰਤ ਭੂਸ਼ਣ ਸਚਦੇਵਾ, ਪਿੰਕੀ ਅਰੋੜਾ, ਪ੍ਰਭਜੋਤ ਕੌਰ ਅਰੋੜਾ, ਡਾਕਟਰ ਪ੍ਰਿੰਸ ਸਚਦੇਵਾ, ਲਵਲੀ ਅਰੋੜਾ, ਮਨੋਜ ਅਰੋੜਾ, ਧਰਮਿੰਦਰ ਸੋਨੂ, ਕਰਨ ਅਰੋੜਾ, ਪ੍ਰਭਜੋਤ ਬੱਠਲਾ, ਦੀਪਾ ਅਰੋੜਾ, ਪਾਰਸ ਕੁਮਰਾ, ਬੰਟੀ ਕੁਮਰਾ, ਮੋਂਟੀ ਅਰੋੜਾ ਆਦਿ ਮੌਜੂਦ ਸਨ।

# ਧੂਤ ਕਲਾਂ ਵਿਖੇ ਡਾ. ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ

**ਅੱਡਾ ਸਰਾਂ (ਜਸਵੀਰ ਕਾਜਲ)**-ਸਮਾਜ ਭਲਾਈ ਸੁਸਾਇਟੀ ਰਜਿਸਟਰਡ ਪਿੰਡ ਧੂਤ ਕਲਾਂ ਦੇ ਸਮੂਹ ਪ੍ਰਬੰਧਕਾਂ ਵੱਲੋਂ ਭਾਰਤ ਰਤਨ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਮਨਾਇਆ ਗਿਆ। ਇਸ ਸਮਾਗਮ



ਵਿੱਚ ਜਿੱਥੇ ਵੱਖ ਵੱਖ ਬੁਲਾਰਿਆਂ ਨੇ ਬਾਬਾ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਚਾਨਣਾ ਪਾਇਆ ਉੱਥੇ ਹੀ ਬੱਚਿਆਂ ਨੂੰ ਬਾਬਾ ਸਾਹਿਬ ਦੇ ਜੀਵਨ ਸਬੰਧੀ ਕਿਤਾਬਾਂ ਪੜ੍ਹਨ ਲਈ ਪ੍ਰੇਰਿਆ ਤਾਂ ਜੋ ਉਹਨਾਂ ਦੀਆਂ ਦਿੱਤੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਆਪਣੇ ਉੱਚੀ ਤੇ ਵੱਧ ਤੋਂ ਵੱਧ ਵਿਦਿਆ ਪ੍ਰਾਪਤ ਕਰਕੇ ਆਪਣਾ ਤੇ ਆਪਣੇ ਪਰਿਵਾਰ ਦਾ ਨਾਂਅ ਰੌਸ਼ਨ ਕਰ ਸਕਣ। ਇਸ ਮੌਕੇ ਪ੍ਰਬੰਧਕਾਂ ਵੱਲੋਂ ਸਕੂਲੀ ਬੱਚਿਆਂ ਨੂੰ ਸਟੇਸ਼ਨਰੀ ਵੰਡੀ ਗਈ।ਇਸ ਮੌਕੇ ਸਮਾਜ ਭਲਾਈ ਸੁਸਾਇਟੀ ਧੂਤਕਲਾਂ ਦੇ ਪ੍ਰਧਾਨ ਹਰਬੰਸ ਸਿੰਘ ਧੂਤ, ਮਾਸਟਰ ਜਗਦੀਸ਼ ਰਾਜ, ਕਮਲਜੀਤ ਸਿੰਘ, ਕੁਲਕਰਨ ਸਿੰਘ, ਜਗਦੀਸ਼ ਸਿੰਘ ਖਜਾਨਚੀ, ਹਰਨਾਮ ਸਿੰਘ , ਜੋਗਿੰਦਰ ਕੌਰ, ਰਾਜ ਕੁਮਾਰੀ ਰੀਨਾ, ਕਮਲਜੀਤ ਕੌਰ, ਨਿਰਮਲ ਕੌਰ, ਰਾਜਵਿੰਦਰ ਕੌਰ, ਸੋਨੂ, ਦਲਜੀਤ ਸਿੰਘ ਦਿੱਲੀ ,ਅਵਤਾਰ ਸਿੰਘ ਕਾਕੂ ਅਤੇ ਹੋਰ ਨਗਰ ਨਿਵਾਸੀ ਹਾਜ਼ਰ ਸਨ।

# ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**-ਸਰ ਮਾਰਸ਼ਲ ਸਕੂਲ ਬੈਂਸ ਅਵਾਨ ਵਿਖੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਬੜੀ



ਸ਼ਰਧਾਤੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਸਮਾਗਮ ਸੰਸਥਾ ਦੇ ਚੇਅਰਮੈਨ ਸ੍ਰੀ ਰਜਿੰਦਰ ਸਿੰਘ ਮਾਰਸ਼ਲ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਪ੍ਰਿੰਸੀਪਲ ਗਾਇਤਰੀ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ।ਸਮਾਗਮ ਦੀ ਸ਼ੁਰੂਆਤ ਦੌਰਾਨ ਸਕੂਲ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਬਾਬਾ ਸਾਹਿਬ ਦੀ ਤਸਵੀਰ 'ਤੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਨਿੱਘੀ ਸ਼ਰਧਾਂਜਲੀ ਦਿੱਤੀ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਗਾਇਤਰੀ ਨੇ ਬਾਬਾ ਸਾਹਿਬ ਦੇ ਜੀਵਨ ਅਤੇ ਉਨ੍ਹਾਂ ਦੇ ਸੰਘਰਸ਼ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਨੇ ਸਮਾਜਿਕ ਬਰਾਬਰੀ ਅਤੇ ਸਿੱਖਿਆ ਦੇ ਪ੍ਰਸਾਰ ਲਈ ਜੋ ਯੋਗਦਾਨ ਪਾਇਆ ਹੈ, ਉਹ ਹਮੇਸ਼ਾ ਯਾਦ ਰੱਖਿਆ ਜਾਵੇਗਾ। ਵਿਦਿਆਰਥੀਆਂ ਨੇ ਬਾਬਾ ਸਾਹਿਬ ਦੇ ਜੀਵਨ ਨਾਲ ਸਬੰਧਤ ਕਵਿਤਾਵਾਂ ਅਤੇ ਭਾਸ਼ਣ ਪੇਸ਼ ਕੀਤੇ।ਅਧਿਆਪਕਾਂ ਨੇ ਬੱਚਿਆਂ ਨੂੰ ਬਾਬਾ ਸਾਹਿਬ ਦੇ 'ਪੜ੍ਹੋ, ਜੁੜੋ ਤੇ ਸੰਘਰਸ਼ ਕਰੋ' ਦੇ ਨਾਅਰੇ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਸੰਸਥਾ ਦੇ ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਅਜਿਹੇ ਦਿਹਾੜੇ ਮਨਾਉਣ ਦਾ ਮੁੱਖ ਮਕਸਦ ਆਉਣ ਵਾਲੀ ਪੀੜ੍ਹੀ ਨੂੰ ਮਹਾਨ ਰਹਿਬਰਾਂ ਦੀਆਂ ਕੁਰਬਾਨੀਆਂ ਅਤੇ ਉਨ੍ਹਾਂ ਦੇ ਦਰਸਾਏ ਮਾਰਗ ਤੋਂ ਜਾਣੂ ਕਰਵਾਉਣਾ ਹੈ। ਵਿਦਿਆਰਥੀਆਂ ਤੋਂ ਇਲਾਵਾ ਸਮੂਹ ਸਕੂਲ ਸਟਾਫ ਆਦਿ ਹਾਜ਼ਰ ਸਨ।

# ਡਾ. ਅੰਬੇਡਕਰ ਦੇ ਜਨਮ ਦਿਹਾੜੇ ਸੰਬੰਧੀ ਸਮਾਗਮ ਕਰਵਾਇਆ

**ਅੱਡਾ ਸਰਾਂ (ਜਸਵੀਰ ਕਾਜਲ)**-ਬੀ ਐੱਨ ਡੀ ਸਕੂਲ ਕੰਧਾਲਾ ਜੱਟਾਂ ਵਿੱਚ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਮਨਾਉਂਦੇ ਹੋਏ ਉਹਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ।ਇਸ ਮੌਕੇ ਬਾਬਾ ਸਾਹਿਬ ਦੇ ਜੀਵਨ, ਉਨਾਂ ਦੀਆਂ



ਸਿੱਖਿਆਵਾਂ ਅਤੇ ਉਨ੍ਹਾਂ ਦੁਆਰਾ ਤਿਆਰ ਕੀਤੇ ਗਏ ਭਾਰਤ ਦੇ ਸੰਵਿਧਾਨ ਵਿੱਚ ਪਾਏ ਗਏ ਯੋਗਦਾਨ ਉੱਪਰ ਚਾਨਣਾ ਪਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਬਾਬਾ ਸਾਹਿਬ ਜੀ ਦੀ ਸੋਚ ਸਮਾਜਿਕ ਸਮਾਨਤਾ, ਆਰਥਿਕ ਸਮਾਨਤਾ, ਔਰਤਾਂ ਤੇ ਹੱਕਾਂ ਦੀ ਰਾਖੀ, ਉਚ-ਨੀਚ, ਭੇਦ- ਭਾਵ, ਸਾਰੇ ਧਰਮਾਂ ਦਾ ਸਤਿਕਾਰ, ਸਭ ਨੂੰ ਬਰਾਬਰ ਸਿੱਖਿਆ ਦਾ ਅਧਿਕਾਰ, ਦੱਬੇ-ਕੁਚਲੇ ਲੋਕਾਂ ਨੂੰ ਬਰਾਬਰ ਦੇ ਹੱਕਾਂ ਦੀ ਆਵਾਜ਼ ਉਠਾਉਣ ਦੀਆਂ ਸੱਖਿਆਵਾਂ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ 'ਤੇ ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ, ਅਨਿਲ ਮਹਿਤਾ, ਅਮਿਤ ਕੁਮਾਰ, ਗੁਰਪ੍ਰੀਤ ਜੋੜਾ, ਗੁਰਮੇਲ ਸਿੰਘ, ਰਾਕੇਸ਼ ਕੁਮਾਰ, ਰੁਕਸਾਨਾ, ਗੁਰਬਖ਼ਸ਼, ਰਾਜਵਿੰਦਰ ਕੌਰ, ਬੰਧਨਾਂ, ਅਮਨਜੀਤ, ਮਨਿੰਦਰਜੀਤ, ਪਰਮਜੀਤ, ਸਵਾਤੀ, ਮਨਦੀਪ, ਜਾਨਵੀਰ, ਜਸਵੀਰ ਕੌਰ, ਜੀਨਤ, ਰਜਵਿੰਦਰ ਕੌਰ, ਮਨਪ੍ਰੀਤ ਕੌਰ ਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

# ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਵੱਲੋਂ ਸੰਤ ਨਿਰਮਲ ਦਾਸ ਬਾਬੇ ਜੌੜੇ ਦੀ ਅਗਵਾਈ ਹੇਠ ਮੁੱਖ ਮੰਤਰੀ ਨਾਲ ਮੀਟਿੰਗ

**ਹੁਸ਼ਿਆਰਪੁਰ (ਓ ਪੀ ਰਾਣਾ)**

ਸ੍ਰੀ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਮਨਾਉਣ ਸਬੰਧੀ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ



ਹੇਠ ਸੰਤ ਸਮਾਜ ਨਾਲ ਵਿਸ਼ੇਸ਼ ਮੀਟਿੰਗ ਦੌਰਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ, ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੇ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ ਦੀ ਅਗਵਾਈ ਹੇਠ ਵਿਸ਼ੇਸ਼ ਵਿਚਾਰ ਚਰਚਾ ਕੀਤੀ। ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੇ ਸੰਤਾਂ, ਮਹਾਂਪੁਰਸ਼ਾਂ ਵੱਲੋਂ ਜਿਥੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਨੂੰ ਸਫਲ ਬਣਾਉਣ ਲਈ ਆਪਣੇ ਵਿਚਾਰ ਪੇਸ਼ ਕੀਤੇ ਓਥੇ ਪੰਜਾਬ ਅੰਦਰ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਅਤੇ ਸਸਤਾ ਬਣਾਉਣ ਲਈ ਵੀ ਜ਼ੋਰ ਦਿੱਤਾ। ਸੰਤਾਂ ਮਹਾਂਪੁਰਸ਼ਾਂ ਨੇ ਸ੍ਰੀ ਖੁਰਾਲਗੜ੍ਹ ਸਾਹਿਬ ਨੂੰ ਟੂਰਿਸਟ ਤੌਰ ਤੇ ਵਿਕਸਿਤ ਕਰਨ ਅਤੇ ਸਿੱਖਿਆ, ਸਿਹਤ ਪ੍ਰੋਜੈਕਟਾਂ ਲਈ ਵੀ ਵਿਚਾਰ ਪੇਸ਼ ਕੀਤੇ। ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਵਲੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਲੋਈ ਅਤੇ ਵਿਸ਼ੇਸ਼ ਸਨਮਾਨ ਚਿੰਨ ਦੇ ਕੇ ਸਨਮਾਨਤ ਵੀ ਕੀਤਾ।ਇਸ ਮੌਕੇ ਮਹੰਤ ਪਰਸ਼ੋਤਮ ਲਾਲ ਚੱਕ ਹਕੀਮ, ਸੰਤ ਜਸਵੰਤ ਸਿੰਘ ਡਿੰਗਰੀਆਂ, ਸੰਤ ਜਗੀਰ ਸਿੰਘ ਨੰਦਾਚੌਰ, ਸੰਤ ਕ੍ਰਿਪਾਲ ਦਾਸ ਭਾਰਟਾ, ਸੰਤ ਰਾਮ ਸੇਵਕ ਹਰੀਪੁਰ ਖਾਲਸਾ, ਸੰਤ ਧਰਮਪਾਲ ਸ਼ੇਰਗੜ, ਸੰਤ ਪ੍ਰਮੇਸ਼ਵਰੀ ਦਾਸ ਸੇਖੇ, ਸੰਤ ਮਨਜੀਤ ਦਾਸ ਚਲੇਟ (ਹਿਮਾਚਲ), ਸੰਤ ਸੰਤੋਖ ਦਾਸ ਭਾਰਟਾ, ਬਾਬਾ ਬਲਕਾਰ ਸਿੰਘ ਵਡਾਲਾ, ਭੈਣ ਸੰਤੋਸ਼ ਕੁਮਾਰੀ ਤੋਂ ਇਲਾਵਾ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਸੰਸਦ ਮੈਂਬਰ ਡਾ. ਰਾਜ ਕੁਮਾਰ, ਸੈਰ ਸਪਾਟਾ ਮੰਤਰੀ ਦੀਪਕ ਬਾਲੀ ਆਦਿ ਹਾਜ਼ਰ ਸਨ।

# ਬਸਪਾ ਨੇ ਪਿੰਡ ਖਵਾਸਪੁਰਾ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੱਕ ਇਤਿਹਾਸਕ ਯਾਤਰਾ ਕੱਢੀ



**ਹੁਸ਼ਿਆਰਪੁਰ (ਓ ਪੀ ਰਾਣਾ)**

ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਦਿਹਾੜੇ 'ਤੇ ਬਹੁਜਨ ਸਮਾਜ ਪਾਰਟੀ ਵੱਲੋਂ ਬਸਪਾ ਬਾਨੀ ਕਾਂਸ਼ੀ ਰਾਮ ਦੇ ਜੱਦੀ ਪਿੰਡ ਖਵਾਸਪੁਰਾ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੱਕ ਇੱਕ ਵਿਸ਼ਾਲ ਇਤਿਹਾਸਿਕ ਯਾਤਰਾ ਕੱਢੀ ਗਈ। ?ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਸਪਾ ਪੰਜਾਬ ਦੇ ਪ੍ਰਧਾਨ ਅਤੇ ਚੰਡੀਗੜ੍ਹ ਦੇ ਕੇਂਦਰੀ ਇੰਚਾਰਜ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਸਰਕਾਰ 'ਤੇ ਤਿੱਖੇ ਹਮਲੇ ਕੀਤੇ।ਕਰੀਮਪੁਰੀ ਨੇ ਸਰਕਾਰ ਤੇ ?ਬੇਅਦਬੀ ਦੇ ਦੋਸ਼ੀਆਂ ਨੂੰ ਬਚਾਉਣ ਦਾ ਦੋਸ਼ ਲਗਾਉਂਦਿਆ ਕਿਹਾ ਕਿ 'ਆਮ ਆਦਮੀ ਪਾਰਟੀ' ਨੇ ਚੋਣਾਂ ਸਮੇਂ ਵਾਅਦਾ ਕੀਤਾ ਸੀ ਕਿ ਸਰਕਾਰ ਬਣਦਿਆਂ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਜੇਲ੍ਹ ਭੇਜਿਆ ਜਾਵੇਗਾ, ਪਰ ਕਿਸੇ ਇੱਕ ਵੀ ਦੋਸ਼ੀ ਨੂੰ 10 ਮਿੰਟ ਦੀ ਸਜ਼ਾ ਵੀ ਨਹੀਂ ਕਰਵਾਈ। ਕਰੀਮਪੁਰੀ ਨੇ ਦਲਿਤਾਂ ਅਤੇ ਘੱਟ ਗਿਣਤੀਆਂ 'ਤੇ ਹਮਲਿਆਂ ਦਾ ਮੁੱਦਾ ਚੁੱਕਦਿਆਂ ਦੋਸ਼ ਲਾਇਆ ਕਿ ਗੁਰੂ ਰਵਿਦਾਸ ਮਹਾਰਾਜ ਦੇ ਗੁਰੂ ਘਰਾਂ 'ਤੇ ਹਮਲੇ ਹੋ ਰਹੇ ਹਨ।ਬਸਪਾ ਆਗੂਆਂ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਹੈ ਕਿ 'ਪੰਜਾਬ ਸੰਭਾਲੋ ਮੁਹਿੰਮ' ਦਾ ਸਾਥ ਦੇਣ ਅਤੇ 2027 ਵਿਚ ਬਹੁਜਨ ਸਮਾਜ ਪਾਰਟੀ ਦੀ ਪੰਜਾਬ ਸੰਭਾਲੋ ਮਹਿਮ ਨੂੰ ਇੱਕ ਮੌਕਾ ਦੇਣ ਤਾਂ ਜੋ ਗੁਰੂ ਸਾਹਿਬਾਨ ਦੀ ਸੋਚ ਅਨੁਸਾਰ ਬੇਗਮਪੁਰਾ ਅਤੇ ਹਲੇਮੀ ਰਾਜ ਸਥਾਪਿਤ ਕੀਤਾ ਜਾ ਸਕੇ। ਇਸ ਮੌਕੇ ਪਾਰਟੀ ਦੇ ਸਟੇਟ ਜਨਰਲ ਸੈਕਟਰੀ ਠੇਕੇਦਾਰ ਹਰਭਜਨ ਸਿੰਘ ਬਜਹੇੜੀ ਜੋਨ ਇੰਚਾਰਜ, ਰਜਿੰਦਰ ਸਿੰਘ ਨਨਹੇੜੀਆਂ ਲੋਕ ਸਭਾ ਇੰਚਾਰਜ ਸਟੇਟ ਜਨਰਲ ਸੈਕਟਰੀ, ਜ਼ਿਲ੍ਹਾ ਰੋਪੜ ਦੇ ਪ੍ਰਧਾਨ ਸਰਦੂਲ ਸਿੰਘ, ਮੋਹਾਲੀ ਦੇ ਪ੍ਰਧਾਨ ਹਰਕਾ ਦਾਸ ਤੋਂ ਇਲਾਵਾ ਹੋਰ ਪਾਰਟੀ ਲੀਡਰਸ਼ਿਪ ਵਰਕਰ ਸਮਰਥਕ ਤੇ ਸ੍ਰੀ ਕਾਂਸ਼ੀ ਰਾਮ ਦੇ ਭੈਣਜੀ ਕੁਲਵੰਤ ਕੌਰ ਵੀ ਯਾਤਰਾ ਵਿੱਚ ਸ਼ਾਮਲ ਰਹੇ।

# ਖਾਲਸਾ ਸਾਜਨਾ ਦਿਵਸ ਸਾਨੂੰ ਆਪਣੀ ਵਿਰਾਸਤ ਨਾਲ ਜੋੜਦਾ : ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਪੰਜਾਬ ਦੇ ਸਕੂਲ ਸਿੱਖਿਆ, ਉਚੇਰੀ ਸਿੱਖਿਆ, ਤਕਨੀਕੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਾਵਨ ਮੌਕੇ ਸਮੁੱਚੀ ਲੋਕਾਈ ਵਿੱਚ ਵਸਦੇ ਪੰਜਾਬੀਆਂ ਨੂੰ ਦਿਲੋਂ ਵਧਾਈਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਇਹ ਦਿਹਾੜਾ ਸਾਨੂੰ ਆਪਣੀ ਵਿਰਾਸਤ, ਇਤਿਹਾਸ ਨਾਲ ਜੋੜਦਾ ਹੈ ਅਤੇ ਸਾਂਝ, ਸੇਵਾ ਤੇ ਸਹਿਯੋਗ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਆਪਣੇ ਸੰਦੇਸ਼ ਵਿੱਚ ਕਿਹਾ ਕਿ 1699 ਵਿੱਚ ਵਿਸਾਖੀ ਦੇ ਦਿਨ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਖਾਲਸਾ ਪੰਥ ਦੀ ਸਾਜਨਾ ਕਰਕੇ ਸਮਾਜ ਵਿੱਚ ਨਿਆਂ, ਬਰਾਬਰੀ ਅਤੇ ਹਿੰਮਤ ਦਾ ਨਵਾਂ ਅਧਿਆਇ ਸ਼ੁਰੂ ਕੀਤਾ ਗਿਆ ਸੀ। ਇਹ ਇਤਿਹਾਸ ਸਿੱਖ ਕੌਮ ਲਈ ਮਾਣ ਤੇ ਪ੍ਰੇਰਨਾ ਦਾ ਸਰੋਤ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਖਾਲਸਾ ਸਾਜਨਾ ਦਿਵਸ ਸਾਨੂੰ ਸੱਚ, ਧਰਮ ਅਤੇ ਮਨੁੱਖਤਾ ਦੀ ਰੱਖਿਆ ਲਈ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਸਮਾਜਿਕ ਬਦਲਾਅ ਵਿੱਚ ਆਪਣਾ ਯੋਗਦਾਨ ਪਾਉਣ ਅਤੇ ਨਸ਼ਾ-ਮੁਕਤ, ਸਿੱਖਿਆ ਤੇ ਸੁਚੱਜਾ ਸਮਾਜ ਬਣਾਉਣ ਵਿੱਚ ਹਿੱਸਾ ਲੈਣ।ਉਨ੍ਹਾਂ ਅਪੀਲ ਕੀਤੀ ਕਿ ਇਸ ਪਵਿੱਤਰ ਦਿਹਾੜੇ ਨੂੰ ਮਨਾਉਂਦੇ ਹੋਏ ਅਸੀਂ ਆਪਣੇ ਆਲੇ-ਦੁਆਲੇ ਵਿੱਚ ਪਿਆਰ, ਭਾਈਚਾਰੇ ਅਤੇ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰੀਏ। ਉਨ੍ਹਾਂ ਕਿਹਾ ਕਿ ਖਾਲਸਾ ਪੰਥ ਦੀ ਸਾਜਨਾ ਦਾ ਸੰਦੇਸ਼ ਸਦਾ ਲਈ ਸਾਨੂੰ ਨਿਆਂ ਅਤੇ ਸੱਚਾਈ ਦੇ ਰਸਤੇ 'ਤੇ ਤੁਰਨ ਲਈ ਪ੍ਰੇਰਿਤ ਕਰਦਾ ਰਹੇਗਾ।

# ਰਣਧੀਰ ਸਿੰਘ ਖਟੜਾ ਦੀ ਅੰਤਿਮ ਅਰਦਾਸ ਮੌਕੇ ਵੱਖ-ਵੱਖ ਆਗੂਆਂ ਨੇ ਸ਼ਰਧਾ ਦੇ ਫੁੱਲ ਕੀਤੇ ਭੇਟ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਸਵਰਗੀ ਰਣਧੀਰ ਸਿੰਘ ਖਟੜਾ ਦੀ ਅੰਤਿਮ ਅਰਦਾਸ ਮੌਕੇ ਵੱਖ ਵੱਖ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਜਥੇਬੰਦੀਆਂ ਦੇ ਆਗੂਆਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਗੁਰਦੁਆਰਾ ਸ੍ਰੀ ਰਤਨ ਸਾਹਿਬ ਪਿੰਡ ਰਤਨਗੜ੍ਹ ਵਿਖੇ ਗਿਆਨੀ ਤਰਸੇਮ ਸਿੰਘ ਦੇ ਰਾਗੀ ਜਥੇ ਵੱਲੋਂ ਸੰਗਤਾਂ ਨੂੰ ਵੈਰਾਗਮਈ ਗੁਰਬਾਣੀ ਕੀਰਤਨ ਦੁਆਰਾ ਨਿਹਾਲ ਕੀਤਾ। ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸਾਬਕਾ ਮੰਤਰੀ ਬਲਵੀਰ ਸਿੰਘ ਸਿੱਧੂ, ਨਵਜੀਤ ਸਿੰਘ ਨਵੀ ਜ਼ਿਲ੍ਹਾ ਪ੍ਰਧਾਨ ਯੂਥ ਕਾਂਗਰਸ, ਹਰਮੋਹਣ ਸਿੰਘ ਸੰਧੂ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ, ਭਾਜਪਾ ਆਗੂ ਮੇਜਰ ਅੰਜੂ ਬਾਲਾ ਸਿੰਘ, ਅਨਮੋਲ ਗਗਨ ਮਾਨ ਸਾਬਕਾ ਮੰਤਰੀ ਪੰਜਾਬ, ਬੰਤ ਸਿੰਘ ਕਲਾਰਾਂ





ਸਾਬਕਾ ਚੇਅਰਮੈਨ, ਜਗਦੇਵ ਸਿੰਘ ਭਟੋਆ ਪ੍ਰਧਾਨ ਨਗਰ ਕੌਂਸਲ ਮੋਰਿੰਡਾ, ਹਰਮਿੰਦਰ ਸਿੰਘ ਲੱਕੀ ਮੀਤ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ, ਦਰਸ਼ਨ ਸਿੰਘ ਸੰਧੂ ਚੇਅਰਮੈਨ, ਹਰੀਪਾਲ, ਅਮਨਦੀਪ ਸਿੰਘ ਮਾਂਗਟ ਸਾਬਕਾ ਪ੍ਰਧਾਨ ਨਗਰ ਸ੍ਰੀ ਚਮਕੌਰ ਸਾਹਿਬ, ਸੁਰਿੰਦਰ ਸਿੰਘ ਰਾਮਗੜ੍ਹ ਜ਼ਿਲਾ ਪ੍ਰਧਾਨ ਕਾਂਗਰਸ ਫਤਿਹਗੜ੍ਹ ਸਾਹਿਬ, ਸਰਬਜੀਤ ਸਿੰਘ ਜੀਤੀ ਪ੍ਰਧਾਨ ਬਲਾਕ ਕਾਂਗਰਸ ਖਮਾਣੋ, ਕਮਲਜੀਤ ਸਿੰਘ ਢੀਡਸਾ ਮੀਤ ਪ੍ਰਧਾਨ ਨਗਰ ਕੌਂਸਲ ਬਸੀ, ਕੌਂਸਲਰ ਹਰਜੀਤ ਸਿੰਘ ਸੋਢੀ, ਇਕਬਾਲ ਸਿੰਘ ਸਾਲਾਪੁਰਾ, ਸੁਖਪ੍ਰੀਤ ਸਿੰਘ ਸਰਪੰਚ, ਬਾਬਲਾ ਸਰਪੰਚ ਗੋਸਲਾ, ਗੁਰਵਿੰਦਰ ਸਿੰਘ ਕਕਰਾਲੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਜੁਝਾਰ ਸਿੰਘ ਮਾਵੀ ਪ੍ਰਧਾਨ ਆੜਤੀਆਂ ਐਸੋਸੀਏਸ਼ਨ, ਮਨਦੀਪ ਸਿੰਘ ਰੌਣੀ, ਹਰਕੀਰਤ ਸਿੰਘ ਮੜੌਲੀ ਮੈਂਬਰ ਬਲਾਕ ਸੰਮਤੀ, ਜਗਜੀਤ ਸਿੰਘ ਲੁਠੇੜੀ, ਬਲਜਿੰਦਰ ਸਿੰਘ ਸਹੇੜੀ, ਅਮਰਜੀਤ ਸਿੰਘ ਬੱਬਲ, ਸੁਖਵਿੰਦਰ ਸਿੰਘ ਭੁੱਲਰ, ਨੰਬਰਦਾਰ ਜਗਵਿੰਦਰ ਸਿੰਘ ਪੰਮੀ, ਅਮਰਿੰਦਰ ਸਿੰਘ ਹੈਲੀ, ਸਰਪੰਚ ਦਲਵੀਰ ਸਿੰਘ ਮੁੰਡੀਆਂ, ਚੇਅਰਮੈਨ ਮਾਰਕੀਟ ਕਮੇਟੀ ਸੁਖਵਿੰਦਰ ਸਿੰਘ ਬਿੱਟੂ, ਰਘਬੀਰ ਸਿੰਘ ਮੋਦੀ ਬਲਾਕ ਸੰਮਤੀ ਚੇਅਰਮੈਨ ਖਰੜ, ਕੌਂਸਲਰ ਮਹੇਸ਼ ਇੰਦਰ ਨਵਾਂ ਗਰਾਉਂ ਅਤੇ ਨਵਦੀਪ ਸਿੰਘ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

# ਨੇਤਰਹੀਣ ਵਿਦਿਆਰਥੀਆਂ ਲਈ ਕੰਪਿਊਟਰ ਲੈਬ ਸਥਾਪਿਤ



**ਜਲੰਧਰ (ਸ਼ੈਲੀ ਐਲਬਰਟ)**

ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਵਿਖੇ ਹਿੰਦੋਸਤਾਨ ਵਿੱਚ ਕਿਤੇ ਵੀ ਰਹਿ ਰਹੇ ਜਾਂ ਪੜ੍ਹ ਰਹੇ ਨੇਤਰਹੀਣ ਵਿਦਿਆਰਥੀਆਂ ਲਈ ਸਕਸ਼ਮ ਟੈਕ ਵਿਜ਼ਨ ਲੈਬ ਸਥਾਪਿਤ ਕੀਤੀ ਗਈ ਹੈ ਤਾਂ ਜੋ ਇਹ ਵਿਦਿਆਰਥੀ ਕੰਮਪਿਊਟਰ ਸਿੱਖਿਆ ਲੈ ਕੇ ਕਿਸੇ ਤੇ ਬੋਝ ਨਾ ਬਨਣ ਤੇ ਆਪਣੇ ਪੈਰਾਂ ਤੇ ਖੜ੍ਹੇ ਹੋ ਸਕਣ ਤੇ ਇਸ ਸਮਾਜ ਵਿੱਚ ਮਾਨ-ਸਨਮਾਨ ਨਾਲ ਜੀ ਸਕਣ। ਇਸ ਲੈਬ ਦਾ ਉਦਘਾਟਨ ਡੀ ਏ ਵੀ ਮੈਨੇਜਿੰਗ ਕਮੇਟੀ ਦੇ ਨੈਸ਼ਨਲ ਕੋਆਰਡੀਨੇਟਰ (ਕਾਲਜਿਸ) ਤੇ ਪ੍ਰਿੰਸੀਪਲ ਡੀ ਏ ਵੀ ਕਾਲਜ ਜਲੰਧਰ ਪ੍ਰੋ. ਅਨੂਪ ਕੁਮਾਰ ਨੇ ਰਿੱਬਨ ਕੱਟ ਕੇ ਕੀਤਾ। ਉਹਨਾ ਦਾ ਸੁਆਗਤ ਪ੍ਰਿੰਸੀਪਲ ਡਾ. ਜਗਰੂਪ ਸਿੰਘ ਅਤੇ ਸਟਾਫ ਨੇ ਫੁੱਲਾਂ ਦੇ ਗੁਲਦਸੱਤੇ ਨਾਲ ਕੀਤਾ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਇਹ ਲੈਬ ਸਕਸ਼ਮ ਪੰਜਾਬ ਦੇ ਸਹਿਯੋਗ ਨਾਲ ਬਣਾਈ ਗਈ ਹੈ।ਇਸ ਲੈਬ ਵਿੱਚ ਸਿੱਖਿਆ ਲੈਣ ਲਈ ਪੰਜਾਬ, ਦਿੱਲੀ , ਬਿਹਾਰ ਤੋਂ ਵਿਦਿਆਰਥੀ ਆਏ ਹੋਏ ਹਨ। ਆਰੰਭ ਵਿੱਚ ਪ੍ਰੋ. ਅਨੂਪ ਕੁਮਾਰ ਅਤੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਜੋਤੀ ਪ੍ਰਜੱਵਲਤ ਕਰਕੇ ਸ਼ੁੱਭ ਕਾਰਜ ਦੀ ਸ਼ੁਰੂਆਤ ਕੀਤੀ। ਪ੍ਰੋ. ਪ੍ਰੇਮ ਸਾਗਰ ਨੇ ਇਸ ਮੌਕੇ ਭਜਨ ਪ੍ਰਸਤੁਤ ਕੀਤਾ। ਮੈਡਮ ਦੀਪਿਕਾ ਸਾਗਰ ਨੇ ਸਕਸ਼ਮ ਦੀਆ ਗਤੀਵਿਧੀਆ ਬਾਰੇ ਜਾਣਕਾਰੀ ਦਿੱਤੀ ਤੇ ਸਕਸ਼ਮ ਟੈਕ ਵਿਜ਼ਨ ਲੈਬ ਦੀ ਵਰਕਿੰਗ ਤੇ ਡੈਮੋ ਦਿੱਤਾ ਕਿ ਕਿਸ ਤਰ੍ਹਾਂ ਨੇਤਰਹੀਣ ਵਿਦਿਆਰਥੀਆਂ ਨੂੰ ਸਕਸ਼ਮ ਬਣਾਇਆ ਜਾਵੇਗਾ। ਸਿੱਖਿਆ ਗ੍ਰਹਿਣ ਕਰਨ ਆਏ ਨੇਤਰਹੀਣ ਵਿਦਿਆਰਥੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਅੰਤ ਵਿੱਚ ਧੰਨਵਾਦ ਕਰਦਿਆ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਇਹ ਅਸਲ ਵਿੱਚ ਸਵਾਮੀ ਵਿਰਜਾਨੰਦ ਦੇ ਮਿਸ਼ਨ ਨੂੰ ਅੱਗੇ ਲੈ ਕੇ ਜਾਣ ਵਾਲੀ ਗੱਲ ਹੈ, ਜੋ ਖੁਦ ਨੇਤਰਹੀਣ ਸਨ, ਪਰ ਉਹਨਾਂ ਸੰਸਕ੍ਰਿਤ ਵਿਆਕਰਣ ਤੇ ਮਹਾਨ ਕੰਮ ਕੀਤਾ ਤੇ ਪੂਰੇ ਹਿੰਦੋਸਤਾਨ ਦੇ ਵਿਦਿਆਰਥੀ ਉਹਨਾਂ ਤੋਂ ਸਿੱਖਿਆ ਗ੍ਰਹਿਣ ਕਰਨ ਆਉਂਦੇ ਹਨ। ਸਵਾਮੀ ਦਯਾਨੰਦ ਵੀ ਉਹਨਾਂ ਵਿੱਚੋ ਇਕ ਸਨ। ਉਨ੍ਹਾਂ ਪ੍ਰੋ. ਅਨੂਪ ਕੁਮਾਰ , ਪ੍ਰੋ. ਪ੍ਰੇਮ ਸਾਗਰ, ਮੈਡਮ ਦੀਪਿਕਾ ਤੇ ਹੋਰ ਪਤਵੰਤੇ ਸੱਜਣਾ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਆਪੋ- ਆਪਣਾ ਯੋਗਦਾਨ ਦਿੱਤਾ।

# ਅਜਨੋਹਾ ਸਕੂਲ ਦਾ ਅੱਠਵੀਂ ਦਾ ਨਤੀਜਾ ਰਿਹਾ ਸੌ ਫੀਸਦੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਦੀ ਅੱਠਵੀਂ ਜਮਾਤ ਦਾ ਸਾਲਾਨਾ ਨਤੀਜਾ ਸ਼ਾਨਦਾਰ



ਰਿਹਾ।ਇਸ ਨਤੀਜੇ ਵਿੱਚ ਕੁੜੀਆਂ ਨੇ ਬਾਜੀ ਮਾਰੀ।ਇਸ ਮੌਕੇ ਸਕੂਲ ਪ੍ਰਿੰਸੀਪਲ ਹਰਮਨੋਜ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ।ਜੈਸਮੀਨ ਸਪੁੱਤਰੀ ਸਰਬਜੀਤ ਸਿੰਘ ਨੇ ਪਹਿਲਾ ਸਥਾਨ, ਇੰਦਰਜੋਤ ਕੌਰ ਸਪੁੱਤਰੀ ਪ੍ਰੇਮ ਕੁਮਾਰ ਨੇ ਦੂਜਾ ਸਥਾਨ ਤੇ ਜੁਲੇਖਾਂ ਸਪੁੱਤਰੀ ਮੁਹੰਮਦ ਬਸ਼ੀਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੱਠਵੀਂ ਜਮਾਤ ਦੇ ਬਾਕੀ ਵਿਦਿਆਰਥੀ ਵੀ ਚੰਗੇ ਅੰਕਾਂ ਨਾਲ ਪਾਸ ਹੋਏ।ਸਕੂਲ ਮੁਖੀ ਨੇ ਵਧੀਆ ਨਤੀਜੇ ਲਈ ਅਧਿਆਪਕਾਂ ਨੂੰ ਮੁਬਾਰਕਬਾਦ ਦਿੱਤੀ।ਇਸ ਮੌਕੇ ਜਤਿੰਦਰ ਸਿੰਘ, ਸਰਬਜੀਤ ਕੌਰ, ਸਤਨਾਮ ਕੁਮਾਰ, ਰਾਜਵਿੰਦਰ ਕੌਰ, ਨਰਿੰਦਰ ਅਜਨੋਹਾ, ਲਵਦੀਪ ਕੌਰ, ਉਂਕਾਰ ਸਿੰਘ, ਧਰਮਿੰਦਰ ਸਿੰਘ, ਹਾਫਿਜ, ਅਬਿਨਾਸ਼ ਕੌਰ, ਅਮਨਪ੍ਰੀਤ ਕੌਰ, ਅਮਨਜੀਤ ਕੌਰ, ਅਮਨਦੀਪ ਕੌਰ, ਦੀਪਕ ਕੁਮਾਰ, ਜਸਪ੍ਰੀਤ ਕੌਰ, ਕੁਲਵਿੰਦਰ ਸਿੰਘ, ਮੁਨੀਸ਼ ਕੁਮਾਰ, ਰਜੇਸ਼ ਕੁਮਾਰ, ਆਰਤੀ ਥਾਪਰ, ਹਰਭਜਨ ਸਿੰਘ ਅਤੇ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

# ਦ ਨੋਬੇਲ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ

**ਕਰਤਾਰਪੁਰ (ਹਰਮੇਸ਼ ਦੱਤ)**

ਦ ਨੋਬੇਲ ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਬੜੀ ਹੀ ਧੂਮਧਾਮ ਨਾਲ ਮਨਾਇਆ ਗਿਆ। ਸਕੂਲ ਦੇ ਨੰਨੇ ਮੁੰਨੇ ਬੱਚੇ ਰੰਗ-ਬਰੰਗੇ ਪੰਜਾਬੀ ਸੱਭਿਆਚਾਰਕ ਪੋਸ਼ਾਕਾਂ ਵਿੱਚ ਬਹੁਤ ਹੀ




ਸੋਹਣੇ ਲੱਗ ਰਹੇ ਸਨ। ਵਿਦਿਆਰਥੀਆਂ ਦੁਆਰਾ ਪੰਜਾਬ ਦੀ ਸੰਸਕ੍ਰਿਤੀ ਨੂੰ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ ਜਿਸ ਵਿੱਚ ਬਹੁਤ ਸਾਰੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਇਹਨਾਂ ਗਤੀਵਿਧੀਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਵਿੱਚ ਬੱਚਿਆਂ ਨੇ ਗਿੱਧਾ, ਭੰਗੜਾ, ਸੋਲੋ ਡਾਂਸ, ਕਵਿਤਾ ਉਚਾਰਨ, ਗਰੁੱਪ ਡਾਂਸ ਅਤੇ ਭਾਸ਼ਣ ਦੇ ਮਾਧਿਅਮ ਨਾਲ ਸਭ ਦਾ ਮਨ ਮੋਹ ਲਿਆ। ਬੱਚਿਆਂ ਨੇ ਭਾਸ਼ਣ ਦੇ ਮਾਧਿਅਮ ਵਿੱਚ ਪੰਜਾਬ ਦੀ ਸੱਭਿਆਚਾਰਕ ਵਿਰਾਸਤ ਨੂੰ ਰੂਬਰੂ ਕਰਵਾਇਆ। ਇਸ ਪ੍ਰੋਗਰਾਮ ਦੇ ਦੌਰਾਨ ਸਕੂਲ ਦੇ ਚੇਅਰਮੈਨ ਪ੍ਰੋਫ਼ੈਸਰ ਸੀ ਐਲ ਕੋਛੜ, ਸਕੂਲ ਦੇ ਮੈਨੇਜਿੰਗ ਡਾਇਰੈਕਟਰ ਇੰਜੀਨੀਅਰ ਕੁਮਾਰ ਸ਼ਿਵ ਕੋਛੜ, ਸਕੂਲ ਦੇ ਡਾਇਰੈਕਟਰ ਸਰੋਜ ਸ਼ਰਮਾ, ਸਕੂਲ ਦੇ ਪ੍ਰਿੰਸੀਪਲ ਰਵਿੰਦਰ ਕੌਰ ਤੇ ਅਧਿਆਪਕ ਸਾਹਿਬਾਨ ਮੌਜੂਦ ਰਹੇ। ਸਕੂਲ ਦੇ ਚੇਅਰਮੈਨ ਨੇ ਬੱਚਿਆਂ ਨੂੰ ਵਿਸਾਖੀ ਦੇ ਇਸ ਅਵਸਰ ਦੇ ਬਾਰੇ ਦੱਸਿਆ ਵਿਸਾਖੀ ਪੰਜਾਬ ਦਾ ਮੁੱਖ ਤਿਉਹਾਰ ਹੈ ਜੋ ਕਿ ਹਰ ਸਾਲ ਵਿਸਾਖ ਦੀ ਸੰਗਰਾਂਦ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਕਣਕ ਪੱਕਣ ਤੇ ਉਸ ਦੀ ਦੀ ਕਟਾਈ ਸ਼ੁਰੂ ਕੀਤੀ ਜਾਂਦੀ ਹੈ ਅਤੇ ਇਸ ਦਿਨ ਸਿੱਖਾਂ ਦੇ ਦਸਵੇਂ ਗੁਰੂ ਗੋਬਿੰਦ ਸਿੰਘ ਨੇ ਵਿਸਾਖੀ ਦੇ ਦਿਨ 13 ਅਪ੍ਰੈਲ 1669 ਈਸਵੀ ਨੂੰ ਖਾਲਸਾ ਪੰਥ ਦੀ ਸਥਾਪਨਾ ਕੀਤੀ। ਪ੍ਰੋਗਰਾਮ ਦਾ ਅੰਤ ਰਾਸ਼ਟਰੀ ਗੀਤ ਨਾਲ ਕੀਤਾ ਗਿਆ। ਵਿਦਿਆਰਥੀਆਂ ਨੂੰ ਮਿਠਾਈਆਂ, ਚਾਕਲੇਟ ਤੇ ਪੈਨ ਵੰਡੇ ਗਏ।

# ਹਾਈਕੋਰਟ ਦੇ ਫੈਸਲੇ ਅਨੁਸਾਰ 16 ਪ੍ਰਤੀਸ਼ਤ ਡੀ ਏ ਤੁਰੰਤ ਜਾਰੀ ਕਰੇ ਪੰਜਾਬ ਸਰਕਾਰ : ਪੈਨਸ਼ਨਰ ਆਗੂ

**ਫ਼ਗਵਾੜਾ (ਡਾ. ਰਮਨ)**-ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੀ ਮਾਸਿਕ ਮੀਟਿੰਗ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੇ ਸ਼ੁਰੂ ਵਿੱਚ ਹਾਜ਼ਰ ਮੈਂਬਰਾਂ ਨੇ ਸਾਂਝੇ ਤੌਰ 'ਤੇ ਪੰਜਾਬ ਐਂਡ ਹਰਿਆਣਾ ਹਾਈਕੋਰਟ ਵੱਲੋਂ ਦਿੱਤੇ ਗਏ ਫੈਸਲੇ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 30 ਜੂਨ ਤੱਕ 16 ਪ੍ਰਤੀਸ਼ਤ ਡੀ ਏ ਅਤੇ ਬਕਾਏ ਹਰ ਹਾਲ ਵਿੱਚ ਦੇਵੇ, ਦਾ ਸਵਾਗਤ ਕਰਦੇ ਹੋਏ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਹਾਈਕੋਰਟ ਵਲੋਂ ਦਿੱਤੇ ਗਏ ਫੈਸਲੇ ਅਨੁਸਾਰ 16 ਪ੍ਰਤੀਸ਼ਤ ਡੀ ਏ ਤੁਰੰਤ ਜਾਰੀ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਵਧੀ ਹੋਈ ਮਹਿੰਗਾਈ ਤੋਂ ਰਾਹਤ ਦੇਵੇ।ਆਗੂਆਂ ਇਹ ਵੀ ਮੰਗ ਕੀਤੀ ਕਿ 75 ਸਾਲਾਂ ਤੋਂ ਹੇਠਲੇ ਪੈਨਸ਼ਨਰਾਂ ਨੂੰ ਅਪ੍ਰੈਲ 2026 ਤੋਂ ਮਿਲਣ ਵਾਲਾ ਛੇਵੇਂ ਪੇ ਕਮਿਸ਼ਨ ਦਾ ਬਕਾਇਆ 36 ਕਿਸ਼ਤਾਂ ਵਿੱਚ ਦੇਣ ਦੀ ਬਜਾਏ ਸਿਰਫ਼ ਤੇ ਸਿਰਫ਼ ਦੋ ਕਿਸ਼ਤਾਂ ਵਿੱਚ ਹੀ ਦਿੱਤਾ ਜਾਵੇ। ਮੀਟਿੰਗ ਦੀ ਸਮੁੱਚੀ ਕਾਰਵਾਈ ਨੂੰ ਐਸੋਸੀਏਸ਼ਨ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਚਲਾਇਆ।ਪ੍ਰੈਸ ਸਕੱਤਰ ਸੀਤਲ ਰਾਮ ਬੰਗਾ ਨੇ ਦੱਸਿਆ ਕਿ ਮੀਟਿੰਗ ਦੇ ਸ਼ੁਰੂ ਵਿੱਚ ਸਦੀਵੀ ਵਿਛੋੜਾ ਦੇ ਗਏ ਪੈਨਸ਼ਨਰ ਸਾਧੂ ਰਾਮ ਜੱਖੂ, ਪ੍ਰਧਾਨ ਮੋਹਨ ਸਿੰਘ ਭੱਟੀ ਦੇ ਭਤੀਜੇ ਬਲਜਿੰਦਰ ਸਿੰਘ, ਉੱਘੀ ਗਾਇਕਾ ਆਸ਼ਾ ਭੌਂਸਲੇ ਅਤੇ ਇਜ਼ਰਾਈਲ ਵਲੋਂ ਲਿਬਲਾਨ 'ਤੇ ਕੀਤੇ ਹਮਲੇ ਵਿਚ ਮਾਰੇ ਗਏ ਨਾਗਰਿਕਾਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ ਵਲੋਂ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨਾਲ ਐਸੋਸੀਏਸ਼ਨ ਦੀ ਆਮਦਨ ਅਤੇ ਖਰਚ ਦੇ ਵੇਰਵੇ ਸਾਂਝੇ ਕੀਤੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ,ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ, ਜੁਆਇੰਟ ਸਕੱਤਰ ਸਤਪਾਲ ਸਿੰਘ ਖੱਟਕੜ,ਹੈੱਡਮਾਸਟਰ ਪਿਆਰਾ ਸਿੰਘ ਗੰਭੀਰ, ਪ੍ਰਿੰਸੀਪਲ ਤਰਸੇਮ ਸਿੰਘ,ਐਡੀਟਰ ਕ੍ਰਿਸ਼ਨ ਗੋਪਾਲ ਚੋਪੜਾ, ਬਲਬੀਰ ਸਿੰਘ ਕੂਨਰ,ਵਿਜੇ ਕੁਮਾਰ ਕਟਾਰੀਆ, ਭੁਪਿੰਦਰ ਸਿੰਘ ਧਨੀ, ਰਵਿੰਦਰ ਪਾਲ ਕੌਰ ਸੰਧੂ ਆਦਿ ਪੈਨਸ਼ਨਰ ਸਾਥੀ ਹਾਜ਼ਰ ਸਨ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਘਰ-ਘਰ ਸਰਵੇਖਣ ਸ਼ੁਰੂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਨੇ ਘਰ-ਘਰ ਸਰਵੇਖਣ ਸ਼ੁਰੂ ਕਰ ਦਿੱਤਾ ਹੈ। ਇਹ ਟੀਮਾਂ ਲੋਕਾਂ ਨੂੰ ਸਿਹਤ ਬੀਮਾ ਕਾਰਡ ਬਣਵਾਉਣ ਲਈ ਪ੍ਰੇਰਿਤ ਕਰ ਰਹੀਆਂ ਹਨ। ਇਸ ਸਬੰਧੀ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਆਸ਼ਾ ਵਰਕਰਾਂ ਸਮੇਤ ਹੋਰ ਸਿਹਤ ਕਾਮਿਆਂ ਵਲੋਂ ਘਰ-ਘਰ ਜਾ ਕੇ ਸਰਵੇਖਣ ਕਰਨ ਦਾ ਕੰਮ ਸ਼ੁਰੂ



ਕੀਤਾ ਗਿਆ ਹੈ ਅਤੇ ਜਿਨ੍ਹਾਂ ਲੋਕਾਂ ਨੇ ਹਾਲੇ ਤੱਕ ਕਾਰਡ ਨਹੀਂ ਬਣਵਾਏ, ਉਨ੍ਹਾਂ ਨੂੰ ਇਸ ਵੱਕਾਰੀ ਯੋਜਨਾ ਦਾ ਲਾਭ ਲੈਣ ਲਈ ਆਖਿਆ ਜਾ ਰਿਹਾ ਹੈ।ਉਨ੍ਹਾਂ ਦਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜ਼ਿਲ੍ਹੇ 'ਚ ਵੱਖ-ਵੱਖ ਥਾਵਾਂ 'ਤੇ ਰੋਜ਼ਾਨਾ ਵਿਸ਼ੇਸ਼ ਕੈਂਪ ਲੱਗ ਰਹੇ ਹਨ । ਡਾ. ਜੈਨ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸ਼ਹਿਰਾਂ ਅਤੇ ਪਿੰਡਾਂ ਵਿਚ ਵੱਖ-ਵੱਖ ਜਨਤਕ ਥਾਵਾਂ ਉਤੇ ਪੱਕੇ ਕੈਂਪ ਪਹਿਲਾਂ ਹੀ ਚੱਲ ਰਹੇ ਹਨ। ਇਸ ਤੋਂ ਇਲਾਵਾ ਜ਼ਿਲ੍ਹੇ 'ਚ ਵੱਖ-ਵੱਖ ਸਰਕਾਰੀ ਸਿਹਤ ਕੇਂਦਰਾਂ, ਕਾਮਨ ਸਰਵਿਸ ਸੈਂਟਰਾਂ ਵਿਚ ਵੀ ਸਿਹਤ ਬੀਮਾ ਕਾਰਡ ਬਣਾਏ ਜਾ ਰਹੇ ਹਨ।ਉਨ੍ਹਾਂ ਦਸਿਆ ਕਿ ਜ਼ਿਲ੍ਹੇ ਦੇ ਸਾਰੇ ਸੀਨੀਅਰ ਮੈਡੀਕਲ ਅਫ਼ਸਰਾਂ ਦੀ ਨਿਗਰਾਨੀ ਹੇਠ ਕਾਰਡ ਬਣਾਉਣ ਦੀ ਮੁਹਿੰਮ ਤੇਜ਼ੀ ਨਾਲ ਚੱਲ ਰਹੀ ਹੈ।ਡਾ. ਜੈਨ ਨੇ ਦੁਹਰਾਇਆ ਕਿ ਕਾਰਡ ਧਾਰਕ ਪਰਵਾਰ ਦੇ ਕਿਸੇ ਵੀ ਜੀਅ ਨੂੰ ਸਰਕਾਰੀ ਜਾਂ ਸੂਚੀਬੱਧ ਨਿੱਜੀ ਹਸਪਤਾਲ ਵਿਚ ਦਾਖ਼ਲ ਹੋਣ 'ਤੇ 10 ਲੱਖ ਰੁਪਏ ਤੱਕ ਦਾ ਡਾਕਟਰੀ ਇਲਾਜ ਬਿਲਕੁਲ ਮੁਫ਼ਤ ਮਿਲੇਗਾ। ਉਨ੍ਹਾਂ ਦੱਸਿਆ ਕਿ ਜ਼ਰੂਰੀ ਟੈਸਟਾਂ, ਦਵਾਈਆਂ ਆਦਿ 'ਤੇ ਵੀ ਪਰਿਵਾਰ ਦਾ ਕੋਈ ਖ਼ਰਚਾ ਨਹੀਂ ਹੋਵੇਗਾ।

# ਡਿਪਟੀ ਮੈਡੀਕਲ ਕਮਿਸ਼ਨਰ ਨੇ ਹਸਪਤਾਲ ਦੀ ਕੀਤੀ ਅਚਨਚੇਤ ਚੈਕਿੰਗ



**ਮਾਹਿਲਪੁਰ (ਸ.ਫਰੀ)**-ਸਰਕਾਰੀ ਹਸਪਤਾਲ ਮਾਹਿਲਪੁਰ ਦੀ ਡਿਪਟੀ ਮੈਡੀਕਲ ਕਮਿਸ਼ਨਰ ਹੁਸ਼ਿਆਰਪੁਰ ਡਾ. ਸਵਾਤੀ ਵਲੋ ਕੀਤੀ ਅਚਨਚੇਤ ਚੈਕਿੰਗ ਦੌਰਾਨ ਹਸਪਤਾਲ ਦੇ ਕੰਮਾ ਤੇ ਤਸੱਲੀ ਪ੍ਰਗਟਾਈ ਤੇ ਕਿਹਾ ਹਸਪਤਾਲ ਦਾ ਕੰਮ ਵਧੀਆ ਤਰੀਕੇ ਨਾਲ ਚਲਾਇਆ ਜਾ ਰਿਹਾ ਹੈ ਤੇ ਪੰਜਾਬ ਸਰਕਾਰ ਵੱਲੋ ਚਲਾਇਆਂ ਜਾ ਰਹੀਆਂ ਸਕੀਮਾ ਦਾ ਲਾਭ ਆਮ ਲੋਕਾ ਨੂੰ ਮਿਲ ਰਿਹਾ ਹੈ। ਉਨਾ ਡਾ. ਸ਼ਿਪਰਾ ਅਸਿਸਟੈਂਟ ਹੋਸਪੀਟਲ ਐਡਮਨਿਸਟ੍ਰੇਟਰ ਨਾਲ ਸਨ। ਡਾ. ਸਵਾਤੀ ਨੇ ਹਸਪਤਾਲ ਦੀਆਂ ਮੁਸ਼ਿਕਲਾਂ ਵੀ ਸੁਣੀਆ ਅਤੇ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਤੇ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਉਹਨਾਂ ਕਿਹਾ ਕਿ ਸਰਜਨ ਡਾ. ਬਲਜਿੰਦਰ ਕੁਮਾਰ ਦਾ ਕੰਮ ਬਹੁਤ ਸ਼ਲਾਘਾਯੋਗ ਹੈ। ਉਨ੍ਹਾ ਦੱਸਿਆ ਕਿ ਡਾ ਬਲਜਿੰਦਰ ਕੁਮਾਰ ਦੇ ਕੰਮ ਦੀ ਜਾਣਕਾਰੀ ਪ੍ਰਾਪਤ ਕਰਨ ਤੇ ਪਤਾ ਲਗਾ ਕਿ ਡਾਕਟਰ ਬਲਜਿੰਦਰ ਕੁਮਾਰ ਨੇ 1750 ਅਪ੍ਰੇਸ਼ਨ ਕੀਤੇ ਹਨ ਜਿਨਾ ਵਿੱਚ 1000 ਦੇ ਕਰੀਬ ਮੇਜਰ ਅਤੇ 750 ਮਾਈਨਰ ਅਪ੍ਰੇਸ਼ਨ ਕੀਤੇ। ਉਨਾ ਦੱਸਿਆ ਕਿ ਡਾ. ਬਲਜਿੰਦਰ ਕੁਮਾਰ ਦੇ ਯਤਨਾ ਸਦਕਾ ਹਸਪਤਾਲ ਮਾਹਿਲਪੁਰ ਵਿੱਚ ਲੇਜ਼ਰ ਅਪ੍ਰੇਸ਼ਨ ਹੋਣੇ ਸ਼ੁਰੂ ਹੋਏ ਹਨ ਉਨਾ ਦੱਸਿਆ ਕਿ ਹੁਣ ਮਰੀਜ਼ਾ ਨੂੰ ਅਪ੍ਰੇਸ਼ਨ ਕਰਵਾਉਣ ਲਈ ਪ੍ਰਾਈਵੇਟ ਹਸਪਤਾਲ ਜਾਣ ਦੀ ਲੋੜ ਨਹੀ ਇੱਥੇ ਹੀ ਲੈਜਰ ਨਾਲ ਅਪ੍ਰੇਸ਼ਨ ਕਰਵਾ ਸਕਦੇ ਹਨ।

# ਲਾਇਲਪੁਰ ਖਾਲਸਾ ਕਾਲਜ ਦੇ ਰਾਜਨੀਤੀ ਸ਼ਾਸਤਰ ਵਿਭਾਗ ਵੱਲੋਂ 'ਮੌਕ ਪਾਰਲੀਮੈਂਟ'

**ਜਲੰਧਰ (ਸ਼ੈਲੀ ਐਲਬਰਟ)**

ਲਾਇਲਪੁਰ ਖਾਲਸਾ ਕਾਲਜ ਜਲੰਧਰ ਦੇ ਰਾਜਨੀਤੀ ਸ਼ਾਸਤਰ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ 'ਮੌਕ ਪਾਰਲੀਮੈਂਟ' ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਮੁੱਖ




ਮਹਿਮਾਨ ਵਜੋਂ ਸ਼ਾਮਿਲ ਹੋਏ। ਉਨ੍ਹਾਂ ਨੇ ਮੌਕ ਪਾਰਲੀਮੈਂਟ ਵਿੱਚ ਭੂਮਿਕਾ ਨਿਭਾਉਣ ਵਾਲੇ ਵਿਦਿਆਰਥੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਸਿਰਫ ਕਿਤਾਬੀ ਗਿਆਨ ਦੀ ਬਜਾਏ ਜੀਵਨ ਦੀਆਂ ਵਾਸਤਵਿਕ ਸਥਿਤੀਆਂ ਨੂੰ ਸਮਝਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਭਾਗ ਨੂੰ ਇਸ ਮੌਕ ਪਾਰਲੀਮੈਂਟ ਦਾ ਆਯੋਜਨ ਸਫਲਤਾਪੂਰਵਕ ਦਾ ਕਰਨ ਲਈ ਵਧਾਈ ਦਿੱਤੀ। ਇਸ ਦਾ ਉਦੇਸ਼ ਵਿਦਿਆਰਥੀਆਂ ਨੂੰ ਅਕਾਦਮਿਕ ਗਿਆਨ ਦੇ ਨਾਲ ਨਾਲ ਲੋਕਤੰਤਰੀ ਸਿਧਾਂਤਾਂ ਤੇ ਸੰਸਥਾਵਾਂ ਦੀ ਵਾਸਤਵਿਕ ਕਾਰਜਕਾਰੀ ਨੂੰ ਦਰਸਾਉਣਾ ਸੀ ਤਾਂ ਜੋ ਵਿਦਿਆਰਥੀ ਰਾਜਨੀਤਿਕ ਸੰਸਥਾਵਾਂ ਦੀ ਵਾਸਤਵਿਕ ਪ੍ਰਕਿਰਿਆ ਨੂੰ ਗੰਭੀਰਤਾ ਨਾਲ ਸਮਝ ਸਕਣ। ਇਸ ਮੌਕੇ ਵਿਭਾਗ ਦੇ ਮੁਖੀ ਪ੍ਰੋ. ਅਨੂ ਕੁਮਾਰੀ ਨੇ ਦੱਸਿਆ ਕਿ ਇਸ ਆਯੋਜਨ ਵਿੱਚ ਵੱਖ-ਵੱਖ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ ਜਿਸ ਵਿੱਚ ਕੇ ਸੀ ਐੱਲ ਇੰਸਟੀਚਿਊਟ ਆਫ ਲਾਅ ਅਤੇ ਲਾਇਲਪੁਰ ਖਾਲਸਾ ਕਾਲਜ ਆਫ ਐਜੂਕੇਸ਼ਨ ਦੇ ਵਿਦਿਆਰਥੀ ਸ਼ਾਮਿਲ ਸਨ। ਇਸ ਮੌਕੇ ਡਾ. ਬਲਰਾਜ ਕੌਰ ਮੁਖੀ ਅੰਗਰੇਜ਼ੀ ਵਿਭਾਗ, ਪ੍ਰੋ. ਅਹੂਜਾ ਸੰਦੀਪ ਇੰਚਾਰਜ ਜੀ ਐੱਮ ਸੀ, ਡਾ. ਜਸਵਿੰਦਰ ਕੌਰ ਮੁਖੀ ਈ ਵੀ ਐੱਸ, ਡਾ. ਬਲਵਿੰਦਰ ਸਿੰਘ ਬੋਲੀਨਾ ਡੀਨ ਕਲਚਰਲ ਅਫੇਅਰ, ਡਾ. ਕੁਲਦੀਪ ਸੋਢੀ ਡੀਨ ਵਿਦਿਆਰਥੀ ਭਲਾਈ (ਕਾਰਜਕਾਰੀ), ਡਾ. ਹਰਜਿੰਦਰ ਸਿੰਘ ਮੁਖੀ ਪੰਜਾਬੀ ਵਿਭਾਗ, ਡਾ. ਦਿਨਕਰ ਸ਼ਰਮਾ, ਪ੍ਰੋ. ਮੰਜੂ ਜੋਸ਼ੀ, ਡਾ. ਕਰਨਬੀਰ ਸਿੰਘ, ਡਾ. ਰਵਨੀਤ ਕੌਰ, ਡਾ. ਜੋਤੀ ਬੋਰਾ, ਡਾ. ਅਜੀਤਪਾਲ ਸਿੰਘ, ਡਾ.ਸਰਬਜੀਤ ਸਿੰਘ, ਪ੍ਰੋ. ਸੰਜੇ ਸ਼ਾਦ, ਪ੍ਰੋ. ਅਮਨ, ਪ੍ਰੋ. ਲਿਵਪ੍ਰੀਤ ਅਤੇ ਪ੍ਰੋ. ਜੀਨਤ ਵੀ ਮੌਜੂਦ ਸਨ।

# ਸਲੋਗਨ ਰਾਈਟਿੰਗ ਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ

**ਗੁਰਾਇਆ (ਬਿੰਦਰ ਸੁਮਨ)**

ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਦੀ ਅਗਵਾਈ ਹੇਠ ਤੇ ਐੱਨ ਐੱਸ ਐੱਸ ਵਿਭਾਗ ਦੇ ਸਹਿਯੋਗ ਨਾਲ ਭਾਰਤੀ ਚੋਣ ਕਮਿਸ਼ਨ ਅਤੇ ਜ਼ਿਲ੍ਹਾ ਚੋਣ ਅਫ਼ਸਰ-




ਕਮ-ਡਿਪਟੀ ਕਮਿਸ਼ਨਰ ਜਲੰਧਰ, ਜ਼ਿਲ੍ਹਾ ਸਿੱਖਿਆ ਅਫ਼ਸਰ ਦੀਆਂ ਹਦਾਇਤਾਂ ਅਨੁਸਾਰ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਸਲੋਗਨ ਰਾਈਟਿੰਗ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਇਹ ਪ੍ਰੋਗਰਾਮ ਕਰਵਾਉਣ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵੋਟ ਦੇ ਅਧਿਕਾਰ ਦੀ ਮਹੱਤਤਾ ਬਾਰੇ ਜਾਣਕਾਰੀ ਦੇਣਾ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਨਾ ਸੀ। ਇਸ ਮੌਕੇ ਵਿਦਿਆਰਥੀਆਂ ਨੇ ਉਤਸ਼ਾਹ ਪੂਰਵਕ ਸਲੋਗਨ ਰਾਈਟਿੰਗ ਅਤੇ ਪੋਸਟਰ ਮੇਕਿੰਗ ਮੁਕਾਬਲਿਆਂ ਵਿੱਚ ਹਿੱਸਾ ਲਿਆ। ਇਹਨਾਂ ਮੁਕਾਬਲਿਆ ਦੌਰਾਨ ਵਿਦਿਆਰਥੀਆਂ ਨੇ ਵੋਟ ਬਣਾਉਣ ਅਤੇ ਮਤਦਾਤਾ ਜਾਗਰੂਕਤਾ ਵਿਸ਼ਿਆਂ ਤੇ ਅਧਾਰਿਤ ਪੋਸਟਰ ਅਤੇ ਸਲੋਗਨ ਬਣਾ ਲੋਕਤੰਤਰ ਦਾ ਅਹਿਮ ਭਾਗ ਚੋਣਾਂ ਵਿਚ ਸ਼ਮੂਲੀਅਤ ਕਰਨ ਦਾ ਸੰਦੇਸ਼ ਦਿੱਤਾ, ਵੋਟਰ ਜਾਗਰੂਕਤਾ ਮੁਹਿੰਮ ਤਹਿਤ ਲੜੀਵਾਰ ਚੱਲ ਰਹੀਆਂ ਗਤੀਵਿਧੀਆਂ ਦੌਰਾਨ ਪਹਿਲੇ ਦਿਨ ਭਾਸ਼ਣ ਪ੍ਰਤੀਯੋਗਤਾ ਵਿੱਚ ਬੀ ਏ ਦੂਸਰੇ ਸਮੈਸਟਰ ਦੀ ਵਿਦਿਆਰਥਣਾਂ ਸੀਮਾ, ਗੁਰਪ੍ਰੀਤ ਕੌਰ ਤੇ ਬੀ ਪੀ ਈ ਐੱਸ ਭਾਗ ਦੂਸਰੇ ਦਾ ਵਿਦਿਆਰਥੀ ਵਿਸ਼ਵਲੇਖ ਨੇ ਵੋਟ ਅਧਿਕਾਰ ਸਬੰਧੀ ਜਾਣਕਾਰੀ ਦਿੱਤੀ। ਦੂਸਰੇ ਦਿਨ ਪੋਸਟਰ ਮੇਕਿੰਗ ਅਤੇ ਸਲੋਗਨ ਰਾਈਟਿੰਗ ਮੁਕਾਬਲੇ ਦੌਰਾਨ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਸੀਮਾ, ਗੁਰਪ੍ਰੀਤ ਤੇ ਲਵਪ੍ਰੀਤ (ਬੀ ਏ ਦੂਸਰਾ ਸਮੈਸਟਰ), ਮਨਿੰਦਰ (ਬੀ ਪੀ ਈ ਐੱਸ ਭਾਗ ਤੀਸਰਾ), ਜੋਤੀ, ਅਲੀਸ਼ਾ, ਟੀਨਾ, ਬਨਦੀਪ, ਹਰਜੋਤ ਤੇ ਕੁਲਜੀਤ ਸਿੰਘ (ਬੀ ਸੀ ਏ ਦੂਸਰੇ ਸਮੈਸਟਰ) ਤੇ ਮੋਹਿਤ, ਸਰਸਵਤੀ, ਪੂਜਾ, ਖੁਸ਼ਪ੍ਰੀਤ, ਜੁਲੇਖਾ, ਬੰਦਨਾ ਅਤੇ ਹਰਸ਼ (ਬੀ ਸੀ ਏ ਚੌਥਾ ਸਮੈਸਟਰ) ਨੇ ਰਚਨਾਤਮਕ ਕਲਾ ਦਾ ਪ੍ਰਦਰਸ਼ਨ ਕੀਤਾ, ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨੇ ਵਿਦਿਆਰਥੀਆਂ ਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਤੇ ਅਹਿਮੀਅਤ ਤੋਂ ਜਾਣੂ ਕਰਵਾਉਂਦਿਆਂ ਲੋਕਤੰਤਰ ਦੀ ਮਜਬੂਤੀ ਲਈ ਮਤਦਾਨ ਵਿੱਚ ਅਪਣੀ ਭਾਗੀਦਾਰੀ ਵਧਾਉਣ ਲਈ ਪ੍ਰੇਰਿਆ।

# ਆਰ ਐਮ ਪੀ ਆਈ ਮੀਟਿੰਗ 'ਚ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰਨ ਦੀ ਸਖ਼ਤ ਨਿਖੇਧੀ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਰਤੀ ਇਨਕਲਾਬੀ ਮਾਰਕਸਿਸਟ ਪਾਰਟੀ (ਆਰ ਐਮ ਪੀ ਆਈ) ਦੀ ਤਹਿਸੀਲ ਕਮੇਟੀ ਗੜ੍ਹਸ਼ੰਕਰ ਦੀ ਮੀਟਿੰਗ ਸਾਥੀ ਸ਼ਾਦੀ ਰਾਮ ਕਪੂਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਅਮਰੀਕਨ-ਇਜ਼ਰਾਇਲੀ ਜੰਗਬਾਜ਼ ਸਾਮਰਾਜ ਵੱਲੋਂ ਈਰਾਨ ਦੇ ਕੁਦਰਤੀ ਸਰੋਤਾਂ 'ਤੇ ਕਬਜ਼ਾ ਕਰਨ ਦੀ ਬੁਰੀ ਨੀਅਤ ਨਾਲ ਈਰਾਨ ਉੱਤੇ ਥੋਪੀ ਨਿਹੱਕੀ ਜੰਗ ਦੀ ਸਖ਼ਤ ਨਿਖੇਧੀ ਕੀਤੀ ਗਈ। ਇਸ ਸਮੇਂ ਮੰਗ ਕੀਤੀ ਗਈ ਕਿ ਇਸ ਜੰਗਬੰਦੀ ਨੂੰ ਪੱਕੇ ਤੌਰ 'ਤੇ ਲਾਗੂ ਕੀਤਾ ਜਾਵੇ ਅਤੇ ਨਾਲ ਹੀ ਇਜ਼ਰਾਈਲ ਦੁਆਰਾ ਲਿਬਨਾਨ 'ਤੇ ਕੀਤੇ ਜਾ ਰਹੇ ਹਮਲੇ ਵੀ ਰੋਕੇ ਜਾਣ ਅਤੇ ਭਵਿੱਖ ਵਿੱਚ ਅਮਰੀਕਾ ਦੀ ਧੌਂਸਬਾਜ਼ੀ 'ਤੇ ਨਕੇਲ ਕੱਸੀ ਜਾਵੇ ਤਾਂ ਕਿ ਕਿਸੇ ਹੋਰ ਦੇਸ਼ 'ਤੇ ਹਮਲਾ ਨਾ ਕਰ ਸਕੇ। ਜੰਗ ਦੌਰਾਨ ਕੀਤੀ ਗਈ ਬੇਤਹਾਸ਼ਾ ਮਹਿੰਗਾਈ 'ਤੇ ਰੋਕ ਲਾਈ ਜਾਵੇ। ਸਾਮਰਾਜ ਵਲੋਂ ਥੋਪੀਆਂ ਜਾ ਰਹੀਆਂ ਜੰਗਾਂ ਦੇ ਵਿਰੋਧ ਵਿੱਚ ਫਾਸ਼ੀਵਾਦੀ ਹਮਲਿਆਂ ਵਿਰੋਧੀ ਫਰੰਟ ਅਤੇ ਖੱਬੀਆਂ ਪਾਰਟੀਆਂ ਵੱਲੋਂ 16 ਅਪ੍ਰੈਲ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾਣ ਵਾਲੀ ਕਨਵੈਨਸ਼ਨ ਅਤੇ ਰੋਸ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਦੀ ਕਾਰਵਾਈ ਵਾਰੇ ਜਾਣਕਾਰੀ ਦਿੰਦਿਆਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਤਹਿਸੀਲ ਸਕੱਤਰ ਰਾਮਜੀ ਦਾਸ ਚੌਹਾਨ ਨੇ ਦੱਸਿਆ ਕਿ ਪਿਛਲੇ ਦਿਨੀਂ ਪਿੰਡ ਨੂਰਪੁਰ ਜੱਟਾਂ ਵਿਖੇ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੀ ਘਟਨਾ ਦਾ ਵੀ ਗੰਭੀਰ ਨੋਟਿਸ ਲਿਆ ਅਤੇ ਇਸ ਘਟਨਾ ਦੀ ਕਰੜੀ ਨਿੰਦਿਆਂ ਕਰਦਿਆਂ ਇਸ ਘਟਨਾ ਲਈ ਜ਼ਿੰਮੇਵਾਰ ਸ਼ਰਾਰਤੀ ਅਨਸਰਾਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ ਗਈ। ਮੀਟਿੰਗ ਵਿੱਚ ਅਵਤਾਰ ਸਿੰਘ, ਬਲਵੰਤ ਰਾਮ, ਸ਼ਾਮ ਸੁੰਦਰ ਕਪੂਰ, ਗੋਪਾਲ ਦਾਸ ਮਨਹੋਤਰਾ, ਸਾਥੀ ਕੁਲਭੂਸ਼ਨ ਕੁਮਾਰ, ਹਰਮੇਸ਼ ਲਾਲ ਆਜ਼ਾਦ, ਅਸ਼ੋਕ ਸ਼ਰਮਾ, ਮੋਹਣ ਲਾਲ ਧੀਮਾਨ, ਸੰਤ ਰਾਮ, ਬਲਜੀਤ ਕੁਮਾਰ, ਦਵਿੰਦਰ ਰਾਣਾ ਮਹਿੰਦਵਾਣੀ, ਸ਼ਿੰਗਾਰਾ ਰਾਮ ਭੱਜਲ, ਮਿਥਲੇਸ਼ ਕੁਮਾਰ ਆਦਿ ਹਾਜ਼ਰ ਸਨ।

# ਹਰਜੋਤ ਬੈਂਸ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦੇ ਸਮੁੱਚੇ ਵਿਕਾਸ ਲਈ ਵੱਡੇ ਪ੍ਰੋਜੈਕਟਾਂ ਦੀ ਸੌਗਾਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਨੂੰ ਆਧੁਨਿਕ ਅਤੇ ਵਿਸ਼ਵ ਪੱਧਰੀ ਸ਼ਹਿਰ ਵਜੋਂ ਵਿਕਸਤ ਕਰਨ ਲਈ ਕਈ ਮਹੱਤਵਪੂਰਨ ਪ੍ਰੋਜੈਕਟਾਂ ਦੀਆ ਸੌਗਾਤਾਂ ਦਿੱਤੀਆਂ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪੂਰੇ ਸ਼ਹਿਰ ਵਿੱਚ ਐਡਵਾਂਸ ਸੀਸੀਟੀਵੀ ਕੈਮਰੇ ਲਗਾਏ ਗਏ ਹਨ, ਜਿਸ ਨਾਲ ਕਾਨੂੰਨ-ਵਿਵਸਥਾ ਹੋਰ ਮਜ਼ਬੂਤ ਹੋਵੇਗੀ ਅਤੇ ਸੁਰੱਖਿਆ ਪ੍ਰਬੰਧਾਂ ਵਿੱਚ ਸੁਧਾਰ ਆਇਆ ਹੈ। ਇਸ ਦੇ ਨਾਲ ਹੀ ਸ਼ਹਿਰ ਦੀਆਂ ਸਾਰੀਆਂ ਨਾਲੀਆਂ ਨੂੰ ਅੰਡਰਗਰਾਊਂਡ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਲਗਭਗ 22 ਕਰੋੜ ਰੁਪਏ ਦੀ ਲਾਗਤ ਨਾਲ ਪੂਰੇ ਸ਼ਹਿਰ ਦੀਆਂ ਸੜਕਾਂ ਦਾ ਨਿਰਮਾਣ ਅਤੇ ਮੁਰੰਮਤ ਹੋ ਰਹੀ ਹੈ।ਇਥੇ ਵਿਸ਼ਵ ਪੱਧਰੀ ਯੂਨੀਵਰਸਿਟੀ ਸਥਾਪਿਤ ਕਰਨ ਦੀ ਯੋਜਨਾ ਬਣਾਈ ਗਈ ਹੈ। ਇਸ ਦੇ ਨਾਲ ਹੀ ਸਕੂਲ ਆਫ ਐਮੀਨੈਸ ਦੀ ਸਥਾਪਨਾ ਕਰਕੇ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕੀਤੀ ਗਈ ਹੈ।ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਸ਼ੂਟਿੰਗ ਰੇਂਜ ਅਤੇ ਹਾਕੀ ਆਸਟ੍ਰੋਟਰਫ ਗ੍ਰਾਊਂਡ ਬਣਾਏ ਜਾ ਰਹੇ ਹਨ।ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਟਰਾਮਾ ਸੈਂਟਰ ਅਤੇ ਜੱਚਾ-ਬੱਚਾ ਸੰਭਾਲ ਹਸਪਤਾਲ ਦੀ ਸਥਾਪਨਾ ਕੀਤੀ ਜਾਵੇਗੀ। ਇਸ ਦੇ ਨਾਲ ਹੀ ਸ਼ਹਿਰ ਦੀ ਸੁੰਦਰਤਾ ਨੂੰ ਨਿਖਾਰਨ ਲਈ 13 ਲੱਖ ਰੁਪਏ ਦੀ ਲਾਗਤ ਨਾਲ ਚਿੱਤਰਕਾਰੀ ਕਰਵਾਈ ਗਈ ਹੈ ਅਤੇ ਮੁੱਖ ਮੰਤਰੀ ਤੀਰਥ ਯਾਤਰਾ ਦੇ ਸ਼ਰਧਾਲੂਆਂ ਦੀ ਸਹੂਲਤ ਲਈ ਪੱਕੀ ਟੈਂਟ ਸਿਟੀ ਦਾ ਨਿਰਮਾਣ ਵੀ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ 15 ਏਕੜ ਵਿੱਚ ਲਗਭਗ 100 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪ੍ਰਸ਼ਾਸਕੀ ਕੰਪਲੈਕਸ ਬਣਾਇਆ ਜਾਵੇਗਾ।ਇਸ ਤੋਂ ਇਲਾਵਾ ਚਰਨ ਗੰਗਾ ਸਟੇਡੀਅਮ ਦਾ ਨਵਾਂ ਡਿਜ਼ਾਈਨ ਤਿਆਰ ਕੀਤਾ ਜਾ ਰਿਹਾ ਹੈ ਅਤੇ ਚਰਨ ਗੰਗਾ ਖੱਡ ਰਾਹੀਂ ਵਾਟਰ ਟੂਰਿਜ਼ਮ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਜਾਰੀ ਹਨ।

# ਹੁਣ ਰੌਸ਼ਨੀ ਨਾਲ ਜਗਮਗਾਉਣਗੇ ਪੰਜਾਬ ਦੇ ਪਿੰਡ : ਜਲਾਲਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਪੇਂਡੂ ਖੇਤਰਾਂ ਦੀ ਨੁਹਾਰ ਬਦਲਣ ਲਈ ਮੁੱਖ ਮੰਤਰੀ ਰੋਸ਼ਨ ਪੰਜਾਬ ਯੋਜਨਾ ਦਾ ਆਗਾਜ਼ ਕੀਤਾ ਗਿਆ ਹੈ। ਜ਼ਿਲਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਨੇ ਦੱਸਿਆ ਕਿ



ਪਿਛਲੇ 70 ਸਾਲਾਂ ਵਿੱਚ ਸਿਰਫ਼ 1.14 ਲੱਖ ਲਾਈਟਾਂ ਲੱਗੀਆਂ ਹਨ, ਜਦਕਿ ਮਾਨ ਸਰਕਾਰ ਹੁਣ ਇਕੱਠੀਆਂ 3 ਲੱਖ ਤੋਂ ਵੱਧ ਸੋਲਰ ਲਾਈਟਾਂ ਲਗਾਉਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਪੰਚਾਇਤਾਂ 'ਤੇ ਪੈਣ ਵਾਲਾ ਆਰਥਿਕ ਬੋਝ ਘਟੇਗਾ ਅਤੇ ਪਿੰਡਾਂ ਦੀਆਂ ਗਲੀਆਂ ਸ਼ਹਿਰਾਂ ਵਾਂਗ ਰੁਸ਼ਨਾਉਣਗੀਆਂ। ਇਸ ਤੋਂ ਇਲਾਵਾ ਸਰਕਾਰ ਵੱਲੋਂ ਹਰ ਘਰ ਨੂੰ 10 ਲੱਖ ਤੱਕ ਦੀ ਹੈਲਥ ਕਵਰੇਜ ਤੇ ਮਹਿਲਾਵਾਂ ਲਈ ਵਿੱਤੀ ਸਹਾਇਤਾ ਵਰਗੇ ਹੋਰ ਵੀ ਕਈ ਅਹਿਮ ਫੈਸਲੇ ਲਏ ਗਏ ਹਨ।ਪਹਿਲਾਂ ਪੰਚਾਇਤਾਂ ਨੂੰ 70% ਹਿੱਸਾ ਦੇਣਾ ਪੈਂਦਾ ਸੀ, ਪਰ ਹੁਣ ਸਰਕਾਰ 70% ਖਰਚਾ ਕਰੇਗੀ ਅਤੇ ਪੰਚਾਇਤਾਂ ਨੂੰ ਸਿਰਫ਼ 30% ਹਿੱਸਾ ਦੇਣਾ ਹੋਵੇਗਾ।ਸੂਬੇ ਦੇ ਲਗਭਗ 11,500 ਤੋਂ 13,000 ਪਿੰਡਾਂ ਵਿੱਚ 3 ਲੱਖ ਤੋਂ ਵੱਧ ਸੋਲਰ ਸਟਰੀਟ ਲਾਈਟਾਂ ਲਗਾਈਆਂ ਜਾਣਗੀਆਂ। ਹਰੇਕ ਪਿੰਡ ਵਿੱਚ ਘੱਟੋ-ਘੱਟ 27 ਲਾਈਟਾਂ ਲਗਾਈਆਂ ਜਾਣਗੀਆਂ, ਜਿਸ ਨਾਲ ਰਾਤ ਸਮੇਂ ਸੁਰੱਖਿਆ ਵਧੇਗੀ, ਸਰਕਾਰ ਨਾ ਸਿਰਫ਼ ਲਾਈਟਾਂ ਲਗਾਏਗੀ, ਬਲਕਿ ਇਹਨਾਂ ਦੀ ਰੱਖ-ਰਖਾਅ ਦੀ ਜ਼ਿੰਮੇਵਾਰੀ ਵੀ ਖੁਦ ਲਵੇਗੀ।

# ਘਰੇਲੂ ਗੈਸ ਸਿਲੰਡਰ ਨਾ ਮਿਲਣ 'ਤੇ ਕੀਤਾ ਮੁਜ਼ਾਹਰਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਅੱਡਾ ਚੱਗਰਾਂ ਵਿਚ ਧੁੱਪੇ ਲਾਇਨਾਂ ਲਗਾ ਕੇ ਗੈਸ ਸਪਲਾਈ ਲੈਣ ਲਈ ਖੜੇ ਗੈਸ ਖਪਤਕਾਰਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆਂ ਤੇ ਕੇਂਦਰ ਸਰਕਾਰ ਦੇ ਪੈਟਰੋਲੀਅਮ ਮੰਤਰਾਲੇ ਵਲੋਂ ਗੈਸ ਦੀ ਕੋਈ ਘਾਟ ਸਬੰਧੀ ਬੋਲੇ ਜਾ ਰਹੇ ਗੁੰਮਰਾਹ ਕਰਨ ਝੂਠ ਦੀ ਖਪਤਕਾਰਾਂ ਨੂੰ ਨਾਲ ਲੈ ਕੇ ਹੱਥਾਂ ਵਿਚ ਗੈਸ ਦੀਆਂ ਕਾਪੀਆਂ ਫੜ੍ਹ ਕੇ ਮੁਜਾਹਰਾ ਕੀਤਾ ਤੇ ਕਿਹਾ ਕਿ ਸਰਕਾਰ ਦੀਆਂ ਗਲਤ ਨੀਤੀਆਂ ਦਾ ਸਾਰਾ ਖਮਿਆਜਾ ਆਮ ਖਪਤਕਾਰਾਂ ਨੂੰ ਭੁਗਤਣਾ ਪੈ ਰਿਹਾ ਹੈ।ਪਹਿਲਾਂ ਤਾਂ ਓ ਟੀ ਪੀ ਬੁਕਿੰਗ ਲਈ ਮੋਬਾਇਲ ਆਉਂਦਾ ਸੀ ਤਾਂ ਕਿ ਗੈਸ ਦੀ ਸਪਲਾਈ ਸਿਰਫ ਅਸਲੀ ਖਪਤਕਾਰ ਨੂੰ ਹੀ ਮਿਲ ਸਕੇ।ਹੁਣ ਪੈਟਰੋਲੀਮ ਕੰਪਨੀਆਂ ਨੇ ਓ ਟੀ ਪੀ ਨੂੰ ਬਦਲੀ ਕਰਕੇ ਡੀ ਏ ਸੀ (ਡਲਿਵਰੀ ਅਥਾਨਟੀਕੇਸ਼ਨ ਕੋਡ) ਨੰਬਰ ਕਰ ਦਿਤਾ, ਪਰ ਲੋਕ ਹਾਲੇ ਵੀ ਓ ਟੀ ਪੀ ਨੰਬਰ ਲਭਦੇ ਰਹਿੰਦੇ ਹਨ। ਜਦੋਂ ਖਪਤਕਾਰ ਲਾਇਨ ਵਿਚ ਲਗਦਾ ਹੈ ਤਾਂ ਇਹ ਵੀ ਜਰੂਰੀ ਨਹੀਂ ਹੁੰਦਾ ਕਿ ਗੈਸ ਸਿਲੰਡਰ ਮਿਲ ਜਾਵੇਗਾ। ਸਾਫ ਵਿਖਾਈ ਦਿੰਦਾ ਹੈ ਕਿ ਗੈਸ ਦੀ ਵੱਡੀ ਘਾਟ ਮਾਰਕੀਟ ਵਿਚ ਮੌਜੂਦ ਹੈ।ਪਰ ਇਸ ਦਾ ਖਮਿਆਜਾ ਗੈਸ ਏਜੰਸੀ ਦੇ ਮਾਲਕਾਂ ਨੂੰ ਵੀ ਭੁਗਤਣਾ ਪੈ ਰਿਹਾ ਹੈ,ਿ ਕਉਂਕਿ ਉਨ੍ਹਾਂ ਦੀ ਡੀਲਿੰਗ ਸਿੱਧੀ



ਖਪਤਕਾਰਾਂ ਨਾਲ ਹੈ।ਧੀਮਾਨ ਨੇ ਕਿਹਾ ਕਿ ਅਗਰ ਗੈਸ ਕੰਪਨੀਆਂ ਨੇ ਗੈਸ ਸਪਲਾਈ ਵਿਚ ਸੁਧਾਰ ਨਹੀਂ ਕੀਤਾ ਤਾਂ ਲੋਕਾਂ ਨੂੰ ਲਾਮਬੰਦ ਕੀਤਾ ਜਾਵੇਗਾ ।ਇਸ ਮੌਕੇ ਕਰਮਵੀਰ ਸਿੰਘ, ਜੈਦੀਪ ਸਿੰਘ, ਪ੍ਰਭਦੀਪ ਸਿੰਘ, ਜਗਦੀਸ਼ ਲਾਲ, ਹਰਜਿੰਦਰ ਸਿੰਘ, ਰਾਜੇਸ਼ ਕੁਮਾਰ, ਸੋਨੀਆ, ਅਮਨਦੀਪ ਕੌਰ, ਗੁਰਦੇਵ ਸਿੰਘ ਆਦਿ ਹਾਜ਼ਰ ਸਨ।

# ਕਾਲਜ ਵਿਦਿਆਰਥੀਆਂ ਨੇ ਸਟੇਟ ਟੈੱਟ ਕੀਤਾ ਪਾਸ



**ਕਰਤਾਰਪੁਰ (ਹਰਮੇਸ਼ ਦੱਤ)**-ਓਮ ਪ੍ਰਕਾਸ਼ ਮਮੋਰੀਅਲ ਇੰਸਟੀਚਿਊਟ ਆਫ ਐਜੂਕੇਸ਼ਨ ਦਿਆਲਪੁਰ ਦੇ ਵਿਦਿਆਰਥੀਆਂ ਨੇ ਪੰਜਾਬ ਰਾਜ ਅਧਿਆਪਕ ਯੋਗਤਾ ਇਮਤਿਹਾਨ ਸਾਲ 2025 ਪਾਸ ਕੀਤਾ ਹੈ। ਕਾਲਜ ਦੇ ਵਿਦਿਆਰਥੀਆਂ ਸਚਲੀਨ ਕੌਰ, ਜੋਤੀ ਬਾਲਾ, ਅਰੁਸ਼ੀ ਸੇਠ, ਪ੍ਰੀਆ, ਨੀਰੂ ਅਤੇ ਮੀਨਾ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਇਸ ਇਮਤਿਹਾਨ ਵਿੱਚ ਚੰਗੇ ਨੰਬਰ ਪ੍ਰਾਪਤ ਕੀਤੇ ਹਨ। ਕਾਲਜ ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਡਾਕਟਰ ਵਿਨੋਦ ਕੁਮਾਰ ਤੇ ਕਾਲਜ ਸਟਾਫ ਨੇ ਇਨਾਂ ਵਿਦਿਆਰਥੀਆਂ ਦੀ ਪ੍ਰਾਪਤੀ 'ਤੇ ਉਹਨਾਂ ਦੇ ਮਾਤਾ ਪਿਤਾ ਤੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਕਾਲਜ ਦੇ ਚੇਅਰਮੈਨ ਸਤੀਸ਼ ਕੁਮਾਰ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

# ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਹਾੜਾ 5 ਨੂੰ ਮਨਾਇਆ ਜਾਵੇਗਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਕਿਲ੍ਹਾ ਮਹਾਰਾਜਾ ਜੱਸਾ ਰਾਮਗੜ੍ਹੀਆ ਤੇ ਟਰੱਸਟ ਦੀ ਮੀਟਿੰਗ ਪ੍ਰਧਾਨ ਹਰਬੰਸ ਸਿੰਘ ਟਾਂਡਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਟਰੱਸਟ ਦੇ ਚੇਅਰਮੈਨ ਹਰਦੇਵ ਸਿੰਘ ਕੌਂਸਲ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਮੀਟਿੰਗ ਦੌਰਾਨ ਵਰਲਡ ਪੱਧਰ ਤੇ ਇਤਿਹਾਸਕ ਕਿੱਲ੍ਹੇ ਉਪਰ 5 ਮਈ ਨੂੰ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ



ਦਿਹਾੜਾ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਬੜੇ ਚਾਵਾਂ ਮਲਾਰਾਂ ਨਾਲ ਮਨਾਉਣ ਲਈ ਡਿਊਟੀਆਂ ਲਗਾਈਆਂ ਗਈਆਂ। ਜਨਮ ਦਿਹਾੜੇ ਮੌਕੇ ਰਾਜਨੀਤਿਕ ਧਾਰਮਿਕ ਤੇ ਵਿਸ਼ਵ ਪੱਧਰੀ ਜਥੇਬੰਦੀਆਂ ਹਾਜ਼ਰੀ ਭਰਨਗੀਆਂ, ਗੁਰੂ ਗ੍ਰੰਥ ਸਾਹਿਬ ਮਹਾਰਾਜ ਦੇ ਅਖੰਡ ਪਾਠ ਸਾਹਿਬ 3 ਤਾਰੀਖ ਨੂੰ ਰੱਖੇ ਜਾਣਗੇ ਤੇ 5 ਤਾਰੀਖ ਨੂੰ ਭੋਗ ਕੀਰਤਨ ਤੇ ਪੰਥਕ ਵਿਚਾਰਾਂ ਹੋਣਗੀਆਂ ਸੰਗਤ ਦੇ ਸਵਾਗਤ ਲਈ ਚਾਹ ਪਕੌੜੇ ਗੁਰੂ ਕਾ ਲੰਗਰ ਦਾ ਇੰਤਜ਼ਾਮ ਬਹੁਤ ਵਧੀਆ ਹੋਵੇਗਾ। ਜਿੰਨਾ ਸ਼ਖਸੀਅਤਾਂ ਨੇ ਸਮਾਜ ਅੰਦਰ ਵਧੀਆ ਕਾਰਜ ਕੀਤੇ ਹਨ ਉਹਨਾਂ ਨੂੰ ਸਨਮਾਨਤ ਕੀਤਾ ਜਾਵੇਗਾ। ਇਸ ਵਾਰ ਪਹਿਲਾ ਮਹਾਰਾਜਾ ਸ ਜੱਸਾ ਸਿੰਘ ਰਾਮਗੜ੍ਹੀਆ ਐਵਾਰਡ ਕਿਸੇ ਵੱਡੀ ਸ਼ਖ਼ਸੀਅਤ ਨੂੰ ਦਿੱਤਾ ਜਾਵੇਗਾ।ਮੀਟਿੰਗ ਦੌਰਾਨ ਧਰਮਪਾਲ ਸਲਗੋਤਰਾ, ਲਖਵੀਰ ਸਿੰਘ, ਬਲਵੀਰ ਸਿੰਘ, ਦਵਿੰਦਰ ਸਿੰਘ, ਰਵਿੰਦਰ ਸਿੰਘ ਮੁਕੇਰੀਆਂ, ਮਾਲਵਾ ਸਾਹਿਬ ਟਾਂਡਾ, ਗੁਰਵਿੰਦਰ ਸਿੰਘ, ਦਲਵੀਰ ਸਿੰਘ ਸਰਪੰਚ ਬੀਬੀਆਂ ਦਾ ਜੱਥਾ, ਨੌਜਵਾਨਾਂ ਦਾ ਕਲੱਬ ਹਾਜ਼ਰ ਸਨ।

# ਨੌਜਵਾਨ ਤੋਂ ਹੈਰੋਇਨ ਬਰਾਮਦ

**ਨਵਾਂਸ਼ਹਿਰ (ਮਨੋਜ ਲਾਡੀ)**-ਪੁਲਸ ਥਾਣਾ ਸਿਟੀ ਨਵਾਂਸ਼ਹਿਰ ਵਿਖੇ ਦਰਜ ਮਾਮਲੇ ਅਨੁਸਾਰ ਏ ਐੱਸ ਆਈ ਰਵੀ ਕੁਮਾਰ ਨੇ ਦੱਸਦਿਆ ਕਿਹਾ ਕਿ ਉਹ ਸਮੇਤ ਪੁਲਸ ਪਾਰਟੀ ਦੇ ਮਹਿੰਦੀਪੁਰ ਬਾਈਪਾਸ ਤੋਂ ਹੋ ਕੇ ਕੱਲਰਾਂ ਮੁਹੱਲਾ ਸਾਈਡ ਨੂੰ ਜਾ ਰਹੇ ਸੀ। ਜਦੋਂ ਪੁਲਸ ਪਾਰਟੀ ਦੀ ਗੱਡੀ ਕੱਲਰਾਂ ਮੁਹੱਲਾ ਪਾਸ ਪੁਲੀ ਕੋਲ ਪੁੱਜੀ ਤਾਂ ਪੁਲੀ 'ਤੇ ਸੜਕ ਕਿਨਾਰੇ ਇਕ ਨੌਜਵਾਨ ਖੜ੍ਹਾ ਦਿਖਾਈ ਦਿੱਤਾ। ਜਿਸ ਨੇ ਪੁਲਸ ਪਾਰਟੀ ਦੀ ਗੱਡੀ ਆਪਣੇ ਵੱਲ ਆਉਂਦੀ ਦੇਖ ਕੇ ਯਕਦਮ ਘਬਰਾ ਕੇ ਆਪਣੇ ਸੱਜੇ ਹੱਥ 'ਚ ਫੜੀ ਇੱਕ ਲਿਫਾਫੀ ਸੜਕ ਕਿਨਾਰੇ ਸੁੱਟ ਦਿੱਤੀ ਤੇ ਆਪ ਪਿੱਛੇ ਨੂੰ ਭੱਜਣ ਲੱਗਾ, ਤਾਂ ਏ ਐੱਸ ਆਈ ਰਵੀ ਕੁਮਾਰ ਨੇ ਗੱਡੀ ਰੁਕਵਾ ਕੇ ਨੌਜਵਾਨ ਨੂੰ ਸਾਥੀ ਕਮਚਾਰੀਆਂ ਦੀ ਮਦਦ ਨਾਲ ਕਾਬੂ ਕੀਤਾ। ਜਿਸ ਵੱਲੋਂ ਸੁੱਟੀ ਹੋਈ ਲਿਫਾਫੀ 'ਚੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ।

# ਕੇਸੀ ਕਾਲਜ ਆਫ ਫਾਰਮੇਸੀ ਦੇ ਬੀ-ਫਾਰਮਾ ਦੇ ਪੰਜਵੇਂ ਤੇ ਸੱਤਵੇਂ ਸਮੈਸਟਰ ਦੇ ਨਤੀਜੇ ਸ਼ਾਨਦਾਰ

**ਨਵਾਂਸ਼ਹਿਰ (ਮਨੋਜ ਲਾਡੀ)**- ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਵੱਲੋਂ ਕੇਸੀ ਕਾਲਜ ਆਫ ਫਾਰਮੇਸੀ ਦੇ ਨਵੰਬਰ-ਦਸੰਬਰ 2025 ਦੀਆਂ ਪ੍ਰੀਖਿਆਵਾਂ ਲਈ ਐਲਾਨੇ ਗਏ ਬੀ-ਫਾਰਮਾ (ਚਾਰ ਸਾਲਾ ਡਿਗਰੀ) ਦੇ ਪੰਜਵੇਂ ਅਤੇ ਸੱਤਵੇਂ ਸਮੈਸਟਰ ਦੇ ਨਤੀਜੇ ਸ਼ਾਨਦਾਰ ਰਹੇ ਹਨ।ਕਾਲਜ ਮੁਖੀ ਡਾ. ਏਸੀ ਰਾਣਾ ਅਤੇ ਅਮਨਜੋਤ ਕੌਰ ਨੇ ਦੱਸਿਆ ਕਿ ਸੁਮੈਨਿਕਾ ਨੇ 892 ਐਸਜੀਪੀਏ (ਸਮੈਸਟਰ ਗ੍ਰੇਡ ਪੁਆਇੰਟ ਐਵਰੇਜ) ਲੈ ਕੇ ਕਾਲਜ 'ਚ ਪਹਿਲਾ, ਮਨੀਸ਼ਾ ਨੇ 8.85 ਐਸਜੀਪੀਏ ਨਾਲ ਦੂਜਾ ਅਤੇ ਅਲੀਸ਼ਾ ਨੇ 8.77 ਐਸਜੀਪੀਏ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ । ਇਸੇ ਤਰ੍ਹਾਂ ਹੀ ਸੱਤਵੇਂ ਸਮੈਸਟਰ 'ਚ ਸ਼ਹਿਜ਼ਾਦ ਅਹਿਮਦ ਨੇ 7.58 ਐਸਜੀਪੀਏ ਨਾਲ ਪਹਿਲਾ ਅਤੇ ਸਿਮਰਨ ਨੇ 7.33 ਐਸਜੀਪੀਏ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ । ਕੇਸੀ ਗਰੁੱਪ ਦੇ ਚੇਅਰਮੈਨ ਪ੍ਰੇਮ ਪਾਲ ਗਾਂਧੀ, ਕੈਂਪਸ ਡਾਇਰੈਕਟਰ ਡਾ. ਅਵਤਾਰ ਚੰਦ ਰਾਣਾ, ਕਾਲਜ ਮੁਖੀ ਅਮਨਜੋਤ ਕੌਰ ਅਤੇ ਸਟਾਫ਼ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ

# ਬੇਗਮਪੁਰਾ ਟਾਈਗਰ ਫੋਰਸ ਨੇ ਰਾਖਵੇਂਕਰਨ ਲਈ ਦਿੱਤਾ ਮੰਗ ਪੱਤਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਵਲੋਂ ਨਾਇਬ ਤਹਿਸੀਲਦਾਰ ਰਾਜ ਕੁਮਾਰ ਭੂੰਗਾ ਹੁਸ਼ਿਆਰਪੁਰ ਰਾਹੀ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਐੱਸ ਸੀ, ਐੱਸ ਟੀ ਤੇ ਬੀ ਸੀ ਲੋਕਾਂ ਨੂੰ ਮਿਲਦੀ ਰਾਖਵੇਂਕਰਨ ਦੀ ਸਹੂਲਤ ਸਬੰਧੀ ਇੱਕ ਮੰਗ ਪੱਤਰ ਭੇਜਿਆ ਗਿਆ। ਇਸ ਸਬੰਧੀ ਬੰਟੀ ਹਰਿਆਣਾ ਪ੍ਰਧਾਨ ਹਲਕਾ ਸ਼ਾਮ ਚੁਰਾਸੀ ਤੇ ਅਮਰੀਕ ਸਿੰਘ ਰਾਜੂ ਨੇ ਦੱਸਿਆ ਕਿ ਸੁਪਰੀਮ ਕੋਰਟ ਨੇ ਐਸੀ ਕੈਟਾਗਰੀਆਂ ਦੇ ਉਮੀਦਵਾਰਾ ਨੂੰ ਮਿਲ ਰਹੀ ਰਾਖਵੇਂਕਰਨ ਦੀ ਸਹੂਲਤ ਨੂੰ ਮੌਲਿਕ ਅਧਿਕਾਰਾਂ ਦੀ ਸੂਚੀ ਤੋਂ ਬਾਹਰ ਕਰ ਦਿੱਤਾ ਹੈ, ਜੋ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ ਸੁਪਨਿਆਂ ਤੇ ਇਕ ਸੋਚਿਆ ਸਮਝਿਆ ਡਾਕਾ ਹੈ। ਰਾਖਵੇਂਕਰਨ ਦੀ ਸਹੂਲਤ ਨਾਲ ਐੱਸ ਸੀ, ਐੱਸ ਟੀ ਤੇ ਬੀ ਸੀ ਲੋਕਾਂ ਦੇ ਹੋ ਰਹੇ ਵਿਕਾਸ ਤੋਂ ਬ੍ਰਾਹਮਣਵਾਦ ਬਹੁਤ ਪਰੇਸ਼ਾਨ ਚਲਿਆ ਆ ਰਿਹਾ ਹੈ। ਕਿਉਂਕਿ ਰਾਖਵੇਂਕਰਨ ਦੀ ਸਹੂਲਤ ਨਾਲ ਬਹੁਤ ਸਾਰੇ ਇਹਨਾਂ ਵਰਗਾ ਦੇ ਲੋਕ ਆਈ ਪੀ ਐੱਸ, ਆਈ ਏ ਐੱਸ ਤੇ ਆਈ ਐੱਫ ਐੱਸ ਆਦਿ ਪਹਿਲੇ ਦਰਜੇ ਦੇ ਅਫਸਰ ਬਣਨ ਲੱਗ ਪਏ ਸਨ। ਮਾਣਯੋਗ ਸੁਪਰੀਮ ਕੋਰਟ ਨੇ ਰਾਖਵੇਂਕਰਨ ਦੀ ਸਹੂਲਤ ਨੂੰ ਮੌਲਿਕ ਅਧਿਕਾਰਾਂ ਤੋਂ ਬਾਹਰ ਕੱਢ ਦਿੱਤਾ ਹੈ, ਜੋ ਕਿ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ ਸੁਪਨਿਆਂ ਤੇ ਬਹੁਤ ਵੱਡਾ ਡਾਕਾ ਹੈ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਇਸ ਰਾਖਵੇਂਕਰਨ ਦੀ ਸਹੂਲਤ ਸਬੰਧੀ ਇੱਕ ਅਧਿਆਦੇਸ਼ ਜਾਰੀ ਕਰਕੇ ਐੱਸ ਸੀ, ਐੱਸ ਟੀ ਤੇ ਬੀ ਸੀ ਲੋਕਾਂ ਨੂੰ ਮਿਲ ਰਹੇ ਰਾਖਵੇਂਕਰਨ ਦੀ ਸਹੂਲਤ ਨੂੰ 9ਵੀਂ ਅਨੁਸੂਚੀ ਵਿੱਚ ਸ਼ਾਮਿਲ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਰਾਖਵੇਂਕਰਨ ਦੀ ਸਹੂਲਤ ਵਿੱਚ ਕੋਈ ਸੋਧ ਨਾ ਕੀਤੀ ਜਾ ਸਕੇ ਅਤੇ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਿਲ ਹੋਣ ਲਈ ਐੱਸ ਸੀ, ਐੱਸ ਟੀ ਤੇ ਬੀ ਸੀ ਉਮੀਦਵਾਰਾਂ ਨੂੰ ਰਾਖਵੇਂਕਰਨ ਦੀ ਸਹੂਲਤ ਮਿਲਦੀ ਰਹੇ।ਇਸ ਮੌਕੇ ਹੋਰਨਾਂ ਤੋ ਇਲਾਵਾ ਤਜਿੰਦਰ ਸਿੰਘ, ਰਮਨ ਕਲੋਤਾ, ਸੁਖਜਿੰਦਰ ਸਿੰਘ, ਹਰਜਿੰਦਰ ਸਿੰਘ, ਬੂਟਾ ਰਾਮ ਆਦਿ ਹਾਜ਼ਰ ਸਨ।

# ਸਰਕਾਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਦਾ ਬਕਾਇਆ ਡੀ ਏ ਤੁਰੰਤ ਰਿਲੀਜ਼ ਕਰੇ : ਜੱਗੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਰੋਡਵੇਜ਼ ਯੂਨੀਅਨ ਹੁਸ਼ਿਆਰਪੁਰ ਦੀ ਮਹੀਨਾ ਵਾਰ ਮੀਟਿੰਗ ਪਾਰਟੀ ਦਫਤਰ ਵਿਖੇ ਕੁਲਦੀਪ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਸ਼ੁਰੂ ਵਿੱਚ ਜਸਬੀਰ ਸਿੰਘ ਡਰਾਈਵਰ ਨੰਬਰ 13 ਦੀ ਹੋਈ ਅਚਾਨਕ ਮੌਤ ਤੇ ਸ਼ੋਕ ਮਤਾ ਪਾਸ ਕੀਤਾ ਤੇ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ।ਇਸ ਉਪਰੰਤ ਯੂਨੀਅਨ ਦੇ ਮੁੱਖ ਬੁਲਾਰਿਆਂ ਅਮਰੀਕ ਸਿੰਘ ਜਨਰਲ ਸਕੱਤਰ, ਜਗਜੀਤ ਸਿੰਘ ਜੱਗੀ ਵਧੀਕ ਜਨਰਲ ਸਕੱਤਰ, ਜੋਗਾ ਸਿੰਘ ਮੀਤ ਪ੍ਰਧਾਨ, ਬਿੱਕਰ ਸਿੰਘ ਮੀਤ ਸਕੱਤਰ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਪੰਜਾਬ ਸਰਕਾਰ ਵੱਲੋਂ ਰੋਕਿਆ ਹੋਇਆ 16% ਡੀਏ 30 ਜੂਨ 2026 ਤੱਕ ਜਾਰੀ ਕਰਨ ਦੇ ਫੈਸਲੇ ਦਾ ਸਵਾਗਤ ਕੀਤਾ। ਸਰਕਾਰ ਨੂੰ ਹਾਈ ਕੋਰਟ ਦੇ ਫੈਸਲੇ ਨੂੰ ਲਾਗੂ ਕਰਕੇ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦਾ ਬਕਾਇਆ ਡੀ ਏ ਤੁਰੰਤ ਰਿਲੀਜ਼ ਕਰਨਾ ਚਾਹੀਦਾ ਹੈ। ਇਸ ਮੌਕੇ ਉਪਰੋਕਤ ਇਲਾਵਾ ਮੀਟਿੰਗ ਵਿੱਚ ਦਵਿੰਦਰ ਸਿੰਘ, ਗੁਰਦੇਵ ਸਿੰਘ, ਕਿਸ਼ਨ ਦਾਸ, ਸੁਰਜੀਤ ਸਿੰਘ, ਹਰਬੰਸ ਸਿੰਘ, ਓਕਾਰ ਸਿੰਘ, ਦਲਵਿੰਦਰ ਸਿੰਘ, ਗੁਰਮੀਤ ਸਿੰਘ, ਸੰਤੋਖ ਸਿੰਘ, ਬੂਟਾ ਸਿੰਘ, ਗੁਰਦੀਪ ਸਿੰਘ, ਦਵਿੰਦਰ ਸਿੰਘ, ਗੁਰਬਚਨ ਸਿੰਘ, ਸੰਤੋਖ ਸਿੰਘ ਆਦਿ ਹਾਜ਼ਰ ਸਨ।

# 'ਵਰਸਿਟੀ ਕਾਲਜ ਜੰਡਿਆਲਾ ਦੇ ਪਹਿਲਵਾਨਾਂ ਨੇ ਜਿੱਤੇ ਸੋਨ ਤ.ਗਮੇ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਦੇ ਪਹਿਲਵਾਨਾਂ ਨੇ ਪਟਿਆਲਾ ਵਿੱਚ ਅੰਡਰ-20 ਸਟੇਟ ਜੂਨੀਅਰ ਫ੍ਰੀ ਸਟਾਈਲ ਕੁਸ਼ਤੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਭਾਰ ਵਰਗਾਂ ਵਿੱਚ 2 ਸੋਨ ਤਗਮੇ ਹਾਸਲ ਕੀਤੇ। ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨੇ



ਦੱਸਿਆ ਕਿ ਇਹਨਾਂ ਮੁਕਾਬਲਿਆਂ ਵਿੱਚ ਕਾਲਜ ਦੇ ਪਹਿਲਵਾਨ ਸੂਰਜ ਨੇ 70 ਕਿਲੋ ਭਾਰ ਵਰਗ ਫ੍ਰੀ ਸਟਾਈਲ ਤੇ ਕਰਨਵੀਰ ਨੇ 92 ਕਿਲੋ ਭਾਰ ਵਰਗ ਫ੍ਰੀ ਸਟਾਈਲ ਵਿੱਚ ਸੋਨੇ ਦੇ ਤਗਮੇ ਜਿੱਤ ਕੇ ਕਾਲਜ ਦਾ ਨਾਂ ਰੌਸ਼ਨ ਕੀਤਾ। ਉਨ੍ਹਾਂ ਨੇ ਜੇਤੂ ਪਹਿਲਵਾਨਾਂ ਨੂੰ ਇਸ ਪ੍ਰਾਪਤੀ ਤੇ ਵਧਾਈ ਦਿੰਦਿਆਂ ਕਿਹਾ ਇਹ ਸਾਡੇ ਕਾਲਜ ਦੇ ਖੇਡ ਵਿਭਾਗ ਦੀ ਸਖ਼ਤ ਮਿਹਨਤ ਤੇ ਵਿਦਿਆਰਥੀਆਂ ਦੀ ਦ੍ਰਿੜ ਨਿਸ਼ਠਾ ਦਾ ਨਤੀਜਾ ਹੈ। ਉਨ੍ਹਾਂ ਨੇ ਕਿਹਾ ਕਿ ਸਾਡੀ ਸੰਸਥਾ ਹਮੇਸ਼ਾ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੋਤਸਾਹਿਤ ਕਰਦੀ ਹੈ ਤਾਂ ਜੋ ਉਹ ਮਾਨਸਿਕ ਅਤੇ ਸਰੀਰਕ ਤੌਰ ਤੇ ਮਜਬੂਤ ਬਣ ਸਕਣ। ਉਨ੍ਹਾਂ ਦੱਸਿਆ ਕਿ ਦੋਵੇਂ ਪਹਿਲਵਾਨ ਅੰਡਰ-20 ਜੂਨੀਅਰ ਨੈਸ਼ਨਲ ਰੈਸਲਿੰਗ ਮੁਕਾਬਲੇ ਲਈ ਚੁਣੇ ਗਏ ਹਨ।

# ਵਿਸਾਖੀ ਪੁਰਬ 'ਤੇ ਦਸਤਾਰ ਮੁਕਾਬਲੇ ਕਰਵਾਏ



**ਗੁਰਾਇਆ (ਬਿੰਦਰ ਸੁਮਨ)**

ਬਾਬਾ ਸੰਗ ਦਸਤਾਰ ਕਲੱਬ ਸੰਗ ਢੇਸੀਆ ਵੱਲੋਂ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਵਿਸਾਖੀ ਪੁਰਬ ਤੇ ਹਰੇਕ ਸਾਲ ਦੀ ਤਰਾਂ ਦਸਤਾਰ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਦੋ ਵਰਗ 5 ਤੋਂ 12 ਸਾਲ ਅਤੇ 13 ਤੋ 18 ਸਾਲ ਉਮਰ ਦੇ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ 5 ਤੋ 12 ਸਾਲ ਦੇ ਮੁਕਾਬਲੇ ਵਿੱਚ ਸਹਿਜਪ੍ਰੀਤ ਸਿੰਘ ਨਿਹਾਲਗੜ ਨੇ ਪਹਿਲਾ, ਜਸ਼ਨਪ੍ਰੀਤ ਸਿੰਘ ਰੁੜਕਾ ਕਲਾਂ ਨੇ ਦੂਜਾ ਤੇ ਪਲਵਿੰਦਰ ਸਿੰਘ ਸੰਗ ਢੇਸੀਆ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 13 ਸਾਲ ਤੋ 18 ਸਾਲ ਉਮਰ ਵਿੱਚ ਤਰਨਪ੍ਰੀਤ ਸਿੰਘ ਨੇ ਪਹਿਲਾ, ਜਸਕਰਨ ਸਿੰਘ ਸੰਗ ਢੇਸੀਆ ਨੇ ਦੂਜਾ ਤੇ ਸਮਰਪ੍ਰਤਾਪ ਸਿੰਘ ਫਤਿਹਗੜ ਚੂੜੀਆ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਦੁਮਾਲੇ ਸਜਾਉਣ ਵਿੱਚ ਗੁਰਵਿੰਦਰ ਸਿੰਘ ਰੁੜਕੀ ਨੇ ਪਹਿਲਾ, ਅਮਿਤ ਸਿੰਘ ਸੰਗ ਢੇਸੀਆ ਨੇ ਦੂਜਾ ਅਤੇ ਅਕਾਲਸ਼ਰਨ ਸਿੰਘ ਰੁੜਕਾ ਕਲਾਂ ਤੀਜਾ ਸਥਾਨ ਪ੍ਰਾਪਤ ਕੀਤਾ। ਬੱਚੀਆਂ ਦੇ ਦੁਮਾਲਾ ਸਜਾਉਣ ਵਿੱਚ ਕ੍ਰਮਵਾਰ ਜੈਸਮੀਨ ਕੌਰ,ਅਰਪਨ ਪ੍ਰੀਤ ਕੌਰ ਅਤੇ ਪ੍ਰਭਪ੍ਰੀਤ ਕੌਰ ਨੇ ਪਹਿਲਾ,ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਨਗਦੀ ਤੇ ਦਸਤਾਰਾਂ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬੋਲਦਿਆਂ ਜਥੇਦਾਰ ਅਮਰਜੀਤ ਸਿੰਘ ਢੇਸੀ ਨੇ ਕਿਹਾ ਕਿ ਦਸਤਾਰ ਮੁਕਾਬਲੇ ਕਰਵਾਉਣ ਦਾ ਮਕਸਦ ਬੱਚਿਆਂ ਨੂੰ ਗੁਰਸਿਖੀ ਨਾਲ ਜੋੜਨਾ ਹੈ, ਦਸਤਾਰ ਕਲੱਬ ਨਵਾਂ ਸਾਲ ਤੇ ਕੀਰਤਨ ਦਰਬਾਰ ਅਤੇ ਵਿਸਾਖੀ ਤੇ ਦਸਤਾਰ ਮੁਕਾਬਲੇ ਕਰਵਾਏ ਜਾਂਦੇ ਹਨ। ਇਸ ਮੌਕੇ ਹਰਜਿੰਦਰ ਸਿੰਘ ਲੱਲੀਆਂ, ਅਮਰਜੀਤ ਸਿੰਘ ਕਟਾਣਾ, ਜਸਵਿੰਦਰ ਸਿੰਘ ਵਿੱਕੀ, ਮੱਖਣ ਸਿੰਘ ਬੜਾ ਪਿੰਡ, ਅਵਤਾਰ ਸਿੰਘ ਭੋਗਲ, ਸੋਖਾ ਸਿੰਘ ਢੇਸੀ, ਮੋਹਣ ਸਿੰਘ ਮੈਨੇਜਰ, ਗਿਆਨੀ ਦਲਵੀਰ ਸਿੰਘ ਸੱਗੂ, ਡਾਕਟਰ ਪਵਿਤਰ ਸਿੰਘ, ਰਣਜੀਤ ਸਿੰਘ ਵਿਰਦੀ, ਬਲਿਹਾਰ ਸਿੰਘ ਢੀਡਸਾ , ਲਖਵੀਰ ਸਿੰਘ ਰੁੜਕੀ , ਹਰਵਿੰਦਰ ਸਿੰਘ ਸੋਨੂੰ ਤੋ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# 2 ਹਫਤੇ ਦਾ ਡੇਅਰੀ ਸਿਖਲਾਈ ਕੋਰਸ 20 ਤੋਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਵਿੱਚ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਵਰਿਆਮ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਡੇਅਰੀ ਵਿਕਾਸ ਬੋਰਡ ਵਲੋਂ 2 ਹਫ਼ਤੇ ਦਾ ਡੇਅਰੀ ਸਿਖਲਾਈ ਕੋਰਸ 20 ਅਪ੍ਰੈਲ ਤੋਂ ਡੇਅਰੀ ਸਿਖਲਾਈ ਕੇਂਦਰ ਫਗਵਾੜਾ ਵਿਖੇ ਚਲਾਇਆ ਜਾ ਰਿਹਾ ਹੈ।ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸਬੰਧਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਵਾਸਤੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਹੁਸ਼ਿਆਰਪੁਰ ਮਿਨੀ ਸਕੱਤਰੇਤ, ਚੌਥੀ ਮੰਜ਼ਿਲ, ਕਮਰਾ ਨੰਬਰ 439 ਵਿਖੇ 18 ਅਪ੍ਰੈਲ ਤੱਕ ਅਰਜ਼ੀਆਂ ਦੇ ਸਕਦੇ ਹਨ। ਇਸ ਸਬੰਧੀ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਹਰਵੰਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸਬੰਧਤ ਉਮੀਦਵਾਰ ਜੋ ਕਿ ਘੱਟ ਤੋਂ ਘੱਟ ਪੰਜਵੀਂ ਜਮਾਤ ਪਾਸ ਹੋਵੇ ਅਤੇ ਉਸ ਦੀ ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਵਧੇਰੇ ਜਾਣਕਾਰੀ ਲਈ ਫੋਨ ਨੰਬਰ 01882-220025 ਅਤੇ 98722-77136 'ਤੇ ਕਿਸੇ ਵੀ ਕੰਮ-ਕਾਜ ਵਾਲੇ ਦਿਨ ਸੰਪਰਕ ਕੀਤਾ ਜਾ ਸਕਦਾ ਹੈ।

# ਆਨੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਸਥਾਪਨਾ ਦਿਵਸ ਮਨਾਇਆ

**ਕਪੂਰਥਲਾ (ਮਨਜੀਤ ਮਾਨ)**

ਆਨੰਦ ਪਬਲਿਕ ਸੀਨੀਅਰ ਸਕੈਂਡਰੀ ਸਕੂਲ 'ਚ 38ਵਾਂ ਫਾਊਂਡੇਸ਼ਨ ਡੇ ਬਹੁਤ ਹੀ ਉਤਸ਼ਾਹ ਤੇ ਸ਼ਾਨੋਸ਼ੌਕਤ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਸਕੂਲ ਕੈਂਪਸ 'ਚ ਪ੍ਰਾਰਥਨਾ ਸਭਾ ਕਰਵਾਈ



ਗਈ, ਜਿਸ ਵਿਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ ।ਕਾਰਜਕ੍ਰਮ ਦੀ ਸ਼ੁਰੂਆਤ ਪ੍ਰਾਰਥਨਾ ਅਤੇ ਦੀਪ ਪ੍ਰਜਵਲਨ ਨਾਲ ਹੋਈ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਦੇਸ਼ ਭਗਤੀ ਅਤੇ ਪ੍ਰੇਰਨਾਦਾਇਕ ਗੀਤਾਂ ਦੇ ਨਾਲ-ਨਾਲ ਸੁੰਦਰ ਨਾਚ ਪ੍ਰਸਤੁਤੀਆਂ ਪੇਸ਼ ਕੀਤੀਆਂ। ਵਿਦਿਆਰਥੀਆਂ ਦੀਆਂ ਪ੍ਰਸਤੁਤੀਆਂ ਨੇ ਸਾਰੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਮੌਕੇ 'ਤੇ ਸਕੂਲ ਦੇ 38 ਸਾਲਾਂ ਦੇ ਸ਼ਾਨਦਾਰ ਸਫਰ ਅਤੇ ਉਪਲੱਬਧੀਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਕਾਰਜਕ੍ਰਮ ਦਾ ਮੁੱਖ ਆਕਰਸ਼ਣ ਸਕੂਲ ਦੇ '38 ਸਾਲਾਂ ਦੇ ਖਾਸ ਲੋਗੋ' ਦਾ ਵਿਮੋਚਨ ਸੀ ।ਇਸ ਲੋਗੋ ਨੂੰ ਰੰਗ-ਬਿਰੰਗੇ ਗੁਬਾਰਿਆਂ ਨਾਲ ਅਸਮਾਨ ਵਿਚ ਛੱਡਿਆ ਗਿਆ, ਜੋ ਸਕੂਲ ਦੀ ਤਰੱਕੀ, ਸਕਾਰਾਤਮਿਕ ਸੋਚ ਅਤੇ ਚਮਕਦੇ ਭਵਿੱਖ ਦਾ ਪ੍ਰਤੀਕ ਸੀ। ਇਸ ਲੋਗੋ ਦਾ ਅਨਾਵਰਣ ਮੈਨੇਜਿੰਗ ਡਾਇਰੈਕਟਰ ਵਿਕਰਮ ਆਨੰਦ ਵੱਲੋਂ ਕੀਤਾ ਗਿਆ। ਚੇਅਰਪਰਸਨ ਵਰਿੰਦਰ ਕੁਮਾਰੀ ਆਨੰਦ ਤੇ ਡਾਇਰੈਕਟਰ ਰੁਚੀ ਆਨੰਦ ਨੇ ਸਾਰੇ ਵਿਦਿਆਰਥੀਆਂ ਅਤੇ ਸਟਾਫ ਨੂੰ ਵਧਾਈ ਦਿੱਤੀ ਅਤੇ ਆਪਣੇ ਅਸ਼ੀਰਵਾਦ ਦਿੱਤੇ। ਪ੍ਰਿੰਸੀਪਲ ਡਾ. ਏ ਐੱਸ ਸ਼ੇਖੋਂ ਅਤੇ ਵਾਈਸ ਪ੍ਰਿੰਸਿਪਲ ਡਾ. ਦੀਪਕ ਅਰੋੜਾ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਨੂੰ ਉੱਚੇ ਲਕਸ਼ ਬਣਾਉਣ ਤੇ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਹ ਸਮਾਗਮ ਐਕਟੀਵਿਟੀ ਇੰਚਾਰਜ ਨੇਹਾ ਜੋਸ਼ੀ ਤੇ ਕਰੁਣਾ ਦੀ ਦੇਖ-ਰੇਖ ਹੇਠ ਸਫਲਤਾਪੂਰਵਕ ਕਰਵਾਇਆ ਗਿਆ।ਇਸ ਮੌਕੇ ਕੋਆਰਡੀਨੇਟਰ ਬਬੀਤਾ, ਲਵਲੀਨ ਕੌਰ ਤੇ ਹੋਰ ਅਧਿਆਪਕਾਵਾਂ ਪੂਜਾ ਡਾਵਰ, ਨੰਦਾ, ਕਿਰਣ ਨੰਦਾ, ਸ਼੍ਰਿਸ਼ਟੀ ਮਹਾਜਨ ਤੇ ਰਵਿੰਦਰਜੀਤ ਕੌਰ ਸਮੇਤ ਸਾਰਾ ਸਟਾਫ ਮੌਜੂਦ ਸੀ।

# ਸੰਸਥਾ ਦੀ ਟੀਮ ਵੱਲੋਂ ਸੁਰਜਨ ਕੌਰ ਸਨਮਾਨਤ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦਸਿਆ ਕਿ ਸੰਸਥਾ ਨੂੰ ਸਹਿਯੋਗ ਦੇਣ ਵਾਲੀਆਂ ਸੰਗਤਾਂ ਦਾ ਲਗਾਤਾਰ ਸਨਮਾਨ ਕੀਤਾ ਜਾ ਰਿਹਾ ਹੈ। ਹਰਵਿੰਦਰ ਸਿੰਘ ਖਾਲਸਾ ਅਜਨੋਹਾ ਦੀ ਵੱਡੀ ਭੈਣ ਸੁਰਜਨ ਕੌਰ ਨੂੰ ਸੰਸਥਾ ਦੀ ਟੀਮ ਵਲੋਂ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਵਿਖੇ ਸਨਮਾਨਤ ਕੀਤਾ ਗਿਆ। ਭੈਣ ਜੀ ਲਗਾਤਾਰ ਸੰਸਥਾ ਨੂੰ ਸਹਿਯੋਗ ਕਰ ਰਹੇ ਨੇ।ਇਸ ਮੌਕੇ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਸੁਰਜਨ ਕੌਰ ਕਰਵਾਨਾ ਇਟਲੀ, ਡਾਕਟਰ ਸਤਨਾਮ ਸਿੰਘ, ਲੈਬ ਟੈਕਨੀਸ਼ੀਅਨ ਗੁਰਪ੍ਰੀਤ ਸਿੰਘ, ਰਾਜਵੀਰ ਕੌਰ ਪਾਸ਼ਟਾਂ, ਪ੍ਰੀਆ ਨਰੂੜ, ਸੰਦੀਪ ਕੌਰ ਪਾਂਸਟਾ, ਲਵਪ੍ਰੀਤ ਕੌਰ ਸਰਹਾਲਾ ਆਦਿ ਹਾਜ਼ਰ ਸਨ।

# ਡਾ. ਅੰਬੇਡਕਰ ਜੈਯੰਤੀ 'ਤੇ ਸਮਾਗਮ ਕਰਵਾਇਆ



**ਹੁਸ਼ਿਆਰਪੁਰ (ਓ ਪੀ ਰਾਣਾ)**

ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਜੈਯੰਤੀ ਸੰਬੰਧੀ ਡੀ ਏ ਵੀ ਕਾਲਜ ਹੁਸ਼ਿਆਰਪੁਰ ਵਿਚ ਸਹਾਇਕ ਐਡਵੋਕੇਟ ਜਨਰਲ ਪੰਜਾਬ ਰਾਹੁਲ ਕੁਮਾਰ ਆਦਿਆ ਦੀ ਪ੍ਰਧਾਨਗੀ ਹੇਠ ਇਕ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸ਼ਮਾ ਰੌਸ਼ਨ ਕਰਕੇ ਕੀਤੀ ਗਈ ਤੇ ਇਸ ਦੌਰਾਨ ਗਿਆਨ, ਸਮਾਨਤਾ ਅਤੇ ਸਮਾਜਿਕ ਨਿਆਂ ਦੇ ਸੰਦੇਸ਼ ਨੂੰ ਫੈਲਾਉਣ ਦੀ ਪ੍ਰਣ ਲਿਆ ਗਿਆ।ਪ੍ਰੋਗਰਾਮ ਵਿੱਚ ਬੁਲਾਰਿਆਂ ਨੇ ਬਾਬਾ ਸਾਹਿਬ ਦੇ ਵਿਚਾਰਾਂ ਨੂੰ ਯਾਦ ਕਰਦਿਆਂ ਕਿਹਾ ਕਿ ਲੋਕਤੰਤਰ ਦੀ ਅਸਲ ਤਾਕਤ ਸਾਰੇ ਵਰਗਾਂ ਨੂੰ ਦਿੱਤੀ ਗਈ ਪ੍ਰਤੀਨਿਧਤਾ ਵਿੱਚ ਹੈ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਦਾ ਜੀਵਨ ਸੰਘਰਸ਼, ਸਿੱਖਿਆ ਅਤੇ ਅਧਿਕਾਰਾਂ ਦੀ ਇੱਕ ਉਦਾਹਰਣ ਹੈ, ਜਿਸ ਤੋਂ ਹਰ ਵਿਅਕਤੀ ਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ।ਇਸ ਮੌਕੇ ਮੁੱਖ ਮਹਿਮਾਨ ਐਡਵੋਕੇਟ ਜਨਰਲ ਪੰਜਾਬ ਮਨਿੰਦਰਜੀਤ ਸਿੰਘ ਬੇਦੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਐਡਵੋਕੇਟ ਜਨਰਲ ਦਫ਼ਤਰ ਵਿੱਚ ਅਨੁਸੂਚਿਤ ਜਾਤੀਆਂ ਨੂੰ ਪ੍ਰਤੀਨਿਧਤਾ ਦੇਣਾ ਇੱਕ ਸ਼ਲਾਘਾਯੋਗ ਅਤੇ ਇਤਿਹਾਸਕ ਕਦਮ ਹੈ। ਉਨ੍ਹਾਂ ਕਿਹਾ ਕਿ ਪੂਰੇ ਦੇਸ਼ ਵਿਚ ਸਿਰਫ ਪੰਜਾਬ ਦੇ ਐਡਵੋਕੇਟ ਜਨਰਲ ਦਫ਼ਤਰ ਵਿਖੇ ਹੀ ਇਹ ਰਿਜ਼ਰਵੇਸ਼ਨ ਲਾਗੂ ਹੋਇਆ ਹੈ। ਇਸ ਨਾਲ ਵਾਂਝੇ ਵਰਗਾ ਨੂੰ ਨਿਆਂ ਪ੍ਰਣਾਲੀ ਵਿੱਚ ਹਿੱਸਾ ਲੈਣ ਅਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਦਾ ਅਧਿਕਾਰ ਮਿਲੇਗਾ। ਇਸ ਤੋਂ ਪਹਿਲਾਂ ਲੋਕ ਨਿਰਮਾਣ ਵਿਭਾਗ ਦੇ ਰੈਸਟ ਹਾਊਸ ਵਿਖੇ ਪੰਜਾਬ ਪੁਲਿਸ ਦੀ ਇੱਕ ਟੁਕੜੀ ਵੱਲੋਂ ਉਨ੍ਹਾਂ ਨੂੰ ਗਾਰਡ ਆਫ਼ ਆਨਰ ਵੀ ਦਿੱਤਾ ਗਿਆ।ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਡਾ. ਅੰਬੇਡਕਰ ਨੇ ਆਪਣਾ ਜੀਵਨ ਸਮਾਜ ਦੇ ਹਰ ਵਰਗ ਨੂੰ ਬਰਾਬਰ ਅਧਿਕਾਰ ਪ੍ਰਦਾਨ ਕਰਨ ਲਈ ਸਮਰਪਿਤ ਕੀਤਾ। ਪੰਜਾਬ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਕਿਹਾ ਕਿ ਬਾਬਾ ਸਾਹਿਬ ਦੇ ਵਿਚਾਰ ਅੱਜ ਵੀ ਉਨ੍ਹਾਂ ਹੀ ਮਹੱਤਵਪੂਰਨ ਹਨ। ਉਨ੍ਹਾਂ ਕਿਹਾ ਕਿ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਪ੍ਰਤੀਨਿਧਤਾ ਦੇਣਾ ਸਮਾਜਿਕ ਨਿਆਂ ਵੱਲ ਇੱਕ ਵੱਡਾ ਕਦਮ ਹੈ ਅਤੇ ਇਸ ਨਾਲ ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਹੋਵੇਗੀ। ਇਸ ਮੌਕੇ ਵਾਲਮੀਕਿ ਭਾਈਚਾਰੇ ਨੇ ਚੇਅਰਮੈਨ ਚੰਦਨ ਗਰੇਵਾਲ ਨੂੰ ਚਾਂਦੀ ਦਾ ਮੁਕਟ ਦੇ ਕੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਇਸ ਮੌਕੇ ਦਲਿਤ ਵਿਕਾਸ ਬੋਰਡ ਮੈਂਬਰ ਦਿਲੀਪ ਹੰਸ, ਡਿਪਟੀ ਐਡਵੋਕੇਟ ਜਨਰਲ ਰਾਜੀਵ ਮਦਾਨ, ਡਿਪਟੀ ਐਡਵੋਕੇਟ ਜਨਰਲ ਮਨੀਪਾਲ ਅਟਵਾਲ, ਦਰਸ਼ਨ ਰਤਨ ਰਾਵਣ, ਸੰਤ ਅਸ਼ੋਕ ਲੰਕੇਸ਼, ਰਵਿੰਦਰ ਹੰਸ ਅਤੇ ਹੋਰ ਪਤਵੰਤਿਆਂ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ ਅਤੇ ਬਾਬਾ ਸਾਹਿਬ ਦੇ ਆਦਰਸ਼ਾਂ ਦੀ ਪਾਲਣਾ ਕਰਨ ਅਤੇ ਸਮਾਜ ਵਿੱਚ ਸਮਾਨਤਾ ਅਤੇ ਨਿਆਂ ਸਥਾਪਤ ਕਰਨ ਦਾ ਪ੍ਰਣ ਲਿਆ।ਇਸ ਮੌਕੇ ਬੈਕਫਿੰਕੋ ਪੰਜਾਬ ਦੇ ਚੇਅਰਮੈਨ ਸੰਦੀਪ ਸੈਣੀ, ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ, ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਦੀ ਪਤਨੀ ਜਸਵੀਰ ਕੌਰ, ਸ਼ੀਤਲ ਆਦਿਵੰਸੀ, ਐਡਵੋਕੇਟ ਰਿੱਕੀ ਗੁਪਤਾ, ਨਗਰ ਨਿਗਮ ਕਮਿਸ਼ਨਰ ਜੋਤੀ ਬਾਲਾ ਮੱਟੂ, ਸਹਾਇਕ ਕਮਿਸ਼ਨਰ ਗੁਰਪ੍ਰੀਤ ਕੌਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕੁਲਜੀਤ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਸਬਜ਼ੀ ਮੰਡੀ ਦੇ ਪ੍ਰਧਾਨ ਕੁਸ਼ ਭੱਟੀ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ

**ਹੁਸ਼ਿਆਰਪੁਰ (ਬਲਵੀਰ ਸਿੰਘ)**

ਸ਼੍ਰੋਮਣੀ ਅਕਾਲੀ ਦਲ ਦੇ ਪਰਵਾਰ ਵਿੱਚ ਸੋਮਵਾਰ ਉਸ ਵੇਲੇ ਵੱਡਾ ਵਾਧਾ ਹੋਇਆ ਜਦੋਂ ਸਬਜ਼ੀ ਮੰਡੀ ਦੇ ਪ੍ਰਧਾਨ ਕੁਸ਼ ਭੱਟੀ ਨੇ ਆਪਣੇ ਅਨੇਕਾਂ ਸਾਥੀਆਂ ਸਮੇਤ ਪਾਰਟੀ ਦੀਆਂ ਲੋਕ-



ਪੱਖੀ ਨੀਤੀਆਂ ਅਤੇ ਸੁਖਬੀਰ ਸਿੰਘ ਬਾਦਲ ਦੀ ਪੰਜਾਬ ਪੱਖੀ ਸੋਚ 'ਤੇ ਭਰੋਸਾ ਜਤਾਉਂਦਿਆਂ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜ ਲਿਆ। ਇਨ੍ਹਾਂ ਸਾਰੇ ਆਗੂਆਂ ਨੂੰ ਹਲਕਾ ਇੰਚਾਰਜ ਸੰਜੀਵ ਤਲਵਾੜ ਨੇ ਰਸਮੀ ਤੌਰ 'ਤੇ ਸਿਰੋਪਾਓ ਭੇਟ ਕਰਕੇ ਪਾਰਟੀ ਵਿੱਚ ਸ਼ਾਮਲ ਕਰਵਾਇਆ। ਇਸ ਮੌਕੇ ਹਲਕਾ ਇੰਚਾਰਜ ਸੰਜੀਵ ਤਲਵਾੜ ਨੇ ਕਿਹਾ ਕਿ ਮਿਹਨਤੀ ਵਰਕਰਾਂ ਅਤੇ ਆਗੂਆਂ ਦੇ ਜੁੜਨ ਨਾਲ ਹਲਕੇ ਵਿੱਚ ਪਾਰਟੀ ਦੀ ਸਥਿਤੀ ਹੋਰ ਵੀ ਮਜ਼ਬੂਤ ਹੋ ਗਈ ਹੈ। ਉਨ੍ਹਾਂ ਕਿਹਾ ਕਿ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਤੰਗ ਆ ਚੁੱਕੇ ਹਨ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਇੱਕਮਾਤਰ ਵਿਕਲਪ ਵਜੋਂ ਦੇਖ ਰਹੇ ਹਨ। ਸਬਜ਼ੀ ਮੰਡੀ ਦੇ ਪ੍ਰਧਾਨ ਅਤੇ ਉਨ੍ਹਾਂ ਦੇ ਸਾਥੀਆਂ ਦਾ ਸਾਡੇ ਨਾਲ ਜੁੜਨਾ ਇਸ ਗੱਲ ਦਾ ਸਬੂਤ ਹੈ ਕਿ ਵਪਾਰੀ ਵਰਗ ਅਤੇ ਆਮ ਜਨਤਾ ਅਕਾਲੀ ਦਲ ਦੇ ਵਿਕਾਸ ਕਾਰਜਾਂ ਨੂੰ ਯਾਦ ਕਰ ਰਹੀ ਹੈ। ਸੰਜੀਵ ਤਲਵਾਰ ਨੇ ਭਰੋਸਾ ਦਵਾਇਆ ਕਿ ਪਾਰਟੀ ਵਿੱਚ ਹਰ ਵਰਕਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਪਾਰਟੀ ਵਿੱਚ ਸ਼ਾਮਿਲ ਹੋਏ ਕੁਸ਼ ਭੱਟੀ ਨੇ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਮਿਹਨਤ ਕਰਨਗੇ ਅਤੇ ਸੰਜੀਵ ਤਲਵਾੜ ਦੇ ਹੱਥ ਮਜ਼ਬੂਤ ਕਰਨਗੇ। ਇਸ ਮੌਕੇ ਆਸ਼ੂ ਹੰਸ ਮੋਹਿਤ ਆਦੀਆ ਨੇ ਵੀ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਸਾਬਕਾ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ, ਸੰਜੀਵ ਥਾਪਰ, ਭੁਪਿੰਦਰ ਸਿੰਘ, ਮਨੀਸ਼ ਆਦੀਆ ਤੇ ਪਾਰਟੀ ਦੇ ਹੋਰ ਵੀ ਕਈ ਸੀਨੀਅਰ ਆਗੂ ਹਾਜ਼ਰ ਸਨ।

# ਵਪਾਰੀਆਂ ਤੇ ਦੁਕਾਨਦਾਰਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਦੇ ਨਿਰਦੇਸ਼

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਵੱਖ-ਵੱਖ ਵਿਭਾਗਾਂ ਕੋਲ ਬਕਾਇਆ ਪਈਆਂ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਵਧੀਕ ਡਿਪਟੀ ਕਮਿਸ਼ਨਰ (ਜ) ਗੀਤਿਕਾ ਸਿੰਘ ਨੇ ਸਬੰਧਤ ਵਿਭਾਗਾਂ ਨੂੰ ਹੁਕਮ ਦਿੱਤੇ ਹਨ ਕਿ ਮਹੀਨੇ ਦੇ ਅੰਤ



ਤੱਕ ਸਾਰੀਆਂ ਬਕਾਇਆ ਸ਼ਿਕਾਇਤਾਂ ਦਾ ਨਿਪਟਾਰਾ ਯਕੀਨੀ ਬਣਾਇਆ ਜਾਵੇ।ਭਾਗੀਦਾਰ ਵਿਭਾਗਾਂ ਦੀ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੇ ਚੇਅਰਮੈਨ ਰਣਜੀਤ ਪਾਲ ਸਿੰਘ ਅਤੇ ਵਾਈਸ ਚੇਅਰਮੈਨ ਤਰਲੋਚਨ ਸਿੰਘ ਬੈਦਵਾਨ ਅਤੇ ਵਿਧਾਨ ਸਭਾ ਹਲਕਾ ਪੱਧਰੀ ਕਮੇਟੀਆਂ ਦੇ ਚੇਅਰਪਰਸਨਾਂ ਦੀ ਹਾਜ਼ਰੀ ਵਿੱਚ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਏ ਡੀ ਸੀ ਗੀਤਿਕਾ ਸਿੰਘ ਨੇ ਕਿਹਾ ਕਿ ਕਮਿਸ਼ਨ ਬਣਾਉਣ ਦਾ ਮੁੱਖ ਉਦੇਸ਼ ਵਪਾਰੀਆਂ ਨੂੰ ਸੁਵਿਧਾਜਨਕ ਕਾਰੋਬਾਰ ਲਈ ਸਹੂਲਤਾਂ ਪ੍ਰਦਾਨ ਕਰਨਾ ਅਤੇ ਉਨ੍ਹਾਂ ਦੀਆਂ ਸਾਂਝੀਆਂ ਸਮੱਸਿਆਵਾਂ ਦਾ ਸਮੇਂ-ਸਿਰ ਹੱਲ ਕਰਨਾ ਹੈ।ਉਨ੍ਹਾਂ ਦੱਸਿਆ ਕਿ ਹੁਣ ਤੱਕ ਦੀ ਪ੍ਰਗਤੀ ਮੁਤਾਬਕ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ 32 ਵਿੱਚੋਂ 28 ਮਾਮਲੇ ਨਿਪਟਾਏ ਜਾ ਚੁੱਕੇ ਹਨ, ਮਿਊਂਸਪਲ ਕਾਰਪੋਰੇਸ਼ਨ ਮੋਹਾਲੀ ਵੱਲੋਂ 48 ਵਿੱਚੋਂ 46 ਮਾਮਲੇ ਹੱਲ ਕੀਤੇ ਗਏ ਹਨ, ਆਬਕਾਰੀ ਅਤੇ ਕਰ ਵਿਭਾਗ ਵੱਲੋਂ 5 ਵਿੱਚੋਂ 4 ਮਾਮਲਿਆਂ ਦਾ ਨਿਪਟਾਰਾ ਹੋ ਚੁੱਕਾ ਹੈ, ਜਦਕਿ ਪੁਲਿਸ ਵਿਭਾਗ ਨਾਲ ਸੰਬੰਧਤ ਸਾਰੇ 12 ਮਾਮਲੇ ਪੂਰੀ ਤਰ੍ਹਾਂ ਨਿਪਟਾਏ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਬਾਕੀ ਰਹਿੰਦੇ ਮਾਮਲਿਆਂ ਦੇ ਨਿਪਟਾਰੇ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਕੀਤਾ ਜਾਵੇ।ਚੇਅਰਮੈਨ ਰਣਜੀਤ ਪਾਲ ਸਿੰਘ ਨੇ ਸਾਰੇ ਵਿਭਾਗਾਂ ਨੂੰ ਅਪੀਲ ਕੀਤੀ ਕਿ ਬਕਾਇਆ ਮਾਮਲਿਆਂ 'ਤੇ ਜਲਦੀ ਕਾਰਵਾਈ ਕੀਤੀ ਜਾਵੇ। ਮੀਟਿੰਗ ਵਿੱਚ ਵਿਧਾਨ ਸਭਾ ਹਲਕਾ ਪੱਧਰੀ ਟ੍ਰੇਡਰਜ਼ ਕਮਿਸ਼ਨ ਕਮੇਟੀਆਂ ਦੇ ਚੇਅਰਪਰਸਨ ਅਕਵਿੰਦਰ ਸਿੰਘ ਗੋਸਲ (ਮੋਹਾਲੀ), ਅਜੈ ਕੁਮਾਰ (ਡੇਰਾਬੱਸੀ) ਅਤੇ ਯਸ਼ਪਾਲ ਬਾਂਸਲ (ਖਰੜ) ਵੀ ਮੌਜੂਦ ਸਨ। ਇਸ ਤੋਂ ਇਲਾਵਾ ਸਹਾਇਕ ਕਮਿਸ਼ਨਰ (ਜ) ਡਾ. ਅੰਕਿਤਾ ਕਾਂਸਲ, ਡੀ ਐਸ ਪੀ (ਟ੍ਰੈਫਿਕ) ਕਰਨੈਲ ਸਿੰਘ ਸਹਾਇਕ ਕਮਿਸ਼ਨਰ ਐਮ ਸੀ ਮੋਹਾਲੀ ਮਨਪ੍ਰੀਤ ਸਿੰਘ, ਕਾਰਜਕਾਰੀ ਇੰਜੀਨੀਅਰ ਰਾਜਿੰਦਰ ਕੁਮਾਰ, ਈ ਓਜ਼, ਪੀ ਐਸ ਪੀ ਸੀ ਐਲ ਦੇ ਇੰਜੀਨੀਅਰਾਂ ਅਤੇ ਆਬਕਾਰੀ ਤੇ ਕਰ ਅਤੇ ਉਦਯੋਗ ਵਿਭਾਗ ਦੇ ਅਧਿਕਾਰੀ ਵੀ ਹਾਜ਼ਰ ਸਨ।

# ਭਾਮ ਵਿਖੇ ਸਲਾਨਾ 11 ਸਾਈਡ ਨਾਈਟ ਫੁੱਟਬਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸਮਾਪਤ



**ਮੇਹਟੀਆਣਾ (ਜਗਤਾਰ ਭੁੰਗਰਨੀ)**

ਪਿੰਡ ਭਾਮ ਵਿਖੇ ਨੌਜਵਾਨ ਸਪੋਰਟਸ ਕਲੱਬ ਭਾਮ ਵੱਲੋਂ ਗ੍ਰਾਮ ਪੰਚਾਇਤ, ਸਮੂਹ ਨਗਰ ਨਿਵਾਸੀ, ਐਨ.ਆਰ.ਆਈਜ਼ ਅਤੇ ਇਲਾਕੇ ਦੇ ਸਹਿਯੋਗ ਨਾਲ ਸਲਾਨਾ 11 ਸਾਈਡ ਨਾਈਟ ਸ਼ਾਨਦਾਰ ਫੁੱਟਬਾਲ ਕੱਪ ਟੂਰਨਾਮੈਂਟ ਕਰਵਾਇਆ ਗਿਆ। ਫਾਈਨਲ ਮੈਚਾਂ ਵਿਚ ਖੇਡੇ ਗਏ ਮੈਚ ਵਿਚ ਬਹਿਬਲਪੁਰ ਦੀ ਟੀਮ ਨੇ ਭਾਰਟਾ ਦੀ ਟੀਮ ਨੂੰ ਪੈਨਲਟੀ ਕਿੱਕ ਦੁਆਰਾ 5-4 ਨਾਲ ਹਰਾ ਕੇ ਨਕਦ ਰਾਸ਼ੀ ਅਤੇ ਟਰਾਫੀ ਪ੍ਰਾਪਤ ਕੀਤੀ। ਜਦਕਿ ਓਪਨ ਵਰਗ ਵਿਚ ਮਨੋਲੀਆਂ ਦੀ ਟੀਮ ਨੇ ਮੂਲਾ ਪਿੰਡ ਦੀ ਟੀਮ ਨੂੰ 1-0 ਦੇ ਫਰਕ ਨਾਲ ਹਰਾ ਕੇ 71 ਹਜ਼ਾਰ ਰੁਪਏ ਨਕਦ ਰਾਸ਼ੀ ਅਤੇ ਸ਼ਾਨਦਾਰ ਟਰਾਫੀ 'ਤੇ ਕਬਜ਼ਾ ਕੀਤਾ। ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਖੇਡ ਪ੍ਰਮੋਟਰ ਹਰੀ ਸਿੰਘ ਜਸਵਾਲ, ਰਾਜਬਲਵੀਰ ਸਿੰਘ ਨੇ ਸਾਂਝੇ ਤੌਰ 'ਤੇ ਕੀਤੀ। ਉਨ੍ਹਾਂ ਨਾਲ ਸਮੂਹ ਪ੍ਰਬੰਧਕ ਹਾਜ਼ਰ ਸਨ।ਇਸ ਮੌਕੇ ਸਰਪੰਚ ਪਰਵਿੰਦਰ ਸਿੰਘ ਜਸਵਾਲ ਭਾਮ, ਗੁਰਪ੍ਰੀਤ ਸਿੰਘ ਗੋਪੀ ਭਾਮ, ਦੀਪਕ ਕੁਮਾਰ ਜਸਵਾਲ, ਗੁਰਸੇਵਕ ਸਿੰਘ ਭਾਮ, ਚੇਅਰਮੈਨ ਰਣਜੀਤ ਕੌਰ ਭਾਮ, ਉੱਘੇ ਸਮਾਜ ਸੇਵਕ ਸਤਪਾਲ ਜੱਖੂ, ਨੰਬਰਦਾਰ ਅਮਰਜੀਤ ਸਿੰਘ ਜਸਵਾਲ, ਰਜਿੰਦਰ ਸਿੰਘ ਫੌਜੀ, ਉਂਕਾਰ ਸਿੰਘ ਜਸਵਾਲ, ਗੁਰਜਿੰਦਰ ਸਿੰਘ ਗੋਗੀ ਭਾਮ, ਰਛਪਾਲ ਸਿੰਘ ਪਾਲੀ ਗੋਂਦਪੁਰ, ਬਲਵੀਰ ਸਿੰਘ ਪੰਚ, ਕਿਸ਼ਨ ਗੋਪਾਲ ਪੰਚ, ਕਮਲਜੀਤ ਕੌਰ ਪੰਚ, ਪ੍ਰਧਾਨ ਸੁਮਨ ਅਲੀ, ਪਰਮਜੀਤ ਕੌਰ ਮੀਤ ਪ੍ਰਧਾਨ, ਰਜ਼ੀਆ ਬੇਗਮ, ਕਰਮਜੀਤ ਕੌਰ, ਨੀਸਮ, ਕਮਲਜੀਤ, ਰਜਨੀ ਬਾਲਾ, ਹਰਜਿੰਦਰ ਕੌਰ ਜੱਸੀ, ਰਜ਼ੀਆ, ਸੰਤੋਸ਼ ਕੁਮਾਰੀ, ਸੁਰਿਤ ਕੁਮਾਰੀ, ਰਾਜਵਿੰਦਰ ਕੌਰ, ਗੁਰਮੀਤ ਕੌਰ, ਕਾਂਤਾ ਦੇਵੀ, ਰੈਫਰੀ ਬਲਜੀਤ ਕਾਲੂਪੁਰ, ਰੈਫਰੀ ਪਿੰਦਾ ਲਹਿਲੀ, ਰੈਫਰੀ ਸਤਵਿੰਦਰ ਲਾਲੀ ਹਾਰਟਾ, ਰੈਫਰੀ ਅਜੇ ਡਰੋਲੀ ਆਦਿ ਭਾਰੀ ਗਿਣਤੀ 'ਚ ਖੇਡ ਪ੍ਰੇਮੀ ਹਾਜ਼ਰ ਸਨ।

# ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ

**ਕਪੂਰਥਲਾ (ਮਨਜੀਤ ਮਾਨ)**-ਨਵਾਬ ਜੱਸਾ ਸਿੰਘ ਆਹਲੂਵਾਲੀਆ ਸਰਕਾਰੀ ਕਾਲਜ ਕਪੂਰਥਲਾ ਵਿਖੇ ਸਾਲਾਨਾ ਇਨਾਮ ਵੰਡ ਸਮਾਗਮ ਧੂਮਧਾਮ ਨਾਲ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਸਕਿੰਦਰ ਕੌਰ ਬਰਾੜ ਦੀ ਅਗਵਾਈ ਹੇਠ ਕਰਵਾਏ ਗਏ ਸਮਾਗਮ ਦੌਰਾਨ ਕੌਮਾਂਤਰੀ ਸ਼ਾਇਰ ਕੰਵਰ ਇਕਬਾਲ ਸਿੰਘ ਚੇਅਰਮੈਨ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ ਕਪੂਰਥਲਾ ਅਤੇ ਸਾਇੰਸ ਤੇ ਤਕਨਾਲੋਜੀ ਵਿਭਾਗ ਪੰਜਾਬ ਦੀ ਗਵਰਨਿੰਗ ਕੌਂਸਲ ਦੇ ਮੈਂਬਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਇਸ ਮੌਕੇ ਕਾਲਜ ਪ੍ਰਿੰਸੀਪਲ ਤੇ ਸਟਾਫ਼ ਵਲੋਂ ਮੁੱਖ ਮਹਿਮਾਨ ਨੂੰ ਗੁਲਦਸਤਾ ਭੇਟ ਕਰਕੇ ਜੀ ਆਇਆ ਆਖਿਆ। ਸਮਾਗਮ ਦੀ ਆਰੰਭਤਾ ਕਾਲਜ ਦੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਵਲੋਂ ਸ਼ਬਦ ਗਾਇਣ ਰਾਹੀਂ ਕੀਤੀ ਗਈ । ਉਪਰੰਤ ਮੁੱਖ ਮਹਿਮਾਨ ਸਮੇਤ ਵਿਸ਼ੇਸ਼ ਤੌਰ 'ਤੇ ਪਹੁੰਚੇ ਮਹਿਮਾਨਾਂ, ਅੰਤਰਰਾਸ਼ਟਰੀ ਕਬੱਡੀ ਕੋਚ ਡਾ. ਅਮਰੀਕ ਸਿੰਘ, ਨੈਸ਼ਨਲ ਐਵਾਰਡੀ ਮੰਗਲ ਸਿੰਘ ਭੰਡਾਲ, ਜਗਜੀਤ ਸਿੰਘ, ਪੁਸ਼ਪਿੰਦਰ ਸਿੰਘ, ਉਪਿੰਦਰ ਕੌਰ, ਫਤਿਹਜੀਤ ਸਿੰਘ, ਸਿਰਜਣਾ ਕੇਂਦਰ ਦੇ ਮੀਤ ਪ੍ਰਧਾਨ ਆਸ਼ੂ ਕੁਮਰਾ, ਤੇਜਬੀਰ ਸਿੰਘ, ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਮੁੱਖ ਮਹਿਮਾਨ ਕੰਵਰ ਇਕਬਾਲ ਸਿੰਘ ਤੇ ਪ੍ਰਿੰਸੀਪਲ ਸਕਿੰਦਰ ਕੌਰ ਸਮੇਤ ਕੁਝ ਹੋਰ ਸ਼ਖਸ਼ੀਅਤਾ ਵੱਲੋਂ ਸ਼ਮ੍ਹਾ ਰੌਸ਼ਨ ਕਰਕੇ ਇਨਾਮ ਵੰਡ ਸਮਾਗਮ ਆਰੰਭ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਸਕਿੰਦਰ ਕੌਰ ਬਰਾੜ ਵਲੋਂ ਕਾਲਜ ਦੀਆਂ ਵਿੱਦਿਅਕ, ਸਾਹਿਤਕ ਤੇ ਸਭਿਆਚਾਰਕ ਸਰਗਰਮੀਆਂ ਸਬੰਧੀ ਸਾਲਾਨਾ ਰਿਪੋਰਟ ਪੜ੍ਹੀ ਗਈ। ਇਸ ਇਨਾਮ ਵੰਡ ਸਮਾਗਮ ਦੌਰਾਨ ਵਿੱਦਿਅਕ, ਸਾਹਿਤਕ ਤੇ ਸਭਿਆਚਾਰਕ ਸਰਗਰਮੀਆਂ ਵਿਚ ਚੰਗੇ ਅੰਕ ਹਾਸਲ ਕਰਨ ਵਾਲੇ 189 ਵਿਦਿਆਰਥੀਆਂ





ਨੂੰ ਯਾਦਗਾਰੀ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ । ਸਮਾਗਮ ਦੌਰਾਨ ਪ੍ਰੋ. ਸੁਖਪਾਲ ਸਿੰਘ ਥਿੰਦ ਵਲੋਂ ਉਨ੍ਹਾਂ ਦੇ ਮਾਤਾ ਤੇ ਸੇਵਾ ਮੁਕਤ ਪ੍ਰਿੰਸੀਪਲ ਸਵ. ਪ੍ਰੀਤਮ ਸਿੰਘ ਸਰਗੋਧੀਆ ਦੇ ਪਰਵਾਰ ਵਲੋਂ ਉਨ੍ਹਾਂ ਦੇ ਬਜ਼ੁਰਗ ਸਵ. ਅਮਰ ਸਿੰਘ ਸਰਗੋਧੀਆ ਸਮੇਤ ਹੋਰ ਸ਼ਖ਼ਸੀਅਤਾਂ ਦੇ ਨਾਂਅ 'ਤੇ ਵਿਦਿਆਰਥੀਆਂ ਨੂੰ ਗੋਲਡ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ, ਜੋ ਕਿ ਹਰ ਸਾਲ ਇਨ੍ਹਾਂ ਪਰਵਾਰਾਂ ਵਲੋਂ ਵਿਦਿਆਰਥੀਆਂ ਨੂੰ ਦਿੱਤੇ ਜਾਂਦੇ ਹਨ। ਸਮਾਗਮ ਦੇ ਅੰਤ ਵਿਚ ਮੁੱਖ ਮਹਿਮਾਨ ਨੇ ਧੀਆਂ ਸਬੰਧੀ ਲਿਖਿਆ ਆਪਣਾ ਲਿਖਿਆ ਗੀਤ ਵੀ ਹਾਜ਼ਰਾਂ ਨਾਲ ਸਾਂਝਾ ਕੀਤਾ। ਅੰਤ ਵਿਚ ਪ੍ਰਿੰਸੀਪਲ ਸਕਿੰਦਰ ਕੌਰ ਬਰਾੜ ਵਲੋਂ ਮੁੱਖ ਮਹਿਮਾਨ ਸ਼ਾਇਰ ਕੰਵਰ ਇਕਬਾਲ ਸਿੰਘ ਸਮੇਤ ਹੋਰ ਵਿਸ਼ੇਸ਼ ਮਹਿਮਾਨਾਂ ਨੂੰ ਆਪਣੇ ਵਲੋਂ ਮਹਾਰਾਜਾ ਰਣਜੀਤ ਸਿੰਘ ਦੇ ਜੀਵਨ ਕਾਲ ਸਬੰਧੀ ਲਿਖੀ ਪੁਸਤਕ ਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਤੇ ਪ੍ਰੋ. ਹੈਪੀ ਕੁਮਾਰ ਨੇ ਆਏ ਹੋਏ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਜਗਜੀਤ ਸਿੰਘ ਸਾਬੀ, ਪੁਸ਼ਪਿੰਦਰ ਸਿੰਘ ਹਨੀ, ਉਪਿੰਦਰਜੀਤ ਕੌਰ, ਫ਼ਤਿਹਜੀਤ ਸਿੰਘ, ਤੇਜਬੀਰ ਸਿੰਘ, ਮੀਤ ਪ੍ਰਧਾਨ ਸਿਰਜਣਾ ਕੇਂਦਰ ਕਪੂਰਥਲਾ ਆਸ਼ੂ ਕੁਮਰਾ, ਕਪਿਲ ਕੁਮਾਰ ਸੋਨੂੰ, ਜਗਦੇਵ ਥਾਪਰ, ਸਲਮਾਨ ਤੋਂ ਇਲਾਵਾ ਉਪ ਪ੍ਰਿੰਸੀਪਲ ਪ੍ਰੋ. ਸਨੇਹ ਸ਼ਰਮਾ, ਪ੍ਰੋ. ਰਣਜੀਤ ਕੁਮਾਰ, ਪ੍ਰੋ. ਹੈਪੀ ਕੁਮਾਰ ਰਜਿਸਟਰਾਰ ਘਰੇਲੂ ਪ੍ਰੀਖਿਆਵਾਂ, ਪ੍ਰੋ. ਰਸ਼ਮੀ ਵਿਰਕ, ਪ੍ਰੋ. ਨਿਧੀ ਕਾਂਡਾ, ਪ੍ਰੋ. ਜਸਪ੍ਰੀਤ ਕੌਰ, ਪ੍ਰੋ. ਦਲਜੀਤ ਕਲੇਰ, ਪ੍ਰੋ. ਹਰਸਿਮਰਨ ਕੌਰ, ਪ੍ਰੋ. ਗੀਤਾ ਰਾਣੀ, ਪ੍ਰੋ. ਜੋਤੀ ਦੇਵੀ, ਪ੍ਰੋ. ਰੇਖਾ ਰਾਣੀ, ਪ੍ਰੋ. ਕੁਲਵਿੰਦਰ ਕੁਮਾਰ,ਪ੍ਰੋ. ਸੰਧਿਆ ਤੁਲੀ, ਪ੍ਰੋ. ਹਰਪਾਲਜੀਤ ਕੌਰ, ਪ੍ਰੋ. ਕੁਲਵਿੰਦਰ ਕੁਮਾਰ, ਪ੍ਰੋ. ਅਨੀਤਾ ਮਨੋਚਾ, ਪ੍ਰੋ. ਨਿਲਾਕਸ਼ੀ ਮਿਸਰ, ਪ੍ਰੋ. ਮਲਿਕਾ ਮੰਡ, ਪ੍ਰੋ. ਜਗਜੀਤ ਸਿੰਘ, ਪ੍ਰੋ. ਵਿਪਨ ਕੁਮਾਰ, ਪ੍ਰੋ. ਦਿਲਦਾਰ ਸਿੰਘ, ਪ੍ਰੋ. ਪ੍ਰਮੋਦ ਕੁਮਾਰ, ਪ੍ਰੋ. ਸੰਦੀਪ ਸਿੰਘ, ਪ੍ਰੋ. ਨਿਸ਼ਾਂਤ, ਪ੍ਰੋ. ਸਿਮਰਨਜੀਤ, ਪ੍ਰੋ. ਸੁਨੀਤਾ ਸੁਮਨ, ਪ੍ਰੋ. ਗੁਰਪ੍ਰੀਤ ਚੌਹਾਨ, ਪ੍ਰੋ. ਦੀਕਸ਼ਾ ਸਮਰਾ, ਪ੍ਰੋ. ਅੰਮ੍ਰਿਤ ਕੌਰ ਤੇ ਹੋਰ ਹਾਜ਼ਰ ਸਨ।

# ਐੱਸ ਟੀ ਐੱਸ ਵਰਲਡ ਸਕੂਲ ਨੇ ਵਿਦਿਆਰਥੀਆਂ ਨੂੰ ਚੰਡੀਗੜ੍ਹ ਦੀ ਯਾਤਰਾ ਕਰਵਾਈ



**ਗੁਰਾਇਆ (ਬਿੰਦਰ ਸੁਮਨ)**

ਐੱਸ ਟੀ ਐੱਸ ਵਰਲਡ ਸਕੂਲ ਦੇ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਚੰਡੀਗੜ੍ਹ ਲਈ ਇੱਕ ਬੌਧਿਕ ਤੌਰ 'ਤੇ ਅਮੀਰ ਅਤੇ ਉਤਸ਼ਾਹਜਨਕ ਯਾਤਰਾ ਸ਼ੁਰੂ ਕੀਤੀ। ਇਸ ਸਾਵਧਾਨੀ ਨਾਲ ਆਯੋਜਿਤ ਵਿਦਿਅਕ ਯਾਤਰਾ ਵਿੱਚ ਕੁੱਲ 146 ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਯਾਤਰਾ ਪ੍ਰੋਗਰਾਮ ਵਿੱਚ ਸ਼ਹਿਰ ਦੇ ਕੁਝ ਸਭ ਤੋਂ ਪ੍ਰਤੀਕਾਤਮਕ ਸਥਾਨਾਂ ਦੇ ਦੌਰੇ ਸ਼ਾਮਲ ਸਨ। ਰਾਕ ਗਾਰਡਨ ਵਿਖੇ, ਵਿਦਿਆਰਥੀ ਉਦਯੋਗਿਕ ਤੇ ਸ਼ਹਿਰੀ ਰਹਿੰਦ-ਖੂੰਹਦ ਤੋਂ ਬਣਾਈਆਂ ਗਈਆਂ ਮੂਰਤੀਆਂ ਦੁਆਰਾ ਪ੍ਰਦਰਸ਼ਿਤ ਅਸਾਧਾਰਨ ਰਚਨਾਤਮਕਤਾ ਅਤੇ ਟਿਕਾਊ ਕਲਾਤਮਕਤਾ ਦੁਆਰਾ ਮੋਹਿਤ ਹੋਏ। ਜ਼ਾਕਿਰ ਹੁਸੈਨ ਰੋਜ਼ ਗਾਰਡਨ ਦੀ ਯਾਤਰਾ ਨੇ ਇੱਕ ਸ਼ਾਂਤ ਤੇ ਸੁੰਦਰ ਅਨੁਭਵ ਪੇਸ਼ ਕੀਤਾ, ਜਿੱਥੇ ਵਿਦਿਆਰਥੀਆਂ ਨੇ ਸ਼ਾਨਦਾਰ ਗੁਲਾਬਾਂ ਅਤੇ ਹਰਿਆਲੀ ਦੇ ਵਿਸ਼ਾਲ ਸੰਗ੍ਰਹਿ ਦੀ ਪ੍ਰਸ਼ੰਸਾ ਕੀਤੀ। ਇਹ ਯਾਤਰਾ ਸ਼ਾਂਤ ਸੁਖਨਾ ਝੀਲ 'ਤੇ ਸਮਾਪਤ ਹੋਈ, ਜਿੱਥੇ ਵਿਦਿਆਰਥੀਆਂ ਨੇ ਕੁਦਰਤੀ ਸੁੰਦਰਤਾ ਤੇ ਸ਼ਾਂਤ ਮਾਹੌਲ ਦਾ ਆਨੰਦ ਮਾਣਿਆ, ਜਿਸ ਨਾਲ ਰੁਟੀਨ ਅਕਾਦਮਿਕ ਅਧਿਐਨਾਂ ਤੋਂ ਇੱਕ ਤਾਜ਼ਗੀ ਭਰਪੂਰ ਰਾਹਤ ਮਿਲੀ। ਸਾਰੇ ਵਿਦਿਆਰਥੀਆਂ ਨੂੰ ਦੁਪਹਿਰ ਦਾ ਖਾਣਾ ਪ੍ਰਦਾਨ ਕੀਤਾ ਗਿਆ, ਜਿਸ ਨਾਲ ਯਾਤਰਾ ਦੌਰਾਨ ਆਰਾਮ ਤੇ ਸਹੂਲਤ ਯਕੀਨੀ ਬਣਾਈ ਗਈ। ਯਾਤਰਾ ਚੌਕਸ ਨਿਗਰਾਨੀ ਹੇਠ ਕੀਤੀ ਗਈ, ਸੁਰੱਖਿਆ ਤੇ ਅਨੁਸ਼ਾਸਨ ਦੇ ਉੱਚਤਮ ਮਿਆਰਾਂ ਨੂੰ ਬਣਾਈ ਰੱਖਿਆ ਗਿਆ। ਇਹ ਸੈਰ-ਸਪਾਟਾ ਸਿੱਖਿਆ, ਖੋਜ ਤੇ ਆਨੰਦ ਦਾ ਇੱਕ ਸੰਪੂਰਨ ਸੁਮੇਲ ਸਾਬਤ ਹੋਇਆ।

## ਸਿਵਲ ਹਸਪਤਾਲ ਲਈ ਕਦੋਂ ਪਾਸ ਹੋਵੇਗਾ ਮਤਾ : ਐਡਵੋਕੇਟ ਮਿੱਤਲ



**ਜੈਤੋ (ਸਤੀਸ਼ ਕੁਮਾਰ ਭੀਗੀ)**-ਇਤਿਹਾਸਕ ਨਗਰੀ ਜੈਤੋ ਦੀ ਚਿਰੋਕਣੀ ਸਿਵਲ ਹਸਪਤਾਲ ਦੀ ਮੰਗ ਨੂੰ ਉਸ ਸਮੇਂ ਬੂਰ ਪੈਂਦਾ ਨਜ਼ਰ ਆਇਆ, ਜਦੋਂ ਪਿਛਲੇ ਦਿਨੀਂ ਆਪਣੀ ਜੈਤੋ ਫੇਰੀ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਟੇਜ ਤੋਂ ਕਰੋੜਾਂ ਰੁਪਏ ਦੀ ਗ੍ਰਾਂਟ ਦੇ ਨਾਲ ਹੀ 50 ਬਿਸਤਰਿਆਂ ਦਾ ਹਸਪਤਾਲ ਦੇਣ ਲਈ ਨੀਂਹ ਪੱਥਰ ਰੱਖਿਆ ਗਿਆ, ਪ੍ਰੰਤੂ ਜ਼ਿਲ੍ਹਾ ਫਰੀਦਕੋਟ ਦੇ ਸੀਨੀਅਰ ਤੇ ਨਾਮਵਰ ਵਕੀਲ ਅਮਿਤ ਮਿੱਤਲ ਗੋਲਡੂ ਨੇ ਦੱਸਿਆ ਕਿ ਜੈਤੋ ਲਈ ਸਿਵਲ ਹਸਪਤਾਲ ਸਿਰਫ ਐਲਾਨ ਕਰਨ ਨਾਲ ਨਹੀਂ ਬਲਕਿ ਵਿਧਾਨ ਸਭਾ ਵਿੱਚ ਹੈਲਥ ਕਮਿਊਨਿਟੀ ਸੈਂਟਰ ਤੋਂ ਸਿਵਲ ਹਸਪਤਾਲ ਵਿੱਚ ਤਬਦੀਲ ਕਰਨ ਦਾ ਮਤਾ ਪਾਸ ਕਰਨ ਉਪਰੰਤ ਹੀ ਸਬ-ਡਵੀਜ਼ਨ ਹਸਪਤਾਲ ਦਾ ਦਰਜਾ ਪ੍ਰਾਪਤ ਕਰ ਸਕਦਾ ਹੈ।ਐਡਵੋਕੇਟ ਗੋਲਡੂ ਨੇ ਜੈਤੋ ਤੋਂ ਵਿਧਾਇਕ ਅਮੋਲਕ ਸਿੰਘ ਅੱਗੇ ਮੰਗ ਰੱਖਦੇ ਹੋਏ ਕਿਹਾ ਕਿ ਉਨ੍ਹਾ ਵੱਲੋਂ ਇਸ ਸਬੰਧੀ ਵਿਧਾਨ ਸਭਾ ਵਿੱਚ ਆਪਣੀ ਆਵਾਜ਼ ਬੁਲੰਦ ਕੀਤੀ ਜਾਵੇ ਤਾਂ ਜੋ ਸ਼ਹਿਰ ਦੇ ਹੈਲਥ ਕਮਿਊਨਿਟੀ ਸੈਂਟਰ (ਰੈਫਰ ਕੇਂਦਰ) ਦਾ ਲੱਗਿਆ ਹੋਇਆ ਦਾਗ ਧੋਤਾ ਜਾ ਸਕੇ ਤੇ ਲੋਕਾਂ ਨੂੰ ਇਲਾਜ ਲਈ ਕੋਟਕਪੂਰਾ, ਫਰੀਦਕੋਟ ਤੇ ਬਠਿੰਡਾ ਜਾਣ ਦੀ ਲੋੜ ਮਹਿਸੂਸ ਨਾ ਹੋਵੇ ਅਤੇ ਹਸਪਤਾਲ ਬਣਨ ਨਾਲ ਲੋਕਾਂ ਦੇ ਸਮੇਂ ਤੇ ਆਰਥਿਕ ਨੁਕਸਾਨ ਤੋਂ ਵੀ ਬੱਚਤ ਹੋਵੇਗੀ।

## ਡਾ. ਕਿਨਰਾ ਨੂੰ ਰੋਬੋਟਿਕ ਜੁਆਇੰਟ ਰਿਪਲੇਸਮੈਂਟ 'ਚ ਫੈਲੋਸ਼ਿਪ ਪੂਰੀ ਕਰਨ 'ਤੇ ਦਿੱਤੀ ਵਧਾਈ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਐਲਾਨ ਕੀਤਾ ਕਿ ਡਾ. ਕਨਿਸ਼ ਕਿਨਰਾ (ਕੰਸਲਟੈਂਟ ਆਰਥੋਪੈਡਿਕਸ) ਨੇ ਹੈਲੀਓਸ ਐਂਡੋ-ਕਲੀਨਿਕ, ਹੈਮਬਰਗ, ਜਰਮਨੀ ਤੋਂ ਕੰਪਲੈਕਸ ਪ੍ਰਾਇਮਰੀ ਤੇ ਰਿਵੀਜ਼ਨ ਹਿਪ ਤੇ ਨੀ ਆਰਥਰੋਪਲਾਸਟੀ (ਗੋਡੇ ਤੇ ਕੂਲ੍ਹੇ ਦੇ ਜੋੜ ਬਦਲਣ) ਸਮੇਤ ਰੋਬੋਟਿਕ ਸਰਜਰੀ ਵਿੱਚ ਵਕਾਰੀ ਕਲੀਨਿਕਲ ਫੈਲੋਸ਼ਿਪ ਪ੍ਰੋਗਰਾਮ ਸਫਲਤਾਪੂਰਵਕ ਪੂਰਾ ਕਰ ਲਿਆ ਹੈ।ਜੋੜ ਬਦਲਣ ਦੇ ਵਿਸ਼ਵ ਪ੍ਰਸਿੱਧ ਕੇਂਦਰ 'ਐਂਡੋ-ਕਲੀਨਿਕ ਹੈਮਬਰਗ' ਵਿਖੇ ਡਾ. ਕਨਿਸ਼ ਕਿਨਰਾ ਦੀ ਉੱਨਤ ਸਿਖਲਾਈ, ਅਤਿ-ਆਧੁਨਿਕ ਰੋਬੋਟਿਕ ਤਕਨੀਕ ਦੀ ਵਰਤੋਂ ਕਰਦਿਆਂ ਗੁੰਝਲਦਾਰ ਕੇਸਾਂ 'ਤੇ ਕੇਂਦਰਿਤ ਸੀ।ਇਹ ਪ੍ਰਾਪਤੀ ਸਪਰਸ਼ ਹਸਪਤਾਲ ਬੈਂਗਲੂਰੂ ਤੋਂ ਉਨ੍ਹਾਂ ਦੀ ਪਹਿਲੀ ਜੁਆਇੰਟ ਰਿਪਲੇਸਮੈਂਟ ਫੈਲੋਸ਼ਿਪ ਵਿਚ ਇਕ ਹੋਰ ਮੀਲ ਪੱਥਰ ਜੋੜਦੀ ਹੈ ਤੇ ਵਿਸ਼ਵ ਪੱਧਰੀ ਆਰਥੋਪੈਡਿਕ ਦੇਖਭਾਲ ਪ੍ਰਦਾਨ ਕਰਨ ਵਿੱਚ ਉਨ੍ਹਾਂ ਦੀ ਮੁਹਾਰਤ ਨੂੰ ਹੋਰ ਮਜ਼ਬੂਤ ਕਰਦੀ ਹੈ।ਇਸ ਮੌਕੇ ਡਾਇਰੈਕਟਰ ਡਾ. ਅਮਨਦੀਪ ਕੌਰ ਨੇ ਕਿਹਾ ਕਿ ਸਾਨੂੰ ਡਾ. ਕਨਿਸ਼ ਕਿਨਰਾ ਦੀ ਇਸ ਪ੍ਰਾਪਤੀ 'ਤੇ ਮਾਣ ਹੈ।ਰੋਬੋਟਿਕ ਤੇ ਰਿਵੀਜ਼ਨ ਜੁਆਇੰਟ ਰਿਪਲੇਸਮੈਂਟ ਸਰਜਰੀ ਵਿੱਚ ਉਨ੍ਹਾਂ ਦੀ ਅੰਤਰਰਾਸ਼ਟਰੀ ਸਿਖਲਾਈ ਸਿੱਧੇ ਤੌਰ 'ਤੇ ਪੰਜਾਬ ਤੇ ਆਸ-ਪਾਸ ਦੇ ਖੇਤਰਾਂ ਦੇ ਮਰੀਜ਼ਾਂ ਲਈ ਉੱਨਤ ਤੇ ਘੱਟ ਚੀਰ-ਫਾੜ ਵਾਲੇ ਆਰਥੋਪੈਡਿਕ ਹੱਲ ਲਿਆਉਣ ਦੇ ਸਾਡੇ ਸਾਂਝੇ ਮਿਸ਼ਨ ਨਾਲ ਮੇਲ ਖਾਂਦੀ ਹੈ। ਡਾ. ਕਨਿਸ਼ ਕਿਨਰਾ (ਕੰਸਲਟੈਂਟ ਆਰਥੋਪੈਡਿਕਸ) ਨੇ ਕਿਹਾ ਐਂਡੋ-ਕਲੀਨਿਕ ਹੈਮਬਰਗ ਵਿਖੇ ਸਿਖਲਾਈ ਲੈਣਾ ਇਕ ਬਦਲਾਅਕਾਰੀ ਅਨੁਭਵ ਰਿਹਾ ਹੈ।ਰੋਬੋਟਿਕ-ਸਹਾਇਤਾ ਪ੍ਰਾਪਤ ਜੋੜ ਬਦਲਣ ਦੀ ਤਕਨੀਕ ਗੁੰਝਲਦਾਰ ਕੇਸਾਂ ਵਿੱਚ ਬੇਮਿਸਾਲ ਸ਼ੁੱਧਤਾ ਪ੍ਰਦਾਨ ਕਰਦੀ ਹੈ, ਜਿਸ ਦਾ ਮਤਲਬ ਹੈ ਮਰੀਜ਼ਾਂ ਲਈ ਘੱਟ ਦਰਦ, ਛੋਟੇ ਕੱਟ ਤੇ ਜਲਦੀ ਸਿਹਤਯਾਬੀ।ਉਹ ਫਿਰੋਜ਼ਪੁਰ ਵਿੱਚ ਦੇਖਭਾਲ ਦੇ ਇਨ੍ਹਾਂ ਗਲੋਬਲ ਮਾਪਦੰਡਾਂ ਨੂੰ ਲਿਆਉਣ ਲਈ ਉਤਸ਼ਾਹਤ ਹੈ, ਤਾਂ ਜੋ ਸਾਡੇ ਮਰੀਜ਼ਾਂ ਨੂੰ ਹੁਣ ਉੱਨਤ ਇਲਾਜ ਲਈ ਮੈਟਰੋ ਸ਼ਹਿਰਾਂ ਵਿਚ ਜਾਣ ਦੀ ਲੋੜ ਨਾ ਪਵੇ।

## ਨਨਕਾਣਾ ਸਾਹਿਬ ਕਾਲਜ 'ਚ ਮਨਾਇਆ ਵਿਸਾਖੀ ਦਾ ਤਿਉਹਾਰ




**ਸਮਰਾਲਾ (ਸੁਰਜੀਤ ਸਿੰਘ)**-ਨਨਕਾਣਾ ਸਾਹਿਬ ਕਾਲਜ ਆਫ ਐਜੂਕੇਸ਼ਨ ਕੋਟ ਗੰਗੂ ਰਾਏ ਵਿਖੇ ਪ੍ਰਿੰਸੀਪਲ ਡਾ. ਬਲਜੀਤ ਕੌਰ ਦੀ ਅਗਵਾਈ ਵਿੱਚ ਕਾਲਜ ਵਿਦਿਆਰਥੀਆਂ ਨੇ ਵਿਸਾਖੀ ਦਾ ਤਿਉਹਾਰ ਤੇ ਖਾਲਸਾ ਸਾਜਨਾ ਦਿਵਸ ਮਨਾਇਆ।ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਕੀਤੀ ਗਈ।ਪ੍ਰੋਗਰਾਮ ਇੰਚਾਰਜ ਡਾ. ਮੀਤਾ ਨੇ ਖਾਲਸਾ ਪੰਥ ਦੀ ਸਾਜਨਾ ਦੇ ਇਸ ਤਿਉਹਾਰ ਦੀ ਮਹੱਤਤਾ ਬਾਰੇ ਚਾਨਣਾ ਪਾਇਆ।ਵਿਦਿਆਰਥਣ ਖੁਸ਼ਨੀਵ ਕੌਰ ਸੰਧੂ ਨੇ ਜਲ੍ਹਿਆਂਵਾਲੇ ਬਾਗ ਦੇ ਖੂਨੀ ਸਾਕੇ ਦੇ ਇਤਿਹਾਸ ਤੇ ਵਿਸਾਖੀ ਦਾ ਹਾੜ੍ਹੀ ਦੀ ਫ਼ਸਲ ਬਾਰੇ ਸਬੰਧ ਬਾਰੇ ਵਿਸਥਾਰ ਨਾਲ ਦੱਸਿਆ।ਇਸ ਤੋਂ ਇਲਾਵਾ ਵਿਦਿਆਰਥਣਾਂ ਰੁਪਾਲੀ, ਹਰਸ਼ਦੀਪ, ਖੁਸ਼ਬੂ, ਅਮਿਤਾ ਆਦਿ ਨੇ ਜਲ੍ਹਿਆਂਵਾਲੇ ਬਾਗ ਦੇ ਖੂਨੀ ਕਾਂਡ ਦੇ ਇਤਿਹਾਸ ਨਾਲ ਸਬੰਧਤ ਨਾਟਕ ਪੇਸ਼ ਕੀਤਾ।ਵਿਦਿਆਰਥੀਅ ਾਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਗਿੱਧਾ, ਭੰਗੜਾ ਤੇ ਸਕਿੱਟ ਪੇਸ਼ ਕੀਤੇ ਗਏ।ਅਧਿਆਪਕ ਪ੍ਰਭਦੀਪ ਸਿੰਘ ਦੁਆਰਾ ਡਾ. ਭੀਮ ਰਾਓ ਅੰਬੇਦਕਰ ਦੇ ਜੀਵਨ ਤੇ ਭਾਰਤ ਨੂੰ ਉਨ੍ਹਾਂ ਦੀ ਮਹਾਨ ਦੇਣ ਸੰਵਿਧਾਨ ਬਾਰੇ ਦੱਸਿਆ।ਪ੍ਰਿੰਸੀਪਲ ਡਾ. ਬਲਜੀਤ ਕੌਰ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੀ ਧਾਰਮਿਕ ਤੇ ਇਤਿਹਾਸਕ ਮਹੱਤਤਾ ਬਾਰੇ ਚਾਨਣਾ ਪਾਇਆ ਤੇ ਆਪਸੀ ਭਾਈਚਾਰਕ ਸਾਂਝ ਬਣਾ ਕੇ ਰੱਖਣ ਬਾਰੇ ਦੱਸਿਆ।

## ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਦਾਣਾ ਮੰਡੀ ਦਾ ਜਾਇਜ਼ਾ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਵੱਲੋਂ ਅਨਾਜ ਮੰਡੀ ਦਿੜ੍ਹਬਾ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾ ਤੇ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ ਮਹਿਲਾ ਨੇ ਦੱਸਿਆ ਕਿ ਪੰਜਾਬ ਤੇ ਕੇਂਦਰ ਸਰਕਾਰ ਮਾਜੂ ਦਾਣੇ ਦਾ ਬਹਾਨਾ ਬਣਾ ਕੇ ਕਿਸਾਨਾਂ ਨੂੰ ਜਾਣ-ਬੁੱਝ ਕੇ ਮੰਡੀਆਂ ਵਿੱਚ ਰੋਲ ਰਹੀ ਹੈ। ਹਾਲਾਂਕਿ ਕਿਸਾਨ ਪਹਿਲਾਂ ਹੀ ਕੁਦਰਤ ਦੀ ਕਰੋਪੀ ਤੇ ਗੜੇਮਾਰੀ ਦੇ ਝੰਬੇ ਪਏ ਹਨ। ਪਿਛਲੇ ਦਿਨੀਂ ਹੋਈ ਬੇਮੌਸਮੀ ਬਾਰਸ਼ ਕਰਕੇ ਲੱਖਾਂ ਏਕੜ ਕਣਕ ਬਰਬਾਦ ਹੋ ਚੁੱਕੀ ਹੈ, ਜਿਸ ਦਾ ਸਰਕਾਰ ਨੇ ਅਜੇ ਤੱਕ ਕੋਈ ਮੁਆਵਜ਼ਾ ਨਹੀਂ ਦਿੱਤਾ, ਉਲਟਾ ਕਿਸਾਨਾਂ ਨੂੰ ਮੰਡੀਆਂ ਵਿੱਚ ਪ੍ਰੇਸ਼ਾਨ ਕੀਤਾ ਜਾ ਰਿਹਾ, ਜਿਸ ਦੇ ਰੋਸ ਵਜੋਂ ਅੱਜ ਦਾਣਾ ਮੰਡੀ ਦਿੜ੍ਹਬਾ ਵਿਖੇ ਨਾਰੇਬਾਜ਼ੀ ਕਰਕੇ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਇਸ ਮੌਕੇ ਖਰੀਦ ਏਜੰਸੀ ਪਨਗਰੇਨ ਦੇ ਇੰਸਪੈਕਟਰ ਪੰਕਜ ਕੁਮਾਰ ਤੇ ਵੇਅਰ ਹਾਊਸ ਦੇ ਇੰਸਪੈਕਟਰ ਪ੍ਰਿੰਸ ਸਿੰਗਲਾ ਨੇ ਭਰੋਸਾ ਦਿਵਾਇਆ ਕਿ ਕੇਂਦਰ ਸਰਕਾਰ ਵੱਲੋਂ ਭੇਜੀਆਂ ਟੀਮਾਂ ਅੱਜ ਸੰਗਰੂਰ ਦੀਆਂ ਅਨਾਜ ਮੰਡੀਆਂ ਦਾ ਜਾਇਜ਼ਾ ਲੈ ਰਹੀਆਂ ਹਨ, ਜਿਸ ਦਾ ਅੱਜ ਸ਼ਾਮ ਤੱਕ ਰਿਜ਼ਲਟ ਆਉਣ ਦੀ ਸੰਭਾਵਨਾ ਹੈ ਅਤੇ ਜਲਦੀ ਹੀ ਖਰੀਦ ਸ਼ੁਰੂ ਕਰ ਦਿੱਤੀ ਜਾਵੇਗੀ। ਇਸ ਮੌਕੇ ਕਿਸਾਨ ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਕਣਕ ਦੀ ਖਰੀਦ ਜਲਦ ਸ਼ੁਰੂ ਨਾ ਕੀਤੀ ਤਾਂ ਇਸ ਸਬੰਧੀ ਜਲਦੀ ਹੀ ਅਗਲਾ ਐਕਸ਼ਨ ਉਲੀਕਿਆ ਜਾਵੇਗਾ।

## ਪੰਜਾਬ ਪਬਲਿਕ ਸਕੂਲ ਦਾ 65ਵਾਂ ਸਥਾਪਨਾ ਦਿਵਸ ਮਨਾਇਆ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ ਨਾਭਾ ਨੇ ਹੈੱਡ ਮਾਸਟਰ ਡਾਕਟਰ ਡੀ ਸੀ ਸ਼ਰਮਾ ਦੀ ਅਗਵਾਈ ਹੇਠ 65ਵਾਂ ਸਥਾਪਨਾ ਦਿਵਸ ਬਹੁਤ ਮਾਣ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ, ਸਟਾਫ਼ ਤੇ ਸਕੂਲ ਭਾਈਚਾਰੇ ਦੇ ਮੈਂਬਰਾਂ ਨੇ ਹਾਜ਼ਰ ਹੋ ਕੇ ਇੱਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ।ਸਚਿੱਤ ਠਾਕੁਰ ਨੇ ਇਕੱਠ ਨੂੰ ਸੰਬੋਧਨ ਕੀਤਾ ਤੇ ਇਸ ਦਿਨ ਦੀ ਮਹੱਤਤਾ 'ਤੇ ਚਾਨਣਾ ਪਾਇਆ।ਉਸ ਨੇ ਯਾਦ ਦਿਵਾਇਆ ਕਿ 11 ਅਪ੍ਰੈਲ 1961 ਨੂੰ ਭਾਰਤ ਦੇ ਪਹਿਲੇ ਰਾਸ਼ਟਰਪਤੀ ਡਾ. ਰਾਜੇਂਦਰ ਪ੍ਰਸਾਦ ਨੇ ਸਕੂਲ ਦਾ ਰਸਮੀ ਉਦਘਾਟਨ ਕੀਤਾ ਸੀ।ਇਸ ਮਹਾਨ ਸੰਸਥਾ ਦੀ ਨੀਂਹ ਦੂਰਦਰਸ਼ੀ ਨੇਤਾ ਸ੍ਰ. ਪ੍ਰਤਾਪ ਸਿੰਘ ਕੈਰੋਂ ਵੱਲੋਂ ਦੂਰਅੰਦੇਸ਼ੀ ਤੇ ਉਦੇਸ਼ ਨਾਲ ਰੱਖੀ ਗਈ ਸੀ। ਪੀਪੀਐਸ ਨਾਭਾ ਇੱਕ ਅਮੀਰ ਵਿਰਾਸਤ ਵਾਲੀ ਇੱਕ ਪ੍ਰਮੁੱਖ ਸੰਸਥਾ ਹੈ ਤੇ ਭਾਰਤ ਦੇ ਪਹਿਲੇ ਸੈਨਿਕ ਸਕੂਲ ਵਜੋਂ ਜਾਣੀ ਜਾਂਦੀ ਹੈ, ਨੂੰ ਆਪਣੀ ਸ਼ੁਰੂਆਤ ਤੋਂ ਹੀ ਪ੍ਰਤਿਸ਼ਠਾਵਾਨ ਤੇ ਸ਼ਾਨਦਾਰ ਸਾਬਕਾ ਵਿਦਿਆਰਥੀ ਪੈਦਾ ਕਰਨ ਦਾ ਸਿਹਰਾ ਦਿੱਤਾ ਜਾਂਦਾ ਹੈ।ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਹੈੱਡ ਮਾਸਟਰ ਡਾ. ਡੀ ਸੀ ਸ਼ਰਮਾ ਨੇ ਉਨ੍ਹਾਂ ਨੂੰ ਸੰਸਥਾ ਦੀ ਮਾਣਮੱਤੀ ਵਿਰਾਸਤ ਨੂੰ ਬਰਕਰਾਰ ਰੱਖਣ ਤੇ ਆਪਣੇ ਸਮਰਪਣ, ਅਨੁਸ਼ਾਸਨ ਤੇ ਉੱਤਮਤਾ ਦੁਆਰਾ ਸਮਾਜ ਵਿੱਚ ਅਰਥਪੂਰਨ ਯੋਗਦਾਨ ਪਾਉਣ ਦਾ ਸੱਦਾ ਦਿੱਤਾ।ਇਹ ਸਮਾਗਮ ਪਿਛਲੇ 65 ਸਾਲਾਂ ਦੌਰਾਨ ਸਕੂਲ ਦੀ ਸ਼ਾਨਦਾਰ ਯਾਤਰਾ ਤੇ ਪ੍ਰਾਪਤੀਆਂ 'ਤੇ ਪ੍ਰਤੀਬਿੰਬਤ ਕਰਨ ਦੇ ਇੱਕ ਪਲ ਵਜੋਂ ਮਨਾਇਆ ਗਿਆ।

## ਸੁਰਜੀਤ ਲੋਹਾਰਾ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਕੁਝ ਦਿਨ ਪਹਿਲਾਂ ਆਮ ਆਦਮੀ ਪਾਰਟੀ ਦੇ ਸਾਬਕਾ ਸੀਨੀਅਰ ਆਗੂ ਸੁਰਜੀਤ ਸਿੰਘ ਲੋਹਾਰਾ ਵੱਲੋਂ ਆਪਣੇ ਸਾਰੇ ਅਹੁਦਿਆਂ ਤੋਂ ਅਸਤੀਫਾ ਦੇਣ ਤੋਂ ਬਾਅਦ ਸੋਮਵਾਰ ਉਨ੍ਹਾਂ ਆਪਣੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕਰ ਲਈ।ਉਨ੍ਹਾਂ ਦੀ ਇਹ ਸ਼ਮੂਲੀਅਤ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ, ਰਾਜਵਿੰਦਰ ਸਿੰਘ ਤੇ ਮੱਖਣ ਸਿੰਘ ਬਰਾੜ ਦੀ ਅਗਵਾਈ ਹੇਠ ਹੋਈ।ਇਸ ਮੌਕੇ ਗੱਲਬਾਤ ਕਰਦੇ ਹੋਏ ਸੁਰਜੀਤ ਸਿੰਘ ਲੋਹਾਰਾ ਨੇ ਕਿਹਾ ਕਿ ਉਹ 14 ਸਾਲਾਂ ਤੋਂ ਆਮ ਆਦਮੀ ਪਾਰਟੀ ਨਾਲ ਜੁੜੇ ਰਹੇ, ਪਰ ਪਾਰਟੀ ਵੱਲੋਂ ਉਨ੍ਹਾਂ ਦੀ ਮਿਹਨਤ ਦੀ ਕਦਰ ਨਹੀਂ ਕੀਤੀ ਗਈ। ਹੁਣ ਉਹ ਅਕਾਲੀ ਦਲ ਨਾਲ ਮਿਲ ਕੇ ਲੋਕਾਂ ਦੀ ਸੇਵਾ ਕਰਨਗੇ।ਪਿੰਡ ਲੋਹਾਰਾ ਤੋਂ ਅਨੇਕਾਂ ਪਰਵਾਰਾਂ ਨੇ ਵੀ ਇਸ ਮੌਕੇ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ।ਮੱਖਣ ਸਿੰਘ ਬਰਾੜ ਨੇ ਕਿਹਾ ਕਿ ਲਗਭਗ 50-60 ਹੋਰ ਪਰਵਾਰ ਜਲਦੀ ਹੀ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣਗੇ ਤੇ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ।ਉਨ੍ਹਾਂ ਕਿਹਾ ਕਿ ਖੇਤਰੀ ਪਾਰਟੀਆਂ ਹੀ ਅਸਲ ਵਿੱਚ ਵਿਕਾਸ ਦੇ ਰਸਤੇ ਖੋਲ੍ਹਦੀਆਂ ਹਨ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਲੋਕ ਅਕਾਲੀ ਦਲ ਨਾਲ ਜੁੜਨਗੇ।ਅੰਤ ਵਿੱਚ ਆਗੂਆਂ ਨੇ ਸ਼ਮੂਲੀਅਤ ਕਰਨ ਵਾਲੇ ਸਾਰੇ ਪਰਵਾਰਾਂ ਦਾ ਧੰਨਵਾਦ ਕੀਤਾ ਤੇ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ।

# ਰੇਲਵੇ ਵੱਲੋਂ ਡਿਜੀਟਲ ਟਿਕਟਿੰਗ ਨੂੰ ਉਤਸ਼ਾਹਤ ਕਰਨ ਲਈ ਵਿਸ਼ੇਸ਼ ਮੁਹਿੰਮ ਸ਼ੁਰੂ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਉੱਤਰ ਰੇਲਵੇ ਦੇ ਫਿਰੋਜ਼ਪੁਰ ਮੰਡਲ ਵੱਲੋਂ ਰੇਲ ਯਾਤਰੀਆਂ ਨੂੰ ਡਿਜੀਟਲ ਟਿਕਟਿੰਗ ਪ੍ਰਣਾਲੀ ਨਾਲ ਜੋੜਨ ਤੇ 'ਰੇਲ-ਵਨ' ਐਪ ਦੀ ਵਰਤੋਂ ਨੂੰ ਉਤਸ਼ਾਹਤ ਕਰਨ ਲਈ ਇਕ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਇਹ 21 ਦਿਨਾਂ ਦੀ ਵਿਸ਼ੇਸ਼ ਮੁਹਿੰਮ 6 ਅਪ੍ਰੈਲ 2026 ਤੋਂ ਸ਼ੁਰੂ ਹੋ ਕੇ 26 ਅਪ੍ਰੈਲ 2026 ਤੱਕ ਜਾਰੀ ਰਹੇਗੀ। ਇਸ ਮੁਹਿੰਮ ਦਾ ਮੁੱਖ ਉਦੇਸ਼ ਯਾਤਰੀਆਂ ਨੂੰ ਰਵਾਇਤੀ ਲਾਈਨਾਂ ਤੋਂ ਮੁਕਤ ਕਰਕੇ ਆਧੁਨਿਕ ਤੇ ਤੇਜ਼ ਤਕਨੀਕ ਨਾਲ ਜੋੜਨਾ ਹੈ। ਇਹ ਅਭਿਆਨ ਫਿਰੋਜ਼ਪੁਰ ਮੰਡਲ ਦੇ ਪ੍ਰਮੁੱਖ ਰੇਲਵੇ ਸਟੇਸ਼ਨਾਂ ਜਿਵੇਂ ਕਿ ਲੁਧਿਆਣਾ, ਅੰਮ੍ਰਿਤਸਰ, ਜਲੰਧਰ ਸਿਟੀ, ਫਿਰੋਜ਼ਪੁਰ ਕੈਂਟ ਤੇ ਬਿਆਸ ਵਿਖੇ ਪੂਰੀ ਸਰਗਰਮੀ ਨਾਲ ਚਲਾਇਆ ਜਾ ਰਿਹਾ ਹੈ। ਮੁਹਿੰਮ ਦੀ ਸ਼ੁਰੂਆਤ ਲੁਧਿਆਣਾ ਸਟੇਸ਼ਨ ਤੋਂ ਕੀਤੀ ਗਈ ਸੀ, ਜਿਸ ਤੋਂ ਬਾਅਦ ਹਰ ਰੋਜ਼ ਵੱਖ-ਵੱਖ ਸਟੇਸ਼ਨਾਂ 'ਤੇ ਯਾਤਰੀਆਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਰੇਲਵੇ ਵੱਲੋਂ ਯਾਤਰੀਆਂ ਦਾ ਧਿਆਨ ਖਿੱਚਣ ਤੇ ਉਨ੍ਹਾਂ ਨੂੰ ਜਾਣਕਾਰੀ ਦੇਣ ਲਈ ਕਈ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਹਨ ਸਟੇਸ਼ਨਾਂ 'ਤੇ ਵਿਸ਼ੇਸ਼ ਬੂਥ ਲਗਾਏ ਗਏ ਹਨ, ਜਿੱਥੇ ਯਾਤਰੀਆਂ ਨੂੰ ਐਪ ਡਾਊਨਲੋਡ ਕਰਨ ਤੇ ਟਿਕਟ ਬੁੱਕ ਕਰਨ ਦਾ ਤਰੀਕਾ ਸਿਖਾਇਆ ਜਾ ਰਿਹਾ ਹੈ। ਨੁੱਕੜ ਨਾਟਕਾਂ ਤੇ ਸੱਭਿਆਚਾਰਕ ਟੀਮਾਂ ਰਾਹੀਂ ਡਿਜੀਟਲ ਇੰਡੀਆ ਦਾ ਸੰਦੇਸ਼ ਦਿੱਤਾ ਜਾ ਰਿਹਾ ਹੈ। ਟਿਕਟ ਚੈਕਿੰਗ ਸਟਾਫ, ਖਿਡਾਰੀ, ਸਕਾਊਟਸ ਐਂਡ ਗਾਈਡਸ ਤੇ ਮਹਿਲਾ ਸਟਾਫ ਵੱਲੋਂ ਰੈਲੀਆਂ ਅਤੇ ਪਦ-ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ। ਯਾਤਰੀਆਂ ਦੀ ਦਿਲਚਸਪੀ ਵਧਾਉਣ ਲਈ ਸੈਲਫੀ ਪੁਆਇੰਟ ਬਣਾਏ ਗਏ ਹਨ ਤੇ ਲਗਾਤਾਰ ਅਨਾਊਂਸਮੈਂਟਾਂ ਰਾਹੀਂ ਜਾਣਕਾਰੀ ਸਾਂਝੀ ਕੀਤੀ ਜਾ ਰਹੀ ਹੈ। ਇਸ ਮੁਹਿੰਮ ਦੌਰਾਨ ਯਾਤਰੀਆਂ ਨੂੰ ਦੱਸਿਆ ਜਾ ਰਿਹਾ ਹੈ ਕਿ ਡਿਜੀਟਲ ਮਾਧਿਅਮਾਂ, ਖਾਸ ਕਰਕੇ 'ਰੇਲ-ਵਨ' ਐਪ ਰਾਹੀਂ ਟਿਕਟ ਬੁੱਕ ਕਰਨਾ ਨਾ ਸਿਰਫ ਸੌਖਾ ਹੈ, ਸਗੋਂ ਸੁਰੱਖਿਅਤ ਵੀ ਹੈ। ਇਸ ਨਾਲ ਕੈਸ਼ਲੈੱਸ ਭੁਗਤਾਨ ਨੂੰ ਉਤਸ਼ਾਹ ਮਿਲਦਾ ਹੈ ਤੇ ਕਾਗਜ਼ ਰਹਿਤ ਯਾਤਰਾ ਯਕੀਨੀ ਹੁੰਦੀ ਹੈ, ਜੋ ਵਾਤਾਵਰਣ ਲਈ ਵੀ ਫਾਇਦੇਮੰਦ ਹੈ। ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਇਹ ਮੁਹਿੰਮ 'ਡਿਜੀਟਲ ਇੰਡੀਆ' ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਇਕ ਅਹਿਮ ਕਦਮ ਹੈ। ਉਨ੍ਹਾਂ ਕਿਹਾ ਕਿ ਅਜਿਹੇ ਯਤਨਾਂ ਨਾਲ ਯਾਤਰੀਆਂ ਨੂੰ ਆਧੁਨਿਕ, ਸੁਵਿਧਾਜਨਕ ਤੇ ਪਾਰਦਰਸ਼ੀ ਰੇਲ ਸੇਵਾਵਾਂ ਪ੍ਰਦਾਨ ਕਰਨ ਵਿਚ ਮੱਦਦ ਮਿਲੇਗੀ।

## ਜਲਾਲਾਬਾਦ ਬਾਈਪਾਸ 'ਤੇ ਜਲਦੀ ਸ਼ੁਰੂ ਹੋਵੇਗਾ ਕੰਮ : ਗੋਲਡੀ

**ਜਲਾਲਾਬਾਦ (ਜੀਤ ਕੁਮਾਰ)**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਸਰਕਾਰ ਦੇ ਯਤਨਾਂ ਸਦਕਾ ਹਲਕੇ ਦੇ ਪਿੰਡਾਂ ਵਿੱਚ ਸੜਕਾਂ ਦੇ ਵਿਆਪਕ ਵਿਕਾਸ ਲਈ ਵੱਖ-ਵੱਖ ਗਰੁੱਪਾਂ ਹੇਠ ਕਰੋੜਾਂ ਰੁਪਏ ਦੇ ਪ੍ਰੋਜੈਕਟਾਂ 'ਚ ਲਗਭਗ 220 ਕਿਲੋਮੀਟਰ ਨਵੀਨੀਕਰਨ ਤੇ ਰਿਪੇਅਰ ਸੜਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਜਲਾਲਾਬਾਦ ਦੀ ਮਾਰਕੀਟ ਕਮੇਟੀ ਦੇ ਦਫ਼ਤਰ ਵਿਖੇ ਪ੍ਰੈੱਸ ਕਾਨਫਰੰਸ ਕਰਕੇ ਸਾਂਝੀ ਕੀਤੀ। ਇਨ੍ਹਾਂ ਪ੍ਰੋਜੈਕਟਾਂ ਵਿੱਚ ਕਈ ਲਿੰਕ ਰੋਡ, ਪਿੰਡਾਂ ਦੇ ਰਸਤੇ ਤੇ ਨਹਿਰਾਂ ਦੇ ਨਾਲ ਲੱਗਦੀਆਂ ਸੜਕਾਂ ਦੀ ਮੁਰੰਮਤ ਤੇ ਨਵੀਨੀਕਰਨ ਸ਼ਾਮਲ ਹਨ।

ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਆਖਿਆ ਕਿ ਐੱਮ ਐੱਫ ਰੋਡ ਤੋਂ ਹੌਜ ਖਾਸ ਲਗਭਗ ਲਗਭਗ 26 ਕਿ. ਮੀ. ਲੰਬਾਈ, ਕੁੱਲ ਲਾਗਤ ਕਰੀਬ 511.81 ਲੱਖ ਰੁਪਏ, ਜੰਡ ਵਾਲਾ ਭੀਮੇਸ਼ਾਹ ਰੋਡ ਕਰੀਬ 232.49 ਲੱਖ ਰੁਪਏ, ਐੱਮ ਐੱਫ ਰੋਡ ਤੋਂ ਡੀ ਐੱਚ ਐੱਸ ਰੋਡ (ਸਦਰਾਣਾ ਨਹਿਰ) ਕਰੀਬ 427.5 ਲੱਖ ਰੁਪਏ ਨਾਲ ਕਈ ਸੜਕਾਂ ਪਿੰਡਾਂ ਨੂੰ ਮੰਡੀਆਂ, ਢਾਣੀਆਂ ਤੇ ਮੁੱਖ ਸੜਕਾਂ ਨਾਲ ਜੋੜਨ ਲਈ ਬਣਾਈਆਂ ਜਾਣਗੀਆਂ ਅਤੇ ਨਹਿਰਾਂ ਦੇ ਨਾਲ ਲੱਗਦੀਆਂ ਸੜਕਾਂ ਨੂੰ ਵੀ ਅਪਗ੍ਰੇਡ ਕੀਤਾ ਜਾ ਰਿਹਾ ਹੈ, ਜਿਸ ਨਾਲ ਆਵਾਜਾਈ ਸੁਵਿਧਾ ਵਧੇਗੀ। ਵਿਧਾਇਕ ਨੇ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਹਲਕੇ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਦੇਣਗੇ ਤੇ ਪਿੰਡਾਂ ਦੀ ਕਨੈਕਟਿਵਿਟੀ ਮਜ਼ਬੂਤ ਹੋਵੇਗੀ। ਉਨ੍ਹਾਂ ਦੱਸਿਆ ਕਿ ਕੰਮ ਤਹਿ ਸ਼ੁਦਾ ਯੋਜਨਾ ਅਨੁਸਾਰ ਸ਼ੁਰੂ ਕੀਤਾ ਜਾਵੇਗਾ ਤੇ ਲੋਕਾਂ ਨੂੰ ਬਿਹਤਰ ਸੜਕ ਸਹੂਲਤਾਂ ਦਿੱਤੀਆਂ ਜਾਣਗੀਆਂ। ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਲੈ ਕੇ ਹੋ ਰਹੀ ਗੱਲਬਾਤ ਦੌਰਾਨ ਜਦੋਂ ਬਾਈਪਾਸ ਪ੍ਰੋਜੈਕਟ ਬਾਰੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੂੰ ਪੁੱਛਿਆ ਗਿਆ ਤਾਂ ਉਨ੍ਹਾਂ ਦੱਸਿਆ ਕਿ ਜਲਾਲਾਬਾਦ ਬਾਈਪਾਸ ਦਾ ਨਿਰਮਾਣ ਕੰਮ ਜਲਦੀ ਹੀ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬਾਈਪਾਸ ਬਣਨ ਨਾਲ ਸ਼ਹਿਰ ਦੇ ਅੰਦਰ ਟ੍ਰੈਫਿਕ ਘਟੇਗਾ ਤੇ ਬਾਹਰੀ ਵਾਹਨਾਂ ਨੂੰ ਸਿੱਧਾ ਰਸਤਾ ਮਿਲੇਗਾ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।

## ਤਿੰਨ ਕਾਰ ਸਵਾਰ ਹੈਰੋਇਨ ਸਣੇ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੀ ਆਈ ਏ ਸਟਾਫ਼ ਸਰਹਿੰਦ ਵੱਲੋਂ ਤਿੰਨ ਕਾਰ ਸਵਾਰਾਂ ਨੂੰ ਹੈਰੋਇਨ ਸਣੇ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਮੰਡੀ ਗੋਬਿੰਦਗੜ੍ਹ ਦੀ ਭਾਂਬਰੀ ਕਲੋਨੀ ਨਜ਼ਦੀਕ ਗਸ਼ਤ ਕਰ ਰਹੀ ਸੀ.ਆਈ.ਏ. ਸਰਹਿੰਦ ਦੀ ਇੱਕ ਟੀਮ ਵੱਲੋਂ ਸੈਲੇਰੀਓ ਕਾਰ 'ਚ ਸਵਾਰ ਡੇਵਿਡ ਵਾਸੀ ਪਿੰਡ ਕੁੰਡੇ ਉਲਾਕੇ (ਫ਼ਿਰੋਜ਼ਪੁਰ), ਮਨਪ੍ਰੀਤ ਸਿੰਘ ਉਰਫ ਮਨੀ ਵਾਸੀ ਪਿੰਡ ਕਸੁੰਭੜੀ ਅਤੇ ਨੇਤਰ ਸਿੰਘ ਵਾਸੀ ਪਿੰਡ ਬੀਬੀਪੁਰ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕੀਤਾ ਗਿਆ।ਜਿਨ੍ਹਾਂ ਦੇ ਕਬਜ਼ੇ ਚੋਂ ਤਲਾਸ਼ੀ ਦੌਰਾਨ 30 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਇਸ ਸਬੰਧੀ ਦਰਜ ਕਰਵਾਏ ਗਏ ਮੁਕੱਦਮੇ 'ਚ ਤਿੰਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਸੀ.ਆਈ.ਏ. ਦੇ ਥਾਣੇਦਾਰ ਗੁਰਮੀਤ ਕੁਮਾਰ ਵੱਲੋਂ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

# ਪ੍ਰਿੰਸੀਪਲਾਂ ਦੀਆਂ ਆਸਾਮੀਆਂ ਖਾਲੀ ਹੋਣ ਕਰਕੇ ਸਕੂਲਾਂ ਦਾ ਪ੍ਰਬੰਧਕੀ ਸੰਕਟ ਗੰਭੀਰ

### ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਵੱਲੋਂ ਸਕੂਲ ਦੇ ਸੀਨੀਅਰ ਲੈਕਚਰਾਰਾਂ ਨੂੰ ਡੀ.ਡੀ.ਓ. ਪਾਵਰ ਦੇਣ ਦੀ ਮੰਗ

**ਕੋਟਕਪੂਰਾ (ਰਛਪਾਲ ਭੁੱਲਰ)**



ਇੱਕ ਪਾਸੇ ਪੰਜਾਬ ਵਿੱਚ ਪਿਛਲੇ ਚਾਰ ਸਾਲਾਂ ਤੋਂ ਹੁਕਮਰਾਨ ਭਗਵੰਤ ਮਾਨ ਸਰਕਾਰ ਵੱਲੋਂ ਹਰ ਰੋਜ਼ ਮੀਡੀਏ ਵਿੱਚ ਇਸ਼ਤਿਹਾਰਬਾਜ਼ੀ ਕਰਕੇ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਲਿਆਉਣ ਦਾ ਪ੍ਰਚਾਰ ਜ਼ੋਰਾਂ ਸ਼ੋਰਾਂ ਨਾਲ ਕੀਤਾ ਜਾ ਰਿਹਾ ਹੈ ਤੇ ਦੂਜੇ ਪਾਸੇ ਅਸਲ ਸਥਿਤੀ ਇਹ ਹੈ ਕਿ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਅਨੇਕਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪੱਕੇ ਪ੍ਰਿੰਸੀਪਲਾਂ ਦੀਆਂ ਅਸਾਮੀਆਂ ਪਿਛਲੇ ਕਾਫੀ ਸਮੇਂ ਤੋਂ ਖਾਲੀ ਪਈਆਂ ਹੋਣ ਕਾਰਨ ਸਕੂਲਾਂ ਦੇ ਵਿਦਿਆਰਥੀਆਂ ਦੇ ਨਵੇਂ ਦਾਖਲੇ, ਵਿਦਿਆਰਥੀਆਂ ਦੀ ਪੜ੍ਹਾਈ ਤੇ ਹੋਰ ਪ੍ਰਬੰਧਕੀ ਕਾਰਜ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ।ਇਸ ਸਬੰਧੀ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਧਿਆਨ ਵਿੱਚ ਆਇਆ ਹੈ ਕਿ ਪੰਜਾਬ ਸਰਕਾਰ ਵੱਲੋਂ ਸਕੂਲਾਂ ਦੇ ਪ੍ਰਬੰਧਕੀ ਕੰਮਾਂ ਨੂੰ ਚਲਾਉਣ ਲਈ, ਸਟਾਫ ਦੀਆਂ ਤਨਖਾਹਾਂ ਕਢਵਾਉਣ, ਸੇਵਾ ਪੱਤਰੀਆਂ ਮੁਕੰਮਲ ਕਰਨ ਆਦਿ ਕੰਮ ਚਲਾਉਣ ਵਾਸਤੇ ਹੋਰਨਾਂ ਸਕੂਲਾਂ ਵਿੱਚ ਕੰਮ ਕਰਦੇ ਪੱਕੇ ਪ੍ਰਿੰਸੀਪਲਾਂ ਨੂੰ ਆਪਣੇ ਸਕੂਲ ਦਾ ਕੰਮਕਾਜ ਕਰਨ ਦੇ ਨਾਲ ਨਾਲ 4 ਜਾਂ 5 ਸਕੂਲਾਂ ਤੱਕ ਖਾਲੀ ਪਈਆਂ ਪ੍ਰਿੰਸੀਪਲਾਂ ਦੀਆਂ ਅਸਾਮੀਆਂ ਵਾਲੇ ਸਕੂਲਾਂ ਦੀਆਂ ਡੀ.ਡੀ.ਓ. ਪਾਵਰ ਦਿੱਤੀਆਂ ਹੋਈਆਂ ਹਨ।ਇਸ ਕਾਰਨ ਪੱਕੇ ਪ੍ਰਿੰਸੀਪਲ ਭਾਰੀ ਮਾਨਸਿਕ ਪ੍ਰੇਸ਼ਾਨੀਆਂ ਦੇ ਦੌਰ ਵਿੱਚੋਂ ਗੁਜ਼ਰ ਰਹੇ ਹਨ ਅਤੇ ਸਵੈ-ਇੱਛੁਕ ਸੇਵਾ ਮੁਕਤੀ ਲੈਣ ਲਈ ਮਜਬੂਰ ਹੋ ਰਹੇ ਹਨ।ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਜਨਰਲ ਸਕੱਤਰ ਜਿੰਦਰ ਪਾਇਲਟ, ਵਿੱਤ ਸਕੱਤਰ ਨਵੀਨ ਸਚਦੇਵਾ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ, ਸੂਬਾ ਸਲਾਹਕਾਰ ਬਲਕਾਰ ਵਲਟੋਹਾ ਤੇ ਪ੍ਰੇਮ ਚਾਵਲਾ ਨੇ ਕਿਹਾ ਕਿ ਜੇਕਰ ਕਿਸੇ ਕਾਨੂੰਨੀ ਅੜਚਨ ਕਾਰਨ ਪ੍ਰਿੰਸੀਪਲਾਂ ਦੀਆਂ ਖਾਲੀ ਪਈਆਂ ਅਸਾਮੀਆਂ ਤਰੱਕੀ ਰਾਹੀਂ ਜਾਂ ਸਿੱਧੀ ਭਰਤੀ ਰਾਹੀਂ ਪੰਜਾਬ ਸਰਕਾਰ ਵੱਲੋਂ ਤੁਰੰਤ ਨਹੀਂ ਭਰੀਆਂ ਜਾ ਸਕਦੀਆਂ ਤਾਂ ਉਨੀ ਦੇਰ ਤੱਕ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਪਹਿਲ ਕਦਮੀ ਕਰਕੇ ਪਹਿਲਾਂ ਦੀ ਤਰ੍ਹਾਂ ਹੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਕੰਮ ਕਰਦੇ ਸੀਨੀਅਰ ਲੈਕਚਰਾਰਾਂ ਨੂੰ ਆਰਜ਼ੀ ਤੌਰ 'ਤੇ ਡੀ.ਡੀ.ਓ. ਪਾਵਰਜ਼ ਤੁਰੰਤ ਸ਼ੁਰੂ ਕੀਤੀ ਜਾਵੇ।

ਅਧਿਆਪਕ ਆਗੂਆਂ ਨੇ ਚਿੰਤਾ ਜ਼ਾਹਰ ਕਰਦੇ ਹੋਏ ਕਿਹਾ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਜਲਦ ਹੀ ਇਸ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਸਰਕਾਰ ਦੇ ਸਿੱਖਿਆ ਸੁਧਾਰ ਕਰਨ ਦੇ ਸੁਪਨੇ ਸਾਕਾਰ ਨਹੀਂ ਹੋ ਸਕਣਗੇ।ਆਗੂਆਂ ਨੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਪ੍ਰਿੰਸੀਪਲਾਂ ਦੀਆਂ ਸਾਰੀਆਂ ਖਾਲੀ ਅਸਾਮੀਆਂ ਤੁਰੰਤ ਭਰੀਆਂ ਜਾਣ ਤੇ ਆਰਜ਼ੀ ਪ੍ਰਬੰਧ ਦੇ ਤੌਰ 'ਤੇ ਸੀਨੀਅਰ ਲੈਕਚਰਾਰਾਂ ਨੂੰ ਤੁਰੰਤ ਡੀ.ਡੀ.ਓ. ਪਾਵਰਜ਼ ਜਾਰੀ ਕੀਤੀਆਂ ਜਾਣ।

## 2027 'ਚ ਕਾਂਗਰਸ ਪਾਰਟੀ ਦੀ ਬਣੇਗੀ ਸਰਕਾਰ : ਰਾਜ ਬਖਸ਼ ਕੰਬੋਜ

**ਜਲਾਲਾਬਾਦ (ਜੀਤ ਕੁਮਾਰ)**

### ਕਾਂਗਰਸ ਪਾਰਟੀ ਵੱਲੋਂ ਜਲਾਲਾਬਾਦ ਵਿਖੇ ਮੀਟਿੰਗ




ਜਿਵੇਂ ਜਿਵੇਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ, ਰਾਜਨੀਤਕ ਸਰਗਰਮੀਆਂ ਤੇਜ਼ ਹੁੰਦੀਆਂ ਨਜ਼ਰ ਆ ਰਹੀਆਂ ਹਨ। ਇਸੇ ਤਰ੍ਹਾਂ ਹੀ ਕਾਂਗਰਸ ਪਾਰਟੀ ਵੱਲੋਂ ਜਲਾਲਾਬਾਦ ਸ਼ਹਿਰ ਦੇ ਵਾਰਡ ਨੰਬਰ ਇੱਕ ਵਿੱਚ ਅਰੋੜਾ ਬਿੱਗ ਸਟੋਰ ਦੇ ਸੰਚਾਲਕ ਜਗਦੀਸ਼ ਚੰਦਰ ਅਰੋੜਾ ਦੇ ਗ੍ਰਹਿ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓਬੀਸੀ ਵਿਭਾਗ ਦੇ ਚੇਅਰਮੈਨ ਤੇ ਪੰਜਾਬ ਪ੍ਰਦੇਸ਼ ਕਾਂਗਰਸ ਇਲੈਕਸ਼ਨ ਕਮੇਟੀ ਦੇ ਮੈਂਬਰ ਰਾਜ ਬਖਸ਼ ਕੰਬੋਜ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਰਾਜ ਬਖ਼ਸ਼ ਕੰਬੋਜ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੂਰੀ ਤਰ੍ਹਾਂ ਤੰਗ ਆ ਚੁੱਕੇ ਹਨ। ਹਰ ਪਾਸੇ ਰਿਸ਼ਵਤਖੋਰੀ ਦਾ ਪੂਰੀ ਤਰ੍ਹਾਂ ਬੋਲ ਬਾਲਾ ਹੈ, ਕਿਸੇ ਵੀ ਦਫ਼ਤਰ ਵਿੱਚ ਰਿਸ਼ਵਤ ਤੋਂ ਬਿਨਾਂ ਕੋਈ ਵੀ ਕੰਮ ਨਹੀਂ ਹੁੰਦਾ। ਹਰ ਪਾਸੇ ਦਿਨ ਦਿਹਾੜੇ ਲੁੱਟਾਂ-ਖੋਹਾਂ ਤੇ ਕਤਲੇਆਮ ਵਰਗੀਆਂ ਘਟਨਾਵਾਂ ਵਾਪਰ ਰਹੀਆਂ ਹਨ। ਨਸ਼ਾ ਸ਼ਰੇਆਮ ਵਿਕ ਰਿਹਾ ਹੈ, ਮਜ਼ਦੂਰਾਂ ਲਈ ਨਰੇਗਾ ਸਕੀਮ ਬੰਦ ਹੋਈ ਪਈ ਹੈ, ਜਿਸ ਕਰਕੇ ਮਜ਼ਦੂਰ ਵਰਗ ਪੂਰੀ ਤਰ੍ਹਾਂ ਪ੍ਰੇਸ਼ਾਨ ਹੋ ਰਿਹਾ ਹੈ। ਰਾਜ ਬਖਸ਼ ਕੰਬੋਜ ਨੇ ਕਿਹਾ ਕਿ ਅਸੀਂ ਕਾਂਗਰਸ ਪਾਰਟੀ ਦੀਆਂ ਨੀਤੀਆਂ ਘਰ ਘਰ ਪਹੁੰਚਾਵਾਂਗੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਬਲਾਕ ਕਾਂਗਰਸ ਸ਼ਹਿਰੀ ਦੇ ਪ੍ਰਧਾਨ ਰਾਕੇਸ਼ ਕੁਮਾਰ (ਬੰਟੀ ਵਾਟਸ), ਸੋਨੂੰ, ਚੇਅਰਮੈਨ ਮੰਗਤ ਰਾਮ ਚੁੱਘ, ਚੇਅਰਮੈਨ ਜਗਨਨਾਥ, ਸੀਨੀਅਰ ਕਾਂਗਰਸ ਆਗੂ ਸੁਮਿਤ ਛਾਬੜਾ, ਸੀਨੀਅਰ ਕਾਂਗਰਸੀ ਆਗੂ ਸ਼ਾਮ ਲਾਲ ਡੂਮੜਾ, ਪਵਨੀਤ ਅਰੋੜਾ, ਮਿੰਟੂ ਡੂਮੜਾ, ਲਾਡੀ ਅਰੋੜਾ, ਪੰਜਾਬ ਕਾਂਗਰਸ ਓਬੀਸੀ ਦੇ ਵਾਇਸ ਚੇਅਰਮੈਨ ਗੋਲਡੀ ਸਾਮਾ, ਅਰਵਿੰਦ ਸੋਢੀ, ਅਭੀ ਨਾਜ਼ਰ ਤੇ ਹੰਸ ਰਾਜ ਸਾਮਾ ਆਦਿ ਹਾਜ਼ਰ ਸਨ।

## ਪਰੇਗਾਬਾਲਿਨ ਕੈਪਸੂਲ ਤੇ ਗੋਲੀਆਂ ਦੀ ਦੁਰਵਰਤੋਂ 'ਤੇ ਰੋਕ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਵਧੀਕ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਡੈਵੀ ਗੋਇਲ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਹਨ ਕਿ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੀ ਹਦੂਦ ਅੰਦਰ ਪਰੇਗਾਬਾਲਿਨ ਕੈਪਸੂਲ/ਗੋਲੀਆਂ ਨੂੰ ਬਿਨਾਂ ਲਾਇਸੰਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ, ਵੇਚਣ ਤੇ ਇਹ ਦਵਾਈ ਬਿਨਾਂ ਕਿਸੇ ਡਾਕਟਰੀ ਪਰਚੀ (ਪਰੈਸਕਰਿਪਸ਼ਨ) ਤੋਂ ਵਿਕਰੀ 'ਤੇ ਰੋਕ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।ਇਹ ਹੁਕਮ 14 ਅਪ੍ਰੈਲ ਤੋਂ 12 ਜੂਨ 2026 ਤੱਕ ਲਾਗੂ ਰਹਿਣਗੇ।ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ 'ਤੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ

# ਮਿਡਲ ਸਕੂਲਾਂ ਨੂੰ ਖ਼ਤਮ ਕਰਨ ਦੀ ਤਿਆਰੀ, ਨੌਂ ਵਿਸ਼ਿਆਂ ਨੂੰ ਪੜ੍ਹਾਉਣਗੇ ਸਿਰਫ ਦੋ ਅਧਿਆਪਕ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀ ਸੂਬੇ ਦੇ ਮਿਡਲ ਸਕੂਲਾਂ ਨੂੰ ਖ਼ਤਮ ਕਰਨ ਦੀ ਸ਼ੁਰੂਆਤ ਹੋ ਚੁੱਕੀ ਹੈ।ਸਿੱਖਿਆ ਦੀ ਕਾਇਆ ਪਲਟ ਕਰਨ ਵਰਗੇ ਨਾਅਰੇ ਦੇ ਕੇ ਸੱਤਾ 'ਚ ਆਈ ਆਮ ਆਦਮੀ ਪਾਰਟੀ ਨੇ ਸਿੱਖਿਆ ਕ੍ਰਾਂਤੀ ਦੇ ਝੂਠੇ ਨਾਅਰੇ ਦੇ ਸਿੱਖਿਆ ਨੂੰ ਹੀ ਖ਼ਤਮ ਕਰਨ ਦਾ ਬੀੜਾ ਚੁੱਕ ਲਿਆ ਹੈ। ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ, ਜ਼ਿਲ੍ਹਾ ਇਕਾਈ ਮੋਗਾ ਦੇ ਪ੍ਰਧਾਨ ਸੁਖਪਾਲਜੀਤ ਸਿੰਘ ਤੇ ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 10 ਅਪ੍ਰੈਲ 2026 ਨੂੰ ਡੀ ਐੱਸ ਈ ਦੇ ਦਸਤਖਤਾਂ ਹੇਠ ਜਾਰੀ ਹੋਏ ਪੱਤਰ ਨੰਬਰ 2026961-71 ਵਿੱਚ ਮਿਡਲ ਸਕੂਲਾਂ ਵਿੱਚ ਗਿਣਤੀ ਦੇ ਅਧਾਰ 'ਤੇ ਅਧਿਆਪਕਾਂ ਦਾ ਆਰਜ਼ੀ ਪ੍ਰਬੰਧ ਕਿਸੇ ਹੋਰ ਸਕੂਲ ਵਿੱਚੋ ਕਰਨ ਦੇ ਨਿਰਦੇਸ਼ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਦੇ ਦਿੱਤੇ ਹਨ।ਪੰਜਾਬੀ, ਹਿੰਦੀ, ਗਣਿਤ, ਸਾਇੰਸ, ਸਮਾਜਿਕ ਸਿੱਖਿਆ, ਅੰਗਰੇਜ਼ੀ, ਸਰੀਰਕ ਸਿੱਖਿਆ, ਡਰਾਇੰਗ, ਕੰਪਿਊਟਰ ਤੇ ਖੇਤੀਬਾੜੀ ਵਰਗੇ 9 ਵਿਸ਼ਿਆਂ ਨੂੰ ਹੁਣ ਸਿਰਫ 2 ਅਧਿਆਪਕ ਹੀ ਪੜ੍ਹਾਉਣਗੇ। ਆਗੂਆਂ ਨੇ ਦੱਸਿਆ ਕਿ ਛੇਵੀਂ ਤੋਂ ਉੱਪਰ ਦੀਆਂ ਕਲਾਸਾਂ ਨੂੰ ਵਿਸ਼ਾ ਅਧਿਆਪਕ ਪੜ੍ਹਾ ਸਕਦੇ ਹਨ, ਪਰ ਇਸ ਸਰਕਾਰ ਨੇ ਮਿਡਲ ਸਕੂਲਾਂ ਨੂੰ ਪ੍ਰਾਇਮਰੀ ਸਕੂਲਾਂ ਵਾਂਗ ਸਾਰੇ ਵਿਸ਼ੇ ਇੱਕ ਜਾਂ ਦੋ ਅਧਿਆਪਕਾਂ ਨੂੰ ਪੜ੍ਹਾਉਣ ਦਾ ਤੁਗਲਕੀ ਫੁਰਮਾਨ ਜਾਰੀ ਕਰ ਦਿੱਤਾ ਹੈ।

ਉਪਰੋਕਤ ਪੱਤਰ ਵਿੱਚ 30 ਦੀ ਗਿਣਤੀ ਵਾਲੇ ਮਿਡਲ ਸਕੂਲਾਂ ਵਿੱਚ 2 ਅਧਿਆਪਕ, 60 ਤੱਕ 3 ਅਧਿਆਪਕ ਤੇ 90 ਤੱਕ 4 ਅਧਿਆਪਕ ਹੀ ਰੱਖਣ ਦਾ ਹੁਕਮ ਦਿੱਤਾ ਹੈ ਅਤੇ ਇਸ ਗਿਣਤੀ ਤੋਂ ਵਧ ਰਹੇ ਅਧਿਆਪਕਾਂ ਦਾ ਆਰਜ਼ੀ ਪ੍ਰਬੰਧ ਹੋਰ ਸਕੂਲਾਂ ਵਿੱਚ ਕਰਨ ਦਾ ਹੁਕਮ ਦਿੱਤਾ ਹੈ।ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੋਲੀਆ, ਮੀਤ ਪ੍ਰਧਾਨ ਸਵਰਨ ਦਾਸ, ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਮੀਤ ਸਿੰਘ ਝੋਰੜਾਂ, ਸੰਯੁਕਤ ਸਕੱਤਰ ਅਮਨਦੀਪ ਮਾਛੀਕੇ, ਜ਼ਿਲ੍ਹਾ ਵਿੱਤ ਸਕੱਤਰ ਗੁਰਸ਼ਰਨ ਸਿੰਘ ਨੇ ਦੱਸਿਆ ਕਿ ਪੰਜਾਬੀ ਦਾ ਅਧਿਆਪਕ ਗਣਿਤ, ਸਾਇੰਸ, ਅੰਗਰੇਜ਼ੀ, ਸਰੀਰਕ ਸਿੱਖਿਆ, ਸਮਾਜਿਕ ਸਿੱਖਿਆ ਜਾਂ ਹਿੰਦੀ ਵਰਗੇ ਵਿਸ਼ੇ ਨੂੰ ਕਿਵੇਂ ਪੜ੍ਹਾਏਗਾ, ਇਸੇ ਤਰ੍ਹਾਂ ਹੀ ਦੂਜੇ ਵਿਸ਼ੇ ਦਾ ਅਧਿਆਪਕ ਬਾਕੀ ਵਿਸ਼ਿਆਂ ਨਾਲ ਕਿਵੇਂ ਇਨਸਾਫ਼ ਕਰੇਗਾ।ਆਗੂਆਂ ਨੇ ਕਿਹਾ ਕਿ ਮਿਡਲ ਸਕੂਲਾਂ ਵਿੱਚ ਪਹਿਲਾਂ ਹੀ ਸਿਰਫ ਚਾਰ ਵਿਸ਼ਿਆਂ ਦੇ ਅਧਿਆਪਕ ਰੱਖਣ ਦਾ ਫ਼ੈਸਲਾ ਸਿੱਖਿਆ ਵਿਭਾਗ ਨੇ ਕੀਤਾ ਹੋਇਆ ਹੈ, ਪਰ ਹੁਣ ਚਾਰ ਦੀ ਥਾਂ ਦੋ ਵਿਸ਼ਾ ਅਧਿਆਪਕ ਰੱਖਣ ਦਾ ਫ਼ੈਸਲਾ ਦੇ ਦਿੱਤਾ ਹੈ।

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਨੇ ਮੰਗ ਕੀਤੀ ਕਿ ਸਰਕਾਰ ਉਕਤ ਪੱਤਰ ਵਾਪਸ ਲੈ ਕੇ ਮਿਡਲ ਸਕੂਲਾਂ ਸਮੇਤ ਸਾਰੇ ਸਕੂਲਾਂ ਵਿੱਚ ਹਰੇਕ ਵਿਸ਼ੇ ਦਾ ਅਧਿਆਪਕ ਨਿਯੁਕਤ ਕਰੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਵੱਡੀ ਗਿਣਤੀ ਵਿੱਚ ਬੇਰੁਜ਼ਗਾਰ ਅਧਿਆਪਕ ਲਗਾਤਾਰ ਆਪਣੀਆਂ ਨੌਕਰੀਆਂ ਲਈ ਸੰਘਰਸ਼ ਕਰ ਰਹੇ ਹਨ। ਇਸ ਲਈ ਸਰਕਾਰ ਅਧਿਆਪਕ ਦੀ ਨਵੀਂ ਭਰਤੀ ਤੁਰੰਤ ਕਰੇ।

## ਬੇਨੜਾ ਦੇ ਦਲਿਤ ਮਜ਼ਦੂਰਾਂ ਨੂੰ ਜਲਦ ਪੰਚਾਇਤੀ ਜ਼ਮੀਨ ਅਲਾਟ ਕਰਕੇ ਇਨਸਾਫ਼ ਦਿੱਤਾ ਜਾਵੇ : ਜਮਹੂਰੀ ਅਧਿਕਾਰ ਸਭਾ



**ਸੰਗਰੂਰ (ਪ੍ਰਵੀਨ ਸਿੰਘ)**-ਧੂਰੀ ਦੇ ਪਿੰਡ ਬੇਨੜਾ ਵਿਖੇ ਪੰਚਾਇਤੀ ਜ਼ਮੀਨ ਦੇ ਮਸਲੇ ਨੂੰ ਸੁਲਝਾਉਣ ਲਈ ਪ੍ਰਸ਼ਾਸਨ ਵੱਲੋਂ ਜੋ ਵਾਅਦਾ ਕੀਤਾ ਗਿਆ ਸੀ, ਉਸ ਨੂੰ ਜਮਹੂਰੀ ਅਧਿਕਾਰ ਸਭਾ ਸੰਗਰੂਰ ਵੱਲੋਂ ਛੇਤੀ ਅਮਲੀ ਰੂਪ ਵਿੱਚ ਲਾਗੂ ਕਰਨ ਦੀ ਮੰਗ ਕੀਤੀ ਹੈ।ਮੰਗਾਂ ਅਨੁਸਾਰ ਦੋ ਵਿੱਘਿਆ ਵਿੱਚ ਪਾਰਕ, ਚਾਰ ਵਿੱਘਿਆਂ ਵਿੱਚ ਕਮਿਊਨਿਟੀ ਹਾਲ ਤੇ ਚਾਰ ਵਿੱਘਿਆਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਦੀ ਇਮਾਰਤ ਬਣਾਉਣ ਤੋਂ ਇਲਾਵਾ ਤਿੰਨ ਵਿੱਘੇ ਦਲਿਤ ਮਜ਼ਦੂਰਾਂ ਲਈ ਰੂੜੀਆਂ ਲਈ ਰਾਖਵੇਂ ਰੱਖਣ 'ਤੇ ਸਹਿਮਤੀ ਬਣੀ ਹੋਈ ਹੈ, ਪਰ ਅਜੇ ਤੱਕ ਵਾਅਦਿਆਂ 'ਤੇ ਕਿਸੇ ਤਰ੍ਹਾਂ ਦੀ ਕੋਈ ਕਾਰਵਾਈ ਹੁੰਦੀ ਨਜ਼ਰ ਨਹੀਂ ਪੈ ਰਹੀ।ਗ੍ਰਾਮ ਪੰਚਾਇਤ ਤੇ ਪ੍ਰਸ਼ਾਸਨ ਜੇਕਰ ਅਜਿਹੇ ਲਾਰੇ-ਲੱਪੇ ਦੀ ਨੀਤੀ ਰੱਖੇਗਾ, ਜੋ ਕਿ ਦਲਿਤ ਭਾਈਚਾਰੇ ਦੇ ਜਾਇਜ਼ ਹੱਕਾਂ 'ਤੇ ਡਾਕਾ, ਧੱਕਾ ਤੇ ਗੈਰ-ਮਨੁੱਖੀ ਕਾਰਵਾਈ ਹੋਵੇਗੀ, ਜਿਸ ਨੂੰ ਜਨਤਕ, ਜਮਹੂਰੀ ਤੇ ਮਜ਼ਦੂਰ ਜਥੇਬੰਦੀਆਂ ਕਿਸੇ ਹਾਲਤ ਵਿੱਚ ਵੀ ਸਹਿਣ ਨਹੀਂ ਕਰਨਗੀਆਂ।ਇਸ ਮੌਕੇ ਸਭਾ ਦੇ ਸੂਬਾ ਆਗੂ ਸਵਰਨਜੀਤ ਸਿੰਘ ਸੰਗਰੂਰ, ਜ਼ਿਲ੍ਹਾ ਪ੍ਰਧਾਨ ਜਗਜੀਤ ਭੁਟਾਲ, ਮੀਤ ਪ੍ਰਧਾਨ ਬਸੇਸਰ ਰਾਮ, ਸਕੱਤਰ ਕੁਲਦੀਪ ਸਿੰਘ, ਵਿੱਤ ਸਕੱਤਰ ਮਨਧੀਰ ਸਿੰਘ ਰਾਜੋਮਾਜਰਾ, ਮੀਡੀਆ ਸਕੱਤਰ ਜੁਝਾਰ ਲੌਂਗੋਵਾਲ ਤੇ ਜਾਇੰਟ ਸਕੱਤਰ ਕੁਲਵਿੰਦਰ ਬੰਟੀ ਨੇ ਕਿਹਾ ਕਿ ਇਸ ਤਰ੍ਹਾਂ ਦੇ ਵਰਤਾਰੇ ਜਿੱਥੇ ਸਮਾਜ ਵਿੱਚ ਵੰਡੀਆਂ ਪਾਉਣ ਦੀ ਬੁਨਿਆਦ ਬਣਦੇ ਹਨ, ਉੱਥੇ ਲੁਟੇਰੀ ਹਾਕਮ ਜਮਾਤ ਦੇ ਪੱਖ ਵਿੱਚ ਭੁਗਤਦੇ ਹਨ। ਇਸ ਨਾਲ ਭਾਈਚਾਰਕ ਸਾਂਝਾ ਟੁੱਟ ਕੇ ਖੂਨ ਖਰਾਬੇ ਦਾ ਰੂਪ ਧਾਰਨ ਕਰ ਲੈਂਦੀਆਂ ਹਨ।ਸਦੀਆਂ ਤੋਂ ਲਿਤਾੜੇ ਹੋਏ ਤੇ ਹਾਸ਼ੀਏ ਤੋਂ ਪਰੇ ਧੱਕੇ ਦਲਿਤਾਂ ਨਾਲ ਪਿੰਡਾਂ ਵਿੱਚ ਅਜਿਹੇ ਵਿਤਕਰੇ ਹੋਣਾ ਹੁਣ ਆਮ ਹੋ ਗਿਆ ਹੈ, ਜਿਸ ਨੂੰ ਲੋਕ ਪੱਖੀ ਤੇ ਜਮਹੂਰੀ ਕਾਰਕੁਨ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।

## ਖਾਲਸਾ ਸਿਰਜਨਾ ਦਿਵਸ ਨੂੰ ਸਮਰਪਤ ਕਿਤਾਬਾਂ ਦਾ ਲੰਗਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਚੜ੍ਹਦੀ ਕਲਾ ਸੰਸਥਾ ਮੋਗਾ ਵੱਲੋਂ ਖਾਲਸਾ ਸਿਰਜਨਾ ਦਿਵਸ ਨੂੰ ਸਮਰਪਤ ਦੇ ਮੁੱਖ ਬਾਜ਼ਾਰ 'ਚ ਕਿਤਾਬਾਂ ਦਾ ਲੰਗਰ ਲਗਾਇਆ ਗਿਆ।ਸੰਸਥਾ ਦੇ ਸੰਚਾਲਕ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਹ ਉਪਰਾਲਾ ਉਹ ਪਿਛਲੇ 10 ਸਾਲ ਤੋਂ ਨਿਰੰਤਰ ਕਰ ਰਹੇ ਹਨ, ਜਿਸ ਦਾ ਮਨੋਰਥ ਨੌਜਵਾਨ ਪੀੜ੍ਹੀ ਨੂੰ ਮੋਬਾਈਲਾਂ ਤੋਂ ਹਟਾ ਕੇ ਕਿਤਾਬਾਂ ਨਾਲ ਜੋੜਨਾ ਹੈ ਤਾਂ ਜੋ ਉਹ ਆਪਣੇ ਵਿਰਸੇ ਤੇ ਸੱਭਿਆਚਾਰ ਤੋਂ ਜਾਣੂ ਹੋ ਸਕਣ ਅਤੇ ਸਮਾਜਿਕ ਕੁਰੀਤੀਆਂ ਤੋਂ ਕਿਨਾਰਾ ਕਰ ਸਕਣ।ਉਨ੍ਹਾਂ ਦੱਸਿਆ ਕਿ ਇਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਧਾਰਮਿਕ ਕਿਤਾਬਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ, ਜਿਨ੍ਹਾਂ ਨੂੰ ਅਸੀਂ ਮੁਫਤ ਤਕਸੀਮ ਕਰਦੇ ਹਾਂ।ਇਨ੍ਹਾਂ ਕਿਤਾਬਾਂ ਦੇ ਲੰਗਰ ਦੌਰਾਨ ਸਿੱਖ ਰਾਜ, ਸਿੱਖ ਇਤਿਹਾਸ, ਪੰਜਾਬੀ ਸੱਭਿਆਚਾਰ ਨੂੰ ਰੂਪਮਾਨ ਕਰਦੀਆਂ ਕਿਤਾਬਾਂ ਸ਼ਾਮਲ ਹਨ।ਉਨ੍ਹਾਂ ਦਾ ਕਹਿਣਾ ਸੀ ਕਿ ਜਿੱਥੇ ਅੱਜ ਦੀ ਨੌਜਵਾਨ ਪੀੜ੍ਹੀ ਨਸ਼ਿਆਂ ਤੇ ਮੋਬਾਈਲਾਂ ਵਿੱਚ ਜ਼ਿਆਦਾ ਵਿਅਸਤ ਹੋ ਰਹੀ ਹੈ, ਉੱਥੇ ਇਸ ਤਰ੍ਹਾਂ ਦੇ ਯਤਨ ਉਨ੍ਹਾਂ ਨੂੰ ਆਪਣੇ ਧਰਮ ਤੇ ਵਿਰਸੇ ਨਾਲ ਜੋੜਨ ਵਿੱਚ ਮਦਦਗਾਰ ਸਾਬਿਤ ਹੋ ਸਕਦੇ ਹਨ।ਚੜ੍ਹਦੀ ਕਲਾ ਸੰਸਥਾ ਦੇ ਆਗੂਆਂ ਨੇ ਕਿਹਾ ਕਿ ਹਰ ਵਿਸਾਖੀ ਮੌਕੇ ਇਹ ਕਿਤਾਬਾਂ ਦਾ ਲੰਗਰ ਲਗਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਗੱਲ ਦੀ ਖੁਸ਼ੀ ਹੈ ਕਿ ਇੱਥੇ ਸਿਰਫ ਸਿੱਖ ਹੀ ਨਹੀਂ, ਸਗੋਂ ਗੈਰ-ਸਿੱਖ ਵੀ ਕਿਤਾਬਾਂ ਲੈਣ ਆਉਂਦੇ ਹਨ।ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਮੋਬਾਈਲ ਤੋਂ ਦੂਰ ਰਹਿਣ ਤੇ ਸਹੀ ਦਿਸ਼ਾ ਵਿੱਚ ਅੱਗੇ ਵਧਣ ਲਈ ਕਿਤਾਬਾਂ ਨਾਲ ਜੁੜਨਾ ਬਹੁਤ ਜ਼ਰੂਰੀ ਹੈ।

## ਲਾਰੈਂਸ ਸਕੂਲ 'ਚ ਵਿਸਾਖੀ ਤੇ ਡਾ. ਅੰਬੇਡਕਰ ਜਯੰਤੀ ਮਨਾਈ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿੱਚ ਵਿਸਾਖੀ ਤੇ ਡਾ: ਭੀਮ ਰਾਓ ਅੰਬੇਡਕਰ ਜਯੰਤੀ ਨੂੰ ਬਹੁਤ ਹੀ ਉਤਸ਼ਾਹ ਨਾਲ ਮਨਾਇਆ।ਸਮਾਰੋਹ ਦੀ ਸ਼ੁਰੂਆਤ ਰੱਬ ਦਾ ਨਾਮ ਲੈ ਕੇ ਕੀਤੀ ਗਈ ਤੇ ਇਸ ਤੋਂ ਬਾਅਦ ਚੇਅਰਮੈਨ ਮਨੋਜ ਕੁਮਾਰ ਤੇ ਪ੍ਰਿੰਸੀਪਲ ਜੀਨਮ ਮੈਡਮ ਨੇ ਵਿਦਿਆਰਥੀਆਂ ਤੇ ਸਟਾਫ਼ ਨੂੰ ਵਿਸਾਖੀ ਤੇ ਅੰਬੇਡਕਰ ਜਯੰਤੀ ਦੀਆਂ ਮੁਬਾਰਕਾਂ ਦਿੱਤੀਆਂ।ਉਨ੍ਹਾਂ ਆਪਣੇ ਸੰਬੋਧਨ ਵਿੱਚ ਵਿਸਾਖੀ ਦੇ ਇਤਿਹਾਸਕ ਤੇ ਧਾਰਮਿਕ ਮਹੱਤਵ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਇਹ ਦਿਨ ਕਿਸਾਨਾਂ ਲਈ ਖੁਸ਼ਹਾਲੀ ਤੇ ਨਵੀਂ ਫਸਲ ਦੀ ਖੁਸ਼ੀ ਦਾ ਪ੍ਰਤੀਕ ਹੈ।ਇਸ ਦੇ ਨਾਲ ਅਧਿਆਪਕਾਂ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਡਾ: ਅੰਬੇਡਕਰ ਦੇ ਸਿਧਾਂਤਾਂ ਨੂੰ ਆਪਣੀ ਜ਼ਿੰਦਗੀ ਵਿੱਚ ਅਪਣਾਉਣਾ ਚਾਹੀਦਾ ਹੈ ਤੇ ਸਿੱਖਿਆ ਨੂੰ ਸਭ ਤੋਂ ਵੱਡੀ ਤਾਕਤ ਸਮਝਣਾ ਚਾਹੀਦਾ ਹੈ।ਇਸ ਮੌਕੇ ਵਿਦਿਆਰਥੀਆਂ ਨੇ ਗੀਤਾਂ ਰਾਹੀਂ ਪੰਜਾਬੀ ਸੱਭਿਆਚਾਰ ਦੀ ਸੁੰਦਰ ਝਲਕ ਪੇਸ਼ ਕੀਤੀ।ਇਸ ਦੇ ਨਾਲ ਹੀ ਡਾ: ਅੰਬੇਡਕਰ ਜਯੰਤੀ ਨੂੰ ਵੀ ਬੜੀ ਸ਼ਰਧਾ ਨਾਲ ਮਨਾਇਆ ਗਿਆ।ਵਿਦਿਆਰਥੀਆਂ ਨੇ ਭਾਸ਼ਣ ਤੇ ਕਵਿਤਾਵਾਂ ਰਾਹੀਂ ਡਾਕਟਰ ਅੰਬੇਡਕਰ ਦੇ ਜੀਵਨ ਤੇ ਸਮਾਜ ਲਈ ਕੀਤੇ ਗਏ ਮਹਾਨ ਯੋਗਦਾਨਾਂ ਬਾਰੇ ਦੱਸਿਆ।ਸਮਾਰੋਹ ਦੇ ਅੰਤ ਵਿੱਚ ਪ੍ਰਿੰਸੀਪਲ ਨੇ ਕਿਹਾ ਕਿ ਇਹ ਸਮਾਰੋਹ ਨਾ ਸਿਰਫ਼ ਮਨੋਰੰਜਨ ਦਾ ਸਾਧਨ ਬਣਿਆ, ਬਲਕਿ ਵਿਦਿਆਰਥੀਆਂ ਲਈ ਇਤਿਹਾਸਕ, ਸੱਭਿਆਚਾਰ ਤੇ ਨੈਤਿਕ ਮੁੱਲਾਂ ਬਾਰੇ ਸਿੱਖਣ ਦਾ ਵੀ ਇੱਕ ਵਧੀਆ ਮੌਕਾ ਸਾਬਿਤ ਹੋਇਆ।

## ਕਿੰਡਰ ਗਾਰਟਨ ਸਕੂਲ ਦਾ ਨਤੀਜਾ ਸ਼ਾਨਦਾਰ



**ਸਮਰਾਲਾ (ਸੁਰਜੀਤ ਸਿੰਘ)**-ਹਰ ਸਾਲ ਦੀ ਤਰ੍ਹਾਂ ਕਿੰਡਰ ਗਾਰਟਨ ਐਂਡ ਸੀ. ਸੈ. ਸਕੂਲ ਸਮਰਾਲਾ ਦਾ ਨਤੀਜਾ ਸ਼ਾਨਦਾਰ ਰਿਹਾ। ਸੈਸ਼ਨ 2025-26 ਲਈ 46 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ, ਜਿਨ੍ਹਾਂ ਵਿੱਚੋਂ ਸਾਰੇ ਵਿਦਿਆਰਥੀ ਬਹੁਤ ਵਧੀਆ ਅੰਕ ਪ੍ਰਾਪਤ ਕਰਕੇ ਪਾਸ ਹੋਏ।ਅੱਠਵੀਂ ਵਿੱਚੋਂ ਰਮਨੀਕ ਕੌਰ ਨੇ 600 'ਚੋਂ 547 ਅੰਕ (91.1%) ਲੈ ਕੇ ਆਪਣੀ ਜਮਾਤ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ, ਨਵਨੀਤ ਕੌਰ ਨੇ 537 (89.5%) ਅੰਕ ਲੈ ਕੇ ਦੂਜਾ ਸਥਾਨ ਹਾਸਲ ਕੀਤਾ, ਰਾਸ਼ੀ ਪਨਚਾਲ ਨੇ 536 ਅੰਕ (89.3%) ਲੈ ਕੇ ਜਮਾਤ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ, 10 ਵਿਦਿਆਰਥੀਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕੀਤੇ ਤੇ 13 ਵਿਦਿਆਰਥੀਆਂ ਨੇ 70% ਤੋਂ ਵੱਧ ਅੰਕ ਪ੍ਰਾਪਤ ਕੀਤੇ।ਬਾਕੀ ਵਿਦਿਆਰਥੀਆਂ ਨੇ ਵੀ ਪਹਿਲੀ ਪੁਜ਼ੀਸ਼ਨ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਤੇ ਸਕੂਲ ਦਾ ਨਾਮ ਰੋਸ਼ਨ ਕੀਤਾ।ਸਕੂਲ ਦੇ ਉੱਪ-ਚੇਅਰਮੈਨ ਕਮਲਜੀਤ ਸਿੰਘ ਸ਼ਾਹੀ, ਡਾਇਰੈਕਟਰ ਮੈਡਮ ਸਰਬਜੀਤ ਕੌਰ ਤੇ ਪ੍ਰਿੰਸੀਪਲ ਮੈਡਮ ਰਣਜੋਤ ਕੌਰ ਨੇ ਬੱਚਿਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦੇਣ ਉਪਰੰਤ ਸਮੁੱਚੀ ਸਫਲਤਾ ਦਾ ਸਿਹਰਾ ਸਕੂਲ ਸਟਾਫ ਤੇ ਹੋਣਹਾਰ ਵਿਦਿਆਰਥੀਆਂ ਦੇ ਸਿਰ ਬੰਨ੍ਹਿਆਂ।ਸਕੂਲ ਦੇ ਉੱਪ ਚੇਅਰਮੈਨ ਕਮਲਜੀਤ ਸਿੰਘ ਸ਼ਾਹੀ ਨੇ ਕਿਹਾ ਕਿ ਸਾਨੂੰ ਇਨ੍ਹਾਂ ਬੱਚਿਆਂ 'ਤੇ ਮਾਣ ਹੈ ਤੇ ਅਸੀਂ ਇਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹਾਂ।

## ਦਸ਼ਮੇਸ਼ ਗਲੋਰੀਅਸ ਸਕੂਲ 'ਚ ਵਿਸਾਖੀ ਤੇ ਡਾ. ਅੰਬੇਡਕਰ ਜਯੰਤੀ ਮਨਾਈ



**ਕੋਟਕਪੂਰਾ (ਰਛਪਾਲ ਭੁੱਲਰ)**-ਦਸ਼ਮੇਸ਼ ਗਲੋਰੀਅਸ ਪਬਲਿਕ ਸਕੂਲ ਹਰੀ ਨੌਂ ਵਿਖੇ ਵਿਸਾਖੀ ਦਾ ਤਿਉਹਾਰ ਤੇ ਡਾ. ਭੀਮ ਰਾਓ ਅੰਬੇਡਕਰ ਜਯੰਤੀ ਨੂੰ ਧੂਮਧਾਮ ਨਾਲ ਮਨਾਇਆ ਗਿਆ।ਸਕੂਲ ਦੀ ਅਧਿਆਪਕਾ ਮੈਡਮ ਸੁਖਪਾਲ ਕੌਰ ਨੇ ਬੱਚਿਆਂ ਨੂੰ ਵਿਸਾਖੀ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਤਿਉਹਾਰ ਕਣਕ ਦੀ ਫਸਲ ਪੱਕਣ ਦੀ ਖੁਸ਼ੀ ਵਿੱਚ ਮਨਾਇਆ ਜਾਂਦਾ ਹੈ।ਮੰਚ ਸੰਚਾਲਨ ਦੀ ਭੂਮਿਕਾ ਸੱਤਵੀਂ ਜਮਾਤ ਦੀ ਵਿਦਿਆਰਥਣ ਏਵਲੀਨ ਕੌਰ ਨੇ ਨਿਭਾਈ ਤੇ ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਪੰਜਵੀਂ ਜਮਾਤ ਦੀ ਏਕਮਜੀਤ ਕੌਰ ਨੇ ਵਿਸਾਖੀ ਦੇ ਤਿਉਹਾਰ ਨਾਲ ਸੰਬੰਧਤ ਸਪੀਚ ਪੇਸ਼ ਕੀਤੀ।ਇਸ ਤੋਂ ਬਾਅਦ ਐੱਲ ਕੇ ਜੀ, ਯੂ ਕੇ ਜੀ ਤੇ ਪਹਿਲੀ ਜਮਾਤ ਦੇ ਬੱਚਿਆਂ ਨੇ ਵਿਸਾਖੀ ਨਾਲ ਸੰਬੰਧਤ ਕਵਿਤਾ ਦਾ ਉਚਾਰਨ ਕੀਤਾ।ਵਿਸਾਖੀ ਦੇ ਤਿਉਹਾਰ ਨਾਲ ਸਬੰਧਤ ਯੂ.ਕੇ.ਜੀ., ਪਹਿਲੀ, ਦੂਜੀ ਤੇ ਸੱਤਵੀਂ ਜਮਾਤ ਦੇ ਬੱਚਿਆਂ ਨੇ ਵਿਸਾਖੀ ਦੇ ਤਿਉਹਾਰ ਨਾਲ ਸੰਬੰਧਤ ਸੱਭਿਆਚਾਰਕ ਡਾਂਸ ਪੇਸ਼ ਕੀਤਾ।ਉਸ ਤੋਂ ਬਾਅਦ ਸਕੂਲ ਦੇ ਵਿਦਿਆਰਥੀਆਂ 'ਚ ਵਿਸਾਖੀ ਦੇ ਤਿਉਹਾਰ ਨਾਲ ਸੰਬੰਧਤ ਕੁਇੱਜ਼ ਮੁਕਾਬਲਾ ਕਰਵਾਇਆ ਗਿਆ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਸੁਰਿੰਦਰ ਕੌਰ ਤੇ ਸਕੂਲ ਪ੍ਰਿੰਸੀਪਲ ਰੁਬੀਨਾ ਧੀਰ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਤਿਉਹਾਰ, ਜਲ੍ਹਿਆਂਵਾਲਾ ਬਾਗ ਦੇ ਸਾਕੇ, ਖਾਲਸਾ ਪੰਥ ਦੀ ਸਾਜਨਾ ਤੇ ਸੰਵਿਧਾਨ ਨਿਰਮਾਤਾ ਡਾਕਟਰ ਭੀਮ ਰਾਮ ਅੰਬੇਡਕਰ ਬਾਰੇ ਸੰਖੇਪ ਜਾਣਕਾਰੀ ਦਿੱਤੀ।ਇਸ ਦੇ ਨਾਲ ਹੀ ਸਾਰੇ ਵਿਦਿਆਰਥੀਆਂ ਨੂੰ ਬਿਨਾਂ ਭੇਦਭਾਵ ਤੋਂ ਰਲ-ਮਿਲ ਕੇ ਤਿਉਹਾਰ ਮਨਾਉਣ ਲਈ ਪ੍ਰੇਰਿਤ ਕੀਤਾ ਗਿਆ।

# ਡਰੋਨ ਰਾਹੀਂ ਭੇਜੇ 6 ਪਿਸਤੌਲ ਬਰਾਮਦ; 3 ਦੋਸ਼ੀ ਗ੍ਰਿਫ਼ਤਾਰ

ਅੰਮ੍ਰਿਤਸਰ (ਵਿਜੇ ਸ਼ਰਮਾ)-ਕਮਿਸ਼ਨਰੇਟ ਪੁਲਸ ਨੂੰ ਇਕ ਵੱਡੀ ਕਾਮਯਾਬੀ ਹਾਸਲ ਹੋਈ ਹੈ, ਜਿਸ ਦੌਰਾਨ ਡਰੋਨ ਰਾਹੀਂ ਪਾਕਿਸਤਾਨ ਤੋਂ ਭੇਜੇ ਗਏ ਹਥਿਆਰਾਂ ਦੇ ਮਡਿਊਲ ਨੂੰ ਬੇਨਕਾਬ ਕੀਤਾ ਗਿਆ ਹੈ।ਇਸ ਮਾਮਲੇ ਵਿੱਚ ਪੁਲਸ ਨੇ ਤਿੰਨ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ ਕਈ ਪਿਸਤੌਲ ਬਰਾਮਦ ਕੀਤੇ ਹਨ।ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਸਾਰੀ ਕਾਰਵਾਈ ਸੀਐੱਮ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚਲ ਰਹੀ ਮੁਹਿੰਮ ਦਾ ਹਿੱਸਾ ਹੈ।ਉਨ੍ਹਾਂ ਕਿਹਾ ਕਿ ਡਰੋਨ ਰਾਹੀਂ ਪਾਕਿਸਤਾਨ ਤੋਂ ਹਥਿਆਰ ਭੇਜੇ ਜਾਂਦੇ ਸਨ ਅਤੇ ਸੋਸ਼ਲ ਮੀਡੀਆ ਐਪਸ ਜਿਵੇਂ ਵਟਸਐਪ ਰਾਹੀਂ ਇਨ੍ਹਾਂ ਦੀ ਡਲਿਵਰੀ ਲਈ ਲੋਕਾਂ ਨੂੰ ਨਿਰਦੇਸ਼ ਦਿੱਤੇ ਜਾਂਦੇ ਸਨ।ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਵਿੱਚ ਮੰਗਲ ਸਿੰਘ ਮੰਗਾ (30 ਸਾਲ), ਪ੍ਰਣਵ ਸ਼ਰਮਾ ਉਰਫ਼ ਲੱਡੂ (24 ਸਾਲ) ਅਤੇ ਗੌਰਵ ਰਾਣਾ (25 ਸਾਲ) ਸ਼ਾਮਲ ਹਨ।ਪੁਲਸ ਅਨੁਸਾਰ ਇਨ੍ਹਾਂ ਵਿੱਚੋਂ ਦੋ ਦੇ ਖਿਲਾਫ ਪਹਿਲਾਂ ਵੀ ਮਾਮਲੇ ਦਰਜ ਹਨ, ਜਦਕਿ ਗੌਰਵ ਰਾਣਾ ਖਿਲਾਫ ਕਈ ਸੰਗੀਨ ਮੁਕੱਦਮੇ ਦਰਜ ਹਨ।ਪੁਲਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਦੋਸ਼ੀ ਪੈਸਿਆਂ ਦੇ ਲਾਲਚ ਵਿੱਚ ਆ ਕੇ ਡਰੋਨ ਡਰਾਪ ਵਾਲੇ ਹਥਿਆਰ ਚੁੱਕਦੇ ਸਨ ਅਤੇ ਅੱਗੇ ਗੈਂਗਸਟਰਾਂ ਜਾਂ ਟੈਰਰ ਮਡਿਊਲ ਨੂੰ ਸਪਲਾਈ ਕਰਦੇ ਸਨ।ਇਹ ਸਾਰਾ ਨੈੱਟਵਰਕ ਵਿਦੇਸ਼ ਬੈਠੇ ਹੈਂਡਲਰਾਂ ਨਾਲ ਜੁੜਿਆ ਹੋਇਆ ਸੀ।ਕਮਿਸ਼ਨਰ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਹੋਰ ਲਿੰਕ ਵੀ ਸਾਹਮਣੇ ਆ ਰਹੇ ਹਨ ਅਤੇ ਪੁਲਿਸ ਵੱਲੋਂ ਫਾਇਨੈਂਸ਼ੀਅਲ ਟਰੇਲ ਦੀ ਵੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜਲਦ ਹੀ ਹੋਰ ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਸਾਮਰਾਜਵਾਦ ਵਿਰੁੱਧ ਇੱਕਜੁੱਟਤਾ ਦਾ ਸੱਦਾ

## -ਸੀਟੂ ਨੇ 50000 ਰੁਪਏ ਕਿਊਬਾ ਏਕਤਾ ਫੰਡ ਸੌਂਪਿਆ

ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਭਾਰਤੀ ਆਜ਼ਾਦੀ ਸੰਗਰਾਮ ਦੀ ਪ੍ਰੇਰਨਾਦਾਇਕ ਤੇ ਮੀਲ ਪੱਥਰ ਘਟਨਾ, ਬ੍ਰਿਟਿਸ਼ ਸਾਮਰਾਜਵਾਦ ਵੱਲੋਂ ਕੀਤੇ ਗਏ ਜਲ੍ਹਿਆਂਵਾਲਾ ਬਾਗ਼ ਕਤਲੇਆਮ ਨੂੰ ਸੀਆਈਟੀਯੂ ਵੱਲੋਂ 13 ਅਪ੍ਰੈਲ 2026 ਨੂੰ ਜਲ੍ਹਿਆਂਵਾਲਾ ਬਾਗ, ਅੰਮ੍ਰਿਤਸਰ ਵਿਖੇ ਮਨਾਇਆ ਗਿਆ। ਸੀਆਈਟੀਯੂ ਦੀ ਅੰਮ੍ਰਿਤਸਰ ਜ਼ਿਲ੍ਹਾ ਕਮੇਟੀ ਵੱਲੋਂ ਕਰਵਾਇਆ ਗਿਆ ਇਹ ਪ੍ਰੋਗਰਾਮ ਜਲ੍ਹਿਆਂਵਾਲਾ ਬਾਗ ਵਿਖੇ ਸ਼ਹੀਦਾਂ ਦੇ ਸਮਾਰਕ 'ਤੇ ਸ਼ਰਧਾਂਜਲੀ ਭੇਟ ਕਰਨ ਨਾਲ ਸ਼ੁਰੂ ਹੋਇਆ। ਸੀਆਈਟੀਯੂ ਤੇ ਏਆਈਕੇਐੱਸ ਦੇ ਆਗੂਆਂ ਅਤੇ ਵਰਕਰਾਂ ਨੇ ਸਾਮਰਾਜਵਾਦ ਵਿਰੋਧੀ ਨਾਅਰਿਆਂ ਵਿਚਕਾਰ ਯਾਦਗਾਰ ਵੱਲ ਮਾਰਚ ਕੀਤਾ ਤੇ ਫੁੱਲਾਂ ਦੀ ਵਰਖਾ ਕੀਤੀ। ਇਸ ਮੌਕੇ 'ਸਾਮਰਾਜਵਾਦ ਵਿਰੋਧੀ ਸੰਘਰਸ਼' ਵਿਸ਼ੇ 'ਤੇ ਸੈਮੀਨਾਰ ਪੁਤਲੀਘਰ ਦੇ ਆਡੀਟੋਰੀਅਮ ਵਿਚ ਕੀਤਾ ਗਿਆ।



ਸੈਮੀਨਾਰ ਦੀ ਪ੍ਰਧਾਨਗੀ ਦੇ ਉਪ ਪ੍ਰਧਾਨ ਸੁੱਚਾ ਸਿੰਘ ਅਜਨਾਲਾ ਪੰਜਾਬ ਨੇ ਕੀਤੀ। ਸੀਆਈਟੀਯੂ ਦੇ ਪ੍ਰਧਾਨ ਚੰਦਰ ਸ਼ੇਖਰ ਨੇ ਜਲ੍ਹਿਆਂਵਾਲਾ ਬਾਗ ਕਤਲੇਆਮ ਦੇ ਪਿਛੋਕੜ ਤੇ ਭਾਰਤੀ ਆਜ਼ਾਦੀ ਸੰਗਰਾਮ ਵਿਚ ਇਨਕਲਾਬੀ ਲਹਿਰ ਦੀ ਵਿਰਾਸਤ ਦੀ ਵਿਸਤ੍ਰਿਤ ਤਸਵੀਰ ਪੇਸ਼ ਕੀਤੀ। ਉਨ੍ਹਾਂ ਕਿਹਾ ਕਿ ਸਾਮਰਾਜ ਵਿਰੋਧੀ ਸੰਘਰਸ਼ਾਂ ਦੀ ਸਾਰਥਿਕਤਾ ਅੱਜ ਬਹੁਤ ਜ਼ਿਆਦਾ ਹੋ ਗਈ ਹੈ, ਜਦੋਂ ਸਾਡੇ ਹਾਕਮ ਵਰਗ ਅਮਰੀਕੀ ਸਾਮਰਾਜਵਾਦ ਅੱਗੇ ਪੂਰੀ ਤਰ੍ਹਾਂ ਸਮਰਪਣ ਕਰ ਰਹੇ ਹਨ। ਸੀਆਈਟੀਯੂ ਦੇ ਸਕੱਤਰ ਊਸ਼ਾਰਾਨੀ ਨੇ ਆਜ਼ਾਦੀ ਸੰਘਰਸ਼ ਵਿਚ ਸਰਦਾਰ ਊਧਮ ਸਿੰਘ ਤੇ ਗ਼ਦਰ ਲਹਿਰ ਦੀ ਵਿਰਾਸਤ ਨੂੰ ਯਾਦ ਕੀਤਾ। ਸੀਆਈਟੀਯੂ ਸਕੱਤਰ ਏਆਰ ਸਿੱਧੂ ਨੇ ਵਿਸਥਾਰ ਵਿਚ ਦੱਸਿਆ ਕਿ ਕਿਵੇਂ ਆਰਐੱਸਐੱਸ ਪਰਿਵਾਰ ਨੇ ਉਸ ਸਮੇਂ ਬ੍ਰਿਟਿਸ਼ ਸਾਮਰਾਜਵਾਦ ਨਾਲ ਮਿਲ ਕੇ ਭਾਰਤੀ ਆਜ਼ਾਦੀ ਅੰਦੋਲਨ ਨਾਲ ਵਿਸ਼ਵਾਸਘਾਤ ਕੀਤਾ ਹੈ ਤੇ ਕਿਵੇਂ ਭਾਜਪਾ-ਆਰਐੱਸਐੱਸ ਗੱਠਜੋੜ ਅਮਰੀਕੀ ਸਾਮਰਾਜਵਾਦ ਅੱਗੇ ਸਮਰਪਣ ਕਰਕੇ ਸਾਡੇ ਰਾਸ਼ਟਰੀ ਹਿੱਤਾਂ ਨਾਲ ਵਿਸ਼ਵਾਸਘਾਤ ਕਰ ਰਿਹਾ ਹੈ। ਸਾਡੇ ਆਜ਼ਾਦੀ ਸੰਘਰਸ਼ ਦੀ ਵਿਰਾਸਤ ਨੂੰ ਸੰਭਾਲਣ ਵਾਲੇ ਟਰੇਡ ਯੂਨੀਅਨ ਤੇ ਕਿਸਾਨ ਅੰਦੋਲਨ ਲਈ ਇਹ ਮਹੱਤਵਪੂਰਨ ਹੈ ਕਿ ਉਹ ਸਾਮਰਾਜਵਾਦੀ ਯੁੱਧ ਤੇ ਆਰਥਿਕ ਹਮਲੇ ਵਿਰੁੱਧ ਸੰਘਰਸ਼ ਵਿਚ ਮਜ਼ਦੂਰ ਲੋਕਾਂ ਨੂੰ ਲਾਮਬੰਦ ਕਰਨ।

ਸੀਆਈਟੀਯੂ ਵੱਲੋਂ ਕਿਊਬਾ ਲਈ ਇਕਜੁੱਟਤਾ ਫੰਡ ਇਕੱਠਾ ਕਰਨ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ, ਜੋ ਕਿ ਅਮਰੀਕੀ ਸਾਮਰਾਜਵਾਦ ਵਿਰੁੱਧ ਵਿਰੋਧ ਦਾ ਚਾਨਣ ਮੁਨਾਰਾ ਹੈ, ਉਨ੍ਹਾਂ ਨੇ ਸੀਆਈਟੀਯੂ ਤੇ ਏਆਈਕੇਐੱਸ ਦੇ ਕਾਡਰਾਂ ਨੂੰ ਫਿਰਕੂ ਫੁੱਟ ਪਾਊ ਤਾਕਤਾਂ ਦਾ ਵਿਰੋਧ ਕਰਨ ਤੇ ਕਾਰਪੋਰੇਟ ਫਿਰਕੂ ਗੱਠਜੋੜ ਵਿਰੁੱਧ ਸਾਡੀ ਲੜਾਈ ਵਿਚ ਜਨਤਾ ਨੂੰ ਲਾਮਬੰਦ ਕਰਨ ਲਈ ਜ਼ਮੀਨੀ ਪੱਧਰ 'ਤੇ ਮਜ਼ਦੂਰ-ਕਿਸਾਨ ਏਕਤਾ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ, ਤਾਂ ਜੋ ਮਿਹਨਤਕਸ਼ ਲੋਕਾਂ ਲਈ ਅਸਲ ਆਜ਼ਾਦੀ ਪ੍ਰਾਪਤ ਕੀਤੀ ਜਾ ਸਕੇ। ਸੀਟੂ ਦੀ ਅੰਮ੍ਰਿਤਸਰ ਜ਼ਿਲ੍ਹਾ ਕਮੇਟੀ ਨੇ ਮੀਟਿੰਗ ਵਿਚ 50000 ਰੁਪਏ ਕਿਊਬਾ ਏਕਤਾ ਫੰਡ ਸੌਂਪਿਆ।

# ਗੁ. ਭਗਤ ਜੱਲਣ ਦਾਸ ਵਿਖੇ ਮੇਲੇ ਦੇ ਪਹਿਲੇ ਦਿਨ ਧਾਰਮਿਕ ਦੀਵਾਨ ਸਜਾਏ



ਝਬਾਲ (ਹਰਜਿੰਦਰ ਸਿੰਘ ਸੋਨੀ): ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਤੇ ਹਰ ਸਾਲ ਸਰਹੱਦ ਤੇ ਵੱਸਦੇ ਪਿੰਡ ਨੌਸ਼ਹਿਰਾ ਢਾਲਾ ਵਿਖੇ ਗੁਰਦੁਆਰਾ ਭਗਤ ਜੱਲਣ ਦਾਸ ਜੀ ਵਿਖੇ ਸਾਲਾਨਾ ਜੋੜ ਮੇਲਾ ਮਨਾਇਆ ਗਿਆ ਜਿਥੇ 23 ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਉਪਰੰਤ ਦੀਵਾਨ ਹਾਲ ਵਿਖੇ ਦੀਵਾਨ ਸਜਾਏ ਗਏ ਜਿਥੇ ਕੌਮ ਦੇ ਪ੍ਰਸਿੱਧ ਕੀਰਤਨੀਏ, ਰਾਗੀ, ਢਾਡੀ ਤੇ ਕਵੀਸ਼ਰੀ ਜੱਥਿਆਂ ਨੇ ਵਾਰਾ ਸੁਣਾ ਕੇ ਸੰਗਤ ਨੂੰ ਨਿਹਾਲ ਕੀਤਾ।ਇਸ ਮੌਕੇ ਗੁਰਦੁਆਰਾ ਭਗਤ ਜੱਲਣ ਦਾਸ ਜੀ ਦੇ ਮੁੱਖ ਸੇਵਾਦਾਰ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਬਾਬਾ ਨਿਰਮਲ ਸਿੰਘ, ਦਵਿੰਦਰ ਸਿੰਘ ਲਾਲੀ ਢਾਲਾ ਅਤੇ ਜਸਮਿੰਦਰ ਸਿੰਘ ਸੰਧੂ ਨੇ ਸੰਗਤਾਂ ਨੂੰ ਸੰਬੋਧਨ ਕੀਤਾ। ਦੀਵਾਨ ਉਪਰੰਤ ਬਲਦਾਂ ਦੀਆਂ ਦੌੜਾਂ ਕਰਵਾਈਆਂ ਗਈਆਂ ਜਿਸ ਵਿਚ ਜੇਤੂ ਬਲਦਾਂ ਦੀ ਜੋੜੀ ਨੂੰ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਬਾਬਾ ਨਿਰਮਲ ਸਿੰਘ ਨੌਸ਼ਹਿਰਾ ਢਾਲਾ, ਦਵਿੰਦਰ ਸਿੰਘ ਲਾਲੀ ਢਾਲਾ, ਜਸਮਿੰਦਰ ਸਿੰਘ ਸੰਧੂ, ਕਵਰਅਜੀਤ ਸਿੰਘ ਪਹਿਲਵਾਨ, ਗੰਥੀ ਅਮਨਦੀਪ ਸਿੰਘ, ਬਲਵਿੰਦਰ ਸਿੰਘ ਪ੍ਰਚਾਰਕ, ਮਨਜਿੰਦਰ ਸਿੰਘ ਮੰਨਾ, ਮਨਯੋਧ ਸਿੰਘ ਯੋਧਾ ਹਵੇਲੀਆਂ, ਸੁਖਜੀਤ ਸਿੰਘ ਸੰਧੂ, ਅਮਰਜੀਤ ਸਿੰਘ ਲਾਡੀ, ਕਿਰਨਦੀਪ ਸਿੰਘ ਕੈਮੀ ਅਟਾਰੀ, ਜੈਵੀਰ ਸਿੰਘ ਸੰਧੂ, ਮਾਸਟਰ ਹਰਭਜਨ ਸਿੰਘ, ਸਾਬਕਾ ਸਰਪੰਚ ਕੇਹਰ ਸਿੰਘ, ਮਹਿੰਦਰ ਸਿੰਘ ਰਾਣਾ ਆਧੀ, ਸ਼ੈਲੀ ਸੋਹਲ, ਅਰਸ਼ ਢਾਲਾ, ਕਰਨ ਆਧੀ, ਕੁਵਰਪ੍ਰਤਾਪ ਸਿੰਘ ਆਧੀ, ਗੁਰਭੇਜ ਸਿੰਘ ਚੀਮਾ, ਗੋਰਾ ਬਾਵਾ, ਜਗਬੀਰ ਸਿੰਘ ਆਧੀ, ਰਵੀ ਸ਼ੇਰ ਆਧੀ, ਸੋਨੂੰ ਬਾਵਾ, ਸੁਖਜੀਤ ਸਿੰਘ ਬਾਵਾ ਆਦਿ ਹਾਜ਼ਰ ਸਨ।

## ਭਲਕੇ ਮੁੱਖ ਮੰਤਰੀ ਮਾਨ ਨੂੰ ਮੰਗ ਪੱਤਰ ਦੇਵਾਂਗੇ: ਮਨਜੀਤ ਰਾਜ

ਬਟਾਲਾ (ਤਰਲੋਕ ਬੱਗਾ)-ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਵੱਲੋਂ ਦਫਤਰ ਡੀਲਕਸ ਪੁਲੀ ਵਿਖੇ ਇੱਕ ਮੀਟਿੰਗ ਕੀਤੀ ਗਈ ਜਿਸ ਵਿੱਚ ਪ੍ਰੈੱਸ ਬਿਆਨ ਜਾਰੀ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਮਾਝਾ ਜ਼ੋਨ ਦੇ ਜਨਰਲ ਸੈਕਟਰੀ ਕਾਮਰੇਡ ਮਨਜੀਤ ਰਾਜ ਬਟਾਲਾ ਨੇ ਕਿਹਾ ਕਿ 16 ਤਰੀਕ ਨੂੰ ਮੁੱਖ ਮੰਤਰੀ ਪੰਜਾਬ ਦੀ ਬਟਾਲਾ ਫੇਰੀ ਮੌਕੇ ਅਸੀਂ ਇੱਕ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਨੂੰ ਦੇਵਾਂਗੇ। ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਜੋ ਪੰਜਾਬ ਸਰਕਾਰ ਨੇ ਪੂਰੀਆਂ ਨਹੀਂ ਕੀਤੀਆਂ, ਨੂੰ ਲੈ ਕੇ ਮਜ਼ਦੂਰਾਂ 'ਚ ਭਾਰੀ ਰੋਸ ਹੈ। ਮੰਗਾਂ 'ਚ ਮਜ਼ਦੂਰਾਂ ਦੇ ਸਿਰ ਚੜ੍ਹਿਆ ਕਰਜ਼ਾ ਮਾਫ ਕਰਨ, ਮਨਰੇਗਾ ਸਕੀਮ ਤਹਿਤ ਪਿੰਡਾਂ ਵਿੱਚ ਕੰਮ ਨਹੀਂ ਮਿਲ ਰਿਹਾ, ਕੱਚੇ ਘਰਾਂ ਦੀਆਂ ਗਰਾਂਟਾਂ ਨਹੀਂ ਮਿਲ ਰਹੀਆਂ, ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਵਿਚ ਰੱਖੀਆਂ ਸ਼ਰਤਾਂ ਵਾਪਸ ਲੈਣ, ਆ ਜਾਣ, ਬਜ਼ੁਰਗਾਂ ਨੂੰ 2500 ਰੁਪਏ ਪੈਨਸ਼ਨ ਲਾਗੂ ਕਰਨ ਆਦਿ ਸ਼ਾਮਲ ਹਨ। ਇਸ ਸਮੇਂ ਪ੍ਰਧਾਨ ਸਰੂਪ ਸਿੰਘ, ਸਖਦੇਵ ਸਿੰਘ, ਰਾਕੇਸ਼ ਕੁਮਾਰ, ਹਰਜੀਤ ਸਿੰਘ, ਕਰਨ, ਰਮੇਸ਼ ਕੁਮਾਰ, ਮਿਡ-ਡੇ-ਮੀਲ ਸਫਾਈ ਵਰਕਰ ਯੂਨੀਅਨ ਆਜ਼ਾਦ ਤੋਂ ਸਤਿੰਦਰ ਕੌਰ ਬਟਾਲਾ, ਦਲਬੀਰ ਸਿੰਘ ਭੱਟੀ, ਕਾਮਰੇਡ ਬਚਨ ਮਸੀਹ ਮਸਾਣੀਆਂ ਆਦਿ ਮੈਂਬਰ ਹਾਜ਼ਰ ਸਨ।



## ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਬੜੇ ਉਤਸ਼ਾਹ ਨਾਲ ਮਨਾਈ ਡਾ. ਭੀਮ ਰਾਓ ਅੰਬੇਡਕਰ ਜਯੰਤੀ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਡਾ. ਭੀਮ ਰਾਓ ਅੰਬੇਡਕਰ ਦੀ ਜਯੰਤੀ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈ ਗਈ।ਇਹ ਸਮਾਗਮ ਕਾਲਜ ਦੇ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਸਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਡਾ. ਬੀ. ਆਰ. ਅੰਬੇਡਕਰ ਦੇ ਵਿਚਾਰਾਂ ਅਤੇ ਉਨ੍ਹਾਂ ਦੇ ਸਮਾਜਿਕ, ਸਿੱਖਿਆਤਮਕ ਅਤੇ ਸੰਵਿਧਾਨਕ ਯੋਗਦਾਨ ਬਾਰੇ ਜਾਗਰੂਕ ਕਰਨਾ ਸੀ।ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਭਾਸ਼ਣ ਪ੍ਰਤੀਯੋਗਿਤਾ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੇ ਡਾ. ਅੰਬੇਡਕਰ ਦੇ ਜੀਵਨ, ਸੰਘਰਸ਼ ਅਤੇ ਉਪਲਬਧੀਆਂ 'ਤੇ ਪ੍ਰਭਾਵਸ਼ਾਲੀ ਵਿਚਾਰ ਪੇਸ਼ ਕੀਤੇ।ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਪੋਸਟਰ ਮੇਕਿੰਗ ਮੁਕਾਬਲੇ ਵਿੱਚ ਪ੍ਰਜਵਨ ਨੇ ਪਹਿਲਾ ਸਥਾਨ, ਕੋਮਲ ਨੇ ਦੂਜਾ ਅਤੇ ਮਨਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਭਾਸ਼ਣ ਮੁਕਾਬਲੇ ਵਿੱਚ ਨਿਕੀਤਾ (ਬੀ.ਐਸਸੀ. ਦੂਜਾ ਸਮੈਸਟਰ) ਪਹਿਲੇ ਸਥਾਨ 'ਤੇ ਰਹੀ, ਅਰਸ਼ਦੀਪ (ਬੀ.ਏ. ਦੂਜਾ ਸਮੈਸਟਰ) ਨੇ ਦੂਜਾ ਅਤੇ ਹਰਪ੍ਰੀਤ (ਬੀ.ਏ. ਦੂਜਾ ਸਮੈਸਟਰ) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਹੋਰ ਸਾਰੇ ਭਾਗੀਦਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਲਈ ਸਰਟੀਫਿਕੇਟ ਵੰਡੇ। ਸਮਾਗਮ ਦੇ ਆਖਰ ਵਿੱਚ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਨੇ ਆਪਣੇ ਸੰਬੋਧਨ ਵਿੱਚ ਡਾ. ਅੰਬੇਡਕਰ ਜੀ ਦੇ ਜੀਵਨ ਅਤੇ ਵਿਚਾਰਧਾਰਾ ਨੂੰ ਆਧੁਨਿਕ ਪ੍ਰਸੰਗ ਵਿੱਚ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਰੱਖਿਆ। ਉਨ੍ਹਾਂ ਨੇ ਕਿਹਾ ਕਿ ਡਾ. ਅੰਬੇਡਕਰ ਸਿਰਫ ਸੰਵਿਧਾਨ ਦੇ ਰਚੇਤਾ ਹੀ ਨਹੀਂ ਸਨ, ਸਗੋਂ ਉਹ ਇੱਕ ਦੂਰਦਰਸ਼ੀ ਸਮਾਜ ਸੁਧਾਰਕ ਅਤੇ ਗਹਿਰੇ ਰਾਜਨੀਤਿਕ ਚਿੰਤਕ ਵੀ ਸਨ, ਜਿਨ੍ਹਾਂ ਨੇ ਭਾਰਤੀ ਸਮਾਜ ਨੂੰ ਸਮਾਨਤਾ, ਨਿਆਂ ਅਤੇ ਮਾਨਵ ਮਰਿਆਦਾ ਦੇ ਸਿਧਾਂਤਾਂ 'ਤੇ ਖੜ੍ਹਾ ਕਰਨ ਦੀ ਕੋਸ਼ਿਸ਼ ਕੀਤੀ।

## 'ਆਪ' ਨੇ ਬੇਅਦਬੀਆਂ ਰੋਕਣ ਲਈ ਬਣਾਇਆ ਸਖ਼ਤ ਕਾਨੂੰਨ : ਤਨਬੀਰ ਗਿੱਲ

ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-ਵਿਸਾਖੀ ਦੇ ਸ਼ੁਭ ਦਿਹਾੜੇ 'ਤੇ ਗੁਰਦੁਆਰਾ ਭਗਤ ਬਾਬਾ ਨਾਮਦੇਵ ਜੀ ਵਿਖੇ ਤਲਬੀਰ ਸਿੰਘ ਗਿੱਲ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚੋਣਾਂ ਤੋਂ ਪਹਿਲਾਂ ਬੇਅਦਬੀ ਦੀਆਂ ਘਟਨਾਵਾਂ ਰੋਕਣ ਲਈ ਸਖ਼ਤ ਕਾਨੂੰਨ ਲਿਆਉਣ ਦਾ ਐਲਾਨ ਕੀਤਾ।ਉਨ੍ਹਾਂ ਦੱਸਿਆ ਕਿ 13 ਅਪਰੈਲ ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਿਆ ਗਿਆ ਹੈ, ਜਿਸ ਵਿੱਚ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2008' ਵਿੱਚ ਸੋਧ ਕਰ ਕੇ ਨਵਾਂ ਅਤੇ ਸਖ਼ਤ ਕਾਨੂੰਨ ਲਿਆਂਦਾ ਹੈ। ਇਸ ਮੌਕੇ ਉਨ੍ਹਾਂ ਵੱਲੋਂ ਹਲਕਾ ਮਜੀਠਾ ਤੋਂ ਵਿਧਾਇਕਾਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਆਪਣੇ ਆਪ ਨੂੰ ਪੰਥਕ ਅਖਵਾਉਣ ਵਾਲੇ ਵਿਧਾਨ ਸਭਾ ਸੈਸ਼ਨ ਵਿੱਚ ਨਹੀਂ ਪਹੁੰਚੇ ਅਤੇ ਪ੍ਰਾਈਵੇਟ ਕੰਪਨੀ ਬਣ ਕੇ ਰਹਿ ਗਏ ਹਨ।



## ਅਕਾਲੀ ਦਲ 'ਚ ਏਕਤਾ ਹੋਣੀ ਲਾਜ਼ਮੀ : ਕੋਹਾੜਕਾ

ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਅਕਾਲੀ ਦਲ ਮੁੱਢ ਤੋਂ ਹੀ ਇਕ ਸਿੱਖ ਪੰਥ ਦੀ ਪੰਥਕ ਜਥੇਬੰਦੀ ਵਜੋਂ ਨੁਮਾਇੰਦਗੀ ਕਰਦਾ ਹੋਇਆ ਸਰਬ ਸਾਂਝੀਵਾਲਤਾ ਦਾ ਸੁਨੇਹਾ ਸਮਾਜ ਨੂੰ ਦਿੰਦਾ ਰਿਹਾ ਹੈ। ਇਸ ਕਰਕੇ ਅਕਾਲੀ ਦਲ ਬੁਲੰਦੀਆਂ ਨੂੰ ਛੂਹਦਾ ਰਿਹਾ ਹੈ ਪਰ ਪਿਛਲੇ ਸਮੇਂ ਕਈ ਸਾਲਾਂ ਤੋਂ ਇਸ ਦੇ ਆਗੂਆਂ ਦੀ ਆਪਸੀ ਫੁੱਟ ਕਰਕੇ ਇਸ ਦਾ ਗਰਾਫ ਇਸ ਕਦਰ ਥੱਲੇ ਡਿੱਗਾ ਕਿ ਅਕਾਲੀ ਦਲ ਦੇ ਵਰਕਰ ਜੋ ਇਸ ਨੂੰ ਜਾਨ ਤੋਂ ਵੀ ਜ਼ਿਆਦਾ ਪਿਆਰ ਕਰਦੇ ਸਨ ਉਹ ਨਿਰਾਸ਼ ਹੋ ਕੇ ਅਕਾਲੀ ਦਲ ਨੂੰ ਛੱਡ ਕੇ ਕਾਂਗਰਸ, ਭਾਜਪਾ, ਆਮ ਆਦਮੀ ਪਾਰਟੀ ਵਰਗੀਆਂ ਪਾਰਟੀਆਂ ਵਿੱਚ ਸ਼ਾਮਿਲ ਹੋ ਗਏ ਪਰ ਕਿਤੇ ਨਾ ਕਿਤੇ ਉਨ੍ਹਾਂ ਦੇ ਮਨਾਂ ਵਿੱਚ ਅਜੇ ਵੀ ਅਕਾਲੀ ਦਲ ਦੀ ਛਾਪ ਹੈ।ਉਹ ਅਕਾਲੀ ਦਲ ਨੂੰ ਮਜ਼ਬੂਤ ਹੋਣਾ ਵੇਖਣਾ ਚਾਹੁੰਦੇ ਹਨ ਪਰ ਅਕਾਲੀ ਦਲ ਦੇ ਆਗੂ ਜੇ ਕਿਤੇ ਆਪਸ ਵਿੱਚ ਇਕਜੁੱਟ ਹੋ ਜਾਣ ਤਾਂ ਅਕਾਲੀ ਦਲ ਫਿਰ ਤੋਂ ਬੁਲੰਦੀਆਂ ਨੂੰ ਛੂਹੇਗਾ।ਇਹ ਵਿਚਾਰ ਸੀਨੀਅਰ ਅਕਾਲੀ ਆਗੂ ਗੁਰਮੁਖ ਸਿੰਘ ਕੋਹਾੜਕਾ ਨੇ ਪੱਤਰਕਾਰਾਂ ਸਾਹਮਣੇ ਪਰਗਟ ਕੀਤੇ।ਉਨ੍ਹਾਂ ਆਖਿਆ ਕਿ ਭਾਈ ਜਗਤਾਰ ਸਿੰਘ ਹਵਾਰਾ ਦੀ ਸਾਰੇ ਸਿੱਖ ਪੰਥ ਨੂੰ ਕੀਤੀ ਹੋਈ ਅਪੀਲ ਨੂੰ ਸਵੀਕਾਰਦੇ ਹੋਏ ਪੰਥ ਦੇ ਭਲੇ ਲਈ ਸਾਰੇ ਪੰਥਕ ਧੜਿਆਂ ਨੂੰ ਇਕਜੁੱਟ ਹੋਣਾ ਚਾਹੀਦਾ ਹੈ।



# ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਨ ਮਨਾਇਆ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮਦਿਨ ਸ਼ਹਿਰ ਵਾਸੀਆਂ ਦੁਆਰਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਬੋਹੜੀ ਚੌਂਕ ਤਰਨ ਤਾਰਨ ਵਿਖੇ ਮਨਾਇਆ ਗਿਆ।ਇਸ ਮੌਕੇ ਵੱਖ ਵੱਖ ਜਥੇਬੰਦੀਆ ਨਾਲ ਸਬੰਧਤ ਮੈਂਬਰ ਸਹਿਬਾਨ ਹਾਜ਼ਰ ਹੋਏ।ਬਾਬਾ ਸਾਹਿਬ ਦੁਆਰਾ ਭਾਰਤ ਦੇ ਲੋਕਾਂ ਪ੍ਰਤੀ ਕੀਤੇ ਗਏ ਕੰਮਾਂ ਨੂੰ ਯਾਦ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਆਪਣੇ ਸ਼ਰਧਾ ਦੇ ਫੁੱਲ ਭੇਟ ਕੀਤੇ।ਉਨ੍ਹਾਂ ਵੱਲੋਂ ਕੀਤੀਆਂ ਗਈਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਕਿਹਾ ਗਿਆ ਕਿ ਬਾਬਾ ਸਾਹਿਬ ਨੇ ਭਾਰਤ ਵਰਗੇ ਵਿਸ਼ਾਲ ਦੇਸ਼ ਨੂੰ ਇਕ ਵਧੀਆ ਸੰਵਿਧਾਨ ਦਿੱਤਾ ਜਿਸ ਨੇ ਹਰੇਕ ਭਾਰਤੀ ਨਾਗਰਿਕ ਨੂੰ ਬਰਾਬਰਤਾ, ਧਰਮ ਨਿਰਪੱਖਤਾ ਤੇ ਕਾਨੂੰਨੀ ਸਮਾਨਤਾ ਦਾ ਅਧਿਕਾਰ ਦਿਵਾਇਆ।ਔਰਤਾਂ ਦੀ ਸੁਰੱਖਿਆ ਅਤੇ ਬਰਾਬਰਤਾ ਦਾ ਅਧਿਕਾਰ ਦਿਵਾਉਣ ਲਈ ਬਾਬਾ ਸਾਹਿਬ ਦੁਆਰਾ ਕੀਤੇ ਗਏ ਲਾ ਮਿਸਾਲ ਕੰਮਾਂ ਨੂੰ ਯਾਦ ਕੀਤਾ ਗਿਆ।ਇਸ ਮੌਕੇ ਬਾਬਾ ਸਾਹਿਬ ਦੇ ਬੁੱਤ ਉਪਰ ਫੁੱਲ ਮਾਲਾਵਾਂ ਭੇਟ ਕੀਤੀਆ ਗਈਆਂ ਅਤੇ ਖੁਸ਼ੀ ਵਿੱਚ ਲੱਡੂ ਵੀ ਵੰਡੇ ਗਏ।ਇਸ ਮੌਕੇ ਬਲਦੇਵ ਸਿੰਘ ਪੰਨੂ, ਬੰਟੀ ਚੀਦਾ, ਸਰਵਣ ਸਿੰਘ ਰਸੂਲਪੁਰ, ਰਜਿੰਦਰ ਕੁਮਾਰ ਖੋਖਰ, ਬਲਵੰਤ ਸਿੰਘ, ਗੁਰਮੀਤ ਸਿੰਘ ਲਾਲੂ ਘੁੰਮਣ, ਧਰਮ ਸਿੰਘ ਗੰਡੀਵਿੰਡ, ਪਰਮਜੀਤ ਸਿੰਘ ਢੋਲਾ, ਗੁਰਿੰਦਰ ਸਿੰਘ, ਹਰਪਾਲ ਸਿੰਘ ਬਲਜੀਤ ਸਿੰਘ ਟੌਮ ਹਾਜ਼ਰ ਸਨ।

## ਚੱਕ ਫੂਲੇ ਵਿਖੇ ਵਿਸਾਖੀ ਮੌਕੇ ਚਾਹ ਪਕੌੜਿਆਂ ਦਾ ਵਰਤਿਆ ਅਤੁੱਟ ਲੰਗਰ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਵਿਸਾਖੀ ਦੇ ਪਵਿੱਤਰ ਦਿਹਾੜੇ ਅਤੇ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਮੁੱਖ ਰੱਖਦਿਆਂ ਪਿੰਡ ਚੱਕ ਫੂਲੇ ਦੀਆਂ ਸਮੂਹ ਸੰਗਤਾਂ ਵੱਲੋਂ ਬੜੀ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਵਿਸ਼ੇਸ਼ ਪ੍ਰੋਗਰਾਮ ਉਲੀਕੇ ਗਏ।ਇਸ ਮੌਕੇ ਜਿੱਥੇ ਸੰਗਤਾਂ ਨੇ ਗੁਰੂ ਘਰ ਨਤਮਸਤਕ ਹੋ ਕੇ ਖੁਸ਼ੀਆਂ ਪ੍ਰਾਪਤ ਕੀਤੀਆਂ, ਉਥੇ ਹੀ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਰਾਹਗੀਰਾਂ ਅਤੇ ਸੰਗਤਾਂ ਲਈ ਚਾਹ ਅਤੇ ਪਕੌੜਿਆਂ ਦਾ ਅਤੁੱਟ ਲੰਗਰ ਲਗਾਇਆ ਗਿਆ।ਸਵੇਰ ਤੋਂ ਹੀ ਪਿੰਡ ਦੇ ਨੌਜਵਾਨਾਂ ਅਤੇ ਬਜ਼ੁਰਗਾਂ ਵੱਲੋਂ ਬੜੇ ਉਤਸ਼ਾਹ ਨਾਲ ਲੰਗਰ ਦੀ ਸੇਵਾ ਸ਼ੁਰੂ ਕਰ ਦਿੱਤੀ ਗਈ ਸੀ।ਇਸ ਮੌਕੇ ਧਰਮਿੰਦਰ ਸਿੰਘ ਗਿੱਲ, ਦਲਜੀਤ ਸਿੰਘ ਗਿੱਲ, ਅਮਰੀਕ ਸਿੰਘ, ਮੇਜਰ ਸਿੰਘ, ਹਰਭਜਨ ਸਿੰਘ, ਹਰਦੀਪ ਸਿੰਘ, ਗੁਰਪ੍ਰੀਤ ਸਿੰਘ ਹੈਪੀ, ਭੁਪਿੰਦਰ ਸਿੰਘ, ਸਰਜੀਤ ਸਿੰਘ, ਵਰਿੰਦਰ ਸਿੰਘ, ਮਨਿੰਦਰ ਸਿੰਘ, ਜਗਤਾਰ ਸਿੰਘ, ਸਾਹਿਬ ਸਿੰਘ, ਸਤਨਾਮ ਸਿੰਘ, ਕਸ਼ਮੀਰ ਸਿੰਘ, ਮੇਲਾ ਸਿੰਘ, ਰੇਸ਼ਮ ਸਿੰਘ, ਹੀਰਾ ਸਿੰਘ, ਰੋਸ਼ਨ ਸਿੰਘ ਆਦਿ ਹਾਜ਼ਰ ਸਨ।



# ਭਿੰਡੀ ਸੈਦਾਂ 'ਚ 12 ਦੁਕਾਨਾਂ ਧੱਕੇ ਨਾਲ ਕਰਵਾਈਆਂ ਬੰਦ: ਕੱਕੜ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪਿੰਡ ਭਿੰਡੀ ਸੈਦਾਂ ਵਿਖੇ ਆਪ ਸਰਕਾਰ ਦੀ ਹਲਕਾ ਇੰਚਾਰਜ ਬੀਬੀ ਸੋਨੀਆ ਮਾਨ ਨੇ 4 ਮਹੀਨੇ ਪਹਿਲਾਂ ਹੋਈ ਲੜਾਈ ਵਿੱਚ ਹਲਕਾ ਰਾਜਾਸਾਂਸੀ ਦੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਅਤੇ ਉਨ੍ਹਾਂ ਦੇ ਭਤੀਜੇ ਦਿਲਰਾਜ ਸਿੰਘ ਸਰਕਾਰੀਆ 'ਤੇ ਨਜਾਇਜ਼ ਪਰਚਾ ਦਰਜ ਕਰਵਾਇਆ। ਉਪਰੰਤ ਕਾਂਗਰਸ ਪਾਰਟੀ ਦੇ ਵਰਕਰਾਂ ਦੀਆਂ ਭਿੰਡੀ ਸੈਦਾਂ ਵਿਖੇ 12 ਦੁਕਾਨਾਂ ਪੁਲਸ ਪ੍ਰਸ਼ਾਸਨ ਦੀ ਸ਼ਹਿ 'ਤੇ ਪਿਛਲੇ 4 ਮਹੀਨਿਆਂ ਤੋਂ ਧੱਕੇ ਨਾਲ ਬੰਦ ਕਰਵਾ ਦਿੱਤੀਆਂ ਹਨ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਮਨਦੀਪ ਸਿੰਘ ਕੱਕੜ ਨੇ ਭਿੰਡੀ ਸੈਦਾਂ ਵਿਖੇ ਪਹੁੰਚ ਕੇ ਹਾਲਾਤ ਦਾ ਜਾਇਜ਼ਾ ਲੈ ਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਕੱਕੜ ਨੇ ਦੱਸਿਆ ਕਿ ਇਨ੍ਹਾਂ ਦੁਕਾਨਾਂ ਵਿੱਚ ਭਿੰਡੀ ਸੈਦਾਂ ਦੇ ਸਾਬਕਾ ਸਰਪੰਚ ਸਤਨਾਮ ਸਿੰਘ ਸੱਤਾ ਦੀਆਂ 3 ਦੁਕਾਨਾਂ, ਲਾਡੀ ਦੀਆਂ 3 ਦੁਕਾਨਾਂ, ਅੰਗਰੇਜ਼ ਸਿੰਘ ਦੀਆਂ 2 ਦੁਕਾਨਾਂ, ਦਲਬੀਰ ਸਿੰਘ ਦੀਆਂ 3 ਦੁਕਾਨਾਂ ਅਤੇ ਲੱਖਾ ਸਿੰਘ ਦੀ 1 ਦੁਕਾਨ ਹੈ।ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਦਖਲ ਦੇ ਕੇ ਉਕਤ ਦੁਕਾਨਾਂ ਖੁੱਲ੍ਹਵਾਈਆਂ ਜਾਣ।



ਪੁਲਸ ਥਾਣਾ ਭਿੰਡੀ ਸੈਦਾਂ ਦੇ ਮੁਖੀ ਸ਼ਿਸ਼ਪਾਲ ਸਿੰਘ ਤੋਂ ਇਸ ਸਬੰਧੀ ਟੈਲੀਫੋਨ ਤੇ ਗੱਲ ਕਰਨ ਤੇ ਉਨ੍ਹਾਂ ਨੇ ਕਿਹਾ ਕਿ ਉਹ ਕਿਸੇ ਦੀ ਵੀ ਦੁਕਾਨ ਬੰਦ ਨਹੀਂ ਕਰਵਾ ਰਹੇ।

# ਸ਼ਿਵਾਲਕ ਸੀਨੀਅਰ ਸੈਕੰਡਰੀ ਸਕੂਲ ਦੇ ਬੱਚਿਆਂ ਨੇ ਦਿਖਾਈ ਵਧੀਆ ਕਾਰਗੁਜ਼ਾਰੀ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਸ਼ਿਵਾਲਕ ਸੀਨੀਅਰ ਸੈਕੰਡਰੀ ਸਕੂਲ ਝਬਾਲ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਅੱਠਵੀਂ ਤੇ ਪੰਜਵੀਂ ਕਲਾਸ ਦੇ ਬੱਚਿਆਂ ਨੇ ਵਧੀਆ ਕਾਰਗੁਜ਼ਾਰੀ ਵਿਖਾਈ।

ਪੰਜਵੀਂ ਦੀ ਗੁਰਨੂਰ ਕੌਰ ਨੇ 99.6 ਪ੍ਰਤੀਸ਼ਤ, ਤਨਵੀਰ ਕੌਰ ਨੇ 98 ਪ੍ਰਤੀਸ਼ਤ, ਜਸਮੀਨ ਕੌਰ 96.6 ਪ੍ਰਤੀਸ਼ਤ ਅਤੇ ਇਸੇ ਤਰ੍ਹਾਂ ਅੱਠਵੀਂ ਕਲਾਸ ਦੇ ਬੱਚੇ ਨੋਬਲਪ੍ਰੀਤ ਕੌਰ ਨੇ 95 ਪ੍ਰਤੀਸ਼ਤ, ਪਵਨਪ੍ਰੀਤ ਕੌਰ ਨੇ 94 ਪ੍ਰਤੀਸ਼ਤ ਅਤੇ ਸਿਮਰਨ ਕੌਰ ਨੇ 93 ਪ੍ਰਤੀਸ਼ਤ ਨੰਬਰ ਲਏ ਜਦੋਂਕਿ ਐਲਾਨੇ ਨਤੀਜੇ ਵਿੱਚ ਦੋਵਾਂ ਕਲਾਸਾਂ ਪੰਜਵੀਂ ਤੇ ਅੱਠਵੀਂ ਦੇ ਬਾਕੀ ਬੱਚਿਆਂ ਨੇ 80 ਪ੍ਰਤੀਸ਼ਤ ਤੋਂ ਵੱਧ ਨੰਬਰ ਪ੍ਰਾਪਤ ਕਰਕੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਸਾਰੇ ਹੋਣਹਾਰ ਬੱਚਿਆਂ ਨੂੰ ਸਕੂਲ ਪ੍ਰਬੰਧਕਾਂ ਡਾਇਰੈਕਟਰ ਅਮਰਜੀਤ ਸਿੰਘ ਸੋਹਲ, ਮੈਡਮ ਨਰਿੰਦਰਜੀਤ ਕੌਰ, ਮੈਨੇਜਰ ਸੁਰਿੰਦਰਪਾਲ ਸਿੰਘ ਸੋਨੂੰ, ਹੈਵਨਪ੍ਰੀਤ ਸਿੰਘ, ਪ੍ਰਿੰਸੀਪਲ ਨਿਰਮਲ ਸਿੰਘ ਅਤੇ ਗੁਰਪਿੰਦਰ ਸਿੰਘ ਝਬਾਲ ਵੱਲੋਂ ਸਕੂਲ ਵਿੱਚ ਮਨਾਏ ਖਾਲਸਾ ਦਿਹਾੜੇ 'ਤੇ ਸਨਮਾਨਤ ਕਰਦਿਆਂ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਕਿਹਾ।

# ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦਾ ਅੱਠਵੀਂ ਦਾ ਨਤੀਜਾ ਸੌ ਫੀਸਦੀ



ਧਾਰੀਵਾਲ, (ਮਨਦੀਪ ਵਿੱਕੀ)-ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦੇ ਵਿਦਿਆਰਥੀਆਂ ਦੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਫਰਵਰੀ ਮਹੀਨੇ ਵਿੱਚ ਲਈ ਗਈ ਅੱਠਵੀਂ ਜਮਾਤ ਦੀ ਪ੍ਰੀਖਿਆ ਦਾ ਨਤੀਜਾ ਸੌ ਫੀਸਦੀ ਰਿਹਾ ਹੈ।

ਇਸ ਸਬੰਧੀ ਸਕੂਲ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਦੱਸਿਆ ਇਸ ਪ੍ਰੀਖਿਆ ਵਿੱਚ ਬਿਕਰਮਜੀਤ ਸਿੰਘ ਨੇ 90%, ਮਾਨਵੀ ਨੇ 85%, ਸਿਮਰਦੀਪ ਨੇ 84%, ਰਾਜਵਿੰਦਰ ਕੌਰ ਨੇ 83 %, ਚਾਹਤਪ੍ਰੀਤ ਕੌਰ, ਪਲਵਿੰਦਰ ਕੌਰ ਤੇ ਦਮਨਪ੍ਰੀਤ ਸਿੰਘ ਨੇ 81 %, ਅੰਕ ਪ੍ਰਾਪਤ ਕੀਤੇ ਹਨ, ਜਦ ਕਿ ਬਾਕੀ ਸਾਰੇ ਬੱਚਿਆਂ ਨੇ ਵੀ 70% ਤੋਂ ਉਪਰ ਅੰਕ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਅਤੇ ਸਕੂਲ ਅਧਿਆਪਕਾਂ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਡਾਇਰੈਕਟਰ ਡਾਕਟਰ ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਰਣਜੀਤ ਕੌਰ, ਪ੍ਰਿੰਸੀਪਲ ਮੇਜਰ ਸਿੰਘ ਚਾਹਲ ਅਤੇ ਸਮੂਹ ਸਟਾਫ ਵੱਲੋਂ ਇਨ੍ਹਾਂ ਬੱਚਿਆਂ ਨੂੰ ਸ਼ਾਨਦਾਰ ਸਫਲਤਾ ਪ੍ਰਾਪਤ ਕਰਨ ਲਈ ਮੁਬਾਰਕਬਾਦ ਦਿੱਤੀ।

ਇਸ ਮੌਕੇ ਸਕੂਲ ਅਧਿਆਪਕ ਅਜਮੇਰ ਸਿੰਘ, ਸੁਖਮੀਤ ਕੌਰ, ਸੁਖਵੰਤਕੌਰ, ਕੁਲਦੀਪ ਕੌਰ, ਪਰਮਿੰਦਰ ਕੌਰ, ਮਨਪ੍ਰੀਤ ਕੌਰ, ਮੈਡਮ ਕਿਰਨ, ਮੈਡਮ ਸ਼ਿਲਪੀ, ਮੈਡਮ ਰੇਨੂ ਬਾਲਾ, ਮੈਡਮ ਰੇਖਾ ਰਾਣੀ ਆਦਿ ਸਟਾਫ ਮੈਂਬਰ ਹਾਜ਼ਰ ਸਨ।

# ਅਕਾਲ ਅਕੈਡਮੀ ਰਸੂਲਪੁਰ ਬੇਟ 'ਚ ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਮੌਕੇ ਸਮਾਗਮ



**ਧਾਰੀਵਾਲ, (ਮਨਦੀਪ ਵਿੱਕੀ)**-ਕਲਗੀਧਰ ਟਰੱਸਟ ਬੜੂ ਸਾਹਿਬ ਦੁਆਰਾ ਸੰਚਾਲਿਤ ਅਕਾਲ ਅਕੈਡਮੀ ਰਸੂਲਪੁਰ ਬੇਟ ਵੱਲੋਂ ਵਿਸਾਖੀ ਅਤੇ ਖਾਲਸਾ ਪੰਥ ਸਾਜਨਾ ਦਿਵਸ ਦਾ ਤਿਉਹਾਰ ਬਹੁਤ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਹ ਤਿਉਹਾਰ ਫਸਲਾਂ ਦੀ ਕਟਾਈ ਦੇ ਮੌਸਮ ਦੀ ਸ਼ੁਰੂਆਤ ਦਾ ਪ੍ਰਤੀਕ ਹੈ ਅਤੇ ਖਾਸ ਤੌਰ 'ਤੇ ਸਿੱਖ ਕੌਮ ਲਈ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਵ ਰੱਖਦਾ ਹੈ।

ਸਮਾਗਮ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ। ਉਪਰੰਤ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਕਵਿਤਾ ਪਾਠ, ਸ਼ਬਦ ਗਾਇਨ, ਕਵਿਤਾਵਾਂ, ਸਮੂਹ ਪ੍ਰਸਤੁਤੀਆਂ ਅਤੇ ਦਸਤਾਰਬੰਦੀ ਮੁਕਾਬਲਾ ਆਯੋਜਿਤ ਕੀਤਾ ਗਿਆ। ਪ੍ਰਿੰਸੀਪਲ ਅਮਨਦੀਪ ਕੌਰ ਭੰਗੂ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਮਹੱਤਵ ਬਾਰੇ ਜਾਣਕਾਰੀ ਦਿੰਦਿਆਂ ਆਪਣੇ ਪ੍ਰੇਰਨਾਦਾਇਕ ਵਿਚਾਰ ਸਾਂਝੇ ਕਰਦੇ ਹੋਏ ਵਿਦਿਆਰਥੀਆਂ ਨੂੰ ਪੰਜ ਪਿਆਰਿਆਂ ਤੋਂ ਅੰਮ੍ਰਿਤ ਛਕਣ ਅਤੇ ਮਨੁੱਖਤਾ ਦੇ ਚੰਗੇ ਗੁਣ ਅਪਨਾਉਣ ਲਈ ਪ੍ਰੇਰਿਤ ਕੀਤਾ।

ਵਿਸਾਖੀ ਦਾ ਇਹ ਸਮਾਰੋਹ ਬਹੁਤ ਹੀ ਸ਼ਾਨਦਾਰ ਰਿਹਾ, ਜਿਸ ਨੇ ਵਿਦਿਆਰਥੀਆਂ ਵਿੱਚ ਸੱਭਿਆਚਾਰਕ ਜਾਗਰੂਕਤਾ ਅਤੇ ਆਤਮਿਕ ਸਿੱਖਿਆ ਨੂੰ ਉਤਸਾਹਿਤ ਕੀਤਾ। ਸਮਾਗਮ ਵਿੱਚ ਅਕੈਡਮੀ ਦੇ ਸਮੂਹ ਸਟਾਫ ਮੈਂਬਰ ਸ਼ਾਮਲ ਸਨ।

# ਨੌਜਵਾਨ ਬਾਬਾ ਸਾਹਿਬ ਡਾ. ਅੰਬੇਡਕਰ ਦੇ ਵਿਚਾਰਾਂ 'ਤੇ ਪਹਿਰਾ ਦੇਣ: ਲਾਖਣਾ, ਦਰਾਜਕੇ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਜਥੇਬੰਦੀ ਦੇ ਦਫ਼ਤਰ ਭਿੱਖੀਵਿੰਡ ਵਿਖੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਮਨਾਇਆ ਗਿਆ।ਇਸ ਮੌਕੇ ਜਥੇਬੰਦੀ ਦੇ ਪ੍ਰਧਾਨ ਗੱਜਣ ਸਿੰਘ ਨਾਰਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਨੌਜਵਾਨਾਂ ਦੇ ਭਾਰੀ ਇਕੱਠ ਨੂੰ ਸੰਬੋਧਿਤ ਹੁੰਦਿਆਂ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਲਾਜ਼ਰ ਲਾਖਣਾ ਨੇ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਡਕਰ ਨੇ ਦੱਬੇ-ਕੁੱਚਲੇ ਲੋਕਾਂ ਨੂੰ ਸਮਾਜ ਵਿੱਚ ਬਰਾਬਰਤਾ ਦਾ ਹੱਕ ਦਿਵਾਉਣ ਲਈ ਸਾਰੀ ਉਮਰ ਸੰਘਰਸ਼ ਕੀਤਾ।ਉਨ੍ਹਾਂ ਕਿਹਾ ਕਿ ਅੰਬੇਡਕਰ ਦਾ ਜੀਵਨ ਸੰਘਰਸ਼ੀ ਤੇ ਕਿਰਤੀ ਲੋਕਾਂ ਦੀ ਲੁੱਟ ਖ਼ਤਮ ਕਰਨ ਤੇ ਆਰਥਿਕ, ਸਮਾਜਿਕ ਤੇ ਰਾਜਨੀਤਕ ਬਰਾਬਰਤਾ ਦਾ ਹੋਕਾ ਦਿੰਦਾ ਹੈ।ਉਨ੍ਹਾਂ ਕਿਹਾ ਕਿ ਜਾਤ ਤੇ ਜਮਾਤ ਰਹਿਤ ਸਮਾਜ ਸਿਰਜਣ ਲਈ ਸੰਘਰਸ਼ ਕਰਨਾ ਹੀ ਬਾਬਾ ਸਾਹਿਬ ਨੂੰ ਸੱਚੀ ਸ਼ਰਧਾਂਜਲੀ ਹੈ।ਇਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ ਨੇ ਬਾਬਾ ਸਾਹਿਬ ਦੇ ਸੰਘਰਸ਼ੀ ਜੀਵਨ ਤੇ ਵਿਚਾਰਧਾਰਾ 'ਤੇ ਚਾਨਣਾ ਪਾਇਆ।

ਉਨ੍ਹਾਂ ਮਿਹਨਤਕਸ਼ ਤੇ ਕਿਰਤੀ ਲੋਕਾਂ ਨੂੰ ਬਾਬਾ ਸਾਹਿਬ ਦੇ ਜਨਮ ਦਿਨ ਦੀਆਂ ਵਧਾਈਆਂ ਦਿੰਦਿਆਂ ਉਨ੍ਹਾਂ ਦੇ ਨਕਸ਼ੇ ਕਦਮਾਂ 'ਤੇ ਚੱਲਣ ਦਾ ਸੁਨੇਹਾ ਦਿੱਤਾ।ਇਸ ਮੌਕੇ ਜਥੇਬੰਦੀ ਦੇ ਸੀਨੀਅਰ ਆਗੂ ਐਡਵੋਕੇਟ ਦਲਬੀਰ ਸਿੰਘ ਰਾਜੋਕੇ, ਬਲਦੇਵ ਸਿੰਘ ਰਾਜੋਕੇ ਮੈਂਬਰ ਪੰਚਾਇਤ, ਰਾਹੁਲ ਦਰਾਜਕੇ, ਸੁਖਰਾਜ ਸਿੰਘ ਬੰਟੀ, ਸ਼ਮਸ਼ੇਰ ਸਿੰਘ ਸਨੀ ਅਮਰਕੋਟ, ਹਰਜਿੰਦਰ ਸਿੰਘ ਚੂੰਘ, ਸਵਿੰਦਰ ਸਿੰਘ ਚੱਕ ਆਦਿ ਹਾਜ਼ਰ ਸਨ।

## ਬਾਬਾ ਸਾਹਿਬ ਨੇ ਸਿਰਫ ਦਲਿਤਾਂ ਲਈ ਹੀ ਨਹੀਂ ਸਗੋਂ ਸਮੁੱਚੀ ਮਾਨਵਤਾ ਲਈ ਕੰਮ ਕੀਤਾ: ਰਤਨ ਹੰਸ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਭਾਰਤੀ ਵਾਲਮੀਕਿ ਆਦਿ ਧਰਮ ਸਮਾਜ ਰਜਿਸਟਰ ਭਾਰਤ ਜ਼ਿਲ੍ਹਾ ਸੰਗਠਨ ਅੰਮ੍ਰਿਤਸਰ ਵੱਲੋਂ ਭਾਰਤ ਰਤਨ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਬੜੇ ਧੂਮਧਾਮ ਨਾਲ ਮਨਾਇਆ ਗਿਆ। ਇਸ ਵਿੱਚ ਸੰਸਥਾ ਦੇ ਅਹੁਦੇਦਾਰਾਂ ਨੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ ਵਿਚਾਰ ਧਰਮ ਸਮਾਜੀ ਵੀਰਾਂ ਨਾਲ ਸਾਂਝੇ ਕੀਤੇ। ਇਸ ਮੌਕੇ ਬੋਲਦਿਆਂ ਵੀਰੋਤਮ ਰਤਨ ਹੰਸ ਸੰਕਚੂਰ ਮੁੱਖ ਸੰਚਾਲਕ ਨੇ ਸਮਾਜ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਬਾਬਾ ਸਾਹਿਬ ਨੇ ਸਿਰਫ ਦਲਿਤਾਂ ਦੇ ਭਲੇ ਲਈ ਕੰਮ ਨਹੀਂ ਕੀਤਾ ਉਨ੍ਹਾਂ ਨੇ ਸਾਰੀ ਮਾਨਵਤਾ ਦੇ ਭਲੇ ਲਈ ਕੰਮ ਕੀਤਾ ਅਤੇ ਸਮਾਜ ਨੂੰ ਇੱਕ ਨਵੀਂ ਸੇਧ ਦਿੱਤੀ। ਇਸ ਮੌਕੇ ਵਰਿਆਮ ਸਿੰਘ ਵੀਰ, ਸ਼ਿਵ ਥਾਪਰ, ਐਡਵੋਕੇਟ ਆਸ਼ੂ ਪਾਲ ਹੰਸ, ਸ਼ਮਸ਼ੇਰ ਸਿੰਘ ਪ੍ਰਧਾਨ, ਵੀਰ ਨਿਰਮਲ ਸਿੰਘ ਨਿੰਮਾ, ਵੀਰ ਸੁਨੀਲ ਕੁਮਾਰ ਸੋਨੂ, ਵੀਰ ਸੁਖਵਿੰਦਰ ਸਿੰਘ ਅਤੇ ਹੋਰ ਧਰਮ ਸਮਾਜੀ ਵੀਰ ਹਾਜ਼ਰ ਸਨ।



# ਛੱਜਲਵੱਡੀ ਵਿਖੇ ਡਾ. ਭੀਮ ਰਾਓ ਅੰਬੇਡਕਰ ਨੂੰ ਕੀਤੇ ਸ਼ਰਧਾ ਦੇ ਫੁੱਲ ਭੇਟ



ਬਾਬਾ ਬਕਾਲਾ ਸਾਹਿਬ/ਬਿਆਸ, (ਜਸਪਾਲ ਸਿੰਘ/ਪਰਮਜੀਤ ਸਿੰਘ ਰੱਖੜਾ) ਪਿੰਡ ਛੱਜਲਵਡੀ ਵਿਖੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਸਵਿੰਦਰ ਸਿੰਘ ਛੱਜਲਵੱਡੀ ਦੇ ਗ੍ਰਹਿ ਵਿਖੇ ਮਨਾਇਆ ਗਿਆ ਅਤੇ ਖੁਸ਼ੀ ਵਿੱਚ ਲੱਡੂ ਵੰਡੇ ਗਏ। ਇਸ ਮੌਕੇ ਬਲਕਾਰ ਸਿੰਘ ਦੇਬਾ, ਨਿਰਮਲ ਸਿੰਘ, ਸਵਿੰਦਰ ਸਿੰਘ, ਸੂਬੇਦਾਰ ਦਿਲਬਾਗ ਸਿੰਘ, ਅਜੀਤ ਸਿੰਘ ਨੇ ਡਾਕਟਰ ਸਾਹਿਬ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਬਾਬਾ ਸਾਹਿਬ ਦੀ ਜੀਵਨੀ ਤੋਂ ਸੰਗਤਾਂ ਨੂੰ ਜਾਣੂ ਕਰਾਇਆ।

ਇਸ ਮੌਕੇ ਇੰਦਰਬੀਰ ਸਿੰਘ ਰਸਲ, ਸਕੱਤਰ ਸਿੰਘ ਲਾਡੀ ਪੰਪ ਵਾਲੇ, ਪੰਚ ਕੁਲਵੰਤ ਸਿੰਘ, ਪੰਚ ਮਨਜੀਤ ਕੌਰ, ਪੰਚ ਪ੍ਰਗਟ ਸਿੰਘ, ਥਾਣੇਦਾਰ ਕੁਲਵੰਤ ਸਿੰਘ, ਪਤਵਿੰਦਰ ਸਿੰਘ ਡਿਪਟੀ, ਟੇਲਰ ਜਗਤਾਰ ਸਿੰਘ, ਰਣਜੀਤ ਸਿੰਘ ਰਾਣਾ, ਸੁੱਚਾ ਸਿੰਘ, ਰਮੇਸ਼ ਸਿੰਘ, ਬਾਬਾ ਸੁਰਜੀਤ ਸਿੰਘ, ਸਵਿੰਦਰ ਸਿੰਘ ਬੱਸਾਂ ਵਾਲੇ, ਮੁਖਤਾਰ ਸਿੰਘ ਮਨਿੰਦਰ ਸਿੰਘ, ਲੱਖਾ ਸਿੰਘ, ਅਮਰ ਸਿੰਘ, ਗੁਰਜੀਤ ਸਿੰਘ, ਦਲੇਰ ਸਿੰਘ, ਮਨਜੀਤ ਕੌਰ, ਗੁਰਜੀਤ ਕੌਰ, ਕਵਲਜੀਤ ਕੌਰ, ਪਰਮਜੀਤ ਕੌਰ ਪੂਜਾ, ਬਲਜੀਤ ਕੌਰ, ਰਮਨ ਕੌਰ, ਬਲਜਿੰਦਰ ਕੌਰ, ਰਾਜ ਕੌਰ, ਰਣਜੀਤ ਕੌਰ ਆਦਿ ਹਾਜ਼ਰ ਸਨ।

# ਸਰਕਾਰੀ ਸਮਾਰਟ ਹਾਈ ਸਕੂਲ ਅਬਦਾਲ ਦਾ ਨਤੀਜਾ ਰਿਹਾ ਸ਼ਾਨਦਾਰ



ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-ਅਬਦਾਲ ਸਕੂਲ ਸਿੱਖਿਆ ਬੋਰਡ ਦੁਆਰਾ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਰਕਾਰੀ ਸਮਾਰਟ ਹਾਈ ਸਕੂਲ ਅਬਦਾਲ ਦੇ ਬੱਚਿਆਂ ਨੇ ਵਧੀਆ ਨੰਬਰ ਲੈ ਕੇ ਇਲਾਕੇ ਵਿੱਚ ਸਕੂਲ ਦਾ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਕਲਾਸ ਇੰਚਾਰਜ ਰਜਵੰਤ ਕੌਰ ਨੇ ਰਿਜ਼ਲਟ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੁਸ਼ਪ੍ਰੀਤ ਕੌਰ ਪੁੱਤਰੀ ਸੁੱਚਾ ਸਿੰਘ ਨੇ 95% ਨੰਬਰ ਲੈ ਕੇ ਪਹਿਲਾ, ਰਾਜਬੀਰ ਕੌਰ ਨੇ 94.5% ਨੰਬਰ ਲੈ ਕੇ ਦੂਸਰਾ, ਮਨਪ੍ਰੀਤ ਕੌਰ ਅਤੇ ਹਰਕੀਰਤ ਕੌਰ ਨੇ 94% ਨੰਬਰ ਲੈ ਕੇ ਤੀਸਰਾ ਸਥਾਨ ਪ੍ਰਾਪਤ ਕਰਕੇ ਇਲਾਕੇ ਵਿੱਚ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ।

ਸਕੂਲ ਦੇ 10 ਵਿਦਿਆਰਥੀਆਂ ਨੇ 90 % ਤੋਂ ਵੱਧ ਅਤੇ 25 ਵਿਦਿਅਰਥੀਆਂ ਨੇ 80% ਤੋਂ ਵੱਧ ਨੰਬਰ ਪ੍ਰਾਪਤ ਕਰਕੇ ਇਲਾਕੇ ਦੇ ਬਾਕੀ ਸਕੂਲਾਂ ਨੂੰ ਪਛਾੜਿਆ।ਇਨ੍ਹਾਂ ਵਿਦਿਆਰਥੀਆਂ ਨੂੰ ਸਰਕਾਰੀ ਹਾਈ ਸਕੂਲ ਅਬਦਾਲ ਵਿਖੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਰੁਪਿੰਦਰ ਕੌਰ ਸਰਕਾਰੀਆ ਨੇ ਸਕੂਲ ਦੇ ਬਾਕੀ ਵਿਦਿਆਰਥੀਆਂ ਨੂੰ ਵੀ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਤੋਂ ਪ੍ਰੇਰਨਾ ਲੈ ਕੇ ਸਖਤ ਮਿਹਨਤ ਕਰਨ ਦੀ ਸਿੱਖਿਆ ਦਿੱਤੀ।

ਪ੍ਰਿੰਸੀਪਲ ਮੈਡਮ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ ਦੀ ਵੀ ਪ੍ਰਸ਼ੰਸਾ ਕੀਤੀ।ਇਸ ਮੌਕੇ ਕੋਚ ਜਗਦੀਪ ਸਿੰਘ, ਮੈਥ ਮਾਸਟਰ ਮਨਦੀਪ ਸ਼ਰਮਾ, ਪ੍ਰੇਮਪਾਲ ਸਿੰਘ, ਸੁਖਜਿੰਦਰ ਸਿੰਘ, ਬਲਰਾਜ ਸਿੰਘ ਰੰਧਾਵਾ, ਯੋਗਿਤਾ ਸ਼ਰਮਾ, ਰੇਨੂ ਡੋਗਰਾ, ਰਜਨੀ ਬਾਲਾ, ਪਰਵਿੰਦਰ ਕੌਰ, ਗੁਰਜੋਤ ਸਿੰਘ ਭੁਪਿੰਦਰ ਕੌਰ, ਜਸਪਿੰਦਰ ਕੌਰ, ਸਿੰਮੀ, ਜਸਪਾਲ ਕੌਰ, ਪ੍ਰਭਜੋਤ ਕੌਰ, ਪਵਨਦੀਪ ਕੌਰ, ਮਨਜਿੰਦਰ ਕੌਰ ਅਤੇ ਜਸਪਾਲ ਸਿੰਘ ਆਦਿ ਅਧਿਆਪਕ ਹਾਜ਼ਰ ਸਨ।

## ਮੋਹਣ ਭੰਡਾਰੀਆਂ ਦੇ ਨੌਜਵਾਨ ਦੀ ਸੜਕ ਹਾਦਸੇ 'ਚ ਮੌਤ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਜ਼ਿਲ੍ਹਾ ਅੰਮ੍ਰਿਤਸਰ ਦੀ ਅਜਨਾਲਾ ਤਹਿਸੀਲ ਦੇ ਪਿੰਡ ਮੋਹਣ ਭੰਡਾਰੀਆਂ ਨੇੜੇ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕ ਨੌਜਵਾਨ ਦੀ ਦਰਦਨਾਕ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਘਟਨਾ ਦੀ ਜਾਣਕਾਰੀ ਦਿੰਦਿਆਂ ਆਪ ਆਗੂ ਗੁਰਮੁੱਖ ਸਿੰਘ ਮੋਹਣ ਭੰਡਾਰੀਆਂ ਨੇ ਦੱਸਿਆ ਕਿ ਉਨ੍ਹਾਂ ਦਾ ਭਤੀਜਾ ਤਰਸਪ੍ਰੀਤ ਸਿੰਘ ਪੁੱਤਰ ਗੁਰਪ੍ਰੀਤ ਸਿੰਘ (15) ਮੋਟਰਸਾਈਕਲ 'ਤੇ ਸਵਾਰ ਹੋ ਕੇ ਆਪਣੀ ਬਹਿਕ ਤੋਂ ਕਿਸੇ ਕੰਮ ਲਈ ਪਿੰਡ ਨੂੰ ਆ ਰਿਹਾ ਸੀ ਕਿ ਰਸਤੇ ਵਿੱਚ ਘਰੋਂ ਤਿੰਨ ਚਾਰ ਕਿੱਲੇ ਬਾਹਰ ਪੱਠਿਆਂ ਵਾਲੀ ਰੇਹੜੀ ਵਿੱਚ ਮੋਟਰਸਾਈਕਲ ਵੱਜਣ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ ਜਿਸ ਨੂੰ ਇਲਾਜ ਦੇ ਲਈ ਅੰਮ੍ਰਿਤਸਰ ਲਿਜਾਇਆ ਜਾ ਰਿਹਾ ਸੀ ਪਰ ਉਹ ਜ਼ਖਮਾਂ ਦੀ ਤਾਬ ਨਾ ਝੱਲਦਿਆਂ ਰਸਤੇ ਵਿੱਚ ਹੀ ਦਮ ਤੋੜ ਗਿਆ।ਉਨ੍ਹਾਂ ਇਹ ਵੀ ਦੱਸਿਆ ਕਿ ਤਰਸਪ੍ਰੀਤ ਸਿੰਘ ਆਪਣੇ ਮਾਪਿਆਂ ਦਾ ਇਕਲੌਤਾ ਪੁੱਤ ਸੀ ਤੇ ਦਸਵੀਂ 'ਚ ਪੜ੍ਹਦਾ ਸੀ।

## ਖਾਲਸਾ ਸਾਜਨਾ ਦਿਵਸ ਤੇ ਡਾ. ਭੀਮ ਰਾਓ ਅੰਬੇਡਕਰ ਜਯੰਤੀ ਮਨਾਈ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ ਖਾਲਸਾ ਸਿਰਜਣਾ ਦਿਵਸ ਮਨਾਉਂਦਿਆਂ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਵੱਲੋਂ ਹਰ ਜਸ ਕੀਰਤਨ ਗਾਇਨ ਕੀਤਾ ਗਿਆ। ਯੂਕੇਜੀ ਦੀ ਵਿਦਿਆਰਥਣ ਹਰਗੁਣ ਕੌਰ ਵੱਲੋਂ ਖਾਲਸਾ ਦਿਵਸ ਨਾਲ ਸੰਬੰਧਿਤ ਇੱਕ ਕਵਿਤਾ ਦਾ ਗਾਇਨ ਕੀਤਾ ਗਿਆ।ਛੇਵੀਂ ਤੋਂ ਅੱਠਵੀਂ ਅਤੇ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵਿੱਚ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ ਅਤੇ ਸੋਹਣੀਆਂ ਦਸਤਾਰਾਂ ਸਜਾਉਣ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਵੱਲੋਂ ਮੈਡਲ ਦੇ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਮੈਡਮ ਸੰਗੀਤਾ ਵੱਲੋਂ ਡਾ. ਭੀਮਰਾਓ ਅੰਬੇਡਕਰ ਦੀ ਜੀਵਨੀ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਉਪਰੰਤ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਜਿਵੇਂ 'ਬਾਜਰੇ ਦਾ ਸਿੱਟਾ' ਗੀਤ 'ਰੰਗਲਾ ਪੰਜਾਬ' ਐਕਸ਼ਨ ਸੌਂਗ ਰਾਹੀਂ ਵਿਦਿਆਰਥੀਆਂ ਦਾ ਮਨੋਰੰਜਨ ਕੀਤਾ ਗਿਆ।ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਵੱਲੋਂ ਵਿਦਿਆਰਥੀਆਂ ਨੂੰ ਵਿਸਾਖੀ ਦੇ ਦਿਹਾੜੇ ਦੀ ਵਧਾਈ ਦਿੱਤੀ ਗਈ।ਪ੍ਰਿੰਸੀਪਲ ਨੇ ਆਪਣੇ ਵਿਚਾਰਾਂ ਰਾਹੀਂ ਵਿਦਿਆਰਥੀਆਂ ਨੂੰ ਅੰਮ੍ਰਿਤਪਾਨ ਕਰਕੇ ਗੁਰਬਾਣੀ ਨਾਲ ਜੁੜਨ ਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਨੁਸਾਰ ਜੀਵਨ ਬਿਤਾਉਣ ਲਈ ਪ੍ਰੇਰਿਤ ਕੀਤਾ।ਇਸ ਸਮੇਂ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਇੰਜੀ: ਮਨਜੀਤ ਸਿੰਘ ਸੰਧੂ ਦੀ ਸੇਵਾ-ਮੁਕਤੀ 'ਤੇ ਵਿਦਾਇਗੀ ਸਮਾਰੋਹ



**ਬਿਆਸ (ਪਰਮਜੀਤ ਸਿੰਘ ਰੱਖੜਾ)**-ਇੰਜੀ: ਮਨਜੀਤ ਸਿੰਘ ਸੰਧੂ ਜੇ. ਈ. ਬਾਬਾ ਬਕਾਲਾ ਸਾਹਿਬ ਜੋ ਕਿ ਪੰਜਾਬ ਸਟੇਟ ਪਾਵਰ ਕਾਰਪੋ: ਲਿਮ: ਰਈਆ ਮੰਡਲ ਬਿਆਸ ਤੋਂ ਬਤੌਰ ਜੇ. ਈ./ਹੈੱਡ ਡਰਾਫਟਸਮੈਨ ਰਿਟਾਇਰ ਹੋਏ ਹਨ, ਉਨ੍ਹਾਂ ਦੀ ਸੇਵਾ-ਮੁਕਤੀ 'ਤੇ ਵਿਦਾਇਗੀ ਪਾਰਟੀ ਸਮਾਰੋਹ ਗਗਨ ਪੈਲੇਸ ਬਾਬਾ-ਬਕਾਲਾ ਸਾਹਿਬ ਵਿਖੇ ਹੋਇਆ। ਇਸ ਮੌਕੇ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ, ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾ, ਗੁਰਪ੍ਰਤਾਪ ਸਿੰਘ ਸੰਧੂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਸੁਰਜੀਤ ਸਿੰਘ ਕੰਗ ਪ੍ਰਧਾਨ ਨਗਰ ਪੰਚਾਇਤ ਬਾਬਾ ਬਕਾਲਾ, ਚੇਅਰਮੈਨ ਹਰਿੰਦਰ ਸਿੰਘ ਬੱਬੂ, ਮੋਹਣ ਸਿੰਘ ਕੰਗ ਪ੍ਰਧਾਨ ਸ਼ਹਿਰੀ, ਬਾਬਾ ਜਗਤਾਰ ਸਿੰਘ ਨਾਥ ਦੀ ਖੂਹੀ ਤੋਂ ਇਲਾਵਾ ਇੰਪਲਾਈਜ਼ ਫੈਡਰੇਸ਼ਨ (ਪਹਿਲਵਾਨ) ਪੰਜਾਬ ਦੇ ਜਨਰਲ ਸਕੱਤਰ ਸੁਖਵਿੰਦਰ ਸਿੰਘ ਚਾਹਲ, ਸੀਨੀ: ਮੀਤ ਪ੍ਰਧਾਨ ਹਰਪਿੰਦਰ ਸਿੰਘ ਚਾਹਲ, ਸਰਪੰਚ ਇਕਬਾਲ ਸਿੰਘ ਬੱਲ ਸਾਬਕਾ ਸਰਕਲ ਸੁਪਰਡੈਂਟ, ਤੇਜਿੰਦਰ ਸਿੰਘ ਸੇਖੋਂ ਜੁਆਇੰਟ ਫੋਰਮ ਮੈਂਬਰ, ਗੁਰਬਚਨ ਸਿੰਘ ਬਾਠ ਸਾਬਕਾ ਜੇ. ਈ., ਮਲੂਕ ਸਿੰਘ, ਇੰਜੀ: ਰਾਜ ਕੁਮਾਰ, ਇੰਜੀ: ਅਸ਼ੀਸ਼ ਕੁਮਾਰ, ਇੰਜੀ: ਗੁਰਜਿੰਦਰ ਸਿੰਘ (ਤਿੰਨੇ ਸੀਨੀ: ਕਾਰਜਕਾਰੀ ਇੰਜੀ:) ਰਾਜੀਵ ਕੁਮਾਰ, ਗੋਲਡੀ, ਕਿਸਾਨ ਆਗੂ ਦਲਬੀਰ ਸਿੰਘ ਬੇਦਾਦਪੁਰ, ਚਰਨ ਸਿੰਘ ਕਲੇਰ, ਸ਼ੈਲਿੰਦਰਜੀਤ ਸਿੰਘ ਰਾਜਨ, ਪਰਮਜੀਤ ਸਿੰਘ ਰੱਖੜਾ, ਗੁਰਪ੍ਰੀਤ ਸਿੰਘ ਧੰਜਲ, ਕੌਂਸਲਰ ਗੁਰਮੀਤ ਸਿੰਘ ਪਨੇਸਰ ਆਦਿ ਬੁਲਾਰਿਆਂ ਨੇ ਇੰਜੀ: ਮਨਜੀਤ ਸਿੰਘ ਸੰਧੂ ਜੇ.ਈ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ।

ਇਸ ਮੌਕੇ ਸਰਪੰਚ ਕਰਮਜੀਤ ਸਿੰਘ ਫੇਰੂਮਾਨ, ਚੇਅਰਮੈਨ ਯੋਗਰਾਜ ਸਿੰਘ ਟੌਂਗ, ਡਾ: ਰੋਹਿਤ ਸੋਨੀ ਹਸਪਤਾਲ ਮਹਿਤਾ, ਸੁਖਜੀਤ ਸਿੰਘ ਮਾਨ, ਕਰਨੈਲ ਸਿੰਘ ਰੰਧਾਵਾ, ਡਾ: ਜਸਪ੍ਰੀਤ ਸਿੰਘ ਵਿਰਦੀ, ਬਲਵਿੰਦਰ ਸਿੰਘ ਭੁੱਲਰ ਦੁਬਈ ਆਦਿ ਵੀ ਹਾਜ਼ਰ ਸਨ।ਸੈਕਟਰੀ ਦੀ ਸੇਵਾ ਹਰਪਿੰਦਰ ਸਿੰਘ ਚਾਹਲ ਸੀਨੀਅਰ ਮੀਤ ਪ੍ਰਧਾਨ ਇੰਪਲਾਈਜ਼ ਫੈਡਰੇਸ਼ਨ (ਪਹਿਲਵਾਨ) ਵੱਲੋਂ ਬਾਖੂਬੀ ਨਿਭਾਈ ਗਈ।ਇਸ ਮੌਕੇ ਇੰਜੀ: ਮਨਜੀਤ ਸਿੰਘ ਸੰਧੂ ਵੱਲੋਂ ਵਿਦਾਇਗੀ ਪਾਰਟੀ ਵਿਚ ਸ਼ਾਮਲ ਹੋਏ ਸਾਰੇ ਹੀ ਮੈਂਬਰ ਸਹਿਬਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਬੇਅਦਬੀ ਖਿਲਾਫ਼ ਕਾਨੂੰਨੀ ਕਾਰਵਾਈ ਹੋਵੇਗੀ ਹੋਰ ਸਖ਼ਤ : ਸੰਧਵਾਂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਇੱਥੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਲਈ ਕਾਨੂੰਨੀ ਢਾਂਚੇ ਅਤੇ ਨਿਆਂ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਕਰਨ ਲਈ ਇੱਕ ਨਵਾਂ ਬਿੱਲ ਲਿਆਂਦਾ ਜਾ ਰਿਹਾ ਹੈ।ਵਿਸ਼ੇਸ਼ ਸੈਸ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਇਤਿਹਾਸਕ ਗੁਰਦੁਆਰਾ ਸ੍ਰੀ ਅੰਬ ਸਾਹਿਬ, ਮੋਹਾਲੀ ਵਿਖੇ ਮੱਥਾ ਟੇਕਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਪੀਕਰ ਨੇ ਵਿਸਾਖੀ ਦੇ ਪਵਿੱਤਰ ਮੌਕੇ ਦੀਆਂ ਵਧਾਈਆਂ ਵੀ ਦਿੱਤੀਆਂ। ਉਨ੍ਹਾਂ ਕਿਹਾ ਕਿ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਵੱਲੋਂ ਖਾਲਸਾ ਪੰਥ ਦੀ ਸਾਜਨਾ ਤੇ ਪੰਜ ਪਿਆਰਿਆਂ ਦੀ ਰਚਨਾ ਨਾਲ ਸਿੱਖਾਂ ਨੂੰ ਇੱਕ ਵਿਲੱਖਣ ਪਛਾਣ ਮਿਲੀ, ਜੋ 'ਸਰਬੱਤ ਦਾ ਭਲਾ' ਦੇ ਸਿਧਾਂਤ 'ਤੇ ਅਧਾਰਿਤ ਹੈ। ਬੇਅਦਬੀ ਦੇ ਸੰਵੇਦਨਸ਼ੀਲ ਮਾਮਲੇ 'ਤੇ ਗੱਲ ਕਰਦਿਆਂ ਸੰਧਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੋਸ਼ੀਆਂ ਨੂੰ ਸਜ਼ਾ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਪਰ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਹੋਰ ਸਖ਼ਤ ਕਾਨੂੰਨੀ ਪ੍ਰਬੰਧਾਂ ਦੀ ਲੋੜ ਹੈ। ਇਹ ਪ੍ਰਸਤਾਵਿਤ ਬਿੱਲ ਮੌਜੂਦਾ ਵਿਸ਼ੇਸ਼ ਸੈਸ਼ਨ ਦੌਰਾਨ ਪੇਸ਼ ਕੀਤਾ ਜਾਵੇਗਾ।ਸਪੀਕਰ ਨੇ ਬਹਿਬਲ ਕਲਾਂ ਅਤੇ ਬਰਗਾੜੀ ਮਾਮਲਿਆਂ ਬਾਰੇ ਅਪਡੇਟ ਦਿੰਦਿਆਂ ਦੱਸਿਆ ਕਿ ਲਗਭਗ ਸਾਰੇ ਮਾਮਲਿਆਂ ਦੀ ਜਾਂਚ ਮੁਕੰਮਲ ਹੋ ਚੁੱਕੀ ਹੈ।ਇੱਕ ਮਾਮਲੇ ਤੋਂ ਇਲਾਵਾ ਬਾਕੀ ਸਾਰੇ ਮਾਮਲਿਆਂ ਵਿੱਚ ਚਲਾਨ ਅਦਾਲਤ ਵਿੱਚ ਪੇਸ਼ ਕਰ ਦਿੱਤੇ ਗਏ ਹਨ। ਮਾਮਲੇ ਹੁਣ ਅਦਾਲਤੀ ਵਿਚਾਰ ਅਧੀਨ ਹਨ।



# ਚਰਨਛੋਹ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਵਿਖੇ ਅੰਮ੍ਰਿਤਧਾਰਾ ਪ੍ਰਗਟ ਦਿਵਸ ਮਨਾਇਆ

**ਹੁਸ਼ਿਆਰਪੁਰ (ਓ ਪੀ ਰਾਣਾ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਚਰਨਛੋਹ ਪ੍ਰਾਪਤ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਅੰਮ੍ਰਿਤ ਧਾਰਾ ਪ੍ਰਗਟ ਦਿਵਸ,ਵਿਸਾਖੀ, ਮਹਾਤਮਾ ਜੋਤੀਬਾ ਫੂਲੇ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ135ਵਾਂ ਜਨਮ ਦੇਸ਼ ਵਿਦੇਸ਼ ਸੰਗਤਾਂ ਵੱਲੋਂ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੇ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਦੀ ਅਗਵਾਈ ਹੇਠ ਸ਼ਰਧਾ ਪੂਰਵਕ ਮਨਾਏ ਗਏ। ਇਸ ਮੌਕੇ ਸੰਤ ਧਰਮਪਾਲ ਧਾਮ ਚਾਨਣ ਪੁਰੀ ਸ਼ੇਰਗੜ੍ਹ,ਭਾਈ ਸਾਹਿਬ ਸਿੰਘ ਬਜਵਾੜਾ, ਮਿਸ਼ਨਰੀ ਗਾਇਕ ਵਿੱਕੀ ਬਹਾਦਰ ਕੇ, ਸੰਤ ਗੁਰਜੀਤ ਲਹਿਰਾ ਤੇ ਡਾ. ਅੰਬੇਡਕਰ ਦੇ ਮਿਸ਼ਨਰੀ ਗੀਤਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸੰਤ ਸਤਵਿੰਦਰ ਹੀਰਾ ਵੱਲੋਂ ਬੇਗਮਪੁਰਾ ਧਰਮ ਅਸਥਾਨ ਦੇ ਸੁੰਦਰ ਸਰੂਪ ਭੇਟ ਕਰਕੇ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਨੂੰ ਸਨਮਾਨਤ ਕੀਤਾ। ਸੰਤ ਸਤਵਿੰਦਰ ਹੀਰਾ ਨੇ ਸ੍ਰੀ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਅੰਮ੍ਰਿਤ ਧਾਰਾ ਪ੍ਰਗਟ ਦਿਵਸ,ਮਹਾਤਮਾ ਜੋਤੀਬਾ ਫੂਲੇ ਜਨਮ ਦਿਨ,ਵਿਸਾਖੀ ਅਤੇ ਡਾ. ਅੰਬੇਡਕਰ ਜੀ ਦੇ ਜਨਮ ਦਿਨ ਨੂੰ ਸਮਰਪਿਤ ਸਮਾਗਮਾਂ ਵਿਚ ਸ਼ਾਮਲ ਹਜ਼ਾਰਾਂ ਸੰਗਤਾਂ ਦਾ ਧੰਨਬਾਦ ਕਰਦਿਆਂ ਕਿਹਾ ਸ੍ਰੀ ਖੁਰਾਲਗੜ੍ਹ ਸਾਹਿਬ ਜਲਦ ਹੀ ਇਕ ਸੁੰਦਰ ਸ਼ਹਿਰ ਬਣੇਗਾ। ਬੇਗਮਪੁਰਾ ਸ੍ਰੀ ਖੁਰਾਲਗੜ੍ਹ ਵਿਖੇ ਜਲਦ ਹੀ ਵੱਡੇ ਵੱਡੇ ਸਮਾਗਮਾਂ ਦਾ ਆਯੋਜਨ ਕੀਤਾ ਜਾਵੇਗਾ। ਇਸ ਮੌਕੇ ਮਾਸਟਰ ਸੁਖਵੀਰ ਦੁਗਾਲ ਪ੍ਰਚਾਰਕ, ਨਰਿੰਦਰ ਪਾਲ ਸਿੰਘ, ਸੰਤ ਚਰਨਦਾਸ ਮਾਂਗਟ, ਸੰਤ ਸੋਹਣ ਸਿੰਘ ਲਾਧੂਕਾ ਮੰਡੀ, ਸੰਤ ਜਗਤਾਰ ਸਿੰਘ ਬਰਨਾਲਾ, ਸੰਤ ਹੰਸ ਪਾਲ ਸਿੰਘ, ਦਰਸ਼ਨ ਸਿੰਘ ਸਹਿਜੜਾ, ਪ੍ਰਿਤਪਾਲ ਸਿੰਘ ਪਾਲੀ, ਜਰਨੈਲ ਸਿੰਘ ਖੱਟੜਾ, ਐਡਵੋਕੇਟ ਰਾਮ ਸਿੰਘ ਢੰਡਾਰੀ, ਮਾਸਟਰ ਗੁਰਮੁਖ ਦੁਗਾਲ, ਨਛੱਤਰ ਸਿੰਘ ਭਵਾਨੀਗੜ੍ਹ, ਅਸ਼ੋਕ ਕੁਮਾਰ ਬਸੀ, ਅਮਨ ਬੰਗੜ, ਮੋਨੂੰ ਚਲਾਣ , ਜਸੀ ਚਲਾਣ, ਸ਼ਨੀ ਚਲਾਣ , ਗੁਰਚਰਨ ਸਿੰਘ ਈਸ਼ਰ ਨਗਰ, ਜਗਤਾਰ ਸਿੰਘ ਬੇਗੋਵਾਲ, ਮਾਸਟਰ ਮੇਲਾ ਸਿੰਘ ਲੁਧਿਆਣਾ, ਗੁਰਦੇਵ ਸਿੰਘ ਹੈੱਡ ਕਲਰਕ, ਕੁਲਵੰਤ ਸਿੰਘ ਸੇਖਾ ਜਲੂਰ,ਰਵੀ ਮਾਨ ਰਕੜਾਂ, ਕੁਲਦੀਪ ਕੁਮਾਰ ਲੁਧਿਆਣਾ, ਗੁਰਮੀਤ ਸਿੰਘ ਢੰਡਾਰੀ, ਨੀਲਾ ਫੌਜੀ ਢੰਡਾਰੀ, ਜੀ ਐਫ ਭਟੋਏ ਢੰਡਾਰੀ, ਰਾਮ ਸਿੰਘ ਡਾਂਗੋਂ, ਰੋਬਿਨ ਭੱਟੀ ਰਕਾਸਣ,ਤੀਰਥ ਸਿੰਘ ਸੇਖਾ, ਕੁਲਵੀਰ ਸਿੰਘ ਸੇਖਾ, ਜਗਸੀਰ ਸਿੰਘ ਸੇਖਾ ਤੋਂ ਇਲਾਵਾ ਲੰਗਰ ਸੇਵਾ ਪਿੰਡ ਸੇਖਾ ਜਲੂਰ, ਬਰਨਾਲਾ ਅਤੇ ਲੱਖੋਵਾਲ, ਮਾਛੀਵਾੜਾ ਦੀਆਂ ਸੰਗਤਾਂ ਵਲੋਂ ਕਰਾਈ ਗਈ। ਸਟੇਜ ਸਕੱਤਰ ਦੀ ਸੇਵਾ ਓਮ ਪ੍ਰਕਾਸ਼ ਰਾਣਾ ਹੁਸ਼ਿਆਰਪੁਰ ਨਿਭਾਈ।



# ਐੱਸ ਸੀ ਕਮਿਸ਼ਨ ਦੇ ਚੇਅਰਮੈਨ ਨੇ ਵਿਸਾਖੀ 'ਤੇ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਟੇਕਿਆ ਮੱਥਾ

**ਗੜ੍ਹਸ਼ੰਕਰ/ਹੁਸ਼ਿਆਰਪੁਰ (ਫੂਲਾ ਸਿੰਘ ਬੀਰਮਪੁਰ, ਬਲਵੀਰ ਸਿੰਘ ਸੈਣੀ)**- ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਕਮਿਸ਼ਨ ਵਲੋਂ ਸੂਬੇ ਦੇ ਹਰ ਜ਼ਿਲ੍ਹੇ, ਤਹਿਸੀਲ ਤੇ ਪਿੰਡ ਵਿਚ 25-25 ਵਲੰਟੀਅਰਸ ਦੀਆਂ ਟੀਮਾਂ ਬਣਾਈਆਂ ਜਾ ਰਹੀਆਂ ਹਨ ਤਾਂ ਜੋ ਅਨੁਸੂਚਿਤ ਜਾਤੀ ਵਰਗ ਨਾਲ ਸਬੰਧਤ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿਚ ਤੇਜ਼ੀ ਲਿਆਂਦੀ ਜਾ ਸਕੇ। ਉਹ ਵਿਸਾਖੀ ਦੇ ਪਵਿੱਤਰ ਤਿਉਹਾਰ ਤੇ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਸਬੰਧੀ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸਥਿਤ ਪਵਿੱਤਰ ਸਥਾਨਾਂ 'ਤੇ ਮੱਥਾ ਟੇਕਣ ਤੋਂ ਬਾਅਦ ਪੱਤਰਕਾਰਾਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਸ੍ਰੀ ਚਰਨ ਛੋਹ ਪ੍ਰਾਪਤ ਗੰਗਾ ਸਥਲ ਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਤਪ ਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸਤਿਕਾਰ ਸਹਿਤ ਮੱਥਾ ਟੇਕਿਆ ਤੇ ਰਾਜ ਦੀ ਖੁਸ਼ੀ ਅਤੇ ਖੁਸ਼ਹਾਲੀ ਲਈ ਪ੍ਰਾਰਥਨਾ ਕੀਤੀ।ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਨੇ ਇਸ ਪਵਿੱਤਰ ਧਰਤੀ 'ਤੇ ਲਗਭਗ 4 ਸਾਲ, 2 ਮਹੀਨੇ ਅਤੇ 11 ਦਿਨ ਤਪੱਸਿਆ ਕਰਕੇ ਮਨੁੱਖਤਾ, ਸਮਾਨਤਾ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਉਚ-ਨੀਚ ਅਤੇ ਭੇਦਭਾਵ ਤੋਂ ਉੱਪਰ ਉਠ ਕੇ ਇੱਕਜੁੱਟ ਰਹਿਣ ਲਈ ਪ੍ਰੇਰਿਤ ਕਰਦੀਆਂ ਹਨ।ਇਸ ਮੌਕੇ ਬਾਬਾ ਕੇਵਲ ਸਿੰਘ, ਬਾਬਾ ਨਰੇਸ਼ ਸਿੰਘ, ਬਾਬਾ ਸੁਖਦੇਵ ਸਿੰਘ, ਡਾ. ਕੁਲਵਰਨ ਸਿੰਘ, ਮੱਖਣ ਸਿੰਘ ਵਹੀਦਪੁਰੀ, ਹਰਭਜਨ ਸਿੰਘ, ਚੌਧਰੀ ਜੀਤ ਸਿੰਘ, ਬਿੰਦਰ ਸਿੰਘ, ਸਤਪਾਲ ਸਿੰਘ, ਰੋਸ਼ਨ ਸਰਪੰਚ, ਚਰਣ ਭਾਰਤੀ, ਡਾ. ਜਸਵੀਰ ਗੁਰਲਾਲ ਸੈਲਾ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।



# ਰਾਇਲ ਸੁਸਾਇਟੀ ਆਫ ਹੋਮਿਓਪੈਥਸ ਨੇ ਮਨਾਇਆ ਵਿਸ਼ਵ ਹੋਮਿਓਪੈਥੀ ਦਿਵਸ

**ਫਗਵਾੜਾ (ਡਾ. ਰਮਨ)**- ਰਾਇਲ ਸੁਸਾਇਟੀ ਆਫ ਹੋਮਿਓਪੈਥਸ ਅਤੇ ਵਿਸ਼ਵਕਰਮਾ ਧੀਮਾਨ ਸਭਾ ਵਲੋਂ ਸਾਂਝੇ ਤੌਰ 'ਤੇ ਹੋਮਿਓਪੈਥਿਕ ਇਲਾਜ ਪੱਧਤੀ ਦੇ ਸੰਸਥਾਪਕ ਡਾ. ਸੈਮੂਅਲ ਹੈਨੇਮੇਨ ਦੇ 271ਵੇਂ ਜਨਮ ਦਿਵਸ ਨੂੰ ਸਮਰਪਤ ਵਿਸ਼ਵ ਹੋਮਿਓਪੈਥੀ ਦਿਵਸ ਮਨਾਇਆ ਗਿਆ । ਸ਼੍ਰੋਮਣੀ ਸ੍ਰੀ ਵਿਸ਼ਵਕਰਮਾ ਮੰਦਰ ਦੇ ਸੈਮੀਨਾਰ ਹਾਲ ਵਿਖੇ ਡਾ. ਸੈਮੁਅਲ ਦੀ ਤਸਵੀਰ ਅੱਗੇ ਦੀਪ ਪ੍ਰਜਵਲਿਤ ਕਰਕੇ ਰਾਇਲ ਸੁਸਾਇਟੀ ਆਫ਼ ਹੋਮਿਓਪੈਥਸ ਦੇ ਪ੍ਰਧਾਨ ਡਾ. ਸ਼ਿਆਮਾ ਬੱਗਾ ਅਤੇ ਜਨਰਲ ਸਕੱਤਰ ਡਾ. ਤਾਨੀਆ ਸ਼ਰਮਾ ਨੇ ਇਸ ਸਮਾਗਮ ਦੀ ਸ਼ੁਰੂਆਤ ਕਰਵਾਈ। ਮੁੱਖ ਮਹਿਮਾਨ ਵਿਸ਼ਵਕਰਮਾ ਧੀਮਾਨ ਸਭਾ ਦੇ ਪ੍ਰਧਾਨ ਪ੍ਰਦੀਪ ਧੀਮਾਨ ਨੇ ਹੋਮਿਓਪੈਥੀ ਪੱਧਤੀ ਨੂੰ ਬਿਹਤਰੀਨ ਇਲਾਜ ਤਕਨੀਕ ਦੱਸਿਆ। ਪ੍ਰੋਫੈਸਰ ਬਲਰਾਮ ਵੈਦ ਨੇ ਹੋਮਿਓਪੈਥੀ ਪੱਧਤੀ ਦੇ ਮੁੱਖ ਸਿਧਾਂਤ 'ਜਿਵੇਂ ਦਾ ਤਿਵੇਂ' ਦਾ ਜ਼ਿਕਰ ਕਰਦਿਆਂ ਦੱਸਿਆ ਕਿ ਜਿਹੜੀ ਚੀਜ਼ ਬਿਮਾਰੀ ਦੇ ਲੱਛਣ ਪੈਦਾ ਕਰਦੀ ਹੈ ਉਸੇ ਨਾਲ ਉਸ ਬਿਮਾਰੀ ਤੋਂ ਨਿਜਾਤ ਪਾਈ ਜਾ ਸਕਦੀ ਹੈ। ਲੈਕਚਰਾਰ ਹਰਜਿੰਦਰ ਗੋਗਨਾ ਵਲੋਂ ਮੰਚ ਸੰਚਾਲਨ ਕੀਤਾ ਗਿਆ। ਸੁਸਾਇਟੀ ਦੇ ਸਲਾਹਕਾਰ ਰਵਿੰਦਰ ਸਿੰਘ ਪਨੇਸਰ ਨੇ ਇਸ ਪੱਧਤੀ ਦੇ ਲਾਭ ਲਈ ਸਕਾਰਾਤਮਕ ਸੋਚ ਦੇ ਧਾਰਨੀ ਹੋਣ ਦੀ ਅਪੀਲ ਕੀਤੀ। ਰਮਨ ਨਹਿਰਾ ਨੇ ਵੀ ਜਾਣਕਾਰੀ ਦਿੱਤੀ। ਐਡਵੋਕੇਟ ਗੁਰਪ੍ਰੀਤ ਕੌਰ ਅਤੇ ਆਡੀਟਰ ਡਾ. ਪਾਰਿਕਾ ਬੱਗਾ ਨੇ ਸੰਸਥਾ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਇਸ ਦੌਰਾਨ ਉਪ ਪ੍ਰਧਾਨ ਡਾ. ਹਰਮੇਲ ਸਿੰਘ, ਡਾ. ਠਾਕੁਰ ਦਾਸ, ਚੈਨ ਸਿੰਘ ਅਤੇ ਵੈਦ ਕੁਲਦੀਪ ਸਿੰਘ ਨੇ ਸੰਸਥਾ ਵਲੋਂ ਪਿਛਲੇ ਤਿੰਨ ਦਹਾਕਿਆਂ ਦੌਰਾਨ ਪੁਰਾਣੇ ਸਾਥੀਆਂ ਡਾ. ਫਕੀਰ ਚੰਦ ਬੱਗਾ, ਡਾ. ਦਿਉਲ, ਪ੍ਰੋਫੈਸਰ ਚਾਨਾ, ਨਿਰੰਜਨ ਦਾਸ ਜਸਵਾਲ ਅਤੇ ਡਾ. ਬਲਬੀਰ ਸਿੰਘ ਵਲੋਂ ਸਮਰਪਤ ਸੇਵਾਵਾਂ ਦੇ ਸੁਨਹਿਰੀ ਇਤਿਹਾਸ ਦਾ ਜ਼ਿਕਰ ਕੀਤਾ। ਸ੍ਰੀ ਵਿਸ਼ਵਕਰਮਾ ਧੀਮਾਨ ਸਭਾ ਦੇ ਸਰਪ੍ਰਸਤ ਵਿਜੇ ਧੀਮਾਨ ਅਤੇ ਮੈਂਬਰ ਰਜਿੰਦਰ ਸਿੰਘ ਰੂਪਰਾਏ ਨੇ ਸੁਸਾਇਟੀ ਵਲੋਂ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ।

ਅਖੀਰ ਵਿੱਚ ਮੁੱਖ ਮਹਿਮਾਨ, ਪਤਵੰਤਿਆਂ ਅਤੇ ਸਹਿਯੋਗੀਆਂ, ਵਲੰਟੀਅਰਾਂ ਨੂੰ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ। ਇਸ ਮੌਕੇ ਡਾ. ਕਪਿਲ ਕੁਮਾਰ, ਖਜ਼ਾਨਚੀ ਵਿਕਾਸ ਅਰੋੜਾ, ਮੀਨਾਕਸ਼ੀ, ਰਾਜਿੰਦਰ ਸਿੰਘ ਰੂਪਰਾਏ, ਮਨਜਿੰਦਰ ਸਿੰਘ ਸੀਹਰਾ, ਜਸਪਾਲ ਸਿੰਘ ਲਾਲ, ਸੁਰਿੰਦਰ ਧੀਮਾਨ, ਅਮੋਲਕ ਸਿੰਘ ਝੀਤਾ, ਭੁਪਿੰਦਰ ਸਿੰਘ ਜੰਡੂ, ਨਰਿੰਦਰ ਸਿੰਘ , ਤੀਰਥ ਸਿੰਘ ਪਦਮ, ਨਰਿੰਦਰ ਸਿੰਘ ਭੱਚੂ, ਮੈਨੇਜਰ ਬਲਵਿੰਦਰ ਸਿੰਘ, ਰਵਿੰਦਰ ਬੱਗਾ, ਨਮਿਤਾ ਸ਼ਰਮਾ, ਸਵਿਤਾ, ਸੀਤਾ ਦੇਵੀ ਰਾਜਪੂਤ, ਇਸ਼ਾਨ ਗੋਗਨਾ, ਅਨੂਪ ਸਿੰਘ, ਸਵਿਤਾ, ਸਤਿੰਦਰ ਸਿੰਘ, ਇੰਦਰਜੀਤ ਸ਼ਰਮਾ, ਪ੍ਰਾਚੀ ਆਦਿ ਹਾਜ਼ਰ ਸਨ ।



# ਜ਼ਿਲ੍ਹੇ 'ਚ ਕਣਕ ਦੀ ਖਰੀਦ ਨਿਰਵਿਘਨ ਜਾਰੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)** ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਸਰਕਾਰੀ ਖਰੀਦ ਦੀ ਪ੍ਰਕਿਰਿਆ ਸੁਚੱਜੇ ਢੰਗ ਨਾਲ ਚੱਲ ਰਹੀ ਹੈ ਅਤੇ ਕਿਸਾਨਾਂ ਨੂੰ ਕਣਕ ਦੀ ਅਦਾਇਗੀ ਦੇ 16.97 ਕਰੋੜ ਰੁਪਏ ਹੁਣ ਤੱਕ ਉਨ੍ਹਾਂ ਦੇ ਖਾਤਿਆਂ ਵਿੱਚ ਪਾ ਦਿੱਤੇ ਗਏ ਹਨ।ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਵਰਿੰਦਰ ਕੁਮਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਤੈਅ ਸਮੇਂ ਤੋਂ ਪਹਿਲਾਂ ਹੀ ਕਿਸਾਨਾਂ ਦੇ ਖਾਤਿਆਂ ਵਿੱਚ ਕਣਕ ਦੀ ਰਾਸ਼ੀ ਪਾਈ ਜਾ ਰਹੀ ਹੈ । ਉਨ੍ਹਾਂ ਦੱਸਿਆ ਕਿ ਹੁਣ ਤੱਕ 13717 ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਅਤੇ ਜਿਸ ਵਿਚੋਂ 9272 ਮੀਟ੍ਰਿਕ ਟਨ ਕਣਕ ਖਰੀਦੀ ਜਾ ਚੁੱਕੀ ਹੈ। ਪਨਗਰੇਨ ਵੱਲੋਂ 3058 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 3384 ਮੀਟ੍ਰਿਕ ਟਨ, ਪਨਸਪ ਵੱਲੋਂ 2118 ਮੀਟ੍ਰਿਕ ਟਨ ਅਤੇ ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 712 ਮੀਟ੍ਰਿਕ ਟਨ ਟਨ ਕਣਕ ਦੀ ਖਰੀਦ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਬਾਰਿਸ਼ਾਂ ਨਾਲ ਪ੍ਰਭਾਵਿਤ ਕਣਕ ਦੀ ਜਾਂਚ ਲਈ ਭਾਰਤ ਸਰਕਾਰ ਵੱਲੋਂ ਤਿੰਨ ਮੈਂਬਰੀ ਕਮੇਟੀ ਮੰਡੀਆਂ ਵਿੱਚ ਕਣਕ ਦੇ ਸੈਂਪਲ ਲੈਣ ਲਈ ਭੇਜੀ ਗਈ ਹੈ। ਇਸ ਕਮੇਟੀ ਵੱਲੋਂ ਕਲ੍ਹ ਬਨੂੰੜ ਅਤੇ ਲਾਲੜੂ ਦੀਆਂ ਮੰਡੀਆਂ ਅਤੇ ਅੱਜ ਕੁਰਾਲੀ ਦੀ ਮੰਡੀ ਵਿੱਚੋਂ ਸੈਂਪਲ ਲਏ ਗਏ ਹਨ।ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਅਨੁਸਾਰ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀਆਂ ਹਦਾਇਤਾਂ ਅਨੁਸਾਰ ਕਿਸਾਨਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨ ਵਾਸਤੇ ਸ਼ਿਕਾਇਤ ਨਿਵਾਰਨ ਕਮੇਟੀਆਂ ਦਾ ਵੀ ਗਠਨ ਕੀਤਾ ਗਿਆ ਹੈ। ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਮੰਡੀ ਵਿੱਚ ਸੁੱਕੀ ਕਣਕ ਹੀ ਲੈ ਕੇ ਆਂਦੀ ਜਾਵੇ। ਉਨ੍ਹਾਂ ਦੱਸਿਆ ਕਿ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਕਣਕ ਦੀ ਲਿਫਟਿੰਗ ਮਿਥੇ ਸਮੇਂ ਵਿੱਚ ਕੀਤੀ ਜਾ ਰਹੀ ਹੈ।



## ਸੇਂਟ ਸੋਲਜਰ ਗਰੁੱਪ ਨੇ ਡਾ. ਬੀ ਆਰ ਅੰਬੇਡਕਰ ਦੀ ਜਨਮ ਵਰ੍ਹੇਗੰਢ ਮਨਾਈ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀਆਂ ਵੱਖ-ਵੱਖ ਸ਼ਾਖਾਵਾਂ ਨੇ ਡਾ. ਭੀਮ ਰਾਓ ਰਾਮਜੀ ਅੰਬੇਡਕਰ ਦੀ ਜਨਮ ਵਰ੍ਹੇਗੰਢ ਮਨਾਈ। ਇਸ ਦਿਨ ਦੀ ਸ਼ੁਰੂਆਤ ਇਸ ਮਹਾਨ ਨੇਤਾ, ਸਮਾਜ ਸੁਧਾਰਕ ਤੇ ਦੂਰਦਰਸ਼ੀ ਦੇ ਜੀਵਨ ਅਤੇ ਵਿਰਾਸਤ ਨੂੰ ਸਮਰਪਿਤ ਇੱਕ ਵਿਸ਼ੇਸ਼ ਅਸੈਂਬਲੀ ਨਾਲ ਹੋਈ। ਵੱਖ-ਵੱਖ ਸ਼ਾਖਾਵਾਂ ਦੇ ਵਿਦਿਆਰਥੀਆਂ ਨੇ ਨਿਆਂ, ਸਮਾਨਤਾ ਤੇ ਸਿੱਖਿਆ ਵਿੱਚ ਡਾ. ਅੰਬੇਡਕਰ ਦੇ ਯੋਗਦਾਨ ਨੂੰ ਦਰਸਾਉਂਦੇ ਰਚਨਾਤਮਕ ਅਤੇ ਅਰਥਪੂਰਨ ਪੋਸਟਰ ਬਣਾ ਕੇ ਉਤਸ਼ਾਹ ਨਾਲ ਹਿੱਸਾ ਲਿਆ। ਸਕੂਲ ਦੇ ਗਲਿਆਰੇ ਜੀਵੰਤ ਰੰਗਾਂ ਅਤੇ ਸ਼ਕਤੀਸ਼ਾਲੀ ਸੰਦੇਸ਼ਾਂ ਨਾਲ ਜੀਵੰਤ ਹੋ ਗਏ ਜੋ ਡਾ. ਅੰਬੇਡਕਰ ਦੇ ਇੱਕ ਸਮਾਵੇਸ਼ੀ ਅਤੇ ਨਿਆਂਪੂਰਨ ਸਮਾਜ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੇ ਸਨ। ਜਸ਼ਨਾਂ ਦੇ ਹਿੱਸੇ ਵਜੋਂ ਵਿਦਿਆਰਥੀਆਂ ਨੇ ਡਾ. ਅੰਬੇਡਕਰ ਦੇ ਸਮਾਜਿਕ ਵਿਤਕਰੇ ਨਾਲ ਲੜਨ ਤੇ ਪਛੜੇ ਲੋਕਾਂ ਨੂੰ ਸਸ਼ਕਤ ਬਣਾਉਣ ਦੇ ਅਣਥੱਕ ਯਤਨਾਂ ਨੂੰ ਸ਼ਰਧਾਂਜਲੀ ਦਿੰਦੇ ਹੋਏ ਭਾਸ਼ਣ ਵੀ ਦਿੱਤੇ। ਇਸ ਮੌਕੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਾਰੀਆਂ ਸ਼ਾਖਾਵਾਂ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਡਾ. ਬੀ ਆਰ ਅੰਬੇਡਕਰ ਤੋਂ ਪ੍ਰੇਰਨਾ ਲੈਣ ਲਈ ਉਤਸ਼ਾਹਿਤ ਕੀਤਾ।



## ਪਿਪਸ ਵਿਖੇ 25 ਐੱਨ ਸੀ ਸੀ ਕੈਡਿਟਾਂ ਦੀ ਇਨਰੋਲਮੈਂਟ



**ਸ੍ਰੀ ਚਮਕੌਰ ਸਾਹਿਬ (ਅਮਰਜੀਤ ਸਿੰਘ ਕਲਸੀ)**- ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਸ੍ਰੀ ਚਮਕੌਰ ਸਾਹਿਬ ਨੂੰ ਸੈਸ਼ਨ 2025-26 ਵਿੱਚ ਐੱਨ ਸੀ ਸੀ ਦੀ ਅਲਾਟਮੈਂਟ ਹੋਈ ਸੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਸੁਰਜੀਤ ਸਿੰਘ ਨੇ ਦੱਸਿਆ ਕਿ ਸ੍ਰੀ ਚਮਕੌਰ ਸਾਹਿਬ ਦੇ ਪੂਰੇ ਇਲਾਕੇ ਨੂੰ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਸ੍ਰੀ ਚਮਕੌਰ ਸਾਹਿਬ ਵਿਖੇ ਐੱਨ ਸੀ ਸੀ ਅਲਾਟਮੈਂਟ ਦੇ ਨਾਲ ਹੀ ਐੱਨ ਸੀ ਸੀ ਦੀ ਸ਼ੁਰੂਆਤ ਕਰਦਿਆਂ ਸੂਬੇਦਾਰ ਅਕਰਤ ਵੱਲੋਂ 25 ਵਿਦਿਆਰਥੀਆਂ ਦੀ ਐੱਨ ਸੀ ਸੀ ਲਈ ਇਨਰੋਲਮੈਂਟ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਹੁਣ ਹੋਰ 25 ਕੈਡਿਟਸ ਦੀ ਭਰਤੀ ਕਰਕੇ ਪੂਰੀਆਂ 50 ਸੀਟਾਂ ਭਰ ਦਿੱਤੀਆਂ ਗਈਆਂ ਹਨ।ਸਕੂਲ ਦੇ ਮੈਨੇਜਮੈਂਟ ਮੈਂਬਰ ਗੁਰਦੇਵ ਸਿੰਘ ਅਟਵਾਲ, ਸ਼ਿੰਦਰਪਾਲ ਕੌਰ ਅਟਵਾਲ, ਗੁਰਪਾਲ ਸਿੰਘ ਅਟਵਾਲ, ਪ੍ਰੀਤਪਾਲ ਕੌਰ ਅਟਵਾਲ, ਅਰਸ਼ਦੀਪ ਸਿੰਘ ਬਰਾੜ, ਪ੍ਰਿੰਸੀਪਲ ਸੁਰਜੀਤ ਸਿੰਘ, ਵਾਈਸ ਪ੍ਰਿੰਸੀਪਲ ਮਨਦੀਪ ਕੌਰ ਮਾਹਲ ਤੇ ਸਮੁੱਚੇ ਸਟਾਫ ਵੱਲੋਂ ਚੁਣੇ ਗਏ ਵਿਦਿਆਰਥੀਆਂ ਅਤੇ ਐੱਨ ਸੀ ਸੀ ਦੇ ਸੀ ਟੀ ਓ ਨਿਰਮਲਜੀਤ ਸਿੰਘ ਨੂੰ ਵਧਾਈ ਦਿੱਤੀ।

# ਹੋਣਹਾਰ ਵਿਦਿਆਰਥੀ ਸਨਮਾਨਤ

**ਬਲਾਚੌਰ (ਜਸਵਿੰਦਰ ਬੈਂਸ)**- ਸਿੱਖਿਆ ਦੇ ਖੇਤਰ ਵਿੱਚ ਸਰਕਾਰੀ ਸਕੂਲਾਂ ਦੇ ਬੱਚਿਆਂ ਦਾ ਮਨੋਬਲ ਵਧਾਉਣ ਦੇ ਉਦੇਸ਼ ਨਾਲ ਬਲਾਕ ਸੰਮਤੀ ਦੇ ਚੇਅਰਮੈਨ ਨਾਨਕ ਜੰਡੀ ਵੱਲੋਂ ਆਪਣੇ ਜੱਦੀ ਪਿੰਡ ਜੰਡੀ ਵਿਖੇ ਸਥਿਤ ਸੀਨੀਅਰ ਪ੍ਰਾਇਮਰੀ ਮਾਡਲ ਸਕੂਲ ਵਿੱਚ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਪੰਜਵੀਂ ਅਤੇ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਹਿਣ ਦੀ ਖੁਸ਼ੀ ਵਿੱਚ ਚੇਅਰਮੈਨ ਜੰਡੀ ਨੇ ਵਧੀਆਂ ਨੰਬਰ ਲੈਣ ਵਾਲੇ ਬੱਚਿਆਂ ਨੂੰ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ। ਵਿਦਿਆਰਥੀਆਂ ਨੂੰ ਪੜ੍ਹਾਈ ਪ੍ਰਤੀ ਹੋਰ ਉਤਸ਼ਾਹਿਤ ਕਰਨ ਲਈ ਚੇਅਰਮੈਨ ਨਾਨਕ ਜੰਡੀ ਨੇ ਆਪਣੀ ਜੇਬ ਵਿੱਚੋਂ ਨਕਦ ਰਾਸ਼ੀ ਭੇਂਟ ਕੀਤੀ। ਅੱਠਵੀਂ ਜਮਾਤ ਦੇ ਪਹਿਲੇ ਸਥਾਨ 'ਤੇ ਰਹੀ ਵਿਦਿਆਰਥਣ ਅਸ਼ਮਾ ਚੌਧਰੀ ਨੂੰ 2100 ਰੁਪਏ ਤੇ ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ 1100-1100 ਰੁਪਏ ਦੇ ਕੇ ਨਿਵਾਜਿਆ ਗਿਆ।ਪੰਜਵੀਂ ਜਮਾਤ ਦੇ ਪਹਿਲੇ ਸਥਾਨ 'ਤੇ ਆਉਣ ਵਾਲੇ ਬੱਚੇ ਨੂੰ 2100 ਰੁਪਏ ਦਾ ਇਨਾਮ ਦਿੱਤਾ।ਸਕੂਲ ਪਹੁੰਚਣ 'ਤੇ ਸਕੂਲ ਦੇ ਇੰਚਾਰਜ ਗੁੰਜਨ ਭੱਲਾ ਤੇ ਇੰਚਾਰਜ ਵਿਪਨ ਕੁਮਾਰ ਨੇ ਚੇਅਰਮੈਨ ਨਾਨਕ ਜੰਡੀ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਚੇਅਰਮੈਨ ਦੇ ਇਸ ਨੇਕ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਹਿਯੋਗ ਅਤੇ ਉਤਸ਼ਾਹ ਨਾਲ ਸਰਕਾਰੀ ਸਕੂਲਾਂ ਦੇ ਬੱਚਿਆਂ ਵਿੱਚ ਮੁਕਾਬਲੇ ਦੀ ਭਾਵਨਾ ਵਧਦੀ ਹੈ। ਸਮਾਗਮ ਦੌਰਾਨ ਸਕੂਲ ਸਟਾਫ ਅਤੇ ਪਿੰਡ ਦੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਬਲਜਿੰਦਰ (ਸਾਇੰਸ ਟੀਚਰ), ਕੁਲਜੀਤ ਹਿੰਦੀ ਟੀਚਰ, ਰਾਮ ਕੁਮਾਰ ਈ ਟੀ ਟੀ ਅਧਿਆਪਕ ਚਰਨਜੀਤ ਕੌਰ (ਚੇਅਰਪਰਸਨ, ਮਿਡਲ ਸਕੂਲ) ਰਿੰਕੂ ਕੁਮਾਰ (ਚੇਅਰਪਰਸਨ) ਹਨ।ਅਖੀਰ ਵਿੱਚ ਚੇਅਰਮੈਨ ਨਾਨਕ ਜੰਡੀ ਨੇ ਸਮੂਹ ਸਟਾਫ ਅਤੇ ਮਾਪਿਆਂ ਨੂੰ ਵਧਾਈ ਦਿੱਤੀ।



# ਪਿੰਡ ਰੋੜੀ ਦੇ ਖੇਡ ਮੈਦਾਨ ਲਈ 1.24 ਲੱਖ ਦੀ ਗਰਾਂਟ ਜਾਰੀ : ਜਲਾਲਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮਕਸਦ ਤਹਿਤ ਪਿੰਡ ਰੋੜੀ ਦੇ ਖੇਡ ਮੈਦਾਨ ਲਈ 1 ਲੱਖ 24 ਹਜ਼ਾਰ ਰੁਪਏ ਦੀ ਗਰਾਂਟ ਦਾ ਚੈੱਕ ਭੇਟ ਕੀਤਾ। ਇਹ ਚੈੱਕ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਡਾ. ਸ਼ਾਂਤੀ ਬੱਸੀ, ਡਾ. ਵਿੰਗ ਦੇ ਜ਼ਿਲ੍ਹਾ ਪ੍ਰਧਾਨ,ਆਮ ਆਦਮੀ ਪਾਰਟੀ ਤੇ ਆਤਮਾ ਰਾਮ ਬਲਾਕ ਪ੍ਰਧਾਨ ਦੀ ਮੌਜੂਦਗੀ ਵਿੱਚ ਪਿੰਡ ਵਾਸੀਆਂ ਨੂੰ ਸੌਂਪਿਆ ਗਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸਤਨਾਮ ਜਲਾਲਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਟੀਚਾ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਹੈ। ਨੌਜਵਾਨੀ ਨੂੰ ਖੇਡ ਮੈਦਾਨਾਂ ਅਤੇ ਮਿਆਰੀ ਸਿੱਖਿਆ ਨਾਲ ਜੋੜ ਕੇ ਹੀ ਨਸ਼ਿਆਂ ਵਰਗੀ ਬੁਰਾਈ ਨੂੰ ਖ਼ਤਮ ਕੀਤਾ ਜਾ ਸਕਦਾ ਹੈ। ਪਿੰਡ ਦੀ ਪੰਚਾਇਤ ਅਤੇ ਪਤਵੰਤੇ ਸੱਜਣਾਂ ਨੇ ਚੇਅਰਮੈਨ ਜਲਾਲਪੁਰ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਇਸ ਗਰਾਂਟ ਨਾਲ ਪਿੰਡ ਦੇ ਖੇਡ ਢਾਂਚੇ ਵਿੱਚ ਸੁਧਾਰ ਹੋਵੇਗਾ ਜਿਸ ਦਾ ਸਿੱਧਾ ਫਾਇਦਾ ਸਥਾਨਕ ਖਿਡਾਰੀਆਂ ਨੂੰ ਮਿਲੇਗਾ।ਇਸ ਮੌਕੇ ਕਾਮਰੇਡ ਮਹਾਂ ਸਿੰਘ ਰੋੜੀ, ਹਰਜਿੰਦਰ ਸਿੰਘ ਸਾਬਕਾ ਇੰਸਪੈਕਟਰ ਪੀ ਪੀ, ਸਰਪੰਚ ਰੇਖਾ ਰਾਣੀ, ਗਿਆਨੀ ਜੋਗਿੰਦਰ ਸਿੰਘ ਸਾਬਕਾ ਸਰਪੰਚ, ਡਾਕਟਰ ਪ੍ਰੇਮ ਕੁਮਾਰ, ਤਾਰਾ ਸਿੰਘ, ਸੱਤਪਾਲ ਸਿੰਘ, ਸੁੱਚਾ ਸਿੰਘ, ਸੋਹਣ ਸਿੰਘ, ਸਰਬਜੀਤ ਸਿੰਘ, ਭੁਮੰਣ ਸਿੰਘ ਲੰਬੜਦਾਰ, ਕਾਲਾ ਰੋੜੀ, ਸੁਰਿੰਦਰ ਕੁਮਾਰ ਨੀਕਾ ਤੇ ਸੱਤਪਾਲ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



## ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਸ਼ਰਧਾ ਮਨਾਇਆ



**ਫਿਲੌਰ (ਨਿਰਮਲ)**- ਡਾ: ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਫਿਲੌਰ ਵਿਖੇ ਬੜੀ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ ਗਿਆ। ਫਿਲੌਰ ਵਿਖੇ ਡਾ: ਅੰਬੇਡਕਰ ਚੌਂਕ ਵਿਖੇ ਉਨਾਂ ਦੇ ਬੁੱਤ ਤੇ ਫੁੱਲਾਂ ਦੇ ਹਾਰ ਪਾ ਕੇ ਉਹਨਾਂ ਨੂੰ ਯਾਦ ਕੀਤਾ ਗਿਆ ਤੇ ਉਹਨਾਂ ਦੇ ਦਰਸਾਏ ਮਾਰਗ ਤੇ ਚੱਲਣ ਅਤੇ ਨੀਤੀਆਂ ਅਪਣਾਉਣ ਲਈ ਸਮੂਹ ਦਲਿਤ ਸਮਾਜ ਨੂੰ ਅਪੀਲ ਕੀਤੀ। ਇਸ ਮੌਕੇ ਤੇ ਸਰਬ ਸ੍ਰੀ ਸੰਤ ਬਾਬਾ ਰਾਮ ਸੇਵਕ ਜੀ ਡੇਰਾ ਹਰੀਪੁਰ ਖਾਲਸਾ, ਤਾਰਾ ਚੰਦ ਜੱਖੂ, ਮਨੋਜ ਕੁਮਾਰ, ਸੋਹਨ ਲਾਲ, ਬਲਜੀਤ ਸਿੰਘ, ਦਲਜੀਤ ਸਿੰਘ, ਸੰਦੀਪ ਕੁਮਾਰ, ਪ੍ਰਭਪਾਲ, ਰਾਜ ਕੁਮਾਰ ਨੰਗਲ, ਚਮਨ ਲਾਲ, ਖੁਸ਼ੀ ਰਾਮ, ਕਰਮ ਚੰਦ, ਬਖਸ਼ੀ ਰਾਮ, ਅਮੀਰ ਚੰਦ, ਸੁੱਖਾ,ਬਿੰਦਰ ਕੁਮਾਰ, ਇੰਦਰਜੀਤ ਚੰਦੜ ਤੇ ਸਮੂਹ ਪੱਤਰਕਾਰ ਭਾਈਚਾਰਾ ਹਾਜ਼ਰ ਸਨ। ਪਿੰਡ ਰਾਮਗੜ੍ਹ ਨੰਗਲ ਫਿਲੌਰ ਵਿਖੇ ਵੀ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਤੇ ਫੁੱਲਾਂ ਦੇ ਹਾਰ ਪਾ ਕੇ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ ।

## ਸਰ ਮਾਰਸ਼ਲ ਸਕੂਲ ਬੈਂਸ ਅਵਾਨ 'ਚ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦਾ ਤਿਉਹਾਰ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਸਰ ਮਾਰਸ਼ਲ ਸਕੂਲ ਬੈਂਸ ਅਵਾਨ ਵਿਖੇ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਸਮਾਗਮ ਸੰਸਥਾ ਦੇ ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਪ੍ਰਿੰਸੀਪਲ ਗਾਇਤਰੀ ਦੀ ਯੋਗ ਅਗਵਾਈ ਵਿੱਚ ਕਰਵਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਦੇ ਵੱਖ-ਵੱਖ ਸੱਭਿਆਚਾਰਕ ਮੁਕਾਬਲੇ ਕਰਵਾਏ ਗਏ । ਸਮਾਗਮ ਦਾ ਮੁੱਖ ਆਕਰਸ਼ਣ ਮੁੰਡਿਆਂ ਦੇ ਪਗੜੀ ਬੰਨ੍ਹਣ ਦੇ ਮੁਕਾਬਲੇ ਰਹੇ। ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਗਿੱਧਾ, ਭੰਗੜਾ ਅਤੇ ਲੋਕ ਗੀਤ ਵੀ ਪੇਸ਼ ਕੀਤੇ ਗਏ।ਪ੍ਰਿੰਸੀਪਲ ਗਾਇਤਰੀ ਨੇ ਬੱਚਿਆਂ ਨੂੰ ਵਿਸਾਖੀ ਦੇ ਇਤਿਹਾਸਕ ਅਤੇ ਧਾਰਮਿਕ ਮਹੱਤਵ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਦਿਨ ਸਾਡੇ ਪੰਜਾਬੀ ਸੱਭਿਆਚਾਰ ਅਤੇ ਕਿਸਾਨੀ ਨਾਲ ਗੂੜ੍ਹਾ ਸਬੰਧ ਰੱਖਦਾ ਹੈ। ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ ਨੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਵਿਸਾਖੀ ਦੀ ਵਧਾਈ ਦਿੱਤੀ ਅਤੇ ਜੇਤੂ ਰਹੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ।ਇਸ ਮੌਕੇ ਸੰਸਥਾ ਦੇ ਵਾਈਸ ਚੇਅਰਮੈਨ ਕੁਲਵੰਤ ਸਿੰਘ ਮਾਰਸ਼ਲ, ਵਾਈਸ ਪ੍ਰਿੰਸੀਪਲ ਕੁਲਵੀਰ ਸਿੰਘ, ਸਮੂਹ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

# ਆਪਣਾ ਘਰ 'ਚ ਅਪ੍ਰੈਲ ਮਹੀਨੇ ਜਨਮੇ 7 ਪੱਕੇ ਵਸਨੀਕਾਂ ਤੇ ਟਰੱਸਟੀਆਂ ਦੇ ਜਨਮ ਦਿਨ ਮਨਾਏ

**ਰੂਪਨਗਰ (ਰਾਜਿੰਦਰ ਸੈਣੀ)**- ਬਜ਼ੁਰਗਾ ਦੇ 'ਆਪਣਾ ਘਰ' ਹਵੇਲੀ ਕਲਾਂ ਵਿਖੇ ਅਪ੍ਰੈਲ ਮਹੀਨੇ ਦੌਰਾਨ ਜਨਮੇਂ 7 ਇਸ ਘਰ ਵਿੱਚ ਰਹਿ ਰਹੇ ਪੱਕੇ ਵਸਨੀਕਾਂ ਤੇ ਟਰੱਸਟੀਆਂ ਦੇ ਸਾਂਝੇ ਤੌਰ ਜਨਮ ਦਿਨ ਮਨਾਏ ਗਏ।ਇਸ ਮੌਕੇ ਤੇ ਪ੍ਰਬੰਧਕੀ ਕਮੇਟੀ ਦੇ ਸਮੂਹ ਟਰੱਸਟੀਜ਼, ਇੱਥੇ ਰਹਿ ਰਹੇ ਪੱਕੇ ਵਸਨੀਕ ਅਤੇ ਇਸ ਘਰ ਵਿਖੇ ਹਰ ਰੋਜ਼ ਆਪਣੇ ਖਾਲੀ ਸਮੇਂ ਦੌਰਾਨ ਅਪਨਾ ਮਨਪ੍ਰਚਾਵਾ ਕਰਨ ਵਾਲੇ ਸਤਿਕਾਰਯੋਗ ਮੈਂਬਰ ਵੀ ਹਾਜ਼ਰ ਸਨ। ਜਨਮ ਦਿਨ ਵਾਲੇ 7 ਮੈਂਬਰਾਂ ਨੇ ਸਾਂਝੇ ਤੌਰ 'ਤੇ ਕੇਕ ਕਟਿਆ ਤੇ ਸਭ ਨੇ ਮਿਲ ਕੇ ਸਮੂਹਿਕ ਲੰਗਰ ਦਾ ਅੰਨਦ ਮਾਨਿਆ।ਉਨ੍ਹਾਂ ਨੇ ਜਨਮ ਦਿਨ ਵਾਲੇ ਸਾਥੀਆਂ ਨੂੰ ਵਧਾਈ ਤੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ। ਇਸ ਮੌਕੇ ਤੇ ਸੰਸਥਾ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਰਾਜਿੰਦਰ ਸੈਣੀ ਨੇ ਅਪ੍ਰੈਲ ਮਹੀਨੇ ਵਿੱਚ ਜਨਮ ਦਿਨ ਵਾਲਿਆ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਕਿਨ੍ਹੀ ਖੁਸ਼ੀ ਦੀ ਗੱਲ ਹੈ ਕਿ 13 ਅਪ੍ਰੈਲ ਨੂੰ ਖਾਲਸੇ ਦਾ ਜਨਮ ਹੋਇਆ ਹੈ ਅਤੇ ਅਪ੍ਰੈਲ ਮਹੀਨੇ ਵਿੱਚ ਇਸ ਘਰ 'ਚ ਪੱਕੇ ਤੌਰ ਤੇ ਰਹਿ ਰਹੇ ਪੱਕੇ 3 ਵਸਨੀਕਾਂ ਤੇ ਪ੍ਰਬੰਧਕੀ ਕਮੇਟੀ ਦੇ 4 ਟਰੱਸਟੀਆ ਦਾਂ ਮਹੀਨਾ ਅਪ੍ਰੈਲ ਵਿੱਚ ਜਨਮ ਹੋਇਆ ਹੈ। ਜਿਨ੍ਹਾਂ ਵਿੱਚ ਦੋ ਦਾ ਜਨਮ13 ਅਪ੍ਰੈਲ ਨੂੰ ਹੋਇਆ ਹੈ। ਉਨ੍ਹਾ ਦੱਸਿਆ ਕਿ ਪੱਕੇ ਵਸਨੀਕ ਜਿੰਦਰ ਸਿੰਘ ਦਾ ਜਨਮ 4 ਅਪ੍ਰੈਲ ਨੂੰ, ਭੁਪਿੰਦਰ ਸਿੰਘ ਦਾ 8 ਅਪ੍ਰੈਲ ਨੂੰ ਤੇ ਜਸਵੰਤ ਸਿੰਘ ਦਾ ਜਨਮ ਦਿਨ 13 ਅਪ੍ਰੈਲ ਹੋਇਆ ਹੈ । ਇਸੇ ਤਰਾ ਸੰਸਥਾ ਦੇ ਟਰੱਸਟੀ ਜਗਦੇਵ ਸਿੰਘ ਦਾ 6 ਅਪ੍ਰੈਲ, ਵਿਨੋਦ ਜੈਨ ਦਾ 8 ਅਪ੍ਰੈਲ ਨੂੰ, ਟਰੱਸਟੀ ਤੇ ਪ੍ਰਧਾਨ ਰਾਜਿੰਦਰ ਸੈਣੀ ਦਾ ਜਨਮ ਵੀ ਅੱਜ 13 ਅਪ੍ਰੈਲ ਨੂੰ ਅਤੇ ਟਰੱਸਟੀ ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ ਦਾ ਜਨਮ 30 ਅਪ੍ਰੈਲ ਨੂੰ ਹੋਇਆ ਹੈ। ਸਭ ਨੇ ਇਕ ਦੂਜੇ ਨਾਲ ਜਨਮ ਦਿਨ ਦੀ ਵਧਾਈ ਸਾਂਝੀ ਕੀਤੇ। ਇਸ ਮੌਕੇ ਤੇ ਪ੍ਰਬੰਧਕੀ ਕਮੇਟੀ ਦੇ ਟਰੱਸਟੀਜ਼ ਬਲਬੀਰ ਸਿੰਘ, ਡਾ. ਅਜਮੇਰ ਸਿੰਘ, ਵਿਨੋਦ ਜੈਨ, ਬਹਾਦਰਜੀਤ ਸਿੰਘ, ਦਲਜੀਤ ਸਿੰਘ, ਸੰਦੀਪ ਸਿੰਘ ਤੋਂ ਇਲਾਵਾ ਮੈਨੇਜਰ ਕੇ ਐੱਸ ਭੋਗਲ, ਡਾ. ਜਸਵੰਤ ਕੌਰ, ਸੁਮੀਤਾ ਸੈਣੀ, ਸੰਤੋਸ਼ ਸੈਣੀ, ਦੀਪਕਾ ਸੈਣੀ, ਕਿਰਨ, ਤਰਸੇਮ ਸਿੰਘ, ਸਖਦੇਵ ਸ਼ਰਮਾ, ਵਰਿੰਦਰਪਾਲ ਸਿੰਘ, ਹਰਮੇਸ ਲਾਲ, ਤਾਰਾ ਸਿੰਘ, ਅਸ਼ਵਨੀ ਸਹਿਗਲ, ਸ਼ਾਮ ਲਾਲ ਗੋਇਲ, ਕੇ ਐੱਲ ਕਪੂਰ, ਕਸ਼ਮੀਰ ਸਿੰਘ, ਸ਼ਾਮ ਸਿੰਘ, ਕੁਸ਼ਲ ਕੁਮਾਰ ਆਦਿ ਵੀ ਹਾਜ਼ਰ ਸਨ। ਇਸ ਤੋਂ ਪਹਿਲਾ ਟਰੱਸਟ ਦੀ ਪ੍ਰਬੰਧਕੀ ਕਮੇਟੀ ਦੀ ਮਾਸਿਕ ਮੀਟਿੰਗ ਪ੍ਰਧਾਨ ਰਾਜਿੰਦਰ ਸੈਣੀ ਦੀ ਅਗਵਾਈ ਵਿੱਚ ਕੀਤੀ ਗਈ। ਜਿਸ ਦੌਰਾਨ ਦੇਸ਼ ਦੀ ਉੱਘੀ ਗਾਇਕਾ ਆਸ਼ਾ ਭੌਂਸਲੇ ਨੂੰ ਯਾਦ ਕੀਤਾ ਤੇ ਉਨ੍ਹਾਂ ਦੇ ਦਿਹਾਂਤ ਤੇ ਦੁਖ ਪ੍ਰਗਟ ਕੀਤਾ ਗਿਆ।

## ਜਥੇ. ਮਨਜੀਤ ਸਿੰਘ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਅੱਜ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਰਾਜਪੁਰ ਭਾਈਆਂ ਦੇ ਉਘੇ ਸਮਾਜ ਸੇਵਕ, ਸਾਬਕਾ ਸਰਪੰਚ ਜਥੇਦਾਰ ਮਨਜੀਤ ਸਿੰਘ ਰਾਜਪੁਰ ਭਾਈਆਂ, ਸਾਬਕਾ ਪ੍ਰਧਾਨ ਗੁਰਦੁਆਰਾ ਬਾਬਾ ਮੇਜਰ ਸਿੰਘ ਦਾ ਬੀਤੀ ਦਿਨੀਂ ਦੇਹਾਂਤ ਹੋ ਗਿਆ ਸੀ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ, ਸੰਤ ਸਮਾਜ, ਨਿਹੰਗ ਜਥੇਬੰਦੀਆਂ ਅਤੇ ਸਿਆਸੀ ਆਗੂਆਂ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਜਥੇਦਾਰ ਮਨਜੀਤ ਸਿੰਘ ਸਾਬਕਾ ਸਰਪੰਚ ਰਾਜਪੁਰ ਭਾਈਆਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 15 ਅਪ੍ਰੈਲ ਨੂੰ ਉਨ੍ਹਾਂ ਦੇ ਗ੍ਰਹਿ ਵਿਖੇ ਪਾਏ ਜਾਣਗੇ। ਉਪਰੰਤ ਪੰਥ ਪ੍ਰਸਿੱਧ ਰਾਗੀ ਜੱਥੇ ਗੁਰਬਾਣੀ, ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਜਥੇਦਾਰ ਮਨਜੀਤ ਸਿੰਘ ਰਾਜਪੁਰ ਭਾਈਆਂ ਨੂੰ ਇਲਾਕੇ ਭਰ ਤੋਂ ਵੱਖ ਵੱਖ ਆਗੂਆਂ, ਪ੍ਰਮੁੱਖ ਸਖਸ਼ੀਅਤਾਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀਆਂ ਭੇਟ ਕੀਤੀਆਂ ਜਾਣਗੀਆਂ।



# ਬੱਬਰ ਅਕਾਲੀਆਂ ਦੀ ਯਾਦ 'ਚ ਇਨਕਲਾਬੀ ਨਾਟਕ ਕਰਵਾਏ

**ਨਵਾਂਸ਼ਹਿਰ (ਮਨੋਜ ਲਾਡੀ)**- ਪਿੰਡ ਸ਼ਹਾਬਪੁਰ ਵਿਖੇ ਪਿੰਡ ਵਾਸੀਆਂ ਵੱਲੋਂ ਇਨਕਲਾਬੀ ਨਾਟਕ ਕਰਵਾਏ ਗਏ।ਇਹ ਨਾਟਕ ਬੱਬਰ ਅਕਾਲੀਆਂ ਦੀ ਯਾਦ ਵਿੱਚ ਕਰਵਾਏ ਗਏ।ਇਸ ਮੌਕੇ ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਨਾਟਕ ਟੀਮ ਵੱਲੋਂ ਸੁਰਿੰਦਰ ਸ਼ਰਮਾ ਦੀ ਨਿਰਦੇਸ਼ਨਾ ਹੇਠ ਕੀਤੇ ਗਏ।ਦਵਿੰਦਰ ਦਮਨ ਦਾ ਲਿਖਿਆ ਨਾਟਕ 'ਛਿਪਣ ਤੋਂ ਪਹਿਲਾਂ' ਤੇ ਸੁਰਿੰਦਰ ਸ਼ਰਮਾ ਦਾ ਲਿਖਿਆ ਨਾਟਕ 'ਇਹ ਕੇਹੀ ਰੁੱਤ ਆਈ' ਪੇਸ਼ ਕੀਤੇ ਗਏ।ਛਿਪਣ ਤੋਂ ਪਹਿਲਾਂ ਨਾਟਕ ਸ਼ਹੀਦ ਭਗਤ ਸਿੰਘ ਦੇ ਜੇਲ੍ਹ ਦੀ ਕਾਲ ਕੋਠੜੀ ਵਾਲੇ ਦਿਨਾਂ ਨੂੰ ਦਰਸਾਉਂਦਾ ਹੈ ਜਦਕਿ ਇਹ ਕੇਹੀ ਰੁੱਤ ਆਈ ਨਾਟਕ ਪੰਜਾਬ ਅੰਦਰ ਨਸ਼ਿਆਂ ਨਾਲ ਨੌਜਵਾਨੀ ਦੀ ਬਰਬਾਦੀ ਦੀ ਗੱਲ ਕਰਦਾ ਤੇ ਨਸ਼ਿਆਂ ਵਿਰੁੱਧ ਉੱਠ ਖਲੋਣ ਦਾ ਸੁਨੇਹਾ ਦਿੰਦਾ ਹੈ।ਇਸ ਨਾਟਕ ਰਾਹੀਂ ਨਸ਼ਿਆਂ ਨਾਲ ਹੋ ਰਹੀ ਪਰਵਾਰਾਂ ਦੀ ਬਰਬਾਦੀ ਨੂੰ ਬਹੁਤ ਹੀ ਕਲਾਤਮਕ ਢੰਗ ਨਾਲ ਦਰਸਾਇਆ ਗਿਆ।ਇਹਨਾਂ ਨਾਟਕਾਂ ਦੀ ਪੇਸ਼ਕਾਰੀ ਵੀ ਬਹੁਤ ਵਧੀਆ ਸੀ ਜਿਸ ਨੇ ਦਰਸ਼ਕਾਂ ਨੂੰ ਆਪਣੇ ਨਾਲ ਨਾਲ ਤੋਰੀ ਰੱਖਿਆ। ਇਸ ਮੌਕੇ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ ਨੇ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੇ ਆਜ਼ਾਦੀ ਸੰਗਰਾਮ ਦੀ ਬੱਬਰ ਅਕਾਲੀ ਲਹਿਰ ਉਹ ਲਹਿਰ ਹੈ ਜਿਸ ਨੇ ਦੇਸ਼ ਦੀ ਪੂਰਨ ਆਜ਼ਾਦੀ ਤੇ ਹਥਿਆਰਬੰਦ ਲਹਿਰ ਨੂੰ ਅੱਗੇ ਤੋਰਿਆ।ਇਸ ਲਹਿਰ ਦੇ ਸ਼ਹੀਦ ਬੱਬਰ ਅਕਾਲੀਆਂ ਨੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦਿੱਤੀਆਂ। ਆਗੂਆਂ ਨੇ ਕਿਹਾ ਕਿ ਸਾਮਰਾਜਵਾਦ ਦਾ ਬਹੁਤ ਹੀ ਕਰੂਰ ਰੂਪ ਅੱਜ ਸਾਹਮਣੇ ਆ ਰਿਹਾ ਹੈ ਚਾਹੇ ਉਹ ਐਪਸਟੀਨ ਫਾਇਲਾਂ ਦੇ ਰੂਪ ਵਿੱਚ ਹੋਵੇ ਜਾਂ ਫਿਰ ਅਮਰੀਕਾ ਵੱਲੋਂ ਈਰਾਨ ਉੱਤੇ ਕੀਤੇ ਜਾ ਰਹੇ ਹਮਲਿਆਂ ਦੇ ਰੂਪ ਵਿੱਚ।ਇਸ ਮੌਕੇ ਮਾਸਟਰ ਦੀਦਾਰ ਸਿੰਘ ਨੇ ਇਨਕਲਾਬੀ ਗੀਤ ਪੇਸ਼ ਕੀਤੇ। ਮੰਚ ਸੰਚਾਲਨਾ ਪਰਮਜੀਤ ਸਿੰਘ ਸ਼ਹਾਬਪੁਰ ਨੇ ਕੀਤੀ।



## ਨੋਇਡਾ ਦੇ ਮਜ਼ਦੂਰਾਂ 'ਤੇ ਲਾਠੀਚਾਰਜ ਨਿੰਦਣਯੋਗ ਕਾਰਵਾਈ : ਸੀ ਟੀ ਯੂ

**ਜਲੰਧਰ (ਰਾਜੇਸ਼ ਥਾਪਾ)**- ਬੇਰੋਕ ਵੱਧ ਰਹੀ ਮਹਿੰਗਾਈ ਅਨੁਸਾਰ ਉਜਰਤਾਂ ਵਿੱਚ ਵਾਧਾ ਕਰਨ ਦੀ ਮੰਗ ਨੂੰ ਲੈ ਕੇ ਨੋਇਡਾ ਵਿਖੇ ਵੱਖ-ਵੱਖ ਉਦਯੋਗਿਕ ਅਦਾਰਿਆਂ ਵਿੱਚ ਕੰਮ ਕਰਦੇ ਮਜ਼ਦੂਰਾਂ ਵੱਲੋਂ ਕੀਤੀ ਜਾ ਰਹੀ ਮੰਗ ਨੂੰ ਅਣਗੌਲਿਆ ਕਰਨ, ਮੈਨੇਜਮੈਂਟ ਤੇ ਪ੍ਰਸ਼ਾਸਨ ਵੱਲੋਂ ਗੱਲਬਾਤ ਨਾਲ ਮੱਸਲਾ ਹੱਲ ਕਰਨ ਦੀ ਬਜਾਏ ਪਿਛਲੇ ਤਿੰਨ ਦਿਨਾਂ ਤੋਂ ਹੜਤਾਲ ਤੇ ਬੈਠੇ ਔਰਤ-ਮਰਦ ਕਾਮਿਆਂ ਵਿੱਚ ਔਰਤਾਂ ਨੂੰ ਗਾਲੀ ਗਲੋਚ ਤੇ ਕੁੱਟਮਾਰ ਕਰਨ ਤੋਂ ਉਪਜੇ ਵਿਵਾਦ ਨੂੰ ਡੰਡੇ ਦੇ ਜ਼ੋਰ ਦਬਾਉਣ ਲਈ ਉੱਤਰ ਪ੍ਰਦੇਸ਼ ਦੀ ਯੋਗੀ ਅਦਿਤਿਆਨਾਥ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਦੀ ਪੁਲਸ ਨੇ ਮਜ਼ਦੂਰਾਂ ਉੱਪਰ ਲਾਠੀਚਾਰਜ ਕਰਨ ਦਾ ਸੈਂਟਰ ਆਫ ਟਰੇਡ ਯੂਨੀਅਨਜ਼ (ਸੀ ਟੀ ਯੂ) ਪੰਜਾਬ ਜੋਰਦਾਰ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਸੈਂਟਰ ਆਫ ਟਰੇਡ ਯੂਨੀਅਨਜ਼ (ਸੀ ਟੀ ਯੂ) ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਨੱਥਾ ਸਿੰਘ ਢਡਵਾਲ, ਮੀਤ ਪ੍ਰਧਾਨ ਹਰੀਮੁਨੀ ਸਿੰਘ ਤੇ ਵਿੱਤ ਸਕੱਤਰ ਸ਼ਿਵ ਕੁਮਾਰ ਪਠਾਨਕੋਟ ਨੇ ਸਾਂਝੇ ਪ੍ਰੈੱਸ ਬਿਆਨ ਵਿੱਚ ਮਜ਼ਦੂਰਾਂ ਦੀਆਂ ਮੰਗਾਂ ਸਮਰਥਨ ਕਰਦਿਆ ਮੰਗ ਕੀਤੀ ਹਰਿਆਣਾ ਦੀ ਵੇਜ ਨੋਟੀਫਿਕੇਸ਼ਨ ਮੁਤਾਬਕ ਵਾਧਾ ਕੀਤਾ ਜਾਵੇ ਤੇ ਅੱਠ ਘੰਟੇ ਤੋਂ ਉਪਰ ਕੀਤੇ ਕੰਮ ਦਾ ਓਵਰ ਟਾਈਮ ਕਾਨੂੰਨ ਤਹਿਤ ਡਬਲ ਵੇਜ ਦੇਣਾ ਯਕੀਨੀ ਬਣਾਇਆ ਜਾਵੇ, ਗ੍ਰਿਫਤਾਰ ਕੀਤੇ ਮਜ਼ਦੂਰਾਂ ਤੇ ਆਗੂਆਂ ਨੂੰ ਬਿਨਾਂ ਸ਼ਰਤ ਤਰੁੰਤ ਰਿਹਾਅ ਕੀਤਾ ਜਾਏ ਤੇ ਸਾਰੇ ਪਰਚੇ ਰੱਦ ਕੀਤੇ ਜਾਣ। ਨੋਇਡਾ ਮਜ਼ਦੂਰਾਂ ਨਾਲ ਇਕਜੁਟਤਾ ਜਾਹਿਰ ਕਰਦਿਆਂ ਕਿਹਾ ਕਿ ਮਹਿੰਗਾਈ ਅਨੁਸਾਰ ਮਿਨੀਮਮ ਵੇਜ ਵਿੱਚ ਸੋਧ ਕਰਕੇ ਘੱਟੋ-ਘੱਟ ਉਜਰਤ 26000/- ਰੁਪਏ ਪ੍ਰਤੀ ਮਹੀਨਾ ਨਾ ਹੋਣ ਤੇ ਅੱਠ ਘੰਟੇ ਦੀ ਬਜਾਏ ਬਾਰਾ ਘੰਟੇ ਕੰਮ ਲੈਣ ਕਰਕੇ ਇਸ ਤੋਂ ਪਹਿਲਾਂ ਸਤੀਸ਼ਗੜ੍ਹ, ਰਾਜਸਥਾਨ ਤੇ ਉੜੀਸਾ ਵਿਚ ਮਜ਼ਦੂਰਾਂ ਵੱਲੋਂ ਵੱਡੇ ਪੱਧਰ ਤੇ ਰੋਸ ਪ੍ਰਦਰਸ਼ਨਾਂ ਕਰਨਾ ਤੇ ਪਿਛਲੇ ਇਕ ਸਾਲ ਦੇ ਅੰਦਰ ਹੀ 9 ਜੁਲਾਈ 2025 ਅਤੇ 12 ਫਰਵਰੀ 2026 ਨੂੰ ਹੋਈਆਂ ਦੋ ਦੇਸ਼ ਵਿਆਪੀ ਹੜਤਾਲਾਂ ਦੌਰਾਨ 25 ਤੋਂ 30 ਕਰੋੜ ਮਜ਼ਦੂਰਾਂ ਦੇ ਸ਼ਾਮਲ ਹੋਣ ਦੇ ਸੰਕੇਤ ਤੋਂ ਮੋਦੀ ਸਰਕਾਰ ਨੂੰ ਮਜ਼ਦੂਰ ਵਿਰੋਧੀ ਲਏ ਫੈਸਲਿਆਂ ਤੇ ਦੁਬਾਰਾ ਵਿਚਾਰ ਕਰਨ ਦੀ ਲੋੜ ਹੈ।

## ਖੂਨਦਾਨ ਕੈਂਪ 'ਚ 125 ਲੋਕਾਂ ਨੇ ਕੀਤਾ ਖੂਨਦਾਨ

**ਜ਼ੀਰਕਪੁਰ (ਵਿਨੈ ਕੁਮਾਰ ਜੈਨ)**- ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਤੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਨੇ ਕਿਹਾ ਕਿ ਖੂਨਦਾਨ ਕਿਸੇ ਵੀ ਵਿਅਕਤੀ ਨੂੰ ਜੀਵਨ ਦੇਣ ਦਾ ਸਭ ਤੋਂ ਵੱਡਾ ਮਾਧਿਅਮ ਹੈ। ਨੌਜਵਾਨਾਂ ਨੂੰ ਖੂਨਦਾਨ ਨੂੰ ਉਤਸ਼ਾਹਿਤ ਕਰਨ ਲਈ ਜਾਗਰੂਕਤਾ ਮੁਹਿੰਮਾਂ ਚਲਾਉਣੀਆਂ ਚਾਹੀਦੀਆਂ ਹਨ। ਐੱਨ ਕੇ ਸ਼ਰਮਾ ਵਿਸਾਖੀ ਦੇ ਮੌਕੇ 'ਤੇ ਨੇੜਲੇ ਪਿੰਡ ਰਾਮਗੜ੍ਹ ਬੁੱਢਾ ਵਿੱਚ ਲਗਾਏ ਗਏ ਤੀਜੇ ਸਾਲਾਨਾ ਖੂਨਦਾਨ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਕੈਂਪ ਵਿੱਚ ਲਗਭਗ 125 ਲੋਕਾਂ ਨੇ ਖੂਨਦਾਨ ਕੀਤਾ। ਉਨ੍ਹਾਂ ਕਿਹਾ ਕਿ ਖੂਨਦਾਨ ਬਾਰੇ ਫੈਲੀਆਂ ਗਲਤ ਧਾਰਨਾਵਾਂ ਨੂੰ ਦੂਰ ਕਰਨ ਦੀ ਲੋੜ ਹੈ। ਅਜਿਹੇ ਸਮਾਗਮ ਨਿਯਮਿਤ ਤੌਰ 'ਤੇ ਆਯੋਜਿਤ ਕੀਤੇ ਜਾਣੇ ਚਾਹੀਦੇ ਹਨ। ਐੱਨ ਕੇ ਸ਼ਰਮਾ ਨੇ ਖੂਨਦਾਨੀਆਂ ਤੇ ਇਸ ਮੁਹਿੰਮ ਵਿੱਚ ਸ਼ਾਮਲ ਡਾਕਟਰਾਂ ਨੂੰ ਉਤਸ਼ਾਹਿਤ ਕੀਤਾ। ਇਸ ਮੌਕੇ ਸਾਬਕਾ ਕੌਂਸਲਰ ਮਨਦੀਪ ਸਿੰਘ, ਅਵਤਾਰ ਸਿੰਘ, ਕਮਲਦੀਪ ਸਿੰਘ, ਸਤਿੰਦਰ ਸਿੰਘ ਸੱਤੀ, ਗੁਰਜੀਤ ਸਿੰਘ ਅਤੇ ਗੁਰਪ੍ਰੀਤ ਸਿੰਘ ਸਮੇਤ ਕਈ ਪਤਵੰਤੇ ਮੌਜੂਦ ਸਨ।





ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਦੇ ਮੌਕੇ 'ਤੇ ਸੇਵਾਮੁਕਤ ਇੰਸਪੈਕਟਰ ਪ੍ਰਸ਼ੋਤਮ ਲਾਲ ਵੱਲੋਂ ਆਪਣੇ ਗ੍ਰਹਿ ਵਿਖੇ ਇਹ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ ਤੇ ਸਭ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਡਾ. ਭੀਮ ਰਾਓ ਅੰਬੇਡਕਰ ਵੱਲੋਂ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ।ਸਮਾਗਮ ਦੌਰਾਨ ਸਬ ਇੰਸਪੈਕਟਰ ਸੁਭਾਸ਼ ਚੰਦਰ, ਸੇਵਾਮੁਕਤ ਇੰਸਪੈਕਟਰ ਪ੍ਰਸ਼ੋਤਮ ਲਾਲ, ਠੇਕੇਦਾਰ ਪਵਨ, ਜਗਤਾਰ ਰਾਮ, ਕਿਰਨ ਜੋਤ ਕੌਰ (ਐਡਵੋਕੇਟ), ਸੁਮਨ, ਮਨੀਸ਼ਾ ਤੇ ਹੋਰ ਹਾਜ਼ਰ ਸਨ। **(ਫੋਟੋ ਤੇ ਵੇਰਵਾ : ਨਿਰਮਲ, ਫਿਲੌਰ)**

# ਸਾਹਿਤ ਵਿਗਿਆਨ ਕੇਂਦਰ ਵੱਲੋਂ ਦੋ ਪੁਸਤਕਾਂ ਲੋਕ ਅਰਪਣ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਵੱਲੋਂ ਅਜੀਤ ਸਿੰਘ ਸੰਧੂ ਦੀਆਂ ਦੋ ਕਿਤਾਬਾਂ 'ਤਿਰੰਗੀ ਝਾਤ' (ਕਾਵਿ,ਗੀਤ ਅਤੇ ਗਜ਼ਲ ਸੰਗ੍ਰਹਿ) ਅਤੇ "ਕਿੱਸਾ ਰੂਪ ਬਸੰਤ' (ਮਹਾਂਕਾਵਿ) ਟੀ ਐੱਸ ਸੈਂਟਰਲ ਸਟੇਟ ਲਾਇਬ੍ਰੇਰੀ ਸੈਕਟਰ 17 ਚੰਡੀਗੜ੍ਹ ਵਿਖੇ ਲੋਕ ਅਰਪਣ ਕੀਤੀਆਂ ਗਈਆਂ। ਇਸ ਸਮਾਗਮ ਦੀ ਪ੍ਰਧਾਨਗੀ ਡਾ. ਦਵਿੰਦਰ ਸਿੰਘ ਬੋਹਾ (ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ) ਨੇ ਕੀਤੀ। ਸੰਸਥਾ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਨੇ ਆਏ ਸਾਰੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਲੇਖਕ ਨੂੰ ਵਧਾਈ ਦਿੰਦਿਆਂ ਆਖਿਆ ਕਿ ਅਜਿਹੇ ਪ੍ਰੋਗਰਾਮ ਕਰਾਉਣ ਨਾਲ ਸਾਨੂੰ ਬਹੁਤ ਕੁਝ ਸਿੱਖਣ ਨੂੰ ਮਿਲਦਾ ਹੈ। ਸਭ ਤੋਂ ਪਹਿਲਾਂ ਪ੍ਰਧਾਨਗੀ ਮੰਡਲ ਵਲੋਂ ਦੋਵੇਂ ਪੁਸਤਕਾਂ ਲੋਕ ਅਰਪਣ ਕੀਤੀਆਂ ਗਈਆਂ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਡਾ. ਦਵਿੰਦਰ ਸਿੰਘ ਬੋਹਾ ਨੇ ਕਿਹਾ ਕਿ ਸਾਹਿਤ ਵਿਗਿਆਨ ਕੇਂਦਰ ਦਾ ਇਹ ਵਿਲੱਖਣ ਸਮਾਗਮ ਹੈ ਤੇ ਇਹ ਕਿੱਸਾ ਸੱਤਾ ਦਾ ਦੁਰਉਪਯੋਗ, ਭਰਾਵਾਂ ਦਾ ਰਿਸ਼ਤਾ, ਅਨਿਆਂ ਵਿਰੁੱਧ ਨਿਆਂ ਹੋਣਾ, ਜਿੱਥੇ ਵਿਸ਼ੇ ਪੱਖ ਨੂੰ ਖੂਬਸੂਰਤੀ ਨਾਲ ਨਿਭਾਉਂਦਾ ਹੈ, ਉੱਥੇ ਨਾਰੀਵਾਦੀ ਆਲੋਚਨਾ ਨੂੰ ਵੀ ਦਰਪੇਸ਼ ਕਰਦਾ ਹੈ। ਲੇਖਕ ਨੇ ਕੇਂਦਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੁਸਤਕਾਂ ਬਾਰੇ ਜੋ ਵੀ ਵਿਚਾਰ ਚਰਚਾ ਹੋਈ ਹੈ, ਮੈਂ ਉਸ ਨਾਲ ਸਹਿਮਤ ਹਾਂ ਤੇ ਨਾਲ ਹੀ ਉਨ੍ਹਾਂ ਆਪਣੀ ਪਸੰਦੀਦਾ ਗਜ਼ਲ ਸਰੋਤਿਆਂ ਨਾਲ ਸਾਂਝੀ ਕੀਤੀ। ਪਿਆਰਾ ਸਿੰਘ ਰਾਹੀ ਨੇ ਕਿੱਸਾ ਰੂਪ ਬਸੰਤ ਕਿਤਾਬ ਬਾਰੇ ਪਰਚਾ ਪੜ੍ਹਦਿਆਂ ਕਿਹਾ ਕਿ ਲੇਖਕ ਨੂੰ ਬਹੁ-ਵਿਧਾਵੀ ਹੋਣ ਦਾ ਮਾਣ ਪ੍ਰਾਪਤ ਹੈ ਅਤੇ ਉਸ ਨੇ ਆਪਣੇ ਇਸ ਮਹਾਂਕਾਵਿ ਵਿੱਚ ਅਲੰਕਾਰ, ਦ੍ਰਿਸ਼ ਅਤੇ ਬਿੰਬ ਬਹੁਤ ਬਰੀਕੀ ਨਾਲ ਵਰਤੇ ਹਨ। ਜਸਪਾਲ ਸਿੰਘ ਦੇਸੂਵੀ ਨੇ ਕਿਹਾ ਕਿ ਇਸ ਕਿੱਸੇ ਨੂੰ ਲਗਭਗ 7 ਕਵੀਆਂ ਨੇ ਲਿਖਿਆ ਪਰ ਸੰਧੂ ਨੇ ਇਸ ਨੂੰ ਕਾਵਿਕ ਰੂਪ ਦੇ ਕੇ ਹੋਰ ਵੀ ਰੌਚਕ ਬਣਾ ਦਿੱਤਾ ਹੈ। ਸ. ਰਜਿੰਦਰ ਸਿੰਘ ਧੀਮਾਨ ਨੇ ਤਿਰੰਗੀ ਝਾਤ ਪੁਸਤਕ ਦੀ ਹਰ ਰਚਨਾ ਦੇ ਬਿਰਤਾਂਤ ਨੂੰ ਬਹੁਤ ਵਿਸਥਾਰ ਨਾਲ ਬਿਆਨ ਕੀਤਾ। ਮੰਚ ਸੰਚਾਲਨ ਦਵਿੰਦਰ ਕੌਰ ਢਿੱਲੋਂ ਨੇ ਬਾਖੂਬੀ ਨਿਭਾਇਆ।



# ਹਰਦੀਪ ਕੌਰ ਖਹਿਰਾ ਦੀ ਯਾਦ 'ਚ ਪਰਵਾਰ ਵੱਲੋਂ ਲਾਇਬ੍ਰੇਰੀ ਦੀ ਸੇਵਾ

**ਮਹਿਤਪੁਰ (ਰਾਜਾ)** ਉਸ ਸਮੇਂ ਇਲਾਕੇ ਵਿੱਚ ਖੁਸ਼ੀ ਦਾ ਮਹੌਲ ਬਣਿਆ ਜਦੋਂ ਸਰਕਾਰੀ ਪ੍ਰਾਇਮਰੀ ਸਕੂਲ ਖਹਿਰਾ ਮੁਸ਼ਤਰਕਾ ਵਿਖੇ ਸਰਦਾਰਨੀ ਹਰਦੀਪ ਕੌਰ ਖਹਿਰਾ ਧਰਮ ਪਤਨੀ ਸਰਬਜੀਤ ਸਿੰਘ ਖਹਿਰਾ ਦੀ ਯਾਦ ਵਿੱਚ ਲਾਇਬ੍ਰੇਰੀ ਤਿਆਰ ਕਰਵਾ ਕੇ ਸਕੂਲ ਅਤੇ ਨਗਰ ਨਿਵਾਸੀਆਂ ਲਈ ਖੋਲ੍ਹ ਦਿੱਤੀ ਗਈ । ਇਸ ਲਾਇਬ੍ਰੇਰੀ ਦਾ ਉਦਘਾਟਨ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਐੱਮ ਐੱਲ ਏ ਹਲਕਾ ਸ਼ਾਹਕੋਟ ਨੇ ਕੀਤਾ । ਉਦਘਾਟਨ ਸਮੇਂ ਸਰਕਾਰੀ ਪ੍ਰਾਇਮਰੀ ਸਕੂਲ ਖਹਿਰਾ ਮੁਸ਼ਤਰਕਾ ਦੇ ਬੱਚਿਆਂ ਵੱਲੋਂ ਪੇਸ਼ ਕੀਤੀ ਕੋਰੀਓਗ੍ਰਾਫੀ ਅਤੇ ਨਾਟਕ ਪੇਸ਼ ਕੀਤਾ ਗਿਆ। ਇਸ ਮੌਕੇ ਮੁੱਖ ਅਧਿਆਪਕ ਲਖਵਿੰਦਰ ਸਿੰਘ ਨੇ ਦੱਸਿਆ ਕਿ ਇਹ ਲਾਇਬ੍ਰੇਰੀ ਉਹਨਾਂ ਬੱਚਿਆਂ ਲਈ ਸਹਾਈ ਹੋਵੇਗੀ ਜੋ ਬੱਚੇ 10ਵੀਂ ਤੋਂ ਬਾਅਦ ਕਿਤਾਬਾਂ ਦੀ ਪੜ੍ਹਾਈ ਨਹੀਂ ਕਰ ਪਾਉਂਦੇ । ਸਰਬਜੀਤ ਸਿੰਘ ਖਹਿਰਾ ਅਤੇ ਉਹਨਾਂ ਦੇ ਪਰਵਾਰ ਵੱਲੋਂ ਲਾਇਬ੍ਰੇਰੀ 'ਤੇ 2,25000 ਰੁਪਏ ਖਰਚ ਕੀਤੇ ਗਏ ਹਨ। ਸਰਬਜੀਤ ਸਿੰਘ ਖਹਿਰਾ ਨੇ ਆਖਿਆ ਕਿ ਉਹਨਾਂ ਦੀ ਧਰਮ ਪਤਨੀ ਨੂੰ ਕਿਤਾਬਾਂ ਨਾਲ ਬਹੁਤ ਪਿਆਰ ਸੀ, ਇਸ ਕਰਕੇ ਉਹਨਾਂ ਦੀ ਯਾਦ ਵਿੱਚ ਲਾਇਬ੍ਰੇਰੀ ਤਿਆਰ ਕਰਵਾਈ ਗਈ। ਮੁੱਖ ਅਧਿਆਪਕ ਲਖਵਿੰਦਰ ਸਿੰਘ ਸਮਰਾ ਅਤੇ ਸਮੂਹ ਸਟਾਫ਼ ਵੱਲੋਂ ਪਰਵਾਰ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਜਗਦੀਸ਼ ਕੁਮਾਰ ਮਿੱਤਲ ਆਈ ਜੀ ਰਿਟਾਇਰਡ, ਅਮਰਜੀਤ ਸਿੰਘ ਸੋਹਲ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ, ਐਸ ਐਸ ਮਨਜੀਤ ਸਿੰਘ, ਹਰਮਿੰਦਰ ਸਿੰਘ ਏ ਡੀ ਸੀ, ਜਗਦੇਵ ਸਿੰਘ ਖਹਿਰਾ ਕਨੇਡਾ, ਐਡਵੋਕੇਟ ਬਲਦੇਵ ਸਿੰਘ, ਹਰਜੀਤ ਸਿੰਘ ਸੋਹਲ ਐਸ ਐਸ ਪੀ, ਬਲਕਾਰ ਸਿੰਘ ਧਨੋਆ ਯੂ ਐਸ ਏ , ਬਲਵੀਰ ਸਿੰਘ ਸੋਹਲ, ਚੌਧਰੀ ਸਿਮਰਤਪਾਲ ਸਿੰਘ, ਬਾਬਾ ਪਰਮਿੰਦਰ ਸਿੰਘ, ਆੜ੍ਹਤੀਆ ਐਸੋਸੀਏਸ਼ਨ ਮਹਿਤਪੁਰ, ਕਿਸਾਨ ਜਥੇਬੰਦੀਆਂ, ਰਕੇਸ਼ ਕੁਮਾਰ ਸਾਬਕਾ ਬੀ ਪੀ ਈ ਓ, ਵਨੀਤ ਕੁਮਾਰ ਸਾਬਕਾ ਬੀ ਪੀ.ਈ.ਓ , ਸੈਂਟਰ ਹੈੱਡ ਟੀਚਰ ਜਸਬੀਰ ਸਿੰਘ, ਬਲਜੀਤ ਸਿੰਘ ਕੁਲਾਰ, ਕਮਲਦੇਵ ਸਿੰਘ ਠੇਠੀ, ਮੈਡਮ ਦਵਿੰਦਰ ਕੌਰ, ਮੈਡਮ ਗਗਨਦੀਪ ਕੌਰ, ਨਿਰਮਲ ਸਿੰਘ, ਬਲਵੰਤ ਸਿੰਘ ਸਮਰਾ, ਰਛਪਾਲ ਸਿੰਘ ਮੁੱਤੀ, ਕੰਵਰਬੀਰ ਸਿੰਘ, ਦਰਬਾਰਾ ਸਿੰਘ ਸਰਪੰਚ ਅਤੇ ਸਮੂਹ ਪੰਚਾਇਤ, ਨਗਰ ਨਿਵਾਸੀ ਹਾਜ਼ਰ ਸਨ ।

